17-FEB-PAGE-1.qxd 2/16/2024 10:17 PM Page 1

ਸ਼ਨੀਵਾਰ, 17 ਫਰਵਰੀ, 2024
5 ਫੱਗਣ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 258

# ਨਵਾਂ ਜ਼ਮਾਨਾ

DAILY NAWAN ZAMANA • SATURDAY, 17 FEBRUARY, 2024 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਪੇਂਡੂ ਭਾਰਤ ਬੰਦ ਤੇ ਹੜਤਾਲ ਨੂੰ ਰਿਕਾਰਡ-ਤੋੜ ਸਫਲਤਾ

### ਦੁਕਾਨਾਂ, ਵਪਾਰਕ ਅਦਾਰੇ, ਜਨਤਕ ਟਰਾਂਸਪੋਰਟ, ਪੈਟਰੋਲ ਪੰਪ ਤੇ ਸਨਅਤੀ ਅਦਾਰੇ ਬੰਦ ਰਹੇ

### ਇਤਿਹਾਸਕ ਬੰਦ ਤੋਂ ਬਾਅਦ ਹੋਵੇਗੀ ਭਾਜਪਾ ਤੇ ਸੰਘੀ ਲਾਣੇ ਦੀ ਪੁੱਠੀ ਗਿਣਤੀ ਸ਼ੁਰੂ : ਕਾਮਰੇਡ ਅਰਸ਼ੀ

**ਜਲੰਧਰ** : ਸੰਯੁਕਤ ਕਿਸਾਨ ਮੋਰਚਾ ਅਤੇ ਟਰੇਡ ਯੂਨੀਅਨਾਂ ਵਲੋਂ ਸਾਂਝੇ ਤੌਰ 'ਤੇ 16 ਫਰਵਰੀ ਨੂੰ ਭਾਰਤ ਬੰਦ ਦੇ ਦਿੱਤੇ ਸੱਦੇ ਨੂੰ ਸ਼ੁੱਕਰਵਾਰ ਪੰਜਾਬ 'ਚ ਰਿਕਾਰਡਤੋੜ ਹੁੰਗਾਰਾ ਮਿਲਿਆ। ਸੂਬੇ ਭਰ 'ਚ ਦੁਕਾਨਾਂ, ਵਪਾਰਕ ਅਦਾਰੇ, ਜਨਤਕ ਟਰਾਂਸਪੋਰਟ, ਪੈਟਰੋਲ ਪੰਪ ਅਤੇ ਸਨਅਤੀ ਅਦਾਰੇ ਬੰਦ ਰਹੇ। ਸੂਬੇ 'ਚ ਕਿਸਾਨਾਂ ਮਜ਼ਦੂਰਾਂ ਨਾਲ ਰਲ ਕੇ ਸਮਾਜ ਦੇ ਹੋਰ ਵਰਗਾਂ ਨੇ 180 ਦੇ ਲਗਭਗ ਥਾਵਾਂ ਉੱਤੇ ਪ੍ਰਮੁੱਖ ਸੜਕੀ ਮਾਰਗਾਂ 'ਤੇ ਧਰਨੇ ਦੇ ਕੇ ਚੱਕਾ ਜਾਮ ਕਰ ਦਿੱਤਾ। ਬੰਦ ਕੇਂਦਰ ਦੀ ਭਾਜਪਾ ਸਰਕਾਰ ਦੀਆਂ ਕਾਰਪੋਰੇਟ ਘਰਾਣਿਆਂ ਪੱਖੀ ਨੀਤੀਆਂ ਵਿਰੁੱਧ, ਜਮਹੂਰੀਅਤ ਅਤੇ ਸੰਵਿਧਾਨਕ ਰਵਾਇਤਾਂ ਦਾ ਘਾਣ ਕਰਨ ਵਿਰੁੱਧ, ਕਿਸਾਨਾਂ 'ਤੇ ਜਬਰ ਕਰਨ ਵਿਰੁੱਧ, ਕਿਸਾਨਾਂ ਦੀ ਐਮ ਐਸ ਪੀ ਤੇ ਖਰੀਦ ਦਾ ਗਾਰੰਟੀ ਕਾਨੂੰਨ ਬਣਾਉਣ, ਕਿਸਾਨਾਂ ਖੇਤ ਮਜ਼ਦੂਰਾਂ ਦੇ ਕਰਜ਼ੇ 'ਤੇ ਲੀਕ ਮਾਰਨ, ਪ੍ਰੀਪੇਡ ਮੀਟਰ ਲਗਾਉਣ ਦੀ ਨੀਤੀ ਨੂੰ ਰੱਦ ਕਰਵਾਉਣ, ਚਾਰ ਲੇਬਰ ਕੋਡ ਰੱਦ ਕਰਨ, ਨਵੀਂ ਸਿੱਖਿਆ ਨੀਤੀ 2020 ਰੱਦ ਕਰਨ, ਹਿੱਟ ਐਂਡ ਰਨ ਕਾਨੂੰਨ ਰੱਦ ਕਰਨ, ਬਿਜਲੀ, ਰੇਲਵੇ ਅਤੇ ਰੱਖਿਆ ਸਮੇਤ ਜਨਤਕ ਖੇਤਰ ਦੇ ਨਿੱਜੀਕਰਨ ਕਰਨ ਵਿਰੁੱਧ, ਰੁਜ਼ਗਾਰ ਦੇ ਅਧਿਕਾਰ ਅਤੇ ਠੇਕੇਦਾਰੀ ਸਿਸਟਮ ਵਿਰੁੱਧ, 26000 ਰੁਪਏ ਘੱਟੋ ਘੱਟ ਉਜਰਤ ਦੇਣ, ਸਰਲ ਅਤੇ ਕਿਸਾਨ ਪੱਖੀ ਸਰਕਾਰੀ ਫਸਲ ਬੀਮਾ ਯੋਜਨਾ ਲਾਗੂ ਕਰਨ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਆਦਿ ਮੰਗਾਂ ਨੂੰ ਲੈ ਕੇ ਦਿੱਤਾ ਗਿਆ ਸੀ। ਬੰਦ ਨੂੰ ਆੜ੍ਹਤੀ ਐਸੋਸੀਏਸ਼ਨਾਂ, ਟਰੱਕ ਯੂਨੀਅਨਾਂ, ਪ੍ਰਾਈਵੇਟ ਬੱਸ ਓਪਰੇਟਰਾਂ, ਪੈਟਰੋਲ ਪੰਪ ਡੀਲਰ ਐਸੋਸੀਏਸ਼ਨ, ਵਪਾਰ ਮੰਡਲ, ਖੇਤ ਅਤੇ ਪੇਂਡੂ ਮਜ਼ਦੂਰ ਜਥੇਬੰਦੀਆਂ, ਨੌਜਵਾਨ, ਵਿਦਿਆਰਥੀ, ਔਰਤ ਅਤੇ ਮੁਲਾਜ਼ਮ ਜਥੇਬੰਦੀਆਂ ਅਤੇ ਮੋਰਚਿਆਂ ਨੇ ਸਮਰਥਨ ਦਿੱਤਾ ਸੀ। ਸੰਯੁਕਤ ਕਿਸਾਨ ਮੋਰਚਾ ਅਤੇ ਟਰੇਡ ਯੂਨੀਅਨਾਂ ਦੀ ਲੀਡਰਸ਼ਿਪ ਨੇ ਪੰਜਾਬ ਦੇ ਸਮੂਹ ਲੋਕਾਂ ਦਾ ਬੰਦ ਨੂੰ ਸਫਲ ਬਣਾਉਣ ਲਈ ਦਿੱਤੇ ਸਹਿਯੋਗ ਲਈ ਧੰਨਵਾਦ ਕੀਤਾ ਹੈ। ਸ਼ੰਭੂ ਬਾਰਡਰ 'ਤੇ ਕਿਸਾਨ ਗਿਆਨ ਸਿੰਘ ਦੀ ਦਿਲ ਦਾ ਦੌਰਾ ਪੈਣ ਕਰਕੇ ਹੋਈ ਮੌਤ ਉੱਪਰ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਭਾਜਪਾ ਸਰਕਾਰ ਨੂੰ ਲੋਕਾਂ ਦੀਆਂ ਮੰਗਾਂ ਦਾ ਨਿਪਟਾਰਾ ਕਰਨ ਦੀ ਮੰਗ ਦੁਹਰਾਈ ਹੈ। ਸੰਘਰਸ਼ ਦੀ ਅਗਲੀ ਰੂਪ ਰੇਖਾ ਉਲੀਕਣ ਲਈ 18 ਫਰਵਰੀ ਨੂੰ ਲੁਧਿਆਣਾ ਵਿਖੇ ਸੰਯੁਕਤ ਕਿਸਾਨ ਮੋਰਚਾ ਨੇ ਆਪਣੀ ਅਗਲੀ ਮੀਟਿੰਗ ਵੀ ਸੱਦ ਲਈ ਹੈ।

ਅੱਜ ਦੇ ਭਾਰਤ ਬੰਦ ਦੀ ਅਗਵਾਈ ਸੰਯੁਕਤ ਕਿਸਾਨ ਮੋਰਚਾ ਵਲੋਂ ਬਲਦੇਵ ਸਿੰਘ ਨਿਹਾਲਗੜ੍ਹ, ਬਲਬੀਰ ਸਿੰਘ ਰਾਜੇਵਾਲ, ਹਰਿੰਦਰ ਸਿੰਘ ਲੱਖੋਵਾਲ, ਨਿਰਭੈ ਸਿੰਘ ਢੁੱਡੀਕੇ, ਡਾ. ਦਰਸ਼ਨਪਾਲ, ਹਰਮੀਤ ਸਿੰਘ ਕਾਦੀਆਂ, ਬੂਟਾ ਸਿੰਘ ਬੁਰਜਗਿੱਲ, ਜੰਗਵੀਰ ਸਿੰਘ ਚੌਹਾਨ, ਬਲਵਿੰਦਰ ਸਿੰਘ ਮੱਲ੍ਹੀਨੰਗਲ, ਸਤਨਾਮ ਸਿੰਘ ਅਜਨਾਲਾ, ਮਨਜੀਤ ਸਿੰਘ ਧਨੇਰ, ਬਿੰਦਰ ਸਿੰਘ ਗੋਲੇਵਾਲਾ, ਸੁੱਖਗਿੱਲ ਮੋਗਾ, ਰੁਲਦੂ ਸਿੰਘ ਮਾਨਸਾ, ਵੀਰ ਸਿੰਘ ਬੜਵਾ, ਬੂਟਾ ਸਿੰਘ ਸਾਦੀਪੁਰ, ਸਤਨਾਮ ਸਿੰਘ ਬਹਿਰੂ, ਬਲਜੀਤ ਸਿੰਘ ਗਰੇਵਾਲ, ਹਰਜਿੰਦਰ ਸਿੰਘ ਟਾਂਡਾ, ਮਲੂਕ ਸਿੰਘ ਹੀਰਕੇ, ਬਲਵਿੰਦਰ ਸਿੰਘ ਰਾਜੂਔਲਖ, ਹਰਜੀਤ ਸਿੰਘ ਰਵੀ, ਨਿਰਵੈਰ ਸਿੰਘ ਡਾਲੇਕੇ, ਹਰਬੰਸ ਸਿੰਘ ਸੰਘਾ, ਪ੍ਰੇਮ ਸਿੰਘ ਭੰਗੂ, ਕੁਲਦੀਪ ਸਿੰਘ ਵਜੀਦਪੁਰ, ਹਰਦੇਵ ਸਿੰਘ ਸੰਧੂ, ਕੰਵਲਪ੍ਰੀਤ ਸਿੰਘ ਪੰਨੂ, ਕਿਰਨਜੀਤ ਸੇਖੋਂ, ਬੋਘ ਸਿੰਘ ਮਾਨਸਾ ਅਤੇ ਟਰੇਡ ਯੂਨੀਅਨਾਂ ਵਲੋਂ ਨਿਰਮਲ ਸਿੰਘ ਧਾਲੀਵਾਲ, ਚੰਦਰਸ਼ੇਖਰ, ਰਾਜਵਿੰਦਰ ਰਾਣਾ, ਕੁਲਵਿੰਦਰ ਸਿੰਘ ਵੜੈਚ ਆਦਿ ਨੇ ਕੀਤੀ।

**ਬੁਢਲਾਡਾ/ਮਾਨਸਾ (ਅਸ਼ੋਕ ਲਾਕੜਾ, ਆਤਮਾ ਸਿੰਘ ਪਮਾਰ)** : ਸੰਯੁਕਤ ਕਿਸਾਨ ਮੋਰਚਾ ਅਤੇ ਟਰੇਡ ਯੂਨੀਅਨਾਂ ਦੇ ਭਾਰਤ ਬੰਦ ਦੇ ਸੱਦੇ ਤਹਿਤ ਬੁਢਲਾਡਾ ਦੇ ਆਈ.ਟੀ.ਆਈ. ਚੌਕ ਵਿਖੇ ਪ੍ਰਭਾਵਸ਼ਾਲੀ ਇਕੱਠ ਕਰਕੇ ਚਾਰ ਘੰਟੇ ਰੋਸ ਧਰਨਾ ਦਿੱਤਾ ਅਤੇ ਕੇਂਦਰ ਸਰਕਾਰ ਵਿਰੁੱਧ ਤਿੱਖੀ ਨਾਅਰੇਬਾਜ਼ੀ ਕੀਤੀ।

ਕੁੱਲ ਹਿੰਦ ਕਿਸਾਨ ਸਭਾ (ਅਜੇ ਭਵਨ) ਦੇ ਸੀਨੀਅਰ ਆਗੂ ਅਤੇ ਸਾਬਕਾ ਵਿਧਾਇਕ ਕਾਮਰੇਡ ਹਰਦੇਵ ਸਿੰਘ ਅਰਸ਼ੀ ਨੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਦਾ ਇਤਿਹਾਸਕ ਭਾਰਤ ਬੰਦ ਮੋਦੀ ਸਰਕਾਰ ਦੀ ਅਮਰੀਕਾ ਸਾਮਰਾਜ ਅਤੇ ਕਾਰਪੋਰੇਟ ਘਰਾਣਿਆਂ ਪ੍ਰਤੀ ਹੇਜ ਅਤੇ ਦੇਸ਼ ਦੀ ਜਨਤਾ ਸੰਬੰਧੀ ਅਪਣਾਈ ਬੇਰੁਖੀ ਨੂੰ ਆਮ ਜਨਤਾ ਵਿੱਚ ਪੂਰੀ ਤਰ੍ਹਾਂ ਨੰਗਾ ਕਰ ਦੇਵੇਗਾ ਅਤੇ ਭਾਜਪਾ-ਆਰ.ਐੱਸ.ਐੱਸ. ਲਾਣੇ ਦੀ ਪੁੱਠੀ ਗਿਣਤੀ ਸ਼ੁਰੂ ਹੋ ਜਾਵੇਗੀ। ਕਾ. ਅਰਸ਼ੀ ਨੇ ਦਿੱਲੀ ਵੱਲ ਮਾਰਚ ਕਰ ਰਹੇ ਕਿਸਾਨਾਂ ਉੱਪਰ ਕੇਂਦਰ ਸਰਕਾਰ ਵੱਲੋਂ ਵਹਿਸ਼ੀਆਨਾ ਢੰਗ ਨਾਲ ਲਾਠੀਚਾਰਜ ਕਰਨ, ਅੱਥਰੂ ਗੈਸ ਸੁੱਟਣ, ਮੁੱਖ ਆਵਾਜਾਈ ਮਾਰਗਾਂ 'ਤੇ ਕੰਧਾਂ ਰੂਪੀ ਵੱਡੀਆਂ ਰੋਕਾਂ ਖੜ੍ਹੀਆਂ ਕਰਨ ਆਦਿ ਦੀ ਨਿੰਦਿਆ ਕਰਦਿਆਂ ਕਿਹਾ ਕਿ ਇਹ ਮੋਦੀ ਸਰਕਾਰ ਦੀ ਬੁਖਲਾਹਟ ਹੈ। ਇਸ ਤੋਂ ਸਪੱਸ਼ਟ ਹੁੰਦਾ ਹੈ ਕਿ ਸਰਕਾਰ ਆਮ ਜਨਤਾ ਵਿੱਚੋਂ ਆਪਣਾ ਆਧਾਰ ਗੁਆ ਚੁੱਕੀ ਹੈ। ਉਨ੍ਹਾ ਕਿਹਾ ਕਿ ਕੇਂਦਰ ਸਰਕਾਰ ਆਪਣੇ ਕੋਝੇ ਹੱਥਕੰਡਿਆਂ ਰਾਹੀਂ ਦੇਸ਼ ਦੇ ਕਿਰਤੀ-ਕਿਸਾਨ ਸੰਘਰਸ਼ ਨੂੰ ਢਾਹ ਲਾਉਣ ਅਤੇ ਕਮਜ਼ੋਰ ਕਰਨ ਲਈ ਅਨੇਕਾਂ ਹੱਥਕੰਡੇ ਅਪਨਾਏਗੀ, ਜਿਸ ਤੋਂ ਸੁਚੇਤ ਰਹਿਣ ਦੀ ਲੋੜ ਹੈ।

ਇਸ ਮੌਕੇ ਭਾਰਤੀ ਕਿਸਾਨ ਯੂਨੀਅਨ (ਕਾਦੀਆਂ) ਦੇ ਕੁਲਦੀਪ ਸਿੰਘ ਚੱਕ ਭਾਈਕੇ, ਪੰਜਾਬ ਕਿਸਾਨ ਯੂਨੀਅਨ ਦੇ ਰਾਮਫਲ ਸਿੰਘ ਚੱਕ ਅਲੀਸ਼ੇਰ, ਜਮਹੂਰੀ ਕਿਸਾਨ ਸਭਾ ਦੇ ਆਗੂ ਅਮਰੀਕ ਸਿੰਘ ਫਫੜੇ ● ਬਾਕੀ ਸਫ਼ਾ 2 'ਤੇ

## ਸੰਘਰਸ਼ ਦੀ ਅਗਲੀ ਰੂਪ ਰੇਖਾ ਉਲੀਕਣ ਲਈ ਭਲਕੇ ਲੁਧਿਆਣਾ 'ਚ ਮੀਟਿੰਗ















## ਕੇਜਰੀਵਾਲ ਨੇ ਅਸੰਬਲੀ 'ਚ ਭਰੋਸੇ ਦਾ ਮਤਾ ਰੱਖਿਆ



**ਨਵੀਂ ਦਿੱਲੀ** : ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਸ਼ੁੱਕਰਵਾਰ ਅਸੰਬਲੀ ਵਿਚ ਇਹ ਕਹਿੰਦਿਆਂ ਭਰੋਸੇ ਦਾ ਮਤੇ ਰੱਖਿਆ ਕਿ ਭਾਜਪਾ ਵਾਜਬ ਢੰਗ ਨਾਲ ਸਰਕਾਰ ਬਣਾ ਨਹੀਂ ਸਕਦੀ, ਇਸ ਕਰਕੇ ਉਨ੍ਹਾ ਦੀ ਸਰਕਾਰ ਨੂੰ ਅਸਥਿਰ ਕਰਨ ਲੱਗੀ ਹੋਈ ਹੈ। ਪਰ ਸਾਨੂੰ ਲੋਕਾਂ ਦਾ ਭਰੋਸਾ ਹਾਸਲ ਹੈ। ਸਪੀਕਰ ਰਾਮ ਨਿਵਾਸ ਗੋਇਲ ਨੇ ਮਤਾ ਮਨਜ਼ੂਰ ਕਰ ਲਿਆ ਤੇ ਇਸ 'ਤੇ ਸ਼ਨੀਵਾਰ ਸਵੇਰੇ 11 ਵਜੇ ਬਹਿਸ ਸ਼ੁਰੂ ਹੋਵੇਗੀ।

## ਪੇ ਟੀ ਐਮ ਬੈਂਕ ਨਾਲ ਲੈਣ-ਦੇਣ ਹੁਣ 15 ਮਾਰਚ ਤੱਕ ਚੱਲੇਗਾ

**ਨਵੀਂ ਦਿੱਲੀ** : ਰਿਜ਼ਰਵ ਬੈਂਕ ਆਫ ਇੰਡੀਆ ਨੇ ਪੇ ਟੀ ਐੱਮ ਬੈਂਕ ਵਿਚ ਡਿਪਾਜ਼ਿਟ ਤੇ ਹੋਰ ਟਰਾਂਜੈਕਸ਼ਨ ਦੀ ਡੈੱਡਲਾਈਨ 15 ਮਾਰਚ ਤਕ ਵਧਾ ਦਿੱਤੀ ਹੈ। ਇਸਤੋਂ ਪਹਿਲਾਂ ਉਸਨੇ ਕਿਹਾ ਸੀ ਕਿ 29 ਫਰਵਰੀ ਤੋਂ ਬਾਅਦ ਪੇ ਟੀ ਐੱਮ ਬੈਂਕ ਵਿਚ ਪੈਸੇ ਨਹੀਂ ਜਮ੍ਹਾਂ ਕਰਾਏ ਜਾ ਸਕਣਗੇ।

## ਵ੍ਹੀਲਚੇਅਰ ਨਾ ਮਿਲਣ 'ਤੇ ਦਮ ਤੋੜਿਆ

**ਮੁੰਬਈ** : ਏਅਰ ਇੰਡੀਆ ਦੇ ਇਕ ਬਜ਼ੁਰਗ ਯਾਤਰੀ ਨੇ ਇਮੀਗ੍ਰੇਸ਼ਨ ਪ੍ਰਕਿਰਿਆ ਦੌਰਾਨ ਮੁੰਬਈ ਹਵਾਈ ਅੱਡੇ 'ਤੇ ਵ੍ਹੀਲਚੇਅਰ ਲਈ ਬੇਨਤੀ ਕੀਤੀ ਪਰ ਵ੍ਹੀਲਚੇਅਰ ਦੀ ਲੰਮੀ ਉਡੀਕ ਮਗਰੋਂ ਉਸ ਨੇ ਤੁਰਨ ਦਾ ਫੈਸਲਾ ਕਰ ਲਿਆ, ਜਿਸ ਮਗਰੋਂ ਡਿੱਗਣ ਕਾਰਨ ਉਸ ਦੀ ਮੌਤ ਹੋ ਗਈ। ਇਹ ਘਟਨਾ 12 ਫਰਵਰੀ ਨੂੰ ਨਿਊਯਾਰਕ ਤੋਂ ਏਅਰ ਇੰਡੀਆ ਦੀ ਫਲਾਈਟ 'ਚ ਯਾਤਰੀ ਦੇ ਉਤਰਨ ਤੋਂ ਬਾਅਦ ਵਾਪਰੀ। ਏਅਰਲਾਈਨ ਦੇ ਬੁਲਾਰੇ ਨੇ ਸ਼ੁੱਕਰਵਾਰ ਨੂੰ ਦੱਸਿਆ ਕਿ ਯਾਤਰੀ ਦੀ ਉਮਰ 80 ਸਾਲ ਤੋਂ ਵੱਧ ਸੀ।

## ਪੱਤਰਕਾਰਾਂ ਲਈ ਸੂਚਨਾ

'ਨਵਾਂ ਜ਼ਮਾਨਾ' ਦੇ ਜਿਨ੍ਹਾਂ ਪ੍ਰਤੀਨਿਧਾਂ ਦੇ ਸ਼ਨਾਖਤੀ ਕਾਰਡ ਦੀ ਮਿਆਦ ਲੰਘ ਚੁੱਕੀ ਹੈ, ਉਨ੍ਹਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪੋ-ਆਪਣੇ ਕਾਰਡ ਜਲਦੀ ਤੋਂ ਜਲਦੀ 'ਨਵਾਂ ਜ਼ਮਾਨਾ' ਦਫਤਰ ਆ ਕੇ ਬਾਅਦ ਦੁਪਹਿਰ ਸ਼ੁੱਕਰਵਾਰ ਅਤੇ ਸੋਮਵਾਰ ਨੂੰ 2 ਵਜੇ ਤੋਂ ਸ਼ਾਮ 5 ਵਜੇ ਤੱਕ ਨਵਿਆਉਣ। ਪਿਛਲੇ ਸਾਲ ਦੀ ਅਧਿਕਾਰਤ ਪੱਤਰ ਦੀ ਕਾਪੀ ਨਾਲ ਲਿਆਉਣ। **-ਮੈਨੇਜਰ**

## ਸਫਲ ਹੜਤਾਲ ਤੇ ਬੰਦ ਲਈ ਬਰਾੜ ਤੇ ਧਾਲੀਵਾਲ ਵੱਲੋਂ ਤਹਿ ਦਿਲੋਂ ਧੰਨਵਾਦ

**ਪਟਿਆਲਾ** : ਪੰਜਾਬ ਏਟਕ ਦੇ ਪ੍ਰਧਾਨ ਬੰਤ ਸਿੰਘ ਬਰਾੜ ਅਤੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ 16 ਫਰਵਰੀ ਨੂੰ ਪੰਜਾਬ ਦੇ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ, ਫੈਡਰੇਸ਼ਨਾਂ, ਅਜ਼ਾਦ ਜਥੇਬੰਦੀਆਂ, ਪੇਂਡੂ ਸ਼ਹਿਰੀ ਕਾਰੋਬਾਰੀਆਂ ਅਤੇ ਆਮ ਲੋਕਾਂ ਵਲੋਂ ਐਸ.ਕੇ.ਐਮ. ਅਤੇ 10 ਕੇਂਦਰੀ ਟਰੇਡ ਯੂਨੀਅਨਾਂ ਦੇ ਸੱਦੇ 'ਤੇ ਕੀਤੀ ਗਈ ਸਫਲ ਦੇਸ਼ ਵਿਆਪੀ ਹੜਤਾਲ ਅਤੇ ਪੇਂਡੂ ਭਾਰਤ ਬੰਦ ਲਈ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਤਾਕੀਦ ਕੀਤੀ ਕਿ ਭਵਿੱਖ ਵਿੱਚ ਮੋਦੀ ਸਰਕਾਰ ਦੇ ਜ਼ਾਲਮਾਨਾ ਲੋਕ ਵਿਰੋਧੀ ਕਦਮਾਂ ਵਿਰੁੱਧ ਹੋਣ ਵਾਲੇ ਜ਼ਬਰਦਸਤ ਸੰਭਾਵੀ ਸੰਘਰਸ਼ਾਂ ਵਿੱਚ ਵੀ ਪੰਜਾਬ ਵਾਸੀਆਂ ਵਲੋਂ ਇਸੇ ਤਰ੍ਹਾਂ ਸਹਿਯੋਗ ਦਿੱਤਾ ਜਾਵੇਗਾ। ਧਾਲੀਵਾਲ ਅਤੇ ਬਰਾੜ ਨੇ ਪੰਜਾਬ ਭਰ ਤੋਂ ਪ੍ਰਾਪਤ ਕੀਤੀ ਜਾਣਕਾਰੀ ਅਨੁਸਾਰ ਦੱਸਿਆ ਕਿ ਪੰਜਾਬ ਰੋਡਵੇਜ਼/ਪਨਬਸ ਅਤੇ ਪੀ.ਆਰ.ਟੀ.ਸੀ. ਦੀਆਂ 3500 ਬੱਸਾਂ ਦਾ ਚੱਕਾ ਮੁਕੰਮਲ ਤੌਰ 'ਤੇ ਜਾਮ ਰਿਹਾ ਅਤੇ ਸਮੁੱਚੀ ਪ੍ਰਾਈਵੇਟ ਟਰਾਂਸਪੋਰਟ ਦੀਆਂ ਬੱਸਾਂ ਵੀ ਬੰਦ ਰਹੀਆਂ। ਇਸੇ ਤਰ੍ਹਾਂ ਹੀ ਲੱਖਾਂ ਬਿਜਲੀ ਮੁਲਾਜ਼ਮਾਂ ਨੇ ਮੁਕੰਮਲ ਹੜਤਾਲ ਕੀਤੀ। ਸਾਰੀਆਂ ਮੁਲਾਜ਼ਮ ਫੈਡਰੇਸ਼ਨਾਂ ਨੇ ਕਿੰਨੇ ਹੀ ਵਿਭਾਗਾਂ ਵਿੱਚ ਹੜਤਾਲ ਕਰਵਾਈ। ਅਨੇਕਾਂ ਸਨਅਤੀ ਯੂਨਿਟਾਂ ਵਿੱਚ ਮਜ਼ਦੂਰ ਹੜਤਾਲ 'ਤੇ ਰਹੇ। ਖੇਤ ਮਜ਼ਦੂਰ, ਆਂਗਣਵਾੜੀ, ਉਸਾਰੀ ਕਿਰਤੀ, ਨਰੇਗਾ ਵਰਕਰ, ਭੱਠਾ ਵਰਕਰ, ਆਸ਼ਾ ਵਰਕਰ, ਮਾਈਕਰੋ ਫਾਈਨਾਂਸ ਕੰਪਨੀਆਂ ਦੇ ਪੀੜਤ ਵਰਕਰਾਂ ਨੇ ਹੜਤਾਲ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ। ਛੋਟੇ ਅਤੇ ਵੱਡੇ ਸ਼ਹਿਰਾਂ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਇਕੱਤਰ ਮੁਲਾਜ਼ਮਾਂ, ਮਜ਼ਦੂਰਾਂ, ਕਿਸਾਨਾਂ ਅਤੇ ਹਰ ਤਰ੍ਹਾਂ ਦੇ ਮੋਦੀ ਸਰਕਾਰ ਦੀਆਂ ਨੀਤੀਆਂ ਤੋਂ ਤੰਗ ਲੋਕਾਂ ਵਲੋਂ ਜ਼ਬਰਦਸਤ ਰੋਸ ਪ੍ਰਦਰਸ਼ਨ ਅਤੇ ਰੋਹ ਭਰਪੂਰ ਰੈਲੀਆਂ ਕੀਤੀਆਂ ਗਈਆਂ। ਅਜਿਹੇ ਐਕਸ਼ਨ ਅੰਮ੍ਰਿਤਸਰ, ਲੁਧਿਆਣਾ, ਜਲੰਧਰ, ਹੁਸ਼ਿਆਰਪੁਰ, ਨਵਾਂਸ਼ਹਿਰ, ਰੋਪੜ, ਮੋਹਾਲੀ, ਚੰਡੀਗੜ੍ਹ, ਪਟਿਆਲਾ, ਸੰਗਰੂਰ, ਬਰਨਾਲਾ, ਮਾਨਸਾ, ਬਠਿੰਡਾ, ਮੁਕਤਸਰ, ਫਾਜ਼ਿਲਕਾ, ਫਿਰੋਜ਼ਪੁਰ, ਗੁਰਦਾਸਪੁਰ, ਪਠਾਨਕੋਟ, ਮਲੇਰਕੋਟਲਾ, ਫਤਹਿਗੜ੍ਹ ਸਾਹਿਬ ਆਦਿ ਪ੍ਰਮੁੱਖ ਸ਼ਹਿਰਾਂ ਵਿੱਚ ਬਹੁਤ ਜੋਸ਼ੋ ਖਰੋਸ਼ ਨਾਲ ਕਿਸਾਨਾਂ ਅਤੇ ਮਜ਼ਦੂਰਾਂ ਨੇ ਸਾਂਝੇ ਤੌਰ 'ਤੇ ਕੀਤੇ। ਇਸੇ ਤਰ੍ਹਾਂ ਛੋਟੇ ਕਸਬਿਆਂ, ਪਿੰਡਾਂ, ਮੁੱਖ ਸੜਕਾਂ, ਲਿੰਕ ਸੜਕਾਂ ਜਾਮ ਰਹੀਆਂ ਅਤੇ ਹੋਰ ਕਾਰੋਬਾਰ ਬੰਦ ਰਹੇ। ਕੁੱਲ ਮਿਲਾ ਕੇ ਪੰਜਾਬ ਦੇ ਹਰ ਤਬਕੇ ਨੇ ਭਾਰਤ ਬੰਦ ਅਤੇ ਇਸ ਉਦਯੋਗਿਕ ਹੜਤਾਲ ਦਾ ਖੁੱਲ੍ਹ ਕੇ ਸਾਥ ਦਿੱਤਾ। ਹੜਤਾਲੀ ਤਬਕਿਆਂ ਦੇ ਰੋਹ ਤੋਂ ਸਪਸ਼ਟ ਸੀ ਕਿ ਹੁਣ ਮੋਦੀ ਸਰਕਾਰ ਨੂੰ ਆਪਣੀਆਂ ਕਿਸਾਨ ਮਜ਼ਦੂਰ ਵਿਰੋਧੀ ਕਾਰਪੋਰੇਟ ਪੱਖੀ ਲੋਟੂ ਨੀਤੀਆਂ ਅਤੇ ਸਮਾਜ ਵਿੱਚ ਫਿਰਕੂ ਅਧਾਰ 'ਤੇ ਵੰਡੀਆਂ ਪਾਉਣ ਦੀਆਂ ਕੋਝੀਆਂ ਚਾਲਾਂ ਤੋਂ ਪਿੱਛੇ ਹਟਣਾ ਪਵੇਗਾ ਜਾਂ ਫਿਰ ਲੋਕਾਂ ਦੇ ਇਤਿਹਾਸਕ ਸੰਘਰਸ਼ਾਂ ਦਾ ਸਾਹਮਣਾ ਕਰਨਾ ਪਵੇਗਾ।

## ਗੁਰਦਾਸਪੁਰ ਦਾ ਕਿਸਾਨ ਸ਼ਹੀਦ



**ਪਟਿਆਲਾ** : ਸ਼ੰਭੂ ਵਿਖੇ ਡੇਰੇ ਲਾਈ ਬੈਠੇ ਕਿਸਾਨਾਂ ਦੇ ਵੱਡੇ ਕਾਫਲੇ ਵਿੱਚੋਂ ਸ਼ੁੱਕਰਵਾਰ ਵੱਡੇ ਤੜਕੇ 63 ਸਾਲਾ ਗਿਆਨ ਸਿੰਘ ਵਾਸੀ ਪਿੰਡ ਚਾਚੋਕੇ ਜ਼ਿਲ੍ਹਾ ਗੁਰਦਾਸਪੁਰ ਦੀ ਮੌਤ ਹੋ ਗਈ। ਸਾਢੇ ਤਿੰਨ ਵਜੇ ਉਸ ਨੂੰ ਸਾਹ ਲੈਣ 'ਚ ਤਕਲੀਫ ਹੋਈ, ਉਸਨੂੰ ਸਿਵਲ ਹਸਪਤਾਲ ਰਾਜਪੁਰਾ ਤੇ ਫਿਰ ਰਜਿੰਦਰਾ ਹਸਪਤਾਲ ਪਟਿਆਲਾ ਲਿਆਂਦਾ ਗਿਆ ਪਰ ਪਟਿਆਲਾ ਆਉਣ 'ਤੇ ਉਹ ਦਮ ਤੋੜ ਗਿਆ। ਡਾਕਟਰਾਂ ਵੱਲੋਂ ਦਿੱਤੀ ਗਈ ਮੁੱਢਲੀ ਜਾਣਕਾਰੀ ਮੁਤਾਬਕ ਕਿਸਾਨ ਦੀ ਮੌਤ ਦਿਲ ਦਾ ਦੌਰਾ ਪੈਣ ਕਾਰਨ ਹੋਈ।

## ਪੰਜਾਬ ਖੇਤ ਮਜ਼ਦੂਰ ਸਭਾ ਭਾਰਤ ਬੰਦ 'ਚ ਸਰਗਰਮੀ ਨਾਲ ਸ਼ਾਮਲ



ਸ਼ਾਹਕੋਟ 'ਚ ਭਾਰਤ ਬੰਦ ਦੌਰਾਨ ਲਾਇਆ ਗਿਆ ਧਰਨਾ।

**ਸ਼ਾਹਕੋਟ (ਗਿਆਨ ਸੈਦਪੁਰੀ)**
ਪੇਂਡੂ ਭਾਰਤ ਬੰਦ ਦੇ ਸੱਦੇ ਤਹਿਤ ਪੰਜਾਬ ਖੇਤ ਮਜ਼ਦੂਰ ਸਭਾ ਵੱਲੋਂ ਬੰਦ ਵਿੱਚ ਸ਼ਾਮਲ ਹੋ ਕੇ ਭਰਪੂਰ ਸਮਰਥਨ ਦਿੱਤਾ ਗਿਆ। ਸਭਾ ਦੇ ਪ੍ਰਧਾਨ ਕਾਮਰੇਡ ਪ੍ਰੀਤਮ ਸਿੰਘ ਨਿਆਮਤਪੁਰਾ ਅਤੇ ਜਨਰਲ ਸਕੱਤਰ ਦੇਵੀ ਕੁਮਾਰੀ ਸਰਹਾਲੀ ਕਲਾਂ ਨੇ ਦੱਸਿਆ ਕਿ ਨਵਾਂਸ਼ਹਿਰ, ਜਲੰਧਰ, ਅੰਮ੍ਰਿਤਸਰ, ਗੁਰਦਾਸਪੁਰ, ਫਰੀਦਕੋਟ, ਮੁਕਤਸਰ, ਫਾਜ਼ਿਲਕਾ, ਤਰਨ ਤਾਰਨ, ਸੰਗਰੂਰ ਅਤੇ ਫਤਹਿਗੜ੍ਹ ਸਾਹਿਬ ਵਿੱਚ ਜਥੇਬੰਦੀ ਦੇ ਨੁਮਾਇੰਦੇ ਪੇਂਡੂ ਭਾਰਤ ਬੰਦ ਵਿੱਚ ਸ਼ਾਮਲ ਹੋਏ।

## ਪਤਨੀ ਦੀ ਖੋਪੜੀ ਲੈ ਕੇ ਥਾਣੇ ਜਾ ਰਿਹਾ ਰਾਹ 'ਚ ਗ੍ਰਿਫਤਾਰ



**ਬਾਰਾਬੰਕੀ (ਯੂ ਪੀ)** : ਪੁਲਸ ਨੇ ਇਕ ਵਿਅਕਤੀ ਨੂੰ ਪਤਨੀ ਦਾ ਸਿਰ ਵੱਢਣ ਅਤੇ ਉਸਦੀ ਖੋਪੜੀ ਲੈ ਕੇ ਤੁਰਨ ਦੇ ਦੋਸ਼ ਹੇਠ ਗ੍ਰਿਫਤਾਰ ਕੀਤਾ ਹੈ। ਜ਼ਿਲੇ ਦੇ ਫਤਿਹਪੁਰ ਥਾਣਾ ਖੇਤਰ ਦੇ ਬਸਰਾ ਪਿੰਡ ਦੇ ਅਨਿਲ ਕਨੌਜੀਆ ਨੇ ਸਵੇਰੇ ਝਗੜੇ ਤੋਂ ਬਾਅਦ ਪਤਨੀ ਵੰਦਨਾ (28) 'ਤੇ ਚਾਕੂ ਨਾਲ ਹਮਲਾ ਕਰ ਦਿੱਤਾ ਅਤੇ ਉਸ ਦਾ ਸਿਰ ਵੱਢ ਦਿੱਤਾ। ਇਸਤੋਂ ਬਾਅਦ ਖੋਪੜੀ ਲੈ ਕੇ ਥਾਣੇ ਵੱਲ ਤੁਰ ਪਿਆ। ਪੁਲਸ ਨੇ ਉਸ ਨੂੰ ਰਾਹ 'ਚ ਹੀ ਗ੍ਰਿਫਤਾਰ ਕਰ ਲਿਆ। ਐੱਸ ਪੀ ਦਿਨੇਸ਼ ਕੁਮਾਰ ਸਿੰਘ ਨੇ ਕਿਹਾ ਕਿ ਕਨੌਜੀਆ ਨੂੰ ਪਤਨੀ ਦੇ ਚਾਲ ਚਲਣ 'ਤੇ ਸ਼ੱਕ ਸੀ।

## ਚੀਮਾ ਵੱਲੋਂ ਨਾਬਾਰਡ ਦਾ 'ਸਟੇਟ ਫੋਕਸ ਪੇਪਰ' ਜਾਰੀ

**ਚੰਡੀਗੜ੍ਹ (ਗੁਰਜੀਤ ਬਿੱਲਾ)**
ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਸ਼ੁੱਕਰਵਾਰ ਇੱਥੇ ਨੈਸ਼ਨਲ ਬੈਂਕ ਫਾਰ ਐਗਰੀਕਲਚਰ ਐਂਡ ਰੂਰਲ ਡਿਵੈਲਪਮੈਂਟ (ਨਾਬਾਰਡ) ਵੱਲੋਂ ਕਰਵਾਏ ਗਏ 'ਸਟੇਟ ਕ੍ਰੈਡਿਟ ਸੈਮੀਨਾਰ' ਦੌਰਾਨ ਸੰਸਥਾ ਦਾ 'ਸਟੇਟ ਫੋਕਸ ਪੇਪਰ' (ਐਸ.ਐਫ.ਪੀ) 2024-25 ਜਾਰੀ ਕੀਤਾ। ਐਸ.ਐਫ.ਪੀ. ਵਿੱਚ ਵਿੱਤੀ ਸਾਲ 2024-25 ਦੌਰਾਨ ਪੰਜਾਬ ਵਿੱਚ ਤਰਜੀਹੀ ਖੇਤਰਾਂ ਲਈ 243606 ਕਰੋੜ ਰੁਪਏ ਦੀ ਕਰਜ਼ਾ ਸਮਰੱਥਾ ਦਾ ਅਨੁਮਾਨ ਲਗਾਇਆ ਗਿਆ ਹੈ। ਸੈਮੀਨਾਰ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਚੀਮਾ ਨੇ ਜ਼ੋਰ ਦਿੰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਨਾਬਾਰਡ ਅਤੇ ਹੋਰ ਹਿੱਸੇਦਾਰਾਂ ਨਾਲ ਮਿਲ ਕੇ ਕੰਮ ਕਰਨ ਲਈ ਵਚਨਬੱਧ ਹੈ ਤਾਂ ਜੋ ਸੂਬੇ ਦੇ ਖੇਤੀਬਾੜੀ ਅਤੇ ਪੇਂਡੂ ਖੇਤਰਾਂ ਦੀ ਪੂਰੀ ਸਮਰੱਥਾ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨਿਵੇਸ਼ ਲਈ ਇੱਕ ਯੋਗ ਮਾਹੌਲ ਬਣਾਉਣ ਅਤੇ ਇਨ੍ਹਾਂ ਪ੍ਰੋਜੈਕਟਾਂ ਦੇ ਲਾਭ ਹੇਠਲੇ ਪੱਧਰ ਤੱਕ ਪਹੁੰਚਣ ਨੂੰ ਯਕੀਨੀ ਬਣਾਉਣ ਲਈ ਦ੍ਰਿੜ੍ਹ ਹੈ। ਪੰਜਾਬ ਦੀ ਪੇਂਡੂ ਆਰਥਿਕਤਾ ਦੀ ਮਜ਼ਬੂਤੀ ਲਈ ਨਿਵੇਸ ਨੂੰ ਦਿਸ਼ਾ ਦੇਣ ਵਿੱਚ 'ਸਟੇਟ ਫੋਕਸ ਪੇਪਰ' ਦੀ ਭੂਮਿਕਾ 'ਤੇ ਜ਼ੋਰ ਦਿੰਦੇ ਹੋਏ ਵਿੱਤ ਮੰਤਰੀ ਨੇ ਕਿਹਾ ਕਿ 'ਸਟੇਟ ਫੋਕਸ ਪੇਪਰ' ਨਿਵੇਸ਼ ਅਤੇ ● ਬਾਕੀ ਸਫ਼ਾ 2 'ਤੇ



## ਏਮਜ਼-ਰਿਵਾੜੀ ਦਾ ਨੀਂਹ ਪੱਥਰ



**ਰੇਵਾੜੀ (ਹਰਿਆਣਾ)** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ੁੱਕਰਵਾਰ ਇੱਥੇ ਆਲ ਇੰਡੀਆ ਇੰਸਟੀਚਿਊਟ ਆਫ ਮੈਡੀਕਲ ਸਾਇੰਸਿਜ਼ (ਏਮਜ਼) ਦਾ ਨੀਂਹ ਪੱਥਰ ਰੱਖਿਆ। ਲਗਪਗ 1,650 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲਾ ਏਮਜ਼-ਰੇਵਾੜੀ ਪਿੰਡ ਮਾਜਰਾ ਭਲਖੀ 'ਚ 203 ਏਕੜ ਜ਼ਮੀਨ 'ਚ ਵਿਕਸਤ ਕੀਤਾ ਜਾਵੇਗਾ। ਇਸਦਾ ਰਾਜਸਥਾਨ, ਦਿੱਲੀ ਅਤੇ ਯੂ ਪੀ ਦੇ ਨਾਗਰਿਕਾਂ ਨੂੰ ਲਾਭ ਹੋਵੇਗਾ। ਏਮਜ਼-ਰੇਵਾੜੀ ਤੋਂ ਇਲਾਵਾ, ਮੋਦੀ ਨੇ ਗੁਰੂਗ੍ਰਾਮ ਮੈਟਰੋ ਰੇਲ ਪ੍ਰੋਜੈਕਟ ਦਾ ਨੀਂਹ ਪੱਥਰ ਵੀ ਰੱਖਿਆ, ਜਿਸ ਨੂੰ ਲਗਭਗ 5,450 ਕਰੋੜ ਰੁਪਏ ਦੀ ਲਾਗਤ ਨਾਲ ਵਿਕਸਤ ਕੀਤਾ ਜਾਵੇਗਾ।

## ਅੱਜ-ਨਾਮਾ

ਕਿਸਾਨਾਂ ਨਾਲ ਸਰਕਾਰ ਜਦ ਬਾਤ ਕੀਤੀ,
ਲੱਗਦੀ ਗੱਲ ਬੱਸ ਸਿਰੇ ਗਈ ਟੁੱਟ ਬੇਲੀ।
ਪੁਰਾਣੇ ਮਸਲਿਆਂ ਦੀ ਹੋਈ ਖ਼ੂਬ ਚਰਚਾ,
ਦੱਬੇ ਮੁਰਦੇ ਕਈ ਲਏ ਬਈ ਪੁੱਟ ਬੇਲੀ।
ਲੱਗਦੀ ਦਿੱਸੀ ਨਾ ਬਾਤ ਸੀ ਤਣ-ਪੱਤਣ,
ਹੱਥ ਤੋਂ ਤੰਦ ਗਈ ਅੰਤ ਸੀ ਛੁੱਟ ਬੇਲੀ।
ਸਹਿਮਤੀ ਕੀਤੀ ਦੋ ਦਿਨ ਆਰਾਮ ਕਰਨਾ,
ਚਾੜ੍ਹਦੀ ਅਜੇ ਤੱਕ ਪੁਲਸ ਆ ਕੁੱਟ ਬੇਲੀ।
ਮਿਲਦੇ ਮੀਟਿੰਗ ਦੇ ਸਾਰੇ ਸੰਕੇਤ ਦੱਸਣ,
ਅਗਲੇ ਗੇੜ ਦੀ ਆਸ ਲਈ ਰੱਖ ਬੇਲੀ।
ਪੈਂਦਾ ਦਿੱਸੇ ਨਹੀਂ ਕੱਖ ਜਦ ਹੱਥ-ਪੱਲੇ,
ਮੁੜ ਮੁੜ ਮਾਰਨੀ ਕਾਸ ਤੋਂ ਝੱਖ ਬੇਲੀ।

-ਤੀਸ ਮਾਰ ਖਾਂ

## ਰਿਜਨਲ ਪਾਸਪੋਰਟ ਆਫਿਸ ਜਲੰਧਰ ਦੇ 3 ਵੱਡੇ ਅਫਸਰ ਗ੍ਰਿਫਤਾਰ

**ਜਲੰਧਰ (ਇਕਬਾਲ ਸਿੰਘ ਉੱਭੀ)**
ਸੀ ਬੀ ਆਈ ਸ਼ੁੱਕਰਵਾਰ ਰਿਜਨਲ ਪਾਸਪੋਰਟ ਆਫਿਸ ਵਿਚ ਛਾਪਾ ਮਾਰ ਕੇ ਰਿਜਨਲ ਪਾਸਪੋਰਟ ਅਫਸਰ ਅਨੂਪ ਸਿੰਘ ਅਤੇ ਦੋ ਅਸਿਸਟੈਂਟ ਪਾਸਪੋਰਟ ਅਫਸਰਾਂ ਹਰੀ ਓਮ ਤੇ ਸੰਜੇ ਸ੍ਰੀਵਾਸਤਵ ਨੂੰ ਗ੍ਰਿਫਤਾਰ ਕਰਕੇ ਚੰਡੀਗੜ੍ਹ ਲੈ ਗਈ। ਦੱਸਿਆ ਜਾਂਦਾ ਹੈ ਕਿ ਸ਼ਿਕਾਇਤਕਰਤਾ ਨੇ ਆਪਣੇ ਪੋਤੇ ਤੇ ਪੋਤੀ ਦੇ ਨਵੇਂ ਪਾਸਪੋਰਟ ਲਈ ਅਪਲਾਈ ਕੀਤਾ ਸੀ। ਜਦੋਂ ਉਹ ਸਟੇਟਸ ਪਤਾ ਕਰਨ ਲਈ ਇਕ ਏ ਪੀ ਓ ਨੂੰ ਮਿਲਿਆ ਤਾਂ ਪਾਸਪੋਰਟ ਜਾਰੀ ਕਰਨ ਬਦਲੇ ਕਥਿਤ ਤੌਰ 'ਤੇ 25,000 ਰੁਪਏ ਦੀ ਰਿਸ਼ਵਤ ਦੀ ਮੰਗ ਕੀਤੀ ਗਈ। ਸ਼ਿਕਾਇਤਕਰਤਾ ਮੁਤਾਬਕ ਮੁਲਜ਼ਮਾਂ ਨੇ ਦੱਸਿਆ ਕਿ ਰਿਸ਼ਵਤ ਆਰ ਪੀ ਓ ਅਤੇ ਇੱਕ ਹੋਰ ਏ ਪੀ ਓ ਦੇ ਨਿਰਦੇਸ਼ਾਂ 'ਤੇ ਸਵੀਕਾਰ ਕੀਤੀ ਜਾਂਦੀ ਹੈ ਅਤੇ ਇਹ ਉਨ੍ਹਾਂ ਦਰਮਿਆਨ ਸਾਂਝੀ ਕੀਤੀ ਜਾਂਦੀ ਹੈ। ਸੀਬੀਆਈ ਨੇ ਜਾਲ ਵਿਛਾ ਕੇ ਮੁਲਜ਼ਮ ਏ ਪੀ ਓ ਨੂੰ 25,000 ਰੁਪਏ ਦੀ ਰਿਸ਼ਵਤ ਲੈਂਦੇ ਰੰਗੇ ਹੱਥੀਂ ਗ੍ਰਿਫਤਾਰ ਕਰ ਲਿਆ। ਇਸ ਤੋਂ ਬਾਅਦ ਆਰ ਪੀ ਓ ਤੇ ਇਕ ਹੋਰ ਏ ਪੀ ਓ ਨੂੰ ਵੀ ਗ੍ਰਿਫਤਾਰ ਕਰ ਲਿਆ ਗਿਆ। ਮੁਲਜਮਾਂ ਦੇ ਰਿਹਾਇਸ਼ੀ ਸਥਾਨਾਂ ਦੀ ਤਲਾਸ਼ੀ ਦੌਰਾਨ ਲਗਭਗ 20 ਲੱਖ ਰੁਪਏ ਅਤੇ ਇਤਰਾਜ਼ਯੋਗ ਦਸਤਾਵੇਜ਼ ਵੀ ਜ਼ਬਤ ਕੀਤੇ ਗਏ ਹਨ।




## ਕਾਂਗਰਸ ਦੇ ਖਾਤੇ ਫਰੀਜ਼ ਤੇ ਫਿਰ ਬਹਾਲ

**ਨਵੀਂ ਦਿੱਲੀ** : ਕਾਂਗਰਸ ਨੇ ਸ਼ੁੱਕਰਵਾਰ ਵੱਡਾ ਦੋਸ਼ ਲਾਉਂਦਿਆਂ ਕਿਹਾ ਕਿ ਇਨਕਮ ਟੈਕਸ ਵਿਭਾਗ ਨੇ ਮਾਮੂਲੀ ਆਧਾਰ 'ਤੇ ਪਾਰਟੀ ਦੇ ਚਾਰ ਮੁੱਖ ਬੈਂਕ ਖਾਤੇ ਫਰੀਜ਼ ਕਰ ਦਿੱਤੇ, ਜਿਸ ਨਾਲ ਉਸ ਕੋਲ ਬਿੱਲ ਤੇ ਤਨਖਾਹਾਂ ਦੇਣ ਲਈ ਪੈਸੇ ਨਹੀਂ ਰਹੇ। ਕਾਂਗਰਸ ਨੇ ਇਸਨੂੰ ਇਨਕਮ ਟੈਕਸ ਅਪੀਲੀ ਟ੍ਰਿਬਿਊਨਲ ਵਿਚ ਚੈਲੰਜ ਕੀਤਾ ਤਾਂ ਉਸਨੇ ਅਗਲੇ ਹਫਤੇ ਅੰਤਮ ਸੁਣਵਾਈ ਤਕ ਖਾਤੇ ਅਪਰੇਟ ਕਰਨ ਦੀ ਆਗਿਆ ਦੇ ਦਿੱਤੀ। ਟ੍ਰਿਬਿਊਨਲ ਅੰਤਰਮ ਰਾਹਤ ਲਈ ਕਾਂਗਰਸ ਦੀ ਅਰਜ਼ੀ 'ਤੇ 21 ਫਰਵਰੀ ਨੂੰ ਸੁਣਵਾਈ ਕਰੇਗਾ। ਖਾਤੇ ਫਰੀਜ਼ ਕਰਨ ਬਾਰੇ ਪਾਰਟੀ ਦੇ ਖਜ਼ਾਨਚੀ ਅਜੈ ਮਾਕਨ ਨੇ ਕਿਹਾ—ਅਸੀਂ 31 ਦਸੰਬਰ 2019 ਤਕ ਖਾਤਿਆਂ ਦਾ ਹਿਸਾਬ ਦੇਣਾ ਸੀ ਪਰ ਕੁਝ ਦੇਰੀ ਹੋ ਗਈ। ਇਸ ਕਰਕੇ ਖਾਤੇ ਸੀਲ ਕਰ ਦਿੱਤੇ ਗਏ। 2018-19 ਚੋਣਾਂ ਦਾ ਵਕਤ ਸੀ, ਜਿਸ ਵਿਚ ਕਾਂਗਰਸ ਦੇ 199 ਕਰੋੜ ਰੁਪਏ ਖਰਚ ਹੋਏ ਸਨ। ਇਸ ਵਿਚ ਸਾਡੇ ਵਿਧਾਇਕਾਂ ਤੇ ਸਾਂਸਦਾਂ ਨੇ ਸਿਰਫ 14 ਲੱਖ 40 ਹਜ਼ਾਰ ਰੁਪਏ ਕੈਸ਼ ਵਿਚ ਜਮ੍ਹਾਂ ਕੀਤੇ ਸਨ, ਜੋ ਉਨ੍ਹਾਂ ਦੀ ਤਨਖਾਹ ਸੀ। ਇਸ ਕਰਕੇ ਕਾਂਗਰਸ 'ਤੇ 210 ਕਰੋੜ ਰੁਪਏ ਦੀ ਪੈਨਲਟੀ ਲਾ ਦਿੱਤੀ ਗਈ। ਇਸ ਘਟਨਾ 'ਤੇ ਰਾਹੁਲ ਨੇ ਕਿਹਾ ਹੈ—ਡਰੋ ਨਾ ਮੋਦੀ ਜੀ, ਕਾਂਗਰਸ ਧਨ ਦੀ ਤਾਕਤ ਦਾ ਨਹੀਂ, ਜਨ ਦੀ ਤਾਕਤ ਦਾ ਨਾਂਅ ਹੈ। ਅਸੀਂ ਤਾਨਾਸ਼ਾਹੀ ਦੇ ਸਾਹਮਣੇ ਨਾ ਕਦੇ ਝੁਕੇ ਹਾਂ ਤੇ ਨਾ ਝੁਕਾਂਗੇ। ਭਾਰਤ ਦੇ ਲੋਕਤੰਤਰ ਦੀ ਰਾਖੀ ਲਈ ਹਰ ਕਾਂਗਰਸੀ ਕਾਰਕੁੰਨ ਜੀ ਜਾਨ ਨਾਲ ਲੜੇਗਾ।

## ਅਸ਼ਵਿਨ 500 ਟੈਸਟ ਵਿਕਟਾਂ ਲੈਣ ਵਾਲਿਆਂ ਦੇ ਕਲੱਬ 'ਚ ਸ਼ਾਮਲ



**ਰਾਜਕੋਟ** : ਆਫ ਸਪਿਨਰ ਰਵੀਚੰਦਰਨ ਅਸ਼ਵਿਨ ਟੈਸਟ ਕ੍ਰਿਕਟ 'ਚ 500 ਵਿਕਟਾਂ ਲੈਣ ਵਾਲਾ ਦੂਜਾ ਭਾਰਤੀ ਗੇਂਦਬਾਜ਼ ਬਣ ਗਿਆ ਹੈ। ਅਸ਼ਵਿਨ ਨੇ ਸ਼ੁੱਕਰਵਾਰ ਇੱਥੇ ਇੰਗਲੈਂਡ ਖਿਲਾਫ ਚੱਲ ਰਹੇ ਤੀਜੇ ਟੈਸਟ ਮੈਚ ਦੌਰਾਨ ਇਹ ਉਪਲਬਧੀ ਹਾਸਲ ਕੀਤੀ। ਉਸਨੇ ਦੂਜੇ ਦਿਨ ਜੈਕ ਕ੍ਰਾਲੀ ਦੀ ਵਿਕਟ ਨਾਲ ਆਪਣੀ 500ਵੀਂ ਵਿਕਟ ਪੂਰੀ ਕੀਤੀ। ਅਸ਼ਵਿਨ ਤੋਂ ਪਹਿਲਾਂ ਅਨਿਲ ਕੁੰਬਲੇ ਨੇ 105 ਮੈਚਾਂ ਵਿਚ ਇਹ ਉਪਲਬਧੀ ਹਾਸਲ ਕੀਤੀ ਸੀ। ਅਸ਼ਵਿਨ ਦਾ ਇਹ 98ਵਾਂ ਟੈਸਟ ਹੈ। ਉਹ ਸਭ ਤੋਂ ਘੱਟ ਟੈਸਟਾਂ ਵਿਚ 500 ਵਿਕਟਾਂ ਲੈਣ ਵਾਲੇ ਗੇਂਦਬਾਜ਼ਾਂ ਦੀ ਲਿਸਟ ਵਿਚ ਦੂਜਾ ਹੈ। ਸ੍ਰੀਲੰਕਾ ਦੇ ਮੁੱਥਈਆ ਮੁਰਲੀਧਰਨ ਨੇ 87 ਮੈਚਾਂ ਵਿਚ ਲਈਆਂ ਸਨ। 500 ਟੈਸਟ ਵਿਕਟਾਂ ਲੈਣ ਵਾਲਿਆਂ ਵਿਚ ਅਸ਼ਵਿਨ ਦੁਨੀਆ ਦਾ ਨੌਂਵਾਂ ਕ੍ਰਿਕੇਟਰ ਬਣ ਗਿਆ ਹੈ। ਆਸਟਰੇਲੀਆ ਦੇ ਤਿੰਨ, ਭਾਰਤ ਤੇ ਇੰਗਲੈਂਡ ਦੇ 2-2 ਅਤੇ ਸ੍ਰੀਲੰਕਾ ਤੇ ਵੈਸਟ ਇੰਡੀਜ਼ ਦੇ 1-1 ਗੇਂਦਬਾਜ਼ ਨੇ 500 ਵਿਕਟਾਂ ਲਈਆਂ ਹਨ। ਮੁਰਲੀਧਰਨ ਨੇ 133 ਮੈਚਾਂ ਵਿਚ 800 ਤੇ ਆਸਟਰੇਲੀਆ ਦੇ ਸ਼ੇਨ ਵਾਰਨ ਨੇ 145 ਮੈਚਾਂ ਵਿਚ 708 ਵਿਕਟਾਂ ਲਈਆਂ ਸਨ। ਅਨਿਲ ਕੁੰਬਲੇ ਨੇ 132 ਮੈਚਾਂ ਵਿਚ 619 ਵਿਕਟਾਂ ਲਈਆਂ ਸਨ।

17-FEB-PAGE-1.qxd 2/16/2024 10:18 PM Page 2



## ਐਡਵੋਕੇਟ ਜਨਾਲੀਆ ਵਿੱਤ ਮੰਤਰਾਲੇ ਦੀ ਮੀਟਿੰਗ 'ਚ ਸ਼ਾਮਲ



**ਸੁਨਾਮ ਉਧਮ ਸਿੰਘ ਵਾਲਾ (ਹਾਕਮ ਸਿੰਘ ਭੱਟੀ, ਅਸ਼ੋਕ ਬਾਂਸਲ)**-ਵਿੱਤ ਮੰਤਰਾਲਿਆ ਵੱਲੋਂ ਪਾਰਲੀਮੈਂਟ ਹਾਊਸ ਦੇ ਵਿੱਚ ਇੱਕ ਮੀਟਿੰਗ ਰੱਖੀ ਗਈ। ਇਸ ਮੌਕੇ ਰਾਜ ਮੰਤਰੀ ਸ਼੍ਰੀ ਭਾਗਵਤ ਕਰਾਰ, ਸ਼੍ਰੀ ਪੰਕਜ ਚੌਧਰੀ, ਵਿੱਤ ਸਕੱਤਰ, ਸਕੱਤਰ ਇਕਨੌਮਿਕ ਅਫੇਅਰਸ, ਸੇਬੀ ਦੇ ਵੱਡੇ ਅਧਿਕਾਰੀ, ਮੈਂਬਰ ਐਡਵੋਕੇਟ ਅਕਸ਼ੇ ਜਨਾਲੀਆ ਤੇ ਕਈ ਹੋਰ ਇਸ ਮੀਟਿੰਗ ਦੇ ਵਿੱਚ ਸੀ। ਮੈਂਬਰ ਐਡਵੋਕੇਟ ਅਕਸ਼ੈ ਜਨਾਲੀਆ ਨੇ ਕਿਹਾ ਕਿ ਇਸ ਮੀਟਿੰਗ ਦੇ ਵਿੱਚ ਉਨ੍ਹਾਂ ਵੱਲੋਂ ਵਿੱਤ ਵਿਭਾਗ ਦੇ ਕਈ ਕੰਮਾਂ ਬਾਰੇ ਵਿਚਾਰ ਸਾਂਝੇ ਕੀਤੇ ਗਏ ਤੇ ਉਨ੍ਹਾਂ ਨੇ ਦੱਸਿਆ ਕਿ ਇਸ ਮੌਕੇ ਕਈ ਅਹਿਮ ਫੈਸਲੇ ਲਿੱਤੇ ਗਏ ਤੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ, ਜਿਸ ਨਾਲ ਸਾਡੇ ਮੰਤਰਾਲੇ ਦਾ ਕੰਮ ਹੋਰ ਸੰਚਾਰੂ ਢੰਗ ਨਾਲ ਹੋਰ ਚੱਲ ਸਕੇ ਤੇ ਆਮ ਲੋਕਾਂ ਨੂੰ ਇਸ ਦਾ ਫਾਇਦਾ ਹੋ ਸਕੇ ਅਤੇ ਸਾਰੀਆਂ ਯੋਜਨਾਵਾਂ ਆਮ ਆਦਮੀ ਤੱਕ ਪੁੱਜ ਸਕਣ। ਉਨ੍ਹਾਂ ਨੇ ਦੱਸਿਆ ਕਿ ਰਾਜ ਭਾਸ਼ਾ ਵਿਭਾਗ ਦੇ ਵਿੱਚ ਆਉਣ ਵਾਲੇ ਸਮੇਂ ਵਿੱਚ ਕਈ ਕੰਮ ਕੀਤੇ ਜਾ ਰਹੇ ਹਨ ਤੇ ਇਸ ਮੌਕੇ ਪਿਛਲੇ ਕੀਤੇ ਕੰਮਾਂ ਬਾਰੇ ਵੀ ਚਰਚਾ ਕੀਤੀ ਗਈ।

## ਜੇ ਈ ਈ ਟੈਸਟ 'ਚ ਸਰਕਾਰੀ ਸਕੂਲ ਆਫ ਐਮੀਨੈਂਸ ਦਾ ਸ਼ਾਨਦਾਰ ਪ੍ਰਦਰਸ਼ਨ



**ਜਗਰਾਉਂ (ਅਮਿਤ ਖੰਨਾ)**-ਜਗਰਾਉਂ ਦੇ ਨਾਮਵਰ ਸਰਕਾਰੀ ਸਕੂਲ ਆਫ ਅਮੀਨੈਂਸ ਦੇ ਪਰਮਵੀਰ ਸਿੰਘ ਤੇ ਤਰੁਣਦੀਪ ਸਿੰਘ ਨੇ ਜੇ.ਈ.ਈ. ਟੈਸਟ 'ਚ ਕ੍ਰਮਵਾਰ 90.12 ਤੇ 80.39 ਪ੍ਰਤੀਸ਼ਤ ਮੈਰਿਟ ਅੰਕ ਲੈ ਕੇ ਸਕੂਲ ਤੇ ਸ਼ਹਿਰ ਦਾ ਨਾਂਅ ਰੋਸ਼ਨ ਕੀਤਾ। ਪ੍ਰਿੰਸੀਪਲ ਡਾ. ਗੁਰਵਿੰਦਰਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਉਪਰੋਕਤ ਦੋਵੇਂ ਵਿਦਿਆਰਥੀ ਆਲਰਾਊਂਡਰ ਹਨ। ਗਿਆਰਵੀਂ ਤੋਂ ਬਾਰਵੀਂ ਜਮਾਤ 'ਚ ਦੋਨੋਂ ਵਿਦਿਆਰਥੀ ਵਿਸ਼ੇ ਪ੍ਰਤੀ ਅਧਿਆਪਕਾਂ ਤੋਂ ਕਾਫੀ ਪ੍ਰਸ਼ਨ ਪੁੱਛਦੇ ਸਨ। ਦਸਵੀਂ ਜਮਾਤ 'ਚ ਵੀ ਇਨ੍ਹਾਂ ਨੇ 95 ਪ੍ਰਤੀਸ਼ਤ ਤੱਕ ਅੰਕ ਪ੍ਰਾਪਤ ਕੀਤੇ ਸੀ। ਪਰਮਵੀਰ ਸਿੰਘ ਤਾਂ ਖੇਡਾਂ 'ਚ ਵੀ ਅੱਵਲ ਸੀ। ਸਕੂਲ ਦੇ ਇਹ ਦੋਵੇਂ ਵਿਦਿਆਰਥੀ ਸਾਈਂਟਿਫ਼ਿਕ ਸਟਾਰ ਹਨ। ਸਕੂਲ ਨੂੰ ਇਨ੍ਹਾਂ 'ਤੇ ਬਹੁਤ ਉਮੀਦਾਂ ਹਨ। ਪ੍ਰਿੰਸੀਪਲ ਡਾ. ਗੁਰਵਿੰਦ ਰਜੀਤ ਸਿੰਘ ਨੇ ਸਟਾਫ ਦੀ ਮਿਹਨਤ ਦੀ ਵੀ ਪ੍ਰਸ਼ੰਸਾ ਕੀਤੀ। ਇਸ ਮੌਕੇ ਡਾ. ਹਰਸਿਮਰਤ ਕੌਰ, ਨਿਰਮਲ ਕੌਰ, ਫਗਪਾਲ ਕੌਰ, ਰਾਮ ਕੁਮਾਰ, ਮਹਿੰਦਰਪਾਲ ਸਿੰਘ, ਲਖਵੀਰ ਸਿੰਘ, ਯਸ਼ੂ ਬਾਲਾ 'ਤੇ ਸਟਾਫ ਹਾਜ਼ਰ ਸੀ।

## ਸਪੀਕਰ ਸੰਧਵਾਂ ਨੇ ਕਿਸਾਨ ਅੰਦੋਲਨ ਦੌਰਾਨ ਜ਼ਖ਼ਮੀਆਂ ਦਾ ਹਾਲ-ਚਾਲ ਪੁੱਛਿਆ



**ਕੋਟਕਪੂਰਾ (ਰਛਪਾਲ ਢੁੱਲਰ)**-ਸਪੀਕਰ ਕੁਲਤਾਰ ਸੰਧਵਾਂ ਨੇ ਕਿਸਾਨ ਅੰਦੋਲਨ ਦੌਰਾਨ ਜ਼ਖ਼ਮੀਆਂ ਦਾ ਹਾਲ-ਚਾਲ ਪੁੱਛਿਆ। ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਆਪਣੇ ਹੱਕ ਮੰਗਦੇ ਕਿਸਾਨਾਂ ਉੱਤੇ ਜਵਾਨਾਂ ਰਾਹੀਂ ਜ਼ੁਲਮ ਕਰਵਾ ਕੇ ਕਿਸਾਨ ਅਤੇ ਜਵਾਨ ਦੇ ਰਿਸ਼ਤੇ ਵਿੱਚ ਕੜਵਾਹਟ ਭਰੀ ਜਾ ਰਹੀ ਹੈ। ਦਿੱਲੀ ਨੂੰ ਜਾ ਰਹੇ ਕਿਸਾਨਾਂ ਉੱਤੇ ਪੁਲਸ ਵੱਲੋਂ ਕੀਤੇ ਗਏ ਜ਼ੁਲਮ ਨਾਲ ਬਹੁਤ ਸਾਰੇ ਕਿਸਾਨ ਜ਼ਖ਼ਮੀ ਹੋ ਗਏ। ਜ਼ਖ਼ਮੀ ਕਿਸਾਨਾਂ ਭਰਾਵਾਂ ਦਾ ਹਾਲ ਚਾਲ ਜਾਣਿਆ, ਪੰਜਾਬ ਸਰਕਾਰ ਕਿਸਾਨਾਂ ਦੇ ਨਾਲ ਹੈ, ਮੁੱਖ ਮੰਤਰੀ ਸਾਹਿਬ ਕਿਸਾਨਾਂ ਅਤੇ ਕੇਂਦਰ ਵਿਚਕਾਰ ਗੱਲਬਾਤ ਲਈ ਸਾਲਸ ਦੀ ਭੂਮਿਕਾ ਨਿਭਾਅ ਰਹੇ ਹਨ। ਜ਼ਖ਼ਮੀ ਕਿਸਾਨਾਂ ਦੇ ਹਰ ਸੰਭਵ ਇਲਾਜ ਲਈ ਪ੍ਰਸ਼ਾਸਨ ਨੂੰ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਹਰਿਆਣਾ ਸਰਕਾਰ ਵੱਲੋਂ ਨਿਹੱਥੇ ਕਿਸਾਨਾਂ 'ਤੇ ਕੀਤੇ ਜ਼ੁਲਮ ਦੀ ਹਰ ਪਾਸਿਓਂ ਨਿੰਦਾ ਹੋ ਰਹੀ ਹੈ ਤੇ ਹਰ ਜਥੇਬੰਦੀਆਂ ਵੱਲੋਂ ਆਪ ਮੁਹਾਰੇ ਸਮਰਥਨ ਵੀ ਦਿੱਤਾ ਜਾ ਰਿਹਾ ਹੈ ਜਿਸ ਨਾਲ ਇਸ ਸੰਘਰਸ਼ ਨੂੰ ਹੋਰ ਵੀ ਤਿੱਖਾ ਹੋਣ ਦੀ ਆਸ ਹੈ।

## ਤਹਿਸੀਲਦਾਰ ਜਿਨਸੂ ਬਾਂਸਲ ਦਾ ਸਨਮਾਨ



**ਅਮਲੋਹ (ਲਖਵੀਰ ਸਿੰਘ, ਹਰਚਰਨ ਉੱਪਲ)**-ਨਜ਼ਦੀਕੀ ਪਿੰਡ ਨਰਾਇਣਗੜ੍ਹ ਵਿਖੇ ਸਰਕਾਰ ਆਪਦੇ ਦੁਆਰ ਤਹਿਤ ਲਗਾਏ ਗਏ ਕੈਂਪ ਮੌਕੇ ਨਵ-ਨਿਯੁਕਤ ਤਹਿਸੀਲਦਾਰ ਜਿਨਸੂ ਬਾਂਸਲ ਦਾ ਸਮਾਜ ਸੇਵਕ ਨਰਿੰਦਰ ਸਿੰਘ ਵੱਲੋਂ ਸਨਮਾਨ ਕੀਤਾ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਤਹਿਸੀਲਦਾਰ ਬਾਂਸਲ ਨੇ ਕਿਹਾ ਕਿ ਪਿੰਡਾਂ ਵਿੱਚ ਜਾ ਕੇ ਸਰਕਾਰ ਤੁਹਾਡੇ ਦੁਆਰ ਤਹਿਤ ਕੈਂਪ ਲਗਾਏ ਜਾ ਰਹੇ ਹਨ, ਜਿਹਨਾਂ ਦਾ ਲੋਕਾਂ ਨੂੰ ਵੱਧ ਤੋਂ ਵੱਧ ਲਾਭ ਲੈਣਾ ਚਾਹੀਦਾ ਹੈ ਅਤੇ ਇਹ ਕੈਂਪ ਲੋਕਾਂ ਲਈ ਲਾਹੇਵੰਦ ਸਾਬਤ ਹੋ ਰਹੇ ਹਨ ਉਥੇ ਹੀ ਆਉਣ ਵਾਲੇ ਦਿਨਾਂ ਵਿੱਚ ਵੀ ਇਹ ਕੈਂਪ ਲਗਾਏ ਜਾਣਗੇ। ਇਸ ਮੌਕੇ ਗੁਰਦਰਸ਼ਨ ਸਿੰਘ ਕਾਨੂੰਗੋ ਆਦਿ ਮੌਜੂਦ ਸਨ।

## ਗੁਰਪੁਰਬ ਸੰਬੰਧੀ ਪ੍ਰਭਾਤ ਫੇਰੀਆਂ ਸ਼ੁਰੂ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 647ਵੇਂ ਗੁਰਪੁਰਬ ਨੂੰ ਮੁੱਖ ਰੱਖਦੇ ਹੋਏ ਪ੍ਰਭਾਤ ਫੇਰੀਆਂ ਦਾ ਪ੍ਰਵਾਹ ਸ਼ੁਰੂ ਹੋ ਗਿਆ ਹੈ। ਪਰਮਿੰਦਰ ਸਿੰਘ ਨੋਨਾ ਨੇ ਦੱਸਿਆ ਕਿ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਜੀ, ਨੇੜੇ ਪੁਰਾਣੀ ਸਬਜ਼ੀ ਮੰਡੀ ਤੋਂ ਇਹ ਪ੍ਰਵਾਹ 14 ਫਰਵਰੀ ਤੋਂ ਲੈ ਕੇ 24 ਫਰਵਰੀ ਤੱਕ ਜਾਰੀ ਰਹੇਗਾ ਅਤੇ 24 ਫਰਵਰੀ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਇੱਕ ਨਗਰ ਕੀਰਤਨ ਸਜਾਇਆ ਜਾਵੇਗਾ।

## ਛੀਨੀਵਾਲ ਕਲਾਂ ਦੇ ਵਿਦਿਆਰਥੀਆਂ ਨੇ ਖੇਡਾਂ 'ਚ ਮਾਰੀਆਂ ਮੱਲਾਂ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਸਟੇਟ ਪੱਧਰੀ ਹਾਕੀ ਮੁਕਾਬਲਿਆਂ 'ਚ ਮੱਲਾਂ ਮਾਰਨ ਵਾਲੇ ਸਰਕਾਰੀ ਪ੍ਰਾਇਮਰੀ ਸਕੂਲ ਛੀਨੀਵਾਲ ਕਲਾਂ ਦੇ ਜੇਤੂ ਖਿਡਾਰੀਆਂ ਦਾ ਸਨਮਾਨ ਮੈਡਲ ਅਤੇ ਪ੍ਰਮਾਣ ਪੱਤਰ ਦੇ ਕੇ ਸਕੂਲ ਕਮੇਟੀ ਅਤੇ ਸਮੂਹ ਸਟਾਫ਼ ਵੱਲੋਂ ਕੀਤਾ ਗਿਆ। ਮੁੱਖ ਅਧਿਆਪਕ ਲਖਵੀਰ ਸਿੰਘ ਨੇ ਦੱਸਿਆ ਕਿ ਪਿਛਲੇ ਦਿਨੀਂ ਸਟੇਟ ਪੱਧਰੀ ਹਾਕੀ ਖੇਡਾਂ ਲੁਧਿਆਣਾ ਵਿਖੇ ਹੋਈਆਂ ਸਨ, ਇਨ੍ਹਾਂ ਖੇਡਾਂ 'ਚ ਛੀਨੀਵਾਲ ਕਲਾਂ ਸਕੂਲ ਦੀ ਟੀਮ ਦਾ ਪ੍ਰਦਰਸ਼ਨ ਬਿਹਤਰੀਨ ਰਿਹਾ, ਜਿਸ ਦੇ ਸਦਕਾ ਟੀਮ ਨੇ ਪ੍ਰਥਮ ਸਥਾਨ ਹਾਸਲ ਕੀਤਾ। ਪ੍ਰਬੰਧਕ ਕਮੇਟੀ ਦੇ ਚੇਅਰਮੈਨ ਭੋਲਾ ਸਿੰਘ ਨੇ ਦੱਸਿਆ ਕਿ ਪਿੰਡ ਦੇ ਗਰਾਊਂਡ ਵਿੱਚ ਵਿਦਿਆਰਥੀ ਹਰ ਰੋਜ਼ ਹਾਕੀ ਦਾ ਅਭਿਆਸ ਕਰਦੇ ਹਨ, ਜਿਨ੍ਹਾਂ ਦੀ ਸਿਖਲਾਈ ਵਾਸਤੇ ਹਰ ਤਰ੍ਹਾਂ ਦੀ ਸਹੂਲਤ ਦਾ ਖ਼ਾਸ ਪ੍ਰਬੰਧ ਕੀਤਾ ਗਿਆ ਹੈ। ਇਸ ਸਮੇਂ ਸ਼ਮਸੇਰ ਸਿੰਘ ਪੰਚ, ਸੇਵਾ ਮੁਕਤ ਐੱਸ.ਡੀ.ਓ. ਲਖਵੀਰ ਸਿੰਘ, ਸੇਵਾ ਮੁਕਤ ਮੁੱਖ ਅਧਿਆਪਕ ਭੋਲਾ ਸਿੰਘ ਨੇ ਵੀ ਜੇਤੂ ਖਿਡਾਰੀਆਂ ਨੂੰ ਆਸ਼ੀਰਵਾਦ ਦਿੱਤਾ। ਇਸ ਸਮੇਂ ਜਗਰਾਜ ਸਿੰਘ ਭੱਠਲ, ਗੁਰਪਾਲ ਸਿੰਘ, ਕੁਲਵਿੰਦਰ ਕੌਰ, ਅਮਨਦੀਪ ਕੌਰ, ਸਰਬਜੀਤ ਕੌਰ ਅਤੇ ਸਮੂਹ ਸਕੂਲ/ਆਂਗਣਵਾੜੀ ਸਟਾਫ਼ ਮੈਂਬਰ ਹਾਜ਼ਰ ਸਨ।

## ਖੇਤੀ ਹਾਦਸੇ 'ਚ ਪੀੜਤ ਪਰਵਾਰਾਂ ਨੂੰ ਵੰਡੇ ਸਹਾਇਤਾ ਰਾਸ਼ੀ ਦੇ ਚੈੱਕ



**ਬਰੇਟਾ (ਰੀਤਵਾਲ)**-ਮੰਡੀਕਰਨ ਬੋਰਡ ਵੱਲੋਂ ਖੇਤੀਬਾੜੀ ਹਾਦਸਾ ਪੀੜਤ ਪਰਵਾਰਾਂ ਨੂੰ ਸਹਾਇਤਾ ਰਾਸ਼ੀ ਦੇ ਚੈੱਕ ਮਾਰਕੀਟ ਦੇ ਦਫਤਰ ਵਿੱਚ ਦਿੱਤੇ ਗਏ। ਚੇਅਰਮੈਨ ਚਮਕੌਰ ਸਿੰਘ ਨੇ ਦੱਸਿਆ ਕਿ ਸ਼ਿਮਲੋ ਰਾਣੀ ਪਤਨੀ ਅਮਰੀਕ ਧਰਮਪੁਰਾ ਨੂੰ 2 ਲੱਖ ਰੁਪਏ, ਭੋਲਾ ਖਾਂ ਪੁੱਤਰ ਗੁਰਨਾਮ ਕਿਸ਼ਨਗੜ੍ਹ 10 ਹਜ਼ਾਰ ਰੁਪਏ, ਸੁਖਚੈਨ ਸਿੰਘ ਪੁੱਤਰ ਪਿਆਰਾ ਸਿੰਘ ਜਲਵੇੜਾ 10 ਹਜ਼ਾਰ ਰੁਪਏ ਅਤੇ ਬਿੱਟੂ ਸਿੰਘ ਪੁੱਤਰ ਤਰਸੇਮ ਸਿੰਘ ਕਾਹਨਗੜ੍ਹ 40 ਹਜ਼ਾਰ ਪਏ ਵਿੱਤੀ ਸਹਾਇਤਾ ਰਾਸ਼ੀ ਦੇ ਚੈੱਕ ਦਿੱਤੇ ਗਏ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕਿਰਸਾਨੀ ਦੀ ਮਜਬੂਤੀ ਲਈ ਲੰਮੇ ਸਮੇਂ ਤੋਂ ਕੰਮ ਕਰਦੀ ਆ ਰਹੀ ਹੈ। ਇਸ ਮੌਕੇ ਗੁਰਦੀਪ ਸਿੰਘ ਬਖਸ਼ੀਵਾਲਾ, ਕੁਲਦੀਪ ਸਿੰਘ, ਮਾਰਕੀਟ ਕਮੇਟੀ ਦੇ ਸਕੱਤਰ ਜੈ ਸਿੰਘ, ਗੁਰਪ੍ਰੀਤ ਸਿੰਘ ਅਤੇ ਹੋਰ ਸਟਾਫ਼ ਹਾਜ਼ਰ ਸੀ।

## ਏਜੰਟ ਖ਼ਿਲਾਫ਼ ਘਰ ਬੁਲਾ ਕੇ ਡਰਾਉਣ ਧਮਕਾਉਣ 'ਤੇ ਮਾਮਲਾ ਦਰਜ

**ਗੁਰਦਾਸਪੁਰ (ਜਨਕ ਮਹਾਜਨ)**-ਥਾਣਾ ਭੈਣੀ ਮੀਆਂ ਖਾਂ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਮਨਦੀਪ ਸਿੰਘ ਪੁੱਤਰ ਨਿਰਮਲ ਸਿੰਘ ਵਾਸੀ ਸਹੌਲੀ ਥਾਣਾ ਜੋਧਾ ਜ਼ਿਲ੍ਹਾ ਲੁਧਿਆਣਾ ਦਿਹਾਤੀ ਨੇ ਦੱਸਿਆ ਕਿ ਮਨੀ ਪਾਲ, ਸੰਨੀ ਪਾਲ ਪੁੱਤਰਾਂਨ ਦਲਵਿੰਦਰ ਪਾਲ ਵਾਸੀਆਂਨ ਕਠਾਣਾ, ਅਜੇ ਪਾਲ, ਰਾਹੁਲ ਪੁੱਤਰਾਨ ਬਲਵਿੰਦਰ ਪਾਲ ਵਾਸੀਆਨ ਕਠਾਣਾ ਜੋ ਵਰਡ ਉਵਰਸੀਜ ਗੜਾ ਰੋਡ ਜਲੰਧਰ ਵਿਖੇ ਵਿਦੇਸ ਭੇਜਣ ਲਈ ਏਜੰਟ ਦਾ ਕੰਮ ਕਰਦੇ ਹਨ। ਵਿਦੇਸ਼ ਜਾਣ ਲਈ ਕਥਿਤ ਦੋਸ਼ੀਆਂ ਨੂੰ ਮੈਂ 32 ਹਜ਼ਾਰ ਰੁਪਏ ਦਿੱਤੇ ਸਨ ਅਤੇ ਕਈ ਵਾਰ ਏਜੰਟ ਦੇ ਦਫਤਰ ਗਿਆ ਸੀ ਜਿਥੇ ਹੋਰ ਵੀ ਵਿਅਕਤੀ ਆਪਣੇ ਪੈਸੇ ਲੈਣ ਲਈ ਆਏ ਹੋਏ ਸਨ, ਜਿਨ੍ਹਾਂ ਨਾਲ ਮੇਰਾ ਮਿਲਾਪ ਹੋ ਗਿਆ। 14 ਫਰਵਰੀ ਨੂੰ ਮਨੀ ਪਾਲ, ਸੰਨੀ ਪਾਲ ਪੁੱਤਰਾਨ ਦਲਵਿੰਦਰ ਪਾਲ ਵਾਸੀਆਨ ਕਠਾਣਾ, ਅਜੇ ਪਾਲ, ਰਾਹੁਲ ਪੁੱਤਰਾਨ ਬਲਵਿੰਦਰ ਪਾਲ ਵਾਸੀਆਨ ਕਠਾਣਾ ਨੇ ਫੋਨ ਕਰਕੇ ਮੈਨੂੰ ਅਤੇ ਉਸ ਦੇ ਸਾਥੀਆਂ ਨੂੰ ਕਿਹਾ ਕਿ 15 ਫਰਵਰੀ ਨੂੰ ਸਾਡੇ ਘਰ ਆ ਕੇ ਆਪਣੇ ਪੈਸੇ ਲੈ ਜਾਓ, ਜਿਸ 'ਤੇ ਮੈਂ ਅਤੇ ਮੇਰੇ ਸਾਥੀ ਏਜੰਟ ਦੇ ਘਰ ਪਿੰਡ ਕਠਾਣਾ ਵਿਖੇ ਪੁੱਜੇ ਤਾਂ ਉਕਤ ਵਿਅਕਤੀਆਂ ਨੇ ਉਨਾਂ ਨੂੰ ਆਪਣੇ ਘਰ ਅੰਦਰ ਬਿਠਾ ਲਿਆ ਅਤੇ ਡਰਾਉਣਾ ਧਮਕਾਉਣਾ ਤੇ ਮਾਰਨਾ-ਕੁੱਟਣਾ ਸ਼ੁਰੂ ਕਰ ਦਿੱਤਾ। ਕਥਿਤ ਦੋਸ਼ੀ ਮਨੀਪਾਲ ਨੇ ਆਪਣੀ ਪਿਸਤੌਲ ਕੱਢ ਕੇ ਹਵਾਈ ਫਾਇਰ ਕਰਨੇ ਸ਼ੁਰੂ ਕਰ ਦਿੱਤੇ। ਸਾਡੇ ਵਲੋਂ ਰੌਲਾ ਪਾਉਣ 'ਤੇ ਕਥਿਤ ਦੋਸ਼ੀ ਮੌਕੇ ਤੋਂ ਚਲੇ ਗਏ। ਥਾਣਾ ਭੈਣੀ ਮੀਆਂ ਖਾਂ ਪੁਲਸ ਨੇ ਕਥਿਤ ਦੋਸ਼ੀਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਬੱਬਰੀ ਬਾਈਪਾਸ 'ਤੇ ਜਨਤਕ ਜਥੇਬੰਦੀਆਂ ਵੱਲੋਂ ਨੈਸ਼ਨਲ ਹਾਈਵੇ ਜਾਮ

**ਗੁਰਦਾਸਪੁਰ (ਜਨਕ ਮਹਾਜਨ/ਦਿਨੇਸ਼ ਕੁਮਾਰ)**

ਕੇਂਦਰੀ ਟਰੇਡ ਯੂਨੀਅਨਾਂ ਅਤੇ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਅੱਜ ਗੁਰਦਾਸਪੁਰ ਦੀਆਂ ਸਮੂਹ ਜਥੇਬੰਦੀਆਂ ਵੱਲੋਂ ਕਸਬਿਆਂ, ਸ਼ਹਿਰਾਂ ਦੀਆਂ ਦੁਕਾਨਾਂ, ਰੇੜ੍ਹੀਆਂ, ਬਿਜਲੀ ਬੋਰਡ, ਜਨਤਕ ਅਦਾਰੇ,



ਗੁਰਦਾਸਪੁਰ

ਟਰਾਂਸਪੋਰਟ, ਆੜ੍ਹਤੀਆਂ ਨੇ ਮੰਡੀਆਂ ਬੰਦ ਕਰ ਕੇ ਭਾਰਤ ਬੰਦ ਨੂੰ ਸਫਲ ਬਣਾਉਣ ਲਈ ਬੱਬਰੀ ਬਾਈ ਪਾਸ 'ਤੇ ਨੈਸ਼ਨਲ ਹਾਈਵੇ ਜਾਮ ਕੀਤਾ। ਇਸ ਮੌਕੇ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਸਤਿਬੀਰ ਸਿੰਘ ਸੁਲਤਾਨੀ, ਸੁਖਦੇਵ ਸਿੰਘ ਭਾਗੋਕਾਵਾਂ, ਜਸਬੀਰ ਸਿੰਘ ਕੱਤੋਵਾਲ, ਹਰਦੇਵ ਸਿੰਘ ਮਾਲੀ ਸਰਾਵਾਂ, ਮੱਖਣ ਸਿੰਘ ਤਿਬੜ, ਹਰਿੰਦਰ ਸਿੰਘ ਰਾਮ ਨਗਰ ਮੇਜਰ ਸਿੰਘ ਰੋੜਾਂਵਾਲੀ, ਦਲਬੀਰ ਸਿੰਘ ਦੀਨਾਨਗਰ, ਗੁਰਮੁਖ ਸਿੰਘ, ਗੁਰਵਿੰਦਰ ਸਿੰਘ ਜਿਉਣ ਚੱਕ, ਸੁਖਵਿੰਦਰ ਸਿੰਘ ਗੋਸਲ, ਰੂਪ ਸਿੰਘ ਪੱਡਾ, ਜਰਨੈਲ ਸਿੰਘ ਸਠਿਆਲੀ, ਸੁਖਦੇਵ ਰਾਜ ਬਹਿਰਾਮਪੁਰ, ਵਿਜੇ ਸੋਹਲ, ਧਿਆਨ ਸਿੰਘ ਠਾਕੁਰ, ਸੰਜੀਵ ਸਿੰਘ ਮਿੰਟੂ, ਬਲਵੀਰ ਸਿੰਘ ਬੈਂਸ ਦੀ ਪ੍ਰਧਾਨਗੀ ਹੇਠ ਗੁਰਦਾਸਪੁਰ ਦੇ ਕਿਸਾਨਾਂ, ਮਜ਼ਦੂਰਾਂ, ਔਰਤਾਂ, ਵਿਦਿਆਰਥੀਆਂ, ਨੌਜਵਾਨਾਂ ਨੇ ਜਾਮ ਵਿਚ ਸ਼ਮੂਲੀਅਤ ਕੀਤੀ।

**ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲ੍ਹੀ)** : ਕਿਸਾਨ ਮਾਰੂ ਨੀਤੀਆ ਖਿਲਾਫ਼ ਮੋਦੀ ਸਰਕਾਰ ਨੂੰ ਹਲੂਣਾ ਦੇਣ ਲਈ ਕਿਸਾਨ ਜਥੇਬੰਦੀਆਂ ਵੱਲੋਂ 16 ਫਰਵਰੀ ਨੂੰ ਭਾਰਤ ਬੰਦ ਦੀ ਕਾਲ ਨੂੰ ਹਲਕਾ ਖਡੂਰ ਸਾਹਿਬ ਵਿੱਚ ਭਰਵਾਂ ਹੁੰਗਾਰਾ ਮਿਲਿਆ। ਇਸ ਦੌਰਾਨ ਹਲਕਾ ਖਡੂਰ ਸਾਹਿਬ ਦੇ ਵੱਡੇ ਕਸਬੇ ਖਡੂਰ ਸਾਹਿਬ, ਗੋਇੰਦਵਾਲ ਸਾਹਿਬ, ਫਤਿਆਬਾਦ ਅਤੇ ਚੋਹਲਾ ਸਾਹਿਬ ਮੁਕੰਮਲ ਤੌਰ 'ਤੇ ਬੰਦ ਰਹੇ। ਇਸ ਮੌਕੇ ਕਿਸਾਨ ਸੰਘਰਸ਼ ਕਮੇਟੀ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਅਤੇ ਹੋਰ ਵੱਖ-ਵੱਖ ਜਥੇਬੰਦੀਆਂ ਵੱਲੋਂ ਭਾਰੀ ਇਕੱਠ ਕਰਕੇ ਗੋਇੰਦਵਾਲ ਸਾਹਿਬ ਦਾ ਕਪੂਰਥਲਾ ਚੌਂਕ ਜਾਮ ਕਰਦੇ ਹੋਏ ਮੋਦੀ ਸਰਕਾਰ ਖਿਲਾਫ਼ ਜਮ ਕੇ ਨਾਅਰੇਬਾਜ਼ੀ ਕੀਤੀ।

**ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਕੇਂਦਰ ਸਰਕਾਰ ਦੀ ਕਿਸਾਨੀ ਮੰਗਾਂ ਨੂੰ ਲੈ ਕੇ ਕੀਤੀ ਜਾ ਰਹੀ ਵਾਅਦਾ ਖਿਲਾਫੀ ਦੇ ਖਿਲਾਫ ਸੰਯੁਕਤ ਕਿਸਾਨ ਦੀ ਭਾਰਤ ਬੰਦ ਦੀ ਕਾਲ 'ਤੇ ਜਮਹੂਰੀ ਕਿਸਾਨ ਸਭਾ ਦੇ ਆਗੂ ਜਗੀਰ ਸਿੰਘ ਗੰਡੀਵਿੰਡ, ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਕੁਲਦੀਪ ਸਿੰਘ, ਖੇਤ ਮਜ਼ਦੂਰ ਜਥੇਬੰਦੀਆਂ ਦੇ ਆਗੂ ਰਾਣਾ ਮਸੀਹ, ਕੌਮੀ ਕਿਸਾਨ ਯੂਨੀਅਨ ਦੇ ਆਗੂ ਕੁਲਦੀਪ ਸਿੰਘ, ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੇ ਆਗੂ ਜਰਨੈਲ ਸਿੰਘ, ਭਾਰਤੀ ਕਿਸਾਨ ਯੂਨੀਅਨ ਪੰਜਾਬ ਦੇ ਆਗੂ, ਸੁੱਖਾ ਸਿੰਘ, ਪੰਜਾਬ ਨਿਰਮਾਣ ਯੂਨੀਅਨ ਦੇ ਆਗੂ ਧਰਮ ਸਿੰਘ ਪੱਟੀ, ਦਿਹਾਤੀ ਮਜ਼ਦੂਰ ਸਭਾ ਦੇ ਆਗੂ ਦਿਆਲ ਸਿੰਘ ਲੌਹਕਾ ਦੀ ਅਗਵਾਈ ਵਿੱਚ ਮਿਥੇ ਸਮੇਂ ਅਨੁਸਾਰ ਲੋਕਾਂ ਦੇ ਭਾਰੀ ਇਕੱਠ ਨੇ ਸੰਯੁਕਤ ਕਿਸਾਨ ਮੋਰਚੇ ਦੀ ਤਰਜ਼ 'ਤੇ ਚੂਸਲੇਵੜ ਮੋੜ ਚੌਕ ਜਾਮ ਕਰ ਦਿੱਤਾ।



ਗੋਇੰਦਵਾਲ ਸਾਹਿਬ

**ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਸੰਯੁਕਤ ਕਿਸਾਨ ਮੋਰਚੇ ਵੱਲੋਂ ਭਾਰਤ ਬੰਦ ਦੀ ਕਾਲ ਤੇ ਮੈਡੀਕਲ ਪਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਪੱਟੀ ਅਤੇ ਬਲਾਕ ਵਲਟੋਹਾ ਵੱਲੋ ਸੰਯੁਕਤ ਕਿਸਾਨ ਮੋਰਚੇ ਵੱਲੋਂ ਭਾਰਤ ਬੰਦ ਦਾ ਸਮਰਥਨ ਕਰਦੇ ਹੋਏ ਪੱਟੀ ਮੋੜ ਵਿਖੇ ਲਗਾਏ ਰੋਸ ਧਰਨੇ ਵਿੱਚ ਸ਼ਮੂਲੀਅਤ ਕੀਤੀ। ਗਈ ਇਸ ਮੌਕੇ ਜ਼ਿਲਾ ਪ੍ਰਧਾਨ ਨਛੱਤਰ ਸਿੰਘ ਚੀਮਾ ਨੇ ਮੰਚ ਤੋਂ ਬੋਲਦਿਆਂ ਹਰਿਆਣਾ ਸਰਕਾਰ ਵੱਲੋਂ ਕਿਸਾਨਾਂ 'ਤੇ ਕੀਤੇ ਜਾ ਰਹੇ ਤਸ਼ੱਦਦ ਦੀ ਜ਼ੋਰਦਾਰ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ ਅਤੇ ਕੇਂਦਰ ਸਰਕਾਰ ਨੂੰ ਕਿਸਾਨਾਂ ਦੀਆਂ ਹੱਕੀ ਮੰਗਾਂ ਮੰਨਣ ਦੀ ਅਪੀਲ ਕੀਤੀ। ਇਸ ਮੌਕੇ ਬਲਾਕ ਪੱਟੀ ਦੇ ਪ੍ਰਧਾਨ ਜੈਮਲ ਸਿੰਘ, ਸੀਨੀਅਰ ਮੀਤ ਪ੍ਰਧਾਨ ਸ਼ਮਸ਼ੇਰ ਸਿੰਘ ਬਾਜਵਾ, ਗੁਰਜੀਤ ਸਿੰਘ ਦੁੱਬਲੀ, ਰਾਜਬੀਰ ਸਿੰਘ ਭੱਗੂਪੁਰ, ਯਾਦਵਿੰਦਰ ਸਿੰਘ, ਦਵਿੰਦਰ ਸਿੰਘ, ਦਲਜੀਤ ਸਿੰਘ ਵਲਟੋਹਾ, ਸੰਦੀਪ ਕੁਮਾਰ, ਮਨਜੀਤ ਸਿੰਘ ਬੋਪਾਰਾਏ ਆਦਿ ਜਥੇਬੰਦੀ ਦੇ ਸਮੂਹ ਸਾਥੀ ਹਾਜ਼ਰ ਸਨ।



ਪੱਟੀ

## ...ਸਫ਼ਾ 1 ਦੇ ਬਾਕੀ

### ਪੇਂਡੂ ਭਾਰਤ ਬੰਦ...



ਬੁਢਲਾਡਾ

ਭਾਈਕੇ, ਆਲ ਇੰਡੀਆ ਕਿਸਾਨ ਸਭਾ ਦੇ ਐਡਵੋਕੇਟ ਸਵਰਨਜੀਤ ਸਿੰਘ ਦਲਿਓ, ਭਾਰਤੀ ਕਿਸਾਨ ਯੂਨੀਅਨ (ਡਕੌਂਦਾ) ਬੁਰਜ ਗਿੱਲ ਗਰੁੱਪ ਦੇ ਆਗੂ ਲਛਮਣ ਸਿੰਘ ਚੱਕ ਅਲੀਸ਼ੇਰ, ਧਨੇਰ ਗਰੁੱਪ ਦੇ ਆਗੂ ਸਤਪਾਲ ਸਿੰਘ ਬਰੇ, ਕੁੱਲ ਹਿੰਦ ਕਿਸਾਨ ਸਭਾ (ਅਜੈ ਭਵਨ) ਦੇ ਆਗੂ ਭੁਪਿੰਦਰ ਸਿੰਘ ਗੁਰਨੇ ਕਲਾਂ, ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਦੇ ਆਗੂ ਦਿਲਬਾਗ ਸਿੰਘ ਗੱਗੀ, ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਆਗੂ ਗੁਲਾਬ ਸਿੰਘ ਤਾਲਿਬਵਾਲਾ, ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਰਾਜਿੰਦਰ ਸਿੰਘ ਕੋਹਲੀ, ਆਂਗਣਵਾੜੀ ਮੁਲਾਜ਼ਮ ਯੂਨੀਅਨ (ਸੀਟੂ) ਦੀ ਆਗੂ ਤੇਜਿੰਦਰ ਕੌਰ ਵਾਲੀਆ, ਮਨਜੀਤ ਕੌਰ ਬੀਰੋਕੇ, ਏਟਕ ਆਗੂ ਚਿਮਨ ਲਾਲ ਕਾਕਾ ਆਦਿ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਕਾਰਪੋਰੇਟ ਅਤੇ ਅਮੀਰ ਘਰਾਣਿਆਂ ਦੀ ਕਠਪੁਤਲੀ ਬਣ ਕੇ ਦੇਸ਼ ਦੇ ਕਿਰਤੀ-ਕਿਸਾਨਾਂ ਦਾ ਕਚੂੰਬਰ ਕੱਢ ਰਹੀ ਹੈ ਅਤੇ ਦੇਸ਼ ਦੇ ਕਿਸਾਨਾਂ ਦੀਆਂ ਉਪਜਾਊ ਜ਼ਮੀਨਾਂ ਨੂੰ ਖੋਹਣ ਲਈ ਤਰਲੋਮੱਛੀ ਹੋ ਰਹੀ ਹੈ। ਖਾਧ-ਖੁਰਾਕ ਉੱਤੇ ਕਾਰਪੋਰੇਟ ਕਾਬਜ਼ ਹੋਣਾ ਚਾਹੁੰਦੇ ਹਨ। ਆਗੂਆਂ ਨੇ ਦਿੱਲੀ ਵੱਲ ਸ਼ਾਂਤਮਈ ਜਾ ਰਹੇ ਕਿਸਾਨਾਂ 'ਤੇ ਜਬਰ ਢਾਹੁਣ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ।

ਇਕੱਠ ਨੂੰ ਹੋਰਨਾਂ ਤੋਂ ਇਲਾਵਾ ਇਨਕਲਾਬੀ ਜਮਹੂਰੀ ਮੋਰਚਾ ਪੰਜਾਬ ਦੇ ਆਗੂ ਮਾਸਟਰ ਦਰਸ਼ਨ ਸਿੰਘ ਟਾਹਲੀਆਂ, ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੇ ਡਾਕਟਰ ਗੁਰਤੇਜ ਸਿੰਘ ਬਰੇ, ਸੀਜ਼ਨ ਕੁਮਾਰ ਗੁਰਨੇ ਕਲਾਂ, ਪੱਲੇਦਾਰ ਯੂਨੀਅਨ ਦੇ ਪ੍ਰਧਾਨ ਦੀਪਾ ਪ੍ਰਸਾਦ, ਡੀ.ਟੀ.ਐੱਫ. ਦੇ ਬਲਾਕ ਪ੍ਰਧਾਨ ਤਰਸੇਮ ਸਿੰਘ ਬੋੜਾਵਾਲ, ਨਗਰ ਸੁਧਾਰ ਸਭਾ ਦੇ ਆਗੂ ਸਤਪਾਲ ਸਿੰਘ ਕਟੋਦੀਆ, ਵਾਟਰ ਸਪਲਾਈ ਅਤੇ ਸੀਵਰੇਜ ਬੋਰਡ ਦੇ ਆਗੂ ਵਿਜੇ ਕੁਮਾਰ, ਤਰਕਸ਼ੀਲ ਸੁਸਾਇਟੀ ਦੇ ਆਗੂ ਲੱਖਾ ਸਿੰਘ ਸਹਾਰਨਾ, ਏਟਕ ਆਗੂ ਅਸ਼ੋਕ ਲਾਕੜਾ ਆਦਿ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਸੁਖਬੀਰ ਖਾਰਾ, ਕੁਲਦੀਪ ਮੰਦਰਾਂ, ਨਿੱਕਾ ਸਿੰਘ ਬਹਾਦਰਪੁਰ, ਨਾਤਾ ਸਿੰਘ ਫਫੜੇ ਭਾਈਕੇ, ਦੇਵੀ ਦਿਆਲ ਝਲਬੂਟੀ ਨੇ ਇਨਕਲਾਬੀ ਗੀਤ ਪੇਸ਼ ਕੀਤੇ।

ਮਾਨਸਾ ਸ਼ਹਿਰ ਵਿੱਚ ਬੰਦ ਦਾ ਅਸਰ ਪੂਰੀ ਤਰ੍ਹਾਂ ਦੇਖਣ ਨੂੰ ਮਿਲਿਆ। ਸਾਡੇ ਇਸ ਪ੍ਰਤੀਨਿਧ ਵੱਲੋਂ ਖੁਦ ਜਾ ਕੇ ਦੇਖਿਆ ਗਿਆ ਕਿ ਸ਼ਹਿਰ ਦੇ ਮੁੱਖ ਬਾਜ਼ਾਰ/ਦੁਕਾਨਾਂ ਆਦਿ ਪੂਰੀ ਤਰ੍ਹਾਂ ਬੰਦ ਸਨ।

ਜਥੇਬੰਦੀਆਂ ਵੱਲੋਂ ਸਥਾਨਕ ਬਾਰਾਂ ਹੱਟਾਂ ਚੌਂਕ ਵਿਖੇ ਇੱਕ ਪ੍ਰਭਾਵਸ਼ਾਲੀ ਇਕੱਠ ਕੀਤਾ ਗਿਆ, ਜਿਸ ਨੂੰ ਸੰਬੋਧਨ ਕਰਦਿਆਂ ਸਾਬਕਾ ਵਿਧਾਇਕ ਕਾਮਰੇਡ ਹਰਦੇਵ ਸਿੰਘ ਅਰਸ਼ੀ, ਰੁਲਦੂ ਸਿੰਘ ਮਾਨਸਾ, ਰਾਜਵਿੰਦਰ ਸਿੰਘ ਰਾਣਾ, ਕਰਿਆਨਾ ਯੂਨੀਅਨ ਦੇ ਸੁਰੇਸ਼ ਨੰਦਗੜ੍ਹੀਆ, ਮਨਦੀਪ ਗੋਰਾ ਸਾਬਕਾ ਪ੍ਰਧਾਨ, ਮਹਿੰਦਰ ਸਿੰਘ ਭੈਣੀ ਬਾਘਾ, ਪਰਮਜੀਤ ਗਾਗੋਵਾਲ, ਬੋਘ ਸਿੰਘ ਮਾਨਸਾ, ਨਿਰਮਲ ਸਿੰਘ ਝੰਡੂਕੇ, ਭਜਨ ਘੁੰਮਣ, ਮੱਖਣ ਭੈਣੀ ਬਾਘਾ, ਕ੍ਰਿਸ਼ਨ ਚੌਹਾਨ, ਡਾ. ਧੰਨਾ ਮੱਲ ਗੋਇਲ, ਸੁਖਦਰਸ਼ਨ ਨੱਤ, ਮੇਜਰ ਦੂਲੋਵਾਲ, ਭਗਵੰਤ ਸਮਾਓਂ, ਗੁਰਜੰਟ ਮਾਨਸਾ, ਜਸਵੀਰ ਕੌਰ ਨੱਤ ਆਦਿ ਆਗੂਆਂ ਨੇ ਕਿਹਾ ਕਿ ਕਾਰਪੋਰੇਟ ਘਰਾਣਿਆਂ ਦੀ ਕਠਪੁਤਲੀ ਮੋਦੀ ਸਰਕਾਰ ਨੂੰ ਲੋਕਾਂ ਦੀ ਚਿੰਤਾ ਨਹੀਂ, ਸਗੋਂ ਅਡਾਨੀਆਂ, ਅੰਬਾਨੀਆਂ ਪੱਖੀ ਲੋਕ ਮਾਰੂ ਨੀਤੀਆਂ ਲਿਆ ਕੇ ਆਮ ਲੋਕਾਂ ਦਾ ਗਲਾ ਘੁੱਟਿਆ ਜਾ ਰਿਹਾ ਹੈ। ਮੋਦੀ ਸਰਕਾਰ ਧਰਮਾਂ, ਜਾਤਾਂ ਅਧਾਰਤ ਭਾਈਚਾਰਕ ਸਾਂਝ ਨੂੰ ਤੋੜ ਕੇ ਕੇਵਲ ਤੇ ਕੇਵਲ ਸੱਤਾ ਪ੍ਰਾਪਤੀ ਕਰਨਾ ਹੀ ਹੈ।

ਇਸ ਸਮੇਂ ਸਾਂਝੇ ਮੋਰਚੇ ਨੇ ਕਾਰਪੋਰੇਟ ਘਰਾਣਿਆਂ ਤੇ ਮੋਦੀ ਹਕੂਮਤ ਨੂੰ ਭਾਂਜ ਦੇਣ ਦਾ ਅਹਿਦ ਵੀ ਲਿਆ। ਇਸ ਮੌਕੇ ਸੰਯੁਕਤ ਕਿਸਾਨ ਮੋਰਚੇ ਦੀਆਂ ਰਹਿੰਦੀਆਂ ਮੰਗਾਂ ਲਾਗੂ ਕਰਨ ਸਮੇਤ ਕਾਲੇ ਕਾਨੂੰਨਾਂ ਨੂੰ ਰੱਦ ਕਰਨ ਅਤੇ ਰੁਜ਼ਗਾਰ ਵਪਾਰ ਸੰਬੰਧੀ ਵਿਚਾਰ-ਚਰਚਾ ਵੀ ਕੀਤੀ ਗਈ। ਸ਼ੰਭੂ ਬਾਰਡਰ 'ਤੇ ਅੱਥਰੂ ਗੈਸ ਦੇ ਗੋਲੇ ਨਾਲ ਜ਼ਖਮੀ ਹੋਏ ਗਿਆਨ ਸਿੰਘ ਪਿੰਡ ਚਚੋਕੇ ਜ਼ਿਲ੍ਹਾ ਗੁਰਦਾਸਪੁਰ ਦਾ ਇਲਾਜ ਹਸਪਤਾਲ ਰਾਜਪੁਰਾ ਅਤੇ ਰਜਿੰਦਰਾ ਹਸਪਤਾਲ ਪਟਿਆਲਾ ਇਲਾਜ ਦੌਰਾਨ ਦਮ ਤੋੜ ਗਿਆ। ਵਿੱਛੜੇ ਸਾਥੀ ਨੂੰ ਧਰਨੇ ਦੌਰਾਨ ਦੋ ਮਿੰਟ ਦਾ ਮੌਨ ਧਾਰਨ ਕਰਕੇ ਅਕਾਸ਼ ਗੁਜਾਊਂ ਨਾਹਰਿਆਂ ਨਾਲ ਸ਼ਰਧਾਂਜਲੀ ਭੇਟ ਕੀਤੀ ਗਈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਐਡਵੋਕੇਟ ਬਲਵੀਰ ਕੌਰ, ਸ਼ਿੰਦਰਪਾਲ ਕੌਰ, ਰਤਨ ਭੋਲਾ, ਦਲਜੀਤ ਮਾਨਸਾਹੀਆ, ਸੱਤਪਾਲ ਭੈਣੀ ਬਾਘਾ, ਡੀ ਟੀ ਐੱਫ ਦੇ ਜ਼ਿਲ੍ਹਾ ਪ੍ਰਧਾਨ ਪਰਮਿੰਦਰ ਸਿੰਘ, ਜੀ ਟੀ ਯੂ ਦੇ ਨਰਿੰਦਰ ਮਾਖਾ, ਆਸ਼ਾ ਵਰਕਰਾਂ ਦੀ ਆਗੂ ਬਲਵਿੰਦਰ ਕੌਰ ਭੈਣੀ ਬਾਘਾ, ਮੱਖਣ ਮਾਨਸਾ, ਜਸਵੀਰ ਕੌਰ ਨੱਤ, ਮਨਜੀਤ ਸਿੰਘ ਮੀਹਾਂ, ਦਰਸ਼ਨ ਸਿੰਘ, ਸਤਵਿੰਦਰ ਸਿੰਘ, ਜਰਨੈਲ ਸਿੰਘ ਰੇਹੜੀ ਯੂਨੀਅਨ, ਹਰਦੇਵ ਖਿਆਲਾ ਪੱਲੇਦਾਰ ਯੂਨੀਅਨ, ਜਸਵੰਤ ਸਿੰਘ ਭਾਰਤ ਮੁਕਤੀ ਮੋਰਚਾ, ਤਰਕਸ਼ੀਲ ਸੁਸਾਇਟੀ ਹਰਬੰਸ ਸਿੰਘ ਢਿੱਲੋਂ, ਮਹਿੰਦਰ ਪਾਲ ਅਤਲਾ, ਮਾਸਟਰ ਜਗਦੀਸ਼ ਰਾਏ, ਜਸਵੰਤ ਜਵਾਹਰਕੇ, ਸੁਖਚਰਨ ਦਾਨੇਵਾਲੀਆ, ਆਤਮਾ ਸਿੰਘ ਪਮਾਰ, ਗਗਨਦੀਪ ਸ਼ਰਮਾ, ਡਾ. ਲਾਭ ਸਿੰਘ, ਵੈਦ ਸਿਕੰਦਰਜੀਤ ਸਿੰਘ, ਗੁਰਸੇਵਕ ਮਾਨ, ਗੋਰਾ ਲਾਲ ਅਤਲਾ, ਸੱਤਪਾਲ ਭੈਣੀ, ਕੁਲਵੰਤ ਸਿੰਘ, ਕੁਲਵਿੰਦਰ ਕਾਲੀ, ਜਗਦੇਵ ਸਿੰਘ ਘੁਰਕਣੀ, ਦਰਸ਼ਨ ਸਿੰਘ ਅਲੀਸ਼ੇਰ ਆਦਿ ਆਗੂਆਂ ਨੇ ਵੀ ਸੰਬੋਧਨ ਕੀਤਾ। ਸਟੇਜ ਸਕੱਤਰ ਦੀ ਭੂਮਿਕਾ ਸੁਰਿੰਦਰਪਾਲ ਸ਼ਰਮਾ ਅਤੇ ਮੇਜਰ ਸਿੰਘ ਦੂਲੋਵਾਲ ਵੱਲੋਂ ਬਾਖੂਬੀ ਨਿਭਾਈ ਗਈ।

**ਲੁਧਿਆਣਾ (ਐੱਮ.ਐੱਸ. ਭਾਟੀਆ)** : ਮਜ਼ਦੂਰ-ਕਿਸਾਨ ਏਕਤਾ ਦੇ ਗੂੰਜਦੇ ਨਾਅਰਿਆਂ ਦਰਮਿਆਨ ਇੱਥੇ ਬੱਸ ਸਟੈਂਡ ਵਿਖੇ ਕੇਂਦਰੀ ਟਰੇਡ ਯੂਨੀਅਨਾਂ ਅਤੇ ਸੰਯੁਕਤ ਕਿਸਾਨ ਮੋਰਚਾ, ਸੈਕਟੋਰਲ ਫੈਡਰੇਸ਼ਨਾਂ/ਐਸੋਸੀਏਸ਼ਨਾਂ ਵੱਲੋਂ ਦੇਸ਼-ਵਿਆਪੀ ਹੜਤਾਲ ਅਤੇ ਭਾਰਤ ਬੰਦ ਦੇ ਸੱਦੇ 'ਤੇ ਵਿਸ਼ਾਲ ਰੈਲੀ ਕੀਤੀ ਗਈ। ਰੈਲੀ ਦੀ ਪ੍ਰਧਾਨਗੀ ਐੱਮ ਐੱਸ ਭਾਟੀਆ, ਜੋਗਿੰਦਰ ਰਾਮ ਅਤੇ ਜਗਦੀਸ਼ ਚੰਦ 'ਤੇ ਅਧਾਰਤ ਪ੍ਰਧਾਨਗੀ ਮੰਡਲ ਨੇ ਕੀਤੀ। ਰੈਲੀ ਤੋਂ ਬਾਅਦ ਹਜ਼ਾਰਾਂ ਮਜ਼ਦੂਰਾਂ, ਮੁਲਾਜ਼ਮਾਂ, ਕਿਸਾਨਾਂ ਅਤੇ ਸਮਾਜ ਦੇ ਹੋਰ ਵਰਗਾਂ ਦੇ ਲੋਕਾਂ ਨੇ ਮਿੰਨੀ ਸਕੱਤਰੇਤ ਵੱਲ ਮਾਰਚ ਕੀਤਾ, ਜਿੱਥੇ ਰੈਲੀ ਕੀਤੀ ਗਈ। ਦੋਵੇਂ ਥਾਵਾਂ 'ਤੇ ਕੀਤੀਆਂ ਰੈਲੀਆਂ ਨੂੰ ਏਟਕ, ਸੀਟੂ ਅਤੇ ਸੀ ਟੀ ਯੂ ਸਮੇਤ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਨੇ ਸੰਬੋਧਨ ਕੀਤਾ। ਬੁਲਾਰਿਆਂ ਨੇ ਮੋਦੀ ਸਰਕਾਰ ਵੱਲੋਂ ਸ਼ੰਭੂ ਸਰਹੱਦ 'ਤੇ ਕਿਸਾਨਾਂ 'ਤੇ ਕੀਤੇ ਜਾ ਰਹੇ ਜਬਰ ਅਤੇ ਸ਼ਾਂਤਮਈ ਢੰਗ ਨਾਲ ਪ੍ਰਦਰਸ਼ਨ ਕਰ ਰਹੇ ਕਿਸਾਨਾਂ 'ਤੇ ਡਰੋਨਾਂ ਨਾਲ ਅੱਥਰੂ ਗੈਸ ਦੇ ਗੋਲੇ ਅਤੇ ਪਲਾਸਟਿਕ ਦੀਆਂ ਗੋਲੀਆਂ ਸੁੱਟਣ ਦੀ ਨਿਖੇਧੀ ਕੀਤੀ। ਬੁਲਾਰਿਆਂ ਨੇ ਦੋਸ਼ ਲਾਇਆ ਕਿ ਮਜ਼ਦੂਰਾਂ ਖਿਲਾਫ ਲਗਾਤਾਰ ਕਾਨੂੰਨ ਬਣਾਏ ਜਾ ਰਹੇ ਹਨ ਅਤੇ ਸਰਕਾਰ ਕਾਰਪੋਰੇਟਾਂ ਦੀ ਸੇਵਾ ਕਰਨ 'ਤੇ ਤੁਲੀ ਹੋਈ ਹੈ। ਗਰੀਬ ਲੋਕਾਂ ਨੂੰ ਰੋਜ਼ੀ-ਰੋਟੀ ਅਤੇ ਨੌਕਰੀਆਂ ਦੇ ਹੱਕ ਤੋਂ ਵਾਂਝੇ ਕੀਤਾ ਜਾ ਰਿਹਾ ਹੈ ਅਤੇ ਉਹ ਬੇਤਹਾਸ਼ਾ ਮਹਿੰਗਾਈ ਦੀ ਮਾਰ ਝੱਲ ਰਹੇ ਹਨ, ਉੱਥੇ ਕਾਰਪੋਰੇਟ ਸੈਕਟਰ ਨੂੰ ਟੈਕਸ ਕਟੌਤੀ ਦੇ ਰੂਪ ਵਿੱਚ ਉਨ੍ਹਾਂ ਵੱਲੋਂ ਨਾ ਚੁਕਾਏ ਗਏ ਕਰਜ਼ਿਆਂ ਨੂੰ ਐੱਨ ਪੀ ਏ ਕਰਾਰ ਦੇ ਕੇ ਵੱਡੀਆਂ ਰਿਆਇਤਾਂ ਦਿੱਤੀਆਂ ਜਾ ਰਹੀਆਂ ਹਨ ਅਤੇ ਕਰਜ਼ੇ ਮੁਆਫ ਕੀਤੇ ਜਾ ਰਹੇ ਹਨ, ਜਿਸ ਦੀ ਭਰਪਾਈ ਆਮ ਲੋਕਾਂ 'ਤੇ ਵਾਧੂ ਟੈਕਸ ਲਾ ਕੇ ਕੀਤੀ ਜਾ ਰਹੀ ਹੈ। ਇਸ ਵਿਰੁੱਧ ਮਜ਼ਦੂਰਾਂ, ਮੁਲਾਜ਼ਮਾਂ, ਕਿਸਾਨਾਂ, ਵਿਦਿਆਰਥੀਆਂ, ਨੌਜਵਾਨਾਂ, ਔਰਤਾਂ, ਛੋਟੇ ਤੇ ਦਰਮਿਆਨੇ ਕਾਰੋਬਾਰੀਆਂ, ਛੋਟੇ ਦੁਕਾਨਦਾਰਾਂ ਅਤੇ ਹੋਰਨਾਂ ਨੇ ਬਿਗਲ ਵਜਾਇਆ ਹੈ। ਬੁਲਾਰਿਆਂ ਨੇ ਚੋਣ ਬਾਂਡ ਸਕੀਮ ਨੂੰ ਗੈਰ-ਸੰਵਿਧਾਨਕ ਘੋਸ਼ਿਤ ਕਰਨ ਵਾਲੇ ਸੁਪਰੀਮ ਕੋਰਟ ਦੇ ਫੈਸਲੇ ਦਾ ਸਵਾਗਤ ਕੀਤਾ ਹੈ ਅਤੇ ਕਿਹਾ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਅਸਤੀਫਾ ਦੇਣਾ ਚਾਹੀਦਾ ਹੈ, ਕਿਉਂਕਿ ਇਸ ਫੈਸਲੇ ਨੇ ਸਾਫ ਕਰ ਦਿੱਤਾ ਹੈ ਕਿ ਅਜੋਕੀ ਸਦੀ ਦੀ ਇਹ ਸਭ ਤੋਂ ਭ੍ਰਿਸ਼ਟਾਚਾਰੀ ਸਰਕਾਰ ਹੈ।

ਪ੍ਰਦਰਸ਼ਨਕਾਰੀਆਂ ਨੇ ਕਿਹਾ ਕਿ ਮੋਦੀ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਨੂੰ 2024 'ਚ ਮੁੜ ਸੱਤਾ 'ਚ ਆਉਣ ਤੋਂ ਰੋਕਣਾ ਬਹੁਤ ਜ਼ਰੂਰੀ ਹੋ ਗਿਆ ਹੈ, ਨਹੀਂ ਤਾਂ ਇਸ ਦੇਸ਼ 'ਚ ਨਾ ਸਿਰਫ ਕਿਸਾਨ ਅਤੇ ਮਜ਼ਦੂਰ ਦੇ ਹੱਕਾਂ ਦਾ ਘਾਣ ਕਰਨ ਦੀ ਨੀਤੀ ਜਾਰੀ ਰਹੇਗੀ, ਸਗੋਂ ਸਰਕਾਰੀ ਜਾਇਦਾਦਾਂ ਨੂੰ ਕਾਰਪੋਰੇਟ ਸੈਕਟਰ ਦੇ ਹੱਥੀਂ ਕੌਡੀਆਂ ਦੇ ਭਾਅ ਵੇਚ ਦਿੱਤਾ ਜਾਵੇਗਾ। ਸਮਾਜ ਵਿੱਚ ਧਰਮ ਦੇ ਨਾਂਅ 'ਤੇ ਵੰਡੀਆਂ ਪੈਦਾ ਕਰਨ ਨਾਲ ਸਾਡੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਸੰਵਿਧਾਨ ਨੂੰ ਖਤਰਾ ਪੈਦਾ ਹੋ ਜਾਵੇਗਾ। ਰੈਲੀ ਨੂੰ ਸੰਬੋਧਨ ਕਰਨ ਵਾਲਿਆਂ ਵਿੱਚ ਏਟਕ ਪੰਜਾਬ ਦੇ ਪ੍ਰਧਾਨ ਬੰਤ ਸਿੰਘ ਬਰਾੜ, ਸੀ ਟੀ ਯੂ ਪੰਜਾਬ ਦੇ ਸੀਨੀਅਰ ਮੀਤ ਪ੍ਰਧਾਨ ਮੰਗਤ ਰਾਮ ਪਾਸਲਾ, ਡੀ ਪੀ ਮੌੜ, ਸੁਖਵਿੰਦਰ ਸਿੰਘ ਲੋਟੇ, ਜਗਦੀਸ਼ ਚੰਦ, ਵਿਜੇ ਕੁਮਾਰ, ਚਮਕੌਰ ਸਿੰਘ ਬਰਮੀ, ਡਾ: ਰਜਿੰਦਰ ਪਾਲ ਸਿੰਘ ਔਲਖ, ਡਾਕਟਰ ਅਰੁਣ ਮਿਤਰਾ, ਬਲਰਾਮ ਸਿੰਘ, ਰਾਮ ਲਾਲ, ਚਰਨ ਸਰਾਭਾ, ਸੁਭਾਸ਼ ਰਾਨੀ, ਜੋਗਿੰਦਰ ਰਾਮ, ਤਹਿਸੀਲਦਾਰ ਯਾਦਵ, ਹਰਬੰਸ ਸਿੰਘ ਪੰਧੇਰ, ਸ਼ਮਸ਼ੇਰ ਸਿੰਘ, ਤਹਿਸੀਲਦਾਰ, ਪ੍ਰੋਫੈਸਰ ਜਗਮੋਹਨ ਸਿੰਘ ਜਮਹੂਰੀ ਅਧਿਕਾਰ ਸਭਾ, ਬਲਦੇਵ ਕ੍ਰਿਸ਼ਨ ਮੋਦਗਿਲ ਇੰਟਕ, ਮਹਿੰਦਰ ਪਾਲ ਸਿੰਘ ਮੋਹਾਲੀ ਏਟਕ, ਹਰਜਿੰਦਰ ਸਿੰਘ ਮੋਲਡਰ ਐਂਡ ਸਟੀਲ ਵਰਕਰ ਯੂਨੀਅਨ ਸ਼ਾਮਲ ਸਨ।

**ਅੰਮ੍ਰਿਤਸਰ** : ਭਾਰਤ ਦੀਆਂ ਪ੍ਰਮੁੱਖ ਮਜ਼ਦੂਰ/ਮੁਲਾਜ਼ਮ ਜਥੇਬੰਦੀਆਂ ਦੇ ਸਾਂਝੇ ਮੋਰਚੇ ਅਤੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਭਾਰਤ ਬੰਦ ਦੇ ਸੱਦੇ ਉਪਰ ਅੰਮ੍ਰਿਤਸਰ ਵਿਖੇ ਸਮੂਹ ਕਾਰਖਾਨਿਆਂ ਦੇ ਮਜ਼ਦੂਰਾਂ, ਬੈਂਕਾਂ ਦੇ ਮੁਲਾਜ਼ਮਾਂ, ਟਰਾਂਸਪੋਰਟ ਕਾਮਿਆਂ, ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਦੇ ਮੁਲਾਜ਼ਮਾਂ ਅਤੇ ਦੁਕਾਨਦਾਰਾਂ ਵੱਲੋਂ ਆਪਣੇ ਕੰਮਕਾਰ ਬੰਦ ਕਰਕੇ/ਹੜਤਾਲ ਕਰਕੇ ਭਾਰਤ ਬੰਦ ਵਿੱਚ ਸ਼ਮੂਲੀਅਤ ਕੀਤੀ ਗਈ। ਸ਼ਹਿਰ ਦੇ ਭੰਡਾਰੀ ਪੁਲ ਉਪਰ ਵਿਸ਼ਾਲ ਰੈਲੀ ਕੀਤੀ ਗਈ, ਜਿਸ 'ਚ ਮਜ਼ਦੂਰਾਂ/ਮੁਲਾਜ਼ਮਾਂ ਅਤੇ ਕਿਸਾਨ ਆਗੂਆਂ ਨੇ ਸੰਬੋਧਨ ਕੀਤਾ। ਮੁੱਖ ਤੌਰ 'ਤੇ ਅਮਰਜੀਤ ਸਿੰਘ ਆਸਲ, ਕੁਲਵੰਤ ਸਿੰਘ ਬਾਵਾ, ਸੁਰਿੰਦਰ ਸ਼ਰਮਾ, ਜਗਤਾਰ ਸਿੰਘ ਕਰਮਪੁਰਾ, ਲਖਬੀਰ ਸਿੰਘ ਨਿਜ਼ਾਮਪੁਰਾ, ਜਤਿੰਦਰ ਸਿੰਘ ਛੀਨਾ, ਸੁਖਰਾਜ ਸਿੰਘ ਸਰਕਾਰੀਆ, ਨਿਸ਼ਾਨ ਸਿੰਘ ਸਾਂਘਣਾ, ਗੁਰਦੇਵ ਸਿੰਘ ਵਰਪਾਲ, ਬਲਦੇਵ ਸਿੰਘ ਬੱਬੂ, ਸੁੱਚਾ ਸਿੰਘ ਅਜਨਾਲਾ, ਦਲਵਿੰਦਰ ਸਿੰਘ ਸ਼ਾਹ, ਦਸਵਿੰਦਰ ਕੌਰ, ਰਜਿੰਦਰਪਾਲ ਕੌਰ, ਕੰਵਲਜੀਤ ਕੌਰ, ਅਕਵਿੰਦਰ ਕੌਰ, ਬਿੱਟੂ ਵੇਰਕਾ, ਮਨਜੀਤ ਕੌਰ, ਸਰੋਜ ਬਾਲਾ, ਮੰਗਲ ਸਿੰਘ ਟਾਂਡਾ, ਗੁਰਦੀਪ ਸਿੰਘ ਬਾਜਵਾ, ਪ੍ਰੇਮ ਸਿੰਘ, ਪ੍ਰਭਜੀਤ ਸਿੰਘ ਉੱਪਲ, ਰਮੇਸ਼ ਯਾਦਵ ਆਦਿ ਆਗੂਆਂ ਨੇ ਸੰਬੋਧਨ ਕੀਤਾ।

ਇਸ ਮੌਕੇ ਵਿਜੇ ਕੁਮਾਰ, ਬਲਦੇਵ ਸਿੰਘ ਵੇਰਕਾ, ਕੁਲਵੰਤ ਰਾਏ ਬਾਵਾ, ਦਿਲਬਾਗ ਸਿੰਘ, ਹੁਸ਼ਿਆਰ ਸਿੰਘ ਝੰਡੇਰ, ਕੇ.ਪੀ. ਸਿੰਘ, ਤੀਰਥ ਸਿੰਘ ਕੋਹਾਲੀ, ਅਮਰਜੀਤ ਸਿੰਘ, ਰਜੇਸ਼ ਕੁਮਾਰ, ਗਗਨਦੀਪ ਸਿੰਘ, ਹਰਭਜਨ ਸਿੰਘ, ਬਬਿੰਦਰ ਸਿੰਘ, ਕ੍ਰਿਪਾਲ ਸਿੰਘ ਗਿੱਲ, ਬਲਰਾਜ ਸਿੰਘ ਭੰਗੂ, ਨਰਿੰਦਰ ਪ੍ਰਧਾਨ, ਪਰਮਜੀਤ ਕੌਰ, ਤਸਵੀਰ ਸਿੰਘ ਥਾਂਦਾ, ਸੰਦੀਪ ਸ਼ਰਮਾ, ਨਰਿੰਦਰਪਾਲ ਸਿੰਘ, ਜਤਿੰਦਰ ਕੁਮਾਰ ਲਖਨਪਾਲ, ਪਰਮਜੀਤ ਕੌਰ, ਭਗਵੰਤ ਸਿੰਘ, ਦੀਪ ਦਵਿੰਦਰ ਸਿੰਘ ਅਤੇ ਸੁਮਿਤ ਸਿੰਘ ਆਦਿ ਹਾਜ਼ਰ ਸਨ।

**ਪਟਿਆਲਾ** : ਪੀ.ਆਰ.ਟੀ.ਸੀ. ਦੇ ਪੰਜਾਬ ਵਿੱਚ ਸਥਿਤ ਸਾਰੇ ਡਿਪੂਆਂ ਵਿੱਚ ਦੇਸ਼-ਵਿਆਪੀ ਹੜਤਾਲ ਅਤੇ ਪੇਂਡੂ ਭਾਰਤ ਬੰਦ ਦੇ ਸੱਦੇ 'ਤੇ 1200 ਬੱਸਾਂ ਦਾ ਮੁਕੰਮਲ ਚੱਕਾ ਜਾਮ ਕਰਕੇ ਲਾਮਿਸਾਲ ਹੜਤਾਲ ਕੀਤੀ ਗਈ। ਇਸ ਹੜਤਾਲ ਦਾ ਸੱਦਾ ਪੀ.ਆਰ.ਟੀ.ਸੀ. ਵਿੱਚ ਕੰਮ ਕਰਦੀਆਂ ਛੇ ਜਥੇਬੰਦੀਆਂ ਸੰਬੰਧਤ ਏਟਕ, ਇੰਟਕ, ਕਰਮਚਾਰੀ ਦਲ, ਐੱਸ.ਸੀ./ਬੀ.ਸੀ., ਸੀਟੂ ਅਤੇ ਰਿਟਾਇਰਡ ਵਰਕਰਜ਼ ਭਾਈਚਾਰਾ ਯੂਨੀਅਨ ਦੀ ਸਾਂਝੀ ਐਕਸ਼ਨ ਕਮੇਟੀ ਵੱਲੋਂ ਦਿੱਤਾ ਗਿਆ ਸੀ, ਪੀ.ਆਰ.ਟੀ.ਸੀ. ਵਿੱਚ ਕੰਮ ਕਰਦੇ ਕੰਟਰੈਕਟ ਅਤੇ ਆਊਟ ਸੋਰਸ ਕਰਮਚਾਰੀਆਂ ਦੀ ਜਥੇਬੰਦੀ ਵੱਲੋਂ ਵੀ ਸਫਲ ਹੜਤਾਲ ਕਰਨ ਦਾ ਸੱਦਾ ਦਿੱਤਾ ਗਿਆ ਸੀ।

ਪੀ.ਆਰ.ਟੀ.ਸੀ. ਵਰਕਰਜ਼ ਐਕਸ਼ਨ ਕਮੇਟੀ ਦੇ ਕਨਵੀਨਰ ਸ੍ਰੀ ਨਿਰਮਲ ਸਿੰਘ ਧਾਲੀਵਾਲ ਅਤੇ ਮੈਂਬਰਾਨ ਸਰਵਸ੍ਰੀ ਬਲਦੇਵ ਰਾਜ ਬੱਤਾ, ਹਰਪ੍ਰੀਤ ਸਿੰਘ ਖਟੜਾ, ਰਾਕੇਸ਼ ਕੁਮਾਰ ਦਾਤਾਰਪੁਰੀ, ਤਰਸੇਮ ਸਿੰਘ ਅਤੇ ਉਤਮ ਸਿੰਘ ਬਾਗੜੀ ਨੇ ਪੀ.ਆਰ.ਟੀ.ਸੀ. ਵਿੱਚ ਕੀਤੀ ਗਈ ਇਸ ਸਫਲ ਹੜਤਾਲ ਦੇ ਸੰਬੰਧ ਵਿੱਚ ਵੇਰਵੇ ਦਿੰਦਿਆਂ ਦੱਸਿਆ ਕਿ ਭਾਰਤ ਪੱਧਰ ਦੀਆਂ 10 ਕੇਂਦਰੀ ਟਰੇਡ ਯੂਨੀਅਨਾਂ ਅਤੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਸਾਂਝੇ ਤੌਰ 'ਤੇ ਮੋਦੀ ਸਰਕਾਰ ਦੀਆਂ ਮੁਲਾਜ਼ਮ-ਮਜ਼ਦੂਰ, ਕਿਸਾਨ, ਨੌਜੁਆਨ, ਵਿਦਿਆਰਥੀ ਅਤੇ ਗਰੀਬ ਲੋਕਾਂ ਵਿਰੋਧੀ ਨਿੱਜੀਕਰਨ ਅਤੇ ਕਾਰਪੋਰੇਟੀ ਆਰਥਿਕ ਨੀਤੀਆਂ ਦੇ ਵਿਰੋਧ ਵਿੱਚ ਕਿਸਾਨਾਂ ਅਤੇ ਮਜ਼ਦੂਰਾਂ ਦੀਆਂ ਮੰਗਾਂ ਨੂੰ ਲੈ ਕੇ ਦੇਸ਼ ਵਿਆਪੀ ਪੇਂਡੂ ਭਾਰਤ ਬੰਦ ਅਤੇ ਉਦਯੋਗਿਕ ਹੜਤਾਲ ਦਾ ਸੱਦਾ ਦਿੱਤਾ ਗਿਆ ਸੀ, ਇਸ ਸੱਦੇ ਨੂੰ ਪੰਜਾਬ ਵਿੱਚ ਉਮੀਦ ਨਾਲੋਂ ਵੀ ਕਿਤੇ ਵੱਧ ਸਫਲਤਾ ਮਿਲੀ।

ਦੇਸ਼-ਵਿਆਪੀ ਹੜਤਾਲ ਦੇ ਸੰਬੰਧ ਵਿੱਚ ਮੰਗਾਂ ਦਾ ਜ਼ਿਕਰ ਕਰਦਿਆਂ ਐਕਸ਼ਨ ਕਮੇਟੀ ਦੇ ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਮਜ਼ਦੂਰ ਵਿਰੋਧੀ ਚਾਰੇ ਲੇਬਰ ਕੋਡ ਰੱਦ ਕਰੇ, ਪਬਲਿਕ ਸੈਕਟਰ ਦੇ ਅਦਾਰਿਆਂ ਦਾ ਨਿੱਜੀਕਰਨ ਬੰਦ ਕਰੇ, ਕੰਟਰੈਕਟ ਅਤੇ ਆਊਟ ਸੋਰਸ ਸਿਸਟਮ ਤਹਿਤ ਕੰਮ ਕਰਦੇ ਕਰਮਚਾਰੀ ਰੈਗੂਲਰ ਕੀਤੇ ਜਾਣ ਅਤੇ ਅੱਗੇ ਲਈ ਸਿਰਫ ਪੱਕੀ ਭਰਤੀ ਹੀ ਕੀਤੀ ਜਾਵੇ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ, ਸਕੀਮ ਵਰਕਰਾਂ ਨੂੰ ਵਰਕਰ ਦਾ ਦਰਜਾ ਦਿੱਤਾ ਜਾਵੇ, ਘੱਟੋਘੱਟ ਉਜਰਤ 26000 ਰੁਪਏ ਪ੍ਰਤੀ ਮਹੀਨਾ ਤਹਿ ਕੀਤੀ ਜਾਵੇ। ਹਿਟ ਐਂਡ ਰਨ ਕਾਨੂੰਨ ਵਿੱਚ ਜੋੜੀਆਂ ਡਰਾਈਵਰ ਵਿਰੋਧੀ ਧਾਰਾਵਾਂ ਰੱਦ ਕੀਤੀਆਂ ਜਾਣ। ਇਸੇ ਤਰ੍ਹਾਂ ਕਿਸਾਨਾਂ ਦੀਆਂ ਮੰਗਾਂ ਜਿਵੇਂ ਕਿ ਐੱਮ.ਐੱਸ.ਪੀ. ਦੀ ਗਰੰਟੀ ਦਾ ਕਾਨੂੰਨ ਬਣਾਉਣਾ, ਕਿਸਾਨਾਂ, ਮਜ਼ਦੂਰਾਂ ਦਾ ਕਰਜ਼ਾ ਮੁਆਫ ਕਰਨਾ, ਕਿਸਾਨਾਂ ਵਿਰੁੱਧ ਬਣਾਏ ਮੁਕੱਦਮੇ ਵਾਪਸ ਲਏ ਜਾਣ, ਲਖੀਮਪੁਰ ਖੀਰੀ ਵਿੱਚ ਸ਼ਹੀਦ ਕੀਤੇ ਕਿਸਾਨਾਂ ਦੇ ਦੋਸ਼ੀ ਬੀ.ਜੇ.ਪੀ. ਦੇ ਮੰਤਰੀ ਨੂੰ ਬਰਖਾਸਤ ਕਰਨਾ ਅਤੇ ਉਸ ਦੇ ਪੁੱਤਰ ਨੂੰ ਸਜ਼ਾ ਦੇਣਾ, ਕਿਸਾਨਾਂ ਅਤੇ ਖੇਤ ਮਜ਼ਦੂਰਾਂ ਲਈ 10000 ਰੁਪਏ ਪ੍ਰਤੀ ਮਹੀਨਾ ਬੁਢਾਪਾ ਪੈਨਸ਼ਨ ਦੇਣਾ ਆਦਿ ਮੰਗਾਂ ਵੀ ਇਸ ਸਾਂਝੇ ਸੰਘਰਸ਼ ਵਿੱਚ ਮੁੱਖ ਮੁੱਦਾ ਸਨ।

ਐਕਸ਼ਨ ਕਮੇਟੀ ਵੱਲੋਂ ਪੀ.ਆਰ.ਟੀ.ਸੀ. ਦੇ ਵਰਕਰਾਂ ਨੂੰ ਸਫਲ ਹੜਤਾਲ ਦੀ ਵਧਾਈ ਦਿੱਤੀ ਗਈ ਅਤੇ ਠੇਕਾ ਕਰਮਚਾਰੀਆਂ ਦੀ ਜਥੇਬੰਦੀ ਵੱਲੋਂ ਹੜਤਾਲ ਕਰਕੇ ਵਿਖਾਈ ਗਈ ਲੋਕ ਪੱਖੀ ਸੂਝ-ਬੂਝ ਲਈ ਉਹਨਾਂ ਦਾ ਵੀ ਵਿਸ਼ੇਸ਼ ਧੰਨਵਾਦ ਕੀਤਾ ਗਿਆ।

## ਨਿਊ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਰਜਿ. 100 ਵੱਲੋਂ ਕਿਸਾਨੀ ਸੰਘਰਸ਼ ਦਾ ਸਮਰਥਨ

**ਝਬਾਲ (ਹਰਜਿੰਦਰ ਸਿੰਘ ਸੋਨੀ)**-ਨਿਊ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਰਜਿ. 100 ਵੱਲੋਂ ਦਿੱਲੀ ਬਾਰਡਰ ਤੇ ਕੇਂਦਰ ਸਰਕਾਰ ਖਿਲਾਫ ਹੱਕੀ ਮੰਗਾਂ ਮਨਵਾਉਣ ਲਈ ਸਮੂਹ ਕਿਸਾਨ ਜਥੇਬੰਦੀਆਂ ਵੱਲੋਂ ਕੀਤੇ ਜਾ ਕਿਸਾਨ ਅੰਦੋਲਨ ਨੂੰ ਪੂਰਨ ਸਮਰਥਨ ਦੇਣ ਦਾ ਐਲਾਨ ਕੀਤਾ ਗਿਆ। ਯੂਨੀਅਨ ਦੇ ਸੂਬਾ ਪ੍ਰਧਾਨ ਤੇਜਿੰਦਰ ਸਿੰਘ ਢਿੱਲੋਂ, ਸੂਬਾ ਚੇਅਰਮੈਨ ਡਾ. ਮਹਿੰਦਰ ਸਿੰਘ ਗਿੱਲ ਮੋਗਾ, ਸੂਬਾ ਜਨਰਲ ਸਕੱਤਰ ਡਾ. ਅਵਤਾਰ ਸਿੰਘ ਬਾਲੀ ਨਵਾਂਸ਼ਹਿਰ, ਸੂਬਾ ਕੈਸ਼ੀਅਰ ਡਾ. ਮਾਘ ਸਿੰਘ ਮਾਣਕੀ, ਸੂਬਾ ਕਾਰਜਕਾਰੀ ਪ੍ਰਧਾਨ ਮਹਿੰਦਰ ਸਿੰਘ ਸੋਹਲ ਅਜਨਾਲਾ ਵਲੋਂ ਸਾਂਝੇ ਰੂਪ ਵਿੱਚ ਪ੍ਰੈੱਸ ਨੋਟ ਜਾਰੀ ਕਰਦੇ ਹੋਏ ਕੇਂਦਰ ਦੀ ਮੋਦੀ ਸਰਕਾਰ ਅਤੇ ਹਰਿਆਣੇ ਵਲੋਂ ਕਿਸਾਨਾਂ ਨੂੰ ਸ਼ੰਭੂ ਬਾਰਡਰ 'ਤੇ ਜਾਣ ਤੋਂ ਰੋਕਣ ਅਥਰੂ ਗੈਸ ਦੇ ਗੋਲੇ ਦਾਗਣ ਮਲਟੀ ਲੇਅਰ ਬੈਰੀਕੇਡਿੰਗ ਕਰਨ ਅਤੇ ਤਸ਼ੱਦਦ ਦੀਆਂ ਹੱਦਾਂ ਪਾਰ ਕਰਨ ਦੀ ਘੋਰ ਨਿੰਦਿਆ ਕੀਤੀ ਅਤੇ ਕਿਸਾਨੀ ਸੰਘਰਸ਼ ਦਾ ਸਮਰਥਨ ਕੀਤਾ।

## ਕੇਸ਼ੋਪੁਰ-ਮਿਆਣੀ ਕਮਿਊਨਟੀ ਰਿਜ਼ਰਵ ਵਿਖੇ 5ਵਾਂ ਰਾਜ ਪੱਧਰੀ ਪੰਛੀਆਂ ਦਾ ਤਿਉਹਾਰ ਅੱਜ

**ਗੁਰਦਾਸਪੁਰ (ਜਨਕ ਮਹਾਜਨ)**-ਵਣ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ, ਪੰਜਾਬ ਵੱਲੋਂ 17 ਫਰਵਰੀ ਦਿਨ ਸ਼ਨੀਵਾਰ ਨੂੰ ਕੇਸ਼ੋਪੁਰ-ਮਿਆਣੀ ਕਮਿਊਨਟੀ ਰਿਜ਼ਰਵ (ਰਾਮਸਰ ਸਾਈਟ) ਵਿਖੇ 5ਵਾਂ ਰਾਜ ਪੱਧਰੀ ਪੰਛੀਆਂ ਦਾ ਤਿਉਹਾਰ ਮਨਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਸਵੇਰੇ 10:00 ਵਜੇ ਇਹ ਪ੍ਰੋਗਰਾਮ ਸ਼ੁਰੂ ਹੋਵੇਗਾ ਜੋ ਕਿ ਦੁਪਹਿਰ 12:00 ਵਜੇ ਤੱਕ ਚੱਲੇਗਾ। ਉਨ੍ਹਾਂ ਦੱਸਿਆ ਕਿ ਲਾਲ ਚੰਦ ਕਟਾਰੂਚੱਕ, ਕੈਬਨਿਟ ਮੰਤਰੀ, ਵਣ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ, ਪੰਜਾਬ ਇਸ ਸਮਾਗਮ ਦੇ ਮੁੱਖ ਮਹਿਮਾਨ ਹੋਣਗੇ, ਜਦਕਿ ਵਿਕਾਸ ਗਰਗ (ਆਈਏਐੱਸ) ਵਿੱਤੀ ਕਮਿਸ਼ਨਰ (ਵਣ) ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਣਗੇ। ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ 5ਵੇਂ ਰਾਜ ਪੱਧਰੀ ਪੰਛੀਆਂ ਦੇ ਤਿਉਹਾਰ ਮੌਕੇ ਪੰਛੀਆਂ ਦੀ ਫ਼ੋਟੋਗ੍ਰਾਫੀ, ਪੰਛੀਆਂ ਦੀ ਪ੍ਰਦਰਸ਼ਨੀ, ਵਰਕਸ਼ਾਪ, ਗਾਈਡਿੰਗ ਬਰਡ ਵਾਚ ਟੂਰਜ਼ ਵਿਸ਼ੇਸ਼ ਆਕਰਸ਼ਣ ਦਾ ਕੇਂਦਰ ਹੋਣਗੇ।

## ਨਗਰ ਕੌਂਸਲ ਧਾਰੀਵਾਲ ਦੇ ਸਫਾਈ ਸੇਵਕਾਂ ਵੱਲੋਂ ਰੋਸ ਮਾਰਚ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਸੰਯੁਕਤ ਕਿਸਾਨ ਮੋਰਚਾ ਤੇ ਟਰੇਡ ਯੂਨੀਅਨਾਂ ਅਤੇ ਹੋਰ ਜਥੇਬੰਦੀਆਂ ਵੱਲੋਂ ਦਿੱਤੇ ਭਾਰਤ ਬੰਦ ਦੇ ਸੱਦੇ ਨੂੰ ਅੱਜ ਧਾਰੀਵਾਲ ਵਿੱਚ ਭਰਵਾਂ ਹੁੰਗਾਰਾ ਮਿਲਿਆ ਹੈ। ਸ਼ਹਿਰ ਦੇ ਬਾਜ਼ਾਰ ਸਵੇਰ ਤੋਂ ਬੰਦ ਰਹੇ ਅਤੇ ਬਾਜ਼ਾਰਾਂ ਵਿੱਚ ਸੁੰਨਸਾਨ ਪਸਰੀ ਰਹੀ। ਨਗਰ ਕੌਂਸਲ ਧਾਰੀਵਾਲ ਦੇ ਸਫਾਈ ਸੇਵਕਾਂ ਵੱਲੋਂ ਮੰਗਾਂ ਨੂੰ ਲੈ ਕੇ ਸਫਾਈ ਸੇਵਕ ਯੂਨੀਅਨ ਧਾਰੀਵਾਲ ਦੇ ਪ੍ਰਧਾਨ ਸਿਕੰਦਰ ਦੀ ਅਗਵਾਈ ਹੇਠ ਸ਼ਹਿਰ ਵਿੱਚ ਰੋਸ ਮਾਰਚ ਕੀਤਾ ਗਿਆ ਅਤੇ ਸਰਕਾਰ ਤੇ ਮੰਤਰੀ ਨਰਿੰਦਰ ਮੋਦੀ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ। ਰੋਸ ਪ੍ਰਦਰਸ਼ਨ ਵਿੱਚ ਸਫਾਈ ਸੇਵਕ ਯੂਨੀਅਨ ਦੇ ਪ੍ਰਧਾਨ ਸਿਕੰਦਰ, ਮੀਤ ਪ੍ਰਧਾਨ ਬੁੱਧੂ, ਜਨਰਲ ਸਕੱਤਰ ਅਸ਼ਵਨੀ, ਪਵਨ ਵੱਡਾ, ਜੇਮਸ ਮੱਟੂ, ਕਸ਼ਮੀਰ, ਯੂਨਿਸ, ਰੋਹਿਤ ਪੱਪਲੂ, ਬੀਬੀ ਗੀਤਾ, ਸੁਦੇਸ਼ ਕੁਮਾਰੀ, ਵਰਸ਼ਾ, ਗੀਤਾ ਗਿੱਲ, ਸਪਨਾ, ਕਿਰਨ, ਜੋਹਨੀ, ਵਕੀਲ ਆਦਿ ਸਣੇ ਨਗਰ ਕੌਂਸਲ ਦੇ ਸਮੂਹ ਸਫਾਈ ਸੇਵਕ ਸ਼ਾਮਲ ਸਨ।

## ਅੰਮ੍ਰਿਤਸਰ 'ਚ 7 ਰੋਜ਼ਾ 'ਰੰਗਲਾ ਪੰਜਾਬ' ਮੇਲਾ 23 ਤੋਂ, ਖਾਲਸਾ ਕਾਲਜ ਵਿਖੇ ਹੋਵੇਗਾ ਉਦਘਾਟਨੀ ਸਮਾਰੋਹ

**ਅੰਮ੍ਰਿਤਸਰ (ਨਰਿੰਦਰਜੀਤ ਸਿੰਘ)**-ਪੰਜਾਬ ਸਰਕਾਰ ਦੇ ਸੈਰ ਸਪਾਟਾ, ਸਭਿਆਚਾਰਕ ਮਾਮਲੇ ਤੇ ਪੁਰਾਤਤਵ ਵਿਭਾਗ ਵੱਲੋਂ ਅੰਮ੍ਰਿਤਸਰ ਵਿਚ ਪਹਿਲੀ ਵਾਰ ਸੱਤ ਦਿਨ ਚੱਲਣ ਵਾਲਾ 'ਰੰਗਲਾ ਪੰਜਾਬ' ਮੇਲਾ ਕਰਵਾਇਆ ਜਾ ਰਿਹਾ ਹੈ, ਜਿਸਦਾ ਉਦਘਾਟਨ 23 ਫਰਵਰੀ ਨੂੰ ਖਾਲਸਾ ਕਾਲਜ ਅੰਮ੍ਰਿਤਸਰ ਵਿਖੇ ਹੋਵੇਗਾ। ਇਸ ਸਮਾਰੋਹ ਵਿੱਚ ਪ੍ਰਸਿੱਧ ਪੰਜਾਬੀ ਗਾਇਕ ਆਪਣੀ ਕਲਾ ਨਾਲ ਸਮਾਂ ਬੰਨ੍ਹਣਗੇ। ਇਸ ਸਬੰਧੀ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦੇ ਹੋਏ ਡਿਪਟੀ ਕਮਿਸ਼ਰ ਘਨਸ਼ਾਮ ਥੋਰੀ ਨੇ ਦੱਸਿਆ ਕਿ ਇਹ ਮੇਲਾ 23 ਤੋਂ 29 ਫਰਵਰੀ ਤੱਕ ਹੋਵੇਗਾ ਅਤੇ ਵੱਖ-ਵੱਖ ਮਿਤੀਆਂ ਅਨੁਸਾਰ ਵੱਖ-ਵੱਖ ਥਾਵਾਂ 'ਤੇ ਪ੍ਰੋਗਰਾਮ ਕਰਵਾਏ ਜਾਣਗੇ। ਉਨਾਂ ਦੱਸਿਆ ਕਿ ਇਸ ਸੱਤ ਰੋਜ਼ਾ ਮੇਲੇ ਦੌਰਾਨ ਹੈਰੀਟੇਜ ਵਾਕ, ਕਾਰਨੀਵਲ, ਫੂਡ ਸਟਰੇਨ, ਗਰੀਨਥਨ ਤੋਂ ਇਲਾਵਾ ਮਿਊਜ਼ਿਕ ਫੈਸਟੀਵਲ ਵੀ ਕਰਵਾਇਆ ਜਾਵੇਗਾ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਮੇਲੇ ਨੂੰ ਮਨਾਉਣ ਲਈ ਵੱਖ-ਵੱਖ ਵਿਭਾਗਾਂ ਦੇ ਨੋਡਲ ਅਫਸਰ ਨਿਯੁਕਤ ਕੀਤੇ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਸੈਰ-ਸਪਾਟੇ ਦੀਆਂ ਅਥਾਹ ਸੰਭਾਵਨਾਵਾਂ ਹਨ। ਉਨ੍ਹਾਂ ਦੱਸਿਆ ਕਿ ਲਗਾਤਾਰ ਦੋ ਸਾਲਾਂ ਤੋਂ ਵਿਭਾਗ ਅੰਤਰਰਾਸ਼ਟਰੀ ਪੱਧਰ ਉਤੇ ਪੰਜਾਬ ਦੀ ਹਾਜ਼ਰੀ ਲਗਾ ਰਿਹਾ ਹੈ ਅਤੇ ਇਹ ਮੇਲਾ ਸਾਡਾ ਅੰਤਰਰਾਸ਼ਟਰੀ ਪੱਧਰ ਦਾ ਮੇਲਾ ਹੋਵੇਗਾ।

## ਚੀਮਾ ਵੱਲੋਂ ਨਾਬਾਰਡ...

ਕਰਜ਼ੇ ਲਈ ਤਰਜੀਹੀ ਖੇਤਰਾਂ ਨੂੰ ਉਜਾਗਰ ਕਰਦੇ ਹੋਏ ਖੇਤੀਬਾੜੀ ਅਤੇ ਪੇਂਡੂ ਵਿਕਾਸ ਲਈ ਰਾਜ ਅੰਦਰ ਮੌਜੂਦ ਸੰਭਾਵਨਾਵਾਂ ਦਾ ਵਿਆਪਕ ਮੁਲਾਂਕਣ ਪ੍ਰਦਾਨ ਕਰਦਾ ਹੈ। ਉਨ੍ਹਾ ਕਿਹਾ ਕਿ ਇਹ ਤਸੱਲੀ ਵਾਲੀ ਗੱਲ ਹੈ ਕਿ ਕੁੱਲ ਕਰਜ਼ਾ ਯੋਜਨਾ ਵਿੱਚੋਂ ਖੇਤੀਬਾੜੀ ਕਰਜੇ ਦੀ ਸੰਭਾਵਨਾ ਦਾ ਹਿੱਸਾ 118445.86 ਕਰੋੜ ਰੁਪਏ (48.62%) ਹੈ, ਜਿਸ ਵਿੱਚ ਫਸਲੀ ਕਰਜ਼ਾ 69393.35 ਕਰੋੜ ਰੁਪਏ (28.49%) ਅਤੇ ਖੇਤੀਬਾੜੀ ਮਿਆਦੀ ਕਰਜ਼ਾ 24526.61 ਕਰੋੜ ਰੁਪਏ (19%) ਹੈ, ਅਤੇ ਇਸ ਦੇ ਨਾਲ ਹੀ ਐੱਮ.ਐੱਸ.ਐੱਮ.ਈ ਲਈ ਕਰਜ਼ਾ ਸੰਭਾਵਨਾ 80724.34 ਕਰੋੜ ਰੁਪਏ (33.14%) ਹੈ। ਵਿੱਤ ਮੰਤਰੀ ਨੇ ਨਾਬਾਰਡ ਵੱਲੋਂ ਸ਼ੁਰੂ ਤੋਂ ਹੀ ਪੰਜਾਬ ਦੇ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਣ ਲਈ ਸ਼ਲਾਘਾ ਕੀਤੀ। ਉਨ੍ਹਾਂ ਨੇ ਸੂਬੇ ਵਿੱਚ ਧਰਤੀ ਹੇਠਲੇ ਪਾਣੀ ਦੇ ਪੱਧਰ ਦੇ ਹੇਠਾਂ ਜਾਣ 'ਤੇ ਚਿੰਤਾ ਜ਼ਾਹਰ ਕੀਤੀ ਅਤੇ ਫਸਲੀ ਵਿਭਿੰਨਤਾ ਦੀਆਂ ਪਹਿਲਕਦਮੀਆਂ, ਸੂਖਮ ਸਿੰਚਾਈ ਤਕਨੀਕਾਂ ਨੂੰ ਅਪਣਾਉਣ ਅਤੇ ਸਬੰਧਤ ਭਾਈਵਾਲਾਂ ਦੇ ਸਹਿਯੋਗ ਨਾਲ ਇਸ ਮੁੱਦੇ ਨੂੰ ਹੱਲ ਕਰਨ ਦੀ ਅਪੀਲ ਕੀਤੀ। ਉਨ੍ਹਾ ਸਾਰੇ ਭਾਈਵਾਲਾਂ ਨੂੰ ਸੂਬੇ ਦੇ ਸਰਵਪੱਖੀ ਵਿਕਾਸ ਲਈ 'ਸਟੇਟ ਫੋਕਸ ਪੇਪਰ' ਤੋਂ ਅਗਵਾਈ ਲੈਣ ਦਾ ਸੱਦਾ ਦਿੱਤਾ। ਵਿੱਤ ਮੰਤਰੀ ਨੇ ਕਿਹਾ ਕਿ 'ਸਟੇਟ ਫੋਕਸ ਪੇਪਰ' ਬੈਂਕਾਂ ਅਤੇ ਹੋਰ ਵਿੱਤੀ ਸੰਸਥਾਵਾਂ ਦੀਆਂ ਤਰਜੀਹਾਂ ਨੂੰ ਰਾਜ ਦੇ ਵਿਕਾਸ ਟੀਚਿਆਂ ਨਾਲ ਜੋੜ ਕੇ ਮੁੱਖ ਖੇਤਰਾਂ ਵੱਲ ਸੇਧ ਦੇਣ ਵਿੱਚ ਮਦਦ ਕਰੇਗਾ। ਇਸ ਦੌਰਾਨ ਵਿੱਤ ਮੰਤਰੀ ਨੇ ਕਿਸਾਨ ਉਤਪਾਦਕ ਸੰਗਠਨਾਂ (ਐਫ.ਪੀ.ਓਜ਼), ਸਵੈ-ਸਹਾਇਤਾ ਸਮੂਹ (ਐਸ.ਐਚ.ਜੀ), ਸੰਯੁਕਤ ਦੇਣਦਾਰੀ ਸਮੂਹਾਂ (ਜੇ.ਐਲ.ਜੀ) ਅਤੇ ਬੈਂਕਾਂ ਨੂੰ ਉਨ੍ਹਾਂ ਦੇ ਸਬੰਧਤ ਖੇਤਰਾਂ ਵਿੱਚ ਸ਼ਾਨਦਾਰ ਕਾਰਗੁਜ਼ਾਰੀ ਲਈ ਸਨਮਾਨਤ ਕੀਤਾ। ਇਸ ਮੌਕੇ ਲਗਾਈ ਗਈ ਪ੍ਰਦਰਸ਼ਨੀ ਵਿਖੇ ਵਿੱਤ ਮੰਤਰੀ ਨੇ ਨਾਬਾਰਡ ਦੀਆਂ ਵੱਖ-ਵੱਖ ਸਕੀਮਾਂ ਦੇ ਲਾਭਪਾਤਰੀਆਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Fatehpuri
ਸੰਪਾਦਕ : ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਕਾਰ ਤੇ ਟਰੱਕ ਹਾਦਸੇ 'ਚ ਫੌਜੀ ਜ਼ਖਮੀ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਇਥੇ ਧਾਰੀਵਾਲ-ਬਟਾਲਾ ਰੋਡ (ਨੈਸ਼ਨਲ ਹਾਈਵੇ ਪਠਾਨਕੋਟ-ਅੰਮ੍ਰਿਤਸਰ) ਉਪਰ ਰਾਧਾ ਸੁਆਮੀ ਸਤਿਸੰਗ ਘਰ ਧਾਰੀਵਾਲ ਦੇ ਸਾਹਮਣੇ ਇਕ ਬਰੇਜ਼ਾ ਕਾਰ ਅਤੇ ਟਰੱਕ ਦਰਮਿਆਨ ਹੋਏ ਜ਼ਬਰਦਸਤ ਹਾਦਸੇ ਦੌਰਾਨ ਕਾਰ ਸਵਾਰ ਫੌਜੀ ਨੌਜਵਾਨ ਗੰਭੀਰ ਜ਼ਖਮੀ ਹੋ ਗਿਆ। ਕਾਰ ਬੁਰੀ ਤਰ੍ਹਾਂ ਨੁਕਸਾਨੀ ਗਈ ਅਤੇ ਟਰੱਕ ਦਾ ਵੀ ਕਾਫੀ ਨੁਕਸਾਨ ਹੋਇਆ। ਹਾਦਸੇ ਦੀ ਸੂਚਨਾ ਮਿਲਦੇ ਹੀ ਪੁਲਸ ਚੌਕੀ ਨੌਸ਼ਹਿਰਾ ਮੱਝਾ ਸਿੰਘ ਦੇ ਏ ਐਸ ਆਈ ਮੋਹਨ ਸਿੰਘ ਨੇ ਪੁਲਸ ਪਾਰਟੀ ਸਮੇਤ ਮੌਕੇ 'ਤੇ ਪਹੁੰਚ ਕੇ ਘਟਨਾ ਸਥਾਨ ਦਾ ਜਾਇਜ਼ਾ ਲਿਆ। ਪੁਲਸ ਚੌਕੀ ਨੌਸ਼ਹਿਰਾ ਮੱਝਾ ਸਿੰਘ ਦੇ ਇੰਚਾਰਜ ਰਮੇਸ਼ ਕੁਮਾਰ ਨੇ ਦੱਸਿਆ ਕਿ ਹਾਦਸੇ ਦੌਰਾਨ ਜ਼ਖਮੀ ਹੋਏ ਕਾਰ ਚਾਲਕ ਝਿਰਮਲ ਸਿੰਘ ਨੂੰ ਇਲਾਜ ਲਈ ਹਸਪਤਾਲ ਬਟਾਲਾ ਵਿਖੇ ਪਹੁੰਚਾਇਆ ਅਤੇ ਹਾਦਸਗ੍ਰਸਤ ਵਾਹਨਾਂ ਨੂੰ ਕਬਜ਼ੇ ਵਿੱਚ ਲੈ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਹਾਦਸੇ ਦੌਰਾਨ ਜ਼ਖਮੀ ਹੋਇਆ ਕਾਰ ਚਾਲਕ ਝਿਰਮਲ ਸਿੰਘ ਪੁੱਤਰ ਜਰਨੈਲ ਸਿੰਘ ਵਾਸੀ ਚੰਡੇਰ (ਤਰਨ ਤਾਰਨ) ਜੋ ਕਿ ਪਠਾਨਕੋਟ ਵਿਖੇ ਫੌਜ ਵਿੱਚ ਡਿਊਟੀ ਕਰਦਾ ਦੱਸਿਆ ਜਾ ਰਿਹਾ ਹੈ, ਉਹ ਛੁੱਟੀ ਲੈ ਕੇ ਆਪਣੀ ਬਰੇਜ਼ਾ ਕਾਰ ਨੰਬਰ ਪੀ ਬੀ 46 ਏ ਈ 9590 ਰਾਹੀਂ ਇਕੱਲਾ ਹੀ ਆਪਣੇ ਘਰ ਨੂੰ ਜਾ ਰਿਹਾ ਸੀ। ਹਾਦਸਾਗ੍ਰਸਤ ਟਰੱਕ ਨੰਬਰ ਪੀ ਬੀ 07 ਏ ਐਸ 5387 ਦੇ ਡਰਾਈਵਰ ਜਸਬੀਰ ਸਿੰਘ ਵਾਸੀ ਦਾਊਵਾਲ ਨੇ ਦੱਸਿਆ ਕਿ ਉਹ ਬਟਾਲੇ ਤੋਂ ਧਾਰੀਵਾਲ ਆਉਂਦੇ ਸਮੇਂ ਜਦੋਂ ਕਸਬਾ ਨੌਸ਼ਹਿਰਾ ਮੱਝਾ ਸਿੰਘ ਵਿਖੇ ਪਹੁੰਚਾ ਤਾਂ ਅੱਗੇ ਨੈਸ਼ਨਲ ਹਾਈਵੇ ਉਪਰ ਇਸ ਪਾਸੇ ਰੋਡ ਮੁਰੰਮਤ ਦੇ ਚੱਲ ਰਹੇ ਕੰਮ ਕਰਕੇ ਰਸਤਾ ਬੰਦ ਹੋਣ ਕਰਕੇ ਨੈਸ਼ਨਲ ਹਾਈਵੇ ਉਪਰ ਸਾਰੀ ਆਵਾਜਾਈ ਦੂਜੇ ਪਾਸੇ ਆ ਜਾ ਰਹੀ ਰਹੀ ਸੀ। ਇਸੇ ਦੌਰਾਨ ਬਟਾਲੇ ਵਾਲੇ ਪਾਸੇ ਤੋਂ ਧਾਰੀਵਾਲ ਨੂੰ ਜਾਂਦੇ ਸਮੇਂ ਜਦੋਂ ਕਸਬਾ ਨੌਸ਼ਹਿਰਾ ਮੱਝਾ ਸਿੰਘ ਤੋਂ ਥੋੜ੍ਹਾ ਅੱਗੇ ਰਾਧਾ ਸੁਆਮੀ ਸਤਿਸੰਗ ਘਰ ਧਾਰੀਵਾਲ ਦੇ ਸਾਹਮਣੇ ਪਹੁੰਚਾ ਤਾਂ ਅੱਗੋਂ ਧਾਰੀਵਾਲ ਪਾਸੇ ਤੋਂ ਆਈ ਰਹੀ ਬਰੇਜ਼ਾ ਕਾਰ ਦੇ ਡਰਾਈਵਰ ਨੇ ਟਰੱਕ ਵਿੱਚ ਮਾਰ ਦਿੱਤੀ। ਹਾਦਸੇ ਦੌਰਾਨ ਕਾਰ ਬੁਰੀ ਤਰ੍ਹਾਂ ਨਾਲ ਨੁਕਸਾਨੀ ਗਈ ਅਤੇ ਟਰੱਕ ਦਾ ਵੀ ਕਾਫੀ ਨੁਕਸਾਨ ਹੋਇਆ ਹੈ।

# ਸੇਂਟ ਕਬੀਰ ਸਕੂਲ 'ਚ ਸੌ ਫੀਸਦੀ ਹਾਜ਼ਰੀ ਵਾਲੇ ਵਿਦਿਆਰਥੀ ਸਨਮਾਨਤ



ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ ਵਿਖੇ ਅਕਾਦਮਿਕ ਸੈਸ਼ਨ 2023-24 ਦੇ ਦਸਵੀਂ ਤੇ ਬਾਰ੍ਹਵੀਂ ਜਮਾਤ ਦੇ 100 ਪ੍ਰਤੀਸ਼ਤ ਹਾਜ਼ਰੀ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਸਕੂਲ ਵਿੱਚ ਸਵੇਰ ਦੀ ਸਭਾ ਦੌਰਾਨ ਦਸਵੀਂ ਜਮਾਤ (ਸੈਕਸ਼ਨ ਈ) ਦੇ ਵਿਦਿਆਰਥੀ ਧਰਮਪ੍ਰੀਤ ਸਿੰਘ ਸਪੁੱਤਰ ਸਤਨਾਮ ਸਿੰਘ, 12ਵੀਂ ਜਮਾਤ (ਬੀ) ਦੀ ਵਿਦਿਆਰਥਣ ਗੁਰਲੀਨ ਕੌਰ ਸਪੁੱਤਰੀ ਇਕਬਾਲ ਸਿੰਘ, 12ਵੀਂ ਜਮਾਤ (ਸੈਕਸ਼ਨ ਡੀ) ਦੀ ਵਿਦਿਆਰਥਣ ਦਮਨਜੀਤ ਕੌਰ ਸਪੁੱਤਰੀ ਗੁਰਨਾਮ ਸਿੰਘ ਨੂੰ ਸਮੁੱਚੇ ਵਿਦਿਆਰਥੀਆਂ ਸਾਹਮਣੇ ਪ੍ਰਿੰਸੀਪਲ ਐਸ.ਬੀ.ਨਾਯਰ ਅਤੇ ਪ੍ਰਬੰਧਕ ਮੈਡਮ ਨਵਦੀਪ ਕੌਰ ਤੇ ਕੁਲਦੀਪ ਕੌਰ ਵਲੋਂ ਸੌ ਫੀਸਦ ਹਾਜ਼ਰੀ ਯਕੀਨੀ ਬਣਾਉਣ ਵਾਲੇ ਇਨ੍ਹਾਂ ਵਿਦਿਆਰਥੀਆਂ ਨੂੰ ਸਨਮਾਨ ਚਿੰਨ੍ਹ ਤੇ ਸਰਟੀਫਿਕੇਟ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਅਤੇ ਵਧਾਈ ਦਿੱਤੀ ਗਈ। ਇਸ ਮੌਕੇ ਪ੍ਰਿੰਸੀਪਲ ਨਾਯਰ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਕੋਈ ਵੀ ਟੀਚਾ ਪ੍ਰਾਪਤ ਕਰਨਾ ਔਖਾ ਨਹੀਂ ਹੁੰਦਾ ਜੇਕਰ ਉਸ ਤੱਕ ਪਹੁੰਚਣ ਲਈ ਦ੍ਰਿੜ੍ਹਤਾ ਹੋਵੇ। ਸਕੂਲ ਮੈਨੇਜਮੈਂਟ ਮੈਂਬਰ ਨਵਦੀਪ ਕੌਰ ਨੇ ਵੀ ਬੱਚਿਆਂ ਦੀ ਹੌਂਸਲਾ ਅਫਜ਼ਾਈ ਕਰਦਿਆਂ ਕਿਹਾ ਕਿ ਅਜਿਹੇ ਸਨਮਾਨ ਵਿਦਿਆਰਥੀਆਂ ਨੂੰ ਜ਼ਿੰਦਗੀ ਵਿੱਚ ਅੱਗੇ ਵਧਣ ਲਈ ਪ੍ਰੇਰਨਾਦਾਇਕ ਹੁੰਦੇ ਹਨ ਮੈਡਮ ਨਵਦੀਪ ਕੌਰ ਨੇ ਇਨ੍ਹਾਂ ਵਿਦਿਆਰਥੀਆਂ ਦੇ ਪਰਵਾਰ ਦੀ ਵੀ ਪ੍ਰਸੰਸਾ ਕੀਤੀ ਜਿਨ੍ਹਾਂ ਦੇ ਯੋਗਦਾਨ ਸਦਕਾ ਇਹ ਵਿਦਿਆਰਥੀ ਸਾਲ- ਭਰ ਸਕੂਲ ਵਿੱਚ ਹਾਜ਼ਰ ਰਹੇ। ਇਸ ਮੌਕੇ ਅਧਿਆਪਕਾ ਜਸਵਿੰਦਰ ਕੌਰ, ਮੈਡਮ ਮਨੂੰ , ਨੇਹਾ ਸਲਾਰੀਆ, ਵਿਸ਼ਾਲ ਸਿੰਘ, ਵਿਸ਼ਾਲ ਸ਼ਰਮਾ ਸਮੇਤ ਸਮੂਹ ਅਧਿਆਪਕ ਤੇ ਵਿਦਿਆਰਥੀ ਹਾਜ਼ਰ ਸਨ।

# ਮਜ਼ਦੂਰ ਦਿਹਾੜੀ ਦੇ ਘੰਟੇ ਵਧਾ ਕੇ 'ਆਪ' ਨੇ ਮਜ਼ਦੂਰ ਵਿਰੋਧੀ ਹੋਣ ਦਾ ਸਬੂਤ ਦਿੱਤਾ : ਦਰਾਜਕੇ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)- ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਨੇ ਮਜ਼ਦੂਰਾਂ ਦੀ ਦਿਹਾੜੀ ਅੱਠ ਘੰਟੇ ਤੋਂ ਵਧਾ ਕੇ ਬਾਰਾਂ ਘੰਟੇ ਕਰਕੇ ਮਜ਼ਦੂਰ ਵਿਰੋਧੀ ਹੋਣ ਦਾ ਸਬੂਤ ਦਿੱਤਾ ਹੈ। ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਜਨਰਲ ਸੈਕਟਰੀ ਚਮਨ ਲਾਲ ਦਰਾਜਕੇ ਨੇ 'ਨਵਾਂ ਜ਼ਮਾਨਾ' ਨਾਲ ਗੱਲਬਾਤ ਕਰਦਿਆਂ ਕੀਤਾ। ਦਰਾਜਕੇ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਕਾਰਪੋਰੇਟ ਘਰਾਣਿਆਂ ਨੂੰ ਫਾਇਦਾ ਪਹੁੰਚਾਉਣ ਲਈ ਕਿਰਤੀਆਂ ਦਾ ਸ਼ੋਸ਼ਣ ਕਰਨ ਜਾ ਰਹੀ ਹੈ। ਇਸ ਮੌਕੇ ਉਨ੍ਹਾਂ ਕਿਹਾ ਕਿ ਜੇਕਰ ਆਉਣ ਵਾਲੇ ਦਿਨਾਂ ਵਿੱਚ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਆਪਣੇ ਇਸ ਫੈਸਲੇ ਨੂੰ ਵਾਪਸ ਨਹੀਂ ਲੈਂਦੇ ਤਾਂ ਉਹ ਕਿਰਤੀਆਂ ਨੂੰ ਸ਼ੋਸ਼ਤ ਹੋਣ ਤੋਂ ਬਚਾਉਣ ਲਈ ਪੰਜਾਬ ਸਰਕਾਰ ਖਿਲਾਫ ਤਿੱਖੇ ਸੰਘਰਸ਼ ਵਿੱਢਣਗੇ। ਇਸ ਮੌਕੇ ਜਥੇਬੰਦੀ ਦੇ ਸੀਨੀਅਰ ਆਗੂ ਜਸਵੰਤ ਸਿੰਘ ਭਿੱਖੀਵਿੰਡ ਤੇ ਮਨਦੀਪ ਸਿੰਘ ਕਲਸੀ ਨੇ ਕਿਹਾ ਕਿ ਮਾਨ ਸਰਕਾਰ ਨੇ ਹੁਣ ਤੱਕ ਮਜ਼ਦੂਰਾਂ ਦੀ ਜ਼ਿੰਦਗੀ 'ਚ ਉਜਾਲਾ ਲਿਆਉਣ ਲਈ ਕੋਈ ਵੀ ਉਪਰਾਲਾ ਨਹੀਂ ਕੀਤਾ । ਉਪਰੋਕਤ ਆਗੂਆਂ ਨੇ ਕਿਹਾ ਕਿ ਮੁੱਖ ਮੰਤਰੀ ਮਾਨ ਵੱਲੋਂ ਕਿਰਤੀਆਂ ਦੀ ਦਿਹਾੜੀ ਅੱਠ ਤੋਂ ਬਾਰਾਂ ਘੰਟੇ ਕਰਨ ਦਾ ਫੈਸਲਾ ਮਿਹਨਤਕਸ਼ ਲੋਕਾਂ ਨਾਲ ਬੇਇਨਸਾਫੀ ਹੈ। ਇਸ ਮੌਕੇ ਉਨ੍ਹਾਂ ਪੰਜਾਬ ਸਰਕਾਰ ਪਾਸੋਂ ਗਰੀਬ ਲੋਕਾਂ ਨੂੰ ਪੰਚਾਇਤੀ ਜ਼ਮੀਨਾਂ ਵਿੱਚੋਂ ਦਸ-ਦਸ ਮਰਲਿਆਂ ਦੇ ਪਲਾਟ ਅਲਾਟ ਕਰਨ, ਘਰ ਉਸਾਰਨ ਲਈ ਪੰਜ ਲੱਖ ਦੀ ਗ੍ਰਾਂਟ ਜਾਰੀ ਕਰਨ, ਬੁਢਾਪਾ, ਵਿਧਵਾ ਤੇ ਅੰਗਹੀਣ ਪੈਨਸ਼ਨ ਘੱਟੋ-ਘੱਟ ਪੰਜ ਹਜ਼ਾਰ ਰੁਪਏ ਦੇਣ, ਵੰਡ ਪ੍ਰਣਾਲੀ ਨੂੰ ਮਜ਼ਬੂਤ ਕਰਕੇ ਰਸੋਈ ਅੰਦਰ ਵਰਤੀਆਂ ਜਾਣ ਵਾਲੀਆਂ ਵਸਤੂਆਂ ਸਬਸਿਡੀ 'ਤੇ ਦੇਣ ਦੀ ਮੰਗ ਕੀਤੀ ਹੈ।

ਇਸ ਮੌਕੇ ਤਰਸੇਮ ਸਿੰਘ, ਗੋਰਾ ਸਿੰਘ ਸੈਕਟਰੀ, ਦਿਲਬਾਗ ਸਿੰਘ, ਪ੍ਰੇਮ ਸਿੰਘ, ਮਿੰਟੂ ਹਲਵਾਈ, ਪ੍ਰੇਮਾ ਸਿੰਘ, ਗੁਰਪ੍ਰੀਤ ਸਿੰਘ, ਗੁਰਲਾਲ ਸਿੰਘ, ਸੁੱਖਾ ਸਿੰਘ ਮਿਸਤਰੀ, ਗੁਰਪਾਲ ਸਿੰਘ, ਜੋਬਨ ਸਿੰਘ, ਅਮਰਜੀਤ ਅੰਬੂ, ਗੁਰਵਿੰਦਰ ਫੌਜੀ, ਲੱਖਾ ਸਿੰਘ ਹਲਵਾਈ, ਅਮਰਜੀਤ ਬਾਬਾ, ਸੁਖਦੇਵ ਸਿੰਘ ਬੱਬੀ ਪਹਿਲਵਾਨਕੇ ਆਦਿ ਹਾਜ਼ਰ ਸਨ।

# ਕੈਬਨਿਟ ਮੰਤਰੀ ਪੰਜਾਬ ਨੇ ਵਿਧਾਨ ਸਭਾ ਹਲਕਾ ਭੋਆ ਦੇ ਪਿੰਡਾਂ ਦੇ ਲੋਕਾਂ ਦੀਆਂ ਮੁਸ਼ਕਲਾਂ ਮੌਕੇ 'ਤੇ ਕੀਤੀਆਂ ਹੱਲ



ਪਠਾਨਕੋਟ (ਦਵਿੰਦਰ ਸਿੰਘ)-ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲੋਕਾਂ ਦੀ ਸੁਵਿਧਾ ਦੇ ਲਈ "ਆਪ ਦੀ ਸਰਕਾਰ ਆਪ ਦੇ ਦੁਆਰਾ" ਮੁਹਿੰਮ ਤਹਿਤ ਜਿਲ੍ਹੇ ਅੰਦਰ ਲੋਕ ਸੁਵਿਧਾ ਕੈਂਪਾਂ ਨੂੰ ਲੈ ਕੇ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ, ਇਨ੍ਹਾਂ ਕੈਂਪਾਂ ਦੇ ਲਗਾਉਣ ਨਾਲ ਲੋਕਾਂ ਦੇ ਅੱਜ ਦੇ ਕਾਰਜ ਅੱਜ ਹੀ ਕੀਤੇ ਜਾਂਦੇ ਹਨ ਅਤੇ ਲੋਕਾਂ ਨੂੰ ਖੱਜਲ ਖੁਆਰੀ ਤੋਂ ਰਾਹਤ ਮਿਲ ਰਹੀ ਹੈ। ਲੋਕਾਂ ਨੂੰ ਅਪਣੇ ਘਰਾਂ ਅੰਦਰ ਬੈਠਿਆਂ ਹੀ ਸਰਕਾਰੀ ਸੁਵਿਧਾਵਾਂ ਦਾ ਲਾਭ ਮਿਲ ਰਿਹਾ ਹੈ। ਇਹ ਪਗਟਾਵਾ ਲਾਲ ਚੰਦ ਕਟਾਰੂਚੱਕ ਵਣ ਅਤੇ ਜੰਗਲੀ ਜੀਵ ਸੁਰੱਖਿਆ, ਖੁਰਾਕ ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਪੰਜਾਬ ਨੇ ਅੱਜ ਪਿੰਡ ਬਨੀਲੋਧੀ ਵਿਖੇ ਲਗਾਏ ਗਏ ਲੋਕ ਸੁਵਿਧਾ ਕੈਂਪ ਦਾ ਦੌਰਾ ਕਰਨ ਮਗਰੋਂ ਕੀਤਾ । ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਵਸ੍ਰੀ ਰਾਜ ਕੁਮਾਰ ਨਾਇਬ ਤਹਿਸੀਲਦਾਰ ਪਠਾਨਕੋਟ, ਜਸਬੀਰ ਕੌਰ ਬਲਾਕ ਵਿਕਾਸ ਪੰਚਾਇਤ ਅਧਿਕਾਰੀ, ਪਵਨ ਕੁਮਾਰ ਫੌਜੀ ਬਲਾਕ ਪ੍ਰਧਾਨ, ਨਰੇਸ਼ ਸੈਣੀ ਜ਼ਿਲ੍ਹਾ ਪ੍ਰਧਾਨ ਬੀ.ਸੀ. ਵਿੰਗ, ਸੰਦੀਪ ਕੁਮਾਰ ਬਲਾਕ ਪ੍ਰਧਾਨ, ਠਾਕੁਰ ਭੁਪਿੰਦਰ ਸਿੰਘ, ਸੋਰਭ ਬਹਿਲ ਜਨਰਲ ਸਕੱਤਰ, ਅੰਕੁਰ ਬੇਦੀ, ਦੀਪਕ ਵਾਲੀਆ, ਖੁਸ਼ਬੀਰ ਕਾਟਲ, ਸ਼ੰਕੁਤਲਾ ਦੇਵੀ ਸਰਪੰਚ ਖੋਬਾ, ਦੀਕਸ਼ਾ ਕੁਮਾਰੀ ਸਰਪੰਚ ਗਤੋਰਾ, ਦੀਪਕ ਕੁਮਾਰ, ਰਾਕੇਸ਼ ਗੋਰੀ, ਤਰਸੇਮ ਲਾਲ, ਰੋਹਿਤ, ਸਰਪੰਚ ਰਜਨੀ ਸੈਣੀ, ਰਜਿੰਦਰ ਸਿੰਘ ਭਿੱਲਾ ਬਲਾਕ ਪ੍ਰਧਾਨ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ। ਅੱਜ ਜਿਲ੍ਹਾ ਪਠਾਨਕੋਟ ਦੇ ਪਿੰਡ ਖੋਬਾ, ਗਤੋਰਾ, ਕਲੇਸਰ ਅਤੇ ਬਨੀਲੋਧੀ ਅੰਦਰ ਲੋਕ ਸੁਵਿਧਾ ਕੈਂਪ ਲਗਾਏ ਗਏ। ਕੈਬਨਿਟ ਮੰਤਰੀ ਕਟਾਰੂਚੱਕ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨੂੰ ਸਰਕਾਰੀ ਸੁਵਿਧਾਵਾਂ ਉਨ੍ਹਾਂ ਦੇ ਘਰਾਂ ਦੇ ਨਜ਼ਦੀਕ ਦੇਣ ਦੇ ਉਦੇਸ਼ ਨਾਲ ਪੂਰੇ ਪੰਜਾਬ ਅੰਦਰ "ਆਪ ਦੀ ਸਰਕਾਰ ਆਪ ਦੇ ਦੁਆਰ" ਮੁਹਿੰਮ ਤਹਿਤ ਲੋਕ ਸੁਵਿਧਾ ਕੈਂਪ ਲਗਾ ਰਹੀ ਹੈ। ਇਸ ਨਾਲ ਲੋਕਾਂ ਨੂੰ ਬਹੁਤ ਲਾਭ ਹੋ ਰਿਹਾ ਹੈ ਅਤੇ ਲੋਕਾਂ ਦੇ ਸਮੇਂ ਦੀ ਬੱਚਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਕੈਂਪ ਵਿੱਚ ਲੋਕਾਂ ਨੂੰ ਪੰਜਾਬ ਸਰਕਾਰ ਦੀਆਂ ਵੱਖ-ਵੱਖ ਤਰ੍ਹਾਂ ਦੀਆਂ ਸੇਵਾਵਾਂ ਜਿਸ ਤਰ੍ਹਾਂ ਸੇਵਾ ਕੇਂਦਰ, ਮਾਲ ਵਿਭਾਗ, ਸਿਹਤ ਵਿਭਾਗ, ਨਗਰ ਨਿਗਮ, ਕਿਰਤ ਵਿਭਾਗ, ਬੈਂਕ ਵਿਭਾਗ, ਬਿਜਲੀ ਵਿਭਾਗ, ਜ਼ਿਲ੍ਹਾ ਸਮਾਜਿਕ ਨਿਆਂ ਅਤੇ ਅਧਿਕਾਰਤ ਵਿਭਾਗ ਅਤੇ ਹੋਰ ਵੱਖ-ਵੱਖ ਵਿਭਾਗਾਂ ਵੱਲੋਂ ਆਪਣੇ-ਆਪਣੇ ਕਾਊਂਟਰ ਲਗਾ ਕੇ ਲੋਕਾਂ ਨੂੰ ਮੌਕੇ 'ਤੇ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਨੇ ਇਸ ਮੌਕੇ ਲੋਕਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ ਅਤੇ ਮੌਕੇ 'ਤੇ ਹੱਲ ਵੀ ਕੀਤਾ। ਉਨ੍ਹਾਂ ਕੈਂਪਾਂ ਦੌਰਾਨ ਮੌਜੂਦ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਲੋਕਾਂ ਦੇ ਅੱਜ ਦੇ ਕਾਰਜ ਅੱਜ ਹੀ ਕੀਤੇ ਜਾਣ ਅਤੇ ਦੂਸਰੇ ਦਿਨ 'ਤੇ ਕੋਈ ਵੀ ਕੰਮ ਨਾ ਛੱਡਿਆ ਜਾਵੇ।

# ਸਕੋਡਾ ਆਟੋ ਇੰਡੀਆ ਨੇ ਸਲਾਵੀਆ ਸਟਾਈਲ ਐਡੀਸ਼ਨ ਲਾਂਚ ਕੀਤਾ

**ਅੰਮ੍ਰਿਤਸਰ** - ਦੋ ਸਾਲਾਂ ਵਿੱਚ ਇੱਕ ਲੱਖ ਵਿਕਰੀ ਪ੍ਰਾਪਤ ਕਰਨ ਤੋਂ ਬਾਅਦ ਆਪਣੀ ਪਹਿਲੀ ਉਤਪਾਦ ਕਾਰਵਾਈ ਕੀ ਹੈ, ਸਕੋਡਾ ਆਟੋ ਇੰਡੀਆ ਨੇ ਆਪਣੀ ਸਭ ਤੋਂ ਵੱਧ ਵਿਕਣ ਵਾਲੀ, ਪੰਜ-ਸਿਤਾਰਾ ਸੁਰੱਖਿਅਤ, ਕਰੈਸ਼-ਟੈਸਟਡ ਸੇਡਾਨ ਦਾ ਸਲਾਵੀਆ ਸਟਾਈਲ ਐਡੀਸ਼ਨ ਪੇਸ਼ ਕੀਤਾ ਹੈ। ਉਤਪਾਦ ਬਾਰੇ ਬੋਲਦੇ ਹੋਏ ਸਕੋਡਾ ਆਟੋ ਇੰਡੀਆ ਦੇ ਬ੍ਰਾਂਡ ਨਿਰਦੇਸ਼ਕ ਪੇਟਰ ਜਨੇਬਾ ਨੇ ਕਿਹਾ: "ਸਲਾਵੀਆ ਸਟਾਈਲ ਐਡੀਸ਼ਨ ਸਾਡੇ ਸਮਝਦਾਰ ਗਾਹਕਾਂ ਨੂੰ ਸੁਣਨ ਅਤੇ ਸਾਡੇ ਗਾਹਕਾਂ ਲਈ ਇੱਕ ਬਹੁਤ ਹੀ ਵਿਸ਼ੇਸ਼ ਪਰ ਉੱਚ ਮੁੱਲ ਵਾਲੇ ਉਤਪਾਦ ਦੀ ਪੇਸ਼ਕਸ਼ ਕਰਨ ਦਾ ਇੱਕ ਹੋਰ ਉਦਾਹਰਨ ਹੈ। ਇਹ ਬਹੁਤ ਹੀ ਸੀਮਤ ਸੰਖਿਆ ਵਿੱਚ ਆਉਂਦਾ ਹੈ, ਸਾਡੇ ਗਾਹਕਾਂ ਦੇ ਇੱਕ ਬਹੁਤ ਹੀ ਕੇਂਦਰਿਤ ਸਮੂਹ ਲਈ, ਪਰ ਭਾਰਤ ਭਰ ਵਿੱਚ ਸਾਡੇ 200 ਤੋਂ ਵੱਧ ਸੇਲ ਟੱਚਪੁਆਇੰਟਸ ਤੱਕ ਪਹੁੰਚਯੋਗ ਹੋਵੇਗਾ।" "ਸਟਾਈਲ ਐਡੀਸ਼ਨ ਸਲਾਵੀਆ ਦੇ ਟਾਪ-ਆਫ-ਦੀ-ਲਾਈਨ ਸਟਾਈਲ ਵੇਰੀਐਂਟ ਦੇ ਉੱਪਰ ਸਲਾਟ ਕੀਤਾ ਗਿਆ ਹੈ। ਇਹ ਡਿਊਲ ਡੈਸ਼ ਕੈਮਰੇ ਵਰਗੀਆਂ ਵਿਸ਼ੇਸ਼ਤਾਵਾਂ ਨਾਲ ਸਟੈਂਡਰਡ ਆਉਂਦਾ ਹੈ। ਇਹ ਬਲੈਕ-ਆਊਟ ਬੀ-ਪਿਲਰਸ, ਕਾਲੇ ਸ਼ੀਸ਼ੇ ਦੇ ਕਵਰ ਅਤੇ ਇੱਕ ਬਲੈਕ ਰੂਫ ਫੋਇਲ 'ਤੇ ਇੱਕ 'ਐਡੀਸ਼ਨ' ਬੈਜ ਦੀ ਮੇਜ਼ਬਾਨੀ ਕਰਦਾ ਹੈ। ਕਾਰ ਤੋਂ ਬਾਹਰ ਨਿਕਲਣ 'ਤੇ ਬ੍ਰਾਂਡ ਲੋਗੋ ਪ੍ਰੋਜੈਕਸ਼ਨ ਦੇ ਨਾਲ ਇੱਕ ਪੁਡਲ ਲੈਂਪ ਦਿਖਾਈ ਦੇਵੇਗਾ।

# ਸੜਕੀ ਹਾਦਸਿਆਂ ਨੂੰ ਠੱਲ੍ਹ ਪਾਉਣ ਲਈ ਟ੍ਰੈਫਿਕ ਨਿਯਮਾਂ ਦੀ ਪਾਲਣਾ ਜ਼ਰੂਰੀ : ਆਰ.ਟੀ.ਓ.



ਗੁਰਦਾਸਪੁਰ, (ਦਿਨੇਸ਼ ਕੁਮਾਰ)- ਰੋਜ਼ਾਨਾ ਹੁੰਦੇ ਸੜਕੀ ਹਾਦਸਿਆਂ ਨੂੰ ਠੱਲ੍ਹ ਪਾਉਣਾ ਅੱਜ ਦੇ ਸਮੇਂ ਦੀ ਵੱਡੀ ਲੋੜ ਹੈ ਕਿਉਂਕਿ ਵਧੇਰੇ ਸੜਕੀ ਹਾਦਸੇ ਇਸ ਲਈ ਹੀ ਵਾਪਰਦੇ ਹਨ ਕਿ ਵਾਹਨ ਚਾਲਕ ਟ੍ਰੈਫਿਕ ਨਿਯਮਾਂ ਦੀ ਸਹੀ ਢੰਗ ਨਾਲ ਪਾਲਣਾ ਨਹੀਂ ਕਰਦੇ। ਇਸ ਲਈ ਇਹ ਜ਼ਰੂਰੀ ਹੈ ਕਿ ਵਾਹਨ ਚਲਾਉਂਦੇ ਸਮੇਂ ਟ੍ਰੈਫਿਕ ਨਿਯਮਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ ਤਾਂ ਜੋ ਸੜਕੀ ਹਾਦਸਿਆਂ ਵਿੱਚ ਜਾਂਦੀਆਂ ਅਨਮੋਲ ਮਨੁੱਖੀ ਜਾਨਾਂ ਨੂੰ ਬਚਾਇਆ ਜਾ ਸਕੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਰਿਜਨਲ ਟਰਾਂਸਪੋਰਟ ਅਫਸਰ, ਗੁਰਦਾਸਪੁਰ ਦਵਿੰਦਰ ਕੁਮਾਰ ਨੇ ਪੰਜਾਬ ਸਰਕਾਰ ਵੱਲੋਂ ਮਨਾਏ ਗਏ ਸੜਕ ਸੁਰੱਖਿਆ ਮਹੀਨੇ ਸਬੰਧੀ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਟ੍ਰੈਫਿਕ ਨਿਯਮਾਂ ਦੀ ਪਾਲਣਾ ਲਈ ਸੁਚੇਤ ਹੋਣਾ ਚਾਹੀਦਾ ਹੈ ਅਤੇ ਤੈਅ ਕੀਤੀ ਗਈ ਰਫਤਾਰ ਤੋਂ ਵੱਧ ਰਫਤਾਰ ਵਿੱਚ ਵਾਹਨ ਨਹੀਂ ਚਲਾਉਣੇ ਚਾਹੀਦੇ ਕਿਉਂਕਿ ਵੱਧ ਰਫਤਾਰ ਵਿੱਚ ਵਾਹਨ ਚਲਾਉਣ ਕਾਰਨ ਵੀ ਅਕਸਰ ਹਾਦਸੇ ਵਾਪਰ ਜਾਂਦੇ ਹਨ। ਉਨ੍ਹਾ ਕਿਹਾ ਕਿ ਸਰਕਾਰ ਵੱਲੋਂ ਸੜਕ ਹਾਦਸਿਆਂ ਦੇ ਸ਼ਿਕਾਰ ਵਿਅਕਤੀਆਂ ਨੂੰ ਹਸਪਤਾਲਾਂ ਤੱਕ ਪਹੁੰਚਾਉਣ ਵਾਸਤੇ ਤਾਇਨਾਤ ਕੀਤੀ ਗਈ ਸੜਕ ਸੁਰੱਖਿਆ ਫੋਰਸ ਵੱਲੋਂ ਵੀ ਦੁਰਘਟਨਾਵਾਂ ਵਿੱਚ ਜ਼ਖਮੀ ਹੋਏ ਵਿਅਕਤੀਆਂ ਨੂੰ ਹਸਪਤਾਲਾਂ ਤੱਕ ਪਹੁੰਚਾਉਣ ਲਈ ਸ਼ਲਾਘਾਯੋਗ ਸੇਵਾਵਾਂ ਨਿਭਾਈਆਂ ਜਾ ਰਹੀਆਂ ਹਨ। ਉਨ੍ਹਾਂ ਜ਼ਿਲ੍ਹੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਆਪਣੇ ਛੋਟੇ ਬੱਚਿਆਂ ਨੂੰ ਕਿਸੇ ਵੀ ਕਿਸਮ ਦਾ ਵਾਹਨ ਚਲਾਉਣ ਦੀ ਆਗਿਆ ਨਾ ਦਿੱਤੀ ਜਾਵੇ ਅਤੇ ਆਪਣੇ ਆਲੇ ਦੁਆਲੇ ਦੇ ਲੋਕਾਂ ਨੂੰ ਵੀ ਜਾਗਰੂਕ ਕੀਤਾ ਜਾਵੇ ਤਾਂ ਜੋ ਅਨਮੋਲ ਮਨੁੱਖੀ ਜਾਨਾਂ ਬਚਾਈਆਂ ਜਾ ਸਕਣ। ਸੜਕ ਸੁਰੱਖਿਆ ਮਹੀਨੇ ਸਬੰਧੀ ਰਿਜਨਲ ਟਰਾਂਸਪੋਰਟ ਅਫਸਰ ਦਵਿੰਦਰ ਕੁਮਾਰ ਨੇ ਦੱਸਿਆ ਕਿ ਸੜਕ ਸੁਰੱਖਿਆ ਮਹੀਨੇ ਸਬੰਧੀ ਵੱਖ-ਵੱਖ ਥਾਵਾਂ 'ਤੇ ਜਾਗਰੂਕਤਾ ਕੈਂਪ ਲਗਾ ਕੇ ਲੋਕਾਂ ਨੂੰ ਆਵਾਜਾਈ ਨਿਯਮਾਂ ਸਬੰਧੀ ਜਾਗਰੂਕ ਕੀਤਾ ਗਿਆ ਅਤੇ ਵਾਹਨਾਂ ਉੱਪਰ ਰਿਫਲੈਕਟਿੰਗ ਟੇਪਾਂ ਲਗਾਈਆਂ ਗਈਆਂ ਤਾਂ ਜੋ ਰਾਤ ਸਮੇਂ ਹੋਣ ਵਾਲੇ ਹਾਦਸਿਆਂ ਨੂੰ ਰੋਕਿਆ ਜਾ ਸਕੇ। ਉਨ੍ਹਾਂ ਇਹ ਵੀ ਦੱਸਿਆ ਕਿ ਮੈਡੀਕਲ ਕੈਂਪ ਲਗਾ ਕੇ ਟਰਾਂਸਪੋਰਟਰ ਤੇ ਟਰੱਕ ਯੂਨੀਅਨਾਂ ਦੇ ਡਰਾਈਵਰਾਂ ਦੀਆਂ ਅੱਖਾਂ ਦਾ ਚੈੱਕਅਪ ਕੀਤਾ ਗਿਆ ਅਤੇ ਉਨ੍ਹਾਂ ਨੂੰ ਸੜਕ ਸੁਰੱਖਿਆ ਸਬੰਧੀ ਸਾਹਿਤ ਵੀ ਵੰਡਿਆ ਗਿਆ। ਇਸ ਤੋਂ ਇਲਾਵਾ ਟ੍ਰੈਫਿਕ ਨਿਯਮਾਂ ਦੀ ਜਾਣਕਾਰੀ ਦੇਣ ਲਈ ਵਿਸ਼ੇਸ਼ ਸੈਮੀਨਾਰ ਵੀ ਲਗਾਏ ਗਏ।

# ਖ਼ਾਲਸਾ ਕਾਲਜ ਇੰਜੀਨੀਅਰਿੰਗ 'ਚ ਰਾਸ਼ਟਰੀ ਮਹਿਲਾ ਦਿਵਸ ਮਨਾਇਆ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਖ਼ਾਲਸਾ ਕਾਲਜ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ, ਰਣਜੀਤ ਐਵੀਨਿਊ ਦੇ ਐਨ. ਸੀ. ਸੀ. ਵਿੰਗ ਨੇ ਐਨ. ਸੀ. ਸੀ. ਪੰਜਾਬ ਬਟਾਲੀਅਨ 24 ਅਤੇ ਕਾਲਜ ਦੇ ਵੂਮੈਨ ਸੈੱਲ ਦੇ ਸਹਿਯੋਗ ਨਾਲ ਰਾਸ਼ਟਰੀ ਮਹਿਲਾ ਦਿਵਸ ਮਨਾਇਆ ਗਿਆ। ਕਾਲਜ ਡਾਇਰੈਕਟਰ ਡਾ. ਮੰਜੂ ਬਾਲਾ ਦੇ ਦਿਸ਼ਾ ਨਿਰਦੇਸ਼ਾਂ 'ਤੇ ਕਰਵਾਏ ਗਏ ਪ੍ਰੋਗਰਾਮ ਮੌਕੇ ਪੋਸਟਰ ਮੇਕਿੰਗ ਮੁਕਾਬਲੇ ਦਾ ਵੀ ਆਯੋਜਨ ਕੀਤਾ। ਸਮਾਗਮ ਦੀ ਸ਼ੁਰੂਆਤ ਡਾਇਰੈਕਟਰ ਡਾ. ਮੰਜੂ ਬਾਲਾ ਨੇ ਆਏ ਮਹਿਮਾਨਾਂ ਨਾਇਬ ਸੂਬੇਦਾਰ ਜਸਵੰਤ ਸਿੰਘ ਅਤੇ ਕੁਲਵਿੰਦਰ ਸਿੰਘ ਨਾਲ ਮਿਲ ਕੇ ਸ਼ਮ੍ਹਾਂ ਰੌਸ਼ਨ ਕਰਕੇ ਕੀਤੀ। ਇਸ ਮੌਕੇ ਡਾ. ਬਾਲਾ ਨੇ ਰਾਸ਼ਟਰ ਨਿਰਮਾਣ 'ਚ ਔਰਤਾਂ ਦੀ ਅਹਿਮ ਭੂਮਿਕਾ ਅਤੇ ਅਜੋਕੇ ਸਮਾਜ 'ਚ ਮਹਿਲਾ ਸਸ਼ਕਤੀਕਰਨ ਦੀ ਮਹੱਤਤਾ ਬਾਰੇ ਚਾਨਣਾ ਪਾਇਆ। ਉਨ੍ਹਾਂ ਵੱਖ-ਵੱਖ ਖੇਤਰਾਂ 'ਚ ਲਿੰਗ ਸਮਾਨਤਾ ਅਤੇ ਔਰਤਾਂ ਲਈ ਮੌਕਿਆਂ ਦੀ ਲੋੜ 'ਤੇ ਜ਼ੋਰ ਦਿੰਦਿਆਂ ਔਰਤਾਂ ਦੀਆਂ ਪ੍ਰਾਪਤੀਆਂ ਅਤੇ ਯੋਗਦਾਨ ਦਾ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਔਰਤਾਂ ਦਾ ਸਸ਼ਕਤੀਕਰਨ ਕੇਵਲ ਉਨ੍ਹਾਂ ਨੂੰ ਮੌਕੇ ਪ੍ਰਦਾਨ ਕਰਨਾ ਹੀ ਨਹੀਂ ਹੈ, ਇਹ ਉਨ੍ਹਾਂ ਪ੍ਰਣਾਲੀਗਤ ਰੁਕਾਵਟਾਂ ਨੂੰ ਖਤਮ ਕਰਨ ਲਈ ਹੈ ਜੋ ਉਨ੍ਹਾਂ ਦੀ ਤਰੱਕੀ 'ਚ ਰੁਕਾਵਟ ਹਨ। ਉਨ੍ਹਾਂ ਕਿਹਾ ਕਿ ਮਹਿਲਾ ਸਸ਼ਕਤੀਕਰਨ ਮਹਿਜ਼ ਇਕ ਬੁਝਾਰਤ ਸ਼ਬਦ ਨਹੀਂ ਹੈ, ਇਹ ਇਕ ਹੋਰ ਬਰਾਬਰੀ ਵਾਲੇ ਅਤੇ ਸਮਾਵੇਸ਼ੀ ਸਮਾਜ ਦੀ ਉਸਾਰੀ ਲਈ ਇਕ ਬੁਨਿਆਦੀ ਲੋੜ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਅਜਿਹਾ ਮਾਹੌਲ ਸਿਰਜਣ ਦਾ ਪ੍ਰਣ ਕਰਨ ਲਈ ਕਿਹਾ ਜਿੱਥੇ ਹਰੇਕ ਔਰਤ ਅਤੇ ਲੜਕੀ ਆਪਣੀ ਸਮਰੱਥਾ ਨੂੰ ਪੂਰਾ ਕਰਦਿਆਂ ਤਰੱਕੀ ਕਰ ਸਕੇ ਅਤੇ ਰਾਸ਼ਟਰ ਨਿਰਮਾਣ 'ਚ ਸਾਰਥਕ ਯੋਗਦਾਨ ਪਾ ਸਕਣ। ਇਸ ਮੌਕੇ ਐਸੋਸੀਏਟ ਪ੍ਰੋਫੈਸਰ ਡਾ. ਸ਼ਰੂਤੀ ਖੰਨਾ ਨੇ ਮਹਿਲਾ ਸਸ਼ਕਤੀਕਰਨ ਦੇ ਵਿਸ਼ੇ 'ਤੇ ਭਾਸ਼ਣ ਦਿੰਦਿਆਂ ਸਮਾਨਤਾ ਪ੍ਰਾਪਤ ਕਰਨ 'ਚ ਔਰਤਾਂ ਨੂੰ ਦਰਪੇਸ਼ ਚੁਣੌਤੀਆਂ ਅਤੇ ਸਸ਼ਕਤੀਕਰਨ ਲਈ ਠੋਸ ਯਤਨਾਂ ਦੀ ਲੋੜ ਬਾਰੇ ਚਰਚਾ ਕੀਤੀ। ਉਨ੍ਹਾਂ ਨੇ ਸਿੱਖਿਆ, ਰੁਜ਼ਗਾਰ ਅਤੇ ਲੀਡਰਸ਼ਿਪ ਦੀਆਂ ਭੂਮਿਕਾਵਾਂ 'ਚ ਔਰਤਾਂ ਨੂੰ ਸਸ਼ਕਤ ਕਰਨ ਦੀਆਂ ਰਣਨੀਤੀਆਂ ਬਾਰੇ ਸਮਝਦਾਰ ਦ੍ਰਿਸ਼ਟੀਕੋਣ ਪ੍ਰਦਾਨ ਕੀਤੇ।

ਇਸ ਤੋਂ ਇਲਾਵਾ ਡਾ. ਖੰਨਾ ਨੇ ਇਕ ਅਨੁਕੂਲ ਮਾਹੌਲ ਸਿਰਜਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਜੋ ਲਿੰਗ ਸਮਾਨਤਾ ਨੂੰ ਉਤਸ਼ਾਹਤ ਕਰਦਾ ਹੈ ਅਤੇ ਔਰਤਾਂ ਨੂੰ ਸਫ਼ਲ ਹੋਣ ਦੇ ਬਰਾਬਰ ਮੌਕੇ ਪ੍ਰਦਾਨ ਕਰਦਾ ਹੈ। ਇਸ ਉਪਰੰਤ ਕਾਲਜ ਦੇ ਐਨ. ਸੀ. ਸੀ. ਕੈਡਿਟਾਂ ਨੇ ਸਮਾਜਿਕ ਤਰੱਕੀ 'ਚ ਔਰਤਾਂ ਦੇ ਸਸ਼ਕਤੀਕਰਨ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਇਕ ਪੋਸਟਰ ਮੇਕਿੰਗ ਸਮਾਗਮ ਕੀਤਾ।

# ਸ੍ਰੀ ਗੁਰੂ ਹਰਿਕ੍ਰਿਸ਼ਨ ਸੈਕੰਡਰੀ ਪਬਲਿਕ ਸਕੂਲ 'ਚ ਮਨਾਇਆ ਗਿਆ ਬਸੰਤ ਪੰਚਮੀ ਦਾ ਤਿਉਹਾਰ



ਝਬਾਲ (ਹਰਜਿੰਦਰ ਸਿੰਘ ਸੋਨੀ)-ਚੀਫ ਖਾਲਸਾ ਦੀਵਾਨ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਝਬਾਲ ਵਿਖੇ ਬਸੰਤ ਪੰਚਮੀ ਦਾ ਤਿਉਹਾਰ ਮਨਾਇਆ ਗਿਆ। ਮੈਡਮ ਸੁਖਵੰਤ ਕੌਰ ਵੱਲੋਂ ਬਸੰਤ ਪੰਚਮੀ ਦੇ ਤਿਉਹਾਰਾਂ ਬਾਰੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ ਗਈ । ਪ੍ਰਿੰਸੀਪਲ ਅਨੂਰੀਤ ਬਾਵਾ ਨੇ ਵਿਦਿਆਰਥੀਆਂ ਨਾਲ ਬਸੰਤ ਪੰਚਮੀ ਬਾਰੇ ਵਿਚਾਰ ਸਾਂਝੇ ਕਰਦਿਆਂ ਹੋਇਆ ਇਸ ਤਿਉਹਾਰ ਨੂੰ ਪਵਿੱਤਰਤਾ, ਭਾਈਚਾਰਕ ਏਕਤਾ ਅਤੇ ਪਿਆਰ ਨਾਲ ਮਨਾਉਣ ਦੇ ਨਾਲ- ਨਾਲ ਬੱਚਿਆਂ ਨੂੰ ਪੜ੍ਹਾਈ ਲਈ ਪ੍ਰੇਰਿਤ ਕੀਤਾ । ਪ੍ਰੀ -ਨਰਸਰੀ ਤੋਂ ਲੈ ਕੇ ਪੰਜਵੀਂ ਜਮਾਤ ਤੱਕ ਦੇ ਬੱਚੇ ਬਸੰਤੀ ਰੰਗ ਦੇ ਕੱਪੜਿਆਂ ਵਿੱਚ ਰੰਗੇ ਹੋਏ ਨਜ਼ਰ ਆਏ। ਇਸ ਮੌਕੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਰਲ ਕੇ ਪੀਲੇ ਪਕਵਾਨ ਖਾਣ ਦਾ ਖ਼ੂਬ ਆਨੰਦਮਾਣਿਆ। ਇਸ ਮੌਕੇ ਸਕੂਲ ਦੇ ਮੈਂਬਰ ਇੰਚਾਰਜ ਮਨਜੀਤ ਸਿੰਘ ਢਿੱਲੋਂ, ਰਮਣੀਕ ਸਿੰਘ ਫਰੀਡਮ, ਗੁਰਪ੍ਰੀਤ ਸਿੰਘ ਜੀ ਸੇਠੀ, ਜਤਿੰਦਰਬੀਰ ਸਿੰਘ ਬਹਿਲ ਅਤੇ ਪ੍ਰਿੰਸੀਪਲ ਅਨੂਰੀਤ ਬਾਵਾ ਵੱਲੋਂ ਵਿਦਿਆਰਥੀਆਂ ਨੂੰ ਬਸੰਤ ਪੰਚਮੀ ਦੀਆਂ ਵਧਾਈਆਂ ਦਿੱਤੀਆਂ ਗਈਆਂ । ਇਸ ਮੌਕੇ ਸਕੂਲ ਦਾ ਸਮੂਹ ਸਟਾਫ਼ ਹਾਜ਼ਰ ਸੀ ।

# ਖ਼ਾਲਸਾ ਕਾਲਜ ਵੂਮੈਨ ਨੂੰ ਮਿਲਿਆ ਖ਼ੁਦਮੁਖ਼ਤਿਆਰ ਦਾ ਰੁਤਬਾ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)- ਖਾਲਸਾ ਕਾਲਜ ਫਾਰ ਵੂਮੈਨ ਨੂੰ ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ, ਨਵੀਂ ਦਿੱਲੀ (ਯੂ. ਜੀ. ਸੀ.) ਵੱਲੋਂ ਖ਼ੁਦਮੁਖ਼ਤਿਆਰ ਦਾ ਰੁਤਬਾ ਪ੍ਰਦਾਨ ਕੀਤਾ ਗਿਆ ਹੈ। ਗੁਰੂ ਨਾਨਕ ਦੇਵ ਯੂਨੀਵਰਸਿਟੀ ਤੋਂ ਮਾਨਤਾ ਪ੍ਰਾਪਤ ਉਕਤ ਕਾਲਜ ਨੂੰ ਯੂ. ਜੀ. ਸੀ. ਦੁਆਰਾ ਏ. ਸੀ. ਪਾਲਿਸੀ ਤਹਿਤ ਖ਼ੁਦਮੁਖ਼ਤਿਆਰ ਦਾ ਦਰਜਾ ਪ੍ਰਦਾਨ ਕੀਤੇ ਜਾਣ 'ਤੇ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਰਜਿੰਦਰ ਮੋਹਨ ਸਿੰਘ ਛੀਨਾ ਨੇ ਪ੍ਰਿੰਸੀਪਲ ਡਾ. ਸੁਰਿੰਦਰ ਕੌਰ ਵਧਾਈ ਦਿੱਤੀ। ਇਸ ਦੌਰਾਨ ਛੀਨਾ ਨੇ ਪ੍ਰਿੰ: ਡਾ. ਸੁਰਿੰਦਰ ਕੌਰ ਅਤੇ ਸਟਾਫ਼ ਦੁਆਰਾ ਵਿਦਿਆਰਥਣਾਂ ਨੂੰ ਸਮੇਂ ਦੇ ਹਾਣ ਬਣਾਉਣ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਪ੍ਰਿੰ: ਸੁਰਿੰਦਰ ਕੌਰ ਨੇ ਕੌਂਸਲ ਦੇ ਪ੍ਰਧਾਨ ਸੱਤਿਆਜੀਤ ਸਿੰਘ ਮਜੀਠੀਆ ਅਤੇ ਛੀਨਾ ਵੱਲੋਂ ਕਾਲਜ ਦੇ ਨਿਰੰਤਰ ਵਿਕਾਸ 'ਚ ਲਗਾਤਾਰ ਸਹਿਯੋਗ ਦੇਣ ਲਈ ਧੰਨਵਾਦ ਕੀਤਾ। ਇਸ ਸ਼ਾਨਦਾਰ ਪ੍ਰਾਪਤੀ 'ਤੇ ਮਾਣ ਮਹਿਸੂਸ ਕਰਦਿਆਂ ਪ੍ਰਿੰ: ਨੇ ਕਿਹਾ ਕਿ ਕਾਲਜ ਦਾ ਮੁੱਖ ਉਦੇਸ਼ ਸਿੱਖਿਆ ਦੇ ਉੱਚਤਮ ਯੂਨੀਵਰਸਲ ਮਿਆਰਾਂ ਨੂੰ ਕਾਇਮ ਰੱਖਣਾ ਅਤੇ ਆਪਣੀਆਂ ਵਿਦਿਆਰਥਣਾਂ ਨੂੰ ਵਿਸ਼ਵ ਪੱਧਰੀ ਸਿੱਖਿਆ ਪ੍ਰਦਾਨ ਕਰਨਾ ਹੈ। ਹੁਣ ਕਾਲਜ ਨੂੰ ਖ਼ੁਦ ਸਿਲੇਬਸ ਤਿਆਰ ਕਰਨ, ਨਵੇਂ ਕੋਰਸ ਸ਼ੁਰੂ ਕਰਨ, ਚੁਆਇਸ ਬੇਸਡ ਕ੍ਰੈਡਿਟ ਸਿਸਟਮ ਲਾਗੂ ਕਰਨ ਅਤੇ ਵਿਦੇਸ਼ੀ ਯੂਨੀਵਰਸਿਟੀਆਂ ਨਾਲ ਸਹਿਯੋਗ ਕਰਨ ਸਬੰਧੀ ਵੀ ਖ਼ੁਦਮੁਖ਼ਤਿਆਰੀ ਹਾਸਲ ਹੋਵੇਗੀ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਪੰਜ ਸਾਲਾ ਏਕੀਕ੍ਰਿਤ ਕੋਰਸ 'ਚ ਐਮ. ਕਾਮ ਅਤੇ ਐਮ. ਏ. (ਪੰਜਾਬੀ), ਗੁਰਮਤਿ ਸੰਗੀਤ 'ਚ ਡਿਪਲੋਮਾ, ਐਨੀਮੇਸ਼ਨ 'ਚ ਸਰਟੀਫਿਕੇਟ ਕੋਰਸ ਅਤੇ ਸਾਈਬਰ ਕ੍ਰਾਈਮ ਵੀ ਨਵੇਂ ਪਾਠਕ੍ਰਮ ਦਾ ਹਿੱਸਾ ਬਣਾਏ ਗਏ ਹਨ। ਇਸ ਮੌਕੇ ਡਾ. ਮਨਬੀਰ ਕੌਰ, ਡਾ. ਚੰਚਲ ਬਾਲਾ, ਡਾ. ਸੁਮਨ ਨਈਅਰ ਵੀ ਹਾਜ਼ਰ ਸਨ।

# ਸਿੱਖ ਨੈਸ਼ਨਲ ਕਾਲਜ ਕਾਦੀਆਂ ਦੀ 75ਵੀਂ ਵਰ੍ਹੇਗੰਢ 17 ਨੂੰ ਮਨਾਈ ਜਾਵੇਗੀ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਸਿੱਖ ਨੈਸ਼ਨਲ ਕਾਲਜ ਕਾਦੀਆਂ ਜਿਸ ਦੀ ਪੁਨਰ ਸਥਾਪਨਾ ਦੇਸ਼ ਦੀ ਵੰਡ ਤੋਂ ਬਾਅਦ ਮਾਰਚ 1948 ਈਸਵੀ ਕਾਦੀਆਂ ਜ਼ਿਲ੍ਹਾ ਗੁਰਦਾਸਪੁਰ ਵਿਖੇ ਹੋਈ ਸੀ। ਆਪਣੀ ਪੁਨਰ ਸਥਾਪਨਾ ਦੀ 75ਵੀਂ ਵਰ੍ਹੇਗੰਢ ਮਨਾਉਣ ਜਾ ਰਿਹਾ ਹੈ।

ਸੰਨ 1948 ਈਸਵੀ ਵਿਚ ਲਾਹੌਰ ਤੋਂ ਬਾਅਦ ਕਾਦੀਆਂ ਵਿਖੇ ਇਸ ਕਾਲਜ ਦੀ ਸ਼ੁਰੂਆਤ ਪ੍ਰਿੰਸੀਪਲ ਨਿਰੰਜਨ ਸਿੰਘ, ਪ੍ਰੋਫੈਸਰ ਨਰੈਣ ਸਿੰਘ, ਡੀ ਪੀ ਈ ਕਰਤਾਰ ਸਿੰਘ ਤੇ ਕਾਲਜ ਨਾਲ ਜੁੜੀਆਂ ਨਾਮਵਰ ਸ਼ਖਸੀਅਤਾਂ ਦੇ ਉਦਮ ਸਦਕਾ ਹੋਈ ਸੀ। ਇਸ ਕਾਲਜ ਦੀ ਮੁੜ ਸ਼ੁਰੂਆਤ ਕਾਦੀਆਂ ਵਿਖੇ ਵੰਡ ਤੋਂ ਪਹਿਲਾਂ ਸਥਾਪਤ ਤਲੀਮ ਉਲ ਇਸਲਾਮੀਆ ਕਾਲਜ ਦੀ ਇਮਾਰਤ ਵਿੱਚ ਕੀਤੀ ਗਈ ਸੀ। 1948 ਈਸਵੀ ਤੋਂ ਹੁਣ ਤੱਕ ਸਮੇਂ ਦੇ ਇਤਿਹਾਸਕ ਚਰੋਖਿਆਂ ਵਿੱਚੋਂ ਸਫਰ ਤੈਅ ਕਰਦਿਆਂ ਬੀਤੇ 75 ਸਾਲਾਂ ਵਿੱਚ ਇਸ ਵਿਦਿਅਕ ਸੰਸਥਾ ਨੇ ਪੰਜਾਬ ਦੀਆਂ ਰਾਜਨੀਤਕ, ਧਾਰਮਿਕ, ਸਮਾਜਿਕ ਲਹਿਰਾਂ ਦੇ ਚਲਦਿਆਂ ਲੰਮਾ ਪੈਂਡਾ ਤੈਅ ਕੀਤਾ ਹੈ। 75ਵੀਂ ਵਰ੍ਹੇਗੰਢ ਨੂੰ ਸਮਰਪਿਤ ਇੱਕ ਅਜਾਇਬ ਘਰ ਦੇ ਉਦਘਾਟਨ ਦੇ ਨਾਲ ਨਾਲ ਕਾਲਜ ਵੱਲੋਂ ਸਮਾਗਮ ਦਾ ਆਯੋਜਨ ਕੀਤਾ ਜਾ ਰਿਹਾ ਹੈ।

# ਆਰ ਡੀ ਖੋਸਲਾ ਸਕੂਲ 'ਚ ਅੰਤਰ ਸਕੂਲ ਪੋਸਟਰ ਮੇਕਿੰਗ ਮੁਕਾਬਲੇ



ਬਟਾਲਾ (ਡਾਕਟਰ ਮਲਵਿੰਦਰ ਸਿੰਘ)- ਆਰ.ਡੀ. ਖੋਸਲਾ ਡੀ.ਏ.ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਵਿਖੇ ਇੰਡੀਅਨ ਨੈਸ਼ਨਲ ਟਰੱਸਟ ਫਾਰ ਆਰਟ ਐਂਡ ਕਲਚਰਲ ਹੈਰੀਟੇਜ ਵੱਲੋਂ ਅੰਤਰ ਸਕੂਲ ਪੋਸਟਰ ਮੇਕਿੰਗ ਮੁਕਾਬਲਾ ਕਰਵਾਇਆ ਗਿਆ, ਜਿਸ ਦਾ ਵਿਸ਼ਾ ਸਮਾਰਕ ਖੋਜ ਸੀ।ਇਸ ਮੁਕਾਬਲੇ ਵਿੱਚ ਆਰ.ਡੀ. ਖੋਸਲਾ ਡੀ.ਏ.ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ, ਵੁੱਡਸਟਾਕ ਪਬਲਿਕ ਸਕੂਲ, ਡਿਵਾਈਨ ਵਿਲ ਪਬਲਿਕ ਸਕੂਲ, ਜੀ.ਐਸ.ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਭਗਵਾਨਪੁਰ, ਐਕਸੈਲਸੀਅਰ ਪਬਲਿਕ ਸਕੂਲ ਦੀਵਾਨੀਵਾਲ ਦੇ 31 ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੁਕਾਬਲੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਆਪਣੇ ਦੇਸ਼ ਦੇ ਸਮਾਰਕਾਂ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਉਨ੍ਹਾਂ ਦੀ ਸੰਭਾਲ ਕਰਨ ਲਈ ਪ੍ਰੇਰਿਤ ਕਰਨਾ ਸੀ। ਸਕੂਲ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਇਸ ਪ੍ਰਤੀਯੋਗਤਾ 'ਚ ਭਾਗ ਲੈਣ ਵਾਲੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕਰਦਿਆਂ ਕਿਹਾ ਕਿ ਉਹ ਅਜਿਹੇ ਮੁਕਾਬਲਿਆਂ 'ਚ ਪੂਰੇ ਉਤਸ਼ਾਹ ਨਾਲ ਭਾਗ ਲੈਣ ਤਾਂ ਜੋ ਉਨ੍ਹਾਂ ਦੀ ਦੇਸ਼ ਦੀਆਂ ਇਤਿਹਾਸਿਕ ਯਾਦਗਾਰਾਂ ਪ੍ਰਤੀ ਰੁਚੀ ਵਧੇ । ਵਿਦਿਆਰਥੀ ਉਨ੍ਹਾਂ ਦੀ ਸੰਭਾਲ ਕਰਨ ਲਈ ਪ੍ਰੇਰਿਤ ਹੋਣ ਅਤੇ ਸਮਾਰਕਾਂ ਦੇ ਇਤਿਹਾਸਕ, ਸਮਾਜਿਕ, ਨੈਤਿਕ ਅਤੇ ਸੱਭਿਆਚਾਰਕ ਮਹੱਤਵ ਨੂੰ ਸਮਝਦੇ ਹੋਏ, ਉਨ੍ਹਾਂ ਦੀ ਸੁਰੱਖਿਆ ਅਤੇ ਰੱਖ-ਰਖਾਅ ਲਈ ਚੁੱਕੇ ਜਾ ਰਹੇ ਲੋੜੀਂਦੇ ਕਦਮਾਂ ਵਿੱਚ ਸਹਿਯੋਗ ਕਰਨ ।

# ਸਰਪੰਚ ਬਲਦੇਵ ਸਿੰਘ ਪੱਟੂ ਦਾ ਦੇਹਾਂਤ, ਵੱਖ ਵੱਖ ਆਗੂਆਂ ਵੱਲੋਂ ਦੁੱਖ ਦਾ ਪ੍ਰਗਟਾਵਾ



ਝਬਾਲ (ਹਰਜਿੰਦਰ ਸਿੰਘ ਸੋਨੀ)-ਅੱਡਾ ਝਬਾਲ ਦੇ ਸਰਪੰਚ ਸੋਨੂੰ ਚੀਮਾ ਜਿਨ੍ਹਾਂ ਦਾ ਬੀਤੀ 14 ਜਨਵਰੀ ਨੂੰ ਕਤਲ ਕਰ ਦਿੱਤਾ ਗਿਆ ਸੀ, ਉਨ੍ਹਾਂ ਦੇ ਅਤਿ ਨਜ਼ਦੀਕੀ ਸਾਥੀ ਤੇ ਝਬਾਲ ਪੁਖਤਾ ਪੰਚਾਇਤ ਦੇ ਸਰਪੰਚ ਬਲਦੇਵ ਪੱਟੂ ਦਾ ਦਿਲ ਦੀ ਧੜਕਨ ਬੰਦ ਹੋਣ ਨਾਲ ਦੇਹਾਂਤ ਹੋ ਗਿਆ, ਜਿਨ੍ਹਾਂ ਅੰਤਿਮ ਸੰਸਕਾਰ ਉਨ੍ਹਾਂ ਦੇ ਜੱਦੀ ਪਿੰਡ ਝਬਾਲ ਵਿਖੇ ਕਰ ਦਿੱਤਾ ਗਿਆ। ਉਨ੍ਹਾਂ ਦੀ ਚਿਖਾ ਨੂੰ ਅਗਨੀ ਉਨ੍ਹਾਂ ਦੇ ਛੋਟੇ ਭਰਾ ਗੁਰਦੇਵ ਸਿੰਘ ਨੇ ਦਿਖਾਈ। ਇਸ ਸਮੇਂ ਦੁੱਖ ਪ੍ਰਗਟਾਵਾ ਕਰਦਿਆਂ ਹਲਕਾ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ, ਦਵਿੰਦਰ ਸਿੰਘ ਲਾਲੀ ਢਾਲਾ, ਇੰਦਰਜੀਤ ਸਿੰਘ ਬਾਸਰਕੇ, ਐਕਸੀਅਨ ਤਰਸੇਮ ਸਿੰਘ ਝਬਾਲ, ਚੇਅਰਮੈਨ ਰਮਨ ਕੁਮਾਰ ਝਬਾਲ, ਸਰਪੰਚ ਮੋਨੂੰ ਚੀਮਾ, ਗੁਰਭਾਗ ਸਿੰਘ ਸੋਹਲ, ਸ਼ੈਲੀ ਸੋਹਲ, ਸਰਪੰਚ ਸਰਵਨ ਸਿੰਘ ਸੋਹਲ, ਸਰਪੰਚ ਮੰਨਾ ਨੌਸ਼ਹਿਰਾ ਢਾਲਾ, ਸਰਪੰਚ ਕਾਲਾ ਰਸੂਲਪੁਰ, ਸਰਪੰਚ ਮਲਕੀਤ ਸਿੰਘ ਚੀਮਾ, ਰਵੀ ਰਸੂਲਪੁਰ, ਡਾ. ਬਜਾਜ, ਬਾਬਾ ਵਰਿਆਮ ਸਿੰਘ ਝਬਾਲ, ਸਰਪੰਚ ਨਰਿੰਦਰ ਕੁਮਾਰ ਪੱਪਾ, ਵਿਕਰਮ ਖੁੱਲਰ, ਵਿਕਰਮ ਸਿੰਘ ਢਿੱਲੋਂ, ਬਲਜੀਤ ਸਿੰਘ ਟਰਾਂਸਪੋਰਟ ਝਬਾਲ ਖੁਰਦ, ਭੁਪਿੰਦਰ ਸਿੰਘ ਘਈ, ਮੈਂਬਰ ਕਰਤਾਰ ਸਿੰਘ ਅੱਡਾ ਝਬਾਲ, ਹੌਲਦਾਰ ਬਲਜੀਤ ਸਿੰਘ ਝਬਾਲ, ਡੀ ਐਸ ਟੇਲਰ, ਪੱਪੂ ਮਲਕ, ਸਾਬਕਾ ਸਰਪੰਚ ਗੁਰਦੀਪ ਸਿੰਘ ਝਬਾਲ, ਖਾਲੜਾ ਮਿਸ਼ਨ ਦੇ ਪ੍ਰਧਾਨ ਬਲਵਿੰਦਰ ਸਿੰਘ ਝਬਾਲ, ਸੋਨੂੰ ਝਬਾਲ, ਦਵਿੰਦਰ ਸਿੰਘ, ਐਸ ਆਰ ਝਬਾਲ, ਗੁਰਮੀਤ ਸਿੰਘ ਸ਼ਾਹ ਝਬਾਲ, ਸਾਗਰ ਸ਼ਰਮਾ, ਰਾਜਦਵਿੰਦਰ ਸਿੰਘ ਰਾਜਾ ਝਬਾਲ, ਮਾਸਟਰ ਪ੍ਰਿਤਪਾਲ ਸਿੰਘ ਝਬਾਲ, ਗਗੜ ਝਬਾਲ, ਦੀ ਸਾਊਂਡ ਵਾਲਾ ਆਦਿ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਪਰਵਾਰ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ।

# ਐੱਮ ਡੀ ਜਤਿੰਦਰਪਾਲ ਸਿੰਘ ਰੰਧਾਵਾ ਆਨਰੇਰੀ ਡਾਕਟਰੇਟ ਡਿਗਰੀ ਨਾਲ ਸਨਮਾਨਤ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ, ਗੋਇੰਦਵਾਲ ਸਾਹਿਬ ਦੇ ਡਾਇਰੈਕਟਰ ਡਾ. ਜਤਿੰਦਰਪਾਲ ਸਿੰਘ ਰੰਧਾਵਾ ਵੱਲੋਂ ਵਿੱਦਿਆ ਦੇ ਖੇਤਰ ਵਿੱਚ ਪਾਏ ਬਹੁਮੁੱਲੇ ਯੋਗਦਾਨ ਲਈ ਮੈਰੀਲੈਂਡ ਸਟੇਟ ਯੂਨੀਵਰਸਿਟੀ, ਅਮਰੀਕਾ ਵੱਲੋਂ ਦੁਬਈ ਵਿੱਚ ਕਰਵਾਏ ਗਏ ਇੱਕ ਸਮਾਗਮ ਵਿੱਚ ਆਨਰੇਰੀ ਡਾਕਟਰੇਟ ਦੀ ਡਿਗਰੀ ਨਾਲ ਸਨਮਾਨਤ ਕੀਤਾ ਗਿਆ। ਇਹ ਆਨਰੇਰੀ ਡਾਕਟਰੇਟ ਦੀ ਡਿਗਰੀ ਮੈਰੀਲੈਂਡ ਸਟੇਟ ਯੂਨੀਵਰਸਿਟੀ ਵੱਲੋਂ ਉਨ੍ਹਾਂ ਮਹਾਨ ਹਸਤੀਆਂ ਨੂੰ ਪ੍ਰਦਾਨ ਕੀਤੀ ਜਾਂਦੀ ਹੈ, ਜੋ ਵਿੱਦਿਅਕ ਖੇਤਰ ਵਿੱਚ ਬੇਮਿਸਾਲ ਯੋਗਦਾਨ ਪਾ ਕੇ ਵਿੱਦਿਅਕ ਸੰਸਥਾਵਾਂ ਦਾ ਆਪਣੀ ਸੂਝ-ਬੂਝ ਨਾਲ ਸੰਚਾਲਨ ਕਰਕੇ ਨਾਮਣਾ ਖੱਟਦੇ ਹਨ।ਇਸ ਸੰਬੰਧੀ ਸਕੂਲ ਪ੍ਰਿੰਸੀਪਲ ਮਨੀਸ਼ਾ ਸੂਦ ਨੇ ਦੱਸਿਆ ਕਿ ਸੰਸਥਾ ਦੇ ਡਾਇਰੈਕਟਰ ਡਾ. ਜਤਿੰਦਰਪਾਲ ਸਿੰਘ ਰੰਧਾਵਾ ਨੇ ਇਹ ਆਨਰੇਰੀ ਡਿਗਰੀ ਹਾਸਲ ਕਰਕੇ ਪੂਰੇ ਵਿਸ਼ਵ ਵਿੱਚ ਆਪਣੇ ਸਕੂਲਾਂ ਦਾ ਨਾਂ ਰੋਸ਼ਨ ਕੀਤਾ ਹੈ। ਸਕੂਲਾਂ ਨੂੰ ਸਿਖਰਾਂ 'ਤੇ ਪਹੁੰਚਾਉਣ ਦਾ ਸਿਹਰਾ ਉਨ੍ਹਾਂ ਸਿਰ ਜਾਂਦਾ ਹੈ। ਜਿਸ ਲਈ ਡਾਇਰੈਕਟਰ ਸਾਹਿਬ ਵਧਾਈ ਦੇ ਪਾਤਰ ਹਨ।ਇਸ ਮੌਕੇ ਸੰਸਥਾ ਦੇ ਐੱਮ.ਡੀ. ਡਾ. ਜਤਿੰਦਰਪਾਲ ਸਿੰਘ ਰੰਧਾਵਾ ਨੇ ਆਪਣੀ ਕਾਮਯਾਬੀ ਦਾ ਸਿਹਰਾ ਸਕੂਲਾਂ ਦੇ ਪ੍ਰਿੰਸੀਪਲ ਸਾਹਿਬਾਨ, ਅਧਿਆਪਕਾਂ, ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਦੇ ਸਿਰ ਬੰਨ੍ਹਦਿਆਂ ਸਭ ਦੀਆਂ ਸ਼ੁੱਭਕਾਮਨਾਵਾਂ ਦਾ ਧੰਨਵਾਦ ਕੀਤਾ।

# ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਵੱਖ-ਵੱਖ ਸੇਵਾਵਾਂ ਮੁਹੱਈਆ ਕਰਵਾਉਣਾ ਸ਼ਾਨਦਾਰ ਉਪਰਾਲਾ : ਸ਼ੈਰੀ ਕਲਸੀ



ਬਟਾਲਾ ( ਡਾਕਟਰ ਮਲਵਿੰਦਰ ਸਿੰਘ)- ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਹਲਕਾ ਵਿਧਾਇਕ ਬਟਾਲਾ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਲੋਕਾਂ ਨੂੰ ਵੱਖ-ਵੱਖ 44 ਸੇਵਾਵਾਂ ਦਾ ਲਾਭ ਉਨਾਂ ਦੇ ਘਰਾਂ ਤੱਕ ਪਹੁੰਚ ਕਰਕੇ ਦਿੱਤਾ ਜਾ ਰਿਹਾ ਹੈ ਅਤੇ ਲੋਕਾਂ ਦੀਆਂ ਮੁਸ਼ਕਲਾਂ ਸੁਣ ਕੇ ਹੱਲ ਕੀਤੀਆਂ ਜਾ ਰਹੀਆਂ ਹਨ। ਵਿਧਾਇਕ ਸ਼ੈਰੀ ਕਲਸੀ ਨੇ ਅੱਗੇ ਕਿਹਾ ਕਿ 'ਪੰਜਾਬ ਸਰਕਾਰ ਆਪ ਦੇ ਦੁਆਰ' ਮੁਹਿੰਮ ਤਹਿਤ ਸੂਬੇ ਭਰ ਅੰਦਰ ਸ਼ਹਿਰੀ ਅਤੇ ਪੇਂਡੂ ਖੇਤਰ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਵਲੋਂ ਲੋਕਾਂ ਨੂੰ ਸਰਕਾਰ ਦੀਆਂ ਸਕੀਮਾਂ ਬਾਰੇ ਜਾਗਰੂਕ ਕਰਨ ਦੇ ਨਾਲ-ਨਾਲ ਸਰਕਾਰੀ ਸੇਵਾਵਾਂ ਦਾ ਲਾਭ ਮੌਕੇ 'ਤੇ ਪੁਜਦਾ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਲੋਕਾਂ ਦੀ ਖੱਜਲ ਖੁਆਰੀ ਰੋਕਣ ਅਤੇ ਲੋਕਾਂ ਨੂੰ ਮੌਕੇ 'ਤੇ ਸੇਵਾਵਾਂ ਦਾ ਲਾਭ ਦੇਣ ਵਿੱਚ ਇਹ ਵਿਸ਼ੇਸ ਕੈਂਪ ਕਾਮਯਾਬ ਹੋਏ ਹਨ ਅਤੇ ਲੋਕ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਬਟਾਲਾ ਵਿਖੇ ਕਰਵਾਏ ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਸ਼ਹਿਰ ਦੀ ਹਰ ਵਾਰਡ ਵਿੱਚ ਕੋਈ ਨਾ ਕੋਈ ਵਿਕਾਸ ਕਾਰਜ ਚੱਲ ਰਿਹਾ ਹੈ ਅਤੇ ਉਹ ਲੋਕਾਂ ਦੀਆਂ ਚਿਰੋਕਣੀ ਮੰਗਾਂ ਪੂਰੀਆਂ ਕਰ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਲਈ ਵਿਸ਼ੇਸ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਬਿਨਾਂ ਪੱਖਪਾਤ ਤੋਂ ਹਰ ਵਰਗ ਦੀ ਭਲਾਈ ਲਈ ਕੰਮ ਕੀਤੇ ਜਾ ਰਹੇ ਹਨ। ਉਨ੍ਹਾਂ ਦੁਹਰਾਇਆ ਕਿ ਉਹ ਬਟਾਲਾ ਹਲਕੇ ਦੇ ਸ਼ਹਿਰੀ ਤੇ ਦਿਹਾਤੀ ਖੇਤਰ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹਨ।

# ਕੈਂਪਾਂ ਦਾ ਵੱਧ ਤੋਂ ਵੱਧ ਲਾਹਾ ਲਵੋ : ਡਿਪਟੀ ਕਮਿਸ਼ਨਰ

ਅੰਮ੍ਰਿਤਸਰ (ਨਰਿੰਦਰਜੀਤ ਸਿੰਘ)-ਪੰਜਾਬ ਸਰਕਾਰ ਵੱਲੋਂ ਆਪ ਦੀ ਸਰਕਾਰ ਆਪ ਦੇ ਦੁਆਰ ਤਹਿਤ ਪਿੰਡਾਂ ਤੇ ਸ਼ਹਿਰਾਂ ਦੇ ਲੋਕਾਂ ਨੂੰ ਇੱਕੋ ਛੱਤ ਹੇਠ ਵੱਖ-ਵੱਖ ਸੇਵਾਵਾਂ ਮੁਹੱਈਆ ਕਰਵਾਉਣ ਅਤੇ ਲੋਕਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਕਰਨ ਲਈ ਲਗਾਏ ਜਾ ਰਹੇ ਕੈਂਪਾਂ ਨੂੰ ਜ਼ਿਲ੍ਹੇ ਦੇ ਲੋਕਾਂ ਦਾ ਭਰਵਾਂ ਸਹਿਯੋਗ ਮਿਲ ਰਿਹਾ ਹੈ। ਇਸ ਸਬੰਧੀ ਡਿਪਟੀ ਕਮਿਸ਼ਨਰ ਘਨਸ਼ਾਮ ਥੋਰੀ ਨੇ ਦੱਸਿਆ ਕਿ 'ਆਪ ਦੀ ਸਰਕਾਰ ਆਪ ਦੇ ਦੁਆਰ' ਤਹਿਤ ਜ਼ਿਲ੍ਹੇ ਦੀਆਂ ਸਾਰੀਆਂ ਸਬ ਡਵੀਜ਼ਨਾਂ ਵਿੱਚ ਕੈਂਪ ਲਗਾ ਕੇ ਲੋਕਾਂ ਨੂੰ ਸਰਕਾਰੀ ਸੇਵਾਵਾਂ ਦਾ ਲਾਭ ਦਿੱਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ 16 ਫਰਵਰੀ ਨੂੰ ਜ਼ਿਲ੍ਹੇ ਦੇ ਸਬ ਡਵੀਜ਼ਨ ਅਜਨਾਲਾ : ਸਰਕਾਰੀ ਐਲੀਮੈਂਟਰੀ ਸਕੂਲ ਗੰਥਗੜ੍ਹ, ਸਰਕਾਰੀ ਐਲੀਮੈਂਟਰੀ ਸਕੂਲ ਬੱਲਾਬੇ ਦਰਿਆ, ਸਰਕਾਰੀ ਐਲੀਮੈਂਟਰੀ ਸਕੂਲ ਤੇਰਾ ਰਾਜਪੂਤਾਂ, ਸਰਕਾਰੀ ਐਲੀਮੈਂਟਰੀ ਸਕੂਲ ਚੱਕ ਬੱਲਾਂ; ਸਬ ਡਵੀਜ਼ਨ ਅੰਮ੍ਰਿਤਸਰ-1 : ਪਿੰਡ ਨਿੱਜਰਪੁਰਾ ਤੇ ਮੇਹਰਬਾਨਪੁਰਾ ਲਈ ਪਾਰਕ ਮੇਹਰਬਾਨਪੁਰਾ, ਮੇਜਰ ਤੇਜਿੰਦਰਪਾਲ ਸਿੰਘ ਸੋਹਲ ਸ. ਸੀ. ਸੇ ਸਮਾਰਟ ਸਕੂਲ ਵੱਲਾਸ; ਸਬ ਡਵੀਜ਼ਨ ਅੰਮ੍ਰਿਤਸਰ-2 : ਤੁੰਗਪਾਈ ਸਬ ਅਰਬਨ (ਵਾਰਡ ਨੰ-17 ) ਲਈ ਗੁਰੂ ਰਵੀਦਾਸ ਜੀ ਮੰਦਰ ਮੁਸਤਫਾਬਾਦ ਅੰਮ੍ਰਿਤਸਰ, ਤੁੰਗਪਾਈ ਅਰਬਨ (ਵਾਰਡ ਨੰ-16) ਲਈ ਬੋਹੜਵਾਲਾ ਸ਼ਿਵਾਲਾ ਵਾਰਡ ਨੰ 16 ਨੇੜੇ ਬਟਾਲਾ ਰੋਡ, ਤੁੰਗਪਾਈ ਸਬ ਅਰਬਨ (ਵਾਰਡ ਨੰ-9) ਲਈ ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਮਜੀਠਾ ਰੋਡ ਤੁੰਗਬਾਲਾ ਸਬ ਅਰਬਨ ਅਮ੍ਰਿਤਸਰ, ਤੁੰਗਪਾਈ ਅਰਬਨ ਲਈ ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਮਕਬੂਲਪੁਰਾ ਮਾਲ ਮੰਡੀ, ਅੰਮ੍ਰਿਤਸਰ; ਸਬ ਡਵੀਜ਼ਨ ਬਾਬਾ ਬਕਾਲਾ : ਪਿੰਡ ਬੱਗਾ, ਰੂਪੋਵਾਲੀ ਬ੍ਰਾਹਮਣਾ ਲਈ ਸਰਕਾਰੀ ਐਲੀਮੈਂਟਰੀ ਸਕੂਲ ਬੱਗਾ, ਪਿੰਡ ਮਹਿਮੂਦਪੁਰ ਅਤੇ ਕਾਜ਼ੀਕੋਟ ਲਈ ਸਰਕਾਰੀ ਐਲੀਮੈਂਟਰੀ ਸਕੂਲ ਮਹਿਮੂਦਪੁਰ, ਪਿੰਡ ਝਲਾੜੀ ਅਤੇ ਗਾਜੀਵਾਲ ਲਈ ਸਰਕਾਰੀ ਐਲੀਮੈਂਟਰੀ ਸਕੂਲ ਝਲਾੜੀ, ਪਿੰਡ ਸਿਆਲਕਾ ਤੇ ਬੱਨੂ ਚੱਕ ਲਈ ਸਰਕਾਰੀ ਐਲੀਮੈਂਟਰੀ ਸਕੂਲ ਸਿਆਲਕਾ, ਪਿੰਡ ਬੁਤਾਲਾ, ਰਾਜਪੁਰਾ ਅਤੇ ਨਰੰਗਪੁਰ ਲਈ ਪੰਚਾਇਤ ਘਰ ਰਾਜਪੁਰ; ਸਬ ਡਵੀਜ਼ਨ ਲੋਪੋਕੇ : ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਮਿਆਦੀ ਕਲਾਂ, ਸਰਕਾਰੀ ਐਲੀਮੈਂਟਰੀ ਸਕੂਲ ਕੋਟਲੀ ਕੋਰੋਟਾਨਾ, ਸਰਕਾਰੀ ਐਲੀਮੈਂਟਰੀ ਸਕੂਲ ਛੀਨਾ ਕਰਮ ਸਿੰਘ, ਸਰਕਾਰੀ ਐਲੀਮੈਂਟਰੀ ਸਕੂਲ ਰਾਏਪੁਰ ਖੁਰਦ; ਸਬ ਡਵੀਜਨ ਮਜੀਠਾ : ਸਰਕਾਰੀ ਐਲੀਮੈਂਟਰੀ ਸਕੂਲ ਝਾਂਡੇ, ਸਰਕਾਰੀ ਮਿਡਲ ਸਕੂਲ ਵਰਿਆਮ ਨੰਗਲ, ਗੁਰਦੁਆਰਾ ਸਾਹਿਬ ਹਾਲ ਅਜਾਇਬਵਾਲੀ, ਸਰਕਾਰੀ ਐਲੀਮੈਂਟਰੀ ਸਕੂਲ ਕੋਟਲੀ ਤਰਖਾਣਾ ਵਿਖੇ ਕੈਂਪ ਲਗਾਏ ਜਾ ਰਹੇ ਹਨ।

# ਟਰੈਵਲ ਏਜੰਟ ਨੇ ਪੈਸੇ ਲੈ ਕੇ ਦਿੱਤੇ ਨਕਲੀ ਵੀਜ਼ੇ, ਕੀਤੀ ਕੁੱਟਮਾਰ ਤੇ ਹਵਾਈ ਫਾਇਰ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)- ਪੁਲਸ ਥਾਣਾ ਭੈਣੀ ਮੀਆਂ ਖਾਂ ਦੇ ਅਧੀਨ ਪੈਂਦੇ ਪਿੰਡ ਕਠਾਣਾਂ ਦੇ ਰਹਿਣ ਵਾਲੇ ਇੱਕ ਕਥਿਤ ਟਰੈਵਲ ਏਜੰਟਾਂ ਸੰਨੀ ਅਤੇ ਮਨੀਪਾਲ ਪੁੱਤਰ ਦਲਵਿੰਦਰ ਕੁਮਾਰ ਵਾਸੀ ਕਠਾਣਾ, ਜਿਸ ਵੱਲੋਂ ਜਲੰਧਰ ਦੇ ਬੱਸ ਸਟੈਂਡ ਕੋਲ ਵਰਲਡ ਓਵਰਸੀਜ਼ ਨਾਂ 'ਤੇ ਆਪਣਾ ਦਫਤਰ ਖੋਲ੍ਹ ਕੇ ਇਮੀਗ੍ਰੇਸ਼ਨ ਦਾ ਕੰਮ ਕੀਤਾ ਜਾ ਰਿਹਾ ਹੈ। ਇਸ ਏਜੰਟ ਵੱਲੋਂ ਹੁਸ਼ਿਆਰਪੁਰ ਦੇ ਰਹਿਣ ਵਾਲੇ ਦਰਜਨ ਦੇ ਕਰੀਬ ਨੌਜਵਾਨਾਂ ਨੂੰ ਪੈਸੇ ਵਾਪਸ ਕਰਨ ਲਈ ਆਪਣੇ ਘਰ ਕਠਾਣਾਂ ਪਿੰਡ ਵਿੱਚ ਬੁਲਾਇਆ ਹੋਇਆ ਸੀ। ਇਹ ਨੌਜਵਾਨ ਜਿਵੇਂ ਹੀ ਉਸ ਏਜੰਟ ਦੇ ਘਰ ਪਹੁੰਚੇ ਤਾਂ ਪਹਿਲਾਂ ਮਿੱਥੀ ਗਈ ਸਾਜ਼ਿਸ਼ ਦੇ ਤਹਿਤ ਇਸ ਏਜੰਟ ਨੇ ਆਪਣੇ ਕਮਰੇ ਦੇ ਦਰਵਾਜ਼ੇ ਨੂੰ ਬੰਦ ਕਰਕੇ ਪੈਸੇ ਲੈਣ ਆਏ ਨੌਜਵਾਨਾਂ ਨੂੰ ਆਪਣੇ ਸਾਥੀਆਂ ਨਾਲ ਮਿਲ ਕੇ ਕੁੱਟਣਾ ਮਾਰਨਾ ਸ਼ੁਰੂ ਕਰ ਦਿੱਤਾ । ਇਨ੍ਹਾਂ 11 ਨੌਜਵਾਨਾਂ ਵਿੱਚੋਂ ਛੇ ਨੌਜਵਾਨ ਕਿਸੇ ਤਰ੍ਹਾਂ ਨਾਲ ਦਰਵਾਜ਼ਾ ਖੋਲ੍ਹ ਕੇ ਇਸ ਏਜੰਟ ਦੇ ਘਰੋਂ ਭੱਜ ਗਏ ਪਰ ਪੰਜ ਨੌਜਵਾਨ ਇਸ ਏਜੰਟ ਦੇ ਚੁੰਗਲ ਵਿੱਚੋਂ ਨਿਕਲ ਕੇ ਭੱਜਣ 'ਚ ਕਾਮਯਾਬ ਨਹੀਂ ਹੋਏ। ਇਸੇ ਦੌਰਾਨ ਇਸ ਟਰੈਵਲ ਏਜੰਟ ਵੱਲੋਂ ਇਨ੍ਹਾਂ ਨੂੰ ਡਰਾਉਣ ਧਮਕਾਉਣ ਲਈ ਆਪਣੇ ਪਿਸਤੌਲ ਨਾਲ ਤਿੰਨ ਹਵਾਈ ਫਾਇਰ ਵੀ ਕੀਤੇ ਗਏ। ਇਸੇ ਹੀ ਦੌਰਾਨ ਟਰੈਵਲ ਏਜੰਟ ਦੇ ਕੁਝ ਹੋਰ ਸਾਥੀ ਵੀ ਆ ਗਏ, ਜਿਨ੍ਹਾਂ ਨੇ ਇਨ੍ਹਾਂ ਨੌਜਵਾਨਾਂ ਦੀ ਡੰਡਿਆਂ, ਸੋਟਿਆਂ, ਬੇਸਬਾਲਾਂ ਅਤੇ ਰਾਈਫਲਾਂ ਦੇ ਬੱਟ ਨਾਲ ਕੁੱਟਮਾਰ ਕੀਤੀ। ਪਿੰਡ ਵਿੱਚ ਹੋਏ ਹਵਾਈ ਫਾਇਰ ਤੋਂ ਬਾਅਦ 'ਚ ਪਿੰਡ 'ਚ ਦਹਿਸ਼ਤ ਦਾ ਮਾਹੌਲ ਪੈਦਾ ਹੋ ਗਿਆ ਤੇ ਲੋਕ ਇਕੱਠੇ ਹੋ ਗਏ। ਇਸ ਤੋਂ ਬਾਅਦ ਇਕੱਠੇ ਹੋਏ ਪਿੰਡ ਵਾਸੀਆਂ ਨੇ ਇਸ ਏਜੰਟ ਦੇ ਚੁੰਗਲ ਵਿੱਚ ਫਸੇ ਪੰਜ ਨੌਜਵਾਨਾਂ ਨੂੰ ਕਿਸੇ ਤਰ੍ਹਾਂ ਬਚਾਇਆ। ਇਸ ਸਬੰਧੀ ਸੂਚਨਾ ਮਿਲਣ 'ਤੇ ਡੀ ਐਸ ਪੀ ਉਂਕਾਰ ਸਿੰਘ ਅਤੇ ਡੀ ਐਸ ਪੀ ਗੁਰਵਿੰਦਰ ਸਿੰਘ ਚਾਂਦੀ ਦੀ ਗਵਾਹੀ ਹੇਠ ਥਾਣਾ ਭੈਣੀ ਮੀਆਂ ਖਾਂ ਦੀ ਪੁਲਸ ਮੌਕੇ 'ਤੇ ਪੁੱਜ ਗਈ ਅਤੇ ਛਾਣਬੀਣ ਸ਼ੁਰੂ ਕਰ ਦਿੱਤੀ। ਇਸ ਤੋਂ ਬਾਅਦ ਪੁਲਸ ਵੱਲੋਂ ਠੱਗੀ ਦਾ ਸ਼ਿਕਾਰ ਹੋਏ ਨੌਜਵਾਨਾਂ ਨੂੰ ਪੁਲਸ ਥਾਣਾ ਭੈਣੀ ਮੀਆਂ ਖਾਂ ਵਿਖੇ ਬੁਲਾਇਆ ਗਿਆ। ਇਸ ਸਬੰਧੀ ਪੁਲਸ ਪੱਤਰਕਾਰਾਂ ਨੂੰ ਕੋਈ ਵੀ ਬਿਆਨ ਦੇਣ ਤੋਂ ਆਨਾਕਾਨੀ ਕਰਦੀ ਨਜ਼ਰ ਆਈ। ਡੀ ਐਸ ਪੀ ਉਂਕਾਰ ਸਿੰਘ ਵੱਲੋਂ ਕੇਵਲ ਇਹੀ ਕਿਹਾ ਗਿਆ ਕਿ ਇਸ ਸੰਬੰਧੀ ਜਾਂਚ ਚੱਲ ਰਹੀ ਹੈ। ਇਸ ਸਬੰਧੀ ਥਾਣਾ ਭੈਣੀ ਮੀਆਂ ਖਾਂ ਦੀ ਐਸ ਐਚ ਓ ਸੁਮਨਪ੍ਰੀਤ ਕੌਰ ਮਾਨ ਨੇ ਕਿਹਾ ਕਿ ਜਾਂਚ ਚੱਲ ਰਹੀ ਹੈ। ਜਾਂਚ ਤੋਂ ਬਾਅਦ ਜੋ ਵੀ ਤੱਥ ਸਾਹਮਣੇ ਆਉਣਗੇ ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਦੇ ਦਿੱਤੀ ਜਾਵੇਗੀ।

ਨਵਾਂ ਜ਼ਮਾਨਾ
ਸ਼ਨੀਵਾਰ, 17 ਫਰਵਰੀ 2024

# ਰੋਗੀ ਯੋਜਨਾਵਾਂ

*ਮੋਦੀ ਸਰਕਾਰ ਨੇ 2017 ਵਿਚ ਆਯੂਸ਼ਮਾਨ ਭਾਰਤ ਯੋਜਨਾ ਦੀ ਸ਼ੁਰੂਆਤ ਕੀਤੀ ਸੀ, ਜਿਸ ਨਾਲ ਉਸ ਨੇ ਸਰਕਾਰ ਅਧਾਰਤ ਜਨਤਕ ਸਿਹਤ ਸੇਵਾ ਤੋਂ ਬੀਮਾ ਅਧਾਰਤ ਸੇਵਾ ਮਾਡਲ ਵੱਲ ਮੋੜਾ ਕੱਟ ਲਿਆ ਸੀ। ਇਸ ਦੇ ਨਾਲ ਹੀ ਸਰਕਾਰ 2018 ਤੋਂ ਪ੍ਰਧਾਨ ਮੰਤਰੀ ਜਨ ਆਰੋਗਯ ਯੋਜਨਾ ਤਹਿਤ 5 ਲੱਖ ਰੁਪਏ ਪ੍ਰਤੀ ਪਰਵਾਰ ਪ੍ਰਤੀ ਸਾਲ ਦੇ ਹਿਸਾਬ ਨਾਲ ਸਿਹਤ ਬੀਮਾ ਮੁਹੱਈਆ ਕਰਾ ਰਹੀ ਹੈ ਪਰ ਇਹ ਗੱਲ ਸਾਹਮਣੇ ਆਈ ਹੈ ਕਿ ਨਿੱਜੀ ਹਸਪਤਾਲ ਸਰਕਾਰੀ ਹਸਪਤਾਲਾਂ ਦੇ ਮੁਕਾਬਲੇ ਘੱਟ ਮਰੀਜ਼ ਦਾਖਲ ਕਰ ਰਹੇ ਹਨ। ਕੋਰੋਨਾ ਕਾਲ ਵਿਚ ਵੀ ਇਹ ਯੋਜਨਾ ਕੰਮ ਨਹੀਂ ਸੀ ਕਰ ਸਕੀ ਤੇ ਸਿਰਫ 11.9 ਫੀਸਦੀ ਲੋਕਾਂ ਨੂੰ ਹੀ ਇਸ ਦਾ ਲਾਭ ਮਿਲਿਆ ਸੀ। ਇਸ ਦੇ ਨਾਲ ਹੀ ਇਸ ਯੋਜਨਾ ਵਿਚ ਐਲਾਨ ਕੀਤਾ ਗਿਆ ਸੀ ਕਿ ਮੁਢਲੇ ਸਿਹਤ ਕੇਂਦਰਾਂ ਦੇ ਨਾਲ ਹੀ ਹੈਲਥ ਐਂਡ ਵੈੱਲਨੈੱਸ ਸੈਂਟਰ ਵੀ ਖੋਲ੍ਹੇ ਜਾਣਗੇ, ਜਿਸ ਨਾਲ ਇਸ ਦੇ ਦਾਇਰੇ ਨੂੰ ਵਧਾਇਆ ਜਾ ਸਕੇ। ਡੇਢ ਲੱਖ ਸੈਂਟਰ ਖੋਲ੍ਹੇ ਗਏ ਹਨ ਪਰ ਇਨ੍ਹਾਂ ਸਾਰੇ ਕੇਂਦਰਾਂ 'ਤੇ ਯੋਗਾ, ਓਰਲ ਕੇਅਰ, ਮੈਂਟਲ ਹੈਲਥ ਦੀ ਜਾਂਚ, ਛੂਤ ਦੀਆਂ ਬਿਮਾਰੀਆ ਦੇ ਬੁਨਿਆਦੀ ਮੈਨੇਜਮੈਂਟ ਨਾਲ ਜੁੜੀਆਂ ਸੁਵਿਧਾਵਾਂ ਨਹੀਂ ਹਨ, ਜਿਸ ਦਾ ਇਸ ਯੋਜਨਾ 'ਚ ਵਾਅਦਾ ਕੀਤਾ ਗਿਆ ਸੀ। ਕੌਮੀ ਸਿਹਤ ਨੀਤੀ 2017 ਵਿਚ ਸੁਝਾਅ ਦਿੱਤਾ ਗਿਆ ਸੀ ਕਿ ਸਰਕਾਰ ਨੂੰ ਸਿਹਤ ਖੇਤਰ 'ਚ ਜੀ ਡੀ ਪੀ (ਕੁੱਲ ਘਰੇਲੂ ਪੈਦਾਵਾਰ) ਦਾ 2.5 ਫੀਸਦੀ ਖਰਚਣਾ ਚਾਹੀਦਾ ਹੈ। ਇਸ ਵੇਲੇ ਇਹ ਮਹਿਜ਼ 1.9 ਫੀਸਦੀ ਹੈ। 2014 ਵਿਚ ਭਾਜਪਾ ਨੇ ਹਰੇਕ ਰਾਜ ਵਿਚ ਏਮਜ਼ ਕਾਇਮ ਕਰਨ ਦਾ ਵਾਅਦਾ ਕੀਤਾ ਸੀ। ਇਕ ਦਹਾਕੇ ਵਿਚ ਮੋਦੀ ਸਰਕਾਰ ਨੇ 15 ਏਮਜ਼ ਤਾਂ ਕਾਇਮ ਕਰ ਦਿੱਤੇ ਹਨ ਪਰ ਉਹ ਬੇਹੱਦ ਘੱਟ ਵਸੀਲਿਆਂ ਨਾਲ ਹੀ ਚੱਲ ਰਹੇ ਹਨ। 2014 ਵਿਚ ਭਾਰਤ ਦੇ 806 ਜ਼ਿਲ੍ਹਿਆਂ ਵਿਚ 387 ਮੈਡੀਕਲ ਕਾਲਜ ਸਨ। ਮੋਦੀ ਸਰਕਾਰ ਨੇ ਇਨ੍ਹਾਂ ਦੀ ਗਿਣਤੀ 706 ਕਰ ਦਿੱਤੀ ਹੈ ਪਰ ਇਨ੍ਹਾਂ ਕਾਲਜਾਂ ਵਿਚ ਪ੍ਰੋਫੈਸਰਾਂ ਤੇ ਸਟਾਫ ਦੀ ਗਿਣਤੀ ਬਹੁਤ ਘੱਟ ਹੈ। ਇਸ ਕਰਕੇ ਇੱਥੇ ਆਉਣ ਵਾਲੇ ਮਰੀਜ਼ਾਂ ਨੂੰ ਆਖਰ ਪੁਰਾਣੇ ਹਸਪਤਾਲਾਂ ਦੀ ਸ਼ਰਨ ਵਿਚ ਜਾਣਾ ਪੈਂਦਾ ਹੈ, ਜਿਹੜੇ ਪਹਿਲਾਂ ਤੋਂ ਹੀ ਮਰੀਜ਼ਾਂ ਨਾਲ ਭਰੇ ਹੋਏ ਹਨ। 2022-23 ਵਿਚ ਨੈਸ਼ਨਲ ਮੈਡੀਕਲ ਕੌਂਸਲ ਨੇ 246 ਮੈਡੀਕਲ ਕਾਲਜਾਂ ਦਾ ਸਰਵੇ ਕੀਤਾ ਸੀ, ਜਿਸ ਵਿਚ 50 ਫੀਸਦੀ ਟੀਚਰ ਵੀ ਮੌਜੂਦ ਨਹੀਂ ਸਨ। ਭਾਜਪਾ ਦਾ ਡਾਇਰੀਆ ਖਤਮ ਕਰਨ ਦਾ ਵਾਅਦਾ ਪੈਂਡਿੰਗ ਚਲ ਰਿਹਾ ਹੈ। ਪਿਛਲੇ ਸਾਲ ਤਕਰੀਬਨ 8 ਫੀਸਦੀ ਬੱਚੇ ਇਸ ਦਾ ਸ਼ਿਕਾਰ ਹੋਏ। 2014 ਵਿਚ ਇਸ ਨੇ ਕੌਮੀ ਮੱਛਰ ਮਿਸ਼ਨ ਸ਼ੁਰੂ ਕਰਨ ਦਾ ਵਾਅਦਾ ਕੀਤਾ ਸੀ, ਜਿਹੜਾ ਅਜੇ ਸ਼ੁਰੂ ਨਹੀਂ ਹੋਇਆ। ਟੀ ਬੀ ਖਤਮ ਕਰਨ ਦਾ ਵਾਅਦਾ ਕੀਤਾ ਸੀ ਜਦਕਿ 2020 ਵਿਚ ਟੀ ਬੀ ਨੇ 4.93 ਲੱਖ ਭਾਰਤੀਆਂ ਦੀਆਂ ਜਾਨਾਂ ਲੈ ਲਈਆਂ।*

*ਸੋ, ਇਹ ਹਨ ਮੋਦੀ ਸਰਕਾਰ ਦੀਆਂ ਸਿਹਤ ਖੇਤਰ ਦੀਆਂ ਪ੍ਰਾਪਤੀਆਂ। ਜੇ ਜਨਤਕ ਸਿਹਤ ਖੇਤਰ ਵੱਲ ਧਿਆਨ ਦੇਣ ਦੀ ਥਾਂ ਬੀਮਾ ਸਕੀਮਾਂ ਹੀ ਚਲਾਈਆਂ ਜਾਂਦੀਆਂ ਰਹੀਆਂ ਤਾਂ ਸਥਿਤੀ ਹੋਰ ਵੀ ਮਾੜੀ ਹੋਵੇਗੀ।*

### ਭੋਗ 'ਤੇ ਵਿਸ਼ੇਸ਼

## ਬਲਵੀਰ ਸਿੰਘ ਹੁੰਦਲ ਨੂੰ ਚੇਤੇ ਕਰਦਿਆਂ



ਬਲਬੀਰ ਸਿੰਘ ਹੁੰਦਲ

ਯਾਰਾਂ ਦਾ ਯਾਰ, ਮਿਲਣਸਾਰ, ਸਮਾਜਿਕ ਰਿਸ਼ਤਿਆਂ ਨੂੰ ਤਨਦੇਹੀ ਨਾਲ ਨਿਭਾਉਣ ਵਾਲਾ, ਮਾਪਿਆਂ ਦਾ ਆਗਿਆਕਾਰ ਪੁੱਤਰ, ਸੁਹਿਰਦ ਜੀਵਨ ਸਾਥੀ, ਭੈਣ-ਭਰਾਵਾਂ ਵਾਂਗ ਮਾਣ, ਸਫਲ ਬਾਪ, ਸਮਰਪਿਤ ਅਧਿਆਪਕ ਅਤੇ ਉੱਘੇ ਅਧਿਆਪਕ-ਮੁਲਾਜ਼ਮ ਤੇ ਪੈਨਸ਼ਨਰਾਂ ਦੇ ਨਿਡਰ ਆਗੂ ਬਲਬੀਰ ਸਿੰਘ ਹੁੰਦਲ 8 ਜਨਵਰੀ 2024 ਨੂੰ ਸਵੇਰੇ ਆਪਣੇ ਸੈਂਕੜੇ ਮਿੱਤਰ ਪਿਆਰਿਆਂ, ਪਰਵਾਰਕ ਮੈਂਬਰਾਂ ਤੇ ਰਿਸ਼ਤੇਦਾਰਾਂ ਨੂੰ ਗਮਗੀਨ ਅਵਸਥਾ 'ਚ ਛੱਡ ਅਣਜਾਣੇ ਰਾਹਾਂ 'ਤੇ ਨਿਕਲ ਗਿਆ। ਬਲਬੀਰ ਸਿੰਘ ਹੁੰਦਲ ਦਾ ਜਨਮ ਪਿੰਡ ਬੱਬੇਹਾਲੀ (ਗੁਰਦਾਸਪੁਰ) ਵਿਖੇ ਮਾਤਾ ਗੁਰਬਚਨ ਕੌਰ ਦੀ ਕੁੱਖੋਂ ਬੇਲਾ ਸਿੰਘ ਦੇ ਘਰ ਹੋਇਆ। ਪਿਤਾ ਦੀ ਅਚਨਚੇਤ ਮੌਤ ਹੋਣ ਕਾਰਨ ਪਰਵਾਰ ਦੀ ਸਾਰੀ ਜ਼ਿੰਮੇਵਾਰੀ ਦਾ ਭਾਰ ਬਲਬੀਰ ਸਿੰਘ ਹੁੰਦਲ 'ਤੇ ਆ ਪਿਆ। ਉਨ੍ਹਾਂ ਨੇ ਇਸ ਜ਼ਿੰਮੇਵਾਰੀ ਨੂੰ ਸ਼ਾਨਦਾਰ ਤਰੀਕੇ ਨਾਲ ਨਿਭਾਇਆ ਅਤੇ ਭੈਣ-ਭਰਾਵਾਂ ਨੂੰ ਯਥਾਯੋਗ ਪੜ੍ਹਾ-ਲਿਖਾ ਕੇ ਉਨ੍ਹਾਂ ਨੂੰ ਚੰਗੇ ਵੱਸਦੇ-ਰਸਦੇ ਘਰਾਂ ਵਿੱਚ ਵਿਆਹਿਆ। ਉਨ੍ਹਾਂ ਦਾ ਵਿਆਹ 17 ਨਵੰਬਰ 1968 ਨੂੰ ਪ੍ਰਸਿੱਧ ਸੁਤੰਤਰਤਾ ਸੰਗਰਾਮੀਏ ਕਾਮਰੇਡ ਚੰਨਣ ਸਿੰਘ ਤੁਗਲਵਾਲਾ ਦੀ ਬੇਟੀ ਕੁਲਵੰਤ ਕੌਰ ਨਾਲ ਹੋਇਆ। ਪਰਵਾਰਕ ਜ਼ਿੰਮੇਵਾਰੀਆਂ ਨੂੰ ਨਿਭਾਉਣ 'ਚ ਉਨ੍ਹਾਂ ਪੂਰੀ ਤਨਦੇਹੀ ਨਾਲ ਬਲਬੀਰ ਸਿੰਘ ਹੁੰਦਲ ਦਾ ਸਾਥ ਦਿੱਤਾ ਅਤੇ ਜਨਤਕ-ਜਥੇਬੰਦਕ ਡਿਊਟੀਆਂ ਨਿਭਾਉਣ 'ਚ ਵੀ ਮੋਢੇ ਨਾਲ ਮੋਢਾ ਜੋੜ ਕੇ ਕੰਮ ਕੀਤਾ। ਪਰਵਾਰਕ ਡਿਊਟੀਆਂ ਅਤੇ ਜੇ.ਬੀ.ਟੀ. ਅਧਿਆਪਕ ਵਜੋਂ ਕੰਮ ਕਰਦਿਆਂ ਬਲਬੀਰ ਸਿੰਘ ਹੁੰਦਲ ਨੇ ਐੱਮ.ਏ. ਬੀ. ਐੱਡ ਤੱਕ ਦੀ ਉੱਚ ਸਿੱਖਿਆ ਪ੍ਰਾਪਤ ਕੀਤੀ। ਲੱਗਭੱਗ 36 ਸਾਲ ਦੀ ਬੇਦਾਗ ਤੇ ਸਮਰਪਿਤ ਵਿੱਦਿਅਕ ਸੇਵਾਵਾਂ ਉਪਰੰਤ ਉਹ 30 ਅਪ੍ਰੈਲ 2000 ਨੂੰ ਸੇਵਾ-ਮੁਕਤ ਹੋਏ। ਇਨ੍ਹਾਂ ਦੀ ਸੇਵਾ-ਮੁਕਤੀ 'ਤੇ ਗੌਰਮਿੰਟ ਟੀਚਰ ਯੂਨੀਅਨ ਅਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਨੇ ਸਾਥੀ ਬਲਬੀਰ ਸਿੰਘ ਹੁੰਦਲ ਲਈ ਇੱਕ ਯਾਦਗਾਰੀ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ। ਸਾਰੀ ਸਰਕਾਰੀ ਸੇਵਾ ਦੌਰਾਨ ਹੁੰਦਲ ਨੇ ਅਧਿਆਪਕ ਤੇ ਮੁਲਾਜ਼ਮ ਲਹਿਰ ਵਿੱਚ ਆਗੂਆਂ ਵਾਲੀ ਭੂਮਿਕਾ ਨਿਭਾਈ ਅਤੇ ਹਰ ਸੰਘਰਸ਼ ਵਿੱਚ ਮੂਹਰੇ ਹੋ ਕੇ ਅਗਵਾਈ ਕੀਤੀ। ਬਲਬੀਰ ਸਿੰਘ ਹੁੰਦਲ ਨੇ ਆਪਣੇ ਬੱਚਿਆਂ ਨੂੰ ਚੰਗੀ ਤਾਲੀਮ ਹਾਸਲ ਕਰਵਾਈ। ਸੇਵਾ ਮੁਕਤੀ ਤੋਂ ਬਾਅਦ ਪੰਜਾਬ ਪੈਨਸ਼ਨਰਜ਼ ਐਸੋਸੀਏਸ਼ਨ ਦੇ ਪ੍ਰਧਾਨ ਹੋਣ ਦੇ ਨਾਤੇ ਪੈਨਸ਼ਨਰਾਂ ਨੂੰ ਜਥੇਬੰਦ ਕਰਨ ਅਤੇ ਸੰਘਰਸ਼ ਕਰਨ 'ਚ ਆਗੂ ਵਜੋਂ ਚਰਚਿਤ ਰਹੇ। ਇਹ ਗਦਰੀ ਸੂਰਬੀਰਾਂ ਦੁਆਰਾਂ ਸਥਾਪਤ ਦੇਸ਼ ਭਗਤ ਯਾਦਗਾਰ ਹਾਲ ਕਮੇਟੀ ਨਾਲ ਸੁਰਿੰਦਰ ਕੁਮਾਰੀ ਕੋਛੜ ਰਾਹੀ ਜੁੜੇ ਰਹੇ ਅਤੇ ਗਦਰੀ ਬਾਬਿਆਂ ਦੇ ਮੇਲਿਆਂ 'ਚ ਪਰਵਾਰ ਅਤੇ ਸਾਥੀਆਂ ਸਮੇਤ ਸ਼ਾਮਲ ਹੁੰਦੇ ਰਹੇ। ਰਾਮ ਸਿੰਘ ਦੱਤ, ਦੇਸ਼ ਭਗਤ ਯਾਦਗਾਰ ਕਮੇਟੀ ਦੇ ਕਾਮਰੇਡ ਚੰਨਣ ਸਿੰਘ ਤੁਗਲਵਾਲਾ ਦੀ ਰਹਿਨੁਮਾਈ ਹੇਠ ਸੀਨੀਅਰ ਟਰੱਸਟੀ ਰਹੇ। ਇਹ ਤਰਕਸ਼ੀਲ ਸੁਸਾਇਟੀ ਗੁਰਦਾਸਪੁਰ ਦੇ ਲੰਮਾ ਸਮਾਂ ਪ੍ਰਧਾਨ ਰਹੇ। ਸੰਖੇਪ 'ਚ ਅਜੀਮ ਸ਼ਖਸੀਅਤ ਨੇ ਇੱਕ ਸੰਸਥਾ ਵਾਂਗ ਸਾਰੀ ਉਮਰ ਸਰਗਰਮੀ ਜਾਰੀ ਰੱਖੀ। ਬਲਬੀਰ ਸਿੰਘ ਹੁੰਦਲ ਹੁਰਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਅਖੰਡ ਪਾਠ ਸਾਹਿਬ ਦੇ ਭੋਗ ਅਤੇ ਅੰਤਿਮ ਅਰਦਾਸ 17 ਫਰਵਰੀ 2024 ਦਿਨ ਸ਼ਨੀਵਾਰ ਨੂੰ ਦੁਪਹਿਰ 12 ਵਜੇ ਤੋਂ 1 ਵਜੇ ਤੱਕ ਗੁਰਦਵਾਰਾ ਸਿੰਘ ਸਭਾ, ਜੇਲ ਰੋਡ ਗੁਰਦਾਸਪੁਰ ਵਿਖੇ ਹੋਵੇਗੀ।

**ਪੇਸ਼ਕਸ਼- ਗਿਆਨ ਸੈਦਪੁਰੀ**

# ਵਹਿਮਾਂ-ਭਰਮਾਂ 'ਚੋਂ ਨਿਕਲਣ ਦੀ ਲੋੜ

**ਕਸ਼ਮੀਰ ਸਿੰਘ ਕਾਦੀਆਂ**



ਅੱਜ ਅਸੀਂ 21ਵੀਂ ਸਦੀ ਦੇ ਦੌਰ ਵਿੱਚੋਂ ਗੁਜ਼ਰ ਰਹੇ ਹਾਂ। ਇਸ ਦੌਰ ਵਿੱਚ ਵਿਗਿਆਨ ਨੇ ਹਰ ਖੇਤਰ ਵਿੱਚ ਵੱਡੀਆਂ ਮੱਲਾਂ ਮਾਰੀਆਂ ਹਨ ਤੇ ਕੁਦਰਤ ਦੇ ਰਹੱਸਮਈ ਭੇਦਾਂ ਨੂੰ ਖੋਲ੍ਹਿਆ ਹੈ। ਖਿਲਾਅ ਦੇ ਪ੍ਰੋਗਰਾਮਾਂ ਰਾਹੀਂ ਜਾਨਣ ਤੋਂ ਬਾਅਦ ਦੂਸਰੇ ਵੱਡੇ ਗ੍ਰਹਿ ਬਾਰੇ ਭਰਪੂਰ ਜਾਣਕਾਰੀ ਹਾਸਿਲ ਕੀਤੀ ਹੈ ਅਤੇ ਉਪਗ੍ਰਹਿਆਂ ਨੂੰ ਉਹਨਾਂ ਦੀਆਂ ਧਰਤੀਆਂ 'ਤੇ ਉਤਾਰਿਆ ਹੈ। ਵਿਗਿਆਨਕ ਖੋਜਾਂ; ਟੈਲੀਫੋਨ, ਰੇਡੀਓ, ਕੰਪਿਊਟਰ, ਈਮੇਲ, ਇੰਟਰਨੈੱਟ ਆਦਿ ਨੇ ਸੂਚਨਾ ਤੇ ਤਕਨੀਕ ਨੂੰ ਘਰ-ਘਰ ਪਹੁੰਚਾਇਆ ਹੈ । ਅੱਜ ਵਿਗਿਆਨ ਦੀ ਏਨੀ ਪਹੁੰਚ ਦੇ ਬਾਵਜੂਦ ਕੀ ਸਾਡੀ ਸੋਚ ਵੀ ਬਦਲੀ ਹੈ?

ਅਸੀਂ ਅੱਜ ਇਨ੍ਹਾਂ ਤੱਥਾਂ ਬਾਰੇ ਵਿਚਾਰ-ਚਰਚਾ ਕਰਾਂਗੇ, ਕਿਉਂਕਿ ਅੱਜ ਵੀ ਅਸੀਂ ਵਹਿਮਾਂ-ਭਰਮਾਂ ਦੀ ਦਲਦਲ ਵਿੱਚ ਧੱਸੇ ਹੋਏ ਹਾਂ, ਦੇਸ਼ ਦੇ ਬਾਕੀ ਹਿੱਸਿਆਂ, ਰਾਜਾਂ ਨੂੰ ਛੱਡ ਕੇ ਸਿਰਫ ਪੰਜਾਬ ਬਾਰੇ ਹੀ ਗੱਲਬਾਤ ਕਰੀਏ ਤਾਂ ਪੰਜਾਬ ਵਿੱਚ ਤਕਰੀਬਨ ਸਾਢੇ ਬਾਰਾਂ ਹਜ਼ਾਰ ਦੇ ਕਰੀਬ ਪਿੰਡ ਹਨ। ਮੇਰੇ ਆਪਣੇ ਵਿਚਾਰ ਮੁਤਾਬਕ ਕੋਈ ਵੀ ਅਜਿਹਾ ਪਿੰਡ ਨਹੀਂ ਜਿੱਥੇ ਦੋ-ਚਾਰ ਅਖੌਤੀ ਬਾਬੇ ਨਾ ਹੋਣ। ਜੇਕਰ ਅਸੀਂ ਇੱਕ ਪਿੰਡ ਦੀ ਔਸਤ ਤਿੰਨ ਬਾਬੇ ਵੀ ਕੱਢ ਲਈਏ ਤਾਂ ਇਹ ਤਕਰੀਬਨ 37500 ਬਾਬੇ ਪਿੰਡਾਂ ਵਿਚ ਸਰਗਰਮ ਹਨ। ਸ਼ਹਿਰਾਂ ਦੀ ਗਿਣਤੀ ਇਹਨਾਂ ਅੰਕੜਿਆਂ ਤੋਂ ਅਲੱਗ ਹੈ। ਇਹ ਬਾਬੇ ਖੜਬਾਬੇ ਲੋਕਾਂ ਨੂੰ ਵਹਿਮਾਂ-ਭਰਮਾਂ ਵਿਚ ਪਾ ਕੇ ਉਨ੍ਹਾਂ ਦੀ ਆਰਥਿਕ ਲੁੱਟ ਤਾਂ ਕਰਦੇ ਹੀ ਹਨ, ਗਾਹੇ-ਬਗਾਹੇ ਭੋਲੀਆਂ-ਭਾਲੀਆਂ ਔਰਤਾਂ ਦੀ ਸਰੀਰਕ ਲੁੱਟ ਕਰਨੋਂ ਵੀ ਗੁਰੇਜ਼ ਨਹੀਂ ਕਰਦੇਂ। ਇਥੋਂ ਤੱਕ ਕਿ ਭੋਲੇ-ਭਾਲੇ ਲੋਕਾਂ ਨੂੰ ਅੰਧਵਿਸ਼ਵਾਸ ਦੀ ਭੱਠੀ ਵਿੱਚ ਧਕੇਲਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਦੇ ।

ਇਹਨਾਂ ਅਖੌਤੀ ਬਾਬਿਆਂ, ਤਾਂਤਰਿਕਾਂ, ਪੁੱਛਾਂ ਦੇਣ ਵਾਲਿਆਂ ਦੀਆਂ ਗੈਰ-ਕਾਨੂੰਨੀ ਦੁਕਾਨਾਂ ਸਰੇਆਮ ਖੁੱਲੀਆਂ ਹਨ। ਸਿਰਫ ਤੇ ਸਿਰਫ ਵੋਟਾਂ ਦੀ ਰਾਜਨੀਤੀ ਕਰਨ ਵਾਲੇ ਸਿਆਸਤਦਾਨ ਕਦੇ ਨਹੀਂ ਚਾਹੁਣਗੇ ਕਿ ਇਹਨਾਂ ਪਾਖੰਡੀਆਂ ਦੀਆਂ ਦੁਕਾਨਾਂ ਬੰਦ ਕਰਵਾਉਣ ਲਈ ਕੋਈ ਠੋਸ ਅੰਧਵਿਸ਼ਵਾਸ ਰੋਕੂ ਕਾਨੂੰਨ ਲਾਗੂ ਕਰਨ ਲਈ ਆਪਣੀਆਂ ਬਣਦੀਆਂ ਜ਼ਿੰਮੇਵਾਰੀਆਂ ਨੂੰ ਨਿਭਾਉਣ ਤੋਂ ਪਾਸਾ ਵੱਟਿਆ ਜਾ ਰਿਹਾ ਹੈ। ਭਾਵੇਂ ਕਿ ਇਹਨਾਂ ਤਾਂਤਰਿਕਾਂ, ਪਾਖੰਡੀਆਂ ਵੱਲੋਂ ਅੰਧ ਵਿਸ਼ਵਾਸਾਂ ਰਾਹੀਂ ਗੁੰਮਰਾਹ ਕਰਕੇ ਭੋਲੇ-ਭਾਲੇ ਲੋਕਾਂ ਦੀ ਕੀਤੀ ਜਾ ਰਹੀ ਲੁੱਟ-ਖਸੁੱਟ ਨੂੰ ਬੰਦ ਕਰਵਾਉਣ ਵਾਸਤੇ ਪੰਜਾਬ ਭਰ ਵਿੱਚੋਂ ਕੁਝ ਕੁ ਨੌਜਵਾਨਾਂ ਵੱਲੋਂ ਤਰਕਸ਼ੀਲ ਕਮੇਟੀਆਂ ਗਠਿਤ ਕੀਤੀਆਂ ਹੋਈਆਂ ਹਨ। ਇਹ ਤਰਕਸੀਲ ਕਿਸੇ ਜਾਣਕਾਰੀ ਜਾਂ ਜਾਣ-ਪਹਿਚਾਣ ਦੇ ਮੁਥਾਜ਼ ਨਹੀਂ ਹਨ। ਅੱਜ ਤਰਕਸ਼ੀਲ ਲੋਕਾਂ ਵਿੱਚ ਹਰਮਨ-ਪਿਆਰੇ ਹੋ ਰਹੇ ਹਨ। ਇਹ ਨੌਜਵਾਨ ਪੇਸ਼ੇਵਰ ਨੇ, ਨੌਕਰੀਆਂ ਕਰਦੇ ਨੇ ਜਾਂ ਆਪਣੇ ਕੰਮ-ਧੰਦੇ ਕਰਦੇ ਹਨ। ਫਰਕ ਤਾਂ ਸਿਰਫ ਇਹ ਹੈ ਕਿ ਇਹਨਾਂ ਦੀ ਸੋਚ ਵਿਗਿਆਨਕ ਹੈ। ਹਰ ਗੱਲ ਨੂੰ ਵਿਗਿਆਨ ਨਾਲ ਸਿੱਧ ਕਰਨ ਵਾਲਾ ਹੀ ਤਰਕਸ਼ੀਲ ਹੈ। ਇਹ ਤਰਕਸ਼ੀਲ ਸੰਵਿਧਾਨਿਕ ਦਾਇਰੇ ਵਿੱਚ ਰਹਿ ਕੇ ਅਖੌਤੀ ਬਾਬਿਆਂ ਦਾ ਪਰਦਾ ਫਾਸ਼ ਜਨਤਾ ਦੀ ਮੌਜੂਦਗੀ ਵਿੱਚ ਕਰਦੇ ਹਨ ਅਤੇ ਇਹਨਾਂ ਵੱਲੋਂ ਹੁੰਦੀ ਲੁੱਟ-ਖਸੁੱਟ ਨੂੰ ਬੰਦ ਕਰਵਾਉਂਦੇ ਹਨ । ਮੈਨੂੰ ਖੁਦ ਬਤੌਰ ਪੱਤਰਕਾਰ ਤਰਕਸ਼ੀਲਾਂ ਦੀਆਂ ਸਰਗਰਮੀਆਂ ਬਾਰੇ ਅਤੇ ਇਹਨਾਂ ਅਖੌਤੀ ਬਾਬਿਆਂ ਬਾਰੇ ਕਾਫੀ ਡੂੰਘਾਈ ਨਾਲ ਜਾਨਣ ਦਾ ਮੌਕਾ ਮਿਲਿਆ । ਘਟਨਾ ਕੋਈ ਦੋ ਦਹਾਕਿਆਂ ਤੋਂ ਵੀ ਪੁਰਾਣੀ ਹੈ। ਕਸਬਾ ਕਾਦੀਆਂ (ਗੁਰਦਾਸਪੁਰ) ਵਿਖੇ ਇੱਕ ਸ਼ਿਕਾਇਤ ਦੇ ਆਧਾਰ 'ਤੇ ਇੱਕ ਅਖੌਤੀ ਬਾਬੇ ਦੀ ਸ਼ਕਤੀ ਦਾ ਪਰਦਾ ਫਾਸ਼ ਕਰਨ ਪਹੁੰਚੇ, ਜਿਥੇ ਬਾਬੇ ਦਾ ਹੁਲੀਆ ਵੇਖ ਕੇ ਸਿਰ ਸ਼ਰਮ ਨਾਲ ਝੁਕ ਗਿਆ। ਬਾਬੇ ਨੇ ਨੀਲੀ ਦਸਤਾਰ ਸਜਾਈ ਹੋਈ ਸੀ ਅਤੇ ( ਸਫੈਦ) ਚਿੱਟਾ ਚੋਲਾ ਪਾਇਆ ਹੋਇਆ ਸੀ। ਇਹ ਬਾਬਾ ਆਪਣੇ ਆਪ ਨੂੰ ਕਿਸੇ ਧਾਰਮਿਕ ਸੰਪਰਦਾ ਦਾ ਮੈਂਬਰ ਦੱਸਦਾ ਸੀ। ਪਿੰਡ ਵਾਸੀਆਂ ਤੋਂ ਪਤਾ ਲੱਗਾ ਕਿ ਪਿੰਡ ਦੇ ਧਾਰਮਿਕ ਅਸਥਾਨ 'ਤੇ ਮੁੱਖ ਸੇਵਾਦਾਰ ਦੀ ਡਿਊਟੀ ਵੀ ਨਿਭਾਉਂਦਾ ਆ ਰਿਹਾ ਹੈ ਅਤੇ ਨਾਲ ਲੱਗਦੇ ਆਪਣੇ ਘਰ ਅੰਦਰ ਦੇਵੀ-ਦੇਵਤੇ, ਸ਼ਿਵਲਿੰਗ, ਤ੍ਰਿਸ਼ੂਲ ਆਦਿ ਲਗਾ ਕੇ ਆਪਣੇ ਇੱਕ ਹੋਰ ਸਾਥੀ ਨਾਲ ਲੋਕਾਂ ਨੂੰ ਵਹਿਮਾਂ-ਭਰਮਾਂ ਵਿੱਚ ਪਾ ਕੇ ਇਨ੍ਹਾਂ ਮੂਰਤੀਆਂ ਅੱਗੇ ਮੱਥੇ ਟਿਕਾਉਂਦਾ ਸੀ । ਦੋਵੇਂ ਲੋਕਾਂ ਦੀ ਆਰਥਿਕ ਲੁੱਟ ਕਰਦੇ ਸਨ ਅਤੇ ਲੋਕਾਂ ਨੂੰ ਸਵਾਹ ਦੀਆਂ ਪੁੜੀਆਂ ਤਵੀਤ ਆਦੀ ਦਾ ਪ੍ਰਸ਼ਾਦ ਵੰਡ ਰਹੇ ਸਨ। ਇਸ ਬਾਬੇ ਨੂੰ ਚੈਲੰਜ ਕਰਨ 'ਤੇ ਸਾਰਾ ਪੋਲ ਖੁੱਲ੍ਹ ਗਿਆ ਤੇ ਇਸ ਨੇ ਪਿੰਡ ਦੀ ਪੰਚਾਇਤ ਤੇ ਲੋਕਾਂ ਸਾਹਮਣੇ ਲਿਖਤੀ ਮਾਫੀ ਮੰਗ ਕੇ ਤੌਬਾ ਕੀਤੀ। ਅਗਲੇ ਹੀ ਦਿਨ ਇਸ ਬਾਬੇ ਦੇ ਇੱਕ ਦਲਾਲ ਨੇ ਤਰਕਸ਼ੀਲ ਸੁਸਾਇਟੀ ਤੱਕ ਪਹੁੰਚ ਕੀਤੀ ਤੇ ਅਖਬਾਰ ਵਿੱਚ ਖਬਰ ਨਾ ਲਵਾਉਣ ਬਦਲੇ 10 ਹਜ਼ਾਰ ਦੇਣ ਦੀ ਪੇਸ਼ਕਸ਼ ਕੀਤੀ । ਕੋਈ ਦਾਲ ਨਾ ਗਲਦੀ ਵੇਖ ਕੇ ਬਾਬੇ ਦੇ ਦਲਾਲ ਨੇ ਕਿਹਾ-ਤੁਸੀਂ ਜਿੰਨਾ ਮਰਜ਼ੀ ਜ਼ੋਰ ਲਗਾਓ, ਅਸੀਂ ਖਬਰ ਨਹੀਂ ਲੱਗਣ ਦੇਣੀ । ਉਸ ਨੇ ਆਪਣੀ ਪਹੁੰਚ ਇਲਾਕੇ ਦੇ ਵਿਧਾਇਕ ਤੱਕ ਦੱਸੀ । ਉਸ ਬਾਬੇ ਨੇ ਜਲੰਧਰ ਤੋਂ ਛਪਦੇ ਦੋ ਮੁੱਖ ਅਖਬਾਰਾਂ ਨੂੰ 35-35 ਹਜ਼ਾਰ ਦੇ ਕੇ ਖਬਰ ਨਾ ਲੱਗਣ ਦਿੱਤੀ । ਖਬਰ ਕਰੀਬ ਡੇਢ ਮਹੀਨੇ ਤੱਕ ਲੱਗੀ ਵੀ ਨਹੀਂ, ਇਸ ਦੇ ਉਲਟ ਹੋਰ ਅਖਬਾਰਾਂ ਨੇ ਖਬਰ ਛਾਪ ਕੇ ਬਾਬੇ ਦੀਆਂ ਕਰਤੂਤਾਂ ਨੂੰ ਸਭ ਅੱਗੇ ਜ਼ਾਹਰ ਕੀਤਾ ਤੇ ਤਰਕਸ਼ੀਲਾਂ ਦੀ ਹੌਸਲਾ-ਅਫਜ਼ਾਈ ਕੀਤੀ।

ਇਸੇ ਤਰ੍ਹਾਂ ਦੇ ਇੱਕ ਹੋਰ ਘਟਨਾਕ੍ਰਮ ਵਿੱਚ ਬਟਾਲਾ ਨੇੜਲੇ ਪੈਂਦੇ ਪਿੰਡ ਵਿੱਚ ਅਖੌਤੀ ਬਾਬੇ ਦਾ ਸਰਵੇਖਣ ਕਰਨ ਪਹੁੰਚੀ ਤਰਕਸ਼ੀਲ ਸੋਸਾਇਟੀ ਨੂੰ ਬੜੀ ਹੈਰਾਨੀ ਹੋਈ। ਬਾਬੇ ਦੇ ਸ਼ਰਧਾਲੂਆਂ ਵਿੱਚ ਮਾਸਟਰ, ਨੌਕਰੀ ਪੇਸ਼ੇ ਵਾਲੇ ਅਤੇ ਹਰ ਵਰਗ ਦੇ ਕਰੀਬ 50 ਕੁ ਦੇ ਕਰੀਬ ਸ਼ਰਧਾਲੂ ਬੈਠੇ ਹੋਏ ਸਨ। ਤਰਕਸ਼ੀਲਾਂ ਨੇ ਜਦੋਂ ਬਾਬੇ ਦਾ ਪਰਦਾ ਫਾਸ਼ ਕੀਤਾ ਤਾਂ ਲੋਕ ਦੰਗ ਰਹਿ ਗਏ। ਲੋਕਾਂ ਮੰਨਿਆ ਕਿ ਬਾਬਾ ਉਹਨਾਂ ਨੂੰ ਸਵਾਹ ਰੂਪੀ ਪ੍ਰਸ਼ਾਦ ਦੀਆਂ ਪੁੜੀਆਂ 2000 ਤੋਂ 4000 ਪ੍ਰਤੀ ਪੁੜੀ ਵੇਚਦਾ ਸੀ। ਪਿੰਡ ਵਾਲਿਆਂ ਤੋਂ ਪਤਾ ਚੱਲਿਆ ਕਿ ਆਪਣੇ ਹੀ ਪਿੰਡ ਦੇ ਕਿਸੇ ਮਰਹੂਮ ਥਾਣੇਦਾਰ ਦੀ ਧੀ ਬਾਬੇ ਦੇ ਦਰਸ਼ਨ ਕਰਨ ਆਉਂਦੀ ਸੀ। ਇਸ ਕੁੜੀ ਨਾਲ ਬਾਬੇ ਨੇ ਵਿਆਹ ਕਰਵਾ ਲਿਆ ਸੀ। ਇਥੋਂ ਦੋ ਕੁ ਕਿਲੋਮੀਟਰ ਦੀ ਦੂਰੀ 'ਤੇ ਪੈਂਦੇ ਇੱਕ ਹੋਰ ਪਿੰਡ ਦੇ ਬਾਹਰ ਇੱਕ ਥਾਂ (ਪਾਖੰਡ ਦੀ ਦੁਕਾਨ) ਜਿਸ ਨੂੰ ਲੋਕ ਧਾਰਮਕ ਨਾਂਅ ਲੈ ਕੇ ਸੱਦਦੇ ਸਨ। ਤਰਕਸ਼ੀਲ ਉੱਥੇ ਪਹੁੰਚੇ ਤਾਂ ਇੱਕ ਛੋਟੇ ਜਿਹੇ ਸ਼ੈੱਡ ਦੇ ਬਾਹਰ ਇੱਕ ਥੜ੍ਹੇ ਉੱਤੇ ਨਿੱਕੇ ਜਿਹੇ ਆਲੇ ਵਿੱਚ ਗੁਰੂ ਨਾਨਕ ਦੇਵ ਜੀ ਦੀ ਫੋਟੋ ਅਤੇ ਨਾਲ ਹੋਰ ਫੋਟੋਆਂ ਤੋਂ ਇਲਾਵਾ ਇੱਕ ਸ਼ਿਵਲਿੰਗ ਅਤੇ ਦੋ ਜੋਤਾਂ ਦੇਸੀ ਘਿਓ ਦੀਆਂ ਜਗ ਰਹੀਆਂ ਸਨ । ਇਸ ਆਲੇ ਦੇ ਨਾਲ ਹੀ ਬਣੀ ਵਰਮੀ ਵਿੱਚ ਔਰਤ ਰੂਪੀ ਸ਼ਰਧਾਲੂ ਖੁੱਡ ਵਿੱਚ ਦੁੱਧ ਦੀਆਂ ਗੜਵੀਆਂ ਪਾ ਰਹੀ ਸੀ। ਇਸ ਡੇਰੇ ਨੂੰ ਚਲਾ ਰਹੇ ਮੀਆਂ ਬੀਵੀ, ਜਿਨ੍ਹਾਂ ਨੇ ਚਿੱਟੇ ਵਸਤਰ ਪਾਏ ਹੋਏ ਸਨ। ਹੱਥ ਵਿੱਚ ਮਾਲਾ ਫੇਰੀ ਜਾਪ ਕਰ ਰਹੇ ਸਨ। ਇਹ ਦੋਵੇਂ ਪੂਰਨ ਅੰਮ੍ਰਿਤਧਾਰੀ ਸਿੰਘ ਸਨ ਤੇ ਸੰਗਤਾਂ ਨੂੰ ਉਸ ਵਰਮੀ ਦੀ ਮਿੱਟੀ ਪ੍ਰਸ਼ਾਦ ਦੇ ਰੂਪ ਵਿੱਚ ਦੇ ਰਹੇ ਸਨ। ਇਹ ਦੋਨੋਂ ਲੋਕਾਂ ਨੂੰ ਕਾਲੇ ਧਾਗੇ ਦੇ ਤਵੀਤ ਬਣਾ ਕੇ 35-35 ਰੁਪਏ ਤਵੀਤ ਦੇ ਲੈ ਰਹੇ ਸਨ । ਇਹਨਾਂ ਨੂੰ ਚੈਲੰਜ ਕਰਨ 'ਤੇ ਇਹਨਾਂ ਸੰਗਤਾਂ ਪਾਸੋਂ ਮੁਆਫੀ ਮੰਗ ਲਈ ਅਤੇ ਅੱਗੇ ਤੋਂ ਅਜਿਹਾ ਕੰਮ ਕਰਨ ਤੋਂ ਤੌਬਾ ਕਰ ਲਈ। ਇਹਨਾਂ ਸਾਰੀਆਂ ਘਟਨਾਵਾਂ ਬਾਰੇ ਮੇਰਾ ਮਕਸਦ ਕਿਸੇ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁਚਾਉਣਾ ਨਹੀਂ। ਦੱਸਣ ਦਾ ਇੱਕੋ ਇੱਕ ਮਕਸਦ ਸੀ ਕਿ ਅੱਜ ਸਿੱਖੀ ਬਾਣੇ ਵਿੱਚ ਹੋ ਰਹੇ ਅਜਿਹੇ ਕੰਮ ਜੋ ਕਿ ਲੋਕਾਂ ਨੂੰ ਵਹਿਮਾਂ ਭਰਮਾਂ ਵਿੱਚ ਪਾ ਕੇ ਆਪਣਾ ਉੱਲੂ ਸਿੱਧਾ ਕਰ ਰਹੇ ਹਨ, ਨੂੰ ਕਿਉਂ ਨਹੀਂ ਰੋਕਿਆ ਜਾ ਰਿਹਾ। ਮੇਰੇ ਦਿਮਾਗ ਵਿੱਚ ਅਜਿਹੀ ਪਹੁੰਚ ਕਰਨ ਬਾਰੇ ਅਜੇ ਸੋਚ ਚੱਲ ਹੀ ਰਹੀ ਸੀ ਕਿ ਸਿੱਖਾਂ ਦੀ ਨੁਮਾਇੰਦਗੀ ਕਰਨ ਵਾਲੀ ਸੰਸਥਾ ਸ਼੍ਰੋਮਣੀ ਕਮੇਟੀ ਦੀ ਨੁਮਾਇੰਦਗੀ ਕਰਨ ਵਾਲੇ ਖੁਦ ਵਿਵਾਦਾਂ ਦੇ ਘੇਰੇ ਵਿੱਚ ਰਹਿ ਚੁੱਕੇ ਹਨ, ਜਿਨ੍ਹਾਂ ਬਾਰੇ ਅਖਬਾਰਾਂ ਵਿੱਚ ਲੱਗੀਆਂ ਖਬਰਾਂ ਕਹਿ ਰਹੀਆਂ ਸਨ ਕਿ ਉਹ ਤਾਂ ਖੁਦ ਮੁਸ਼ਕਲਾਂ ਵਿੱਚੋਂ ਨਿਕਲਣ ਵਾਸਤੇ ਪੰਡਤਾਂ ਕੋਲੋਂ ਟੇਵੇ ਲਗਾਉਣ ਦੇ ਇਲਜ਼ਾਮਾਂ ਦਾ ਸਾਹਮਣਾ ਕਰ ਚੁੱਕੇ ਹਨ।

ਮੈਨੂੰ ਬਹੁਤ ਨਮੋਸ਼ੀ ਹੋਈ ਕਿ ਸਿੱਖਾਂ ਦੀ ਸੁਪਰੀਮ ਸੰਸਥਾ ਦੇ ਉਚ ਅਹੁਦਿਆਂ 'ਤੇ ਬੈਠੇ ਲੋਕ ਜੇਕਰ ਅਜਿਹੇ ਕਾਰੇ ਕਰਨਗੇ ਤਾਂ ਆਮ ਲੋਕਾਂ 'ਤੇ ਇਹਦਾ ਕੀ ਪ੍ਰਭਾਵ ਪਵੇਗਾ, ਜਿਸ ਨੂੰ ਖੁਦ ਗੁਰੂ ਗ੍ਰੰਥ ਸਾਹਿਬ 'ਤੇ ਅਕੀਦਾ ਨਹੀਂ, ਉਹ ਵਿਅਕਤੀ ਲੋਕਾਂ ਨੂੰ ਕਿਵੇਂ ਇਸ ਅਕੀਦੇ 'ਤੇ ਚੱਲਣ ਵਾਸਤੇ ਕਹਿ ਸਕਦਾ ਹੈ। ਸਿੱਖ ਧਰਮ, ਜਿਸ ਵਿੱਚ ਅਜਿਹੇ ਢੌਂਗਾਂ, ਪਖੰਡਾਂ, ਵਹਿਮਾਂ-ਭਰਮਾਂ ਵਾਸਤੇ ਕੋਈ ਜਗ੍ਹਾ ਨਹੀਂ ਹੈ। ਅੱਜ ਸਿਰਫ ਪ੍ਰਚਾਰ ਦੀ ਘਾਟ ਕਾਰਨ ਲੋਕ ਵਹਿਮਾਂ-ਭਰਮਾਂ ਦੀਆਂ ਗਹਿਰੀਆਂ ਖੱਡਾਂ ਵਿੱਚ ਡਿੱਗਦੇ ਜਾ ਰਹੇ ਹਨ। ਅੱਜ ਲੋੜ ਹੈ ਸਾਨੂੰ ਸਾਰਿਆਂ ਨੂੰ ਵਿਗਿਆਨਕ ਸੋਚ ਅਪਣਾਉਣ ਦੀ ਤੇ ਇਸ ਗੱਲ 'ਤੇ ਦ੍ਰਿੜ੍ਹ ਹੋਈਏ ਕਿ ਇਸ ਬ੍ਰਹਿਮੰਡ ਵਿੱਚ ਵਹਿਮ-ਭਰਮ, ਭੂਤ-ਪ੍ਰੇਤ ਨਾਂਅ ਦੀ ਕੋਈ ਚੀਜ਼ ਨਹੀਂ ਹੈ। ਆਪੋ ਆਪਣੇ ਇਲਾਕਿਆਂ ਵਿੱਚ ਜਿੱਥੇ ਕਿਤੇ ਵੀ ਅਜਿਹੇ ਪਖੰਡ ਰਚੇ ਜਾ ਰਹੇ ਹੋਣ, ਉਹਨਾਂ ਦਾ ਡਟ ਕੇ ਵਿਰੋਧ ਕਰੀਏ। ਨੌਜਵਾਨਾਂ ਨੂੰ ਨਸ਼ਿਆਂ ਤੋਂ ਉੱਪਰ ਉੱਠ ਕੇ ਥਾਂ-ਥਾਂ ਤਰਕਸ਼ੀਲ ਕਮੇਟੀਆਂ ਦਾ ਗਠਨ ਕਰਨਾ ਚਾਹੀਦਾ ਹੈ। ਅਫਸੋਸ ਤਾਂ ਇਸ ਗੱਲ ਦਾ ਹੈ ਕਿ ਜੋ ਸਾਡੇ ਗੁਰੂਆਂ ਸਾਨੂੰ ਰਾਹ ਦਿਖਾਇਆ ਸੀ, ਅਸੀਂ ਉਸ ਨੂੰ ਵਿਸਾਰ ਕੇ ਇਹਨਾਂ ਅਖੌਤੀ ਬਾਬਿਆਂ ਦੇ ਚੱਕਰਾਂ ਵਿੱਚ ਫਸ ਗਏ ਹਾਂ, ਇਹ ਆਪਣੇ ਪੈਰਾਂ 'ਤੇ ਆਪ ਕੁਹਾੜੀ ਮਾਰਨ ਦੇ ਤੁਲ ਹੈ।

**# ਸੰਪਰਕ : 78379-17054**

# ਰੀਲ੍ਹਾਂ ਦੇ ਵਧ ਰਹੇ ਰੁਝਾਨ 'ਚ ਫੋਟੋਆਂ



ਵਿਜੈ ਗਰਗ

ਇੰਟਰਨੈੱਟ ਦੇ ਆਉਣ ਤੋਂ ਪਹਿਲਾਂ ਸੰਸਾਰ ਵਿੱਚ ਤਬਦੀਲੀ ਦੀ ਰਫਤਾਰ ਮੱਠੀ ਸੀ, ਪਰ ਹੁਣ ਇਹ ਪ੍ਰਕਿਰਿਆ ਇੰਨੀ ਤੇਜ਼ ਹੈ ਕਿ ਨਵੀਂ ਤੇਜ਼ੀ ਨਾਲ ਪੁਰਾਣੀ ਹੁੰਦੀ ਜਾ ਰਹੀ ਹੈ। ਸੋਸ਼ਲ ਮੀਡੀਆ ਦੇ ਆਉਣ ਤੋਂ ਬਾਅਦ ਲੋਕਾਂ ਨੇ ਆਪਣੇ ਵਿਚਾਰ ਪ੍ਰਗਟ ਕਰਨ ਲਈ ਬਲੌਗ ਪੋਸਟਾਂ ਅਤੇ ਤਸਵੀਰਾਂ ਨੂੰ ਇੱਕ ਮਾਧਿਅਮ ਵਜੋਂ ਵਰਤਿਆ, ਫਿਰ ਵੀਡੀਓ ਅਤੇ ਆਡੀਓ ਸਮੱਗਰੀ ਪ੍ਰਸਿੱਧ ਹੋ ਗਈ, ਪਰ ਤਸਵੀਰਾਂ ਜਾਂ ਤਸਵੀਰਾਂ ਦੀ ਲਗਾਤਾਰ ਮੰਗ ਬਣੀ ਰਹੀ। ਇਹ ਫੋਟੋਆਂ ਦਾ ਹੀ ਕਮਾਲ ਸੀ, ਜਿਸ ਨੇ ਮੋਬਾਈਲ ਰਾਹੀਂ ਆਪਣੀ ਫੋਟੋ ਖਿੱਚਣ ਦੀ 'ਸੈਲਫੀ' ਦੀ ਕਲਾ ਵਿਕਸਤ ਕੀਤੀ ਅਤੇ ਕੁਝ ਹੀ ਸਮੇਂ 'ਚ ਪੂਰੀ ਦੁਨੀਆ ਮੈਂ ਢਕ ਗਿਆ, ਪਰ ਇੰਟਰਨੈੱਟ 'ਤੇ ਰੀਲ੍ਹਾਂ ਦੀ ਵਧਦੀ ਲੋਕਪ੍ਰਿਅਤਾ ਨੇ ਇਨ੍ਹਾਂ ਤਸਵੀਰਾਂ ਦੀ ਲੋਕਪ੍ਰਿਅਤਾ ਨੂੰ ਖਤਮ ਨਹੀਂ ਕੀਤਾ, ਸਗੋਂ ਇਸ ਨੂੰ ਜ਼ਰੂਰ ਘਟਾ ਦਿੱਤਾ ਹੈ।

ਰੀਲ੍ਹਾਂ ਦੇ ਸਮਾਨ ਇਕ ਹੋਰ ਫਾਰਮੈਟ ਜੋ ਇੰਟਰਨੈੱਟ 'ਤੇ ਸੁਰਖੀਆਂ ਬਣਾ ਰਿਹਾ ਹੈ, ਉਹ ਹੈ 'ਬਲਾਗਿੰਗ'। ਇਹ ਵੀਡੀਓ ਬਣਾਉਣ ਅਤੇ ਸਾਂਝਾ ਕਰਨ ਲਈ ਵਰਤੇ ਜਾਂਦੇ ਦੋ ਵੱਖ-ਵੱਖ ਡਿਜੀਟਲ ਮੀਡੀਆ ਫਾਰਮੈਟ ਹਨ, ਜੋ ਕਿ ਫੋਟੋਆਂ ਦੀ ਪ੍ਰਸਿੱਧੀ ਗੁਆ ਰਹੇ ਹਨ। ਵੀਲੌਗਿੰਗ ਦਾ ਮਤਲਬ ਹੈ ਵੀਡੀਓ ਰਾਹੀਂ ਨਿੱਜੀ ਅਨੁਭਵ, ਗਿਆਨ, ਕਲਾ, ਸਾਹਿਤ, ਯਾਤਰਾਵਾਂ ਆਦਿ ਨੂੰ ਸਾਂਝਾ ਕਰਨਾ। ਇਨ੍ਹਾਂ ਦੀ ਮਿਆਦ ਰੀਲ੍ਹ ਨਾਲੋਂ ਜ਼ਿਆਦਾ ਹੁੰਦੀ ਹੈ। ਇਹ ਹੋਰ ਹੈ ਰੀਲਜ਼ ਇੱਕ ਕਿਸਮ ਦੀ ਵੀਡੀਓ ਸਮੱਗਰੀ ਹੈ, ਜੋ ਆਮ ਤੌਰ 'ਤੇ ਐਮਐਕਸ ਸਾਰਟ ਵੀਡੀਓ, ਮੌਜ, ਜੋਸ਼, ਚਿੰਗਾਰੀ, ਮਿਤਰੋਂ ਇੰਸਟਾਗ੍ਰਾਮ, ਯੂਟਿਊਬ ਅਤੇ ਫੇਸਬੁੱਕ ਵਰਗੇ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਬਣਾਈ ਜਾਂਦੀ ਹੈ। ਹਾਲਾਂਕਿ ਇਹ ਵੱਖ-ਵੱਖ ਵਿਸ਼ਿਆਂ 'ਤੇ ਛੋਟੇ ਵੀਡੀਓ ਹਨ, ਜੋ ਸੰਗੀਤ, ਸੰਵਾਦ ਆਦਿ ਦੇ ਨਾਲ ਫੋਟੋਆਂ ਅਤੇ ਕਲਿੱਪਾਂ ਨੂੰ ਜੋੜ ਕੇ ਬਣਾਏ ਗਏ ਹਨ। ਰੀਲ੍ਹਾਂ 'ਚ ਮੋਸ਼ਨ ਹੈ, ਜਦੋਂ ਕਿ ਜੇਕਰ ਤਸਵੀਰਾਂ 'ਚ ਮੋਸ਼ਨ ਲਿਆਉਣਾ ਹੈ ਤਾਂ ਰੀਲ੍ਹਾਂ ਦਾ ਸਹਾਰਾ ਲੈਣਾ ਪਵੇਗਾ। ਸੋਸ਼ਲ ਇਨਸਾਈਡਰ ਦੇ ਅਨੁਸਾਰ, ਰੀਲ੍ਹ ਇੰਸਟਾਗ੍ਰਾਮ 'ਤੇ ਕਿਸੇ ਵੀ ਹੋਰ ਸਮੱਗਰੀ ਨਾਲੋਂ ਦੁੱਗਣੀ ਪ੍ਰਸਿੱਧ ਹੈ। ਪਹੁੰਚ ਬਣਾਉਂਦਾ ਹੈ।

ਰੀਲ੍ਹਾਂ ਦੀ ਔਸਤ ਪਹੁੰਚ ਦਰ 30.81 ਪ੍ਰਤੀਸ਼ਤ ਹੈ, ਜਦੋਂ ਕਿ ਕੈਰੋਜਲ (ਪੋਸਟਾਂ ਵਿੱਚ ਇੱਕ ਤੋਂ ਵੱਧ ਫੋਟੋਆਂ ਜਾਂ ਵੀਡੀਓ ਹਨ, ਜੋ ਉਪਭੋਗਤਾ ਇੱਕ ਫੋਨ ਐਪ ਰਾਹੀਂ ਪੋਸਟ ਵਿੱਚ ਸਵਾਈਪ ਕਰਕੇ ਦੇਖ ਸਕਦੇ ਹਨ) ਅਤੇ ਫੋਟੋ ਪੋਸਟਾਂ ਦੀ ਕ੍ਰਮਵਾਰ ਔਸਤ ਪਹੁੰਚ ਦਰ 14.45 ਪ੍ਰਤੀਸਤ ਹੈ ਅਤੇ 13.14 ਫੀਸਦੀ ਹੈ। ਇਹ ਨੋਟ ਕਰਨਾ ਮਹੱਤਵਪੂਰਨ ਹੈ ਕਿ 2022 ਅਤੇ 2023 ਦੇ ਵਿਚਕਾਰ ਕੈਰੋਜਲ ਪੋਸਟਾਂ ਦੀ ਪਹੁੰਚ ਦਰ ਵਿੱਚ ਮਹੱਤਵਪੂਰਨ ਗਿਰਾਵਟ ਆਈ ਹੈ। ਸਟੈਟਿਸਟਾ ਦੀ ਇੱਕ ਰਿਪੋਰਟ ਅਨੁਸਾਰ, ਇੰਸਟਾਗ੍ਰਾਮ ਰੀਲ੍ਹਜ਼ ਦੀ ਪਹੁੰਚ ਦਰ ਉਹਨਾਂ ਖਾਤਿਆਂ ਲਈ ਬਹੁਤ ਜ਼ਿਆਦਾ ਹੈ, ਜਿਨ੍ਹਾਂ ਦੇ ਘੱਟ ਫਾਲੋਅਰ ਹਨ, 500 ਤੱਕ ਫਾਲੋਅਰਜ਼ ਵਾਲੇ ਖਾਤਿਆਂ ਦੀ ਔਸਤ ਪਹੁੰਚ ਦਰ 892 ਪ੍ਰਤੀਸ਼ਤ ਹੈ। ਹਾਲਾਂਕਿ ਇਹ ਜ਼ਿਆਦਾ ਫਾਲੋਅਰਜ਼ ਵਾਲੇ ਖਾਤਿਆਂ ਦੀ ਪਹੁੰਚ ਦਰ ਨਾਲੋਂ ਕਈ ਗੁਣਾ ਜ਼ਿਆਦਾ ਹੈ, ਵੱਡੇ ਖਾਤਿਆਂ ਤੋਂ ਇੰਸਟਾਗ੍ਰਾਮ ਰੀਲ੍ਹਜ਼ ਵੀ ਪਹੁੰਚ ਵਿੱਚ ਮਹੱਤਵਪੂਰਨ ਵਾਧਾ ਦੇਖ ਰਹੇ ਹਨ।

ਇਹ ਅੰਕੜੇ ਦਰਸਾਉਂਦੇ ਹਨ ਕਿ ਰੀਲ੍ਹਾਂ ਭਾਰਤ ਵਿੱਚ ਫੋਟੋਆਂ ਨਾਲੋਂ ਵਧੇਰੇ ਪ੍ਰਭਾਵਸ਼ਾਲੀ ਤਰੀਕਾ ਹੈ, ਜੋ ਕਿ ਸੁਵਿਧਾਜਨਕ ਜਨ ਸੰਚਾਰ ਅਤੇ ਪ੍ਰਸਿੱਧੀ ਪ੍ਰਾਪਤ ਕਰਨ ਵਿੱਚ ਮਦਦ ਕਰ ਸਕਦੀ ਹੈ। ਵੈੱਬਸਾਈਟ ਦੇ ਮੁਤਾਬਕ, ਭਾਰਤ 230.25 ਮਿਲੀਅਨ ਇੰਸਟਾਗ੍ਰਾਮ ਉਪਭੋਗਤਾਵਾਂ ਦੇ ਨਾਲ ਇੰਸਟਾਗ੍ਰਾਮ ਰੀਲ੍ਹਜ਼ ਲਈ ਸਭ ਤੋਂ ਪ੍ਰਸਿੱਧ ਸਥਾਨ ਹੈ। ਸਭ ਤੋਂ ਵੱਡਾ ਬਾਜ਼ਾਰ ਦੂਜੇ ਸਥਾਨ 'ਤੇ ਅਮਰੀਕਾ (15.975 ਕਰੋੜ) ਅਤੇ ਤੀਜੇ ਸਥਾਨ 'ਤੇ ਬ੍ਰਾਜ਼ੀਲ (11.945 ਕਰੋੜ) ਹੈ। ਰੀਲ੍ਹਾਂ ਵਧੇਰੇ ਪ੍ਰਸਿੱਧ ਹਨ, ਕਿਉਂਕਿ ਉਹ ਸਥਿਰ ਫੋਟੋਆਂ ਨਾਲੋਂ ਵਧੇਰੇ ਆਕਰਸ਼ਕ ਹਨ। ਰੀਲ੍ਹਾਂ ਕਹਾਣੀਆਂ ਸੁਣਾ ਸਕਦੀਆਂ ਹਨ, ਗਤੀ ਦਿਖਾ ਸਕਦੀਆਂ ਹਨ ਅਤੇ ਸੰਗੀਤ ਅਤੇ ਧੁਨੀ ਪ੍ਰਭਾਵ ਜੋੜ ਸਕਦੀਆਂ ਹਨ, ਜੋ ਉਹਨਾਂ ਨੂੰ ਵਧੇਰੇ ਆਕਰਸ਼ਕ ਅਤੇ ਦਿਲਚਸਪ ਬਣਾ ਸਕਦੀਆਂ ਹਨ। ਦੂਜਾ, ਰੀਲ੍ਹਾਂ ਬਣਾਉਣਾ ਪਹਿਲਾਂ ਨਾਲੋਂ ਸੌਖਾ ਹੈ। ਸਮਾਰਟਫੋਨਸ ਅਤੇ ਵੀਡੀਓ ਐਡੀਟਿੰਗ ਐਪਸ ਦੇ ਆਉਣ ਨਾਲ, ਕੋਈ ਵੀ ਰੀਲ੍ਹ ਬਣਾ ਸਕਦਾ ਹੈ। ਤੀਜਾ, ਰੀਲ੍ਹ ਇੱਕ ਵਿਸ਼ਾਲ ਸਰੋਤਿਆਂ ਤੱਕ ਪਹੁੰਚਣ ਦਾ ਇੱਕ ਵਧੀਆ ਤਰੀਕਾ ਹੈ। ਇਨ੍ਹਾਂ ਨੂੰ ਸੋਸ਼ਲ ਮੀਡੀਆ ਪਲੇਟਫਾਰਮਾਂ ਜਿਵੇਂ ਇੰਸਟਾਗ੍ਰਾਮ, ਯੂਟਿਊਬ, ਸ਼ਾਰਟਸ 'ਤੇ ਸਾਂਝਾ ਕੀਤਾ ਜਾ ਸਕਦਾ ਹੈ, ਜਿਸ ਦੇ ਅਰਬਾਂ ਉਪਭੋਗਤਾ ਹਨ ।

ਅਜੇ ਵੀ ਸਥਿਰ ਚਿੱਤਰਾਂ ਦੀ ਮਹੱਤਤਾ ਖਤਮ ਨਹੀਂ ਹੋਈ। ਉਹਨਾਂ ਨੂੰ ਛਾਪਿਆ ਜਾ ਸਕਦਾ ਹੈ ਅਤੇ ਘਰਾਂ ਅਤੇ ਕਾਰੋਬਾਰਾਂ ਵਿੱਚ ਪ੍ਰਦਰਸ਼ਿਤ ਕੀਤਾ ਜਾ ਸਕਦਾ ਹੈ ਅਤੇ ਕਈ ਸਾਲਾਂ ਤੱਕ ਪਾਲਿਆ ਵੀ ਜਾ ਸਕਦਾ ਹੈ। ਰੀਲ੍ਹਾਂ ਦੀ ਵਰਤੋਂ ਅਕਸਰ ਹਾਸੇ, ਰਚਨਾਤਮਕਤਾ ਅਤੇ ਸ਼ਖਸੀਅਤ ਨੂੰ ਦਿਖਾਉਣ ਲਈ ਕੀਤੀ ਜਾਂਦੀ ਹੈ। ਇਸ ਲਈ ਭਾਵੇਂ ਰੀਲ੍ਹਾਂ ਪ੍ਰਸਿੱਧ ਹੋ ਰਹੀਆਂ ਹਨ, ਇਹ ਇਸ ਤਰ੍ਹਾਂ ਨਹੀਂ ਹੈ ਕਿ ਉਹ ਅਜੇ ਵੀ ਫੋਟੋਆਂ ਨੂੰ ਪੂਰੀ ਤਰ੍ਹਾਂ ਖਤਮ ਕਰ ਦੇਣਗੇ। ਦੋਨੋਂ ਫਾਰਮੈਟ ਉਹਨਾਂ ਦੀਆਂ ਆਪਣੀਆਂ ਸ਼ਕਤੀਆਂ ਅਤੇ ਕਮਜ਼ੋਰੀਆਂ ਹਨ, ਅਤੇ ਇਹ ਅੰਦਾਜ਼ਾ ਲਗਾਉਣਾ ਮੁਸ਼ਕਲ ਹੈ ਕਿ ਉਹ ਆਉਣ ਵਾਲੇ ਸਾਲਾਂ ਵਿੱਚ ਕਿੰਨਾ ਸਮਾਂ ਸਹਿ-ਮੌਜੂਦ ਰਹਿਣ ਦੇ ਯੋਗ ਹੋਣਗੇ।

**ਰਿਟਾਇਰਡ ਪ੍ਰਿੰਸੀਪਲ ਐਜੂਕੇਸ਼ਨਲ ਕਾਲਮਨਿਸਟ ਮਲੋਟ**

# ਬੰਗਾਲ 'ਚ ਇਕ ਵਾਰ ਫਿਰ ਆਪਣੀਆਂ ਜੜ੍ਹਾਂ ਵੱਲ ਪਰਤ ਰਹੇ ਖੱਬੇਪੱਖੀ

**ਰਣਜੀਤ ਸਿੰਘ ਲੁਧਿਆਣਵੀ**

ਕਾਮਰੇਡ ਜਯੋਤੀ ਬਾਸੂ ਦੀ ਅਗਵਾਈ 'ਚ ਸੱਤਾ 'ਤੇ ਕਾਬਜ਼ ਹੋਣ ਤੋਂ ਬਾਅਦ ਲਗਾਤਾਰ 34 ਸਾਲ ਤੱਕ ਮਾਰਕਸੀ ਪਾਰਟੀ ਪੱਛਮੀ ਬੰਗਾਲ ਦੀ ਸੱਤਾ 'ਤੇ ਰਹੀ। ਐਪਰ ਸੱਤਾ ਹੱਥੋਂ ਜਾਂਦਿਆਂ ਹੀ ਪਾਰਟੀ ਹੇਠਾਂ ਵੱਲ ਜਾਣ ਲੱਗੀ। 2011 'ਚ ਸੱਤਾ ਹੱਥੋਂ ਜਾਣ ਤੋਂ ਬਾਅਦ ਇਕ ਵਾਰ ਤਾਂ ਕਮਿਊਨਿਸਟ ਆਗੂ ਹੀ ਨਹੀਂ, ਵਰਕਰ ਵੀ ਸਦਮੇ 'ਚ ਸਨ, ਸਮਝ ਹੀ ਨਹੀਂ ਆ ਰਿਹਾ ਸੀ ਕਿ ਕੀ ਭਾਣਾ ਵਰਤ ਗਿਆ। ਤਕਰੀਬਨ ਦੋ ਸਾਲ ਤੱਕ ਰਾਜਨੀਤਕ ਸਰਗਰਮੀ ਬੰਗਾਲ ਦੀਆਂ ਸੜਕਾਂ ਤੋਂ ਗਾਇਬ ਹੀ ਰਹੀ। ਇਸ ਦੌਰਾਨ ਭਾਰਤੀ ਜਨਤਾ ਪਾਰਟੀ ਨੇ ਮਾਰਕਸੀ ਪਾਰਟੀਆਂ ਵੱਲੋਂ ਛੱਡੀ ਖਾਲੀ ਥਾਂ ਨੂੰ ਭਰਨਾ ਸ਼ੁਰੂ ਕੀਤਾ। ਨਤੀਜਾ ਇਹ ਹੋਇਆ ਕਿ ਲੋਕਸਭਾ ਅਤੇ ਵਿਧਾਨਸਭਾ 'ਚ ਮਾਰਕਸੀ ਖਾਤਾ ਵੀ ਨਹੀਂ ਖੋਲ੍ਹ ਸਕੇ।

ਪੰਚਾਇਤ ਚੋਣਾਂ 'ਚ ਵੀ ਕਮਿਊਨਿਸਟਾਂ ਦੀ ਥਾਂ ਭਾਜਪਾ ਦਾ ਦਬਦਬਾ ਵਿਖਾਈ ਦੇਣ ਲੱਗਾ। ਦੇਸ਼-ਦੁਨੀਆ 'ਚ ਅੰਦੋਲਨ ਲਈ ਮਸ਼ਹੂਰ ਪਾਰਟੀ ਦੇ ਆਗੂ ਇਸ ਤੋਂ ਦੂਰ ਹੁੰਦੇ ਚਲੇ ਗਏ। ਇੱਥੇ ਇਹ ਕਿਹਾ ਜਾਣ ਲੱਗਾ ਕਿ ਲਗਾਤਾਰ 34 ਸਾਲ ਤੱਕ ਸੱਤਾ 'ਚ ਰਹਿਣ ਤੋਂ ਬਾਅਦ ਸੀ ਪੀ ਐੱਮ ਵਾਲੇ ਸੜਕਾਂ 'ਤੇ ਉਤਰਨਾ ਭੁੱਲ ਹੀ ਗਏ ਹਨ। ਕੋਲਕਾਤਾ 'ਚ ਸੀ ਪੀ ਐੱਮ ਵੱਲੋਂ ਵੱਖ-ਵੱਖ ਮੁੱਦੇ ਲੈ ਕੇ ਅੰਦੋਲਨ ਜ਼ਰੂਰ ਕੀਤਾ ਗਿਆ, ਐਪਰ ਇਸ ਦਾ ਅੰਜਾਮ ਪ੍ਰਿਜਨ ਵੈਨ 'ਚ ਚੜ੍ਹਦਿਆਂ ਨਾਅਰੇਬਾਜ਼ੀ ਕਰਨਾ ਜਾਂ ਪੁਲਸ ਵਾਲਿਆਂ ਨਾਲ ਧੱਕਾ-ਮੁਕੀ ਤੱਕ ਸੀਮਤ ਰਹਿ ਗਿਆ। ਲੋਕੀਂ ਮਜ਼ਾਕ 'ਚ ਕਹਿੰਦੇ ਕਿ ਫੇਸਬੁੱਕ 'ਚ ਲਾਈਕ ਹਾਸਲ ਕਰਨ ਲਈ ਇਹ ਵਿਖਾਵਾ ਕੀਤਾ ਜਾ ਰਿਹਾ ਹੈ।

ਪੱਛਮੀ ਬੰਗਾਲ ਦੇ ਮਤਦਾਤਾ ਮੁੱਢ ਤੋਂ ਹੀ ਦੋ ਧਿਰਾਂ 'ਚ ਵੰਡੇ ਰਹੇ ਹਨ। ਇਕ ਸਮੇਂ ਸੀ ਪੀ ਐਮ ਅਤੇ ਕਾਂਗਰਸ ਅਤੇ ਇਸ ਤੋਂ ਬਾਦ ਸੀ ਪੀ ਐੱਮ ਅਤੇ ਤ੍ਰਿਣਮੂਲ ਕਾਂਗਰਸ, ਬਾਅਦ 'ਚ ਤ੍ਰਿਣਮੂਲ ਕਾਂਗਰਸ ਅਤੇ ਭਾਜਪਾ ਵਿਚਕਾਰ ਸਿੱਧਾ ਮੁਕਾਬਲਾ ਹੁੰਦਾ ਰਿਹਾ। ਲੋਕਾਂ ਕਦੇ ਵੀ ਤੀਜੀ ਧਿਰ ਨੂੰ ਖੁੱਲ੍ਹ ਕੇ ਵੋਟਾਂ ਨਹੀਂ ਪਾਈਆਂ। 2019 ਦੀਆਂ ਲੋਕਸਭਾ ਚੋਣਾਂ 'ਚ ਭਾਜਪਾ ਨੂੰ ਰਾਜ ਦੀਆਂ 42 'ਚੋਂ 18 ਸੀਟਾਂ 'ਤੇ ਜਿੱਤ ਮਿਲੀ ਅਤੇ ਮੰਨਿਆ ਜਾ ਰਿਹਾ ਸੀ ਕਿ ਵਿਧਾਨਸਭਾ 'ਚ ਤਕਰੀਬਨ 200 ਸੀਟਾਂ ਹਾਸਲ ਕਰ ਲਵੇਗੀ। ਐਪਰ ਇਸ ਤੋਂ ਬਾਅਦ ਭਾਜਪਾ ਦਾ ਗ੍ਰਾਫ ਤੇਜ਼ੀ ਨਾਲ ਹੇਠਾਂ ਵੱਲ ਜਾਣ ਲੱਗਾ। ਵਿਧਾਨ ਸਭਾ 'ਚ ਭਾਜਪਾ ਭਾਵੇਂ ਸਭ ਤੋਂ ਵੱਡੀ ਪਾਰਟੀ ਸਾਬਿਤ ਹੋਈ, 80 ਸੀਟਾਂ ਵੀ ਨਹੀਂ ਜਿੱਤ ਸਕੀ। ਬੀਤੇ ਪੰਜ ਸਾਲਾਂ ਦੌਰਾਨ ਭਾਜਪਾ ਦਾ ਗ੍ਰਾਫ ਲਗਾਤਾਰ ਹੇਠਾਂ ਵੱਲ ਜਾਂਦਾ ਰਿਹਾ, ਭਾਵੇਂ ਉਹ ਪੰਚਾਇਤ ਚੋਣਾਂ ਹੋਣ, ਲੋਕਸਭਾ, ਵਿਧਾਨਸਭਾ ਦੀ ਜ਼ਿਮਨੀ ਚੋਣ ਹੋਵੇ, ਹਰ ਥਾਂ ਪਾਰਟੀ ਨੂੰ ਹਾਰ ਦਾ ਸਾਹਮਣਾ ਕਰਨਾ ਪਿਆ। ਕਈ ਥਾਂ ਤਾਂ ਤੀਜੇ ਥਾਂ ਵੀ ਪਹੁੰਚ ਗਈ।

ਬੀਤੇ ਦੋ ਸਾਲਾਂ ਦੌਰਾਨ ਸੀ ਪੀ ਐੱਮ ਦਾ ਆਪਣੀਆਂ ਜੜ੍ਹਾਂ ਵੱਲ ਪਰਤਣਾ ਭਾਜਪਾ ਦੇ ਹੇਠਾਂ ਜਾਣ ਦਾ ਇਕ ਵੱਡਾ ਕਾਰਨ ਮੰਨਿਆ ਜਾ ਰਿਹਾ ਹੈ। ਇਨ੍ਹਾਂ ਦੋ ਸਾਲਾਂ 'ਚ ਸੀ ਪੀ ਐੱਮ ਦੇ ਰਾਜ ਕਮੇਟੀ ਦੇ ਚਾਰ ਆਗੂ ਜੇਲ੍ਹ ਗਏ ਹਨ। ਹਾਵੜਾ ਦੇ ਵਿਦਿਆਰਥੀ ਆਗੂ ਅਨੀਸ਼ ਖਾਨ ਦੀ ਮੌਤ ਦੀ ਜਾਂਚ ਦੀ ਮੰਗ ਕਰਦਿਆਂ ਫਰਵਰੀ 2022 'ਚ ਪਾਂਚਲਾ ਤੋਂ ਐੱਸ ਐੱਫ ਆਈ ਨੇ ਵਿਸ਼ਾਲ ਰੈਲੀ ਕੱਢੀ ਸੀ। ਸੀ ਪੀ ਐੱਮ ਰਾਜ ਕਮੇਟੀ ਦੀ ਮੈਂਬਰ ਮੀਨਾਕਸ਼ੀ ਮੁਖਰਜੀ ਤਕਰੀਬਨ ਤਿੰਨ ਹਫਤੇ ਜੇਲ੍ਹ ਚ ਰਹੇ ਸਨ। ਸਤੰਬਰ 2022 'ਚ ਬਰਧਮਾਨ 'ਚ ਅੰਦੋਲਨ ਦੌਰਾਨ ਸੀ ਪੀ ਐਮ ਦੀ ਰਾਜ ਅਤੇ ਕੇਂਦਰੀ ਕਮੇਟੀ ਦੇ ਮੈਂਬਰ ਆਭਾਸ਼ ਰਾਏਚੌਧਰੀ ਤਕਰੀਬਨ ਦੋ ਹਫਤੇ ਤੱਕ ਜੇਲ੍ਹ 'ਚ ਸਨ। ਦੋਵੇਂ ਮੌਕੇ ਵਾਇਰਲ ਵੀਡੀਓ 'ਚ ਕਿਤੇ ਕਾਮਰੇਡਾਂ ਨੂੰ ਸੜਕਾਂ 'ਤੇ ਸਿੱਟ ਕੇ ਪੁਲਸ ਵਾਲੇ ਕੁੱਟ ਰਹੇ ਸਨ ਅਤੇ ਕਿਤੇ ਪੁਲਸ ਵਾਲਿਆਂ ਨੂੰ ਕਾਮਰੇਡ ਕੁਟਾਪਾ ਚਾੜ੍ਹ ਰਹੇ ਸਨ।

ਪੰਚਾਇਤ ਚੋਣਾਂ ਤੋਂ ਬਾਅਦ 2023 'ਚ ਤ੍ਰਿਣਮੂਲ ਕਾਂਗਰਸ ਛਾਤਰ ਪ੍ਰੀਸ਼ਦ ਨੇ ਜਲਪਾਈਗੁੜੀ 'ਚ ਸੀ ਪੀ ਐੱਮ ਜ਼ਿਲ੍ਹਾ ਪਾਰਟੀ ਦਫਤਰ ਘਿਰਾਓ ਦਾ ਐਲਾਨ ਕੀਤਾ ਸੀ। ਸੀ ਪੀ ਐੱਮ ਨੇ ਵੀ ਜਵਾਬ ਦਿੱਤਾ ਅਤੇ ਦੋਵੇਂ ਧਿਰਾਂ 'ਚ ਹੋਈ ਹਿੰਸਾ ਤੋਂ ਬਾ ਦ ਸੀ ਪੀ ਐਮ ਦੀ ਰਾਜ ਕਮੇਟੀ ਦੇ ਮੈਂਬਰ ਜਿਆਉਲ ਆਲਮ ਸਮੇਤ ਕਈ ਮਾਰਕਸੀ ਆਗੂਆਂ ਨੂੰ ਚਾਰ ਦਿਨ ਜੇਲ੍ਹ 'ਚ ਰਹਿਣਾ ਪਿਆ ਸੀ। ਸਾਬਕਾ ਐੱਮ ਐੱਲ ਏ, ਸੀ ਪੀ ਐਮ ਦੇ ਰਾਜ ਕਮੇਟੀ ਦੇ ਮੈਂਬਰ ਨਿਰਾਪਦ ਸਰਦਾਰ ਸੰਦੇਸ਼ਖਾਲੀ ਦੀ ਘਟਨਾ ਨੂੰ ਲੈ ਕੇ ਜੇਲ੍ਹ 'ਚ ਹਨ।

ਇਸ ਤੋਂ ਪਹਿਲਾਂ ਸੀ ਪੀ ਐਮ ਦੀ ਰਾਜ ਕਮੇਟੀ ਦੀ ਮੈਂਬਰ ਮਧੂਜਾ ਸੇਨਰਾਏ ਅਤੇ ਸਾਯਨਦੀਪ ਮਿੱਤਰਾ ਨੂੰ ਵੀ ਜੇਲ੍ਹ ਹੋਈ ਸੀ। ਐਪਰ ਮਾਰਕਸੀ ਮੰਨਦੇ ਹਨ ਕਿ ਉਸ ਸਮੇਂ ਅੰਦੋਲਨ ਦੀ ਕੋਈ ਰਣਨੀਤੀ ਨਹੀਂ ਸੀ। ਜ਼ਿਲ੍ਹਿਆਂ 'ਚ ਮਾਰਕਸੀ ਕਾਰਕੁੰਨਾਂ ਨੂੰ ਪੁਲਸ ਗ੍ਰਿਫਤਾਰ ਕਰਦੀ ਅਤੇ ਕਾਮਰੇਡ ਕਹਿੰਦੇ ਸੀ ਵੱਡੇ ਆਗੂ ਏ ਸੀ ਕਮਰਿਆਂ 'ਚੋਂ ਬਾਹਰ ਹੀ ਨਹੀਂ ਨਿਕਲ ਰਹੇ। ਐਪਰ ਬੀਤੇ ਦੋ ਸਾਲਾਂ ਦੌਰਾਨ ਪਾਰਟੀ ਵੱਲੋਂ ਜਨਤਕ ਅੰਦੋਲਨ ਨੂੰ ਤੇਜ਼ ਕਰਨ ਨਾਲ ਪਾਰਟੀ ਦਾ ਅਕਸ ਸੁਧਰਿਆ ਹੈ। ਬ੍ਰਿਗੇਡ ਪਰੇਡ ਮੈਦਾਨ 'ਚ ਲੱਖਾਂ ਦੇ ਇਕੱਠ ਤੋਂ ਬਾਅਦ ਹੇਠਲੇ ਪੱਧਰ ਤੱਕ ਪਾਰਟੀ ਸਰਗਰਮ ਹੋ ਗਈ ਹੈ। ਵੱਡੇ ਪੱਧਰ 'ਤੇ ਬੰਗਾਲ ਦੇ ਮੁਸਲਮਾਨ ਵੋਟਰ ਸੀ ਪੀ ਐਮ ਅਤੇ ਕਾਂਗਰਸ ਦੀ ਹਮਾਇਤ ਕਰ ਰਹੇ ਹਨ। ਵਿਧਾਨਸਭਾ 'ਚ ਆਈ ਐੱਸ ਐੱਫ ਨਾਲ ਸੀਪੀਐਮ-ਕਾਂਗਰਸ ਨੇ ਚੋਣ ਲੜੀ ਸੀ ਅਤੇ ਆਈਐਸਐਫ ਦਾ ਇਕ ਉਮੀਦਵਾਰ ਜਿੱਤਣ 'ਚ ਸਫਲ ਰਿਹਾ ਸੀ।

ਬੰਗਾਲ 'ਚ ਮਾਰਕਸੀਆਂ ਦੀ ਸਰਗਰਮੀ, ਮੁਸਲਮਾਨ ਵੋਟਰਾਂ ਦਾ ਰੁਝਾਨ ਵੇਖਦਿਆਂ ਤ੍ਰਿਣਮੂਲ ਕਾਂਗਰਸ ਆਗੂ ਮਮਤਾ ਬੈਨਰਜੀ ਚਿੰਤਾ 'ਚ ਹਨ। ਇਸ ਲਈ ਇੰਡੀਆ ਗੱਠਜੋੜ ਨੂੰ ਲੈ ਕੇ ਰਾਸ਼ਟਰੀ ਪੱਧਰ 'ਤੇ ਸਮਾਂ ਬਰਬਾਦ ਕਰਨ ਦੀ ਥਾਂ ਫਿਲਹਾਲ ਉਨ੍ਹਾਂ ਬੰਗਾਲ 'ਚ ਆਪਣੀ ਥਾਂ ਬਚਾਉਣ ਨੂੰ ਪਹਿਲ ਦਿੱਤੀ ਹੈ। ਮਾਰਕਸੀ ਪਾਰਟੀ ਦਾ ਜੜ੍ਹਾਂ ਵੱਲ ਪਰਤਣਾ ਵੋਟਾਂ 'ਚ ਤਬਦੀਲ ਹੋਵੇਗਾ ਜਾਂ ਨਹੀਂ, ਇਹ ਤਾਂ ਸਮਾਂ ਦੱਸੇਗਾ। ਐਪਰ ਲੋਕਸਭਾ 'ਚ ਤ੍ਰਿਣਮੂਲ ਅਤੇ ਭਾਜਪਾ ਤੇ ਨਤੀਜਿਆਂ 'ਤੇ ਫਰਕ ਲਾਜ਼ਮੀ ਤੌਰ 'ਤੇ ਪਵੇਗਾ।

***# ਸੰਪਰਕ : 090384-13112, 098311-94329***

17-FEB-PAGE-5.qxd 2/16/2024 10:22 PM Page 1



# ਸੰਯੁਕਤ ਕਿਸਾਨ ਮੋਰਚਾ ਤੇ ਟਰੇਡ ਯੂਨੀਅਨਾਂ ਵੱਲੋਂ ਦਿੱਤੇ ਭਾਰਤ ਬੰਦ ਦੇ ਸੱਦੇ ਨੂੰ ਭਰਵਾਂ ਹੁੰਗਾਰਾ


ਮੋਗਾ


ਸਮਰਾਲਾ


ਮਲੋਟ


ਧਰਮਕੋਟ

**ਮੋਗਾ (ਭੁਪਿੰਦਰ ਸਿੰਘ ਕੰਡਾ)** : ਸੰਯੁਕਤ ਕਿਸਾਨ ਮੋਰਚਾ, ਕੇਂਦਰੀ ਟਰੇਡ ਯੂਨੀਅਨਜ਼ ਤੇ ਸਮੂਹ ਜਥੇਬੰਦੀਆਂ ਵੱਲੋਂ ਭਾਰਤ ਬੰਦ ਦੇ ਸੱਦੇ ਨੂੰ ਭਰਵਾਂ ਹੁੰਗਾਰਾ ਮਿਲਿਆ ਤੇ ਸ਼ਹਿਰ ਮੁਕੰਮਲ ਰੂਪ ਵਿੱਚ ਬੰਦ ਰਿਹਾ। ਮੇਨ ਚੌਂਕ ਵਿੱਚ ਸਵੇਰ 8 ਵਜੇ ਕਾਫ਼ਲੇ ਦੇ ਰੂਪ ਵਿੱਚ ਪੂਰੇ ਸ਼ਹਿਰ ਦੇ ਸਾਰੇ ਬਜ਼ਾਰਾਂ ਵਿੱਚ ਮਾਰਚ ਕਰਕੇ ਹਜ਼ਾਰਾਂ ਦੀ ਗਿਣਤੀ ਵਿੱਚ ਮੋਗੇ ਦੇ ਮੇਨ ਚੌਂਕ ਵਿੱਚ ਪਹੁੰਚੇ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ, ਨੌਜਵਾਨਾਂ ਨਾਲ ਭਰੇ ਪੰਡਾਲ ਵਿੱਚ ਸ਼ਾਮ 4 ਵਜੇ ਤੱਕ ਸਟੇਜ ਚਲਾਈ ਗਈ। ਬੰਦ ਵਿੱਚ ਦਿੱਲੀ ਅੰਦੋਲਨ ਦੀਆਂ ਰਹਿੰਦੀਆਂ ਮੰਗਾਂ ਪੂਰੀਆਂ ਕਰਨ, ਐੱਮ.ਐੱਸ.ਪੀ ਨੂੰ ਕਾਨੂੰਨੀ ਅਧਿਕਾਰ ਐਲਾਨਣ, ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਅਨੁਸਾਰ ਸੀ ਟੂ+50 ਦੇ ਅਨੁਸਾਰ ਫ਼ਸਲਾਂ ਦੇ ਭਾਅ ਦੇਣ, ਕਿਸਾਨਾਂ, ਮਜ਼ਦੂਰਾਂ ਦੇ ਸਮੁੱਚੇ ਕਰਜ਼ੇ ਮੁਆਫ਼ ਕਰਨ, ਕਿਸਾਨਾਂ, ਮਜ਼ਦੂਰਾਂ ਨੂੰ ਪੈਨਸ਼ਨ ਦੇਣ, ਗਾਰੰਟੀਸ਼ੁਦਾ ਰੁਜ਼ਗਾਰ ਦੇਣ, ਨਵੀਂ ਸਿੱਖਿਆ ਨੀਤੀ ਰੱਦ ਕਰਨ, ਹਿੱਟ ਐਂਡ ਰਨ ਕਾਨੂੰਨ ਰੱਦ ਕਰਨ, ਠੇਕੇਦਾਰੀ ਪ੍ਰਬੰਧ ਬੰਦ ਕਰਕੇ ਪੱਕੀ ਤੇ ਰੈਗੂਲਰ ਭਰਤੀ ਕਰਨ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ, ਮਜਦੂਰਾਂ ਦੀ ਦੇਵੀ 1000 ਰੁਪਏ ਕਰਨ, ਨਰੇਗਾ ਮਜ਼ਦੂਰਾਂ ਨੂੰ 200 ਦਿਨ ਕੰਮ ਦੇਣ 'ਤੇ 600 ਰੁਪਏ ਦਿਹਾੜੀ ਦੇਣ, ਚਾਰ ਲੇਬਰ ਕੋਡ ਰੱਦ ਕਰਨ, ਲਖੀਮਪੁਰ ਖੀਰੀ ਦੇ ਸ਼ਹੀਦਾਂ ਨੂੰ ਇਨਸਾਫ਼ ਦੇਣ ਦੀਆਂ ਮੰਗਾਂ ਸ਼ਾਮਲ ਹਨ।

ਬੁਲਾਰਿਆਂ ਨੇ ਕਿਹਾ ਕਿ ਫ਼ਾਸ਼ੀਵਾਦੀ ਮੋਦੀ ਸਰਕਾਰ 2024 ਦੀਆਂ ਚੋਣਾਂ ਜਿੱਤਣ ਲਈ ਫਿਰਕੂ ਧਰੁਵੀਕਰਨ ਕਰ ਰਹੀ ਹੈ। ਦੇਸ਼ ਵਿੱਚ ਜਾਤ ਤੇ ਧਰਮ ਦੀ ਰਾਜਨੀਤੀ ਕਰਕੇ ਧਰਮ ਤੇ ਸਿਆਸਤ ਨੂੰ ਇੱਕ ਕਰ ਰਹੀ ਹੈ। ਬਹੁਗਿਣਤੀ ਵੋਟ ਲੈਣ ਲਈ ਦੇਸ਼ ਦੀਆਂ ਘੱਟ ਗਿਣਤੀਆ, ਦਲਿਤਾਂ, ਆਦਿਵਾਸੀਆਂ 'ਤੇ ਹਮਲੇ ਕਰ ਰਹੀ ਹੈ। ਕਾਰਪੋਰੇਟ ਪੱਖੀ ਨੀਤੀਆਂ ਲਿਆ ਕੇ ਕਿਸਾਨਾਂ, ਮਜ਼ਦੂਰਾਂ ਤੇ ਮੱਧ ਵਰਗ ਨੂੰ ਦਰੜ ਰਹੀ ਹੈ। ਮਹਿੰਗਾਈ ਛੜੱਪੇ ਮਾਰ ਕੇ ਵਧ ਰਹੀ ਹੈ। ਪਾਰਲੀਮੈਂਟ ਵਿੱਚ ਵਿਰੋਧੀ ਧਿਰ ਹਕੂਮਤ ਦੇ ਅੱਗੇ ਵਿਛ ਗਈ ਹੈ। ਇਸ ਕਰਕੇ ਇਹ ਮੋਰਚੇ ਹੀ ਮੋਦੀ ਦਾ ਜਵਾਬ ਹਨ।

ਅੱਜ ਦੇ ਧਰਨੇ ਵਿੱਚ ਸੰਯੁਕਤ ਕਿਸਾਨ ਮੋਰਚਾ ਦੇ ਆਗੂ ਅਤੇ ਕਿਰਤੀ ਕਿਸਾਨ ਯੂਨੀਅਨ ਸੂਬਾ ਪ੍ਰਧਾਨ, ਬੀ ਕੇ ਯੂ ਉਗਰਾਹਾਂ ਸੂਬਾ ਜਨਰਲ ਸਕੱਤਰ ਸੁਖਦੇਵ ਸਿੰਘ ਕੋਕਰੀ ਕਲਾਂ, ਡੀ ਟੀ ਐਫ ਦੇ ਆਗੂ ਦਿਗਵਿਜੇ ਪਾਲ, ਨਗਰ ਨਿਗਮ ਮੁਲਾਜਮ ਆਗੂ ਸੇਵਕ ਰਾਮ ਫੌਜੀ, ਤੇ ਸਫਾਈ ਕਰਮਚਾਰੀਆਂ ਦੇ ਆਗੂ ਸੁਖਪਾਲ ਅਤੇ ਸੀਨੀਅਰ ਮਿਉਂਸੀਪਲ ਇੰਪਲਾਈਜ ਆਗੂ ਹਰਬੰਸ ਸਾਗਰ, ਬੀ ਕੇ ਯੂ ਕਾਦੀਆਂ ਦੇ ਆਗੂ ਭੁਪਿੰਦਰ ਸਿੰਘ, ਮਲਟੀਪਰਪਜ ਹੈਲਥ ਵਰਕਰਜ ਯੂਨੀਅਨ ਦੇ ਆਗੂ ਕੁਲਬੀਰ ਢਿੱਲੋਂ, ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸ਼ਨ ਦੇ ਆਗੂ ਰਜਿੰਦਰ ਰਿਆੜ, ਮੈਡੀਕਲ ਪ੍ਰੈਕਟੀਸ਼ਨਰ ਐਸੋਈਏਸ਼ਨ ਦੇ ਆਗੂ ਬਲਦੇਵ ਸਿੰਘ ਧੂੜਕੋਟ, ਏ ਆਈ ਐਸ ਐਫ ਦੇ ਆਗੂ ਕਰਨਵੀਰ ਬੱਧਨੀ,ਰਾਕੇਸ ਸਿੰਘ ਖਾਲਸਾ ਗੁਰਮਿਲਾਪ ਸਿੰਘ ਮਾਹਰ ਮੁਹੰਮਦ ਲੁਕਮਾ ਮਨਜੀਤ ਸਿੰਘ ਬੁੱਘੀਪੁਰਾ ਹਰਮੀਤ ਕੈਦੀਆਂ ਬਿੱਕਰ ਸਿੰਘ ਜਗਸੀਰ ਸਿੰਘ ਖੋਸਾ ਸੁਰ ਸਿੰਘ ਦੌਲਤਪੁਰਾ ਕਰਮਵੀਰ ਕੌਰ ਬੱਧਨੀ ਜਗਦੀਸ ਸਿੰਘ ਚਾਹਲ ਭੁਪਿੰਦਰ ਸਿੰਘ ਨਿਰਭੈ ਸਿੰਘ ਢੁੱਡੀਕੇ ਬਲਦੇਵ ਸਿੰਘ ਰੱਖੜਾ ਬੀ ਕੇ ਯੂ ਦੇ ਬਲੌਰ ਸਿੰਘ ਕੁਲਦੀਪ ਸਿੰਘ ਭੋਲਾ ਕਰਤਾਰ ਸਿੰਘ ਮੁੰਨੀ ਬੱਸ ਯੂਨੀਅਨ ਨਿਰਮਲ ਸਿੰਘ ਆਈ ਟੀ ਆਈ ਬਰਕਤ ਅਲੀ ਹੈਪੀ ਕਾਨਪੁਰੀਆ ਵਿਸਵਕਰਮਾ ਯੂਨੀਅਨ ਗੁਰਚਰਨ ਕੌਰ ਆਗਨਵਾੜੀ ਯੂਨੀਅਨ ਬਲਜਿੰਦਰ ਸਿੰਘ ਮਾਸਟਰ ਕੇਡਰ ਭੁਪਿੰਦਰ ਸਿੰਘ ਬੀ ਕੇ ਯੂ, ਸੁਰਿੰਦਰ ਸਿੰਘ ਲਾਡੀ ਹਰਮੀਤ ਕਾਦੀਆ ਰਮਨਜੀਤ ਸਿੰਘ, ਏਟਕ ਦੇ ਆਗੂ ਜਗਦੀਸ਼ ਸਿੰਘ ਚਾਹਿਲ, ਜਨਤਾ ਪੈਸੰਜਰ ਟੈਂਪੂ ਯੂਨੀਅਨ ਦੇ ਆਗੂ ਮਨਜੀਤ ਸਿੰਘ, ਲੈਬ ਟਕਨੀਸ਼ੀਅਨ ਯੂਨੀਅਨ ਦੇ ਆਗੂ ਪਰਮਿੰਦਰ ਸਿੰਘ, ਕੌਮੀ ਕਿਸਾਨ ਯੂਨੀਅਨ ਦੇ ਆਗੂ ਭੁਪਿੰਦਰ ਸਿੰਘ, ਪੈਰਾ ਮੈਡੀਕਲ ਦੇ ਆਗੂ ਰਮਨਜੀਤ ਸਿੰਘ, ਜਗਰੂਪ ਸਿੰਘ, ਪੇਂਡੂ ਮਜ਼ਦੂਰ ਯੂਨੀਅਨ ਦੇ ਜਿਲਾ ਪ੍ਰਧਾਨ ਮਨਜੀਤ ਸਿੰਘ ਬੁੱਘੀਪੁਰਾ।


ਨਾਭਾ

ਕੰਟਰੋਲ ਕਮੇਟੀ ਦੇ ਆਗੂ ਨੌਜਵਾਨ ਭਾਰਤ ਸਭਾ ਦੇ ਸੂਬਾ ਮੀਤ ਪ੍ਰਧਾਨ ਕਰਮਜੀਤ ਮਾਣੂੰਕੇ, ਐਪਸੋ ਦੇ ਆਗੂ ਡਾ. ਇੰਦਰਵੀਰ ਗਿੱਲ, ਬੀਕੇਯੂ ਉਗਰਾਹਾਂ ਦੇ ਆਗੂ ਇਕਬਾਲ ਸਿੰਘ ਸਿੰਘਾਂਵਾਲਾ, ਇੰਟਕ ਦੇ ਆਗੂ ਬਲਜੀਤ ਸਿੰਘ,ਕੰਟਰੋਲ ਕਮੇਟੀ ਦੇ ਆਗੂ ਨੌਜਵਾਨ ਭਾਰਤ ਸਭਾ ਦੇ ਸੂਬਾ ਮੀਤ ਪ੍ਰਧਾਨ ਕਰਮਜੀਤ ਮਾਣੂੰਕੇ, ਐਪਸੋ ਦੇ ਆਗੂ ਡਾ. ਇੰਦਰਵੀਰ ਗਿੱਲ, ਬੀਕੇਯੂ ਉਗਰਾਹਾਂ ਦੇ ਆਗੂ ਇਕਬਾਲ ਸਿੰਘ ਸਿੰਘਾਂਵਾਲਾ, ਇੰਟਕ ਦੇ ਆਗੂ ਬਲਜੀਤ ਸਿੰਘ ਆਦਿ ਆਗੂ ਹਾਜ਼ਰ ਸਨ।

**ਸਮਰਾਲਾ (ਸੁਰਜੀਤ ਸਿੰਘ)** : ਬਿਜਲੀ ਮੁਲਾਜ਼ਮਾਂ ਦੀਆਂ ਪ੍ਰਮੁੱਖ ਜਥੇਬੰਦੀਆਂ 'ਤੇ ਆਧਾਰਤ ਧਿਰਾਂ ਪੀ ਐਸ ਈ ਬੀ ਇੰਪਲਾਇਜ਼ ਜੁਆਇੰਟ ਫੋਰਮ ਅਤੇ ਬਿਜਲੀ ਮੁਲਾਜ਼ਮ ਏਕਤਾ ਮੰਚ, ਪੰਜਾਬ ਦੇ ਆਗੂਆਂ ਸਾਥੀ ਰਤਨ ਸਿੰਘ ਮਜਾਰੀ, ਗੁਰਪ੍ਰੀਤ ਸਿੰਘ ਗੰਡੀਵਿੰਡ, ਕਰਮਚੰਦ ਭਾਰਦਵਾਜ, ਬਲਦੇਵ ਸਿੰਘ ਮੰਡਾਲੀ,ਗੁਰਵੇਲ ਸਿੰਘ ਬੱਲਪੁਰੀਆ, ਰਵੇਲ ਸਿੰਘ ਸਹਾਏਪੁਰ, ਹਰਪਾਲ ਸਿੰਘ, ਜਗਜੀਤ ਸਿੰਘ ਕੋਟਲੀ, ਕੌਰ ਸਿੰਘ ਸੋਹੀ, ਅਵਤਾਰ ਸਿੰਘ ਕੈਂਥ, ਜਗਜੀਤ ਸਿੰਘ ਕੰਡਾ, ਗੁਰਪਿਆਰ ਸਿੰਘ, ਕੁਲਵਿੰਦਰ ਸਿੰਘ ਢਿੱਲੋਂ, ਸੁਖਵਿੰਦਰ ਸਿੰਘ ਚਾਹਲ, ਜਰਨੈਲ ਸਿੰਘ, ਸਰਬਜੀਤ ਸਿੰਘ ਭਾਣਾ, ਬੀ ਐੱਸ ਸੇਖੋਂ, ਬਲਜੀਤ ਸਿੰਘ ਮੋਦਲਾ, ਰਘਵੀਰ ਸਿੰਘ, ਸਰਿੰਦਰਪਾਲ ਲਹੌਰੀਆ, ਦਵਿੰਦਰ ਸਿੰਘ ਪਿਸ਼ੌਰ, ਮਹਿੰਦਰ ਸਿੰਘ ਰੁੜਕੇ, ਮਨਜੀਤ ਸਿੰਘ ਚਾਹਲ, ਗੁਰਵਿੰਦਰ ਸਿੰਘ, ਪੂਰਨ ਸਿੰਘ ਖਾਈ, ਬਲਜੀਤ ਕੁਮਾਰ, ਬਲਜੀਤ ਸਿੰਘ ਬਰਾੜ, ਅਵਤਾਰ ਸਿੰਘ ਸ਼ੇਰਗਿੱਲ, ਪ੍ਰਦਿਉਮਨ ਗੌਤਮ, ਗਰੀਸ਼ ਮਹਾਜਨ, ਗੁਰਤੇਜ ਸਿੰਘ ਪੱਖੋ, ਰਛਪਾਲ ਸਿੰਘ ਪਾਲੀ ਆਦਿ ਨੇ ਦੱਸਿਆ ਕਿ ਕੇਂਦਰ ਸਰਕਾਰ ਦੀਆਂ ਮੁਲਾਜਮ, ਮਜ਼ਦੂਰ, ਕਿਸਾਨ ਵਿਰੋਧੀ ਨੀਤੀਆਂ ਦੇ ਖਿਲਾਫ ਦੇਸ਼ ਦੀਆਂ ਕੇਂਦਰੀ ਟਰੇਡ ਯੂਨੀਅਨਾਂ, ਮੁਲਾਜ਼ਮ ਜਥੇਬੰਦੀਆਂ ਅਤੇ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਦੇਸ਼ ਵਿਆਪੀ ਹੜਤਾਲ ਦੇ ਸਮਰਥਨ ਵਿੱਚ ਪੰਜਾਬ ਦੇ ਬਿਜਲੀ ਮੁਲਾਜ਼ਮਾਂ ਵਲੋਂ ਇੱਕ ਰੋਜ਼ਾ ਟੋਕਨ ਹੜਤਾਲ ਸਫਲਤਾ ਪੂਰਵਕ ਕੀਤੀ ਗਈ।

**ਧੂਰੀ (ਸੁਖਦੇਵ ਧੂਰੀ)** : ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤਹਿਤ ਵੱਖ-ਵੱਖ ਕਿਸਾਨ ਜਥੇਬੰਦੀਆਂ ਵੱਲੋਂ ਇਕੱਠੇ ਹੋ ਕੇ ਕੱਕੜਵਾਲ ਚੌਂਕ ਵਿੱਚ ਆਵਾਜਾਈ ਠੱਪ ਕਰਕੇ ਵਿਸ਼ਾਲ ਧਰਨਾ ਲਾਇਆ ਗਿਆ। ਇਸ ਮੌਕੇ ਸ਼ਹਿਰ ਦੇ ਦੁਕਾਨਦਾਰਾਂ ਵੱਲੋਂ ਭਾਰਤ ਬੰਦ ਦੇ ਸਮਰਥਨ ਨੂੰ ਲੈ ਕੇ ਦੁਕਾਨਾਂ ਬੰਦ ਰੱਖੀਆਂ ਗਈਆਂ। ਕਿਸਾਨ ਜਥੇਬੰਦੀਆਂ ਦੇ ਆਗੂਆਂ ਨੇ ਕੇਂਦਰ ਦੀ ਮੋਦੀ ਸਰਕਾਰ ਖਿਲਾਫ਼ ਨਾਅਰੇਬਾਜ਼ੀ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਕਿਸਾਨਾਂ ਨੂੰ ਉਨ੍ਹਾਂ ਦੀਆਂ ਫ਼ਸਲਾਂ ਤੇ ਐੱਮ.ਐੱਸ.ਪੀ ਨਹੀਂ ਦੇ ਰਹੀ ਅਤੇ ਦਿੱਲੀ ਕਿਸਾਨ ਅੰਦੋਲਨ ਸਮੇਂ ਕਿਸਾਨਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਤੋਂ ਕੇਂਦਰ ਦੀ ਮੋਦੀ ਸਰਕਾਰ ਭੱਜ ਰਹੀ ਹੈ, ਪ੍ਰੰਤੂ ਭਾਰਤ ਦੇ ਕਿਸਾਨ ਆਪਣੀਆਂ ਮੰਗਾਂ ਲਈ ਕਿਸੇ ਵੀ ਤਰ੍ਹਾਂ ਦੇ ਸੰਘਰਸ਼ ਤੋਂ ਪਿੱਛੇ ਨਹੀਂ ਹਟਣਗੇ। ਇਸ ਧਰਨੇ ਮੌਕੇ ਕਾਮਰੇਡ ਮੇਜਰ ਸਿੰਘ ਪੁੰਨਾਵਾਲ, ਹਰਬੰਸ ਸਿੰਘ ਲੱਡਾ ਬਲਾਕ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ, ਬਲਵਿੰਦਰ ਸਿੰਘ ਜੱਖਲਾ ਬਲਾਕ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ, ਹਰਪਾਲ ਸਿੰਘ ਪੇਧਨੀ, ਜਗਤਾਰ ਸਿੰਘ ਸਮਰਾ ਜ਼ਿਲ੍ਹਾ ਪ੍ਰਧਾਨ, ਫੈਡਰੇਸ਼ਨ ਆਫ਼ ਆੜ੍ਹਤੀਆ ਐਸੋਸੀਏਸ਼ਨ, ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਆਗੂ ਕਰਮਜੀਤ ਸਿੰਘ ਭੱਟੀ, ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੇ ਆਗੂ ਨਾਜਮ ਸਿੰਘ ਪੁੰਨਾਵਾਲ, ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਸੁਖਦੇਵ ਸ਼ਰਮਾ, ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਅਮਰੀਕ ਸਿੰਘ ਕਾਂਝਲਾ, ਜਰਨੈਲ ਸਿੰਘ ਜਹਾਂਗੀਰ ਜ਼ਿਲ੍ਹਾ ਪ੍ਰਧਾਨ ਕਿਰਤੀ ਕਿਸਾਨ ਯੂਨੀਅਨ, ਹੰਸ ਰਾਜ ਗਰਗ, ਰਾਮ ਸਿੰਘ ਕੱਕੜਵਾਲ, ਰਛਪਾਲ ਸਿੰਘ ਦੋਹਲਾ, ਕ੍ਰਿਸ਼ਨ ਗੋਪਾਲ ਬੇਨੜਾ ਅਤੇ ਵੱਡੀ ਗਿਣਤੀ ਵਿੱਚ ਵੱਖ-ਵੱਖ ਹੋਰ ਜਥੇਬੰਦੀਆਂ ਦੇ ਆਗੂ ਵੀ ਹਾਜ਼ਰ ਸਨ। ਸਟੇਜ ਸੰਚਾਲਨ ਦੀ ਕਾਰਵਾਈ ਅਮਰੀਕ ਸਿੰਘ ਕਾਂਝਲਾ ਨੇ ਬਾਖੂਬੀ ਨਿਭਾਈ।


ਨਾਭਾ

**ਕੋਟਕਪੂਰਾ (ਰਛਪਾਲ ਭੁੱਲਰ)** : ਸੰਯੁਕਤ ਕਿਸਾਨ ਮੋਰਚਾ ਅਤੇ 10 ਕੇਂਦਰੀ ਟਰੇਡ ਯੂਨੀਅਨਾਂ ਦੇ ਸੱਦੇ 'ਤੇ ਕੋਟਕਪੂਰਾ ਸ਼ਹਿਰ ਦੇ ਸਾਰੇ ਬਾਜ਼ਾਰ ਸਵੇਰ ਤੋਂ ਹੀ ਪੂਰੀ ਤਰ੍ਹਾਂ ਬੰਦ ਰਹੇ। ਸਰਕਾਰੀ ਅਤੇ ਪ੍ਰਾਈਵੇਟ ਟਰਾਂਸਪੋਰਟਰਾਂ ਵੱਲੋਂ ਵੀ ਭਾਰਤ ਬੰਦ ਵਿੱਚ ਆਪਣਾ ਯੋਗਦਾਨ ਪਾਉਂਦੇ ਹੋਏ ਆਵਾਜਾਈ ਪੂਰੀ ਤਰ੍ਹਾਂ ਠੱਪ ਰੱਖੀ ਗਈ। ਮੈਡੀਕਲ ਅਤੇ ਹੋਰ ਐਮਰਜੈਂਸੀ ਸੇਵਾਵਾਂ ਨੂੰ ਇਸ ਬੰਦ ਤੋਂ ਛੋਟ ਦਿੱਤੀ ਗਈ ਸੀ। ਭਾਰਤ ਬੰਦ ਦਾ ਸੱਦਾ ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਦੇ ਖਿਲਾਫ ਰੋਸ ਪ੍ਰਗਟ ਕਰਨ ਲਈ ਦਿੱਤਾ ਗਿਆ ਸੀ। ਗੋਲ ਚੌਂਕ ਵਿੱਚ ਹੋਈ ਰੈਲੀ ਨੂੰ ਸੰਯੁਕਤ ਕਿਸਾਨ ਮੋਰਚਾ, ਵੱਖ ਵੱਖ ਮਜ਼ਦੂਰ, ਮੁਲਾਜ਼ਮ, ਪੈਨਸ਼ਨਰ ਤੇ ਵਪਾਰਕ ਜਥੇਬੰਦੀਆਂ ਦੇ ਆਗੂ ਬਲਦੇਵ ਸਿੰਘ ਸਹਿਦੇਵ, ਕਾਮਰੇਡ ਇੰਦਰਜੀਤ ਸਿੰਘ, ਕੁਲਵਿੰਦਰ ਮੌੜ, ਬਲਜਿੰਦਰ ਸਿੰਘ, ਗੁਰਤੇਜ ਸਿੰਘ ਹਰੀਨੌ, ਵੀਰਇੰਦਰਜੀਤ ਸਿੰਘ ਪੁਰੀ, ਗੁਰਦਿਆਲ ਭੱਟੀ, ਅਮਰਜੀਤ ਕੌਰ ਰਣ ਸਿੰਘ ਵਾਲਾ ਸੂਬਾ ਪ੍ਰਧਾਨ ਆਸ਼ਾ ਵਰਕਰ, ਅਸ਼ੋਕ ਕੌਸ਼ਲ, ਕੁਲਵੰਤ ਸਿੰਘ ਚਾਨੀ, ਲਖਵਿੰਦਰ ਸਿੰਘ ਔਲਖ, ਜਸਵੀਰ ਸਿੰਘ ਭਾਣਾ, ਕਾਕਾ ਸਿੰਘ ਖਾਰਾ, ਗੁਰਤੇਜ ਸਿੰਘ, ਮੇਘ ਸਿੰਘ, ਸੁਖਮੰਦਰ ਸਿੰਘ ਢਿੱਲਵਾਂ, ਸਵਰਨ ਸਿੰਘ ਢੀਮਾਂ ਵਾਲੀ, ਸਿਕੰਦਰ ਸਿੰਘ, ਕੁਲਜੀਤ ਸਿੰਘ ਬੰਬੀਹਾ, ਬੀਬੀ ਤੀਰਥ ਕੌਰ ਨੇ ਕੇਂਦਰੀ ਹੁਕਮਰਾਨ ਮੋਦੀ ਸਰਕਾਰ 'ਤੇ ਦੋਸ਼ ਲਾਇਆ ਕਿ ਇਸ ਸਰਕਾਰ ਦੇ ਲਗਭਗ 10 ਸਾਲ ਦੇ ਰਾਜ ਭਾਗ ਦੌਰਾਨ ਆਮ ਲੋਕਾਂ, ਮੁਲਾਜ਼ਮਾਂ, ਮਜ਼ਦੂਰਾਂ, ਕਿਰਤੀ ਲੋਕਾਂ ਦੀ ਲੁੱਟ ਕਰਨ ਵਾਲੀਆਂ ਨੀਤੀਆਂ ਲਾਗੂ ਕੀਤੀਆਂ ਗਈਆਂ ਹਨ।

**ਮੱਖੂ (ਰਛਪਾਲ ਸਿੰਘ ਸੰਧੂ)** : ਸੰਯੁਕਤ ਕਿਸਾਨ ਮੋਰਚਾ ਅਤੇ ਟਰੇਡ ਯੂਨੀਅਨਾਂ ਵੱਲੋਂ ਦੇਸ ਭਾਰਤ ਬੰਦ ਦੇ ਦਿੱਤੇ ਸੱਦੇ 'ਤੇ ਸ਼ਹਿਰ ਵਾਸੀਆਂ ਵੱਲੋਂ ਆਪਣੀਆਂ ਦੁਕਾਨਾਂ ਬੰਦ ਰੱਖ ਕੇ ਪੂਰਨ ਤੌਰ 'ਤੇ ਸਹਿਯੋਗ ਦਿੱਤਾ ਗਿਆ। ਸ਼ਹਿਰ ਵਾਸੀਆਂ ਵੱਲੋਂ ਆਪਣੀਆਂ ਦੁਕਾਨਾਂ ਬੰਦ ਰੱਖਣ ਕਾਰਨ ਸਹਿਰ ਦੇ ਬਜਾਰਾਂ ਵਿਚ ਪੂਰੀ ਤਰ੍ਹਾਂ ਸਨਾਟਾ ਛਾਇਆ ਰਿਹਾ। ਭਾਰਤ ਬੰਦ ਦੇ ਸੱਦੇ 'ਤੇ ਜਿਥੇ ਸ਼ਹਿਰ ਵਾਸੀਆਂ ਵੱਲੋਂ ਆਪੋ-ਆਪਣੀਆਂ ਦੁਕਾਨਾਂ ਬੰਦ ਰੱਖੀਆਂ, ਉੱਥੇ ਸ਼ਹਿਰ ਵਿੱਚ ਰੇਹੜੀਆਂ ਵਾਲੇ ਵੀ ਸ਼ਹਿਰ ਵਿੱਚ ਸਬਜ਼ੀਆਂ ਵੇਚਣ ਲਈ ਨਹੀਂ ਪਹੁੰਚੇ। ਭਾਰਤ ਬੰਦ ਦੇ ਸੱਦੇ 'ਤੇ ਜਿਥੇ ਬਜ਼ਾਰ ਬੰਦ ਸਨ, ਉੱਥੇ ਕਈ ਸਰਕਾਰੀ ਅਦਾਰੇ ਵੀ ਬੰਦ ਰਹੇ। ਇਸ ਮੌਕੇ ਦੁਕਾਨਦਾਰਾਂ ਨੇ ਕਿਹਾ ਕਿ ਸਾਰੀ ਦੁਨੀਆ ਦਾ ਪੇਟ ਭਰਨ ਵਾਲਾ ਅੰਨਦਾਤਾ ਕਿਸਾਨ ਜੇਕਰ ਸੜਕਾਂ 'ਤੇ ਰੁਲਦਾ ਹੈ ਤਾਂ ਭਾਰਤ ਦੇਸ ਕਦੇ ਵੀ ਤਰੱਕੀ ਨਹੀਂ ਕਰ ਸਕਦਾ।

**ਮਾਨਸਾ/ਝੁਨੀਰ (ਆਤਮਾ ਸਿੰਘ ਪਮਾਰ)** : ਮੋਦੀ ਹਕੂਮਤ ਨੇ ਆਪਣੇ ਪਿਛਲੇ ਦਸ ਸਾਲਾਂ ਦੇ ਕਾਰਜਕਾਲ ਦੌਰਾਨ ਪਿਛਲੀਆਂ ਸਰਕਾਰਾਂ ਨਾਲੋਂ ਹਜ਼ਾਰ ਗੁਣਾ ਜ਼ਿਆਦਾ ਤੇਜ਼ੀ ਤੇ ਧੱਕੇ ਨਾਲ ਨਵਉਦਾਰਵਾਦੀ ਨੀਤੀਆਂ ਨੂੰ ਲਾਗੂ ਕਰਕੇ ਪਬਲਿਕ ਅਦਾਰਿਆਂ, ਕੁਦਰਤੀ ਖਣਿਜ ਪਦਾਰਥਾਂ ਤੇ ਵਸੀਲਿਆਂ ਨੂੰ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰ ਦਿੱਤਾ ਤੇ ਹੁਣ ਖੇਤੀ ਨੂੰ ਮੁਕੰਮਲ ਰੂਪ ਵਿੱਚ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰਨ 'ਤੇ ਤੁਲੀ ਹੋਈ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਸਬਾ ਝੁਨੀਰ ਬੰਦ ਕਰਾਉਣ ਉਪਰੰਤ ਬੱਸ ਸਟੈਂਡ ਕੋਲ ਜਾਮ ਨੂੰ ਸੰਬੋਧਨ ਕਰਦਿਆਂ ਸੰਯੁਕਤ ਕਿਸਾਨ ਮੋਰਚੇ ਦੇ ਸੀਨੀਅਰ ਆਗੂ ਐਡਵੋਕੇਟ ਕੁਲਵਿੰਦਰ ਸਿੰਘ ਉੱਡਤ, ਮਨਜੀਤ ਸਿੰਘ ਉੱਲਕ, ਤਰਸੇਮ ਸਿੰਘ ਹੀਰਕੇ, ਜੁਗਰਾਜ ਸਿੰਘ ਹੀਰਕੇ, ਹਰਦੇਵ ਸਿੰਘ ਕੋਟਧਰਮੂ, ਸਾਧੂ ਸਿੰਘ ਰਾਮਾਨੰਦੀ, ਬਲਜਿੰਦਰ ਚਾਹਿਲਾਂਵਾਲੀ, ਸੁਖਦਰਸ਼ਨ ਨੱਤ, ਅਮਰੀਕ ਸਿੰਘ ਕੋਟਧਰਮੂ ਨੇ ਕਿਹਾ ਕਿ ਪੰਜਾਬ ਦੇ ਅਵਾਮ ਦੀ ਮਿਹਨਤ ਦਾ ਮੁੱਲ ਕਾਰਪੋਰੇਟ ਘਰਾਣਿਆਂ ਦੀ ਝੋਲੀ ਵਿੱਚ ਪੈ ਰਿਹਾ ਹੈ ਤੇ ਕਿਸਾਨਾਂ ਮਜ਼ਦੂਰਾਂ ਨੂੰ ਖੁਦਕੁਸ਼ੀ ਦੇ ਰਸਤੇ ਪੈਣ ਲਈ ਮਜਬੂਰ ਕੀਤਾ ਜਾ ਰਿਹਾ ਹੈ ।

**ਧਰਮਕੋਟ (ਗੁਰਦੀਪ ਸਿੰਘ ਭੁੱਲਰ)** : ਵੱਖ-ਵੱਖ ਕਿਸਾਨ ਜਥੇਬੰਦੀਆਂ ਵੱਲੋਂ ਦਿੱਤੇ ਗਏ ਭਾਰਤ ਬੰਦ ਦੇ ਸੱਦੇ ਦੌਰਾਨ ਹਲਕੇ ਦੀਆਂ ਵੱਖ-ਵੱਖ ਜਥੇਬੰਦੀਆਂ ਵੱਲੋਂ ਜਲੰਧਰ ਰੋਡ 'ਤੇ ਸਥਿਤ ਨਹਿਰਾਂਬਾਬਾ ਗੇਦੀ ਰਾਮ ਰੋਡ ਨੂੰ ਸਵੇਰ ਤੋਂ 4 ਵਜੇ ਤੱਕ ਜਾਮ ਕੀਤਾ ਗਿਆ ਅਤੇ ਵੱਡੀ ਗਿਣਤੀ ਵਿੱਚ ਇਕੱਤਰ ਹੋ ਕੇ ਕੇਂਦਰ ਸਰਕਾਰ ਖਿਲਾਫ਼ ਨਾਅਰੇਬਾਜ਼ੀ ਕੀਤੀ। ਆਗੂਆਂ ਨੇ ਕਿਹਾ ਕਿ ਬਜ਼ਾਰ ਪੂਰੀ ਤਰ੍ਹਾਂ ਕਿਸਾਨੀ 'ਤੇ ਨਿਰਭਰ ਹੈ, ਜੇਕਰ ਕਿਸਾਨੀ ਖਤਮ ਹੁੰਦੀ ਹੈ ਤਾਂ ਬਜਾਰ ਵੀ ਬੁਰੀ ਤਰ੍ਹਾਂ ਤਹਿਸ-ਨਹਿਸ਼ ਹੋ ਜਾਵੇਗਾ, ਇਸ ਲਈ ਇਹ ਲੜਾਈ ਸਿਰਫ਼ ਕਿਸਾਨਾਂ ਦੀ ਨਹੀਂ, ਸਗੋਂ ਹਰ ਉਸ ਇਨਸਾਨ ਦੀ ਹੈ, ਜੋ ਦੋਨੋਂ ਵੇਲੇ ਰੋਟੀ ਖਾਂਦਾ ਹੈ, ਭਾਵੇਂ ਉਹ ਕਿਸੇ ਵੀ ਕਾਰੋਬਾਰ ਨਾਲ ਸਬੰਧਤ ਹੋਵੇ। ਰੋਡ ਜਾਮ ਦੇ ਦੌਰਾਨ ਐਮਰਜੈਂਸੀ ਸੇਵਾਵਾਂ ਨੂੰ ਆਗਿਆ ਦਿੱਤੀ ਗਈ। ਜਥੇਬੰਦੀਆਂ ਦੇ ਆਗੂਆਂ ਨੇ ਇਸ ਬੰਦ ਨੂੰ ਸਫ਼ਲ ਬਣਾਉਣ ਲਈ ਲੋਕਾਂ ਦਾ ਧੰਨਵਾਦ ਕੀਤਾ। ਇਸ ਦੌਰਾਨ ਸਫ਼ਾਈ ਕ੍ਰਮਚਾਰੀਆਂ ਵੱਲੋਂ ਵੀ ਇਸ ਬੰਦ ਨੂੰ ਸਮਰਥਨ ਦਿੱਤਾ ਗਿਆ ਤੇ ਸਮੂਹ ਕ੍ਰਮਚਾਰੀਆਂ ਨੇ ਨਗਰ ਕੌਂਸਲ ਦਫਤਰ ਵਿੱਚ ਹੜਤਾਲ ਕਰਕੇ ਸਰਕਾਰ ਖਿਲਾਫ਼ ਨਾਅਰੇਬਾਜ਼ੀ ਕੀਤੀ।

**ਸਮਰਾਲਾ (ਸੁਰਜੀਤ ਸਿੰਘ)** : ਵੱਖ-ਵੱਖ ਜਥੇਬੰਦੀਆਂ ਵੱਲੋਂ ਦਿੱਤੀ ਭਾਰਤ ਬੰਦ ਦੀ ਕਾਲ ਵਿਚ ਸਰਕਾਰੀ, ਗੈਰਸਰਕਾਰੀ ਤੇ ਵਪਾਰਕ ਅਦਾਰੇ ਬੰਦ ਰਹੇ। ਬਿਜਲੀ ਕਾਮਿਆਂ, ਅਧਿਆਪਕਾਂ ਤੇ ਕਿਸਾਨ ਯੂਨੀਅਨਾਂ ਵੱਲੋਂ ਸ਼ਹਿਰ ਵਿੱਚ ਰੋਸ ਮਾਰਚ ਕੀਤਾ। ਕਿਸਾਨਾਂ ਨੇ ਟੋਲ ਪਲਾਜ਼ਾ ਬੰਦ ਰੱਖਿਆ।

**ਹਠੂਰ (ਨਛੱਤਰ ਸੰਧੂ)** : ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਦੀ ਮੀਟਿੰਗ ਪੰਜਾਬ ਰੋਡਵੇਜ਼ ਜਗਰਾਉਂ ਡਿਪੂ ਵਿਖੇ ਪ੍ਰਧਾਨ ਜਗਸੀਰ ਸਿੰਘ ਨੇਰੀ ਦੀ ਪ੍ਰਧਾਨਗੀ ਵਿੱਚ ਹੋਈ, ਜਿਸ ਵਿੱਚ ਕਿਸਾਨ ਮਜ਼ਦੂਰ ਅਤੇ ਲੋਕ ਵਿਰੋਧੀ, ਮਹਿੰਗਾਈ, ਬੇਰੁਜ਼ਗਾਰੀ ਵਧਾਉਣ ਅਤੇ ਫਿਰਕੂ ਨਫਰਤ ਫੈਲਾਉਣ ਵਾਲੀ ਤਾਨਾਸ਼ਾਹ ਮੋਦੀ/ਭਾਜਪਾ ਸਰਕਾਰ ਨੂੰ ਚੱਲਦਾ ਕਰਨ ਲਈ 25 ਫਰਵਰੀ ਨੂੰ ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚੇ ਦੇ ਸੱਦੇ ਤੇ ਸੰਗਰੂਰ ਜ਼ਿਲੇ ਵਿੱਚ ਇਤਿਹਾਸਕ ਰੈਲੀ ਵਿੱਚ ਸ਼ਮੂਲੀਅਤ ਕਰਨ ਸਬੰਧੀ ਵਿਚਾਰ ਵਿਟਾਦਰਾ ਕੀਤਾ ਗਿਆ। ਕੇਂਦਰ ਸਰਕਾਰ ਦੀਆਂ ਦੇਸ਼ ਵਿਰੁੱਧ ਨੀਤੀਆਂ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ।

**ਸਿਰਸਾ (ਸੁਰਿੰਦਰ ਪਾਲ ਸਿੰਘ)** : ਭਾਰਤ ਬੰਦ ਦੇ ਚੱਲਦੇ ਸਿਰਸਾ ਖੇਤਰ ਦੇ ਮੰਡੀ ਕਾਲਾਂਵਾਲੀ ਤੇ ਕਸਬਾ ਔਢਾਂ ਸਮੇਤ ਵਾਹਨਾਂ ਦੀ ਆਵਾਜਾਈ ਬੰਦ ਰਹੀ ਅਤੇ ਦੁਕਾਨਦਾਰਾਂ ਵੱਲੋਂ ਪੂਰੀ ਮਾਰਕਿਟਾਂ ਬੰਦ ਰੱਖੀਆਂ ਗਈਆਂ। ਇਸ ਬੰਦ ਦੌਰਾਨ ਕਿਸਾਨ ਆਗੂ ਲੱਖਾ ਸਿੰਘ ਅਲੀਕਾਂ, ਬਲਵੰਤ ਸਿੰਘ ਕੇਵਲ, ਗੁਰਨਾਮ ਸਿੰਘ ਪੱਕਾ ਸ਼ਹੀਦਾਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਵੱਲੋਂ ਕਿਸਾਨਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਤਾਂ ਸੂਬੇ ਭਰ ਵਿੱਚ ਸੜਕਾਂ ਜਾਮ ਕੀਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਸਰਕਾਰ ਪਿਛਲੇ ਕਈ ਦਿਨਾਂ ਤੋਂ ਕਿਸਾਨਾਂ 'ਤੇ ਗੁੰਡਾਗਰਦੀ ਕਰ ਰਹੀ ਹੈ ਤੇ ਲੋਕਤੰਤਰ 'ਤੇ ਹਮਲਾ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਰਾਜਧਾਨੀ ਦਿੱਲੀ ਜਾਣ ਦਾ ਸਾਰਿਆਂ ਨੂੰ ਹੱਕ ਹੈ, ਪਰ ਹਰਿਆਣਾ ਦੀ ਖੱਟਰ ਸਰਕਾਰ ਕਿਸਾਨਾਂ ਲਈ ਵੱਡੀਆਂ ਕੰਧਾਂ ਬਣਾ ਕੇ ਉਨ੍ਹਾਂ ਤੇ ਬਾਰੂਦੀ ਗੋਲੇ ਤੇ ਲਾਠੀਆਂ ਦਾ ਮੀਂਹ ਵਰ੍ਹਾ ਰਹੀ ਹੈ।ਕਿਸਾਨ ਆਗੂ ਜਗਵਿੰਦਰ ਸਿੰਘ ਮਾਖਾ ਨੇ ਕਿਹਾ ਕਿ ਹਰਿਆਣਾ ਤੇ ਕਿਸਾਨ ਸੰਗਠਨਾਂ ਨੇ ਹਰਿਆਣਾ ਭਰ ਵਿੱਚ ਦੁਪਹਿਰ 12 ਤੋਂ 3 ਵਜੇ ਤੱਕ ਟੋਲ ਫ੍ਰੀ ਕਰਨ ਦਾ ਐਲਾਨ ਕੀਤਾ ਹੈ ਅਤੇ ਕੱਲ੍ਹ ਟ੍ਰੈਕਟਰ ਮਾਰਚ ਹੋਵੇਗਾ। ਕਿਸਾਨ ਆਗੂਆਂ ਅਤੇ ਟ੍ਰੇਡ ਯੂਨੀਅਨ ਦੇ ਆਗੂਆਂ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਉਹ ਕਿਸਾਨਾਂ ਦੇ ਸਮਰਥਨ ਵਿੱਚ ਇਹ ਕਦਮ ਚੁੱਕ ਰਹੇ ਹਨ ਅਤੇ ਜੇਕਰ ਐਸ.ਕੇ.ਐਮ ਨੇ ਉਨ੍ਹਾਂ ਨੂੰ ਬੁਲਾਇਆ ਤਾਂ ਉਹ ਹਜ਼ਾਰਾਂ ਟਰੈਕਟਰ ਟਰਾਲੀਆਂ ਨਾਲ ਦਿੱਲੀ ਵੱਲ ਕੂਚ ਲਈ ਤਿਆਰ ਹਨ।ਕਿਸਾਨ ਮਜ਼ਦੂਰ ਅਤੇ ਟ੍ਰੇਡ ਯੂਨੀਅਨ ਦੇ ਅਗੂਆਂ ਵਲੋ ਭਾਰਤ ਬੰਦ ਦੇ ਸੱਦੇ ਨੂੰ ਸਫਲ ਬਨਾਉਣ ਲਈ ਪ੍ਰੈਸ ਸਮੇਤ ਸਾਰੇ ਨਾਗਰਿਕਾਂ ਅਤੇ ਔਰਤਾਂ ਦਾ ਵਿਸੇਸ਼ ਧੰਨਵਾਦ ਕੀਤਾ ਗਿਆ।

**ਸਿਰਸਾ (ਸੁਰਿੰਦਰ ਪਾਲ ਸਿੰਘ)** : ਭਾਰਤ ਬੰਦ ਕਾਰਨ ਹਰਿਆਣਾ ਰੋਡਵੇਜ਼ ਦੀਆਂ ਬੱਸਾਂ ਦਾ ਚੱਕਾਂ ਜਾਮ ਸਫਲ ਰਿਹਾ। ਚੱਕਾ ਜਾਮ ਦੇ ਚੱਲਦੇ ਰੋਡਵੇਜ਼ ਯੂਨੀਅਨ ਦੇ ਆਗੂ ਤੇ ਕਰਮਚਾਰੀ ਸਾਰਾ ਦਿਨ ਬੱਸ ਸਟੈਂਡ ਦੇ ਬਾਹਰ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦੇ ਰਹੇ ਰੋਡਵੇਜ਼ ਯੂਨੀਅਨ ਦੇ ਆਗੂ ਮਦਨ ਲਾਲ ਦਾ ਕਹਿਣਾ ਹੈ ਕਿ ਸਰਕਾਰ ਦੇ ਵਾਰ-ਵਾਰ ਵਾਅਦੇ ਨਾ ਕਰਨ ਅਤੇ ਟਾਲ-ਮਟੋਲ ਦੇ ਰਵੱਈਏ ਕਾਰਨ ਮੁਲਾਜ਼ਮਾਂ ਵਿੱਚ ਭਾਰੀ ਰੋਸ ਹੈ।ਰੋਡਵੇਜ਼ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਸਰਕਾਰ ਅਤੇ ਵਿਭਾਗ ਦੇ ਉੱਚ ਅਧਿਕਾਰੀ ਗੰਭੀਰ ਨਹੀਂ ਹਨ।ਧਿਆਨ ਰਹੇ ਕਿ ਸਿਰਸਾ ਬੱਸ ਅੱਡੇ ਤੋਂ ਸਵੇਰੇ 2.30 ਤੋਂ ਸਵੇਰੇ 5 ਵਜੇ ਤੱਕ ਚੰਡੀਗੜ੍ਹ ਅਤੇ ਦਿੱਲੀ ਰੂਟਾਂ ਤੇ ਬੱਸਾਂ ਰਵਾਨਾ ਹੁੰਦੀਆਂ ਹਨ, ਜਦੋਂ ਮੁਸਾਫ਼ਰ ਲੋਕ ਬੱਸ ਸਟੈਂਡ ਪੁੱਜੇ ਤਾਂ ਰੋਡਵੇਜ਼ ਮੁਲਾਜ਼ਮਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਟ੍ਰੈਫ਼ਿਕ ਜਾਮ ਰਹੇਗਾ ਅਤੇ ਕੋਈ ਵੀ ਬੱਸ ਸਟੈਂਡ ਤੋਂ ਬਾਹਰ ਨਹੀਂ ਜਾਵੇਗੀ।ਇਸ ਤੋਂ ਬਾਅਦ ਸਿਰਸਾ ਦੇ ਬੱਸ ਸਟੈਂਡ 'ਤੇ ਸੰਨਾਟਾ ਛਾਇਆ ਰਿਹਾ।ਇਸ ਦੇ ਨਾਲ ਹੀ ਬੱਸ ਸਟੈਂਡ ਦੀ ਚਾਰਦੀਵਾਰੀ ਵਿੱਚ ਪੁਲਿਸ ਵਲੋ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਗਏ ਸਨ।ਇਸੇ ਤਰਾਂ ਪੰਜਾਬ ਰੋਡਵੇਜ਼ ਦੀਆਂ ਬੱਸਾਂ ਵੀ ਨਹੀਂ ਚੱਲੀਆਂ।

**ਮਲੋਟ (ਗੁਰਮੀਤ ਸਿੰਘ ਮੱਕੜ)** : ਤਿਕੋਣੀ ਚੌਂਕ ਵਿਖੇ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਵੱਖ-ਵੱਖ ਕਿਸਾਨ, ਮੁਲਾਜ਼ਮ ਅਤੇ ਮਜ਼ਦੂਰ ਜਥੇਬੰਦੀਆਂ ਵੱਲੋਂ ਸਾਂਝੇ ਤੌਰ 'ਤੇ ਕਿਸਾਨੀ ਮੰਗਾਂ ਅਤੇ ਕਿਸਾਨਾਂ 'ਤੇ ਹਰਿਆਣਾ ਪੁਲਿਸ ਵੱਲੋਂ ਕੀਤੇ ਗਏ ਗੈਰਮਨੁੱਖੀ ਵਰਤਾਰੇ ਦੇ ਖਿਲਾਫ਼ ਰੋਸ ਪ੍ਰਦਰਸ਼ਨ ਕੀਤਾ ਅਤੇ ਕੇਂਦਰ ਦੀ ਮੋਦੀ ਸਰਕਾਰ ਦੇ ਖਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ। ਆਗੂਆਂ ਨੇ ਸੰਬੋਧਨ ਕੀਤਾ ਤੇ ਕੇਂਦਰ ਸਰਕਾਰ ਦੀਆਂ ਕਿਸਾਨ ਅਤੇ ਲੋਕ ਮਾਰੂ ਨੀਤੀਆਂ ਦਾ ਵਿਰੋਧ ਕੀਤਾ। ਉਨ੍ਹਾਂ ਕਿਹਾ ਕਿ ਦੇਸ਼ ਵਿਚ ਲੋਕਤੰਤਰ ਦੀ ਸੰਘੀ ਘੁੱਟੀ ਜਾ ਰਹੀ ਹੈ ਅਤੇ ਫਰੀਡਮ ਟੂ ਸਪੀਚ ਦੇ ਅਧਿਕਾਰ ਨੂੰ ਕੁਚਲਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਆਪਣੇ ਹੱਕਾਂ ਲਈ ਦਿੱਲੀ ਜਾ ਰਹੇ ਕਿਸਾਨਾਂ ਨੇ ਅਜਿਹਾ ਕੀ ਗੁਨਾਹ ਕੀਤਾ ਸੀ ਕਿ ਉਨ੍ਹਾਂ 'ਤੇ ਮਿਆਦ ਪੁੱਗਣ ਚੁੱਕੇ ਅੱਥਰੂ ਗੈਸ ਦੇ ਗੋਲੇ ਸੁੱਟੇ ਗਏ ਅਤੇ ਗੰਦੇ ਪਾਣੀ ਦੀਆਂ ਬੁਛਾੜਾਂ ਮਾਰੀਆਂ ਗਈਆਂ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੂੰ ਅਜਿਹੀਆਂ ਕਾਰਵਾਈਆਂ ਦਾ ਖਮਿਆਜ਼ਾ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿਚ ਹਰ ਹੀਲੇ ਭੁਗਤਣਾ ਪਵੇਗਾ। ਉਧਰ ਬੰਦ ਦੇ ਸੱਦੇ ਨੂੰ ਮੁੱਖ ਰੱਖਦਿਆਂ ਲੋਕਾਂ ਨੇ ਆਪੋ-ਆਪਣੇ ਛੋਟੇ ਤੋਂ ਲੈ ਕੇ ਵੱਡੇ ਕਾਰੋਬਾਰਾਂ ਤੇ ਦੁਕਾਨਾਂ ਆਦਿ ਪੂਰਨ ਰੂਪ ਵਿਚ ਬੰਦ ਕਰਕੇ ਕਿਸਾਨਾਂ ਦੇ ਹੱਕ ਵਿੱਚ ਹਾਂ ਦਾ ਨਾਅਰਾ ਮਾਰਿਆ।

**ਫ਼ਾਜ਼ਿਲਕਾ (ਕ੍ਰਿਸ਼ਨ ਸਿੰਘ)** : ਕੇਂਦਰ ਸਰਕਾਰ ਤੋਂ ਆਪਣੀਆਂ ਮੰਗਾਂ ਮਨਵਾਉਣ ਲਈ ਗੈਰ-ਸਿਆਸੀ ਕਿਸਾਨ ਜਥੇਬੰਦੀਆਂ ਦੇ ਕਿਸਾਨ 13 ਫਰਵਰੀ ਤੋਂ ਦਿੱਲੀ ਵੱਲ ਮਾਰਚ ਕਰ ਰਹੇ ਹਨ। ਇਸ ਦੌਰਾਨ ਸ਼ੰਭੂ ਅਤੇ ਖਨੌਰੀ ਸਰਹੱਦ 'ਤੇ ਪੁਲੀਸ ਨੇ ਕਿਸਾਨਾਂ ਨੂੰ ਰਸਤੇ ਵਿੱਚ ਹੀ ਰੋਕ ਲਿਆ। ਇਸ ਦੌਰਾਨ ਉਥੇ ਪ੍ਰਦਰਸ਼ਨ ਕਰ ਰਹੇ ਕਿਸਾਨਾਂ 'ਤੇ ਅੱਥਰੂ ਗੈਸ ਦੇ ਗੋਲੇ ਅਤੇ ਪਲਾਸਟਿਕ ਦੀਆਂ ਗੋਲੀਆਂ ਚਲਾਈਆਂ ਜਾ ਰਹੀਆਂ ਹਨ, ਜਿਸ ਵਿੱਚ ਕੁਝ ਕਿਸਾਨਾਂ ਦੇ ਜ਼ਖ਼ਮੀ ਹੋਣ ਦੀਆਂ ਖ਼ਬਰਾਂ ਵੀ ਸਾਹਮਣੇ ਆ ਰਹੀਆਂ ਹਨ। ਦੂਜੇ ਪਾਸੇ ਕਿਸਾਨ ਜਥੇਬੰਦੀਆਂ ਇਸ ਨੂੰ ਲੈ ਕੇ ਆਪਣਾ ਗੁੱਸਾ ਦਿਖਾ ਰਹੀਆਂ ਹਨ, ਜਿਸ ਕਾਰਨ ਸੰਯੁਕਤ ਕਿਸਾਨ ਮੋਰਚੇ ਵੱਲੋਂ 16 ਫਰਵਰੀ ਨੂੰ ਭਾਰਤ ਬੰਦ ਦਾ ਸੱਦਾ ਦਿੱਤਾ ਗਿਆ ਸੀ, ਜਿਸ ਦਾ ਅਸਰ ਵੱਖ-ਵੱਖ ਥਾਂਵਾਂ 'ਤੇ ਦੇਖਣ ਨੂੰ ਮਿਲਿਆ। ਕਿਸਾਨਾਂ ਵੱਲੋਂ ਸੱਦੇ ਗਏ ਭਾਰਤ ਬੰਦ ਦਾ ਅਸਰ ਫ਼ਾਜ਼ਿਲਕਾ ਵਿੱਚ ਵੀ ਦੇਖਣ ਨੂੰ ਮਿਲਿਆ। ਇਸ ਦੌਰਾਨ ਬਜ਼ਾਰ ਦੀਆਂ ਸਾਰੀਆਂ ਦੁਕਾਨਾਂ ਬੰਦ ਰਹੀਆਂ। ਇਸ ਤੋਂ ਇਲਾਵਾ ਕਿਸਾਨ ਜਥੇਬੰਦੀਆਂ ਨੇ ਫ਼ਾਜ਼ਿਲਕਾ ਫ਼ਿਰੋਜ਼ਪੁਰ ਹਾਈਵੇ 'ਤੇ ਓਵਰਬ੍ਰਿਜ ਨੂੰ ਜਾਮ ਕਰਕੇ ਪ੍ਰਦਰਸ਼ਨ ਕੀਤਾ। ਇਸ ਦੌਰਾਨ ਕਿਸਾਨਾਂ ਵੱਲੋਂ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਕਿਸਾਨਾਂ ਦੇ ਪ੍ਰਦਰਸਨ ਦੌਰਾਨ ਫ਼ਾਜ਼ਿਲਕਾ ਦੇ ਓਵਰਬ੍ਰਿਜ ਤੋਂ ਮਹਾਂਰਿਸੀ ਬਾਲਮੀਕੀ ਚੌਂਕ ਤੱਕ ਟਰੱਕਾਂ ਦੀ ਲੰਬੀ ਲਾਈਨ ਲੱਗ ਗਈ। ਕਿਸਾਨ ਆਗੂ ਹਰੀਸ ਨੱਢਾ ਨੇ ਕਿਹਾ ਕਿ ਕਿਸਾਨ ਫਸਲਾਂ 'ਤੇ ਘੱਟੋ-ਘੱਟ ਸਮਰਥਨ ਮੁੱਲ ਕਾਨੂੰਨ ਲਾਗੂ ਕਰਨ, ਲਖੀਮਪੁਰ ਖੀਰੀ ਕਾਂਡ ਦੇ ਦੋਸ਼ੀਆਂ ਖਿਲਾਫ ਕਾਨੂੰਨੀ ਕਾਰਵਾਈ ਕਰਨ ਅਤੇ ਹੋਰ ਕਈ ਮੰਗਾਂ ਨੂੰ ਲੈ ਕੇ ਦਿੱਲੀ ਵੱਲ ਮਾਰਚ ਕਰ ਰਹੇ ਹਨ।

**ਧੂਰੀ (ਸੁਖਦੇਵ ਧੂਰੀ)** : ਦੇਸ ਵਿੱਚ ਕਿਸਾਨ, ਮਜ਼ਦੂਰ ਜਥੇਬੰਦੀਆਂ ਅਤੇ ਸਮੁੱਚੀਆਂ ਟਰੇਡ ਯੂਨੀਅਨਾਂ ਦੇ ਸੱਦੇ 'ਤੇ ਭਾਰਤ ਬੰਦ ਨੂੰ ਭਰਵਾਂ ਹੁੰਗਾਰਾ ਮਿਲਿਆ ਹੈ। ਸ਼ਹਿਰ ਦੇ ਬਜ਼ਾਰ ਤੇ ਵਪਾਰਕ ਅਦਾਰੇ ਮੁਕੰਮਲ ਤੌਰ 'ਤੇ ਬੰਦ ਰਹੇ। ਕੱਕੜਵਾਲ ਚੌਂਕ ਵਿੱਚ ਲੱਗੇ ਵਿਸ਼ਾਲ ਧਰਨੇ ਦੌਰਾਨ ਵੱਖ-ਵੱਖ ਜਥੇਬੰਦੀਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਧਰਨੇ ਵਿੱਚ ਪੈਨਸ਼ਨਰਜ਼ ਵੈਲਫ਼ੇਅਰ ਐਸੋਸੀਏਸ਼ਨ ਵੱਲੋਂ ਪ੍ਰਧਾਨ ਸੁਖਦੇਵ ਸ਼ਰਮਾ ਦੀ ਅਗਵਾਈ ਹੇਠ ਵਿਸ਼ਾਲ ਕਾਫ਼ਲੇ ਨਾਲ ਸ਼ਮੂਲੀਅਤ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਕੱਤਰ ਡਾ. ਅਮਰਜੀਤ ਸਿੰਘ, ਰਤਨ ਭੰਡਾਰੀ, ਹੰਸ ਰਾਜ ਗਰਗ, ਕਰਮ ਸਿੰਘ ਸੋਢੀ, ਚਰਨਜੀਤ ਸਿੰਘ ਕੈਂਥ, ਗੁਰਮੇਲ ਸਿੰਘ, ਸੋਮ ਨਾਥ ਅੱਤਰੀ, ਰਲਾ ਸਿੰਘ, ਤਰਲੋਚਨ ਸਿੰਘ, ਕਰੋੜੀ ਮੱਲ, ਅਵਤਾਰ ਸਿੰਘ, ਮੇਜਰ ਸਿੰਘ, ਰਾਮ ਗੋਪਾਲ ਸ਼ਰਮਾ, ਮਨੋਹਰ ਲਾਲ ਸ਼ਰਮਾ, ਜੰਗ ਸਿੰਘ ਬਾਦਸ਼ਾਹਪੁਰ, ਆਤਮਾ ਸਿੰਘ, ਵਿਲਕਸਨ ਦੱਤ ਸ਼ਰਮਾ, ਗੁਰਚਰਨ ਸਿੰਘ, ਜੈ ਭਗਵਾਨ, ਸੁਰਜੀਤ ਸਿੰਘ, ਸਰਬਜੀਤ ਸਿੰਘ ਸਮੇਤ ਅਨੇਕਾਂ ਪੈਨਸ਼ਨਰ ਹਾਜ਼ਰ ਸਨ।

**ਮੂਨਕ (ਰਾਜਪਾਲ ਸਿੰਗਲਾ)** : ਕੇਂਦਰੀ ਟ੍ਰੇਡ ਯੂਨੀਅਨਾਂ ਦੇ ਸੱਦੇ ਨਾਲ ਸੰਯੁਕਤ ਕਿਸਾਨ ਮੋਰਚੇ ਵੱਲੋਂ ਤਾਲਮੇਲ ਕਰਦਿਆਂ 16 ਫ਼ਰਵਰੀ ਨੂੰ ਮੋਦੀ ਸਰਕਾਰ ਦੀਆਂ ਕਾਰਪੋਰੇਟ ਪੱਖੀ ਨੀਤੀਆਂ ਖਿਲਾਫ਼ ਭਾਰਤ ਬੰਦ ਦਾ ਸੱਦਾ ਦਿੱਤਾ ਗਿਆ ਸੀ। ਇਸ ਮੌਕੇ ਮੂਨਕ ਹਾਈਵੇ 'ਤੇ ਧਰਨਾ ਦਿੱਤਾ ਗਿਆ, ਜਿਸ ਵਿੱਚ ਸਾਰੀਆਂ ਕਿਸਾਨ, ਮਜ਼ਦੂਰ, ਵਿਦਿਆਰਥੀ, ਪੈਨਸ਼ਨ, ਜਥੇਬੰਦੀਆਂ ਵੱਲੋਂ ਅਪਣੇ ਹੱਕੀ ਮੰਗਾਂ ਲਈ ਦਿੱਲੀ ਜਾ ਰਹੀਆਂ ਕੁੱਝ ਜਥੇਬੰਦੀਆਂ ਦੇ ਕਿਸਾਨਾਂ ਦੇ ਜਬਰ ਕਰਨ ਵਾਲੀ ਖੱਟਰ ਤੇ ਕੇਂਦਰ ਦੀ ਮੋਦੀ ਸਰਕਾਰ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਇਸ ਮੌਕੇ ਸਾਰੇ ਜਥੇਬੰਦੀਆਂ ਦੇ ਬੁਲਾਰੇ ਨੇ ਸਾਰੇ ਭਾਰਤ ਦੇ ਕਿਰਤੀ ਲੋਕਾਂ ਨੂੰ ਇਕਜੁਟ ਹੋ ਕੇ ਜਥੇਬੰਦ ਹੋ ਕੇ ਕੇਂਦਰ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਖਿਲਾਫ਼ ਇਕਜੁਟ ਹੋ ਕੇ ਸੰਘਰਸ਼ ਕਰਨ ਲਈ ਕਿਹਾ।

**ਨਾਭਾ (ਵਰਿੰਦਰ ਵਰਮਾ)** : ਭਾਰਤ ਦੀਆਂ ਸਮੁੱਚੀਆਂ ਟਰੇਡ ਯੂਨੀਅਨਾਂ, ਫੈਡਰੇਸ਼ਨਾਂ ਤੇ ਹੋਰ ਵੱਖ-ਵੱਖ ਜਥੇਬੰਦੀਆਂ ਦੇ ਮੁਲਾਜ਼ਮ, ਮਜ਼ਦੂਰ, ਕਿਸਾਨ ਅਤੇ ਵਪਾਰੀ ਵਰਗ ਦੇ ਵਿਰੁੱਧ ਕੇਂਦਰ ਸਰਕਾਰ ਵੱਲੋਂ ਮਾਰੂ ਨੀਤੀਆਂ ਲਾਗੂ ਕਰਨ ਦੇ ਵਿਰੋਧ ਵਿੱਚ ਕੀਤੇ ਜਾ ਰਹੇ ਫ਼ੈਸਲਿਆਂ ਦਾ ਵਿਰੋਧ ਕਰਨ ਲਈ ਹੜਤਾਲ ਦਾ ਸੱਦਾ ਦਿੱਤਾ ਗਿਆ, ਜਿਸ ਵਿੱਚ ਸਿਵਲ ਹਸਪਤਾਲ ਦੀਆਂ ਸਮੂਹ ਕੈਟਾਗਿਰੀ ਦੀਆਂ ਜਥੇਬੰਦੀਆਂ ਵੱਲੋਂ ਰੋਸ ਪ੍ਰਦਰਸ਼ਨ ਕਰਕੇ ਹਮਾਇਤ ਕੀਤੀ ਗਈ, ਜਿਸ ਵਿੱਚ ਦੀਪ ਚੰਦ ਹੰਸ, ਸੁਖਵਿੰਦਰ ਕੌਰ, ਸੁਸ਼ਮਾ ਕੁਮਾਰੀ, ਸਿਮਰਨ ਸਿੰਗਲਾ, ਪਰਮਜੀਤ ਕੌਰ, ਰਜਿੰਦਰ ਚੋਪੜਾ, ਮੈਡਮ ਰਾਣੀ, ਅਮਰਜੀਤ ਸਿੰਘ, ਹਰਜੀਤ ਕੌਰ, ਅੱਛਰ ਕੁਮਾਰ, ਮਹੇਸ਼ ਕੁਮਾਰ, ਨਾਜਰ ਖਾਨ, ਕੁਲਦੀਪ ਸਿੰਘ, ਰਜਨੀ ਮਿੱਤਲ, ਗਮਦੂਰ ਸਿੰਘ, ਦਵਿੰਦਰ ਸਿੰਘ, ਵਿਕਾਸ ਮਿੱਤਲ ਅਤੇ ਨਰਿੰਦਰ ਮੋਹਣ ਸ਼ਰਮਾ ਨੇ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਦੀਆਂ ਮਾਰੂ ਨੀਤੀਆਂ ਦਾ ਜੰਮ ਕੇ ਵਿਰੋਧ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸਰਕਾਰਾਂ ਨੇ ਦੇਸ਼ ਦੇ ਹਰ ਨਾਗਰਿਕ ਤੇ ਟੈਕਸਾਂ ਦਾ ਨਾ ਸਹਿਣ ਯੋਗ ਭਾਰ ਪਾ ਕੇ ਜਿਊਣਾ ਦੁੱਭਰ ਕੀਤਾ ਹੋਇਆ ਹੈ, ਉੱਥੇ ਹੀ ਸਰਕਾਰ ਵੱਲੋਂ ਹਰ ਵਰਗ ਨਾਲ ਮਤਰੇਈ ਮਾਂ ਵਾਲਾ ਸਲੂਕ ਕੀਤਾ ਜਾ ਰਿਹਾ ਹੈ। ਆਗੂਆਂ ਨੇ ਮੁਲਾਜ਼ਮਾਂ ਤੇ ਪ੍ਰੋਬੇਸ਼ਨ ਦੀ ਸ਼ਰਤ ਖ਼ਤਮ ਕਰਨ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ, ਕੱਚੇ ਮੁਲਾਜ਼ਮ ਪੱਕੇ ਕਰਨ ਅਤੇ ਖਾਲੀ ਅਸਾਮੀਆਂ ਭਰਨ, ਡੀ.ਏ ਦੀਆਂ ਕਿਸ਼ਤਾਂ ਜਾਰੀ ਕਰਨ ਅਤੇ ਕੱਟੇ ਭੱਤੇ ਬਹਾਲ ਕਰਨ ਦੀ ਮੰਗ ਕਰਦਿਆਂ ਕਿਹਾ ਕਿ ਸਿਹਤ ਵਿਭਾਗ ਦਾ ਮੰਤਰੀ ਇੱਕ ਡਾਕਟਰ ਹੋਣ ਦੇ ਬਾਵਜੂਦ ਸਿਹਤ ਸਹੂਲਤਾਂ ਵਿੱਚ ਜੋ ਸੁਧਾਰ ਹੋਣਾ ਚਾਹੀਦਾ ਸੀ, ਜੋ ਨਹੀਂ ਹੋ ਸਕਿਆ।


ਹਠੂਰ


ਸਿਰਸਾ


ਫ਼ਾਜ਼ਿਲਕਾ


ਧੂਰੀ


ਮਾਨਸਾ


ਮੂਨਕ


ਨਾਭਾ

**ਨਾਭਾ (ਵਰਿੰਦਰ ਵਰਮਾ)** : ਭਾਰਤ ਦੀਆਂ ਸਮੁੱਚੀਆਂ ਟਰੇਡ ਯੂਨੀਅਨਾਂ, ਫੈਡਰੇਸ਼ਨਾਂ ਅਤੇ ਹੋਰ ਵੱਖ-ਵੱਖ ਜਥੇਬੰਦੀਆਂ ਦੇ ਮੁਲਾਜ਼ਮ, ਮਜ਼ਦੂਰ, ਕਿਸਾਨ ਅਤੇ ਵਪਾਰੀ ਵਰਗ ਦੇ ਵਿਰੁੱਧ ਕੇਂਦਰ ਸਰਕਾਰ ਵੱਲੋਂ ਮਾਰੂ ਨੀਤੀਆਂ ਲਾਗੂ ਕਰਨ ਦੇ ਵਿਰੋਧ ਵਿੱਚ ਕੀਤੇ ਜਾ ਰਹੇ ਫ਼ੈਸਲਿਆਂ ਦਾ ਵਿਰੋਧ ਕਰਨ ਲਈ ਹੜਤਾਲ ਦਾ ਸੱਦਾ ਦਿੱਤਾ ਗਿਆ, ਜਿਸ ਵਿੱਚ ਸਿਵਲ ਹਸਪਤਾਲ ਦੀਆਂ ਸਮੂਹ ਕੈਟਾਗਿਰੀ ਦੀਆਂ ਜਥੇਬੰਦੀਆਂ ਵੱਲੋਂ ਰੋਸ ਪ੍ਰਦਰਸ਼ਨ ਕਰਕੇ ਹਮਾਇਤ ਕੀਤੀ ਗਈ, ਜਿਸ ਵਿੱਚ ਦੀਪ ਚੰਦ ਹੰਸ, ਸੁਖਵਿੰਦਰ ਕੌਰ, ਸੁਸ਼ਮਾ ਕੁਮਾਰੀ, ਸਿਮਰਨ ਸਿੰਗਲਾ, ਪਰਮਜੀਤ ਕੌਰ, ਰਜਿੰਦਰ ਚੋਪੜਾ, ਮੈਡਮ ਰਾਣੀ, ਅਮਰਜੀਤ ਸਿੰਘ, ਹਰਜੀਤ ਕੌਰ, ਅੱਛਰ ਕੁਮਾਰ, ਮਹੇਸ਼ ਕੁਮਾਰ, ਨਾਜਰ ਖਾਨ, ਕੁਲਦੀਪ ਸਿੰਘ, ਰਜਨੀ ਮਿੱਤਲ, ਗਮਦੂਰ ਸਿੰਘ, ਦਵਿੰਦਰ ਸਿੰਘ, ਵਿਕਾਸ ਮਿੱਤਲ ਤੇ ਨਰਿੰਦਰ ਮੋਹਣ ਸ਼ਰਮਾ ਨੇ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਦੀਆਂ ਮਾਰੂ ਨੀਤੀਆਂ ਦਾ ਜੰਮ ਕੇ ਵਿਰੋਧ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸਰਕਾਰਾਂ ਨੇ ਦੇਸ਼ ਦੇ ਹਰ ਨਾਗਰਿਕ ਤੇ ਟੈਕਸਾਂ ਦਾ ਨਾ ਸਹਿਣ ਯੋਗ ਭਾਰ ਪਾ ਕੇ ਜਿਊਣਾ ਦੁੱਭਰ ਕੀਤਾ ਹੋਇਆ ਹੈ, ਉੱਥੇ ਹੀ ਸਰਕਾਰ ਵੱਲੋਂ ਹਰ ਵਰਗ ਨਾਲ ਮਤਰੇਈ ਮਾਂ ਵਾਲਾ ਸਲੂਕ ਕੀਤਾ ਜਾ ਰਿਹਾ ਹੈ। ਆਗੂਆਂ ਨੇ ਮੁਲਾਜਮਾਂ ਤੇ ਪਰੋਬੇਸ਼ਨ ਦੀ ਸ਼ਰਤ ਖ਼ਤਮ ਕਰਨ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ, ਕੱਚੇ ਮੁਲਾਜ਼ਮ ਪੱਕੇ ਕਰਨ ਅਤੇ ਖਾਲੀ ਅਸਾਮੀਆਂ ਭਰਨ, ਡੀ.ਏ ਦੀਆਂ ਕਿਸ਼ਤਾਂ ਜਾਰੀ ਕਰਨ ਅਤੇ ਕੱਟੇ ਭੱਤੇ ਬਹਾਲ ਕਰਨ ਦੀ ਮੰਗ ਕਰਦਿਆਂ ਕਿਹਾ ਕਿ ਸਿਹਤ ਵਿਭਾਗ ਦਾ ਮੰਤਰੀ ਇੱਕ ਡਾਕਟਰ ਹੋਣ ਦੇ ਬਾਵਜੂਦ ਸਿਹਤ ਸਹੂਲਤਾਂ ਵਿੱਚ ਜੋ ਸੁਧਾਰ ਹੋਣਾ ਚਾਹੀਦਾ ਸੀ ਨਹੀਂ ਹੋ ਸਕਿਆ। ਉਨ੍ਹਾਂ ਕਿਹਾ ਕਿ ਨਸ਼ੇ ਖਤਮ ਨਹੀਂ ਹੋ ਰਹੇ, ਸੜਕਾਂ ਦਾ ਬੁਰਾ ਹਾਲ ਹੈ, ਲੁੱਟ ਖਸੁੱਟ ਅਤੇ ਕੁਰੱਪਸ਼ਨ ਵਿੱਚ ਹੋਰ ਵਾਧਾ ਹੋਇਆ ਅਤੇ ਮੁਫ਼ਤ ਦੀਆਂ ਸਹੂਲਤਾਂ ਨਾਲ ਲੋਕਾਂ ਨੂੰ ਮੰਗਤੇ ਬਣਾ ਕੇ ਰੁਜ਼ਗਾਰ ਦੇ ਵਾਧੇ ਤੋਂ ਧਿਆਨ ਭਟਕਾ ਰਹੀਆਂ ਹਨ।

**ਨਾਭਾ (ਵਰਿੰਦਰ ਵਰਮਾ)** : ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਭਾਰਤ ਬੰਦ ਨੂੰ ਸਫਲ ਬਣਾਉਣ ਲਈ ਵੱਖ-ਵੱਖ ਜਥੇਬੰਦੀਆਂ ਵੱਲੋਂ ਜਿਵੇਂ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ, ਬੀਕੇਯੂ ਏਕਤਾ ਉਗਰਾਹਾਂ, ਬੀਕੇਯੂ ਏਕਤਾ ਡਕੌਂਦਾ, ਖੇਤੀਬਾੜੀ ਕਿਸਾਨ ਫਰੰਟ ਪੰਜਾਬ, ਕੁੱਲ ਹਿੰਦ ਕਿਸਾਨ ਸਭਾ, ਕ੍ਰਾਂਤੀ ਕਿਸਾਨ ਯੂਨੀਅਨ, ਬੀਕੇਯੂ ਰਾਜੇਵਾਲ, ਬੀਕੇਯੂ ਲੱਖੋਵਾਲ, ਆੜ੍ਹਤੀਆ ਐਸੋਸੀਏਸ਼ਨ ਨਾਭਾ, ਕਾਂਗਰਸ ਵਪਾਰ ਮੰਡਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਜਥੇਬੰਦੀਆਂ ਨੇ ਭਾਗ ਲੈਂਦੇ ਹੋਏ ਰੋਹਟੀ ਪੁਲ਼ ਵਿਖੇ ਰੋਸ ਧਰਨਾ ਲਗਾ ਕੇ ਕੇਂਦਰ ਤੇ ਪੰਜਾਬ ਸਰਕਾਰ ਦਾ ਪਿੱਟ ਸਿਆਪਾ ਕੀਤਾ। ਧਰਨੇ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਜਥੇਬੰਦੀਆਂ ਦੇ ਅਹੁਦੇਦਾਰ ਬਲਾਕ ਪ੍ਰਧਾਨ ਰਜਿੰਦਰ ਸਿੰਘ ਕਕਰਾਲਾ, ਗੁਰਮੀਤ ਸਿੰਘ ਛੱਜੂਭੱਟ ਹਰਮੇਲ ਸਿੰਘ ਤੁੰਗਾ, ਵਿਵੇਕ ਸਿੰਗਲਾ, ਗੁਰਬਚਨ ਸਿੰਘ ਕਨਸੂਹਾ, ਜਗਪਾਲ ਸਿੰਘ ਉਦਾਂ, ਘੁੰਮਣ ਸਿੰਘ ਰਾਜੇਵਾਲ, ਜਰਨੈਲ ਸਿੰਘ ਰਾਜੇਵਾਲ, ਦਰਸ਼ਨ ਸਿੰਘ ਗਦਈਆ, ਆੜ੍ਹਤੀਆ ਐਸੋਸੀਏਸ਼ਨ ਪ੍ਰਧਾਨ ਸੁਰਿੰਦਰ ਗੁਪਤਾ, ਵੇਦ ਚੰਦ ਮੰਡੋੜ ਤੇ ਗੁਰਤੇਜ ਸਿੰਘ ਕੋਲ ਨੇ ਕਿਹਾ ਕਿ ਭਾਰਤ ਬੰਦ ਦੇ ਸੱਦੇ ਨੂੰ ਸਫ਼ਲ ਬਣਾਉਣ ਲਈ ਸਮੁੱਚੇ ਦੁਕਾਨਦਾਰ, ਟਰਾਂਸਪੋਰਟ, ਛੋਟੇ-ਵੱਡੇ ਵਪਾਰੀ ਵਰਗ ਭਰਾਵਾਂ, ਕਿਸਾਨਾਂ ਅਤੇ ਮਜ਼ਦੂਰਾਂ ਨੇ ਆਪਣੇ ਆਪਣੇ ਕਾਰੋਬਾਰਾਂ ਬੰਦ ਕਰ ਕੇ ਸਰਕਾਰਾਂ ਖਿਲਾਫ਼ ਰੋਸ ਪ੍ਰਦਰਸ਼ਨ ਕੀਤਾ ਹੈ। ਉਨ੍ਹਾਂ ਕਿਹਾ ਕਿ ਦਿੱਲੀ ਧਰਨਾ ਦੇਣ ਜਾ ਰਹੇ ਕਿਸਾਨਾਂ ਨੂੰ ਸ਼ੰਭੂ ਤੇ ਖਨੌਰੀ ਬਾਰਡਰ 'ਤੇ ਨਿੱਹਥੇ ਕਿਸਾਨਾਂ ਨੂੰ ਰੋਕ ਕੇ ਭਾਰੀ ਫੋਰਸ ਲਗਾ ਕੇ ਅੱਥਰੂ ਗੈਸ ਦੇ ਗੋਲੇ ਅਤੇ ਗੋਲੀਆਂ ਚਲਾ ਕੇ ਕਿਸਾਨਾਂ ਨੂੰ ਗੰਭੀਰ ਜ਼ਖ਼ਮੀ ਕਰਨ ਅਤੇ ਗੈਰ ਸੰਵਿਧਾਨਕ ਤਰੀਕੇ ਨਾਲ ਸੜਕਾਂ ਵਿੱਚ ਬੈਰੀਕੇਟਿੰਗ ਕਰਨ ਤੇ ਸੜਕਾਂ ਵਿੱਚ ਕਿੱਲ ਲਗਾ ਕੇ ਰੋਕਣ ਦੀ ਸਖਤ ਸ਼ਬਦਾਂ ਵਿੱਚ ਕੇਂਦਰ ਦੀ ਮੋਦੀ ਸਰਕਾਰ ਤੇ ਮਨਹੋਰ ਲਾਲ ਖੱਟੜ ਸਰਕਾਰ ਦੀ ਨਿਖੇਧੀ ਕੀਤੀ ਜਾਂਦੀ ਹੈ।


ਮੱਖੂ

**ਕੋਟਕਪੂਰਾ (ਰਛਪਾਲ ਭੁੱਲਰ)** : ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਆਪਣੇ ਹੱਕ ਮੰਗਦੇ ਕਿਸਾਨਾਂ ਉੱਤੇ ਜਵਾਨਾਂ ਰਾਹੀਂ ਜ਼ੁਲਮ ਕਰਵਾਕੇ ਕਿਸਾਨ ਤੇ ਜਵਾਨ ਦੇ ਰਿਸ਼ਤੇ ਵਿੱਚ ਕੜਵਾਹਟ ਭਰੀ ਜਾ ਰਹੀ ਹੈ। ਦਿੱਲੀ ਨੂੰ ਜਾ ਰਹੇ ਕਿਸਾਨਾਂ ਉੱਤੇ ਪੁਲਿਸ ਵੱਲੋਂ ਕੀਤੇ ਗਏ ਜ਼ੁਲਮ ਨਾਲ ਬਹੁਤ ਸਾਰੇ ਕਿਸਾਨ ਜ਼ਖ਼ਮੀ ਹੋ ਗਏ। ਜ਼ਖ਼ਮੀ ਕਿਸਾਨ ਭਰਾਵਾਂ ਦਾ ਹਾਲ-ਚਾਲ ਜਾਣਿਆ, ਪੰਜਾਬ ਸਰਕਾਰ ਕਿਸਾਨਾਂ ਦੇ ਨਾਲ ਹੈ, ਮੁੱਖ ਮੰਤਰੀ ਕਿਸਾਨਾਂ ਅਤੇ ਕੇਂਦਰ ਵਿਚਕਾਰ ਗੱਲਬਾਤ ਲਈ ਸਾਲਸ ਦੀ ਭੂਮਿਕਾ ਨਿਭਾ ਰਹੇ ਹਨ। ਜ਼ਖ਼ਮੀ ਕਿਸਾਨਾਂ ਦੇ ਹਰ ਸੰਭਵ ਇਲਾਜ ਲਈ ਪ੍ਰਸ਼ਾਸਨ ਨੂੰ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਹਰਿਆਣਾ ਸਰਕਾਰ ਵੱਲੋਂ ਨਿਹੱਥੇ ਕਿਸਾਨਾਂ 'ਤੇ ਕੀਤੇ ਜ਼ੁਲਮ ਦੀ ਹਰ ਪਾਸਿਓਂ ਨਿੰਦਾ ਹੋ ਰਹੀ ਹੈ ਤੇ ਹੋਰ ਜਥੇਬੰਦੀਆਂ ਵੱਲੋਂ ਆਪ ਮੁਹਾਰੇ ਸਮਰਥਨ ਵੀ ਦਿੱਤਾ ਜਾ ਰਿਹਾ, ਜਿਸ ਨਾਲ ਇਹ ਸੰਘਰਸ਼ ਹੋਰ ਵੀ ਤਿੱਖਾ ਹੋਣ ਦੀ ਆਸ ਹੈ।

**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)** : ਸੰਯੁਕਤ ਕਿਸਾਨ ਮੋਰਚੇ ਤੇ ਕੇਂਦਰੀ ਟਰੇਡ ਯੂਨੀਅਨਾਂ ਦੇ ਸੱਦੇ 'ਤੇ ਦੇਸ਼ ਭਰ ਵਿੱਚ ਕੀਤੇ ਗਏ ਭਾਰਤ ਬੰਦ ਦੌਰਾਨ ਬੱਸ ਅੱਡਾ ਗੋਲੂ ਕਾ ਮੋੜ ਫ਼ਿਰੋਜ਼ਪੁਰ-ਫ਼ਾਜ਼ਿਲਕਾ ਮੁੱਖ ਮਾਰਗ 'ਤੇ ਚੱਕਾ ਜਾਮ ਕੀਤਾ ਗਿਆ, ਜਿਸ ਵਿੱਚ ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਲ ਵੱਖ-ਵੱਖ ਕਿਸਾਨ ਜਥੇਬੰਦੀਆਂ, ਕੇਂਦਰੀ ਟਰੇਡ ਯੂਨੀਅਨਾਂ ਤੇ ਜਨਤਕ ਜਥੇਬੰਦੀਆਂ, ਨੌਜਵਾਨਾਂ ਵਿਦਿਆਰਥੀਆਂ ਦੀਆਂ ਵੱਖ-ਵੱਖ ਜਥੇਬੰਦੀਆਂ, ਵਕੀਲ ਭਾਈਚਾਰਾ, ਵਪਾਰ ਮੰਡਲ, ਆੜ੍ਹਤ ਐਸੋਸੀਏਸ਼ਨਾਂ, ਸਮਾਜਕ ਤੇ ਧਾਰਮਿਕ ਸੰਸਥਾਵਾਂ ਦੇ ਸੈਂਕੜੇ ਕਾਰਕੁੰਨਾਂ ਨੇ ਸ਼ਮੂਲੀਅਤ ਕੀਤੀ। ਇਸ ਚੱਕਾ ਜਾਮ ਰੋਸ ਪ੍ਰਦਰਸ਼ਨ ਦੀ ਅਗਵਾਈ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਬਲਾਕ ਖਜਾਨਚੀ ਅੰਗਰੇਜ਼ ਸਿੰਘ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਪ੍ਰਧਾਨ ਜਸਵਿੰਦਰ ਸਿੰਘ ਬਰਾੜ ਸ਼ਰੀਹ ਵਾਲਾ, ਕੁਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਆਗੂ ਰਾਜ ਕੁਮਾਰ ਬਹਾਦਰ ਕੇ, ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਬਲਾਕ ਪ੍ਰਧਾਨ ਗੁਰਮੀਤ ਸਿੰਘ ਮੋਠਾਂਵਾਲਾ, ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਸਕੱਤਰ ਚਰਨਜੀਤ ਸਿੰਘ ਛਾਂਗਾ ਰਾਏ, ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਦੇ ਬਲਾਕ ਆਗੂ ਸੁਰਜੀਤ ਸਿੰਘ ਸਾਬਕਾ ਐਸ ਡੀ ਓ, ਪੈਂਸ਼ਨਰ ਐਸੋਸੀਏਸ਼ਨ ਦੇ ਬਲਾਕ ਆਗੂ ਨਰੇਸ਼ ਸੇਠੀ, ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੇ ਬਲਾਕ ਆਗੂ ਸੰਦੀਪ ਕੁਮਾਰ, ਆੜ੍ਹਤ ਐਸੋਸੀਏਸ਼ਨ ਦੇ ਪ੍ਰਧਾਨ, ਵਕੀਲ ਭਾਈਚਾਰੇ ਵੱਲੋਂ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਆਦਿ ਨੇ ਕੀਤੀ। ਇਸ ਧਰਨਾ ਪ੍ਰਦਰਸ਼ਨ ਵਿੱਚ ਹੋਰਨਾਂ ਤੋਂ ਇਲਾਵਾ ਅਮਰੀਕ ਸਿੰਘ, ਅਨੋਖਾ ਸਿੰਘ, ਅੰਗਰੇਜ ਸਿੰਘ, ਪ੍ਰਵੀਨ ਰਾਣੀ ਬਜੇ ਕੇ, ਜਤਿੰਦਰ ਰੌਫੀ, ਤੇਜਾ ਸਿੰਘ ਅਮੀਰ ਖਾਸ, ਪਰਮਿੰਦਰ ਸਿੰਘ, ਸਿੰਗਾਰ ਸਿੰਘ ਟੀ ਐਸ ਯੂ, ਸ਼ਮਿੰਦਰ ਸਿੰਘ, ਗੁਰਚਰਨ ਸਿੰਘ ਕਾਹਨ ਸਿੰਘ ਵਾਲਾ, ਮਾਸਟਰ ਪੂਰਨ ਚੰਦ, ਸੁਖਦੇਵ ਸਿੰਘ, ਮੰਗਲ ਸਿੰਘ, ਬਲਵੰਤ ਚੌਹਾਨਾ, ਨਾਨਕ ਚੰਦ ਜੰਡਵਾਲਾ, ਇਸ ਧਰਨਾ ਪ੍ਰਦਰਸ਼ਨ ਵਿੱਚ ਡੇਰਾ ਭਜਨ ਗੜ੍ਹ ਵਲੋਂ ਗੁਰੂ ਕਾ ਅਟੁੱਟ ਲੰਗਰ ਚਲਾਇਆ ਗਿਆ ਤੇ ਮੀਤ ਟੈਂਟ ਹਾਊਸ ਬਾਜੇ ਕੇ ਵੱਲੋਂ ਮੁਫ਼ਤ ਟੈਂਟ ਦੀ ਸੇਵਾ ਕੀਤੀ ਗਈ।

## ਬਿਜਲੀ ਕਾਮਿਆਂ ਨੇ ਸੰਯੁਕਤ ਕਿਸਾਨ ਮੋਰਚੇ ਦੇ ਪ੍ਰੋਗਰਾਮ 'ਚ ਕੀਤੀ ਸ਼ਮੂਲੀਅਤ



**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)**

ਟੈਕਨੀਕਲ ਸਰਵਿਸਿਜ ਯੂਨੀਅਨ ਵੱਲੋਂ ਕੇਂਦਰ ਸਰਕਾਰ ਦੀਆਂ ਮੁਲਾਜ਼ਮ, ਮਜ਼ਦੂਰ, ਕਿਸਾਨ ਵਿਰੋਧੀ ਨੀਤੀਆਂ ਦੇ ਖਿਲਾਫ ਦੇਸ ਦੀਆਂ 10 ਕੇਂਦਰੀ ਟਰੇਡ ਯੂਨੀਅਨਾਂ, ਕੇਂਦਰ ਦੀਆਂ ਮੁਲਾਜ਼ਮ ਜਥੇਬੰਦੀਆਂ, ਰਾਜ ਸਰਕਾਰ ਦੀਆਂ ਮੁਲਾਜ਼ਮ ਜਥੇਬੰਦੀਆਂ ਅਤੇ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਦੇਸ਼ ਵਿਆਪੀ ਹੜਤਾਲ ਦੇ ਸਮਰਥਨ ਵਿੱਚ ਇਕਰੋਜ਼ਾ ਮੁਕੰਮਲ ਹੜਤਾਲ ਕਰਕੇ ਬਿਜਲੀ ਦਫ਼ਤਰ ਗੁਰੂ ਹਰਸਹਾਏ ਦੇ ਗੇਟ 'ਤੇ ਰੋਸ ਰੈਲੀ ਕਰਕੇ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ, ਜਿਸ ਦੀ ਪ੍ਰਧਾਨਗੀ ਸਾਥੀ ਸੁਰਿੰਦਰ ਕੁਮਾਰ ਨੇ ਕੀਤੀ। ਬੁਲਾਰਿਆਂ ਨੇ ਦੱਸਿਆ ਕਿ ਕੇਂਦਰ ਦੀ ਮੋਦੀ ਸਰਕਾਰ ਜਦੋਂ ਦੀ ਸੱਤਾ ਵਿੱਚ ਆਈ ਹੈ ਲਗਾਤਾਰ ਮੁਲਾਜ਼ਮ, ਮਜ਼ਦੂਰ ਅਤੇ ਕਿਸਾਨ ਵਿਰੋਧੀ ਫੈਸਲੇ ਕਰਦੀ ਆਈ ਹੈ, ਜਿਸ ਕਰਕੇ ਹਰ ਵਰਗ ਦੇ ਲੋਕ ਕੇਂਦਰ ਸਰਕਾਰ ਤੋਂ ਦੁਖੀ ਹੋ ਕੇ ਸੜਕਾਂ ਤੇ ਉਤਰ ਆਏ ਹਨ ਅਤੇ ਸਰਕਾਰ ਤੋਂ ਮੰਗ ਕਰ ਰਹੇ ਹਨ ਕਿ ਮੁਲਾਜ਼ਮ, ਮਜ਼ੂਰ ਅਤੇ ਕਿਸਾਨਾਂ ਦੀਆਂ ਮੰਨੀਆਂ ਹੋਈਆਂ ਮੰਗਾਂ ਨੂੰ ਜਲਦੀ ਤੋਂ ਜਲਦੀ ਲਾਗੂ ਕੀਤਾ ਜਾਵੇ, ਜਿਸ ਵਿੱਚ ਰੁਜ਼ਗਾਰ ਨੂੰ ਮੌਲਿਕ ਅਧਿਕਾਰਾਂ ਵਿੱਚ ਸ਼ਾਮਲ ਕੀਤਾ ਜਾਵੇ, ਕਿਸਾਨਾਂ ਦੀਆਂ ਸਾਰੀਆਂ ਫ਼ਸਲਾਂ ਉੱਪਰ ਸਵਾਮੀਨਾਥਨ ਕਮਿਸ਼ਨ ਮੁਤਾਬਕ ਐੱਮ ਐੱਸ ਪੀ ਦਾ ਕਾਨੂੰਨ ਬਣਾਇਆ ਜਾਵੇ, ਮੁਲਾਜ਼ਮਾਂ ਦੀ ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, ਲੇਬਰ ਕਾਨੂੰਨ ਦੇ ਰੱਦ ਕੀਤੇ 44 ਕਾਨੂੰਨ ਬਹਾਲ ਕੀਤੇ ਜਾਣ ਅਤੇ 12 ਘੰਟੇ ਦਿਹਾੜੀ ਦਾ ਕਾਨੂੰਨ ਵਾਪਸ ਲਿਆ ਜਾਵੇ, ਸਰਕਾਰੀ ਅਦਾਰਿਆਂ ਦਾ ਨਿੱਜੀਕਰਨ ਬੰਦ ਕੀਤਾ ਜਾਵੇ, ਠੇਕੇ 'ਤੇ ਰੱਖੇ ਮੁਲਾਜ਼ਮ ਪੱਕੇ ਕੀਤੇ ਜਾਣ ਅਤੇ ਅੱਗੇ ਤੋਂ ਪਰਖ ਕਾਲ ਸਮਾਂ ਖਤਮ ਰੈਗੂਲਰ ਭਰਤੀ ਕੀਤੀ ਜਾਵੇ, ਲਖੀਮਪੁਰ ਖੀਰੀ ਦੇ ਦੋਸ਼ੀਆਂ ਨੂੰ ਸਜ਼ਾਵਾਂ ਦਿੱਤੀਆਂ ਜਾਣ, ਕਿਸਾਨੀ ਮੋਰਚੇ ਦੇ ਸ਼ਹੀਦਾਂ ਦੇ ਪਰਿਵਾਰਾਂ ਨੂੰ ਮੁਆਵਜ਼ਾ ਅਤੇ ਸਰਕਾਰੀ ਨੌਕਰੀਆਂ ਦਿੱਤੀਆਂ ਜਾਣ, ਡਰਾਈਵਰਾਂ ਵਿਰੋਧੀ ਬਣਾਇਆ 'ਹਿੱਟ ਐਂਡ ਰਨ' ਕਾਨੂੰਨ ਮੁਕੰਮਲ ਰੱਦ ਕੀਤਾ ਜਾਵੇ ਅਤੇ ਮਨਰੇਗਾ ਤਹਿਤ ਸਾਰਾ ਸਾਲ ਕੰਮ ਦੀ ਗਰੰਟੀ ਕੀਤੀ ਜਾਵੇ। ਰੈਲੀ ਨੂੰ ਇੰਜੀ ਸ਼ਿੰਗਾਰ ਚੰਦ ਮਹਿਰੋਕ ਟੀ ਐੱਸ ਯੂ ਸਰਕਲ ਸਕੱਤਰ ਨੇ ਸੰਬੋਧਨ ਕਰਦਿਆਂ 13 ਫਰਵਰੀ ਤੋਂ ਹਰਿਆਣਾ ਦੇ ਬਾਰਡਰ ਤੇ ਕੇਂਦਰ ਦੀ ਮੋਦੀ ਸਰਕਾਰ ਅਤੇ ਹਰਿਆਣਾ ਦੀ ਖੱਟਰ ਸਰਕਾਰ ਵੱਲੋਂ ਕਿਸਾਨਾਂ 'ਤੇ ਕੀਤੇ ਜਾ ਰਹੇ ਤਸ਼ੱਦਦ ਦੀ ਕਰੜੇ ਸ਼ਬਦਾਂ ਵਿਚ ਨਿਖੇਧੀ ਕੀਤੀ। ਉਨ੍ਹਾਂ ਦੱਸਿਆ ਕਿ ਦੇਸ਼ ਵਿਆਪੀ ਹੜਤਾਲ ਦੇ ਸੱਦੇ ਨੂੰ ਸਰਕਲ ਫ਼ਿਰੋਜ਼ਪੁਰ ਵਿੱਚ ਸਾਰੀਆਂ ਡਵੀਜ਼ਨਾਂ ਅਤੇ ਸਬ ਡਵੀਜ਼ਨਾਂ ਵਿੱਚ ਮੁਕੰਮਲ ਹੜਤਾਲ ਕਰਕੇ ਰੋਸ ਰੈਲੀਆਂ ਕੀਤੀਆਂ ਗਈਆਂ ਅਤੇ ਦਫਤਰਾਂ ਦੇ ਕੈਸ ਕਾਊਂਟਰ ਵੀ ਬੰਦ ਰਹੇ।


ਧੂਰੀ


ਕੋਟਕਪੂਰਾ


ਮੱਖੂ

# ਕਿਸਾਨਾਂ ਵੱਲੋਂ ਭਾਰਤ ਬੰਦ ਦੇ ਸੱਦੇ ਨੂੰ ਭਰਵਾਂ ਹੁੰਗਾਰਾ


ਫ਼ਿਰੋਜ਼ਪੁਰ


ਸਮਰਾਲਾ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**
ਦੇਸ਼ ਦੀਆਂ ਪ੍ਰਮੁੱਖ ਟਰੇਡ ਯੂਨੀਅਨਾਂ ਅਤੇ ਕਿਸਾਨ ਜਥੇਬੰਦੀਆਂ ਵੱਲੋਂ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਦੀਆਂ ਮੁਲਾਜ਼ਮ, ਪੈਨਸ਼ਨਰਜ਼, ਕਿਸਾਨ ਮਜ਼ਦੂਰ ਵਿਰੋਧੀ ਨੀਤੀਆਂ ਨੂੰ ਮੋੜਾ ਦੇਣ ਲਈ ਭਾਰਤ ਬੰਦ ਦੇ ਸੱਦੇ 'ਤੇ ਉਲੀਕੇ ਪ੍ਰੋਗਰਾਮ ਤਹਿਤ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਜ਼ਿਲ੍ਹਾ ਫ਼ਿਰੋਜ਼ਪੁਰ ਵੱਲੋਂ ਰਮਨ ਅੱਤਰੀ, ਰੇਸ਼ਮ ਸਿੰਘ ਪਨਬਸ ਦੀ ਅਗਵਾਈ ਹੇਠ ਸਿਵਲ ਹਸਪਤਾਲ ਫ਼ਿਰੋਜ਼ਪੁਰ ਵਿਖੇ ਰੈਲੀ ਕਰਨ ਉਪਰੰਤ ਸ਼ਹਿਰ ਦੇ ਬਜ਼ਾਰਾਂ ਵਿੱਚ ਰੋਸ ਮੁਜ਼ਾਹਰਾ ਕੀਤਾ ਗਿਆ, ਜਿਸ ਵਿੱਚ ਵੱਖ-ਵੱਖ ਵਿਭਾਗਾਂ ਦੇ ਮੁਲਾਜ਼ਮਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।

ਇਸਤਰੀ ਮੁਲਾਜ਼ਮ ਵੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।ਇਸ ਮੌਕੇ ਰਵਿੰਦਰ ਲੂਥਰਾ ਨੇ ਦੱਸਿਆ ਕਿ ਸਰਕਾਰਾ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਪ੍ਰਮੁੱਖ ਮੰਗਾਂ ਜਿਵੇਂ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨਾ, ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਕਰਨਾ, 6ਵੇਂ ਪੇ ਕਮਿਸਨ ਦੀਆਂ ਤਰੁੱਟੀਆਂ ਦੂਰ ਕਰਕੇ ਲਾਗੂ ਕਰਨਾ ਅਤੇ 1/1/2006 ਤੋਂ ਬਣਦਾ ਬਕਾਇਆ ਜਾਰੀ ਕਰਨਾ, ਡੀਏ ਦੀਆਂ ਕਿਸ਼ਤਾਂ ਅਤੇ ਬਕਾਇਆ ਜਾਰੀ ਕਰਨਾ, ਮੁਲਾਜ਼ਮਾਂ ਅਤੇ ਪੈਨਸ਼ਨਰਾਂ ਤੇ ਲਾਇਆ 200 ਰੁਪਏ ਜਜੀਆ ਟੈਕਸ ਵਾਪਸ ਕਰਨਾ, ਪੈਨਸ਼ਨਰਜ਼ ਤੇ 2.59 ਦਾ ਗੁਣਾਕ ਲਾਗੂ ਕਰਨਾ, ਕਿਸਾਨਾ ਦੀਆਂ ਫ਼ਸਲਾਂ ਤੇ ਐੱਮਐੱਸਪੀ ਲਾਗੂ ਕਰਨਾ ਆਦਿ ਮੰਗਾਂ ਨੂੰ ਸਰਕਾਰ ਲਾਗੂ ਕਰਨ ਤੋਂ ਭੱਜ ਰਹੀ ਹੈ, ਜਿਸ ਕਾਰਨ ਸਮੂਹ ਮੁਲਾਜ਼ਮਾਂ, ਪੈਨਸ਼ਨਰਜ਼ ਅਤੇ ਕਿਸਾਨ, ਮਜ਼ਦੂਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ ।ਜੇਕਰ ਉਪਰੋਕਤ ਮੰਗਾਂ ਨੂੰ ਲਾਗੂ ਨਾ ਕੀਤਾ ਗਿਆ ਤਾਂ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਸਰਕਾਰਾਂ ਨੂੰ ਇਸ ਦਾ ਖਮਿਆਜ਼ਾ ਭੁਗਤਣਾ ਪਵੇਗਾ।

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** : ਸੰਯੁਕਤ ਕਿਸਾਨ ਮੋਰਚਾ ਅਤੇ ਕੇਂਦਰੀ ਟਰੇਡ ਯੂਨੀਅਨ ਦੇ ਸਾਂਝੇ ਭਾਰਤ ਬੰਦ ਦੇ ਸੱਦੇ ਉੱਪਰ ਪਹਿਰਾ ਦਿੰਦਿਆਂ ਕਿਸਾਨ ਮਜ਼ਦੂਰ ਮੁਲਾਜ਼ਮਾਂ ਵੱਲੋਂ ਸੱਤ ਨੰਬਰ ਚੁੰਗੀ ਵਿਖੇ ਵੱਡਾ ਧਰਨਾ ਪ੍ਰਦਰਸ਼ਨ ਕੀਤਾ ਗਿਆ।ਕਿਸਾਨਾਂ-ਮਜ਼ਦੂਰਾਂ ਮੁਲਾਜ਼ਮਾਂ ਤੇ ਆਮ ਵਰਗ ਦੇ ਲੋਕਾਂ ਦੀਆਂ ਮੰਗਾਂ ਨੂੰ ਲੈ ਕੇ ਇਕੱਠੇ ਹੋਏ ਲੋਕਾਂ ਵੱਲੋਂ ਕੇਂਦਰ ਸਰਕਾਰ ਖਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ।ਇਸ ਮੌਕੇ ਫ਼ਿਰੋਜ਼ਪੁਰ ਦੇ ਬਾਜ਼ਾਰ ਅਤੇ ਵੱਖ-ਵੱਖ ਕਾਰੋਬਾਰ ਮੁਕੰਮਲ ਤੌਰ 'ਤੇ ਬੰਦ ਰਹੇ। ਕਿਸਾਨ ਆਗੂ ਅਵਤਾਰ ਸਿੰਘ ਮਹਿਮਾ ਨੇ ਦੱਸਿਆ ਕਿ ਕਿਸਾਨਾਂ ਮਜ਼ਦੂਰਾਂ ਦੇ ਕਰਜੇ ਉੱਪਰ ਲੀਕ ਫੇਰਨ, ਐਮਐਸਪੀ ਦਾ ਗਰੰਟੀ ਕਾਨੂੰਨ ਬਣਾਉਣ, ਮਜ਼ਦੂਰਾਂ ਲਈ 200 ਦਿਨ ਨਰੇਗਾ ਵਿੱਚ ਕੰਮ ਅਤੇ 600 ਰੁਪਏ ਦਿਹਾੜੀ, ਮਜ਼ਦੂਰਾਂ ਤੇ ਮੁਲਾਜ਼ਮਾਂ ਖਿਲਾਫ ਬਣਾਏ ਚਾਰੇ ਲੇਬਰ ਕੋਡ ਰੱਦ ਕਰਨ, ਬਿਜਲੀ ਸੋਧ ਬਿਲ ਅਤੇ ਟਾਈਮ ਸੇਫਟੀ ਐਕਟ ਰੱਦ ਕਰਨ, ਡਰਾਈਵਰਾਂ ਖਿਲਾਫ ਬਣਾਏ ਹਿਟ ਐਂਡ ਰਨ ਐਕਟ ਵਿੱਚ 10 ਸਾਲ ਦੀ ਸਜ਼ਾ ਖਤਮ ਕਰਨ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ, ਲੱਖੀਮਪੁਰ ਖੀਰੀ ਦੇ ਕਿਸਾਨਾਂ ਇਨਸਾਫ਼ ਦੇਣ ਆਦਿ ਮੰਗਾਂ ਨੂੰ ਲੈਕੇ ਅੱਜ ਕਿਸਾਨ ਮਜ਼ਦੂਰ ਮੁਲਾਜ਼ਮ ਨੌਜਵਾਨ ਅਤੇ ਵੱਖ ਵੱਖ ਕਿੱਤਿਆ ਨਾਲ ਸਬੰਧ ਰੱਖਣ ਵਾਲੇ ਲੋਕਾਂ ਵੱਲੋਂ ਭਾਰਤ ਬੰਦ ਨੂੰ ਮਜ਼ਬੂਤ ਅਤੇ ਸਫਲ ਕੀਤਾ ਗਿਆ।ਉਨ੍ਹਾਂ ਨੇ ਇਸ ਬੰਦ ਵਿੱਚ ਸਮਰਥਨ ਕਰਨ ਵਾਲੇ ਵਪਾਰੀਆਂ ਦੁਕਾਨਦਾਰਾਂ ਹੋਰ ਕਾਰੋਬਾਰੀਆਂ ਅਤੇ ਫਿਰੋਜ਼ਪੁਰ ਦੇ ਸ਼ਹਿਰ ਨਿਵਾਸੀਆਂ ਦਾ ਧੰਨਵਾਦ ਕੀਤਾ ਹੈ।

**ਸਮਰਾਲਾ (ਸੁਰਜੀਤ ਸਿੰਘ)** : ਕੇਂਦਰ ਸਰਕਾਰ ਦੀਆਂ ਨੀਤੀਆਂ ਵਿਰੁੱਧ ਵੱਖ-ਵੱਖ ਜਥੇਬੰਦੀਆਂ ਵੱਲੋਂ ਦਿੱਤੀ ਭਾਰਤ ਬੰਦ ਦੀ ਕਾਲ 'ਤੇ ਸੰਯੁਕਤ ਕਿਸਾਨ ਮੋਰਚੇ ਦੀ ਅਗਵਾਈ ਵਿੱਚ ਵੱਖ-ਵੱਖ ਜਥੇਬੰਦੀਆਂ ਨੇ ਸਮਰਾਲਾ ਬੰਦ ਵਿੱਚ ਅਹਿਮ ਭੂਮਿਕਾ ਨਿਭਾਈ। ਸੰਯੁਕਤ ਕਿਸਾਨ ਮੋਰਚੇ ਵਿੱਚ ਸਾਮਲ ਜਥੇਬੰਦੀਆਂ ਦੇ ਵਰਕਰਾਂ ਨੇ ਸ਼ਹਿਰ ਦੀਆਂ ਦੁਕਾਨਾਂ ਅਤੇ ਹੋਰ ਵਪਾਰਕ ਸੰਸਥਾਨ ਬੰਦ ਕਰਾਏ, ਜਿਸ ਕਾਰਨ ਸ਼ਹਿਰ ਵਿੱਚ ਸੁੰਨਸਾਨ ਪੱਸਰੀ ਰਹੀ। ਸਕੂਲ, ਕਾਲਜ, ਦੁਕਾਨਾਂ, ਸਰਕਾਰੀ, ਗੈਰਸਰਕਾਰੀ ਦਫਤਰ ਤੇ ਬੈਂਕ ਬੰਦ ਦੇਖੇ ਗਏ। ਪੈਟਰੋਲ ਪੰਪਾਂ 'ਤੇ ਲੋਕਾਂ ਨੂੰ ਤੇਲ ਨਹੀਂ ਮਿਲਿਆ। ਸਰਕਾਰੀ ਤੇ ਪ੍ਰਾਈਵੇਟ ਬੱਸਾਂ ਬੰਦ ਰਹੀਆਂ। ਭਾਰਤੀ ਕਿਸਾਨ ਯੂਨੀਅਨ (ਕਾਦੀਆਂ) ਦੇ ਜ਼ਿਲ੍ਹਾ ਪ੍ਰਧਾਨ ਹਰਦੀਪ ਸਿੰਘ ਗਿਆਸਪੁਰਾ ਦੀ ਅਗਵਾਈ ਵਿੱਚ ਕਿਸਾਨ ਵਰਕਰਾਂ ਨੇ ਇੱਥੋਂ ਦੇ ਮੁੱਖ ਚੌਕ ਵਿਚ ਟ੍ਰੈਫ਼ਿਕ ਰੋਕੀ। ਇਸੇ ਤਰ੍ਹਾਂ ਕਿਸਾਨ ਜਥੇਬੰਦੀਆਂ, ਟ੍ਰੇਡ ਯੂਨੀਅਨਾਂ ਅਤੇ ਮੁਲਾਜ਼ਮ ਜਥੇਬੰਦੀਆਂ ਨੇ ਪਿੰਡ ਘੁਲਾਲ ਦੇ ਟੋਲ ਪਲਾਜਾ 'ਤੇ ਧਰਨਾ ਦੇ ਕੇ ਦੂਜੇ ਦਿਨ ਵੀ ਲੋਕਾਂ ਨੂੰ ਬਿਨਾਂ ਟੋਲ ਟੈਕਸ ਅਦਾ ਕੀਤੇ ਲੰਘ ਜਾਣ ਦੀ ਸੁਵਿਧਾ ਪ੍ਰਦਾਨ ਕੀਤੀ। ਚੰਡੀਗੜ੍ਹ-ਲੁਧਿਆਣਾ ਨੈਸਨਲ ਹਾਈਵੇ ਧਰਨੇ ਕਾਰਨ ਮੁਕੰਮਲ ਬੰਦ ਰਿਹਾ। ਲੋਕਾਂ ਨੂੰ ਆਪਣੇ ਜ਼ਰੂਰੀ ਕੰਮਾਂ 'ਤੇ ਜਾਣ ਲਈ ਪਿੰਡਾਂ ਵਿੱਚੋਂ ਹੋ ਕੇ ਲੰਮਾਂ ਪੈਂਡਾ ਤੈਅ ਕਰਕੇ ਜਾਣਾ ਪਿਆ।

**ਮੋਗਾ (ਭੁਪਿੰਦਰ ਸਿੰਘ ਕੰਡਾ)** : ਕੇਂਦਰ ਦੀ ਮੋਦੀ ਸਰਕਾਰ ਵੱਲੋਂ ਕਿਸਾਨਾਂ 'ਤੇ ਕੀਤਾ ਜਾ ਰਿਹਾ ਜ਼ੁਲਮ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਤਰ੍ਹਾਂ ਭਾਜਪਾ ਸਰਕਾਰ ਪੰਜਾਬੀਆਂ ਤੇ ਖ਼ਾਸਕਾਰ ਕਿਸਾਨਾਂ 'ਤੇ ਤਸ਼ੱਦਤ ਕਰਕੇ ਕੀ ਸਾਬਤ ਕਰਨਾ ਚਾਹੁੰਦੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੀਪਲਜ਼ ਪਾਰਟੀ ਆਫ਼ ਪੰਜਾਬ ਅਤੇ ਮਨਪ੍ਰੀਤ ਸਿੰਘ ਬਾਦਲ ਦੀਆਂ ਪਹਿਲੀਆਂ ਸਫ਼ਾ ਦੇ ਆਗੂ ਡਾ. ਰਵਿੰਦਰ ਸਿੰਘ ਧਾਲੀਵਾਲ ਨੇ ਕਿਸਾਨਾ ਦੇ ਹੱਕ 'ਚ ਗੱਲਬਾਤ ਕਰਦਿਆਂ ਕੀਤਾ। ਡਾ. ਧਾਲੀਵਾਲ ਨੇ ਕਿਹਾ ਕਿ ਕਿਸਾਨ ਜਦੋਂ ਆਪਣੀਆਂ ਹੱਕੀ ਮੰਗਾਂ ਮੰਨਵਾਉਣ ਲਈ ਦਿੱਲੀ ਵੱਲ ਜਾ ਰਹੇ ਹਨ ਤਾਂ ਉਨ੍ਹਾਂ ਦੇ ਖਿਲਾਫ਼ ਇਸ ਤਰ੍ਹਾਂ ਨਾਕੇਬਾਜ਼ੀ ਪੰਜਾਬ ਦੇ ਬਾਰਡਰਾਂ ਤੇ ਕੀਤੀ ਗਈ ਹੈ, ਜਿਵੇਂ ਕਿ ਆਪਣੀਆਂ ਹੱਕੀ ਮੰਗਾਂ ਮਨਵਾਉਣ ਲਈ ਨਹੀਂ, ਸਗੋਂ ਦਿੱਲੀ ਹਮਲਾ ਕਰਨ ਜਾ ਰਹੇ ਹੋਣ। ਉਨ੍ਹਾਂ ਕਿਹਾ ਕਿ ਜਦੋਂ ਕਿਸਾਨਾਂ ਨੇ ਪਹਿਲਾ ਦਿੱਤੀ ਦੀਆਂ ਬਰੂਹਾਂ ਤੇ ਆਪਣੀਆਂ ਹੱਕੀ ਮੰਗਾਂ ਲਈ ਸ਼ਾਂਤਮਈ ਧਰਨਾ ਇਕ ਸਾਲ ਤੋਂ ਜ਼ਿਆਦਾ ਸਮਾਂ ਦਿੱਤਾ ਸੀ। ਜੇਕਰ ਉਸੇਂ ਸਮੇਂ ਇਨ੍ਹਾਂ ਮੰਗਾਂ ਦਾ ਹੱਲ ਕੀਤਾ ਜਾਂਦਾ ਤਾਂ ਅੱਜ ਕਿਸਾਨ ਕਿਉਂ ਇਹ ਕਦਮ ਉਠਾਉਂਦੇ।

ਡਾ. ਰਵਿੰਦਰ ਸਿੰਘ ਧਾਲੀਵਾਲ ਨੇ ਕਿਹਾ ਕਿ ਅੱਜ ਦੇ ਸਮੇਂ ਅੰਦਰ ਮੋਦੀ ਹਕੂਮਤ ਦੇਸ਼ ਵਾਸੀਆਂ ਨੂੰ ਕੀੜੇ ਮਕੌੜੇ ਸਮਝ ਕੇ ਹਰ ਤਰ੍ਹਾਂ ਦੇ ਲੋਕ ਵਿਰੋਧੀ ਕਾਨੂੰਨ ਧੜ ਕੇ ਲਾਗੂ ਕਰ ਰਹੀ ਹੈ। ਦੇਸ਼ ਅੰਦਰ ਬੇਰੁਜ਼ਗਾਰੀ, ਗ਼ਰੀਬੀ ਤੇ ਮਹਿੰਗਾਈ ਦਾ ਦੈਂਤ ਕਰੋੜਾਂ ਨੌਜੁਆਨਾਂ ਅਤੇ ਲੋਕ ਨੂੰ ਭੁੱਖਮਰੀ, ਅਨਪੜ੍ਹਤਾ, ਖੁਦਕਸ਼ੀਆਂ ਵੱਲ ਧੱਕ ਰਿਹਾ ਹੈ।

## ਕਾਤਰਾਂ

### ਨਾਬਾਲਗ ਲੜਕੀ ਲਾਪਤਾ, ਨੌਜਵਾਨ ਖਿਲਾਫ਼ ਮਾਮਲਾ ਦਰਜ

**ਬਰੇਟਾ (ਰੀਤਵਾਲ)**-ਨਾਬਾਲਗ ਲੜਕੀ ਨੂੰ ਵਿਆਹ ਕਰਾਉਣ ਦਾ ਝਾਂਸਾ ਦੇ ਕੇ ਬਰਗਲਾਹ ਕੇ ਫੁਸਲਾ ਕੇ ਲਿਜਾਣ ਦੇ ਦੋਸ਼ ਹੇਠ ਪਿੰਡ ਕੁਲਰੀਆਂ ਦੇ ਜਸ਼ਨਪ੍ਰੀਤ ਦੇ ਖਿਲਾਫ਼ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਪਿੰਡ ਦੀ ਇੱਕ ਲੜਕੀ ਦੇ ਪਿਤਾ ਨੇ ਪੁਲਸ ਨੂੰ ਸੂਚਿਤ ਕੀਤਾ ਕਿ ਉਸਦੀ ਲੜਕੀ ਘਰ ਵਿੱਚ ਸੁੱਤੀ ਪਈ ਸੀ ਕਿ ਅਚਾਨਕ ਅੱਧੀ ਰਾਤ ਨੂੰ ਘਰੋਂ ਗਾਇਬ ਹੋ ਗਈ, ਜਿਸ ਦੀ ਅਸੀਂ ਤੈਲਾਸ਼ ਕੀਤੀ, ਪਰ ਉਹ ਸਾਨੂੰ ਨਹੀਂ ਮਿਲੀ। ਪਿਤਾ ਨੇ ਸ਼ੱਕ ਜ਼ਾਹਰ ਕੀਤਾ ਕਿ ਜਸ਼ਨਦੀਪ ਸਿੰਘ ਪਿੰਡ ਕੁਲਰੀਆਂ ਮੇਰੀ ਨਾਬਾਲਗ ਲੜਕੀ ਨੂੰ ਵਿਆਹ ਦਾ ਝਾਂਸਾ ਦੇ ਕੇ ਫੁਸਲਾ ਕੇ ਨਾਲ ਲੈ ਗਿਆ ਹੈ। ਪੁਲਸ ਨੇ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ।

### 'ਪੰਜਾਬ ਬਚਾਓ ਯਾਤਰਾ' ਗਿੱਦੜਬਾਹਾ ਆਉਣੀ ਮੁਲਤਵੀ : ਡਿੰਪੀ ਢਿੱਲੋਂ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਸ਼੍ਰੋਮਣੀ ਅਕਾਲੀ ਦਲ ਵੱਲੋਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿੱਚ ਸ਼ੁਰੂ ਕੀਤੀ ਗਈ ਪੰਜਾਬ ਬਚਾਓ ਯਾਤਰਾ ਜੋ 19 ਫਰਵਰੀ ਨੂੰ ਹਲਕਾ ਗਿੱਦੜਬਾਹਾ ਵਿਖੇ ਆਉਣੀ ਸੀ, ਉਸ ਯਾਤਰਾ ਨੂੰ ਅਣਮਿੱਥੇ ਸਮੇਂ ਲਈ ਮੁਲਤਵੀ ਕਰ ਦਿੱਤਾ ਗਿਆ ਹੈ। ਸ਼੍ਰੋਮਣੀ ਅਕਾਲੀ ਦਲ ਹਲਕਾ ਗਿੱਦੜਬਾਹਾ ਦੇ ਮੁੱਖ ਸੇਵਾਦਾਰ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਦੱਸਿਆ ਕਿ ਪੰਜਾਬ ਦੇ ਕਿਸਾਨਾਂ ਵੱਲੋਂ ਕਿਸਾਨਾਂ ਅਤੇ ਮਜ਼ਦੂਰਾਂ ਦੀਆਂ ਹੱਕੀ ਮੰਗਾਂ ਲਈ ਕੇਂਦਰ ਦੀ ਮੋਦੀ ਸਰਕਾਰ ਦੇ ਖਿਲਾਫ ਕਿਸਾਨ ਯੂਨੀਅਨਾਂ ਅਤੇ ਸਹਿਯੋਗੀ ਜਥੇਬੰਦੀਆਂ ਨੇ ਦਿੱਲੀ ਜਾ ਕੇ ਮੰਗਾਂ ਮੰਨਵਾਉਣ ਲਈ ਤੇ ਕੇਂਦਰ ਸਰਕਾਰ ਵੱਲੋਂ ਮੰਨੀਆਂ ਗਈਆਂ ਕਿਸਾਨੀ ਮੰਗਾਂ ਨੂੰ ਅਮਲੀ ਰੂਪ ਵਿੱਚ ਲਾਗੂ ਕਰਾਉਣ ਲਈ ਕਿਸਾਨੀ ਸ਼ੰਘਰਸ਼ ਸ਼ੁਰੂ ਕੀਤਾ ਹੈ, ਜਿਸ ਦੇ ਮੱਦੇਨਜ਼ਰ ਕਿਸਾਨਾਂ ਦਾ ਸਹਿਯੋਗ ਕਰਨ ਲਈ ਪੰਜਾਬ ਬਚਾਓ ਯਾਤਰਾ ਅਣਮਿੱਥੇ ਸਮੇਂ ਲਈ ਮੁਲਤਵੀ ਕਰ ਦਿੱਤੀ ਹੈ।

### 20 ਦਿਨ 'ਚ ਲਵਾਇਆ ਵੀਜ਼ਾ



**ਮੋਗਾ (ਭੁਪਿੰਦਰ ਸਿੰਘ ਕੰਡਾ)**-ਬਲੂ ਬਰਡ ਆਈਲੈਟਸ ਅਤੇ ਇਮੀਗਰੇਸ਼ਨ ਸੰਸਥਾ ਨੇ ਹਰਮਨਜੋਤ ਸਿੰਘ (ਮਾਹਲਾ ਖੁਰਦ) ਦਾ ਸਟੱਡੀ ਵੀਜ਼ਾ ਲਵਾ ਕੇ ਵਿਦੇਸ਼ ਜਾਣ ਦਾ ਸੁਪਨਾ ਸਾਕਾਰ ਕੀਤਾ ਹੈ। ਹਰਮਨਜੋਤ ਤੇ ਉਸ ਦੇ ਪੂਰੇ ਪਰਵਾਰ ਵੱਲੋਂ ਬਲੂ ਬਰਡ ਸੰਸਥਾ ਦਾ ਤਹਿ ਦਿਲੋਂ ਧੰਨਵਾਦ ਕੀਤਾ ਤੇ ਆਪਣੇ ਵਿਚਾਰ ਦੱਸਦੇ ਹੋਏ ਕਿਹਾ ਕਿ ਵੀਜੇ ਦੀ ਉਮੀਦ ਕਾਫੀ ਘੱਟ ਲਗਦੀ ਸੀ, ਕਿਉਂਕਿ ਉਸ ਦੀਆਂ ਦੋ ਰਫਿਊਜਲਾਂ ਪਹਿਲਾਂ ਹੀ ਸਨ ਅਤੇ ਹਰਮਨਜੋਤ ਦੇ ਪੀ ਟੀ ਈ ਦੇ ਓਵਰਆਲ ਸਕੋਰ 60 ਤੋਂ ਘੱਟ ਸੀ ਅਤੇ ਇੱਕ ਮਡਿਊਲ ਵਿੱਚ 54 ਸਕੋਰ ਸੀ, ਪਰ ਬਲੂਬਰਡ ਸੰਸਥਾ ਨੇ ਉਨ੍ਹਾਂ ਦੀ ਫਾਈਲ ਨੂੰ ਵਧੀਆ ਢੰਗ ਨਾਲ ਤਿਆਰ ਕੀਤਾ ਤੇ ਕਨੇਡਾ ਦਾ ਵੀਜ਼ਾ ਸਿਰਫ 20 ਦਿਨਾਂ ਵਿੱਚ ਹਾਸਿਲ ਕਰਾ ਕੇ ਦਿੱਤਾ।

### ਭਾਰਤੀ ਕੋਸਟ ਗਾਰਡ 'ਚ ਭਰਤੀ ਹੋਣ ਲਈ ਮੁਫ਼ਤ ਕਰਾਈ ਜਾਵੇਗੀ ਤਿਆਰੀ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਕੈਂਪ ਟ੍ਰੇਨਿੰਗ ਅਫ਼ਸਰ ਆਨਰੇਰੀ ਕੈਪਟਨ ਗੁਰਦਰਸ਼ਨ ਸਿੰਘ ਨੇ ਕਿਹਾ ਕਿ ਸੀ-ਪਾਈਟ ਕੈਂਪ, ਹਕੂਮਤ ਸਿੰਘ ਵਾਲਾ (ਫ਼ਿਰੋਜ਼ਪੁਰ) ਵਿੱਚ ਭਾਰਤੀ ਕੋਸਟ ਗਾਰਡ ਦੀ ਭਰਤੀ ਲਈ ਮੁਫ਼ਤ ਸਿਖਲਾਈ ਦਿੱਤੀ ਜਾਵੇਗੀ।ਭਾਰਤੀ ਕੋਸਟ ਗਾਰਡ ਵਿੱਚ ਅਪਲਾਈ ਕਰਨ ਦੀ ਤਰੀਕ 27 ਫਰਵਰੀ ਤੱਕ ਹੈ। ਵੈਬਸਾਈਟ 'ਤੇ ਆਨਲਾਈਨ ਅਪਲਾਈ ਕੀਤਾ ਜਾ ਸਕਦਾ ਹੈ।ਉਨ੍ਹਾਂ ਦੱਸਿਆ ਕਿ ਅਪਲਾਈ ਕਰਨ ਤੋਂ ਬਾਅਦ ਜ਼ਿਲ੍ਹਾ ਫਿਰੋਜ਼ਪੁਰ, ਫ਼ਾਜ਼ਿਲਕਾ, ਸ੍ਰੀ ਮੁਕਤਸਰ ਸਾਹਿਬ, ਫ਼ਰੀਦਕੋਟ ਅਤੇ ਮੋਗਾ ਦੇ ਭਰਤੀ ਹੋਣ ਦੇ ਚਾਹਵਾਨ ਯੁਵਕ ਜਿਨ੍ਹਾਂ ਨੇ ਆਨ ਲਾਈਨ ਅਪਲਾਈ ਕੀਤਾ ਹੈ।

## ਵਿਧਾਇਕ ਦੇਵ ਮਾਨ ਨੇ ਯੂਥ ਕਲੱਬਾਂ ਦੇ ਮੈਂਬਰਾਂ ਨੂੰ ਚੈੱਕ ਤਕਸੀਮ ਕੀਤੇ



**ਨਾਭਾ (ਵਰਿੰਦਰ ਵਰਮਾ)**
ਭਗਵੰਤ ਸਿੰਘ ਮਾਨ ਖੇਡਾਂ ਨੂੰ ਉਤਸ਼ਾਹਤ ਕਰਨ ਲਈ ਵੱਖ-ਵੱਖ ਤਰ੍ਹਾਂ ਦੀਆਂ ਸਕੀਮਾਂ ਬਣਾ ਰਹੇ ਹਨ। ਇਸ ਦੇ ਨਾਲ ਹੀ ਪੰਜਾਬ ਦੇ ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਵੀ ਖਿਡਾਰੀਆਂ ਨੂੰ ਉਤਸ਼ਾਹਤ ਕਰਨ ਲਈ ਕਲੱਬਾਂ ਨੂੰ ਖੇਡਾਂ ਦਾ ਸਮਾਨ ਦੇ ਰਹੇ ਹਨ ਅਤੇ ਸਹਾਇਤਾ ਦੀ ਰਾਸ਼ੀ ਦਿੱਤੀ ਜਾ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਨ ਸਭਾ ਨਾਭਾ ਤੋ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਯੂਥ ਕਲੱਬਾਂ ਦੇ ਪ੍ਰਧਾਨਾਂ ਨੂੰ ਸਹਾਇਤਾ ਰਾਸ਼ੀ ਦੇ ਚੈੱਕ ਤਕਸੀਮ ਕਰਨ ਉਪਰੰਤ ਕੀਤਾ। ਉਨ੍ਹਾਂ ਦੱਸਿਆ ਕਿ ਹਲਕਾ ਨਾਭਾ ਦੇ ਚਾਰ ਯੂਥ ਕਲੱਬਾਂ ਨੂੰ ਸਹਾਇਤਾ ਦੇ ਚੈੱਕ ਦਿੱਤੇ ਗਏ, ਜਿਨ੍ਹਾਂ ਵਿੱਚ ਪਿੰਡ ਗੁਰਦਿੱਤ ਪੁਰਾ, ਸੁੱਖੇਵਾਲ, ਟੌਹੜਾ ਅਤੇ ਭੀਲੋਵਾਲ ਦੇ ਯੂਥ ਕਲੱਬ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਪਿੰਡਾਂ ਦੇ ਹੋਰ ਕਲੱਬਾਂ ਨੂੰ ਵੀ ਗ੍ਰਾਂਟ ਜਾਰੀ ਕੀਤੀ ਜਾਵੇਗੀ। ਦੇਵ ਮਾਨ ਨੇ ਕਿਹਾ ਕਿ ਮਾਨ ਸਰਕਾਰ ਵੱਲੋਂ ਨੌਜਵਾਨ ਪੀੜੀ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਖੇਡਾਂ ਨਾਲ ਜੋੜਿਆ ਜਾ ਰਿਹਾ ਹੈ। ਕਿਉਂਕਿ ਇਹ ਨੌਜਵਾਨ ਪੀੜ੍ਹੀ ਸਾਡੇ ਦੇਸ਼ ਦੀ ਰੀੜ੍ਹ ਦੀ ਹੱਡੀ ਹਨ। ਇਸ ਮੌਕੇ ਉਨ੍ਹਾਂ ਨਾਲ ਸੁਖਜਿੰਦਰ ਸਿੰਘ ਟੌਹੜਾ, ਧਰਮਿੰਦਰ ਸਿੰਘ ਸੁੱਖੇਵਾਲ, ਅਮਨਦੀਪ ਸਿੰਘ ਬਿੱਲਾ, ਭੁਪਿੰਦਰ ਸਿੰਘ ਕੱਲਰਮਾਜਰੀ, ਜਸਵੀਰ ਸਿੰਘ ਵਜੀਦਪੁਰ, ਅਵਤਾਰ ਸਿੰਘ ਟੌਹੜਾ, ਸਤਨਾਮ ਸਿੰਘ ਗੁਰਦਿੱਤਪੁਰਾ, ਇੰਦਰਜੀਤ ਸਿੰਘ ਬਿੱਟਾ, ਸੋਨੂੰ ਨਾਭਾ, ਗੁਰਜੰਟ ਸਿੰਘ ਅੱਚਲ ਅਤੇ ਹੋਰ ਅਹੁਦੇਦਾਰਾਂ ਮੌਜੂਦ ਸਨ।

## ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਨਿੱਜੀਕਰਨ ਨੀਤੀਆਂ ਦੀ ਨਿਖੇਧੀ




**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**
ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਜੇਪੀਐੱਮਓ ਵੱਲੋਂ ਕੇਂਦਰ ਤੇ ਰਾਜ ਸਰਕਾਰ ਦੀਆਂ ਮੁਲਾਜ਼ਮ, ਮਜ਼ਦੂਰ, ਕਿਸਾਨ ਵਿਰੋਧੀ ਨੀਤੀਆਂ ਦੇ ਵਿਰੋਧ ਵਿੱਚ ਨਾਰਦਰਨ ਰੇਲਵੇ ਮੈਨਜ ਯੂਨੀਅਨ ਦਫਤਰ ਫਿਰੋਜ਼ਪੁਰ ਵਿਖੇ ਇਕੱਤਰ ਹੋ ਕੇ ਨਾਅਰੇ ਮਾਰਦੇ ਹੋਏ ਡਵੀਜ਼ਨ ਰੇਲਵੇ ਮੈਨੇਜਰ ਫ਼ਿਰੋਜ਼ਪੁਰ ਦਫ਼ਤਰ ਦੇ ਗੇਟ 'ਤੇ ਵਿਸ਼ਾਲ ਰੈਲੀ ਕਰਨ ਉਪਰੰਤ ਵੱਡੇ ਕਾਫਲੇ ਦੇ ਰੂਪ ਵਿੱਚ ਸੱਤ ਨੰਬਰ ਚੁੰਗੀ 'ਤੇ ਕੀਤੇ ਜਾ ਰਹੇ ਭਾਰਤ ਬੰਦ ਦੇ ਧਰਨੇ ਵਿੱਚ ਸ਼ਾਮਲ ਹੋਏ।ਸਾਂਝੇ ਮੋਰਚੇ ਵਿੱਚ ਸ਼ਾਮਲ ਵੱਖ-ਵੱਖ ਜਥੇਬੰਦੀਆਂ ਦੇ ਆਗੂ, ਜਿਨ੍ਹਾਂ ਵਿੱਚ ਸੁਰਿੰਦਰ ਸਿੰਘ ਕਨਵੀਨਰ, ਕਿਸਨ ਚੰਦ ਜਾਗੋਵਾਲੀਆ ਕਨਵੀਨਰ, ਸੁਭਾਸ਼ ਸ਼ਰਮਾ ਕੋਆਰਡੀਨੇਟਰ, ਮਹਿੰਦਰ ਸਿੰਘ ਧਾਲੀਵਾਲ ਖਜ਼ਾਨਚੀ, ਦੇਸ਼ ਰਾਜ, ਪ੍ਰਤਾਪ ਸਿੰਘ ਢਿੱਲੋਂ, ਬਲਬੀਰ ਸਿੰਘ ਕੰਬੋਜ, ਤਰਲੋਕ ਸਿੰਘ, ਰਮੇਸ਼ ਕੁਮਾਰ, ਡਾਕਟਰ ਪ੍ਰਦੀਪ ਰਾਣਾ, ਜਗਜੀਤ ਸਿੰਘ, ਬਲਬੀਰ ਸਿੰਘ ਗੋਖੀਵਾਲਾ, ਅਨਿਲ ਸੇਠੀ ਦਲਜੀਤ ਸਿੰਘ ਯਾਰੇਸ਼ਾਹ ਵਾਲਾ, ਕਰਮ ਸਿੰਘ ਹਰਾਜ, ਰਮੇਸ਼ ਭੱਟੀ, ਮੇਹਰ ਸਿੰਘ, ਗੁਰਮੀਤ ਸਿੰਘ ਔਲਖ, ਪਦਮ ਕੁਮਾਰ, ਬੂਟਾ ਸਿੰਘ ਆਦਿ ਨੇ ਕਿਹਾ ਕਿ ਕੇਂਦਰ ਤੇ ਰਾਜ ਸਰਕਾਰ ਦੇ ਮੁਲਾਜ਼ਮਾਂ ਮਜ਼ਦੂਰਾਂ ਕਿਸਾਨਾਂ ਦੇ ਜਮਹੂਰੀ ਅਧਿਕਾਰਾਂ ਉੱਪਰ ਪਾਬੰਦੀਆਂ ਲਾਈਆਂ ਜਾ ਰਹੀਆਂ, ਮਜ਼ਦੂਰਾਂ ਦੇ ਜਥੇਬੰਦ ਹੋਣ, ਸੰਘਰਸ਼ ਕਰਨ ਤੇ ਹੜਤਾਲ ਕਰਨ ਦਾ ਅਧਿਕਾਰ ਖੋਹਣ ਹਿੱਤ 40 ਕਿਰਤ ਕਾਨੂੰਨਾਂ ਨੂੰ ਚਾਰ ਕਿਰਤ ਕੋਡਾਂ ਵਿੱਚ ਬਦਲਿਆ ਗਿਆ ਹੈ, ਸੰਵਿਧਾਨ ਦੀ ਧਾਰਾ 310, 311 (2) ਏਬੀਸੀ ਜਿਸ ਅਧੀਨ ਮੁਲਾਜ਼ਮਾਂ ਨੂੰ ਬਿਨਾਂ ਕੁਝ ਦੱਸੇ ਬਿਨਾਂ ਕੁੱਝ ਪੁੱਛੇ ਨੌਕਰੀ ਤੋਂ ਬਰਖਾਸਤ ਕੀਤਾ ਜਾ ਸਕਦਾ, ਨੂੰ ਰੱਦ ਨਹੀਂ ਕੀਤਾ ਜਾ ਰਿਹਾ।

## ਜਗਰਾਉਂ ਸਕੂਲਜ਼ ਐਸੋਸੀਏਸ਼ਨ ਦੇ 13 ਸਕੂਲਾਂ ਵੱਲੋਂ ਕਿਸਾਨ ਅੰਦੋਲਨ ਨੂੰ ਸਮਰਥਨ



**ਜਗਰਾਉਂ (ਅਮਿਤ ਖੰਨਾ)**-ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਕਿਸਾਨ ਲੰਮੇ ਸਮੇਂ ਤੋਂ ਸੰਘਰਸ਼ ਦੇ ਰਾਹ 'ਤੇ ਹਨ। ਜੂਝ ਰਹੇ ਕਿਸਾਨਾਂ ਦੇ ਹੱਕ ਵਿੱਚ ਜਗਰਾਉਂ ਸਕੂਲਜ ਐਸੋਸੀਏਸ਼ਨ ਵੱਲੋਂ ਉਨ੍ਹਾਂ ਦੇ ਨਾਲ ਖੜੇ ਹੋਣ ਦੀ ਹਾਮੀ ਭਰੀ ਗਈ ਹੈ। ਸਕੂਲਜ ਐਸੋਸੀਏਸ਼ਨ ਦੇ ਪ੍ਰਧਾਨ ਸ੍ਰੀਮਤੀ ਸ਼ਸ਼ੀ ਜੈਨ ਨੇ ਕਿਹਾ ਕਿ ਸਾਡੀ ਐਸੋਸੀਏਸ਼ਨ ਹਮੇਸ਼ਾ ਸੱਚ ਦਾ ਸਾਥ ਦਿੰਦੀ ਹੈ ਅਤੇ ਅਸੀਂ ਅੰਨਦਾਤੇ ਦੀ ਇਸ ਜੱਦੋ ਜਹਿਦ ਵਿੱਚ ਉਨ੍ਹਾਂ ਦੇ ਨਾਲ ਹਾਂ। ਉਪ ਪ੍ਰਧਾਨ ਸ੍ਰੀ ਵਿਸ਼ਾਲ ਜੈਨ ਨੇ ਕਿਹਾ ਕਿ ਇਹ ਬਹੁਤ ਨਿਰਾਸ਼ਾਜਨਕ ਹੈ ਕਿ ਸਾਡੇ ਦੇਸ ਦੇ ਅੰਨਦਾਤਾ ਆਪਣੇ ਮੌਲਿਕ ਅਧਿਕਾਰਾਂ ਲਈ ਲਗਾਤਾਰ ਸੰਘਰਸ਼ ਕਰ ਰਹੇ ਹਨ। ਇਸ ਮੌਕੇ ਸਕੂਲਜ ਐਸੋਸੀਏਸ਼ਨ ਦੇ ਖ਼ਜ਼ਾਨਚੀ ਰਾਜਪਾਲ ਕੌਰ ਅਤੇ ਸਮੂਹ ਮੈਂਬਰਾਂ ਨੇ ਕਿਹਾ ਕਿ ਉਹ ਕਿਸਾਨਾਂ ਦੇ ਇਸ ਔਖੇ ਵੇਲੇ ਉਨ੍ਹਾਂ ਦੇ ਨਾਲ ਹਨ ਅਤੇ ਉਨ੍ਹਾਂ ਨੂੰ ਹਰ ਪ੍ਰਕਾਰ ਦਾ ਸਮਰਥਨ ਦੇਣ ਦਾ ਐਲਾਨ ਕਰਦੇ ਹਾਂ। ਕਿਸਾਨਾਂ ਦਾ ਸਾਥ ਦੇਣ ਲਈ ਸਨਮਤੀ ਵਿਮਲ ਜੈਨ ਸਕੂਲ, ਸਵਾਮੀ ਰੂਪ ਚੰਦ ਜੈਨ ਸਕੂਲ, ਮਹਾਪ੍ਰਗਯ ਸਕੂਲ, ਅਨੁਵਰਤ ਪਬਲਿਕ ਸਕੂਲ, ਨਿਊ ਪੰਜਾਬ ਸਕੂਲ, ਰੂਪ ਵਾਟਿਕਾ ਸਕੂਲ, ਤਾਰਾ ਦੇਵੀ ਸਕੂਲ, ਸ਼ਿਵਾਲਿਕ ਮਾਡਲ ਸਕੂਲ, ਵਿੱਦਿਆ ਇੰਟਰਨੈਸ਼ਨਲ ਸਕੂਲ, ਮੈਪਲ ਇੰਟਰਨੈਸ਼ਨਲ ਸਕੂਲ, ਬੀ ਬੀ ਐਸ ਬੀ ਸਕੂਲ, ਆਨੰਦ ਈਸ਼ਰ ਸਕੂਲ ਤੇ ਜੀ ਐੱਚ ਜੀ ਅਕੈਡਮੀ ਨੇ 16 ਤਰੀਕ ਨੂੰ ਸਕੂਲ ਬੰਦ ਦਾ ਸਮਰਥਨ ਦੇਣ ਦਾ ਐਲਾਨ ਕੀਤਾ।

## ਪ੍ਰੀਖਿਆ ਤੇ ਫਿਜ਼ੀਕਲ ਟ੍ਰੇਨਿੰਗ ਦੀ ਮੁਫ਼ਤ ਤਿਆਰੀ ਲਈ ਕੈਂਪ ਸ਼ੁਰੂ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**
ਸੀ-ਪਾਈਟ ਕੈਂਪ, ਹਕੂਮਤ ਸਿੰਘ ਵਾਲਾ (ਫਿਰੋਜ਼ਪੁਰ) ਦੇ ਕੈਂਪ ਟ੍ਰੇਨਿੰਗ ਅਫ਼ਸਰ ਆਨਰੇਰੀ ਕੈਪਟਨ ਗੁਰਦਰਸ਼ਨ ਸਿੰਘ ਨੇ ਕਿਹਾ ਕਿ ਸੀ-ਪਾਈਟ ਕੈਂਪ, ਹਕੂਮਤ ਸਿੰਘ ਵਾਲਾ ਵਿਖੇ ਅਗਨੀਵੀਰ ਫੌਜ ਦੀਆਂ ਭਰਤੀ ਰੈਲੀ ਦਾ ਕੰਪਿਊਟਰ ਬੇਸਿਸ ਲਿਖਤੀ ਪੇਪਰ, ਜੋ 22 ਅਪ੍ਰੈਲ ਨੂੰ ਹੋ ਰਿਹਾ ਹੈ, ਜਿਸ ਤਰ੍ਹਾਂ ਦਾ ਲਿਖਤੀ ਪੇਪਰ 22 ਅਪ੍ਰੈਲ ਨੂੰ ਹੋਣਾ ਹੈ, ਉਸ ਤਰ੍ਹਾਂ ਹੀ ਲਿਖਤੀ ਪੇਪਰ ਦੀ ਤਿਆਰੀ ਕੰਪਿਊਟਰ ਦੇ ਕਰਾਈ ਜਾਵੇਗੀ।

ਲਿਖਤੀ ਪੇਪਰ ਦੀ ਆਨਲਾਈਨ ਰਜਿਸਟ੍ਰੇਸ਼ਨ 22 ਮਾਰਚ ਤੱਕ 'ਤੇ ਕਰਾਈ ਜਾ ਸਕਦੀ ਹੈ।ਜੋ ਯੁਵਕ ਆਈਟੀਆਈ ਪਾਸ ਹਨ, ਉਨ੍ਹਾਂ ਨੂੰ ਵਿਸ਼ੇਸ ਛੋਟ ਦਿੱਤੀ ਜਾਵੇਗੀ।ਦਿੱਤੀ ਜਾਣ ਵਾਲੀ ਛੋਟ ਦਾ ਵੇਰਵਾ 'ਤੇ ਚੈੱਕ ਕੀਤਾ ਜਾ ਸਕਦਾ ਹੈ।ਫ਼ਿਰੋਜ਼ਪੁਰ, ਫ਼ਾਜ਼ਿਲਕਾ, ਸ੍ਰੀ ਮੁਕਤਸਰ ਸਾਹਿਬ, ਫ਼ਰੀਦਕੋਟ ਅਤੇ ਮੋਗਾ ਜ਼ਿਲ੍ਹੇ ਦੇ ਯੁਵਕ ਜੋ ਅਗਨੀਵੀਰ ਫੌਜ ਵਿੱਚ ਭਰਤੀ ਹੋਣਾ ਚਾਹੁੰਦੇ ਹਨ, ਉਹ ਯੁਵਕ ਆਪਣੀ ਰਜਿਸਟ੍ਰੇਸ਼ਨ ਕਰਾਉਣੀ ਸ਼ੁਰੂ ਕਰ ਸਕਦੇ ਹਨ।

ਕੈਂਪ ਵਿੱਚ ਆਉਣ ਸਮੇਂ ਆਨਲਾਈਨ ਅਪਲਾਈ ਦੀ ਇੱਕ ਕਾਪੀ, ਆਈਟੀਆਈ ਪਾਸ ਜਾਂ ਦਸਵੀਂ ਦਾ ਅਸਲ ਸਰਟੀਫਿਕੇਟ, ਆਈਟੀਆਈ ਪਾਸ ਜਾਂ ਦਸਵੀਂ ਦੇ ਸਰਟੀਫਿਕੇਟ ਦੀ ਫੋਟੋ ਸਟੇਟ ਕਾਪੀ, ਪੰਜਾਬ ਰੈਜੀਡੈਂਸ ਦੀ ਫੋਟੋ ਸਟੇਟ ਕਾਪੀ, ਜਾਤੀ ਦੇ ਸਰਟੀਫਿਕੇਟ ਦੀ ਫੋਟੋ ਸਟੇਟ ਕਾਪੀ, ਆਧਾਰ ਕਾਰਡ ਦੀ ਫੋਟੋ ਸਟੇਟ ਕਾਪੀ, ਬੈਂਕ ਖਾਤੇ ਦੀ ਫੋਟੋ ਸਟੇਟ ਕਾਪੀ ਤੇ ਖਾਤਾ ਚਾਲੂ ਹਾਲਤ ਵਿੱਚ ਹੋਵੇ ਅਤੇ ਇੱਕ ਪਾਸਪੋਰਟ ਸਾਈਜ਼ ਦੀ ਫੋਟੋ, ਇੱਕ ਕਾਪੀ ਇੱਕ ਪੈੱਨ, ਖਾਣਾ ਖਾਣ ਲਈ ਬਰਤਨ, ਰਹਿਣ ਲਈ ਬਿਸਤਰਾ ਆਦਿ ਨਾਲ ਲੈ ਕੇ ਆਉਣ।

ਯੁਵਕ ਦੀ ਉਮਰ 17 ਸਾਲ ਤੋਂ 21 ਸਾਲ ਤੱਕ ਹੋਵੇ ਛਾਤੀ ਬਿਨਾਂ ਫੁਲਾ ਕੇ 77 ਸੈਂਟੀਮੀਟਰ ਤੇ ਫੁਲਾ ਕੇ 82 ਸੈਂਟੀਮੀਟਰ ਅਤੇ ਕੱਦ 05 ਫੁੱਟ 07 ਇੰਚ ਹੋਵੇ।ਯੁਵਕ ਘੱਟੋ-ਘੱਟ 10ਵੀਂ 45 ਪ੍ਰਤੀਸ਼ਤ ਅੰਕਾਂ ਨਾਲ ਪਾਸ ਹੋਵੇ ਜਾਂ 10+2 ਪਾਸ ਹੋਵੇ।ਆਈਟੀਆਈ ਪਾਸ ਯੁਵਕਾਂ ਦੀ ਉਮਰ ਅਤੇ ਪਾਸ ਅੰਕਾਂ ਦੀ ਜਾਣਕਾਰੀ ਵੈਬਸਾਈਟ ਦੇ ਚੈੱਕ ਕੀਤੀ ਜਾ ਸਕਦੀ ਹੈ।ਇਸ ਤੋਂ ਇਲਾਵਾ ਯੁਵਕਾਂ ਨੂੰ ਸਰਕਾਰ ਵੱਲੋਂ ਵਜ਼ੀਫ਼ਾ ਗ੍ਰਾਂਟ ਮਿਲਣ ਉਪਰੰਤ ਪ੍ਰਤੀ ਯੁਵਕ 400 ਰੁਪਏ ਪ੍ਰਤੀ ਮਹੀਨਾ ਦੇ ਹਿਸਾਬ ਨਾਲ ਵਜ਼ੀਫ਼ਾ ਵੀ ਦਿੱਤਾ ਜਾਵੇਗਾ।

## ਸ਼ਿੰਗਾਰਾ ਸਿੰਘ ਸਾਥੀਆਂ ਸਮੇਤ ਮਜ਼ਦੂਰ ਮੁਕਤੀ ਮੋਰਚੇ 'ਚ ਸ਼ਾਮਲ



**ਮਾਨਸਾ (ਆਤਮਾ ਸਿੰਘ ਪਮਾਰ)**
ਸ਼ਹੀਦ ਬਾਬਾ ਜੀਵਨ ਸਿੰਘ ਵਿਕਾਸ ਮੇਲਾ ਮਜ਼ਦੂਰ ਵੈਲਫੇਅਰ ਕਮੇਟੀ ਦੇ ਜ਼ਿਲ੍ਹਾ ਪ੍ਰਧਾਨ ਸ਼ਿੰਗਾਰਾ ਸਿੰਘ ਖਾਲਸਾ ਆਪਣੇ ਸਾਥੀਆਂ ਸਮੇਤ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਵਿੱਚ ਸ਼ਾਮਲ ਹੋ ਗਏ।ਇਸ ਸਮੇਂ ਸਮੇਂ ਸੂਬਾ ਪ੍ਰਧਾਨ ਭਗਵੰਤ ਸਿੰਘ ਸਮਾਓ ਨੇ ਸ਼ਾਮਲ ਹੋਣ ਵਾਲੇ ਆਗੂਆਂ ਨੂੰ ਜਥੇਬੰਦੀ ਦੇ ਬੈਜ ਲਾ ਕੇ ਸ਼ਮੂਲੀਅਤ ਕਰਵਾਈ ਤੇ ਕਿਹਾ ਕਿ ਸ਼ਾਮਲ ਹੋਣ ਵਾਲੇ ਆਗੂਆਂ ਨੂੰ ਜਥੇਬੰਦੀ ਵਿਚ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ।ਇਸ ਮੌਕੇ ਜ਼ਿਲ੍ਹਾ ਆਗੂ ਜਰਨੈਲ ਸਿੰਘ ਮਾਨਸਾ ਤੇ ਟਹਿਲਾ ਸਿੰਘ ਵੀ ਮੌਜੂਦ ਸਨ।ਮਜ਼ਦੂਰ ਮੁਕਤੀ ਮੋਰਚਾ ਪੰਜਾਬ ਵਿੱਚ ਸ਼ਾਮਲ ਹੋਏ ਸ਼ਿੰਗਾਰਾ ਸਿੰਘ ਖਾਲਸਾ ਨੇ ਕਿਹਾ 29 ਫਰਵਰੀ ਨੂੰ ਬਠਿੰਡਾ ਵਿਖੇ ਰੱਖੀ ਬੇਜ਼ਮੀਨੇ ਮਜ਼ਦੂਰਾਂ ਦੀ ਮਹਾਸਭਾ ਰੈਲੀ ਵਿੱਚ ਮਾਨਸਾ ਜ਼ਿਲ੍ਹੇ ਵਿੱਚੋਂ ਹਜ਼ਾਰਾਂ ਮਜ਼ਦੂਰ ਬਠਿੰਡਾ ਰੈਲੀ ਵਿੱਚ ਸ਼ਾਮਿਲ ਹੋਣਗੇ ਅਤੇ ਮਜ਼ਦੂਰ ਸਮਾਜ ਦੀ ਏਕਤਾ ਲਹਿਰ ਖੜੀ ਕਰਨ ਲਈ ਪਿੰਡਾਂ ਸ਼ਹਿਰਾਂ ਅੰਦਰ ਲਾਮਬੰਦੀ ਕੀਤੀ ਜਾਵੇਗੀ।

ਇਸ ਮੌਕੇ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਸੂਬਾ ਪ੍ਰਧਾਨ ਭਗਵੰਤ ਸਿੰਘ ਸਮਾਓ ਨੇ ਕਿਹਾ ਕਿ ਲਿਬਰੇਸ਼ਨ ਪਾਰਟੀ ਛੱਡਣ ਤੋਂ ਬਾਅਦ ਪੂਰੇ ਪੰਜਾਬ ਵਿੱਚ ਮਜ਼ਦੂਰ ਵਰਗ ਦਾ ਵੱਡਾ ਸਾਥ ਮਿਲ ਰਿਹਾ ਹੈ।ਉਨ੍ਹਾਂ ਕਿਹਾ ਕਿ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਹੀ ਮਜ਼ਦੂਰ ਸਮਾਜ ਦੀ ਸਹੀ ਅਰਥਾਂ ਵਿੱਚ ਅਵਾਜ਼ ਬਣੇਗਾ।

## ਰਾਮ ਸਰੂਪ ਅਣਖੀ ਦੀ ਯਾਦ 'ਚ ਹੋਏ ਸਮਾਗਮ 'ਚ ਨਾਵਲਕਾਰ ਯਾਦਵਿੰਦਰ ਭੁੱਲਰ ਸਨਮਾਨਤ



**ਬਰਨਾਲਾ (ਰਾਜਿੰਦਰ ਬਰਾੜ)**
ਰਾਮ ਸਰੂਪ ਅਣਖੀ ਦੀ 14ਵੀਂ ਬਰਸੀ ਮੌਕੇ ਉਨ੍ਹਾਂ ਦੇ ਜੱਦੀ ਪਿੰਡ ਧੌਲਾ ਵਿਖੇ ਹੋਏ ਸਲਾਨਾ ਸਾਹਿਤਕ ਸਮਾਗਮ 'ਚ ਰਾਮ ਸਰੂਪ ਅਣਖੀ ਸਾਹਿਤ ਸਭਾ (ਰਜਿ:) ਧੌਲਾ ਵੱਲੋਂ ਨਾਵਲਕਾਰ ਤੇ ਪੱਤਰਕਾਰ ਯਾਦਵਿੰਦਰ ਸਿੰਘ ਭੁੱਲਰ ਨੂੰ ਸਨਮਾਨਤ ਕੀਤਾ ਗਿਆ। ਇਹ ਸਮਾਗਮ ਪੰਜਾਬੀ ਦੇ ਗਲਪਕਾਰ ਸ਼੍ਰੀ ਰਾਮ ਸਰੂਪ ਅਣਖੀ ਦੇ ਜੱਦੀ ਪਿੰਡ ਧੌਲਾ ਦੇ ਸਰਕਾਰੀ ਮਿਡਲ ਸਕੂਲ 'ਚ ਹੋਇਆ। ਇਹ ਸਾਹਿਤਕ ਸਮਾਗਮ ਭਾਰਤੀ ਸਾਹਿਤ ਅਕੈਡਮੀ ਦੇ ਗਵਰਨਿੰਗ ਮੈਂਬਰ ਬੂਟਾ ਸਿੰਘ ਚੌਹਾਨ ਦੀ ਪ੍ਰਧਾਨਗੀ ਹੇਠ ਹੋਇਆ, ਜਿਸ 'ਚ ਮੁੱਖ ਮਹਿਮਾਨ ਹਲਕਾ ਭਦੌੜ ਤੋਂ ਵਿਧਾਇਕ ਲਾਭ ਸਿੰਘ ਉਗੋਕੇ ਨੇ ਹਾਜ਼ਰੀ ਲਵਾਈ। ਰਾਮ ਸਰੂਪ ਅਣਖੀ ਦੇ ਪਰਵਾਰ ਵੱਲੋਂ ਉਨ੍ਹਾਂ ਦੇ ਫਰਜ਼ੰਦ ਪ੍ਰੋ. ਕ੍ਰਾਂਤੀ ਪਾਲ ਆਧੁਨਿਕ ਭਾਰਤੀ ਵਿਭਾਗ ਅਲੀਗੜ੍ਹ ਮੁਸਲਿਮ ਯੂਨੀਵਰਸਿਟੀ ਦੀ ਅਗਵਾਈ 'ਚ ਪ੍ਰਧਾਨਗੀ ਮੰਡਲ ਵੱਲੋਂ ਕਹਾਣੀ ਪੰਜਾਬ ਮੈਗ਼ਜ਼ੀਨ ਦਾ 104ਵਾਂ ਅੰਕ ਲੋਕ ਅਰਪਣ ਕੀਤਾ ਗਿਆ। ਸਮਾਗਮ ਨੂੰ ਸੰਬੋਧਨ ਵੱਖ-ਵੱਖ ਬੁਲਾਰਿਆਂ ਨੇ ਜਿੱਥੇ ਰਾਮ ਸਰੂਪ ਅਣਖੀ ਦੀਆਂ ਸਾਂਝਾ ਨੂੰ ਇਸ ਮੰਚ ਤੋਂ ਤਾਜ਼ਾ ਕੀਤਾ, ਉੱਥੇ ਪੱਤਰਕਾਰ ਤੇ ਨਾਵਲਕਾਰ ਯਾਦਵਿੰਦਰ ਸਿੰਘ ਭੁੱਲਰ ਦੇ ਨਾਵਲ 'ਮਨਹੁ ਕੁਸੁਧਾ ਕਾਲੀਆ' ਦੀ ਚਰਚਾ ਕਰਦਿਆਂ ਉਨ੍ਹਾਂ ਦੀ ਲਿਖਤ ਨੂੰ ਪ੍ਰਵਾਨਿਤ ਕਰਦਿਆਂ ਗਲਪਕਾਰ ਰਾਮ ਸਰੂਪ ਅਣਖੀ ਦੀ ਬਰਸੀ ਮੌਕੇ ਹੋਏ ਸਮਾਗਮ 'ਚ ਉੱਚੇਚੇ ਤੌਰ 'ਤੇ ਸਨਮਾਨਤ ਕੀਤਾ।

## ਡੀ ਏ ਵੀ ਸਕੂਲ ਦੇ ਸੁਰਿੰਦਰ ਪਾਲ ਵਿੱਜ ਬਣੇ ਕਿੱਕ ਬਾਕਸਿੰਗ ਦੇ ਇੰਟਰਨੈਸ਼ਨਲ ਰੈਫਰੀ



**ਜਗਰਾਉਂ (ਅਮਿਤ ਖੰਨਾ)**-ਡੀ.ਏ.ਵੀ. ਸੈਂਟਨਰੀ ਪਬਲਿਕ ਸਕੂਲ ਦੇ ਪ੍ਰਿੰਸੀਪਲ ਵੇਦ ਵ੍ਰਤ ਪਲਾਹ ਨੇ ਦੱਸਿਆ ਕਿ 6ਵਾਂ ਵਾਕੋ ਇੰਟਰਨੈਸ਼ਨਲ ਕਿੱਕਬਾਕਸਿੰਗ ਰੈਫਰੀ ਅਤੇ ਟੈਕਨੀਕਲ ਸੈਮੀਨਾਰ ਦਿੱਲੀ ਦੇ ਆਈ.ਜੀ. ਸਪੋਰਟਸ ਕੰਮਪਲੈਕਸ ਵਿਖੇ ਕਰਾਇਆ ਗਿਆ। ਇਸ ਸੈਮੀਨਾਰ ਵਿੱਚ ਡੀਏਵੀ ਸਕੂਲ ਦੇ ਡੀ.ਪੀ.ਈ ਅਧਿਆਪਕ ਅਤੇ ਕਿੱਕ ਬਾਕਸਿੰਗ ਵਿੱਚ ਪੰਜਾਬ ਦੇ ਸੀਨੀਅਰ ਕੋਚ ਸੁਰਿੰਦਰ ਪਾਲ ਵਿੱਜ ਨੂੰ ਸਕੂਲ ਦੇ ਕਿੱਕ ਬਾਕਸਿੰਗ ਖਿਡਾਰੀਆਂ ਦੀ ਉਨਤੀ ਲਈ ਇਸ ਸੈਮੀਨਾਰ ਵਿੱਚ ਸਪੈਸ਼ਲ ਤੌਰ 'ਤੇ ਭੇਜਿਆ ਗਿਆ। ਉਨ੍ਹਾਂ ਕਿਹਾ ਇਸ ਸੈਮੀਨਾਰ ਦੇ ਨਾਲ ਸਕੂਲ ਦੇ ਕਿੱਕ ਬਾਕਸਿੰਗ ਖਿਡਾਰੀ ਖੇਡ ਦੇ ਰੂਲ ਅਤੇ ਰੈਗੂਲੇਸ਼ਨ ਦੀ ਜਾਣਕਾਰੀ ਨਾਲ ਚੰਗੀ ਤਰ੍ਹਾਂ ਖੇਡ ਪ੍ਰਤੀ ਤਿਆਰੀ ਕਰਨਗੇ। ਸੁਰਿੰਦਰ ਪਾਲ ਵਿੱਜ ਨੇ ਦੱਸਿਆ ਕਿ ਇਹ ਸੈਮੀਨਾਰ ਇੰਗਲੈਂਡ ਤੋਂ ਬਰੈਨ ਵਿਲੀਅਮ ਬੈਕ ਜੋ ਕਿ ਵਾਕੋ ਦੀ ਰੈਫਰੀ ਕਮੇਟੀ ਤਾਤਾਮੀ ਸਪੋਰਟਸ ਦੇ ਚੇਅਰਮੈਨ ਹਨ ਤੇ ਯੂਰੀ ਲੈਕਟੀਕੋਟ ਚੇਅਰਮੈਨ ਰੈਫਰੀ ਕਮੇਟੀ ਰਿਗ ਸਪੋਰਟਸ ਵਾਕੋ ਇਸਟੋਨੀਆ ਅਤੇ ਰੈਮੋ ਡੀਸਾ ਚੇਅਰਮੈਨ ਟੈਕਨੀਕਲ ਕਮੇਟੀ ਵਾਕੋ ਅਤੇ ਸੰਤੋਸ਼ ਅਗਰਵਾਲ ਪ੍ਰਧਾਨ ਵਾਕੋ ਇੰਡੀਆ ਕਿੱਕ ਬਾਕਸਿੰਗ ਫੈਡਰੇਸ਼ਨ ਦੀ ਦੇਖ-ਰੇਖ ਵਿੱਚ ਹੋਇਆ। ਸੁਰਿੰਦਰ ਪਾਲ ਵਿੱਜ ਨੇ ਇਹ ਤੀਜਾ ਇੰਟਰਨੈਸ਼ਨਲ ਰੈਫਰੀ ਸੈਮੀਨਾਰ ਪ੍ਰਿੰਸੀਪਲ ਵੇਦ ਪ੍ਰਤ ਪਲਾਹ ਦੇ ਦਿਸ਼ਾ ਨਿਰਦੇਸ਼ ਤਹਿਤ ਲਾਇਆ ਹੈ। ਇਸ ਤੋਂ ਪਹਿਲਾਂ ਉਹ 2005 ਤੋਂ ਲਗਾਤਾਰ ਕਿੱਕ ਬਾਕਸਿੰਗ ਦੇ ਕੋਚਿੰਗ ਕੈਂਪ ਤੇ ਰੈਫਰੀ ਕੈਂਪ ਪੰਜਾਬ ਅਤੇ ਨੈਸ਼ਨਲ ਲੈਵਲ ਗ੍ਰੇਡ ਦੇ ਲਾ ਚੁੱਕੇ ਹਨ ਅਤੇ ਦੋ ਏਸ਼ੀਅਨ ਲੇਵਲ ਦੇ ਅਤੇ ਦੋ ਵਰਲਡ ਲੈਵਲ ਤੇ ਸੈਮੀਨਾਰ ਲਾ ਚੁੱਕੇ ਹਨ ਤੇ ਇਹ ਇਹਨਾਂ ਦਾ ਇਹ ਤੀਜਾ ਇੰਟਰਨੈਸ਼ਨਲ ਸੈਮੀਨਾਰ ਹੈ।

ਇਸ ਸੈਮੀਨਾਰ ਵਿੱਚ ਵਰਲਡ ਐਸੋਸੀਏਸ਼ਨ ਆਫ ਕਿੱਕ ਬਾਕਸਿੰਗ ਆਰਗੇਨਾਈਜੇਸ਼ਨ ਵਾਕੋ ਦੇ ਪ੍ਰਧਾਨ ਰੋਏ ਬੇਕਰ ਅਤੇ ਸੰਤੋਸ਼ ਅਗਰਵਾਲ ਪ੍ਰਧਾਨ ਵਾਕੋ ਇੰਡੀਆ ਕਿੱਕ ਬਾਕਸਿੰਗ ਫੈਡਰੇਸ਼ਨ ਨੇ ਦਿੱਲੀ ਵਿਖੇ ਸਪੈਸ਼ਲ ਤੌਰ 'ਤੇ ਸਨਮਾਨਤ ਕੀਤਾ। ਸਕੂਲ ਆਉਣ 'ਤੇ ਪ੍ਰਿੰਸੀਪਲ ਵੇਦ ਵ੍ਰਤ ਪਲਾਹ ਜੀ ਅਤੇ ਸਮੂਹ ਸਟਾਫ ਵੱਲੋਂ ਵਧਾਈਆਂ ਦਿੱਤੀਆਂ ਗਈਆਂ। ਇਸ ਮੌਕੇ ਪ੍ਰਿੰਸੀਪਲ ਵੇਦ ਵ੍ਰਤ ਪਲਾਹ ਅਤੇ ਹਰਦੀਪ ਸਿੰਘ ਬਿੰਜਲ ਡੀਪੀਈ ਵੱਲੋਂ ਸੁਰਿੰਦਰ ਪਾਲ ਵਿੱਜ ਨੂੰ ਸਕੂਲ ਵਿਖੇ ਸਨਮਾਨਤ ਵੀ ਕੀਤਾ ਗਿਆ।

## ਜੈਨ ਸਮਾਜ ਵੱਲੋਂ ਕਰਾਇਆ ਸਮਾਗਮ ਸ਼ਲਾਘਾਯੋਗ : ਦੇਵ ਮਾਨ




**ਨਾਭਾ (ਵਰਿੰਦਰ ਵਰਮਾ)**
ਸ੍ਰੀ ਜੈਨ ਸਵੇਤਾਂਬਰ ਤੇਰਾਪੰਥੀ ਸਭਾ ਨਾਭਾ ਵੱਲੋਂ ਤੇਰਾਪੰਥ ਯੁਵਾ ਪ੍ਰੀਸ਼ਦ ਅਤੇ ਤੇਰਾਪੰਥ ਮਹਿਲਾ ਮੰਡਲ ਦੇ ਸਹਿਯੋਗ ਨਾਲ 160ਵਾਂ ਮਰਿਆਦਾ ਮਹਾਂਉਸਤਵ ਦਾ ਆਯੋਜਨ ਸ੍ਰੀ ਹਨੂੰਮਾਨ ਮੰਦਰ ਬਠਿੰਡੀਆ ਮੁਹੱਲਾ ਵਿਖੇ ਕੀਤਾ ਗਿਆ। ਇਸ ਮੌਕੇ ਸਾਧਵੀ ਸ੍ਰੀ ਕਨਕ ਰੇਖਾ ਜੀ ਨੇ ਆਪਣੇ ਪ੍ਰਵਚਨਾਂ ਰਾਹੀਂ ਆਈਆਂ ਹੋਈਆਂ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਉਨ੍ਹਾਂ ਨੇ ਕਿਹਾ ਕਿ ਅਚਾਰੀਆ ਬਿਖਸ਼ੂ ਨੇ ਆਚਾਰ ਸਿਥਲਤਾ ਦੇ ਵਿਰੋਧ ਵਿੱਚ ਧਰਮ ਕ੍ਰਾਂਤੀ ਕੀਤੀ ਤੇ ਜਿਸਦਾ ਆਧਾਰ ਅਨੁਸ਼ਾਸਨ ਸੀ, ਜਿਹੜੇ ਸੰਗਠਨ ਅਨੁਸ਼ਾਸਨ ਵਿੱਚ ਰਹਿੰਦੇ ਹਨ, ਉਹ ਤਰੱਕੀ ਕਰਦੇ ਹਨ। ਜਿਸਦੀ ਉਦਾਹਰਣ ਡੇਰਾ ਪੰਥ ਧਰਮ ਸੰਘ ਹੈ। ਲੋਕਤੰਤਰ ਵਿੱਚ ਇਕਤੰਤਰ ਦੀ ਮਰਿਆਦਾ ਇੱਕ ਰਕਸ਼ਾ ਕਵਚ ਹੈ। ਇਨ੍ਹਾਂ ਦੇ ਨਾਲ ਸਾਧਵੀਆਂ ਸ੍ਰੀ ਗੁਣਰੇਖਾ ਜੀ, ਸੰਵਰਵਿਭਾ ਜੀ, ਸਾਧਵੀ ਕੇਸ਼ਕ ਭੁਵਾ ਜੀ, ਸਾਧਵੀ ਹੇਮੰਤ ਭਵਾ ਜੀ ਨੇ ਕਿਹਾ ਕਿ ਅਨੁਸ਼ਾਸਨ ਇੱਕ ਲਛਮਣ ਰੇਖਾ ਹੈ। ਇਸ ਵਿੱਚ ਰਹਿ ਕੇ ਹੀ ਵਿਅਕਤੀ ਪਰਵਾਰ, ਸਮਾਜ ਤੇ ਦੇਸ ਦੀ ਸੇਵਾ ਚੰਗੇ ਢੰਗ ਨਾਲ ਕਰ ਸਕਦਾ ਹੈ। ਇਸ ਮਹਾਂਉਸਤਵ ਦੇ ਮੁੱਖ ਮਹਿਮਾਨ ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵਮਾਨ ਤੇ ਵਿਸ਼ੇਸ਼ ਮਹਿਮਾਨ ਨਗਰ ਕੌਂਸਲ ਪ੍ਰਧਾਨ ਮੈਡਮ ਸੁਜਾਤਾ ਚਾਵਲਾ ਤੇ ਡਾ. ਓਮ ਪ੍ਰਕਾਸ਼ ਡੱਲਾ ਸਾਬਕਾ ਚੈਅਰਮੈਨ ਇੰਪਰੂਵਮੈਂਟ ਟਰੱਸਟ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਕਿਹਾ ਕਿ ਜੈਨ ਸਮਾਜ ਵੱਲੋਂ ਕਰਾਇਆ ਸਮਾਗਮ ਬਹੁਤ ਹੀ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਧਾਰਮਿਕ, ਸਮਾਜਿਕ ਸੰਸਥਾਵਾਂ ਨੂੰ ਜ਼ਰੂਰ ਕਰਾਉਣੇ ਚਾਹੀਦੇ ਹਨ, ਜਿਸ ਨਾਲ ਨੌਜਵਾਨ ਪੀੜ੍ਹੀ ਨੂੰ ਸੇਧ ਮਿਲ ਸਕੇ ਤੇ ਆਪਣੇ ਧਰਮ ਦੇ ਪ੍ਰਤੀ ਜਾਗਰੂਕ ਹੋ ਸਕਣ। ਇਸ ਮੌਕੇ ਪ੍ਰਧਾਨ ਰਜੇਸ਼ ਗੁਪਤਾ, ਸਾਬਕਾ ਪੰਜਾਬ ਸਭਾ ਸਕੱਤਰ ਵਿਨੋਦ ਕਾਲੜਾ, ਜਨਰਲ ਸਕੱਤਰ ਨਾਭਾ ਅਸ਼ੋਕ ਸਿੰਗਲਾ ਤੇ ਸਮੂਹ ਮੈਂਬਰਾਂ ਵੱਲੋਂ ਮੁੱਖ ਮਹਿਮਾਨ ਤੇ ਵਿਸ਼ੇਸ਼ ਮਹਿਮਾਨ ਅਤੇ ਆਈਆਂ ਹੋਈਆਂ ਸ਼ਖ਼ਸੀਅਤਾਂ ਨੂੰ ਸਿਰੋਪਾ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਜੈਨ ਸਮਾਜ ਪੰਜਾਬ ਤੇਰਾ ਪੰਥ ਕੇਵਲ ਕ੍ਰਿਸ਼ਨ ਜਨਰਲ ਸਕੱਤਰ ਅਤੇ ਰਤਨ ਲਾਲ ਜੈਨ ਪਟਿਆਲਾ, ਸੰਦੀਪ ਸਰਮਾਂ, ਵਿਵੇਕ ਸਿੰਗਲਾ, ਓਮ ਪ੍ਰਕਾਸ਼ ਠੇਕੇਦਾਰ, ਲਲਿਤ ਸ਼ਰਮਾ, ਯਸ਼ਪਾਲ ਸਿੰਗਲਾ, ਸੁਰੇਸ਼ ਜੀ, ਮਾਨਿਕ ਗੁਪਤਾ, ਲਵਨੀਸ ਜਿੰਦਲ, ਹੈਪੀ ਜਿੰਦਲ ਠੇਕੇਦਾਰ, ਪ੍ਰਵੀਨ ਮਿੱਤਲ ਗੋਗੀ, ਵਿਕਾਸ ਮਿੱਤਲ, ਅਮਰਚੰਦ ਕਥੂਰੀਆ, ਬਰਿੰਦਰ ਬਿੱਟੂ, ਭੂਵੇਸ ਬਾਂਸਲ, ਅਸ਼ਵਨੀ ਚੌਪੜਾ, ਗਿਰਧਾਰੀ ਲਾਲ ਬਾਂਸਲ, ਮੋਹਨ ਲਾਲ ਮਿੱਤਲ, ਪਰਮੋਦ ਜਿੰਦਲ, ਮਾਨਟੂ ਪਾਹੂਜਾ, ਭੁਪਿੰਦਰ ਸਿੰਘ ਕੱਲਰਮਾਜਰੀ ਤੇ ਹਰਮੇਸ਼ ਮੈਸੀ ਆਦਿ ਹਾਜ਼ਰ ਸਨ।

## ਭਾਰਤੀਯ ਅੰਬੇਡਕਰ ਮਿਸ਼ਨ ਦੀ ਦਸਵੀਂ ਸੂਚੀ ਜਾਰੀ



**ਸੰਗਰੂਰ (ਪ੍ਰਵੀਨ ਸਿੰਘ)**-ਭਾਰਤੀਯ ਅੰਬੇਡਕਰ ਮਿਸ਼ਨ (ਰਜਿ:) ਭਾਰਤ ਵੱਲੋਂ ਸ਼੍ਰੀਮਤੀ ਪੂਨਮ ਕਾਂਗੜਾ ਮੁੱਖ ਸਰਪ੍ਰਸਤ ਭਾਰਤੀਯ ਅੰਬੇਡਕਰ ਮਿਸ਼ਨ ਦੀ ਅਨੁਮਤੀ ਨਾਲ ਮਿਸ਼ਨ ਦੇ ਕੌਮੀ ਪ੍ਰਧਾਨ ਸ਼੍ਰੀ ਦਰਸ਼ਨ ਸਿੰਘ ਕਾਂਗੜਾ ਵੱਲੋਂ ਮਿਸ਼ਨ ਦੀਆਂ ਗਤੀਵਿਧੀਆਂ ਨੂੰ ਹੋਰ ਵਧਾਉਣ ਲਈ ਮਿਸ਼ਨ ਦਾ ਹੋਰ ਵਿਸਥਾਰ ਕਰਦਿਆਂ ਸਾਲ 2024 ਲਈ ਨਵੀਂ ਟੀਮ ਦੀ ਘੋਸ਼ਣਾ ਕਰਦਿਆਂ ਭਾਰਤੀਯ ਅੰਬੇਡਕਰ ਮਿਸ਼ਨ ਦੀ ਗਿਆਰਵੀਂ ਸੂਚੀ ਜਾਰੀ ਕੀਤੀ ਗਈ, ਜਿਸ ਵਿੱਚ ਪੰਜਾਬ ਦੀ ਇੱਕ ਬੁਲਾਰੇ ਸਣੇ 13 ਸੂਬਾ ਕੋਆਰਡੀਨੇਟਰਾਂ ਦੀ ਘੋਸ਼ਣਾ ਕੀਤੀ ਗਈ, ਜਿਨ੍ਹਾਂ ਵਿੱਚ ਮਨੀਸ਼ਾ ਕਪੂਰ ਲੁਧਿਆਣਾ ਸਪੋਕਸਪਰਸਨ ਪੰਜਾਬ ਅਤੇ ਸੂਬਾ ਕੋਆਰਡੀਨੇਟਰਾਂ ਵਿੱਚ ਗੁਰਨਾਮ ਸਿੰਘ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਬਠਿੰਡਾ, ਪਾਲਾ ਸਿੰਘ ਮੱਲ ਵਾਲਾ, ਰੌਸ਼ਨ ਸਿੰਘ ਕਾਂਝਲਾ, ਰਵਿੰਦਰ ਕੁਮਾਰ ਸੋਨੂੰ ਗਰਗ ਪਾਤੜਾਂ, ਦਰਸ਼ਨ ਸਿੰਘ ਫੱਲੇਵਾਲ, ਨੀਲਮ ਰਾਣੀ ਅਨਰੋਲੀ ਪਟਿਆਲਾ, ਰਵਿੰਦਰ ਕੁਮਾਰ ਸ਼ੇਰਪੁਰ, ਰੋਹਿਤ ਕੁਮਾਰ ਗੁਰਦਾਸਪੁਰ, ਨਿਸ਼ਾਨ ਸਿੰਘ ਗਿੱਲ ਗੁਰਦਾਸਪੁਰ, ਵਿੱਕੀ ਮੱਟੂ ਪਟਿਆਲਾ, ਜੀਤਾ ਰਾਮ ਸੈਨਟਰੀ ਇੰਸਪੈਕਟਰ, ਰਾਜਿੰਦਰ ਸਿੰਘ ਅਕੋਈ ਵਾਟਰ ਸਪਲਾਈ ਤੇ ਜਗਦੀਪ ਸਿੰਘ ਕਾਲਾਹਰ ਲੁਧਿਆਣਾ ਨਿਯੁਕਤ ਕੀਤੇ ਗਏ।

## ਮਹਾਪ੍ਰਗਯ ਸਕੂਲ 'ਚ ਪ੍ਰੀ ਪ੍ਰਾਇਮਰੀ ਵਿੰਗ ਦਾ ਗ੍ਰੈਜੂਏਸ਼ਨ ਸਮਾਰੋਹ ਕਰਾਇਆ



**ਜਗਰਾਉਂ (ਅਮਿਤ ਖੰਨਾ)**
ਮਹਾਪ੍ਰਗਯ ਸਕੂਲ ਵਿਖੇ ਪ੍ਰੀ ਪ੍ਰਾਇਮਰੀ ਸਕੂਲ ਦੇ ਵਿਦਿਆਰਥੀਆਂ ਦਾ ਸਿੱਖਿਆ ਦੇ ਇੱਕ ਪੜਾਅ ਨੂੰ ਪਾਰ ਕਰਕੇ ਅਗਲੇ ਪੜਾਅ ਵਿੱਚ ਪ੍ਰਵੇਸ਼ ਕਰਨ 'ਤੇ ਯੂ.ਕੇ.ਜੀ. ਦੇ ਵਿਦਿਆਰਥੀਆਂ ਦਾ ਗ੍ਰੈਜੂਏਸ਼ਨ ਸਮਾਰੋਹ ਕਰਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਡਾਇਰੈਕਟਰ ਸ੍ਰੀ ਵਿਸ਼ਾਲ ਜੈਨ ਜੀ ਨੇ ਮਹਾਂਮੰਤਰ ਨਵਕਾਰ ਦਾ ਜਾਪ ਕਰਕੇ ਕੀਤੀ। ਇਸ ਤੋਂ ਬਾਅਦ ਜੋਤੀ ਪ੍ਰਜਵਲ ਕੀਤੀ ਗਈ ਅਤੇ ਵਿਦਿਆਰਥੀਆਂ ਵੱਲੋਂ ਮੂਲ ਮੰਤਰ ਦੇ ਪਾਠ ਦਾ ਜਾਪ ਬੜੀ ਸ਼ਰਧਾ ਨਾਲ ਕੀਤਾ ਗਿਆ। ਸਕੂਲ ਦੇ ਪ੍ਰਾਇਮਰੀ ਵਿੰਗ ਦੇ ਕੋਆਰਡੀਨੇਟਰ ਸ੍ਰੀਮਤੀ ਸੁਰਿੰਦਰ ਕੌਰ ਨੇ ਆਏ ਮਹਿਮਾਨਾਂ ਤੇ ਮਾਪਿਆਂ ਨੂੰ ਜੀ ਆਇਆ ਕਿਹਾ ਤੇ ਉਨ੍ਹਾਂ ਨੂੰ ਬੈਜ ਲਾ ਕੇ ਉਨ੍ਹਾਂ ਦਾ ਦਿਲੋਂ ਸਵਾਗਤ ਕੀਤਾ। ਇਸ ਉਪਰੰਤ ਐਲ.ਕੇ.ਜੀ ਵੱਲੋਂ ਮੂਲ ਮੰਤਰ ਦਾ ਜਾਪ ਕੀਤਾ ਗਿਆ। ਯੂ.ਕੇ.ਜੀ. ਕਲਾਸ ਦੀਆਂ ਵਿਦਿਆਰਥਣਾਂ ਵੱਲੋਂ ਸਰਸਵਤੀ ਵੰਦਨਾ ਬਹੁਤ ਹੀ ਮਨਮੋਹਕ ਢੰਗ ਨਾਲ ਪੇਸ਼ ਕੀਤੀ ਗਈ। ਇਸ ਉਪਰੰਤ ਪ੍ਰੀ-ਨਰਸਰੀ ਦੇ ਬੱਚਿਆਂ ਨੇ ਡਾਂਸ ਪੇਸ਼ ਕੀਤਾ, ਜੋ ਬਹੁਤ ਸ਼ਲਾਘਾਯੋਗ ਰਿਹਾ। ਇਸ ਤੋਂ ਬਾਅਦ ਸਕੂਲ ਦੇ ਡਾਇਰੈਕਟਰ ਸ੍ਰੀ ਵਿਸ਼ਾਲ ਜੈਨ, ਮੈਨੇਜਰ ਸ੍ਰੀ ਮਨਜੀਤ ਇੰਦਰ ਕੁਮਾਰ ਅਤੇ ਪ੍ਰਿੰਸੀਪਲ ਸ੍ਰੀਮਤੀ ਪ੍ਰਭਜੀਤ ਕੌਰ ਨੇ ਕਨਵੋਕੇਸ਼ਨ ਵਰਦੀਆਂ ਵਿੱਚ ਸਜੇ ਬੱਚਿਆਂ ਨੂੰ ਡਿਗਰੀਆਂ ਭੇਟ ਕੀਤੀਆਂ ਅਤੇ ਬੱਚਿਆਂ ਵੱਲੋਂ ਇਸੇ ਪਹਿਰਾਵੇ ਵਿੱਚ ਗ੍ਰੈਜੂਏਸ਼ਨ ਗੀਤ ਪੇਸ਼ ਕੀਤਾ ਗਿਆ। ਇਸ ਮੌਕੇ ਸਕੂਲ ਦੇ ਡਾਇਰੈਕਟਰ ਸ੍ਰੀ ਵਿਸ਼ਾਲ ਜੈਨ ਨੇ ਬੱਚਿਆਂ, ਉਨ੍ਹਾਂ ਦੇ ਮਾਪਿਆਂ ਨੂੰ ਉਨ੍ਹਾਂ ਦੀ ਗ੍ਰੈਜੂਏਸ਼ਨ ਦੀ ਵਧਾਈ ਦਿੱਤੀ ਅਤੇ ਕਿਹਾ ਕਿ ਇਸ ਸਮਾਗਮ ਦੇ ਆਯੋਜਨ ਦਾ ਉਦੇਸ਼ ਉਨ੍ਹਾਂ ਵਿੱਚ ਨਵੇਂ ਤੇ ਬਿਹਤਰ ਰਚਨਾਤਮਕ ਵਿਚਾਰਾਂ ਨੂੰ ਪੈਦਾ ਕਰਨਾ ਹੈ। ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਪ੍ਰਭਜੀਤ ਕੌਰ ਨੇ ਕਿਹਾ ਕਿ ਇਸ ਤਰ੍ਹਾਂ ਦੇ ਸਮਾਗਮ ਵਿਦਿਆਰਥੀਆਂ ਵਿੱਚ ਆਤਮ ਵਿਸ਼ਵਾਸ ਪੈਦਾ ਕਰਦੇ ਹਨ, ਜੋ ਉਨ੍ਹਾਂ ਨੂੰ ਜ਼ਿੰਦਗੀ ਵਿੱਚ ਅੱਗੇ ਵਧਣ ਤੇ ਸਫਲਤਾ ਦੀਆਂ ਬੁਲੰਦੀਆਂ ਛੂਹਣ ਵਿੱਚ ਮਦਦ ਕਰਦਾ ਹੈ। ਉਨ੍ਹਾਂ ਨੇ ਨਵੇਂ ਗ੍ਰੈਜੂਏਟ ਹੋਏ ਬੱਚਿਆਂ ਨੂੰ ਆਸ਼ੀਰਵਾਦ ਦਿੱਤਾ ਤੇ ਉਨ੍ਹਾਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ। ਸਕੂਲ ਦੇ ਮੈਨੇਜਰ ਸ੍ਰੀ ਮਨਜੀਤ ਇੰਦਰ ਕੁਮਾਰ ਨੇ ਛੋਟੇ ਵਿਦਿਆਰਥੀਆਂ ਨੂੰ ਪ੍ਰੀ-ਪ੍ਰਾਇਮਰੀ ਪੱਧਰ ਤੋਂ ਲੈ ਕੇ ਪ੍ਰਾਇਮਰੀ ਪੱਧਰ ਤੱਕ ਰਸਮੀ ਸਿੱਖਿਆ ਵਿੱਚ ਪ੍ਰਵੇਸ਼ ਕਰਨ ਲਈ ਵਧਾਈ ਦਿੱਤੀ ਅਤੇ ਮਾਪਿਆਂ ਅਤੇ ਅਧਿਆਪਕਾਂ ਨੂੰ ਬੱਚਿਆਂ ਦੇ ਸਰਵਪੱਖੀ ਵਿਕਾਸ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾਉਣ ਲਈ ਹਮੇਸ਼ਾ ਤਿਆਰ ਰਹਿਣ ਲਈ ਕਿਹਾ। ਸਟੇਜ ਸੰਚਾਲਨ ਦੀ ਭੂਮਿਕਾ ਸ੍ਰੀਮਤੀ ਅਰੁਣਾ ਜੈਨ ਵੱਲੋਂ ਨਿਭਾਈ ਗਈ। ਸਮਾਗਮ ਦਾ ਸਮਾਪਨ ਰਾਸ਼ਟਰੀ ਗੀਤ ਨਾਲ ਹੋਇਆ।

# ਭਾਰਤ ਬੰਦ ਨੂੰ ਭਰਵਾਂ ਹੁੰਗਾਰਾ


ਫਿਲੌਰ


ਮੇਹਟੀਆਣਾ


ਬਹਿਰਾਮ


ਅੱਡਾ ਸਰਾਂ


ਸੁਲਤਾਨਪੁਰ ਲੋਧੀ


ਗੜ੍ਹਸ਼ੰਕਰ



ਹੁਸ਼ਿਆਰਪੁਰ


ਸੁਲਤਾਨਪੁਰ ਲੋਧੀ


ਨੰਗਲ


ਬਿਲਗਾ

**ਫਿਲੌਰ (ਨਿਰਮਲ)**- ਸੰਯੁਕਤ ਕਿਸਾਨ ਮੋਰਚੇ ਦੇ ਭਾਰਤ ਬੰਦ ਦੇ ਸੱਦੇ ਤਹਿਤ ਬਕਾਪੁਰ ਫਾਟਕ ਦੇ ਨਜ਼ਦੀਕ ਜੀ ਟੀ ਰੋਡ ਨੂੰ ਜਾਮ ਕੀਤਾ ਗਿਆ। ਸੜਕ ਨੂੰ ਦੋਨੋਂ ਪਾਸੇ ਜਾਮ ਕਰਕੇ ਬੁਲਾਰਿਆਂ ਨੇ ਮੋਦੀ ਸਰਕਾਰ ਦੀਆਂ ਨੀਤੀਆਂ ਦੀ ਅਲੋਚਨਾਂ ਕੀਤੀ। ਬੁਲਾਰਿਆਂ ਨੇ ਕਿਹਾ ਕਿ ਕਾਲੇ ਕਾਨੂੰਨਾਂ ਨੂੰ ਰੱਦ ਕਰਵਾਉਣ ਉਪਰੰਤ ਮੋਦੀ ਸਰਕਾਰ ਨੇ ਕਿਸਾਨਾਂ ਨਾਲ ਵਾਅਦੇ ਕੀਤੇ ਸਨ, ਉਨ੍ਹਾਂ ਤੋਂ ਸਰਕਾਰ ਭੱਜ ਗਈ ਹੈ। ਆਗੂਆਂ ਨੇ ਕਿਹਾ ਕਿ ਮੋਦੀ ਸਰਕਾਰ ਨੇ ਕਾਰਪੋਰੇਟ ਘਰਾਣਿਆਂ ਦੇ ਹੱਕ 'ਚ ਭੁਗਤਦੇ ਹੋਏ 44 ਕਿਰਤ ਕਾਨੂੰਨਾਂ ਨੂੰ ਖਤਮ ਕਰਕੇ ਚਾਰ ਕਿਰਤ ਕੋਡ ਬਣਾ ਦਿੱਤੇ ਹਨ। ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਨੇ ਸੰਯੁਕਤ ਕਿਸਾਨ ਮੋਰਚੇ (ਗੈਰ ਰਾਜਨੀਤਕ) ਵਲੋਂ ਦਿੱਲੀ ਜਾਣ ਵੇਲੇ ਕੀਤੇ ਵੱਡੇ ਹਮਲੇ ਦੀ ਸਖਤ ਸ਼ਬਦਾਂ 'ਚ ਨਿਖੇਧੀ ਕੀਤੀ। ਸੰਤੋਖ ਸਿੰਘ ਬਿਲਗਾ, ਜਸਵਿੰਦਰ ਸਿੰਘ ਢੇਸੀ, ਪਰਮਜੀਤ ਰੰਧਾਵਾ, ਜਰਨੈਲ ਫਿਲੌਰ, ਕੁਲਦੀਪ ਫਿਲੌਰ, ਸਰਬਜੀਤ ਸੰਗੋਵਾਲ, ਮੇਜਰ ਫਿਲੌਰ, ਕੁਲਜੀਤ ਫਿਲੌਰ, ਆਗਨਵਾੜੀ ਮੁਲਾਜਮ ਯੂਨੀਅਨ ਦੇ ਆਗੂ ਨਿਰਲੇਪ ਕੌਰ, ਕ੍ਰਿਸਨਾ ਕੁਮਾਰੀ, ਟਰੱਕ ਯੂਨੀਅਨ ਦੇ ਰਣਜੀਤ ਸਿੰਘ ਸਿੱਧੂ, ਕਿਰਤੀ ਕਿਸਾਨ ਯੂਨੀਅਨ ਦੇ ਸੰਤੋਖ ਸਿੰਘ ਸੰਧੂ, ਗੁਰਨਾਮ ਸਿੰਘ ਤੱਗੜ, ਤਰਸੇਮ ਸਿੰਘ ਕਾਲਾ, ਹਰਦੀਪ ਸਿੰਘ ਉਪਲ, ਅਵਤਾਰ ਸਿੰਘ ਸੰਧੂ, ਹੰਸ ਰਾਜ ਪੱਬਵਾ, ਚੰਨਣ ਸਿੰਘ ਜੰਡਿਆਲਾ, ਨਿਰਮਲ ਸਿੱਧਮ, ਭਾਰਤੀ ਕਿਸਾਨ ਯੂਨੀਅਨ ਦੋਆਬਾ ਦੇ ਇਕਬਾਲ ਸਿੰਘ ਢਾਡੀ, ਜਸਬੀਰ ਸਿੰਘ ਕਮਾਲਪੁਰ, ਬਲਵਿੰਦਰ ਸਿੰਘ ਸਾਬੀ, ਤੀਰਥ ਸਿੰਘ ਪ੍ਰਤਾਬਪੁਰਾ, ਗੁਰਮੀਤ ਸਿੰਘ ਆਲੋਵਾਲ, ਲਖਵੀਰ ਸਿੰਘ ਲੱਖਾ, ਬਲਵਿੰਦਰ ਸਿੰਘ ਖਹਿਰਾ, ਅਜੀਤ ਸਿੰਘ, ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਬਲਜੀਤ ਸਿੰਘ ਮਾਹਲ, ਲਖਵਿੰਦਰ ਸਿੰਘ ਮੋਤੀਪੁਰ, ਮੱਘਰ ਸਿੰਘ ਭੈਣੀ, ਗੁਰਚੇਤਨ ਸਿੰਘ ਮੁਆਈ, ਭਾਰਤੀ ਕਿਸਾਨ ਯੂਨੀਅਨ ਕਾਦੀਆ ਦੇ ਅਮਰੀਕ ਸਿੰਘ ਭਾਰ ਸਿੰਘ ਪੁਰੀ, ਕਮਲਜੀਤ ਸਿੰਘ ਮੋਤੀਪੁਰ, ਜਤਿੰਦਰ ਸਿੰਘ ਤਲਵਣ, ਹਰਜੀਤ ਸਿੰਘ ਮੰਡੀ, ਮੁਖਤਿਆਰ ਸਿੰਘ ਪੰਜਢੇਰਾ, ਮੱਖਣ ਸਿੰਘ ਲੇਹਲ, ਬੂਟਾ ਸਿੰਘ ਤਲਵਣ, ਸ਼ਿੰਗਾਰਾ ਸਿੰਘ ਲਸਾੜਾ, ਕੁਲਦੀਪ ਸਿੰਘ ਕਤਪਾਲੋ, ਸਿਵਲ ਹਸਪਤਾਲ ਬਚਾਓ ਕਮੇਟੀ ਦੇ ਪ੍ਰਸ਼ੋਤਮ ਫਿਲੌਰ, ਆਲ ਇੰਡੀਆ ਕਿਸਾਨ ਸਭਾ ਵਲੋਂ ਕੁਲਦੀਪ ਸਿੰਘ ਲਸਾੜਾ, ਪ੍ਰਵਿੰਦਰ ਫਲਪੋਤਾ, ਰਸ਼ਪਾਲ ਕੈਲੇ ਨੇ ਸੰਬੋਧਨ ਕੀਤਾ। ਇਸ ਮੌਕੇ ਬਾਬਾ ਨਿਰਮਲ ਸਿੰਘ ਕਾਰਸੇਵਾ ਵਾਲਿਆਂ ਨੇ ਲੰਗਰ ਦੀ ਸੇਵਾ ਨਿਭਾਈ।

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਦੇਸ਼ ਵਿਆਪੀ ਹੜਤਾਲ ਨੂੰ ਲੈ ਕੇ ਫੁਗਲਾਣਾ ਅੱਡੇ 'ਤੇ ਕਿਸਾਨ ਮਜ਼ਦੂਰ ਮੁਲਾਜ਼ਮ ਜਥੇਬੰਦੀਆਂ ਵਲੋਂ ਹੁਸ਼ਿਆਰਪੁਰ - ਫਗਵਾੜਾ ਰੋਡ ਬੰਦ ਕੀਤਾ। ਇਸ ਮੌਕੇ ਦੋਆਬਾ ਜਨਰਲ ਕੈਟਾਗਰੀ ਫਰੰਟ ਦੇ ਪ੍ਰਧਾਨ ਬਲਵੀਰ ਸਿੰਘ ਫੁਗਲਾਣਾ, ਪੰਜਾਬ ਪੈਨਸ਼ਨ ਯੂਨੀਅਨ ਦੇ ਸੂਬਾ ਸੀਨੀ ਵਾਈਸ ਪ੍ਰਧਾਨ ਜਗਤਾਰ ਸਿੰਘ ਭੁੰਗਰਨੀ ਉਚੇਚੇ ਤੌਰ 'ਤੇ ਪਹੁੰਚੇ। ਐਸ ਕੇ ਐਮ ਦੇ ਆਗੂ ਅਤੇ ਭਾਰਤੀ ਕਿਸਾਨ ਯੂਨੀਅਨ ਦੋਆਬਾ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਰਾਏ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੇਸ਼ ਦੀ ਤਰੱਕੀ ਦੀ ਰੀੜ ਦੀ ਹੱਡੀ ਕਿਸਾਨੀ ਅਤੇ ਪਬਲਿਕ ਸੈਕਟਰ ਨੂੰ ਤਬਾਹ ਕਰਨ ਦਾ ਰਸਤਾ ਅਖਤਿਆਰ ਕੀਤਾ ਹੋਇਆ। ਇਸ ਲਈ ਸਮੁੱਚੀਆਂ ਜਥੇਬੰਦੀਆਂ ਦੇ ਆਗੂਆਂ ਨੇ ਅੱਜ ਦੇ ਬੰਦ ਵਿੱਚ ਹਿੱਸਾ ਲਿਆ। ਇਸ ਮੌਕੇ ਦੋਆਬਾ ਜਨ ਕੈਟਾਗਰੀ ਫਰੰਟ ਦੇ ਕੈਸ਼ੀਅਰ ਜਸਵਿੰਦਰ ਸਿੰਘ ਸੰਘਾ, ਵਰਿੰਦਰ ਸਿੰਘ ਭਿੰਡਰ ਬੱਡਲਾ, ਸਤਨਾਮ ਸਿੰਘ ਸਿੰਘ ਸ਼ਿਦੂ, ਸਰਪ੍ਰਸਤ ਸੁਰਜੀਤ ਸਿੰਘ ਮਸੂਤਾ, ਬਲਵੀਰ ਸਿੰਘ ਤੰਬੜ, ਪਰਮਵੀਰ ਸਿੰਘ ਸਰੋਆ, ਹਰਮਨ ਫੁਗਲਾਣਾ,ਜਸਪ੍ਰੀਤ ਸਿੰਘ ਪਰਮਾਰ , ਕਾ.ਅਵਤਾਰ ਚੰਦ ਫੁਗਲਾਣਾ, ਬਹੁਜਨ ਸਮਾਜ ਪਾਰਟੀ ਸਦਾਮਾ ਰਾਮ ਫੁੱਗਲਾਣਾ, ਈਸਰ ਸਿੰਘ ਨਰੂੜ , ਨੰਬਰਦਾਰ ਅਵਤਾਰ ਸਿੰਘ, ਸਾਬਕਾ ਸਰਪੰਚ ਮਹਿੰਦਰ ਰਾਮ ਖਨੌੜਾ, ਡਾ.ਕੁਲਦੀਪ ਕੁਮਾਰ, ਬਾਬੂ ਜੀਵਨ ਕੁਮਾਰ , ਗੁਰਦਿਆਲ ਸਿੰਘ ਪੰਡੋਰੀ ,ਮਨਜੀਤ ਸਿੰਘ ਸੈਣੀ ਹਾਜ਼ਰ ਸਨ।

**ਬਹਿਰਾਮ (ਅਵਤਾਰ ਕਲੇਰ)**- ਕਿਸਾਨ ਜਥੇਬੰਦੀਆਂ ਵੱਲੋਂ ਆਪਣੀਆਂ ਮੰਗਾਂ ਦੇ ਹੱਕ ਵਿੱਚ ਭਾਰਤ ਬੰਦ ਦੇ ਸਮਰਥਨ 'ਚ ਕਸਬਾ ਬਹਿਰਾਮ ਵਿਖੇ ਦੁਕਾਨਦਾਰਾਂ ਨੇ ਆਪਣੀਆਂ ਦੁਕਾਨਾਂ ਬੰਦ ਰੱਖੀਆਂ। ਕਿਸਾਨਾਂ ਉਨ੍ਹਾਂ ਕਿਹਾ ਕਿ ਜਦੋਂ ਤੱਕ ਕਿਸਾਨਾਂ ਵਲੋਂ ਰੱਖੀਆਂ ਮੰਗਾਂ ਕੇਂਦਰ ਸਰਕਾਰ ਨਹੀਂ ਮੰਨਦੀ ਉਦੋਂ ਤੱਕ ਇਹ ਅੰਦੋਲਨ ਇਸੇ ਤਰ੍ਹਾਂ ਸ਼ਾਂਤਮਈ ਢੰਗ ਨਾਲ ਚੱਲਦਾ ਰਹੇਗਾ। ਇਸ ਮੌਕੇ ਸਾਧੂ ਸਿੰਘ ਭਰੋਲੀ, ਹਰਜੀਤ ਸਿੰਘ ਸਰਹਾਲਾ ਰਾਣੂੰਆਂ ਸਰਕਲ ਪ੍ਰਧਾਨ ਬਹਿਰਾਮ, ਦਵਿੰਦਰ ਸਿੰਘ ਸੰਧਵਾਂ ਸੂਬਾ ਮੀਤ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਦੁਆਬਾ, ਕੁਲਜੀਤ ਸਿੰਘ ਖਾਨਪੁਰ ਸਰਕਲ ਪ੍ਰਧਾਨ ਮੁਕੰਦਪੁਰ, ਅਮਰਜੀਤ ਸਿੰਘ ਚੱਕ ਰਾਮੂੰ, ਬਲਜਿੰਦਰ ਸਿੰਘ ਚੱਕ ਮੰਡੇਰ, ਮੁਖਤਿਆਰ ਸਿੰਘ, ਹਰਮੇਲ ਸਿੰਘ ਸਾਬਕਾ ਸਰਪੰਚ ਜੱਸੋਮਜਾਰਾ, ਸੇਵਾ ਸਿੰਘ ਫਰਾਲਾ, ਪ੍ਰੇਮ ਸਿੰਘ ਸਰਹਾਲਾ, ਸਤਨਾਮ ਸਿੰਘ ਲਾਦੀਆਂ, ਹਰਪਾਲ ਸਿੰਘ ਜਗਤਪੁਰ, ਅਵਤਾਰ ਸਿੰਘ ਕੱਟ, ਗੁਰਮਿੰਦਰ ਸਿੰਘ ਫਰਾਲਾ, ਕਸਮੀਰ ਸਿੰਘ ਜੰਡਿਆਲਾ, ਇੰਦਰਜੀਤ ਕਲੇਰਾਂ, ਤਰਸੇਮ ਬੈਂਸ, ਗੁਰਮੁਖ ਸਿੰਘ ਫਰਾਲਾ, ਬਲਵੀਰ ਸਿੰਘ ਲਾਦੀਆਂ, ਲਖਵੀਰ ਸਿੰਘ, ਰੇਸਮ ਸਿੰਘ ਤਾਹਰਪੁਰ, ਪਰਮਜੀਤ ਸਿੰਘ, ਰਾਣਾ ਬਹਿਰਾਮ, ਕਸ਼ਮੀਰ ਸਿੰਘ ਜੰਡਿਆਲਾ ਆਦਿ ਕਿਸਾਨ ਹਾਜ਼ਰ ਸਨ।

**ਅੱਡਾ ਸਰਾਂ (ਜਸਵੀਰ ਕਾਜਲ)**-ਕਿਸਾਨਾਂ ਦੇ ਬੰਦ ਦੇ ਸੱਦੇ ਨੂੰ ਲੈ ਕੇ ਅੱਡਾ ਸਰਾਂ ਸ਼ਾਂਤੀਪੂਰਵਕ ਇੱਕਾ ਦੁੱਕਾ ਛੱਡ ਕੇ ਮੁਕੰਮਲ ਬੰਦ ਰਿਹਾ। ਅੱਡਾ ਸਰਾਂ ਦੇ ਦੁਕਾਨਦਾਰਾਂ ਵਲੋਂ ਆਪਣੀਆਂ ਦੁਕਾਨਾਂ ਬੰਦ ਰੱਖ ਕੇ ਕੇਂਦਰ ਸਰਕਾਰ ਖਿਲਾਫ ਰੋਸ ਜ਼ਾਹਰ ਕੀਤਾ ਗਿਆ। ਇਸ ਮੌਕੇ ਅੱਡਾ ਸਰਾਂ ਦੇ ਚੌਕੀ ਇੰਚਾਰਜ ਏ ਐਸ ਆਈ ਰਾਜੇਸ਼ ਕੁਮਾਰ ਅਤੇ ਏ ਐਸ ਆਈ, ਗੁਰਮੀਤ ਸਿੰਘ ਵਲੋਂ ਪੁਲਸ ਪਾਰਟੀ ਨਾਲ ਅੱਡਾ ਸਰਾਂ ਵਿਖੇ ਬੜੀ ਮੁਸਤੈਦੀ ਨਾਲ ਨਿਗਰਾਨੀ ਰੱਖੀ। ਆਮ ਲੋਕਾਂ ਦਾ ਕਹਿਣਾ ਸੀ ਕੇਂਦਰ ਸਰਕਾਰ ਕਿਸਾਨਾਂ ਦੀਆਂ ਜਾਇਜ਼ ਮੰਗਾਂ ਨੂੰ ਮੰਨ ਕੇ ਦੇਸ਼ ਅੰਦਰ ਸ਼ਾਂਤੀ ਬਣਾਈ ਰੱਖੇ ਅਤੇ ਬੰਦ ਦੇ ਸੱਦੇ ਨੂੰ ਲੈ ਕੇ ਜਨ ਜੀਵਨ ਪ੍ਰਭਾਵਿਤ ਰਿਹਾ।

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਕੇਂਦਰ ਸਰਕਾਰ ਦੀ ਵਾਅਦਾ ਖਿਲਾਫੀ ਦੇ ਵਿਰੋਧ ਵਿੱਚ ਸੰਯੁਕਤ ਕਿਸਾਨ ਮੋਰਚੇ ਤੇ ਸੱਦੇ 'ਤੇ ਭਾਰਤ ਬੰਦ ਦੇ ਕਿਸਾਨ ਜਥੇਬੰਦੀਆਂ ਦੇ ਪ੍ਰੋਗਰਾਮ ਨੂੰ ਸਿੰਗੜੀਵਾਲਾ ਬਾਈਪਾਸ 'ਤੇ ਬਾਬਾ ਹਰਮਨਜੀਤ ਸਿੰਘ ਸਿੰਗੜੀਵਾਲਾ ਕਿਸਾਨ ਆਗੂ ਗੁਰਨਾਮ ਸਿੰਘ ਸਿੰਗੜੀਵਾਲਾ ਤੇ ਸਾਬਕਾ ਸਰਪੰਚ ਚਰਨ ਬਰਿੰਦਰ ਸਿੰਘ ਦੀ ਅਗਵਾਈ ਹੇਠ ਸਫਲ ਬੰਦ ਕਰਵਾਇਆ ਗਿਆ। ਇਸ ਸਮੇਂ ਸਿੰਗੜੀਵਾਲਾ, ਪਿੱਪਲਾਂਵਾਲਾ, ਚੱਕ ਗੁੱਜਰਾਂ, ਹੈਦਰੋਵਾਲ, ਪੰਡੋਰੀ ਕ੍ਹਾਂਗਣਾ ਆਦਿ ਪਿੰਡਾਂ ਦੇ ਵੱਡੀ ਪੱਧਰ 'ਤੇ ਕਿਸਾਨਾਂ ਮਜ਼ਦੂਰਾਂ ਅਤੇ ਨੌਜਵਾਨਾਂ ਨੇ ਸ਼ਮੂਲੀਅਤ ਕੀਤੀ। ਇਸ ਸਮੇਂ ਕਿਸਾਨ ਆਗੂ ਗੁਰਨਾਮ ਸਿੰਘ ਸਿੰਗੜੀਵਾਲਾ ਨੇ ਦੱਸਿਆ ਕਿ ਕੇਂਦਰ ਸਰਕਾਰ ਨੇ ਨਾ ਤਾਂ ਐਮ ਐਸ ਪੀ ਦੀ ਗਰੰਟੀ 'ਤੇ ਕੋਈ ਕਮੇਟੀ ਬਣਾਈ ਅਤੇ ਨਾ ਹੀ ਕਿਸਾਨਾਂ ਉੱਤੇ ਹੋਏ ਕੇਸਾਂ ਨੂੰ ਵਾਪਸ ਲਿਆ ਤੇ ਨਾ ਹੀ ਕਿਸਾਨ ਜਥੇਬੰਦੀਆਂ ਦੀਆਂ ਹੋਰ ਮੰਗਾਂ ਨੂੰ ਪੂਰਾ ਕੀਤਾ। ਇਸ ਸਮੇਂ ਸਰਪੰਚ ਸੁਖਚੈਨ ਸਿੰਘ ਸਿੰਗੜੀਵਾਲਾ, ਅਮਰੀਕ ਸਿੰਘ ਪੰਚ, ਬਲਵਿੰਦਰ ਸਿੰਘ ਪੰਚ, ਸਾਬਕਾ ਸਰਪੰਚ ਹਰਭਜਨ ਸਿੰਘ ਚੱਕ ਗੁੱਜਰਾਂ, ਸਾਬਕਾ ਸਰਪੰਚ ਬਲਵਿੰਦਰ ਸਿੰਘ ਬੂੰਦੀ ਸਿੰਗੜੀਵਾਲਾ, ਗੁਰਿੰਦਰ ਸਿੰਘ ਧਾਮੀ, ਮਨਜਿੰਦਰ ਸਿੰਘ ਬਿੱਲਾ, ਗੁਰਿੰਦਰ ਸਿੰਘ ਗਿੰਦਾ ਰਾਜੋਵਾਲ, ਗੁਰਿੰਦਰ ਸਿੰਘ ਗੋਗੀ ਹੈਦਰੋਵਾਲ, ਗੁਰਕੀਰਤ ਸਿੰਘ ਹੈਦਰੋਵਾਲ, ਸਾਬੀ ਪਿੱਪਲਾਂਵਾਲਾ, ਜਸਵੰਤ ਸਿੰਘ ਬਿੱਲਾ ਪਿੱਪਲਾਂਵਾਲਾ, ਮਲਕੀਅਤ ਸਿੰਘ ਹੈਦਰੋਵਾਲ, ਜਸਕਰਨ ਸਿੰਘ, ਗੁਰਿੰਦਰ ਸਿੰਘ, ਜੰਗਵੀਰ ਸਿੰਘ ਹੈਦਰੋਵਾਲ, ਦਲਜੀਤ ਸਿੰਘ ਚੱਕ ਗੁੱਜਰਾਂ, ਤਨਵੀਰ ਸਿੰਘ ਹੈਦਰੋਵਾਲ, ਹਰਿਸਿਮਰਨ ਸਿੰਘ ਚੱਕ ਗੁੱਜਰਾਂ ਸ਼ਾਮਲ ਹੋਏ।

**ਗੜ੍ਹਸ਼ੰਕਰ, (ਫੂਲਾ ਸਿੰਘ ਬੀਰਮਪੁਰ)**- ਦੇਸ਼ ਦੀਆਂ ਵੱਡੀਆਂ 10 ਟ੍ਰੇਡ ਯੂਨੀਅਨਾਂ ਵਲੋਂ ਦਿੱਤੇ ਹੜਤਾਲ ਦੇ ਸੱਦੇ ਅਤੇ ਸੰਯੁਕਤ ਕਿਸਾਨ ਮੋਰਚੇ ਦੇ ਭਾਰਤ ਬੰਦ ਦੇ ਸੱਦੇ ਤਹਿਤ ਅੱਜ ਗੜ੍ਹਸ਼ੰਕਰ ਦੀਆਂ ਵੱਖ ਵੱਖ ਕਿਸਾਨ ਯੂਨੀਅਨਾਂ, ਟਰੇਡ ਯੂਨੀਅਨਾਂ ਅਤੇ ਮੁਲਾਜ਼ਮ ਯੂਨੀਅਨਾਂ ਵੱਲੋਂ ਸਾਂਝੇ ਤੌਰ 'ਤੇ ਸਥਾਨਕ ਬੰਗਾ ਚੌਕ ਵਿੱਚ ਵਿਸ਼ਾਲ ਧਰਨਾ ਦਿੱਤਾ. ਇਸ ਮੌਕੇ ਕਾਮਰੇਡ ਦਰਸ਼ਨ ਸਿੰਘ ਮੱਟੂ, ਕਾਮਰੇਡ ਹਰਮੇਸ਼ ਢੇਸੀ, ਜਸਵੰਤ ਸਿੰਘ ਭੱਠਲ, ਮੱਖਣ ਸਿੰਘ ਵਾਹਦਪੁਰੀ, ਡਾ. ਹਰਵਿੰਦਰ ਬਾਠ, ਮੁਕੇਸ਼ਸ਼ ਕੁਮਾਰ, ਪ੍ਰੋ ਜਗਦੀਸ਼ ਰਾਏ, ਮਹਿੰਦਰ ਕੁਮਾਰ ਬਡੋਆਨ, ਗੁਰਨੇਕ ਭੱਜਲ, ਕੁਲਵਿੰਦਰ ਚਾਹਲ, ਕੁਲਭੂਸ਼ਨ ਮਹਿੰਦਵਾਣੀ, ਸਰੂਪ ਚੰਦ, ਗੁਰਬਖਸ਼ ਕੌਰ, ਹਰਭਜਨ ਅਟਵਾਲ, ਰਾਮ ਜੀ ਦਾਸ ਚੌਹਾਨ, ਮਹਿੰਦਰ ਪਾਲ ਸਿੱਧੂ, ਸੁਖਦੇਵ ਡਾਂਸੀਵਾਲ, ਸੰਦੀਪ ਸਿੰਘ ਸਿਕੰਦਰਪੁਰ, ਸ਼ਮਸ਼ੇਰ ਸਿੰਘ, ਤੇਜਿੰਦਰ ਸਿੰਘ ਦੇਨੋਵਾਲ, ਜੋਗਿੰਦਰ ਕੌਰ, ਬਲਦੇਵ ਰਾਜ ਸਤਨੌਰ, ਚਮਨ ਲਾਲ ਚੱਕ ਮੱਲਾ, ਪਾਲੋ ਸੁੰਨੀ, ਕਮਲੇਸ਼ ਰਾਣੀ, ਨੀਲਮ ਬੱਢੋਆਣ, ਸੁਖਵਿੰਦਰ ਸਿੰਘ ਮੋਇਲਾ, ਦਵਿੰਦਰ ਰਾਣਾ ਮਹਿਦਵਾਣੀ, ਜੀਤ ਸਿੰਘ ਬਗਵਾ,ਬਲਵੰਤ ਰਾਮ,ਸ਼ਾਮ ਸੁੰਦਰ, ਅਮਰੀਕ ਸਿੰਘ ਵਿਨੋਦ ਕੁਮਾਰ, ਇਕਬਾਲ ਸਿੰਘ, ਪਰਮਜੀਤ ਬੱਬਰ, ਸਤਨਾਮ ਸਿੰਘ ਬੋੜਾ, ਗੁਰਸੇਵਕ ਸਿੰਘ ਸਤਨੌਰ, ਡਾ ਜੋਗਿੰਦਰ ਕੁਲੇਵਾਲ ਨੇ ਲੋਕਾਂ ਨੂੰ ਕਾਰਪੋਰੇਟ ਅਤੇ ਮੋਦੀ ਦੀਆਂ ਲੋਕ ਵਿਰੋਧੀ ਨੀਤੀਆਂ ਦੇ ਖਿਲਾਫ ਰਲ ਕੇ ਸੰਘਰਸ਼ ਕਰਨ ਦਾ ਸੱਦਾ ਦਿੱਤਾ।

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਇੱਥੇ ਨਲੋਈਆਂ ਚੌਕ ਵਿੱਚ ਸੰਯੁਕਤ ਕਿਸਾਨ ਮੋਰਚੇ ਅਤੇ ਦੇਸ਼ ਦੀਆਂ ਵੱਡੀਆਂ ਟ੍ਰੇਡ ਯੂਨੀਅਨਜ਼ ਅਤੇ ਫੈਡਰੇਸ਼ਨਾਂ ਵਲੋਂ ਮੁਕੰਮਲ ਤੌਰ 'ਤੇ ਬੰਦ ਕੀਤਾ ਗਿਆ। ਧਰਨਾਕਾਰੀ ਜ਼ੋਰਦਾਰ ਆਵਾਜ਼ ਵਿੱਚ ਐਮ ਐਸ ਪੀ ਦਾ ਗਰੰਟੀ ਕਾਨੂੰਨ, ਅਜੈ ਟੈਨੀ ਮਿਸ਼ਰਾ ਡਿਪਟੀ ਹੋਮ ਮਨਿਸਟਰ ਭਾਰਤ ਨੂੰ ਤੁਰੰਤ ਕੈਬਿਨੇਟ ਵਿਚੋਂ ਬਰਖਾਸਤ ਕਰਨ ਅਤੇ ਕਿਸਾਨਾਂ ਉਪਰ ਬਣਾਏ ਗਏ ਝੂਠੇ ਕੇਸ ਵਾਪਸ ਲੈਣ ਦੀ ਮੰਗ ਕਰ ਰਹੇ ਸਨ। ਇਸ ਮੌਕੇ ਬੀ.ਕੇ. ਯੂ. (ਏਕਤਾ) ਉਗਰਾਹਾਂ ਦੇ ਜ਼ਿਲ੍ਹਾ ਪ੍ਰਧਾਨ ਸਾਥੀ ਸ਼ਿੰਗਾਰਾ ਸਿੰਘ ਮਕੀਮਪੁਰ, ਕੁੱਲ ਹਿੰਦ ਕਿਸਾਨ ਸਭਾ ਵਲੋਂ ਸਾਥੀ ਗੁਰਮੇਸ਼ ਸਿੰਘ, ਜਮਹੂਰੀ ਕਿਸਾਨ ਸਭਾ ਵੱਲੋਂ ਸਰਬਜੀਤ ਸਿੰਘ, ਜਮਹੂਰੀ ਅਧਿਕਾਰ ਸਭਾ ਵਲੋਂ ਡਾ.ਤੇਜਪਾਲ, ਬਰਦਰਜ਼ ਗਰੁੱਪ ਹੁਸ਼ਿਆਰਪੁਰ ਵੱਲੋਂ ਰਾਜਵੀਰ ਸਿੰਘ ਰਾਜਾ ਅਤੇ ਜਨਵਾਦੀ ਇਸਤਰੀ ਸਭਾ ਵਲੋਂ ਪ੍ਰੇਮਲਤਾ ਨੇ ਵਿਚਾਰ ਪੇਸ਼ ਕੀਤੇ। ਇਸ ਮੌਕੇ ਕਿਸਾਨ ਆਗੂ ਸਾਥੀ ਗੁਰਬਖਸ਼ ਸਿੰਘ ਸੂਸ, ਸਰਵਣ ਸਿੰਘ, ਕਰਨੈਲ ਸਿੰਘ, ਗੁਰਮੀਤ ਰਾਮ ਐਮ ਸੀ, ਪ੍ਰਿੰਸੀਪਲ ਪਰਮਜੀਤ ਸਿੰਘ ਕਾਲਕੱਟ, ਮਾਸਟਰ ਮਦਨ ਲਾਲ, ਰਜਿੰਦਰ ਸਿੰਘ, ਹਰਵਿੰਦਰ ਸਿੰਘ ਵਿਰਦੀ, ਅਮ੍ਰਿਤ ਰਾਏ ਸਤੌਰ, ਨਰਿੰਦਰ ਕੁਮਾਰ ਧੂੜ, ਸੁਰਿੰਦਰ ਕੌਰ, ਰਾਜ ਰਾਣੀ, ਮਲਕੀਤ ਸਿੰਘ ਸਲੇਮਪੁਰ, ਤੀਰਥ ਸਿੰਘ ਸਤੌਰ, ਰਾਜਵਿੰਦਰ ਕੌਰ, ਮਹਿੰਦਰਪਾਲ ਸਿੰਘ, ਸੰਤੋਖ ਸਿੰਘ ਅੱਬੋਵਾਲ, ਜਗਦੀਸ਼ ਸਿੰਘ ਰਾਜਾ ਮਹਿਤਪੁਰ, ਗੁਰਚਰਨ ਸਿੰਘ, ਸੁਖਦੇਵ ਸਿੰਘ ਸੁੱਖਾ ਹਾਜ਼ਰ ਸਨ।

**ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ, ਧਾਲੀਵਾਲ, ਰਾਜਵੀਰ ਸਿੰਘ)**- ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਦੇ ਵਰਕਰਾਂ ਵੱਲੋਂ ਭਾਰਤ ਬੰਦ ਦਾ ਜ਼ੋਰਦਾਰ ਸਮਰਥਨ ਕਰਦਿਆਂ ਵੱਡੀ ਗਿਣਤੀ ਵਿੱਚ ਧਰਨੇ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਯੂਨੀਅਨ ਦੀ ਬਲਾਕ ਪ੍ਰਧਾਨ ਮਨਜੀਤ ਕੌਰ ਨੇ ਮੰਗ ਕੀਤੀ ਕਿ ਆਂਗਣਵਾੜੀ ਵਰਕਰਾਂ ਨੂੰ ਪ੍ਰੀ ਨਰਸਰੀ ਟੀਚਰ ਦਾ ਦਰਜਾ ਦਿੱਤਾ ਜਾਵੇ। ਉਹਨਾਂ ਕਿਹਾ ਕਿ ਕਿ ਆਂਗਣਵਾੜੀ ਵਰਕਰਾਂ ਨੂੰ ਐਨ ਟੀ ਟੀ ਦਾ ਕੋਰਸ ਕਰਵਾ ਕੇ ਪ੍ਰੀ ਨਰਸਰੀ ਟੀਚਰ ਦਾ ਦਰਜਾ ਦਿੱਤਾ ਜਾਵੇ।


ਜਲੰਧਰ

ਇਸ ਸਮੇਂ ਯੂਨੀਅਨ ਦੀਆਂ ਆਗੂਆਂ ਨੇ ਐਸ ਡੀ ਐਮ ਨੂੰ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੇ ਨਾਂ ਮੰਗ ਪੱਤਰ ਦਿੱਤਾ ਅਤੇ ਕਿਹਾ ਕਿ ਜੇਕਰ ਅਜਿਹਾ ਨਾ ਹੋਇਆ ਤਾਂ ਜਥੇਬੰਦੀ ਸੰਘਰਸ਼ ਕਰਨ ਲਈ ਮਜਬੂਰ ਹੋਵੇਗੀ।

**ਹੁਸ਼ਿਆਰਪੁਰ, (ਬਲਵੀਰ ਸੈਣੀ, ਓ ਪੀ ਰਾਣਾ)** ਦੇਸ਼ ਦੀਆਂ ਵੱਖ-ਵੱਖ ਟਰੇਡ ਯੂਨੀਅਨਾਂ, ਮੁਲਾਜ਼ਮ ਫੈਡਰੇਸ਼ਨਾਂ, ਕਿਸਾਨ ਜਥੇਬੰਦੀਆਂ ਅਤੇ ਹੋਰ ਮਿਹਨਕਸ਼ ਲੋਕਾਂ ਵਲੋਂ ਅੱਜ ਦੇਸ਼ ਵਿਆਪੀ ਹੜਤਾਲ ਦਾ ਜੋ ਸੱਦਾ ਦਿੱਤਾ ਗਿਆ ਹੈ ਉਸ ਤਹਿਤ ਟ੍ਰੇਡ ਯੂਨੀਅਨਾਂ, ਮੁਲਾਜ਼ਮਾਂ ਅਤੇ ਪੇਨਸ਼ਨਰਾਂ ਵਲੋਂ ਸ਼ਹੀਦ ਊਧਮ ਸਿੰਘ ਪਾਰਕ ਹੁਸ਼ਿਆਰਪੁਰ ਵਿਖੇ ਬਲਾਕ ਪੱਧਰੀ ਇਕੱਤਰਤਾ ਕਰਕੇ ਸ਼ਹਿਰ ਅੰਦਰ ਮਾਰਚ ਕਰਨ ਉਪਰੰਤ ਪ੍ਰਭਾਤ ਚੌਕ ਵਿਖੇ ਜਾਮ ਲਗਾਇਆ ਗਿਆ। ਇਸ ਮੌਕੇ ਵੱਖ ਵੱਖ ਜਥੇਬੰਦੀਆਂ ਦੇ ਆਗੂਆਂ ਸਤੀਸ਼ ਰਾਣਾ, ਵਿਨੋਦ ਰਾਏ, ਪ੍ਰਵੇਸ਼ ਕੁਮਾਰ, ਓਂਕਾਰ ਸਿੰਘ, ਇੰਦਰਜੀਤ ਵਿਰਦੀ, ਗੰਗਾ ਪ੍ਰਸਾਦ, ਅਸ਼ਵਨੀ ਸ਼ਰਮ, ਜਗਦੀਸ਼ ਚੋਹਕਾਂ, ਮਨਜੀਤ ਬਾਜਵਾ, ਹਰਨਿੰਦਰ ਕੌਰ, ਤਰਨਜੀਤ ਸੇਠੀ, ਕੁਲਵੰਤ ਸੈਣੀ, ਸੇਵਾ ਸਿੰਘ, ਭਗਵਾਨ ਦਾਸ ਚੌਹਾਨ, ਲਾਰੈਂਸ ਚੌਧਰੀ ਨੇ ਸੰਬੋਧਨ ਕੀਤਾ। ਇਸ ਮੌਕੇ ਮਨਜੀਤ ਸੈਣੀ, ਰਕੇਸ਼ ਕੁਮਾਰ, ਜਸ੍ਰੀਤ ਕੌਰ, ਜਸਵਿੰਦਰ ਸਿੰਘ ਰਾਮਗੜ੍ਹ, ਅਸ਼ੋਕ ਕੁਮਾਰ ਬਿਜਲੀ ਬੋਰਡ ਆਗੂ, ਕ੍ਰਿਸ਼ਨ ਗੋਪਾਲ, ਬ੍ਰਿਜ ਬਿਹਾਰੀ, ਬਲਦੇਵ ਸਿੰਘ, ਰਜਿੰਦਰ ਕੌਰ ਚੋਹਕਾ, ਕਰਨੈਲ ਸਿੰਘ ਲਵਲੀ, ਰਾਜ ਕੁਮਾਰ, ਕੁਲ ਬਹਾਦਰ, ਮਨੋਹਰ ਸਿੰਘ ਸੈਣੀ, ਜੀਤ ਸਿੰਘ, ਪ੍ਰਦੁਮਣ ਸਿੰਘ ਖਰਾਲ, ਅਮਰੀਕ ਸਿੰਘ, ਅਜੀਤ ਸਿੰਘ ਆਦਿ ਆਗੂ ਵੀ ਹਾਜ਼ਰ ਸਨ।

**ਫਗਵਾੜਾ (ਡਾ. ਰਮਨ)**-ਕੇਂਦਰੀ ਟ੍ਰੇਡ ਯੂਨੀਅਨਾਂ, ਮੁਲਾਜ਼ਮ ਫੈਡਰੇਸ਼ਨਾਂ ਅਤੇ ਸੰਯੁਕਤ ਕਿਸਾਨ ਮੋਰਚਾ ਵਲੋਂ ਬੰਦ ਦੇ ਸਮਰਥਨ ਵਿੱਚ ਫਗਵਾੜਾ ਦੀਆਂ ਜਨਤਕ ਜਥੇਬੰਦੀਆਂ ਵਲੋਂ ਟਾਊਨ ਹਾਲ ਫਗਵਾੜਾ ਵਿਖੇ ਰੈਲੀ ਕੀਤੀ ਗਈ। ਇਸ ਸਮੇਂ ਰੈਲੀ ਨੂੰ ਤਰਕਸ਼ੀਲ ਸੁਸਾਇਟੀ ਦੇ ਜਸਵਿੰਦਰ ਸਿੰਘ, ਸੁਖਦੇਵ ਸਿੰਘ ਮਾਹੀ, ਸੁਰਿੰਦਰ ਪਾਲ, ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਫਗਵਾੜਾ ਦੇ ਕਰਨੈਲ ਸਿੰਘ ਸੰਧੂ, ਮੋਹਣ ਸਿੰਘ ਭੱਟੀ, ਕੁਲਦੀਪ ਸਿੰਘ ਕੌੜਾ, ਗੌਰਮਿੰਟ ਪੈਨਸ਼ਨਰਜ਼ ਯੂਨੀਅਨ ਫਗਵਾੜਾ ਦੇ ਹੰਸ ਰਾਜ ਬੰਗੜ, ਡੀ ਐੱਮ ਐੱਫ ਦੇ ਗੁਰਮੁਖ ਸਿੰਘ ਲੋਕ ਪ੍ਰੇਮੀ, ਆਸ਼ਾ ਵਰਕਰਜ਼ ਯੂਨੀਅਨ ਦੀ ਕੁਲਵਿੰਦਰ ਕੌਰ, ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਪਰਮਿੰਦਰ ਪਾਲ ਸਿੰਘ, ਕਾਮਰੇਡ ਪ੍ਰਵੀਨ ਕੁਮਾਰ, ਬਲਵੀਰ ਸਿੰਘ ਦੋਸਾਂਝ, ਹਰਚਰਨ ਭਾਰਤੀ, ਸੁਰਿੰਦਰ ਪਾਲ ਟੀ ਐੱਸ ਯੂ ਦੇ ਸੁਰਿੰਦਰ ਪਾਲ ਆਦਿ ਆਗੂਆਂ ਨੇ ਸੰਬੋਧਨ ਕੀਤਾ। ਇਸ ਸਮੇਂ ਹੋਰਨਾਂ ਤੋਂ ਇਲਾਵਾ ਜਗੀਰ ਸਿੰਘ, ਗੁਰਨਾਮ ਸਿੰਘ ਸੈਣੀ, ਕੁਲਵੰਤ ਸਿੰਘ ਬਾਸੀ, ਗਿਆਨ ਚੰਦ, ਹਰਭਜਨ ਲਾਲ ਕੌਲ, ਸਾਧੂ ਰਾਮ ਜੱਖੂ, ਹਰਭਜਨ ਲਾਲ, ਪ੍ਰੋਫੈਸਰ ਜਸਕਰਨ ਸਿੰਘ,ਬਲਵੀਰ ਸਿੰਘ, ਮਹਿੰਦਰ ਪਾਲ, ਰਤਨ ਸਿੰਘ ਖਲਵਾੜਾ, ਜੋਗਾ ਸਿੰਘ ਪੰਡੋਰੀ, ਮਲਕੀਤ ਸਿੰਘ, ਹਰੀ ਦੇਵ ਸ਼ਰਮਾ, ਨਰਿੰਦਰ ਸਿੰਘ, ਗਿਆਨ ਚੰਦ ਰੱਤੂ, ਬਲਵੀਰ ਸਿੰਘ ਦਿਹਾਣਾ, ਗਿਆਨ ਚੰਦ ਪ੍ਰੀਤਨਗਰ, ਭੁਪਿੰਦਰ ਸਿੰਘ ਮਾਹੀ, ਕੁਲਵਿੰਦਰ ਸਿੰਘ ਪਲਾਹੀ, ਤਰਸੇਮ ਲਾਲ, ਬਲਵਿੰਦਰ ਪ੍ਰੀਤ, ਅਵਿਨਾਸ਼, ਸੁਰਜੀਤ ਕੌਰ, ਕੁਲਵਿੰਦਰ ਕੌਰ, ਰਜਿੰਦਰ ਪਾਲ ਕੌਰ, ਸੰਦੀਪ ਕੌਰ, ਰੇਸ਼ਮ ਕੌਰ, ਹਰਜਿੰਦਰ ਸਿੰਘ, ਜਤਿੰਦਰ ਕੁਮਾਰ, ਹਰਭਜਨ ਰਾਮ ਆਦਿ ਸਾਥੀ ਸ਼ਾਮਲ ਹੋਏ।

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਸੰਯੁਕਤ ਕਿਸਾਨ ਮੋਰਚਾ ਵਲੋਂ ਸੰਭੂ ਬਾਰਡਰ ਤੇ ਕਿਸਾਨਾਂ 'ਤੇ ਹੋਏ ਲਾਠੀਚਾਰਜ, ਦੇ ਵਿਰੁੱਧ ਅਤੇ ਕਿਸਾਨੀ ਮੰਗਾਂ ਆਦਿ ਦੇ ਹੱਕ ਵਿੱਚ ਜੰਡਿਆਲਾ, ਨੂਰਮਹਿਲ ਅਤੇ ਫਿਲੌਰ ਵਿੱਚ ਜ਼ਬਰਦਸਤ ਧਰਨੇ ਦਿੱਤੇ। ਸੰਤੋਖ ਸਿੰਘ ਸੰਧੂ, ਗੁਰਨਾਮ ਸਿੰਘ ਤੱਗੜ, ਗੁਰਕਮਲ ਸਿੰਘ, ਪੇਂਡੂ ਮਜ਼ਦੂਰ ਯੂਨੀਅਨ ਜ਼ਿਲ੍ਹਾ ਪ੍ਰਧਾਨ ਹੰਸ ਰਾਜ ਪੱਬਵਾਂ, ਜਮਹੂਰੀ ਕਿਸਾਨ ਸਭਾ, ਦਿਹਾਤੀ ਮਜ਼ਦੂਰ ਸਭਾ, ਆਂਗਣਵਾੜੀ ਮੁਲਾਜ਼ਮ ਯੂਨੀਅਨ ਪੰਜਾਬ ਸੀਟੂ, ਬਲਾਕ ਫਿਲੌਰ, ਕ੍ਰਿਸ਼ਨਾ ਕੁਮਾਰੀ ਪੁਆਦੜਾ, ਕੁੱਲ ਹਿੰਦ ਕਿਸਾਨ ਸਭਾ, ਟਰੱਕ ਯੂਨੀਅਨ ਦੇ ਸਤਿੰਦਰ ਸਿੰਘ ਧੰਜੂ, ਸੰਤੋਖ ਸਿੰਘ ਬਿਲਗਾ, ਪਰਸ਼ੋਤਮ ਬਿਲਗਾ, ਗੌਰਮਿੰਟ ਟੀਚਰਜ਼ ਯੂਨੀਅਨ ਦੇ ਆਗੂ ਕਰਨੈਲ ਸਿੰਘ ਫਿਲੌਰ, ਆਦਿ ਸਾਥੀਆਂ ਨੇ ਸ਼ੰਭੂ ਬਾਰਡਰ ਤੋਂ ਕਿਸਾਨਾਂ 'ਤੇ ਕੀਤੇ ਲਾਠੀਚਾਰਜ ਅਤੇ ਗੈਸ ਦੇ ਗੋਲੇ ਦਾਗੇ ਜਾਣ 'ਤੇ ਮੋਦੀ ਸਰਕਾਰ ਦੀ ਨਿੰਦਾ ਕੀਤੀ। ਇਸ ਸਮੇਂ ਰਛਪਾਲ ਸਿੰਘ ਗਰਚਾ ਸ਼ਾਦੀਪੁਰ ਸਰਕਲ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਦੋਆਬਾ, ਹਰਦੀਪ ਸਿੰਘ ਉੱਪਲ ਮੀਤ ਪ੍ਰਧਾਨ, ਬਖਸ਼ੀ ਰਾਮ, ਬਿੱਲਾ ਭੱਲੋਵਾਲ, ਕੁਲਵਿੰਦਰ ਸਿੰਘ ਆਗੂ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ, ਬੱਬੂ ਸੁੰਨੜ ਕਲਾਂ, ਰਾਜੀਵ ਜੋਸ਼ੀ, ਬਗੀਚਾ ਸਿੰਘ ਸੁੰਨੜ, ਸਰੂਪ ਸਿੰਘ ਸਿੱਧਮ, ਪੇਂਡੂ ਮਜ਼ਦੂਰ ਯੂਨੀਅਨ ਦੇ ਆਗੂ, ਸੋਮ ਲਾਲ ਲਗਾਹ, ਰਾਮ ਲਾਲ, ਗੁਰਮੇਲ ਸਿੰਘ ਗੇਲੀ, ਜੁਗਿੰਦਰਪਾਲ, ਸੀਤਲ ਸਿੰਘ, ਨਿਰਮਲ ਸਿੰਘ ਤੱਗੜ, ਆਦਿ ਮੌਜੂਦ ਸਨ।

**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)**- ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਨੇ ਅੱਜ ਭਾਰਤ ਬੰਦ ਦਾ ਸਮਰਥਨ ਕੀਤਾ ਤੇ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਵੱਡੀ ਗਿਣਤੀ ਵਿੱਚ ਧਰਨੇ 'ਚ ਸ਼ਾਮਲ ਹੋਈਆਂ। ਇਸ ਮੌਕੇ ਯੂਨੀਅਨ ਦੀ ਬਲਾਕ ਪ੍ਰਧਾਨ/ਜ਼ਿਲ੍ਹਾ ਪ੍ਰਧਾਨ ਨੇ ਮੰਗ ਕੀਤੀ ਕਿ ਆਂਗਣਵਾੜੀ ਵਰਕਰਾਂ ਨੂੰ ਪ੍ਰੀ ਨਰਸਰੀ ਟੀਚਰ ਦਾ ਦਰਜਾ ਦਿੱਤਾ ਜਾਵੇ। ਜਥੇਬੰਦੀ ਦੀ ਮੰਗ ਹੈ ਕਿ ਪੰਜਾਬ ਸਰਕਾਰ ਆਪਣੇ ਇਸ ਫੈਸਲੇ ਤੇ ਮੁੜ ਵਿਚਾਰ ਕਰੇ ਅਤੇ ਛੋਟੇ ਬੱਚਿਆਂ ਨੂੰ ਆਂਗਣਵਾੜੀ ਸੈਂਟਰਾਂ ਵਿੱਚ ਹੀ ਰਹਿਣ ਦਿੱਤਾ ਜਾਵੇ। ਇਸ ਸਮੇਂ ਯੂਨੀਅਨ ਦੀਆਂ ਆਗੂਆਂ ਨੇ ਐਸ ਡੀ ਐਮ/ ਡਿਪਟੀ ਕਮਿਸ਼ਨਰ ਨੂੰ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੇ ਨਾਂ ਮੰਗ ਪੱਤਰ ਦਿੱਤਾ ਅਤੇ ਕਿਹਾ ਕਿ ਜੇਕਰ ਅਜਿਹਾ ਨਾ ਹੋਇਆ ਤਾਂ ਜਥੇਬੰਦੀ ਸੰਘਰਸ਼ ਕਰਨ ਲਈ ਮਜਬੂਰ ਹੋਵੇਗੀ ।

**ਨਵਾਂਸ਼ਹਿਰ (ਮਨੋਜ ਲਾਡੀ, ਕੁਲਵਿੰਦਰ ਦੁਰਗਾਪੁਰੀਆ)**-ਸੰਯੁਕਤ ਕਿਸਾਨ ਮੋਰਚਾ ਅਤੇ ਟਰੇਡ ਯੂਨੀਅਨਾਂ ਵਲੋਂ ਦਿੱਤੇ ਗਏ ਭਾਰਤ ਬੰਦ ਦੇ ਸੱਦੇ ਉੱਤੇ ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹੇ ਵਿਚ ਬੰਦ ਦਾ ਪ੍ਰਭਾਵਸ਼ਾਲੀ ਅਸਰ ਦੇਖਣ ਨੂੰ ਮਿਲਿਆ। ਇਸ ਮੌਕੇ ਕੀਤੀ ਗਈ ਰੈਲੀ ਨੂੰ ਇਫਟੂ ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ, ਸੀਟੂ ਦੇ ਸੂਬਾ ਪ੍ਰਧਾਨ ਮਹਾਂ ਸਿੰਘ ਰੌੜੀ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਸਿੰਘ ਬੈਂਸ, ਜਮਹੂਰੀ ਕਿਸਾਨ ਸਭਾ ਦੇ ਆਗੂ ਕੁਲਦੀਪ ਸਿੰਘ ਸੁੱਜੋਂ, ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਬਲਵੀਰ ਸਿੰਘ ਜਾਡਲਾ, ਦੋਆਬਾ ਕਿਸਾਨ ਯੂਨੀਅਨ ਦੇ ਪ੍ਰਧਾਨ ਕੁਲਦੀਪ ਸਿੰਘ ਬਜੀਦਪੁਰ, ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਆਗੂ ਰਣਜੀਤ ਸਿੰਘ ਰਟੈਂਡਾ, ਬੀ ਕੇ ਯੂ ਦੇ ਜ਼ਿਲ੍ਹਾ ਪ੍ਰਧਾਨ ਸੰਤੋਖ ਸਿੰਘ ਕਾਹਮਾ, ਪਰਮਿੰਦਰ ਮੇਨਕਾ ਖੇਤ ਮਜ਼ਦੂਰ ਸਭਾ, ਸਤਨਾਮ ਸਿੰਘ ਗੁਲਾਟੀ, ਇਸਤਰੀ ਜਾਗ੍ਰਿਤੀ ਮੰਚ ਦੇ ਸੂਬਾ ਪ੍ਰਧਾਨ ਗੁਰਬਖਸ਼ ਕੌਰ ਸੰਘਾ, ਆਂਗਣਵਾੜੀ ਵਰਕਰ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਲਖਵਿੰਦਰ ਕੌਰ ਅਸਮਾਨਪੁਰ, ਆਸ਼ਾ ਵਰਕਰ ਤੇ ਫੈਸਿਲੀਟੇਟਰ ਯੂਨੀਅਨ ਪੰਜਾਬ ਦੇ ਸਕੱਤਰ ਸ਼ਕੁੰਤਲਾ ਸਰੋਏ, ਕੌਮੀ ਕਿਸਾਨ ਯੂਨੀਅਨ ਦੇ ਆਗੂ ਨਿਰਮਲ ਸਿੰਘ ਔਜਲਾ ਨੇ ਸੰਬੋਧਨ ਕੀਤਾ। ਇਸ ਮੌਕੇ ਕੁਲਦੀਪ ਸਿੰਘ ਦਿਆਲ, ਅਮਰਜੀਤ ਸਿੰਘ ਬੁਰਜ, ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਕਸ਼ਮੀਰ ਸਿੰਘ ਢਿੱਲੋਂ, ਪੀ ਐਸ ਯੂ ਦੇ ਸੂਬਾ ਆਗੂ ਬਲਜੀਤ ਸਿੰਘ ਧਰਮਕੋਟ, ਪੇਂਡੂ ਮਜ਼ਦੂਰ ਯੂਨੀਅਨ ਦੇ ਆਗੂ ਕਮਲਜੀਤ ਸਨਾਵਾ, ਏਟਕ ਦੇ ਆਗੂ ਮੁਕੰਦ ਲਾਲ, ਪੰਜਾਬ ਰੋਡਵੇਜ਼ ਪੈਨਸ਼ਨਰਜ਼ ਯੂਨੀਅਨ ਦੇ ਆਗੂ ਸੁਰਿੰਦਰ ਸਿੰਘ ਸੋਇਤਾ, ਜਨਵਾਦੀ ਨੌਜਵਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਰੌੜੀ ਨੇ ਵੀ ਸੰਬੋਧਨ ਕੀਤਾ।


ਫਗਵਾੜਾ


ਨੂਰਮਹਿਲ



ਭੋਗਪੁਰ


ਨਵਾਂਸ਼ਹਿਰ


ਸ੍ਰੀ ਚਮਕੌਰ ਸਾਹਿਬ

**ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**-ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਅੱਜ ਦੇਸ਼ ਵਿਆਪੀ ਬੰਦ ਦਾ ਚਮਕੌਰ ਸਾਹਿਬ ਇਲਾਕੇ ਵਿਚ ਵੱਡਾ ਅਸਰ ਦਿਖਾਈ ਦਿੱਤਾ। ਚਮਕੌਰ ਸਾਹਿਬ ਸਮੇਤ ਕਸਬਾ ਬੇਲਾ ਅਤੇ ਬਹਿਰਾਮਪੁਰ ਬੇਟ ਦੇ ਸਮੂਹ ਬਜ਼ਾਰ ਬੰਦ ਰਹੇ । ਅਕਾਲੀ ਦਲ ਦੇ ਆਗੂ ਅਮਨਦੀਪ ਸਿੰਘ ਮਾਂਗਟ, ਕਿਸਾਨ ਆਗੂ ਤਲਵਿੰਦਰ ਸਿੰਘ ਗੱਗੋ, ਚਰਨ ਸਿੰਘ ਮੁੰਡੀਆਂ, ਪੈਨਸ਼ਨਰਜ਼ ਮਹਾਂ ਸੰਘ ਦੇ ਪ੍ਰਧਾਨ ਲੈਕਚਰਾਰ ਧਰਮਪਾਲ ਸੋਖਲ, ਕੈਪਟਨ ਹਰਪਾਲ ਸਿੰਘ ਅਤੇ ਆੜ੍ਹਤੀ ਮੇਜਰ ਸਿੰਘ ਮਾਂਗਟ ਆਦਿ ਕਿਸਾਨ ਆਗੂਆਂ ਨੇ ਸੰਬੋਧਨ ਕੀਤਾ। ਇਸ ਮੌਕੇ ਕਿਸਾਨ ਆਗੂ ਬਾਈ ਪਰਮਿੰਦਰ ਸਿੰਘ ਸੇਖੋਂ, ਭਲਵਾਨ ਗੁਰਦੀਪ ਸਿੰਘ, ਬਾਰਾ ਸਿੰਘ ਕੰਗ, ਲਛਮਣ ਸਿੰਘ, ਪਵਨ ਕੁਮਾਰ, ਕੁਲਵੰਤ ਸਿੰਘ, ਨਿਰਮਲ ਸਿੰਘ, ਤਰਸੇਮ ਲਾਲ ਅਤੇ ਸੁਰਿੰਦਰਪਾਲ ਸਿੰਘ ਆਦਿ ਹਾਜ਼ਰ ਸਨ ।

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**-ਸੰਯੁਕਤ ਕਿਸਾਨ ਮੋਰਚਾ ਵੱਲੋਂ ਅੱਜ ਖੇਤੀ ਨੂੰ ਬਚਾਉਣ ਲਈ ਅਤੇ ਪੂੰਜੀਪਤੀਆਂ ਵੱਲੋਂ ਕੀਤੀ ਜਾ ਰਹੀ ਲੁੱਟ ਦੇ ਖਿਲਾਫ ਦਿੱਤੇ ਭਾਰਤ ਬੰਦ ਦੇ ਸੱਦੇ ਨੂੰ ਸੁਲਤਾਨਪੁਰ ਲੋਧੀ ਵਿਖੇ ਭਰਵਾਂ ਹੁੰਗਾਰਾ ਮਿਲਿਆ। ਕਿਸਾਨ ਜਥੇਬੰਦੀਆਂ ਵੱਲੋਂ ਸ਼ਹੀਦ ਊਧਮ ਸਿੰਘ ਚੌਕ ਸੁਲਤਾਨਪੁਰ ਲੋਧੀ ਵਿਖੇ ਰੋਸ ਪ੍ਰਦਰਸ਼ਨ ਕਰਕੇ ਆਵਾਜਾਈ ਠੱਪ ਕੀਤੀ ਗਈ। ਉਸੇ ਦੌਰਾਨ ਸੁਲਤਾਨਪੁਰ ਲੋਧੀ ਦੀਆਂ ਮਾਰਕੀਟਾਂ ਵੀ ਸਵੇਰ ਤੋਂ ਬੰਦ ਰਹੀਆਂ। ਸੰਯੁਕਤ ਕਿਸਾਨ ਮੋਰਚਾ ਸੁਲਤਾਨਪੁਰ ਲੋਧੀ ਦੇ ਕਨਵੀਨਰ ਰਜਿੰਦਰ ਸਿੰਘ ਰਾਣਾ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਸੜਕੀ ਆਵਾਜਾਈ ਰੋਕੀ ਅਤੇ ਕੇਂਦਰ ਸਰਕਾਰ ਖਿਲਾਫ ਭਾਰੀ ਨਾਅਰੇਬਾਜ਼ੀ ਕੀਤੀ। ਇਸ ਮੌਕੇ ਮੋਰਚੇ ਦੇ ਆਗੂ ਰਜਿੰਦਰ ਸਿੰਘ ਰਾਣਾ, ਰਛਪਾਲ ਸਿੰਘ, ਮਾਸਟਰ ਚਰਨ ਸਿੰਘ ਨੇ ਸੰਬੋਧਨ ਕੀਤਾ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਧਰਮਿੰਦਰ ਸਿੰਘ ਭਾਰਤੀ ਕਿਸਾਨ ਯੂਨੀਅਨ ਡਕੌਂਦਾ, ਰਘਬੀਰ ਸਿੰਘ ਮਹਿਰਵਾਲਾ ਭਾਰਤੀ ਕਿਸਾਨ ਯੂਨੀਅਨ ਪੰਜਾਬ, ਤਰਲੋਕ ਸਿੰਘ ਭਬਿਆਣਾ ਜਰਨਲ ਸਕੱਤਰ ਕੁੱਲ ਹਿੰਦ ਕਿਸਾਨ ਸਭਾ, ਅਮਰਜੀਤ ਸਿੰਘ ਟਿੱਬਾ ਐਕਟਿੰਗ ਪ੍ਰਧਾਨ, ਮਾਸਟਰ ਚਰਨ ਸਿੰਘ ਪ੍ਰਧਾਨ ਕੁਲ ਹਿੰਦ ਕਿਸਾਨ ਸਭਾ, ਹਰਵੰਤ ਸਿੰਘ ਵੜੈਚ, ਮਹਿੰਦਰ ਸਿੰਘ ਮੋਖੇ ਨੰਬਰਦਾਰ ਯੂਨੀਅਨ, ਮੁਕੰਦ ਸਿੰਘ ਸੈਦੋਭਲਾਣਾ, ਰਘਬੀਰ ਸਿੰਘ ਮਹਿਰਵਾਲਾ ਕਿਰਤੀ ਕਿਸਾਨ ਯੂਨੀਅਨ ਪੰਜਾਬ, ਪਲਵਿੰਦਰ ਸਿੰਘ ਕਾਲਾ ਸੰਘਿਆਂ, ਪੰਜਾਬ ਕਿਸਾਨ ਯੂਨੀਅਨ ਬਾਗੀ ਗੁਰਦੀਪ ਸਿੰਘ ਭੰਡਾਲ ਪ੍ਰਧਾਨ, ਅਮਰਜੀਤ ਸਿੰਘ ਟਿੱਬਾ, ਦਿਆਲ ਸਿੰਘ ਦੀਪੇਵਾਲ, ਭਾਰਤੀ ਕਿਸਾਨ ਯੂਨੀਅਨ ਡਕੌਂਦਾ ਹਰਜਿੰਦਰ ਸਿੰਘ ਰਾਣਾ ਸੈਦੋਵਾਲ ਪ੍ਰਧਾਨ, ਭਾਰਤ ਨਿਰਮਾਣ ਮਿਸਤਰੀ ਮਜ਼ਦੂਰ ਯੂਨੀਅਨ ਕਾਮਰੇਡ ਬਲਦੇਵ ਸਿੰਘ, ਅਮਰੀਕ ਸਿੰਘ, ਨਿਰਮਲ ਸਿੰਘ, ਜੋਗਿੰਦਰ ਸਿੰਘ, ਮੁਖਤਾਰ ਸਿੰਘ, ਚਰਨਜੀਤ ਸਿੰਘ, ਹਰਜੀਤ ਸਿੰਘ, ਪੈਨਸ਼ਨ ਯੂਨੀਅਨ ਸੁਖਦੇਵ ਸਿੰਘ ਟਿੱਬਾ, ਮਾਸਟਰ ਸੁੱਚਾ ਸਿੰਘ, ਮਦਨ ਲਾਲ ਕੰਡਾ, ਪੇਂਡੂ ਮਜਦੂਰ ਯੂਨੀਅਨ ਨਿਰਮਲ ਸਿੰਘ ਸ਼ੇਰਪੁਰ ਸੱਧਾ ਆਦਿ ਹਾਜ਼ਰ ਸਨ।

**ਨੰਗਲ, (ਸੁਰਜੀਤ ਸਿੰਘ)**-ਭਾਰਤ ਬੰਦ ਦੇ ਸੱਦੇ 'ਤੇ ਨੰਗਲ ਵਿੱਚ ਅੱਜ ਵੱਖ ਵੱਖ ਯੂਨੀਅਨਾਂ ਦੇ ਆਗੂਆਂ ਨੇ ਲੋਕਾਂ ਨੂੰ ਨਾਲ ਲੈ ਕੇ ਨੈਸ਼ਨਲ ਹਾਈਵੇ ਤੇ ਚਾਰ ਘੰਟੇ ਤੱਕ ਚੱਕਾ ਜਾਮ ਰੱਖਿਆ। ਸਭ ਤੋਂ ਪਹਿਲਾਂ ਇੰਟਕ, ਸੀਟੂ, ਏਟਕ, ਕੁਲ ਹਿੰਦ ਕਿਸਾਨ ਸਭਾ, ਨੰਗਲ ਭਾਖੜਾ ਮਜ਼ਦੂਰ ਸੰਘ, ਬੀ ਬੀ ਐੱਮ ਬੀ ਡੇਲੀ ਵਰਕਰ, ਬੀ ਬੀ ਐੱਮ ਬੀ ਪੈਨਸ਼ਨਰਜ਼ ਸੰਘ, ਬੀ ਬੀ ਐੱਮ ਬੀ ਮਜ਼ਦੂਰ ਭਲਾਈ, ਬੀ ਬੀ ਐੱਮ ਬੀ ਫੀਲਡ ਇੰਪਲਾਈਜ਼, ਡੈਮੋਕਰੇਟਿਕ ਟੀਚਰਜ਼ ਯੂਨੀਅਨ, ਕੀਰਤੀ ਕਿਸਾਨ ਮੋਰਚਾ, ਭਾਰਤ ਨਿਰਮਾਣ ਮਿਸਤਰੀ ਮਜ਼ਦੂਰ ਯੂਨੀਅਨ, ਨੰਗਲ ਭਾਖੜਾ ਸਫਾਈ ਮਜ਼ਦੂਰ ਯੂਨੀਅਨ, ਨੰਗਲ ਭਾਖੜਾ ਸਫਾਈ ਮਜ਼ਦੂਰ ਯੂਨੀਅਨ (ਇੰਟਕ) ਨੇ ਸਵੇਰੇ 11 ਵਜੇ ਸਟਾਫ ਕਲੱਬ 'ਚ ਇੱਕਠ ਕੀਤਾ। ਸਾਰਾ ਚੱਕਾ ਜਾਮ ਨੰਗਲ ਥਾਣਾ ਮੁਖੀ ਰਜਨੀਸ਼ ਚੌਧਰੀ ਤੇ ਪੁਲਸ ਪਾਰਟੀ ਦੀ ਦੇਖ ਰੇਖ 'ਚ ਹੋਇਆ। ਆਲ ਇੰਡੀਆ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਸੁਰਜੀਤ ਸਿੰਘ ਢੇਰ ਨੇ ਕੇਂਦਰ ਦੀ ਮੋਦੀ ਸਰਕਾਰ ਦੀ ਤਿੱਖੇ ਸ਼ਬਦਾਂ 'ਚ ਨੁਕਤਾਚੀਨੀ ਕੀਤੀ। ਕਾਂਗਰਸੀ ਬੁਲਾਰੇ ਐਡ. ਪਰਮਜੀਤ ਸਿੰਘ ਪੰਮਾ, ਡੈਮੋਕਰੇਟਿਕ ਟੀਚਰ ਯੂਨੀਅਨ ਜ਼ਿਲ੍ਹਾ ਪ੍ਰਧਾਨ ਗਿਆਨ ਚੰਦ, ਇੰਟਕ ਦੇ ਪ੍ਰਧਾਨ ਸਤਨਾਮ ਸਿੰਘ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਸੀਨੀਅਰ ਕਾਂਗਰਸੀ ਵਰਕਰ ਪ੍ਰਦੀਪ ਸੋਨੀ, ਗੁਰਦੀਪ ਸਿੰਘ ਭਾਵਾ, ਦਵਿੰਦਰ ਨੰਗਲੀ, ਵੀਰ ਸਿੰਘ ਬੜਵਾ, ਸੁਖਦੇਵ ਸਿੰਘ, ਨਵੀਨ ਚੰਦਰ ਸ਼ਰਮਾ, ਵਿਨੋਦ ਰਾਣਾ, ਪਰਮਜੀਤ ਸਿੰਘ, ਅਸ਼ੋਕ ਘਈ, ਮਨੋਜ ਕੁਮਾਰ ਵਰਮਾ, ਪੀ ਐਸ ਯੂ ਪ੍ਰਧਾਨ ਰਣਵੀਰ ਸਿੰਘ, ਵਿਜੇ ਰਾਣਾ, ਮਹਿੰਦਰ ਸਿੰਘ ਸੰਗਤਪੁਰ, ਆਦਿ ਮੌਜੂਦ ਸਨ।

**ਬਿਲਗਾ (ਵਿਜੇ ਕੁਮਾਰ)**- ਸੰਯੁਕਤ ਕਿਸਾਨ ਮੋਰਚਾ ਟਰੇਡ ਯੂਨੀਅਨ ਭਾਰਤ ਵੱਲੋਂ ਭਾਰਤ ਬੰਦ ਦੇ ਸੱਦੇ ਦਾ ਸਮਰਥਨ ਕਰਦੇ ਹੋਏ ਨਗਰ ਬਿਲਗਾ ਵਿਖੇ ਬਜ਼ਾਰ ਪੂਰੀ ਤਰ੍ਹਾਂ ਬੰਦ ਰੱਖੇ ਗਏ, ਸਰਕਾਰੀ ਅਤੇ ਪ੍ਰਾਈਵੇਟ ਬੈਂਕਾਂ ਖੁੱਲ੍ਹੀਆਂ ਸਨ ਪ੍ਰੰਤੂ ਜੱਥੇਬੰਦੀਆਂ ਵੱਲੋਂ ਅਪੀਲ ਕਰਨ ਤੇ ਬੰਦ ਕਰ ਦਿੱਤੀਆਂ ਗਈਆਂ। ਕੇਂਦਰ ਸਰਕਾਰ ਵਲੋਂ ਲੋਕ ਮਾਰੂ ਅਤੇ ਕਾਰਪੋਰੇਟ ਪੱਖੀ ਨੀਤੀਆਂ ਬਣਾਏ ਜਾਣ ਦੇ ਵਿਰੋਧ ਵਿੱਚ ਅੱਜ ਸੰਯੁਕਤ ਕਿਸਾਨ ਮੋਰਚਾ ਕਿਸਾਨ, ਮਜ਼ਦੂਰ, ਮੁਲਾਜ਼ਮ, ਵਿਦਿਆਰਥੀ, ਅਧਿਆਪਕ, ਸਰਕਾਰੀ ਅਤੇ ਪ੍ਰਾਈਵੇਟ ਮੁਲਾਜ਼ਮ ਜਥੇਬੰਦੀਆਂ ਵੱਲੋਂ 16 ਫਰਵਰੀ ਨੂੰ ਭਾਰਤ ਬੰਦ ਦੀ ਅਪੀਲ ਕੀਤੀ ਗਈ ਸੀ ਜਿਸ ਨੂੰ ਭਰਵਾਂ ਹੁੰਗਾਰਾ ਮਿਲਿਆ।

**ਜਲੰਧਰ (ਸ਼ੈਲੀ ਐਲਬਰਟ, ਰਾਜੇਸ਼ ਥਾਪਾ)**- ਜਲੰਧਰ ਵਿੱਚ ਬੰਦ ਦਾ ਅਸਰ ਦੇਖਣ ਨੂੰ ਮਿਲਿਆ। ਜ਼ਿਆਦਾਤਰ ਬਾਜ਼ਾਰ ਲੋਕਾਂ ਵੱਲੋਂ ਬੰਦ ਰੱਖੇ। ਕਿਸਾਨਾਂ ਵੱਲੋਂ ਨੈਸ਼ਨਲ ਹਾਈਵੇਅ 'ਤੇ ਧਰਨਾ ਦਿੱਤਾ ਗਿਆ। ਕੇਂਦਰ ਸਰਕਾਰ ਖਿਲਾਫ ਵੱਖ-ਵੱਖ ਥਾਵਾਂ 'ਤੇ ਰੋਸ ਪ੍ਰਦਰਸ਼ਨ ਕੀਤੇ ਗਏ। ਇਸ ਦੇ ਨਾਲ ਹੀ ਕਾਂਗਰਸ ਨੇ ਸਾਬਕਾ ਵਿਧਾਇਕ ਤੇ ਮੰਤਰੀ ਮਨੋਰੰਜਨ ਕਾਲੀਆ ਦੇ ਘਰ ਦੇ ਬਾਹਰ ਵੀ ਧਰਨਾ ਦਿੱਤਾ। ਸ਼ਾਹਕੋਟ ਦੇ ਵਿਧਾਇਕ ਲਾਡੀ ਸ਼ੇਰੋਵਾਲੀਆ ਦੀ ਪ੍ਰਧਾਨਗੀ ਹੇਠ ਦਿੱਤੇ ਇਸ ਧਰਨੇ ਦੌਰਾਨ ਉਨ੍ਹਾਂ ਕਿਹਾ ਕਿ ਇਹ ਧਰਨਾ ਕੇਂਦਰ ਦੀਆਂ ਗਲਤ ਨੀਤੀਆਂ ਖਿਲਾਫ ਲਗਾਇਆ ਗਿਆ ਹੈ। ਦੂਜੇ ਪਾਸੇ ਪੀ ਏ ਪੀ ਫਲਾਈਓਵਰ ਨੈਸ਼ਨਲ ਹਾਈਵੇਅ 'ਤੇ ਧਰਨੇ 'ਤੇ ਮੌਜੂਦ ਕਿਸਾਨ ਆਗੂ ਨੇ ਕਿਹਾ ਕਿ ਕੇਂਦਰ ਤੇ ਹਰਿਆਣਾ ਸਰਕਾਰ ਵੱਲੋਂ ਸ਼ੰਭੂ ਸਰਹੱਦ 'ਤੇ ਕਿਸਾਨਾਂ ਨਾਲ ਜੋ ਕੁਝ ਕੀਤਾ ਜਾ ਰਿਹਾ ਹੈ, ਉਹ ਗਲਤ ਹੈ।

## ਸੰਤ ਸੀਚੇਵਾਲ ਨੇ ਸਿੰਬਲੀ ਵਿਖੇ ਚਿੱਟੀ ਵੇਈਂ 'ਚ ਪਾਣੀ ਛੱਡਣ ਲਈ ਪੁੱਟੀ ਜਾ ਰਹੀ ਡਰੇਨ ਦਾ ਲਿਆ ਜਾਇਜ਼ਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਗੜ੍ਹਸ਼ੰਕਰ ਦੇ ਪਿੰਡ ਸਿੰਬਲੀ ਵਿਖੇ ਨਹਿਰ 'ਤੇ ਬਣੇ ਰੈਗੂਲੇਟਰ ਅਤੇ 200 ਕਿਊਸਿਕ ਪਾਣੀ ਚਿੱਟੀ ਵੇਈਂ 'ਚ ਛੱਡਣ ਲਈ ਪੁੱਟੀ ਜਾ ਰਹੀ ਡਰੇਨ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਉਣ ਵਾਲੀਆਂ ਨਸਲਾਂ ਲਈ ਪਾਣੀ ਬਚਾਉਣ ਲਈ ਧਰਤੀ ਹੇਠਲੇ ਪਾਣੀ ਦੀ ਸੁਰੱਖਿਆ ਦੇ ਨਾਲ-ਨਾਲ ਸੂਬੇ ਦੀ ਬਨਸਪਤੀ ਅਤੇ ਜੰਗਲੀ ਜੀਵਾਂ ਨੂੰ ਬਚਾਉਣ ਲਈ ਵੱਡੇ ਪੱਧਰ 'ਤੇ ਮੁਹਿੰਮ ਸ਼ੁਰੂ ਕੀਤੀ ਹੈ। ਉਨ੍ਹਾਂ ਡਰੇਨ ਦਾ ਜਾਇਜ਼ਾ ਲੈਂਦੇ ਹੋਏ ਦੱਸਿਆ ਕਿ ਪਿੰਡ ਸਿੰਬਲੀ ਤੋਂ ਸ਼ੁਰੂ ਹੋ ਕੇ ਇਹ ਡਰੇਨ ਚੂਹੜਪੁਰ, ਸ਼ਹੀਦ ਭਗਤ ਸਿੰਘ ਨਗਰ, ਕੁਲਾਮ, ਲੰਗੜੋਆ ਤੋਂ ਹੁੰਦੀ ਹੋਈ ਚਿੱਟੀ ਵੇਈਂ 'ਚ ਮਿਲੇਗੀ। ਉਨ੍ਹਾਂ ਕਿਹਾ ਕਿ ਨਹਿਰ ਵਿਚੋਂ ਇਸ ਪਾਣੀ ਨੂੰ ਛੱਡਣ ਨਾਲ ਧਰਤੀ ਹੇਠਲੇ ਪਾਣੀ ਦੇ ਪੱਧਰ ਵਿਚ ਸੁਧਾਰ ਹੋਵੇਗਾ। ਸੰਤ ਬਲਬੀਰ ਸਿੰਘ ਸੀਚੇਵਾਲ ਨੇ ਚੱਲ ਰਹੇ ਕੰਮ 'ਤੇ ਤਸੱਲੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਪਿਛਲੇ ਸਾਲ ਹੜ੍ਹਾਂ ਦੌਰਾਨ ਇਹ ਸਾਰਾ ਇਲਾਕਾ ਪਾਣੀ ਵਿਚ ਘਿਰ ਗਿਆ ਸੀ ਕਿਉਂਕਿ ਪਾਣੀ ਦੀ ਨਿਕਾਸੀ ਮਹਿਜ਼ 70 ਤੋਂ 100 ਕਿਊਸਿਕ ਸੀ। ਇਸ ਕਾਰਨ ਪਾਣੀ ਬੈਕ ਮਾਰ ਗਿਆ ਅਤੇ ਕਿਸਾਨਾਂ ਦੀ ਸਾਰੀ ਫ਼ਸਲ ਪਾਣੀ ਵਿਚ ਡੁੱਬ ਕੇ ਖਰਾਬ ਹੋ ਗਈ ਸੀ। ਉਨ੍ਹਾਂ ਦੱਸਿਆ ਕਿ ਡਰੇਨੇਜ ਵਿਭਾਗ ਵੱਲੋਂ ਸ਼ੁਰੂ ਕੀਤੇ ਗਏ ਇਸ ਪ੍ਰੋਜੈਕਟ ਨਾਲ 200 ਕਿਊਸਿਕ ਪਾਣੀ ਦੀ ਨਿਕਾਸੀ ਹੋ ਸਕੇਗੀ। ਇਸ ਮੌਕੇ ਐਸ.ਈ ਗੁਰਪਿੰਦਰ ਸਿੰਘ ਸੰਧੂ, ਐਕਸੀਅਨ ਭਾਵੁਕ ਸ਼ਰਮਾ, ਐਸ.ਡੀ.ਓ ਗੁਰਜੀਤ ਸਿੰਘ ਤੋਂ ਇਲਾਵਾ ਸੰਤ ਸੀਚੇਵਾਲ ਦੇ ਨਿੱਜੀ ਸਕੱਤਰ ਪਾਲ ਸਿੰਘ ਨੌਲੀ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ।



## ਇੰਜ: ਨਰਿੰਦਰ ਬੰਗਾ ਦੇ ਪਿਤਾ ਪ੍ਰਕਾਸ਼ ਚੰਦ ਬੰਗਾ ਨੂੰ ਪ੍ਰਮੁੱਖ ਸ਼ਖਸੀਅਤਾਂ ਵੱਲੋਂ ਸਰਧਾਂਜਲੀਆਂ

**ਕਾਲਾ ਸੰਘਿਆਂ (ਮਨਜੀਤ ਮਾਨ)**

ਉੱਘੇ ਸਮਾਜ ਸੇਵਕ ਇੰਜ: ਨਰਿੰਦਰ ਬੰਗਾ ਦੂਰਦਰਸ਼ਨ ਜਲੰਧਰ ਦੇ ਸਤਿਕਾਰਯੋਗ ਪਿਤਾ ਸਵ : ਪ੍ਰਕਾਸ਼ ਚੰਦ ਨਮਿਤ ਉਹਨਾਂ ਦੇ ਗ੍ਰਹਿ ਵਿਖੇ ਸੁਖਮਨੀ ਸਾਹਿਬ ਦੇ ਭੋਗ ਉਪਰੰਤ ਅੰਤਿਮ ਅਰਦਾਸ ਅਤੇ ਸਰਧਾਂਜ਼ਲੀ ਸਮਾਗਮ ਸ੍ਰੀ ਗੁਰੂ ਰਾਮ ਰਾਏ ਪਬਲਿਕ ਸਕੂਲ ਖਾਨਪੁਰ ਦੀ ਖੁੱਲ੍ਹੀ ਗਰਾਊਂਡ ਵਿਖੇ ਹੋਇਆ ਭਰੇ ਪੰਡਾਲ 'ਚੋਂ ਦੂਰਦਰਸ਼ਨ ਕੇਂਦਰ, ਸੰਗੀਤ ਜਗਤ ਤੋਂ ਇਲਾਵਾ ਸਮਾਜਿਕ, ਧਾਰਮਿਕ ਤੇ ਰਾਜਨੀਤਕ ਖੇਤਰਾਂ ਤੋਂ ਪ੍ਰਮੁੱਖ ਸਖਸ਼ੀਅਤਾਂ ਵੱਲੋਂ ਭਾਵਭਿੰਨੀਆਂ ਸਰਧਾਂਜ਼ਲੀਆਂ ਭੇਟ ਕਰਦਿਆਂ ਹਸਮੁੱਖ ਸੁਭਾਅ ਦੇ ਮਾਲਿਕ ਤੇ ਭਜਨੀਕ ਆਤਮਾ ਸਵ: ਪ੍ਰਕਾਸ਼ ਚੰਦ ਵੱਲੋਂ ਬਿਤਾਏ ਸਾਦੇ ਜੀਵਨ ਅਤੇ ਹੋਰਾਂ ਲਈ ਬੱਚਿਆਂ ਤੇ ਪਰਵਾਰ ਦੀ ਸਹੀ ਪਾਲਣ ਪੋਸਣ ਦੀ ਪੇਸ਼ ਕੀਤੀ ਮਿਸਾਲ ਦੀ ਭਰਪੂਰ ਸ਼ਲਾਘਾ ਕੀਤੀ ਗਈ ਪੁੱਤਰਾਂ ਦਵਿੰਦਰ ਬੰਗਾ ਤੇ ਨਰਿੰਦਰ ਬੰਗਾ ਵੱਲੋਂ ਆਪਣੇ ਸਵ: ਪਿਤਾ ਪ੍ਰਕਾਸ਼ ਚੰਦ ਦੇ ਨੇਤਰ ਦਾਨ ਦੀ ਵਿਲੱਖਣ ਨਵੀਂ ਪਿਰਤ ਪਾਉਣ ਵਾਲੀ ਭਾਵਨਾਂ ਨੂੰ ਸਭ ਬੁਲਾਰਿਆਂ ਵੱਲੋਂ ਸਲਾਹਿਆ। ਸਮਾਗਮ 'ਚੋਂ ਪਦਮ ਰਾਜ ਗਾਇਕ ਅਤੇ ਮੈਂਬਰ ਪਾਰਲੀਮੈਂਟ ਹੰਸ ਰਾਜ ਹੰਸ, ਹਲਕਾ ਵਿਧਾਇਕ ਡਾਕਟਰ ਸੁਖਵਿੰਦਰ ਸੁੱਖੀ, ਚੌਧਰੀ ਮੋਹਨ ਲਾਲ ਸਾਬਕਾ ਵਿਧਾਇਕ, ਕੁਲਜੀਤ ਸਿੰਘ ਸਰਹਾਲ ਹਲਕਾ ਇੰਚਾਰਜ, ਸਾਬਕਾ ਵਿਧਾਇਕ ਚੌਧਰੀ ਤਰਲੋਚਨ ਸੂੰਡ, ਦੀਪਕ ਬਾਲੀ ਮੀਡੀਆ ਇੰਚਾਰਜ਼ ਆਮ ਆਦਮੀ ਪਾਰਟੀ, ਡੀ ਐਸ ਪੀ ਬੰਗਾ ਦਲਜੀਤ ਸਿੰਘ ਖੱਖ, ਸਾਬਕਾ ਐਸ ਐਸ ਪੀ ਕੁਲਵੰਤ ਸਿੰਘ ਹੀਰ, ਸਾਈਂ ਪੱਪਲ ਸਾਹ ਭਰੋਮਜਾਰਾ, ਸੰਤੋਸ਼ ਕੁਮਾਰੀ ਡੇਰਾ ਬਾਬਾ ਜੌੜਾ, ਬੂਟਾ ਮੁਹੰਮਦ, ਐਸ ਅਸ਼ੋਕ ਭੌਰਾ, ਜਸਵੀਰ ਸਿੰਘ ਨੂਰਪੁਰ, ਜਸਵੀਰ ਗੁਣਾਚੌਰ, ਪ੍ਰਵੀਨ ਬੰਗਾ, ਉੱਘੇ ਸਮਾਜ ਸੇਵੀ ਅਸ਼ੋਕ ਮਹਿਰਾ ਕਨਵੀਨਰ ਪੁਨਰ ਜੋਤ ਸੰਸਥਾ, ਹਰਮੇਸ਼ ਕੈਲੇ ਐਸ ਡੀ ਓ, ਐਸ ਐਮ ਓ ਨਰੰਜਣ ਪਾਲ, ਚੇਅਰਮੈਨ ਰਾਜੇਸ਼ ਬਾਹਘਾ, ਚੀਫ ਇੰਜੀਨੀਅਰ ਗੁਰਦਿਆਲ ਸਿੰਘ, ਰਵਿੰਦਰ ਸਿੰਘ ਚੋਟ ਈ ਟੀ ਓ, ਜੋਗਿੰਦਰ ਸਿੰਘ ਵਿਰਕ ਐਸ ਐਚ ਓ ਮੁਕੰਦਪੁਰ, ਸਾਬਕਾ ਐਕਸਾਈਜ ਕਮਿਸਨਰ ਸ਼ਿੰਗਾਰਾ ਸਿੰਘ, ਹਰੀਸ਼ ਸੱਦੀ, ਸਵਾਮੀ ਵਿਨੈ ਮੁਨੀ ਮਹਾਰਾਜ ਜੰਮੂ, ਸੰਤ ਕੇਸਵ ਦਾਸ ਜੰਡੂਸਿੰਘਾ, ਪ੍ਰਿੰਸੀਪਲ ਰੰਜਨ ਕੋਠਾਰੀ, ਪ੍ਰਿੰਸੀਪਲ ਜੀਤ ਪਾਲ ਰਾਣਾ, ਗਾਇਕ ਦਲਵਿੰਦਰ ਦਿਆਲਪੁਰੀ, ਕਮਲ ਕਟਾਣੀਆਂ ਦਲਜੀਤ ਅਜਨੋਹਾ, ਸੁਰਜੀਤ ਮਾਹੀ, ਟੀ ਕੇ ਅੱਗਰਵਾਲ, ਜਗਜੀਤ ਸਿੰਘ, ਵਿਜੇ ਸ਼ਰਮਾ, ਅਜਮੇਰ ਸਿੰਘ ਸਹੋਤਾ, ਜਗਜੀਤ ਸਿੰਘ, ਗੁਰਭਾਈ ਸਿਕੰਦਰ ਸਿੰਘ, ਅਵਤਾਰ ਸਿੰਘ, ਰਾਮਪਾਲ ਸੈਣੀ, ਵੱਡੀ ਗਿਣਤੀ ਵਿੱਚ ਰਿਸ਼ਤੇਦਾਰ, ਸੱਜਣ ਮਿੱਤਰ, ਪ੍ਰਸੰਸਕਾਂ ਤੋਂ ਇਲਾਵਾ ਵੱਖ ਵੱਖ ਖੇਤਰਾਂ ਦੀਆਂ ਹੋਰ ਪ੍ਰਮੁੱਖ ਸਖਸ਼ੀਅਤਾਂ ਵੀ ਮੌਜੂਦ ਸਨ। ਸਮਾਗਮ ਦੀ ਸਮੁੱਚੀ ਕਾਰਵਾਈ ਦੇਸ ਰਾਜ ਬੰਗਾ ਵੱਲੋਂ ਬਾਖੂਬੀ ਨਿਭਾਈ।



## ਆਪ ਦੀ ਸਰਕਾਰ ਆਪ ਦੇ ਦੁਆਰ ਤਹਿਤ ਓਇੰਦ ਵਿਖੇ ਕੈਂਪ ਲਗਾਇਆ

**ਮੋਰਿੰਡਾ (ਜੈਜ਼ੀ ਸਰਦਾਰ)**

ਪੰਜਾਬ ਸਰਕਾਰ ਦੀਆ ਹਦਾਇਤਾਂ ਅਨੁਸਾਰ ਬਲਾਕ ਮੋਰਿੰਡਾ ਆਪ ਦੀ ਸਰਕਾਰ ਆਪ ਦੇ ਦੁਆਰ ਤਹਿਤ ਪਿੰਡ ਓਇੰਦ ਵਿਖੇ ਕੈਂਪ ਲਗਾਇਆ ਗਿਆ, ਜਿਸ ਵਿੱਚ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨੇ ਲੋਕਾਂ ਨੂੰ ਸਹੂਲਤਾਂ ਦੇਣ ਲਈ ਫਾਰਮ ਭਰੇ ਅਤੇ ਉਨ੍ਹਾਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਪਹਿਲ ਦੇ ਆਧਾਰ 'ਤੇ ਹੱਲ ਕਰਵਾਇਆ। ਰਾਜਿੰਦਰਪਾਲ ਕੌਰ ਸੀ ਡੀ ਪੀ ਓ ਮੋਰਿੰਡਾ, ਸਿੱਖਿਆ ਵਿਭਾਗ ਜਸਵਿੰਦਰ ਸਿੰਘ,ਅਮਨਦੀਪ ਸਿੰਘ ਇੰਚਾਰਜ ਸੇਵਾ ਕੇਂਦਰ ਮੋਰਿੰਡਾ ,ਬਹਾਦਰ ਸਿੰਘ ਸੈਕਟਰੀ, ਕੁਲਦੀਪ ਕੌਰ,ਬੇਅੰਤ ਸਿੰਘ ਸਿਹਤ ਵਿਭਾਗ, ਗਗਨਦੀਪ ਸਿੰਘ ਪਟਵਾਰੀ,ਹਰਜਿੰਦਰ ਸਿੰਘ ਕੁਲਰਾਜ ਸਿੰਘ ਵਣ ਵਿਭਾਗ,ਕੁਲਵੀਰ ਸਿੰਘ ਸਹਿਕਾਰਤਾ ਵਿਭਾਗ,ਸਤਨਾਮ ਸਿੰਘ ਖੁਰਾਕ ਸਪਲਾਈ ਵਿਭਾਗ,ਗੁਰਿੰਦਰ ਸਿੰਘ ਪੰਜਾਬ ਰੋਡਵੇਜ,ਮਨਪ੍ਰੀਤ ਸਿੰਘ ਰੋਜ਼ਗਾਰ ਵਿਭਾਗ ਰੋਪੜ, ਜਤਿੰਦਰ ਸਿੰਘ ਮਾਸਟਰ, ਹਰਕੀਤ ਸਿੰਘ ਲੋਕ ਨਿਰਮਾਣ ਵਿਭਾਗ, ਜਗਜੀਤ ਸਿੰਘ ਜਲ ਸਪਲਾਈ ਵਿਭਾਗ, ਹਰਪ੍ਰੀਤ ਕੌਰ ਬੀ ਐਲ ਓ,ਹਰਸ਼ਦੀਪ ਕੌਰ ਆਂਗਣਵਾੜੀ ਵਰਕਰ ਆਦਿ ਤੋ ਇਲਾਵਾ ਹੋਰ ਵੀ ਕਈ ਮਹਿਕਮੇ ਪਹੁੰਚੇ ਹੋਏ ਸਨ। ਇਸ ਕੈਂਪ ਵਿੱਚ ਪਿੰਡ ਓਇੰਦ ਦੇ ਮੋਹਤਵਰ ਵਿਅਕਤੀ ਨੰਬਰਦਾਰ ਮੇਜਰ ਸਿੰਘ,ਪ੍ਰਿਤਪਾਲ ਸਿੰਘ ਸਰਪੰਚ,ਕੁਲਦੀਪ ਸਿੰਘ ਓਇੰਦ ਨੰਬਰਦਾਰ, ਬਹਾਦਰ ਸਿੰਘ ਨੰਬਰਦਾਰ,ਸੁਰਮੁੱਖ ਸਿੰਘ ਬਾਬਾ, ਗੁਰਜਿੰਦਰ ਸਿੰਘ ਸੋਨੀ, ਕਾਲਾ ਮਿਸਤਰੀ ਆਦਿ ਹਾਜ਼ਰ ਸਨ।



## ਸੰਤ ਯਸ਼ਪਾਲ ਭੀਲ ਨੂੰ ਸਦਮਾ, ਪਿਤਾ ਦਾ ਦੇਹਾਂਤ

**ਕਪੂਰਥਲਾ, (ਪ੍ਰੀਤ ਸੰਗੋਜਲਾ)**-ਸੰਤ ਯਸ਼ਪਾਲ ਭੀਲ ਜੀ ਨੂੰ ਉਸ ਵਕਤ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਸਤਿਕਾਰਯੋਗ ਪਿਤਾ ਜੀ ਸ੍ਰੀ ਵੀਰੇਂਦੂ ਗਿਆਨ ਚੰਦ ਜੀ ਦਾ ਅਚਾਨਕ ਦੇਹਾਂਤ ਹੋ ਗਿਆ। ਪਰਵਾਰ ਨੂੰ ਅਤੇ ਰਿਸ਼ਤੇਦਾਰਾਂ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਪਰਵਾਰਕ ਮੈਂਬਰਾਂ ਅਨੁਸਾਰ ਸ੍ਰੀ ਵੀਰੇਂਦੂ ਗਿਆਨ ਚੰਦ ਦਾ ਨਮਿਤ ਅੰਤਿਮ ਅਰਦਾਸ ਅਤੇ ਪਾਵਨ ਯੋਗ ਵਸਿਸਟ ਦੇ ਭੋਗ 19 ਫਰਵਰੀ ਨੂੰ ਉਨ੍ਹਾਂ ਦੇ ਜੱਦੀ ਪਿੰਡ ਬੰਬੀਆਵਾਲ ਜ਼ਿਲ੍ਹਾ ਜਲੰਧਰ ਵਿਖੇ ਪਾਏ ਜਾਣਗੇ। ਇਸ ਮੌਕੇ ਜਨਰਲਿਸਟ ਪ੍ਰੈਸ ਕਲੱਬ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਮਾਨ, ਪ੍ਰੀਤ ਸੰਗੋਜਲਾ ਜ਼ਿਲ੍ਹਾ ਪ੍ਰਧਾਨ ਕਪੂਰਥਲਾ, ਜੇ ਐਸ ਸੰਧੂ ਸੂਬਾ ਸਰਪ੍ਰਸਤ, ਰਾਕੇਸ਼ ਖੰਨਾ ਸੂਬਾ ਚੇਅਰਮੈਨ, ਪ੍ਰਿਤਪਾਲ ਸਿੰਘ ਸੂਬਾ ਕੋਆਰਡੀਨੇਟਰ, ਜ਼ਿਲ੍ਹਾ ਚੈਅਰਮੈਨ ਜੋਗਿੰਦਰ ਸਿੰਘ ਜਾਤੀਕੇ, ਜਨਰਲ ਸਕੱਤਰ ਸੁਖਵਿੰਦਰ ਸੋਹੀ, ਤਰਲੋਚਨ ਸਿੰਘ ਚਾਹਲ ਸੂਬਾ ਸਲਾਹਕਾਰ, ਪੱਤਰਕਾਰ ਬਰਿੰਦਰ ਚਾਨਾ, ਪੱਤਰਕਾਰ ਗੌਰਵ ਮੜੀਆਂ, ਸੁਰਜੀਤ ਸਿੰਘ ਗੋਰਾ, ਪੱਤਰਕਾਰ ਰਾਜਿੰਦਰ ਸਰਮਾ, ਪੱਤਰਕਾਰ ਹਰਪ੍ਰੀਤ ਮੱਟੂ, ਪੱਤਰਕਾਰ ਸੁਰਿੰਦਰ ਸਭਰਵਾਲ, ਸੁਖਬੀਰ ਸਿੰਘ ਸੰਧੂ ਪੀ ਏ ਰਾਣਾ ਗੁਰਜੀਤ ਸਿੰਘ ਐਮ ਐਲ ਏ ਕਪੂਰਥਲਾ, ਮਨਜੀਤ ਸਿੰਘ ਸੰਗੋਜਲਾ ਸ ਸਰਪੰਚ ਸੰਗੋਜਲਾ, ਬਲਾਕ ਸੰਮਤੀ ਮੈਂਬਰ ਬੱਬੂ ਖੈੜਾ, ਹਰਸ਼ਦੀਪ ਸਿੰਘ ਟਾਂਡੀ, ਵਰਿੰਦਰ ਸਿੰਘ, ਐਡਵੋਕੇਟ ਦਰਸ਼ਨ ਸਿੰਘ, ਐਡਵੋਕੇਟ ਜਸਪ੍ਰੀਤ ਸਿੰਘ, ਐਡਵੋਕੇਟ ਪਵਨ ਕਾਲੀਆ ਅਤੇ ਨਗਰ ਨਿਵਾਸੀ ਅਤੇ ਇਲਾਕਾ ਨਿਵਾਸੀਆਂ ਨੇ ਸੰਤ ਯਸ਼ਪਾਲ ਭੀਲ ਤੇ ਸਮੂਹ ਪਰਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।



# ਡਰਾ ਧਮਕਾ ਕੇ ਲੱਖਾਂ ਰੁਪਏ ਦੀ ਮੰਗ ਕਰਨ ਵਾਲੇ ਤਿੰਨ ਨੌਜਵਾਨਾਂ ਸਮੇਤ ਦੋ ਔਰਤਾਂ ਗ੍ਰਿਫ਼ਤਾਰ



**ਸ਼੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**

ਚਮਕੌਰ ਸਾਹਿਬ ਪੁਲਸ ਵੱਲੋਂ ਡਰਾ ਧਮਕਾ ਕੇ ਲੱਖਾਂ ਰੁਪਏ ਦੀ ਮੰਗ ਕਰਨ ਵਾਲੇ ਤਿੰਨ ਨੌਜਵਾਨਾਂ ਸਮੇਤ ਦੋ ਔਰਤਾਂ ਨੂੰ ਗ੍ਰਿਫਤਾਰ ਕਰਕੇ ਕੇਸ ਦਰਜ ਕੀਤਾ ਹੈ। ਥਾਣਾ ਮੁਖੀ ਕਮਲ ਤਨੇਜਾ ਨੇ ਦੱਸਿਆ ਕਿ ਇਹ ਕੇਸ ਨਾਜਰ ਸਿੰਘ ਪੁੱਤਰ ਬਾਰਾ ਸਿੰਘ ਪਿੰਡ ਅਟਾਰੀ ਦੇ ਬਿਆਨਾਂ ਦੇ ਆਧਾਰ ਸ਼ਤੀਸ ਨਾਇਨ ਵਾਸੀ ਐਲ ਡੀ ਕੇ ਕਾਊਂਟੀ ( ਸੋਨੀਪਤ ), ਪਰਮਪਰੀਤ ਸੰਧੂ ਪਤਨੀ ਸੁਖਪਾਲ ਸੰਧੂ ਵਾਸੀ ਚੰਡੀਗੜ੍ਹ , ਹਰਸ਼ਦੀਪ ਕੌਰ ਵਾਸੀ ਐਲ ਡੀ ਕੇ ਕਾਊਂਟੀ ( ਸੋਨੀਪਤ ) , ਮਨੋਜ ਵਾਸੀ ਕਾਮੀ ( ਸੋਨੀਪਤ ) ਅਤੇ ਜਤਿੰਦਰ ਸਿੰਘ ਵਾਸੀ ਰਾਮ ਨਗਰ ( ਸੋਨੀਪਤ ) ਵਿਰੁੱਧ ਕੇਸ ਦਰਜ ਕਰਕੇ ਉਨ੍ਹਾਂ ਗ੍ਰਿਫਤਾਰ ਕਰ ਲਿਆ ਹੈ । ਉਨ੍ਹਾਂ ਦੱਸਿਆ ਕਿ ਨਾਜਰ ਸਿੰਘ ਨੇ ਆਪਣੇ ਬਿਆਨਾਂ ਵਿੱਚ ਕਿਹਾ ਕਿ ਉਸ ਦਾ 25 ਸਾਲਾਂ ਦਾ ਪੁੱਤਰ ਜੋ ਕਿ ਕਰੀਬ ਡੇਢ ਸਾਲ ਤੋਂ ਕੈਨੇਡਾ ਵਿੱਚ ਰਹਿ ਰਿਹਾ ਹੈ ਪਰ ਕੁੱਝ ਦਿਨ ਪਹਿਲਾਂ ਤਿੰਨ ਨੌਜਵਾਨ ਅਤੇ ਇਕ ਲੜਕੀ ਜਿਨ੍ਹਾਂ ਨੂੰ ਉਹ ਪਹਿਲਾਂ ਨਹੀਂ ਜਾਣਦਾ ਸੀ, ਉਨ੍ਹਾਂ ਦੇ ਘਰ ਆਏ ਅਤੇ ਉਨ੍ਹਾਂ ਨੂੰ ਕਹਿਣ ਲੱਗੇ ਕਿ ਤੁਹਾਡੇ ਪੁੱਤਰ ਦੇ ਇਸ ਲੜਕੀ ਨਾਲ ਵਿਦੇਸ਼ ਵਿੱਚ ਨਜਾਇਜ਼ ਸਬੰਧ ਸਨ, ਜਿਸ ਕਰਕੇ ਚਾਰ ਮਹੀਨਿਆਂ ਦੀ ਗਰਭਵਤੀ ਹੈ । ਇਸ ਲਈ ਉਹ 35 ਲੱਖ ਰੁਪਏ ਦੇਣ ਨਹੀਂ ਤਾਂ ਉਨ੍ਹਾਂ ਦੇ ਪੁੱਤਰ ਵਿਰੁੱਧ ਕੇਸ ਦਰਜ ਕਰਵਾ ਕੇ ਉਸ ਡੀਪੋਰਟ ਕਰਵਾਇਆ ਜਾਵੇਗਾ । ਉਹ ਡਰਨ ਕਾਰਨ ਆਪਣੇ ਰਿਸ਼ਤੇਦਾਰਾਂ ਨੂੰ ਨਾਲ ਲੈ ਕੇ ਉਨ੍ਹਾਂ ਦੇ ਦੱਸੇ ਪਤੇ 'ਤੇ ਹਰਿਆਣਾ ਦੇ ਕਰਨਾਲ ਹਵੇਲੀ ਗਏ, ਜਿੱਥੇ ਮੁਲਜ਼ਮਾਂ ਵੱਲੋਂ ਉਨ੍ਹਾਂ ਨੂੰ ਡਰਾਇਆ ਧਮਕਾਇਆ ਗਿਆ ਅਤੇ 35 ਲੱਖ ਰੁਪਏ ਦੀ ਮੰਗ ਕੀਤੀ । ਉਨ੍ਹਾਂ ਅੱਗੇ ਦੱਸਿਆ ਕਿ ਸਤੀਸ਼ ਨਾਇਨ ਨੇ ਵਾਰ ਵਾਰ ਫੋਨ ਕਰਕੇ ਪੈਸ਼ਿਆ ਦੀ ਮੰਗ ਕੀਤੀ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ । ਇਸ ਤੋਂ ਬਾਅਦ ਮੁਲਜ਼ਮਾਂ ਨੇ ਪੈਸਿਆਂ ਦਾ ਪ੍ਰਬੰਧ ਹੋਣ 'ਤੇ ਹਰਿਆਣਾ ਵਿੱਚ ਦੇਣ ਲਈ ਕਿਹਾ, ਜਦੋਂ ਉਨ੍ਹਾਂ ਕਿਸਾਨਾਂ ਦੇ ਧਰਨੇ ਲੱਗਣ ਸਬੰਧੀ ਦੱਸਿਆ ਅਤੇ ਪੈਸੇ ਚਮਕੌਰ ਸਾਹਿਬ ਵਿਖੇ ਆ ਕੇ ਲੈਣ ਲਈ ਕਿਹਾ ਤਾਂ ਪੰਜੇ ਮੁਲਜਮ, ਜਿਨ੍ਹਾਂ ਵਿੱਚ ਤਿੰਨ ਨੌਜਵਾਨ ਅਤੇ ਦੋ ਔਰਤਾਂ ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਆ ਗਏ ਅਤੇ ਰਿਵਾਲਵਰ ਕੱਢ ਕੇ ਜਲਦੀ ਪੈਸੇ ਦੇਣ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਦੇਣ ਲੱਗੇ । ਉੱਚੀ ਉੱਚੀ ਰੌਲਾ ਪੈਣ 'ਤੇ ਲੋਕਾਂ ਨੇ ਉਕਤ ਪੰਜਾਂ ਮੁਲਜਮਾਂ ਨੂੰ ਫੜ ਕੇ ਪੁਲਸ ਦੇ ਹਵਾਲੇ ਕਰ ਦਿੱਤਾ ।ਪੁਲਸ ਨੇ ਇਨ੍ਹਾਂ ਨੂੰ ਗ੍ਰਿਫਤਾਰ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਨਜਾਇਜ਼ ਪਿਸਤੌਲ ਤੇ ਕਾਰਤੂਸ ਸਮੇਤ ਗ੍ਰਿਫ਼ਤਾਰ



**ਜਲੰਧਰ, (ਸ਼ੈਲੀ ਐਲਬਰਟ)**

ਪੁਲਸ ਨੇ ਇੱਕ ਵਿਅਕਤੀ ਨੂੰ ਨਜਾਇਜ਼ ਪਿਸਤੌਲ ਅਤੇ ਕਾਰਤੂਸ ਸਮੇਤ ਕਾਬੂ ਕੀਤਾ ਹੈ।ਪੁਲਸ ਕਮਿਸ਼ਨਰ ਨੇ ਦੱਸਿਆ ਕਿ ਬਸਤੀ ਪੁਲੀ ਨੇਹਰ ਵਿਖੇ ਚੈਕਿੰਗ ਦੌਰਾਨ ਪੁਲਸ ਨੂੰ ਇੱਕ ਨੌਜਵਾਨ ਦੇ ਵਤੀਰੇ 'ਤੇ ਸ਼ੱਕ ਹੋਇਆ।ਉਕਤ ਨੌਜਵਾਨ ਦੀ ਚੈਕਿੰਗ ਦੌਰਾਨ ਉਸ ਦੇ ਕਬਜ਼ੇ 'ਚੋਂ 32 ਬੋਰ ਦਾ ਇੱਕ ਨਜਾਇਜ਼ ਪਿਸਤੌਲ ਸਮੇਤ ਚਾਰ ਕਾਰਤੂਸ ਬਰਾਮਦ ਹੋਏ। ਨੌਜਵਾਨ ਦੀ ਪਛਾਣ ਪਰਦੀਪ ਕੁਮਾਰ ਸ਼ਰਮਾ ਪੁੱਤਰ ਪਰਸ਼ੋਤਮ ਚੰਦ ਸ਼ਰਮਾ ਵਾਸੀ ਮੁਹੱਲਾ ਰਤਨ ਨਗਰ ਜਲੰਧਰ ਵਜੋਂ ਹੋਈ ਹੈ।ਉਸ ਖਿਲਾਫ ਥਾਣਾ ਬਸਤੀ ਬਾਵਾ ਖੇਲ ਜਲੰਧਰ ਵਿਖੇ ਐਫ.ਆਈ.ਆਰ 32 ਮਿਤੀ 13-02-2024 ਅਧੀਨ 25-54-59 ਅਸਲਾ ਐਕਟ ਦਰਜ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਜਾਂਚ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਪਰਦੀਪ ਨੇ ਨਿੱਜੀ ਰੰਜਿਸ਼ ਕਾਰਨ ਇਹ ਪਿਸਤੌਲ ਗੈਰ-ਕਾਨੂੰਨੀ ਢੰਗ ਨਾਲ ਹਾਸਲ ਕੀਤਾ ਸੀ।ਅਜੇ ਤੱਕ ਮੁਲਜ਼ਮ ਦਾ ਕੋਈ ਵੀ ਅਪਰਾਧਿਕ ਰਿਕਾਰਡ ਨਹੀਂ ਮਿਲਿਆ ਹੈ ਪਰ ਮਾਮਲੇ ਦੀ ਅਗਲੇਰੀ ਜਾਂਚ ਕੀਤੀ ਜਾ ਰਹੀ ਹੈ।

# ਜਲ ਸਰੋਤ ਮੰਤਰੀ ਵੱਲੋਂ ਕਿਸਾਨਾਂ ਵਿਰੁੱਧ ਦਮਨਕਾਰੀ ਕਾਰਵਾਈਆਂ ਦੀ ਸਖਤ ਨਿਖੇਧੀ

**ਚੰਡੀਗੜ੍ਹ, (ਗੁਰਜੀਤ ਬਿੱਲਾ)**

ਖਨੌਰੀ ਅਤੇ ਸੰਭੂ ਸਰਹੱਦ 'ਤੇ ਹਰਿਆਣਾ ਪੁਲਸ ਵੱਲੋਂ ਕਿਸਾਨਾਂ 'ਤੇ ਕੀਤੇ ਗਏ ਤਸ਼ੱਦਦ ਦਾ ਸਖਤ ਨੋਟਿਸ ਲੈਂਦਿਆਂ ਪੰਜਾਬ ਦੇ ਜਲ ਸਰੋਤ ਅਤੇ ਭੂਮੀ ਤੇ ਜਲ ਸੰਭਾਲ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਇਸ ਕਾਰੇ ਨਾਲ ਭਾਜਪਾ ਸਰਕਾਰਾਂ ਦੀ ਜਮਹੂਰੀਅਤ ਵਿਰੋਧੀ ਅਤੇ ਤਾਨਾਸ਼ਾਹੀ ਮਾਨਸਿਕਤਾ ਦਾ ਘਿਨੌਣਾ ਚਿਹਰਾ ਸਾਹਮਣੇ ਆ ਗਿਆ ਹੈ, ਜੋ ਕਿਸਾਨਾਂ ਦੀ ਆਵਾਜ ਨੂੰ ਦਬਾਉਣ ਲਈ ਇੰਨੀ ਹੱਦ ਤੱਕ ਡਿੱਗ ਗਈ ਹੈ। ਕੈਬਨਿਟ ਮੰਤਰੀ ਨੇ ਕਿਸਾਨਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਵਿੱਚ ਨਾਕਾਮ ਰਹਿਣ ਲਈ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀ ਸਖਤ ਨਿਖੇਧੀ ਕੀਤੀ। ਉਨ੍ਹਾਂ ਕਿਹਾ ਕਿ ਇਹ ਸਰਕਾਰ ਕਿਸਾਨੀ ਭਾਈਚਾਰੇ ਦੀਆਂ ਜਾਇਜ਼ ਮੰਗਾਂ ਨੂੰ ਨਜ਼ਰਅੰਦਾਜ਼ ਕਰਕੇ, ਉਲਟਾ ਵੱਡੇ ਉਦਯੋਗਪਤੀਆਂ ਨੂੰ ਕਰੋੜਾਂ ਰੁਪਏ ਦੀਆਂ ਵੱਡੀਆਂ ਰਾਹਤਾਂ ਅਤੇ ਛੋਟਾਂ ਦੇਣ ਵਿੱਚ ਰੁੱਝੀ ਹੋਈ ਹੈ। ਉਨ੍ਹਾਂ ਕਿਹਾ ਕਿ ਕਿਸਾਨ ਦੇਸ ਦੀ ਰੀੜ੍ਹ ਦੀ ਹੱਡੀ ਹਨ ਅਤੇ ਕੇਂਦਰ ਸਰਕਾਰ ਤੋਂ ਸਨਮਾਨਜਨਕ ਰਵੱਈਏ ਦੇ ਹੱਕਦਾਰ ਹਨ। ਉਨ੍ਹਾਂ ਨੇ ਹਾਲਾਤ ਵਿਗੜਨ 'ਤੇ ਨਿਰਾਸਾ ਜਾਹਰ ਕਰਦਿਆਂ ਕਿਹਾ ਕਿ ਇਹ ਮਾਰੂ ਕਾਰਵਾਈਆਂ ਮੋਦੀ ਸਰਕਾਰ ਦੇ ਕਿਸਾਨਾਂ ਦਾ ਸਾਹਮਣਾ ਕਰਨ ਤੋਂ ਡਰ ਨੂੰ ਜੱਗ-ਜਾਹਰ ਕਰਦੀਆਂ ਹਨ। ਮੀਡੀਆ ਨੂੰ ਜਖਮੀ ਕਿਸਾਨਾਂ ਦੀਆਂ ਤਸਵੀਰਾਂ ਜਾਰੀ ਕਰਦਿਆਂ ਕੈਬਨਿਟ ਮੰਤਰੀ ਨੇ ਕਿਸਾਨਾਂ ਵਿਰੁੱਧ ਅੱਥਰੂ ਗੈਸ ਅਤੇ ਪੈਲੇਟ ਗੰਨਾਂ ਦੀ ਵਰਤੋਂ, ਸੜਕਾਂ 'ਤੇ ਬੈਰੀਕੇਡ ਲਗਾਉਣ ਅਤੇ ਕੌਮੀ ਰਾਜਧਾਨੀ ਦੀ ਕਿਲ੍ਹਾਬੰਦੀ ਕਰਨ ਦੀ ਸਖਤ ਆਲੋਚਨਾ ਕੀਤੀ। ਭਾਜਪਾ ਦੀ ਅਗਵਾਈ ਵਾਲੀ ਹਰਿਆਣਾ ਸਰਕਾਰ 'ਤੇ ਵਰ੍ਹਦਿਆਂ ਕੈਬਨਿਟ ਮੰਤਰੀ ਨੇ ਕਿਸਾਨਾਂ ਨੂੰ ਉਨ੍ਹਾਂ ਦੇ ਸਾਂਤਮਈ ਮਾਰਚ ਤੋਂ ਰੋਕਣ ਲਈ ਪੁਲਿਸ ਦੀ ਵਰਤੋਂ ਕਰਨ ਦੀ ਨਿੰਦਾ ਕੀਤੀ। ਉਨ੍ਹਾਂ ਇਸ ਨੂੰ ਨਿਰਾਦਰ ਭਰਿਆ ਅਤੇ ਗੈਰ-ਜਮਹੂਰੀ ਕਾਰਵਾਈ ਕਰਾਰ ਦਿੰਦਿਆਂ ਕੇਂਦਰ ਸਰਕਾਰ ਨੂੰ ਕਿਸਾਨਾਂ ਦੇ ਮੁੱਦਿਆਂ ਦਾ ਤੁਰੰਤ ਹੱਲ ਕਰਨ ਅਤੇ ਕੀਤੇ ਵਾਅਦੇ ਮੁਤਾਬਕ ਸੁਧਾਰਾਂ ਨੂੰ ਲਾਗੂ ਕਰਨ ਅਤੇ ਦੇਸ ਦੀ ਖੁਰਾਕ ਸੁਰੱਖਿਆ ਤੇ ਪੇਂਡੂ ਖੇਤਰਾਂ ਦੀ ਖੁਸਹਾਲੀ ਲਈ ਕਿਸਾਨਾਂ ਦੀ ਭਲਾਈ ਨੂੰ ਤਰਜੀਹ ਦੇਣ ਦੀ ਅਪੀਲ ਕੀਤੀ। ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਅਤੇ ਖੱਟਰ ਦੀ ਅਗਵਾਈ ਵਾਲੀ ਹਰਿਆਣਾ ਸਰਕਾਰ ਨੂੰ ਕਿਸਾਨਾਂ ਨਾਲ ਮਤਰੇਈ ਮਾਂ ਵਾਲਾ ਸਲੂਕ ਬੰਦ ਕਰਨ ਅਤੇ ਦੇਸ ਦੀ ਤਰੱਕੀ ਵਿੱਚ "ਅੰਨਦਾਤਾ" ਦੀ ਅਹਿਮ ਭੂਮਿਕਾ ਨੂੰ ਪਛਾਣਨ ਦੀ ਅਪੀਲ ਕਰਦਿਆਂ ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਭਾਜਪਾ ਸਰਕਾਰਾਂ ਨੇ ਕਿਸਾਨਾਂ ਨਾਲ ਕੀਤੇ ਆਪਣੇ ਵਾਅਦਿਆਂ ਨੂੰ ਭੁੱਲਾ ਦਿੱਤਾ ਹੈ ਅਤੇ ਉਨ੍ਹਾਂ ਨੂੰ ਵੱਡੀਆਂ ਚੁਣੌਤੀਆਂ ਨਾਲ ਜੂਝਣ ਲਈ ਛੱਡ ਦਿੱਤਾ ਹੈ, ਜੋ ਸਵੀਕਾਰ ਨਹੀਂ ਕੀਤਾ ਜਾ ਸਕਦਾ।

# ਡਾ.ਚਮਨ ਲਾਲ ਐਜੂਕੇਸ਼ਨਲ ਸੈਂਟਰ ਦਾ ਪ੍ਰਵਾਸੀ ਭਾਰਤੀਆਂ ਨੇ ਲਿਆ ਜਾਇਜ਼ਾ

**ਬਹਿਰਾਮ (ਅਵਤਾਰ ਕਲੇਰ)**

ਡਾ. ਅੰਬੇਡਕਰ ਬੁਧਿਸਟ ਰਿਸੋਰਸ ਸੈਂਟਰ ਮੈਨੇਜਿੰਗ ਕਮੇਟੀ (ਰਜਿ.) ਚੈਰੀਟੇਬਲ ਟਰੱਸਟ ਪੰਜਾਬ ਅਤੇ ਡਾ.ਅੰਬੇਡਕਰ ਮੈਮੋਰੀਅਲ ਕਮੇਟੀ ਪੰਜਾਬ ਅਤੇ ਯੂ.ਕੇ. ਦੀ



ਦੇਖ-ਰੇਖ ਹੇਠ ਡਾ. ਅੰਬੇਡਕਰ ਬੁਧਿਸਟ ਰਿਸੋਰਸ ਸੈਂਟਰ ਸੂੰਢ ਵਿਖੇ ਬਣ ਰਹੇ ਡਾ. ਚਮਨ ਲਾਲ ਐਜੂਕੇਸ਼ਨਲ ਸੈਂਟਰ ਦਾ ਜਾਇਜ਼ਾ ਲੈਣ ਪ੍ਰਵਾਸੀ ਭਾਰਤੀ ਤਰਸੇਮ ਕੌਲ , ਸ੍ਰੀਮਤੀ ਗੁਰਦੇਵ ਕੌਲ, ਦਨਿੰਤ ਕੌਲ ਯੂ.ਕੇ. ਅਤੇ ਡਾ.ਅੰਬੇਡਕਰ ਮੈਮੋਰੀਅਲ ਕਮੇਟੀ ਗ੍ਰੇਟ ਬ੍ਰਿਟੇਨ ਦੇ ਸਹਾਇਕ ਸੈਕਟਰੀ ਸੁਮਨ ਕੌਲ ਵਿਸ਼ੇਸ਼ ਤੌਰ 'ਤੇ ਪਹੁੰਚੇ ਤੇ ਸੈਂਟਰ ਦੇ ਨਾਲ ਨਾਲ ਡਾ.ਅੰਬੇਡਕਰ ਮੈਮੋਰੀਅਲ ਪਬਲਿਕ ਸਕੂਲ ਦੇ ਪ੍ਰਬੰਧ ਬਾਰੇ ਜਾਣਕਾਰੀ ਹਾਸਲ ਕੀਤੀ ਤੇ ਤਥਾਗਤ ਬੁੱਧ ਦੇ ਪ੍ਰਚਾਰ ਪ੍ਰਸਾਰ 'ਚ ਪਾਏ ਜਾ ਰਹੇ ਯੋਗਦਾਨ ਦੀ ਭਰਪੂਰ ਪ੍ਰਸ਼ੰਸਾ ਕਰਦਿਆ ਕਿਹਾ ਕਿ ਬਾਬਾ ਸਾਹਿਬ ਅਤੇ ਬੁੱਧ ਵਿਚਾਰਧਾਰਾ ਨੂੰ ਅੱਗੇ ਲਿਜਾਣ ਵਿੱਚ ਸਾਨੂੰ ਸਾਰਿਆਂ ਨੂੰ ਵਡਮੁੱਲਾ ਯੋਗਦਾਨ ਪਾਉਣਾ ਚਾਹੀਦਾ ਹੈ। ਤਰਸੇਮ ਕੌਲ , ਸ੍ਰੀਮਤੀ ਗੁਰਦੇਵ ਕੌਲ ਅਤੇ ਕੌਲ ਪਰਵਾਰ ਵੱਲੋ ਇੱਕ ਲੱਖ ਰੁਪਏ, ਸ੍ਰੀਮਤੀ ਉਰਮਿਲਾ ਕੌਲ ਤੇ ਸਮੁੱਚੇ ਪਰਵਾਰ ਨੇ 50 ਹਜ਼ਾਰ ਰੁਪਏ ਅਤੇ ਸ੍ਰੀਮਤੀ ਨੰਜੋ ਇੰਗਲੈਂਡ ਨਿਵਾਸੀ ਨੇ 25 ਹਜ਼ਾਰ ਰੁਪਏ ਦਾ ਆਰਥਿਕ ਸਹਿਯੋਗ ਯਾਦਗਾਰੀ ਹਾਲ ਬਣਾਉਣ ਲਈ ਦਿੱਤਾ। ਸੁਮਨ ਕੌਲ ਤੇ ਦਨਿੰਤ ਕੌਲ ਨੇ ਵੀ ਡਾ.ਅੰਬੇਡਕਰ ਮੈਮੋਰੀਅਲ ਪਬਲਿਕ ਸਕੂਲ ਨੂੰ 10 ਹਜ਼ਾਰ ਰੁਪਏ ਦਾਨ ਦਿੱਤਾ।ਇਸ ਮੌਕੇ ਕਮੇਟੀ ਪ੍ਰਧਾਨ ਐਡਵੋਕੇਟ ਕੁਲਦੀਪ ਭੱਟੀ ਨੇ ਸਾਰਿਆਂ ਦਾਂ ਧੰਨਵਾਦ ਕੀਤਾ। ਇਸ ਮੌਕੇ ਕੁਲਦੀਪ ਭੱਟੀ , ਡਾ. ਕਸ਼ਮੀਰ ਲਾਈਫ ਕੇਅਰ ਹਸਪਤਾਲ ਬੰਗਾ, ਪਰਵੀਨ ਬੰਗਾ, ਵਾਈਸ ਪ੍ਰਧਾਨ ਹਰਬਲਾਸ ਬਸਰਾ, ਜਨਰਲ ਸਕੱਤਰ ਇੰਦਰਜੀਤ ਅਟਾਰੀ, ਬਲਦੇਵ ਜੱਸਲ, ਜਗਦੀਸ਼ ਰਾਏ ਸਾਬਕਾ ਪ੍ਰਿੰਸੀਪਲ, ਦੀਨ ਦਿਆਲ ਆਟਾਰੀ, ਨਿਰਮਲ ਸੱਲਾਂ, ਇੰਦਰਜੀਤ ਕੁਲਥਮ, ਜਸਵਿੰਦਰ ਕੌਰ ਸਾਬਕਾ ਸਰਪੰਚ, ਹਰਜਿੰਦਰ ਪਾਲ, ਪ੍ਰਿੰਸੀਪਲ ਭੁਪਿੰਦਰ ਕੁਮਾਰ, ਵਾਈਸ ਪ੍ਰਿੰਸੀਪਲ ਅੰਜਲੀ ਤੋਂ ਇਲਾਵਾ ਹੋਰ ਵੀ ਸਖਸ਼ੀਅਤਾਂ ਹਾਜ਼ਰ ਸਨ।

# 12ਵਾਂ ਜਸਪਾਲ ਭੱਟੀ ਐਵਾਰਡ 25 ਨੂੰ



**ਕਰਤਾਰਪੁਰ (ਹਰਮੇਸ਼ ਦੱਤ)**

ਹਾਸਿਆਂ ਦੇ ਬਾਦਸ਼ਾਹ ਪਦਮ ਭੂਸ਼ਣ ਜਸਪਾਲ ਭੱਟੀ ਦੀ ਨਿੱਘੀ ਯਾਦ ਨੂੰ ਸਮਰਪਿਤ 12ਵਾਂ ਜਸਪਾਲ ਭੱਟੀ ਐਵਾਰਡ ਸਮਾਰੋਹ ਈਡੀਅਟ ਕਲੱਬ ਪੰਜਾਬ ਵੱਲੋਂ 25 ਫਰਵਰੀ ਨੂੰ ਕਰਵਾਇਆ ਜਾ ਰਿਹਾ ਹੈ। ਇਹ ਜਾਣਕਾਰੀ ਈਡੀਅਟ ਕਲੱਬ ਪੰਜਾਬ ਦੇ ਪ੍ਰਧਾਨ ਅਤੇ ਫਿਲਮੀ ਅਦਾਕਾਰ ਡਾ.ਰਾਜਿੰਦਰ ਰਿਖੀ ਅਤੇ ਚੇਅਰਮੈਨ ਡਾ.ਕੇ.ਐਸ ਪਾਰਸ ਨੇ ਸਾਂਝੇ ਤੌਰ 'ਤੇ ਦਿੱਤੀ। ਉਨ੍ਹਾਂ ਨੇ ਦੱਸਿਆ ਕਿ ਉਹਨਾਂ ਦੇ ਕਲੱਬ ਵੱਲੋਂ ਜਸਪਾਲ ਭੱਟੀ ਐਵਾਰਡ 12ਵੇਂ ਸਾਲ ਵਿਚ ਪ੍ਰਵੇਸ਼ ਕਰ ਚੁੱਕਾ ਹੈ।ਵੱਖ ਵੱਖ ਖੇਤਰਾਂ ਵਿਚ ਮੱਲਾਂ ਮਾਰਨ ਅਤੇ ਨਾਮਣਾ ਖੱਟਣ ਵਾਲੀਆਂ ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ ਜਾਂਦਾ ਹੈ। ਪ੍ਰੋਗਰਾਮ ਦੀ ਮੁੱਖ ਪ੍ਰਬੰਧਕ ਧਵਨੀ ਮਹਿਰਾ ਨੇ ਕਿਹਾ ਕਿ ਉਹਨਾਂ ਵੱਲੋਂ ਲਾਈਫ ਟਾਈਮ ਅਚੀਵਮੈਂਟ, ਮਾਨਵਤਾ ਦੇ ਸੇਵਕ, ਮਸਖਰੇ ਪੰਜਾਬ ਦੇ, ਹੱਸਦਾ ਮੁੱਖੜਾ, ਕਲਮ ਦਾ ਧਨੀ, ਸੁਰਾਂ ਦਾ ਬਾਦਸ਼ਾਹ, ਹਾਸ ਵਿਅੰਗਕਾਰ, ਹਰਫ਼ਨਮੌਲਾ ਅਦਾਕਾਰ, ਆਰਟ ਪ੍ਰੋਮੋਟਰ ਅਤੇ ਕੁਝ ਹੋਰ ਐਵਾਰਡ ਇਸ ਸਮਾਰੋਹ ਵਿਚ ਦਿੱਤੇ ਜਾਣਗੇ। ਰਿਖੀ ਨੇ ਕਿਹਾ ਕਿ ਅੱਜ ਚਾਹੇ ਜਸਪਾਲ ਭੱਟੀ ਸਰੀਰਕ ਰੂਪ ਵਿਚ ਸਾਡੇ ਦਰਮਿਆਨ ਨਹੀਂ ਹਨ, ਪਰ ਉਹਨਾਂ ਦੇ ਕੀਤੇ ਕੰਮਾਂ ਅਤੇ ਸਮਾਜ ਸੁਧਾਰਕ ਕਦਮਾਂ ਉਪਰ ਚੱਲ ਕੇ ਅੱਜ ਅਸੀਂ ਇਹ ਮੁਕਾਮ ਹਾਸਲ ਕੀਤਾ ਹੈ ਕਿ ਸਮਾਜ ਵਿਚ ਹੋਣ ਵਾਲੇ ਗਲਤ ਕੰਮਾਂ ਉਪਰ ਅਸੀਂ ਵਿਅੰਗਾਤਮਿਕ ਤਰੀਕੇ ਨਾਲ ਸੱਟ ਮਾਰ ਰਹੇ ਹਾਂ ਅਤੇ ਸੁੱਤੇ ਹੋਏ ਸਮਾਜ ਅਤੇ ਪ੍ਰਸ਼ਾਸਨ ਨੂੰ ਜਗਾਉਣ ਲਈ ਕੰਮ ਕਰ ਰਹੇ ਹਾਂ। ਇਸ ਐਵਾਰਡ ਸਮਾਰੋਹ ਦੇ ਮੁੱਖ ਮਹਿਮਾਨ ਪਰਵਾਸੀ ਭਾਰਤੀ ਅਤੇ ਉਘੇ ਸਮਾਜ ਸੇਵਕ ਬੂਟਾ ਸਿੰਘ ਬਾਸੀ ਹੋਣਗੇ, ਜੋਕਿ ਵਿਸ਼ੇਸ਼ ਤੌਰ 'ਤੇ ਅਮਰੀਕਾ ਤੋਂ ਆ ਰਹੇ ਹਨ।

# ਸਰਕਾਰ ਦਾ ਇੰਡਸਟ੍ਰੀਅਲ ਤੇ ਸੋਲਿਡ ਵੇਸਟ ਪ੍ਰਤੀ ਅਵੇਸਲਾਪਨ ਵੱਡਾ ਖਤਰਾ : ਧੀਮਾਨ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਕਹਿਣ ਨੂੰ ਪੰਜਾਬ ਰੰਗਲਾ ਪੰਜਾਬ ਬਣ ਰਿਹਾ ਹੈ, ਪਰ ਅਸਲ ਵਿਚ ਪਿੰਡਾਂ ਅਤੇ ਸ਼ਹਿਰਾਂ ਵਿਚ ਖਾਲੀ ਪਈਆਂ ਸਰਕਾਰੀ ਥਾਵਾਂ ਉਤੇ ਇੰਡਸਟ੍ਰੀਅਲ ਅਤੇ ਸੋਲਡ ਵੇਸਟ ਜਮ੍ਹਾਂ ਹੋਣ ਅਤੇ ਛੱਪੜਾਂ ਵਿਚ ਮਿੱਲਾਂ ਵਾਲਿਆਂ ਵਲੋਂ ਜ਼ਹਿਰੀਲੀ ਸੁਆਹ ਦੇ ਅੰਬਾਰ ਲਗਾਉਣ ਨਾਲ ਜਿਥੇ ਵਾਤਾਵਰਨ ਤੇਜੀ ਨਾਲ ਦੂਸ਼ਿਤ ਹੋ ਰਿਹਾ ਹੈ। ਉਸ ਦੇ ਨਾਲ ਭੋਜਨ ਪਦਾਰਥ,ਪੀਣ ਵਾਲਾ ਪਾਣੀ ਅਤੇ ਲੋਕਾਂ ਦੀ ਸਿਹਤ ਅੰਦਰ ਵੀ ਜ਼ਹਿਰਾਂ ਭਰ ਹੋ ਰਹੀਆਂ ਹਨ। ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਨੇ ਪੰਜਾਬ ਸਰਕਾਰ ਦੇ ਅਵੇਸਲੇਪਨ ਦੀ ਸਖਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਕਿਹਾ ਕਿ ਵਾਤਾਵਰਣ ਦੀ ਹੋਂਦ ਨਾਲ ਭਵਿੱਖ ਵਿਚ ਜਾਣਬੁੱਝ ਕੇ ਪੰਜਾਬ ਪ੍ਰਦੂਸ਼ਣ ਕੰਟਰੋਲ ਵਿਭਾਗ ਵਲੋਂ ਖਿਲਵਾੜ ਕੀਤਾ ਜਾ ਰਿਹਾ ਹੈ।ਜਿਨ੍ਹਾਂ ਚਿਰ ਵਾਤਾਵਰਣ ਦੀ ਸਿਹਤ ਤੰਦਰੁਸਤ ਨਹੀਂ ਹੁੰਦੀ ਨਾ ਤਾਂ ਪੰਜਾਬ ਰੰਗਲਾ ਪੰਜਾਬ ਬਣ ਸਕਦਾ ਅਤੇ ਨਾ ਹੀ ਸਿਹਤਮੰਦ।ਉਨ੍ਹਾਂ ਕਿਹਾ ਕਿ ਘਰ ਦੀ ਚੁੱਲ੍ਹਿਆਂ ਦੀ ਸੁਆਹ ਅਤੇ ਮਿੱਲਾਂ ਦੀ ਸੁਆਹ ਵਿਚ ਜਮੀਨ ਅਸਮਾਨ ਦਾ ਅੰਤਰ ਹੈ।ਉਨ੍ਹਾਂ ਦਸਿਆ ਕਿ ਮਾਹਿਲਪੁਰ ਬਲਾਕ ਦੇ ਪਿੰਡ ਕੈਂਡੋਵਾਲ ਵਿਚ ਪੰਚਾਇਤੀ ਵਿਭਾਗ ਦੀ ਸਹਿਮਤੀ ਨਾਲ ਉਸ ਜ਼ਹਿਰੀਲੀ ਸੁਆਹ ਦੇ ਅੰਬਾਰ ਲੱਗੇ ਆਮ ਵੇਖੇ ਜਾ ਸਕਦੇ ਹਨ।ਇਹ ਮਾਮਲਾ ਬਲਾਕ ਵਿਕਾਸ ਅੰਤੇ ਪੰਚਾਇਤ ਅਫਸਰ ਮਾਹਿਲਪੁਰ ਦੇ ਧਿਆਨ ਹੇਠ ਵੀ ਲਿਆਂਦਾ, ਪਰ ਜੁੰਮੇਵਾਰ ਅਧਿਕਾਰੀ ਸਰਕਾਰ ਦੀ ਘੁਰਕੀ ਤੋਂ ਡਰਦੇ ਵਾਤਾਵਰਣ ਨੂੰ ਜ਼ਹਿਰੀਲਾ ਕਰਨ ਵਿਚ ਅਹਿਮ ਭੂਮਿਕਾ ਨਿਭਾਆ ਰਹੇ ਹਨ। ਪੂਰੇ ਜ਼ਿਲ੍ਹੇ ਅੰਦਰ ਵਾਤਾਵਰਣ ਦੀ ਤਬਾਹੀ ਹੋ ਰਹੀ ਹੈ।ਇਹ ਜ਼ਹਿਰੀਲੀ ਸੁਆਹ ਹਵਾ,ਪਾਣੀ,ਧਰਤੀ ਦੀ ਗੁਣਵਤਾ,ਭੋਜਨ ਪ੍ਰਦਾਰਥਾਂ ਦੀ ਸ਼ੁੱਧਤਾ,ਪਸ਼ੂਆਂ ਦੇ ਚਾਰੇ,ਦਰਖੱਤਾਂ ਦੀ ਹੋਂਦ ਲਈ ਅਤੇ ਮਨੁੱਖ ਨੂੰ ਕੈਂਸਰ,ਦਮਾ,ਚਮੜੀ ਰੋਗ,ਹਰਟ ਅਟੈਕ ਆਦਿ ਬੀਮਾਰੀਆਂ ਵਿਚ ਜਕੜ ਰਹੀ ਹੈ। ਇੰਡਸਟ੍ਰੀਰੀਅਲ ਵੇਸਟ ਅਨੇਕਾਂ ਰਸਾਇਣਕ ਤੱਤਾਂ ਨਾਲ ਭਰਿਆ ਹੁੰਦਾ ਹੈ।ਜਦੋਂ ਇਹ ਤੱਤ ਹਵਾ ਵਿਚ ਮਜੂਦ ਕਾਰਬਨ ਡਾਇਕਸਾਇਡ,ਸਲਫਰ ਡਾਇਕ ਸਾਇਡ ਤੱਤਾਂ ਨਾਲ ਮਿਲਦੇ ਹਨ ਤਾਂ ਅੱਗੇ ਹੋਰ ਜ਼ਹਿਰੀਲੀਆਂ ਰਸਾਇਣਕ ਕ੍ਰਿਆਵਾਂ ਹੁੰਦੀਆਂ ਹਨ।ਜਿਸ ਦਾ ਲੋਕਾਂ ਦੀ ਸਿਹਤ ਉਤੇ ਬੁਰਾ ਪ੍ਰਭਾਵ ਪੈਂਦਾ ਹੈ।ਪੰਜਾਬ ਸਰਕਾਰ ਵੀ ਦਿੱਲੀ ਦੇ ਨਕਸ਼ੇ ਕਦਮ ਉਤੇ ਚਲ ਕੇ ਪੰਜਾਬ ਅੰਦਰ ਵਾਤਾਵਰਣ ਪ੍ਰਤੀ ਅਵੇਸਲਾਪਨ ਅਪਣਾ ਕੇ ਪੰਜਾਬ ਅੰਦਰ ਲੋਕਾਂ ਦੇ ਭਵਿੱਖ ਦਾ ਵੱਡਾ ਨੁਕਸਾਨ ਕਰਨ ਵੱਲ ਵੱਧ ਰਹੀ ਹੈ।



# ਚਾਈਨਾ ਡੋਰ ਦੀ ਲਪੇਟ 'ਚ ਆਉਣ ਕਾਰਨ ਜ਼ਖ਼ਮੀ

**ਅਲਾਵਲਪੁਰ, (ਮਦਨ ਬੰਗੜ)** -ਜਿੱਥੇ ਇੱਕ ਪਾਸੇ ਬਸੰਤ ਰੁੱਤ ਦੇ ਆਗਮਨ ਦੇ ਨਾਲ ਲੋਕਾਂ ਦੇ ਚਿਹਰਿਆਂ 'ਤੇ ਖੁਸ਼ੀ ਝਲਕਦੀ ਨਜਰ ਆ ਰਹੀ ਸੀ ਉਥੇ ਦੂਜੇ ਪਾਸੇ ਬਸੰਤ ਰੁੱਤ ਵਿੱਚ ਚਾਈਨਾ ਡੋਰ ਨਾਲ ਪਤੰਗ



ਚੜ੍ਹਾਉਣ ਦਾ ਰੁਝਾਨ ਵੀ ਬਾ-ਦਸਤੂਰ ਜਾਰੀ ਰਿਹਾ ਜਿਸ ਕਾਰਨ ਕਸਬਾ ਅਲਾਵਲਪੁਰ ਦੇ ਕੌਂਸਲਰ ਬ੍ਰਿਜ ਭੂਸ਼ਨ ਚਾਈਨਾ ਡੋਰ ਕਾਰਨ ਗੰਭੀਰ ਜਖਮੀ ਹੋਏ। ਕੌਂਸਲਰ ਬ੍ਰਿਜ ਭੂਸ਼ਨ ਨੇ ਦੱਸਿਆ ਕਿ ਉਹ ਆਪਣੇ ਮੋਟਰਸਾਈਕਲ ਉੱਪਰ ਜਲੰਧਰ ਨੂੰ ਜਾ ਰਹੇ ਸਨ ਜਦੋਂ ਉਹ ਅੱਡਾ ਰਾਏਪੁਰ ਰਸੂਲਪੁਰ ਨਜ਼ਦੀਕ ਪਹੁੰਚੇ ਤਾਂ ਅਚਾਨਕ ਚਾਈਨਾ ਡੋਰ ਨੇ ਉਹਨਾਂ ਨੂੰ ਆਪਣੀ ਲਪੇਟ ਵਿੱਚ ਲੈ ਲਿਆ ਤੇ ਉਹਨਾਂ ਦੇ ਚਿਹਰੇ ਉੱਪਰ ਡੂੰਘੇ ਚੀਰ ਲਗਾ ਦਿੱਤੇ ਤੇ ਚਿਹਰਾ ਲਹੂ ਲੁਹਾਨ ਹੋ ਗਿਆ। ਉਹਨਾਂ ਦੱਸਿਆ ਕਿ ਚਾਈਨਾ ਡੋਰ ਕਿਸੇ ਬਿਜਲੀ ਦੀ ਤਾਰ ਨਾਲ ਸੰਪਰਕ ਵਿੱਚ ਹੋਣ ਕਾਰਨ ਉਹਨਾਂ ਨੂੰ ਬਿਜਲੀ ਦਾ ਕਰੰਟ ਵੀ ਲੱਗਾ। ਇਸ ਘਟਨਾ ਵਿੱਚ ਉਹਨਾਂ ਨੇ ਆਪਣੇ ਆਪ ਨੂੰ ਬੜੀ ਮੁਸ਼ਕਲ ਨਾਲ ਸੰਭਾਲਿਆ ਤੇ ਮੋਟਰਸਾਈਕਲ ਨੂੰ ਡਿਗਣ ਨਹੀਂ ਦਿੱਤਾ ਨਹੀਂ ਤਾਂ ਵੱਡਾ ਹਾਦਸਾ ਵੀ ਵਾਪਰ ਸਕਦਾ ਸੀ। ਉਹਨਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਚਾਈਨਾ ਡੋਰ ਵੇਚਣ ਅਤੇ ਇਸ ਦੀ ਵਰਤੋਂ ਕਰਨ ਵਾਲਿਆਂ ਉਪਰ ਸਖਤ ਤੋਂ ਸਖਤ ਕਾਰਵਾਈ ਕਰੇ ਤਾਂ ਜੋ ਇਸ ਤਹਾਂ ਦੇ ਹਾਦਸਿਆਂ ਤੋਂ ਬਚਿਆ ਜਾ ਸਕੇ।

# ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਦੀ ਯਾਦ 'ਚ ਸਾਲਾਨਾ ਫੁੱਟਬਾਲ ਟੂਰਨਾਮੈਂਟ ਕਰਵਾਇਆ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਪਿੰਡ ਫਦਮਾ ਵਿਖੇ ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਸਪੋਰਟਸ ਕਲੱਬ, ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਇਲਾਕੇ ਦੇ ਸਹਿਯੋਗ ਨਾਲ ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਜੀ ਦੀ ਯਾਦ ਵਿੱਚ ਸਾਲਾਨਾ ਫੁੱਟਬਾਲ ਟੂਰਨਾਮੈਂਟ ਕਰਵਾਇਆ ਗਿਆ। ਇਸ ਮੌਕੇ ਹਰਪ੍ਰੀਤ ਸਿੰਘ ਹੈਪੀ ਇੰਗਲੈਂਡ ਨੇ ਦੱਸਿਆ ਕਿ ਫਾਈਨਲ ਮੈਚ ਪਿੰਡ ਫੁਗਲਾਣਾ ਅਤੇ ਭਬਿਆਣਾ ਵਿਚਕਾਰ ਕਰਵਾਇਆ ਗਿਆ। ਜਿਸ ਵਿੱਚ ਪਿੰਡ ਫੁਗਲਾਣਾ ਦੀ ਟੀਮ ਜੇਤੂ ਰਹੀ। ਇਸੇ ਤਰ੍ਹਾਂ ਸ਼ੋਅ ਮੈਚ ਪਿੰਡ ਫੁਗਲਾਣਾ ਅਤੇ ਅਹਿਰਾਣਾ ਕਲਾ ਨਾਲ ਵਿਚਕਾਰ ਕਰਵਾਇਆ ਗਿਆ। ਜਿਸ ਵਿੱਚ ਪਿੰਡ ਫੁਗਲਾਣਾ ਦੀ ਟੀਮ ਜੇਤੂ ਰਹੀ। ਮੁੱਖ ਮਹਿਮਾਨ ਡਾਕਟਰ ਰਾਜ ਕੁਮਾਰ ਹਲਕਾ ਵਿਧਾਇਕ ਚੱਬੇਵਾਲ, ਜਗਜੀਤ ਸਿੰਘ ਐਸਐਚਓ ਥਾਣਾ ਮੇਹਟੀਆਣਾ ਨੇ ਸਾਂਝੇ ਤੌਰ 'ਤੇ ਜੇਤੂਆਂ ਨੂੰ ਇਨਾਮਾਂ ਦੀ ਵੰਡ ਕੀਤੀ। ਇਸ ਮੌਕੇ ਸਰਪੰਚ ਮਲਕੀਤ ਸਿੰਘ, ਮਹਿੰਦਰ ਸਿੰਘ ਮੱਲ, ਪੰਚ ਮਲਕੀਤ ਰਾਣਾ, ਪੰਚ ਮਨਮੋਹਣ ਸਿੰਘ, ਕਲੱਬ ਪ੍ਰਧਾਨ ਮਨਦੀਪ ਕੁਮਾਰ ਮੋਨੂ, ਯੋਗਰਾਜ ਸਿੰਘ, ਗੁਰਜੀਤ ਸਿੰਘ ਜੀਤਾ ਮੋਨਾ ਕਲਾਂ, ਡਾਕਟਰ ਰੋਸ਼ਨ ਕੁਮਾਰ ਬੱਡਲਾ, ਗੁਰਮੇਲ ਸਿੰਘ ਸੋਨੂ, ਕਮਲਜੀਤ ਬਾਵਾ, ਮਨਜੀਤ ਸਿੰਘ, ਰਣਜੀਤ ਸਿੰਘ, ਦੇਬੀ, ਸੋਹਣ ਸਿੰਘ, ਰੋਹਿਤ, ਰਵੀ ਕੁਮਾਰ, ਅਸ਼ਵਨੀ ਸ਼ਰਮਾ, ਬਿੰਦਰ ਸ਼ਰਮਾ, ਗਿਆਨ ਸਿੰਘ, ਕੁਲਦੀਪ ਸਿੰਘ, ਮਲਕ ਸਿੰਘ, ਪਾਰਸ, ਸੰਨੀ, ਸਮਿੱਤਰ ਆਦਿ ਹਾਜ਼ਰ ਸਨ।ਪਰਗਟ ਸਿੰਘ ਮਾਨਗੜ ਹੁਸ਼ਿਆਰਪੁਰ ਨੇ ਕੁਮੈਂਟਰੀ ਕੀਤੀ।

# ਸੀ-ਪਾਈਟ ਕੈਂਪ ਥੇਹ ਕਾਂਜਲਾ ਵਿਖੇ ਅਗਨੀਵੀਰ ਭਰਤੀ ਲਈ ਮੁਫ਼ਤ ਟ੍ਰੇਨਿੰਗ ਸ਼ੁਰੂ

**ਹੁਸ਼ਿਆਰਪੁਰ, (ਓ ਪੀ ਰਾਣਾ)** ਸੀ-ਪਾਈਟ ਕੈਂਪ ਕਪੂਰਥਲਾ ਦੇ ਅਫ਼ਸਰ ਕੈਪਟਨ ਅਜੀਤ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਹੁਸ਼ਿਆਰਪੁਰ, ਕਪੂਰਥਲਾ, ਤਰਨ ਤਾਰਨ, ਅੰਮ੍ਰਿਤਸਰ ਅਤੇ ਗੁਰਦਾਸਪੁਰ ਦੇ ਨੌਜਵਾਨ, ਜੋ ਕਿ ਆਰਮੀ ਵਿੱਚ ਅਗਨੀਵੀਰ ਲਈ ਲਿਖਤੀ ਪੇਪਰ ਦੀ ਤਿਆਰੀ ਕਰਨਾ ਚਹੁੰਦੇ ਹਨ, ਉਹ ਸੀ-ਪਾਈਟ ਕੈਂਪ ਥੇਹ ਕਾਂਜਲਾ, ਕਪੂਰਥਲਾ ਵਿਖੇ ਆ ਕੇ ਮੁਫ਼ਤ ਤਿਆਰੀ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਆਰਮੀ ਅਗਨੀਵੀਰ ਵਿਚ ਭਰਤੀ ਲਈ ਆਨਲਾਈਨ ਰਜਿਸਟ੍ਰੇਸ਼ਨ 21 ਮਾਰਚ 2024 ਤੱਕ ਹੋਵੇਗੀ। ਉਨ੍ਹਾਂ ਕਿਹਾ ਕਿ ਚਾਹਵਾਨ ਨੌਜਵਾਨ ਕੈਂਪ ਵਿਚ ਆ ਕੇ ਆਰਮੀ ਅਗਨੀਵੀਰ ਦੀ ਭਰਤੀ ਲਈ ਲਿਖਤੀ ਪੇਪਰ ਦੀਆਂ ਕਲਾਸਾਂ ਲਗਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਨੌਜਵਾਨ ਲਿਖਤੀ ਟੈਸਟ ਦੀ ਸਿਖਲਾਈ ਲਈ ਜ਼ਰੂਰੀ ਦਸਤਾਵੇਜ਼ਾਂ ਦੀਆਂ ਫੋਟੋ ਕਾਪੀਆਂ ਜਿਵੇਂ ਕਿ ਆਧਾਰ ਕਾਰਡ, ਦਸਵੀਂ ਜਾਂ ਬਾਰ੍ਹਵੀਂ ਦਾ ਸਰਟੀਫਿਕੇਟ, ਜਾਤੀ ਸਰਟੀਫਿਕੇਟ ਅਤੇ ਦੋ ਪਾਸਪੋਰਟ ਸਾਈਜ਼ ਫੋਟੋਆਂ ਅਤੇ ਆਨਲਾਈਨ ਰਜਿਸਟ੍ਰੇਸ਼ਨ ਦੀ ਫੋਟੋ ਕਾਪੀ ਨਾਲ ਲੈ ਕੇ ਕੈਂਪ ਵਿਚ ਰਿਪੋਰਟ ਕਰ ਸਕਦੇ ਹਨ।

# ਵਿਦਿਆਰਥੀਆਂ ਨੂੰ ਚਾਈਨਾ ਡੋਰ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ

**ਸੁਲਤਾਨਪੁਰ ਲੋਧੀ, (ਹਨੀ)**

ਸ਼੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਚ ਪੜ੍ਹਾਈ ਦੇ ਨਾਲ ਨਾਲ ਸਮਾਜ ਭਲਾਈ ਦੇ ਉਪਰਾਲੇ ਵੀ ਕੀਤੇ ਹਨ। ਆਪਣੀ ਇਸ ਜਿੰਮੇਵਾਰੀ ਨੂੰ ਨਿਭਾਉਂਦੇ ਹੋਏ ਸਕੂਲ ਦੇ ਵਿਦਿਆਰਥੀਆਂ ਨੂੰ ਚਾਈਨਾ ਡੋਰ ਦੀ ਵਰਤੋਂ ਨਾ ਕਰਨ ਲਈ ਪ੍ਰੇਰਿਤ ਕੀਤਾ ਗਿਆ ।ਪੰਜਵੀਂ ਅਤੇ ਛੇਵੀਂ ਜਮਾਤ ਦੇ ਵਿਦਿਆਰਥੀਆਂ ਦਰਮਿਆਨ ਪੋਸਟਰ ਮੇਕਿੰਗ ਐਕਟੀਵਿਟੀ ਕਰਵਾਈ ਗਈ, ਜਿਸ ਵਿੱਚ ਵਿਦਿਆਰਥੀਆਂ ਨੇ ਖੂਬਸੂਰਤ ਤਸਵੀਰਾਂ ਰਾਹੀਂ ਚਾਈਨਾ ਡੋਰ ਦੇ ਬੁਰੇ ਪ੍ਰਭਾਵ ਦਰਸਾਏ ਅਤੇ ਇਸ ਤੋਂ ਦੂਰ ਰਹਿਣ ਦਾ ਸੁਨੇਹਾ ਦਿੱਤਾ। ਸੱਤਵੀਂ ਤੋਂ ਨੌਵੀਂ ਜਮਾਤ ਦੇ ਵਿਦਿਆਰਥੀਆਂ ਲਈ ਲੇਖ ਰਚਨਾ ਐਕਟੀਵਿਟੀ ਕਰਵਾਈ ਗਈ,ਜਿਸ ਵਿੱਚ ਵਿਦਿਆਰਥੀਆਂ ਨੇ ਚਾਈਨਾ ਡੋਰ ਨਾਲ ਪਤੰਗਬਾਜ਼ੀ ਕਰਨ ਦੇ ਵੱਡੇ ਨੁਕਸਾਨ ਦੱਸੇ। ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ ਨੇ ਕਿਹਾ ਕਿ ਅੱਜ-ਕੱਲ੍ਹ ਨੌਜਵਾਨ ਦੇਸੀ ਡੋਰ ਨਾਲ ਪਤੰਗ ਉਡਾਉਣ ਦੀ ਬਜਾਏ ਪਲਾਸਟਿਕ ਦੀ ਡੋਰ ਨੂੰ ਤਰਜੀਹ ਦਿੰਦੇ ਹਨ। ਪਿਛਲੇ ਕੁਝ ਸਾਲਾਂ ਤੋਂ ਤਾਂ ਲੋਕ ਚਾਈਨਾ ਡੋਰ ਦੀ ਵਰਤੋਂ ਬੱਚੇ ਵਧੇਰੇ ਕਰਨ ਲੱਗ ਪਏ ਹਨ, ਜੋ ਵੱਡੀ ਚਿੰਤਾ ਦਾ ਵਿਸ਼ਾ ਹੈ । ਪ੍ਰਿੰਸੀਪਲ ਰੇਨੂੰ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਵੇਂ ਹੁਕਮਾਂ ਤਹਿਤ ਚਾਈਨਾ ਡੋਰ, ਕੱਚ ਜਾਂ ਹੋਰ ਧਾਤੂ ਦੇ ਪਾਊਡਰ ਨਾਲ ਬਣੀ ਡੋਰ ਉੱਪਰ ਪੂਰਨ ਪਾਬੰਦੀ ਲਗਾਉਂਦੇ ਹੋਏ ਸਿਰਫ਼ ਸੂਤੀ ਧਾਗੇ ਨਾਲ ਪਤੰਗ ਉਡਾਉਣ ਦੀ ਪ੍ਰਵਾਨਗੀ ਦਿੱਤੀ ਗਈ। ਇਸ ਮੌਕੇ ਸਕੂਲ ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ ਅਤੇ ਪ੍ਰਸ਼ਾਸਨ ਇੰਜੀਨੀਅਰ ਨਿਮਰਤਾ ਕੌਰ ਨੇ ਵੀ ਵਿਦਿਆਰਥੀਆਂ ਨੂੰ ਚਾਈਨਾ ਡੋਰ ਨਾ ਵਰਤਣ ਅਤੇ ਵਾਤਾਵਰਣ ਦੀ ਸੰਭਾਲ ਲਈ ਪ੍ਰੇਰਿਤ ਕੀਤਾ ।



# ਦ ਨੋਬੇਲ ਸਕੂਲ 'ਚ ਮਨਾਇਆ ਬਸੰਤ ਪੰਚਮੀ ਦਾ ਤਿਉਹਾਰ



**ਕਰਤਾਰਪੁਰ (ਹਰਮੇਸ਼ ਦੱਤ)**

ਬਸੰਤ ਪੰਚਮੀ ਦਾ ਤਿਉਹਾਰ ਨੋਬੇਲ ਸਕੂਲ 'ਚ ਧੂਮਧਾਮ ਨਾਲ ਮਨਾਇਆ ਗਿਆ। ਬੱਚਿਆਂ ਨੇ ਨਾ ਸਿਰਫ ਸਿੱਖਿਆ ਦੇ ਖੇਤਰ ਵਿੱਚ ਹਿੱਸਾ ਲਿਆ ਬਲਕਿ ਪਤੰਗ ਬਣਾਉਣ ਤੇ ਪਤੰਗ ਉਡਾਉਣ ਦੀ ਗਤੀਵਿਧੀਆਂ ਵਿੱਚ ਹਿੱਸਾ ਲੈ ਕੇ ਇਸ ਅਵਸਰ ਨੂੰ ਅਨਮੋਲ ਬਣਾ ਦਿੱਤਾ ।ਇਸ ਵਿੱਚ ਪਹਿਲੀ ਤੋਂ ਲੈ ਕੇ ਨੌਂਵੀਂ ਜਮਾਤ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ ਅਤੇ ਬਸੰਤ ਰੁੱਤ ਦਾ ਸਵਾਗਤ ਕੀਤਾ। ਸਕੂਲ ਦੇ ਵਿਹੜੇ ਵਿੱਚ ਆਯੋਜਿਤ ਹੋਈ ਪਤੰਗ ਉਡਾਉਣ ਦੀ ਗਤੀਵਿਧੀ ਨੇ ਵਿਦਿਆਰਥੀਆਂ ਦੇ ਆਤਮ ਵਿਸ਼ਵਾਸ ਵਿੱਚ ਵਾਧਾ ਕੀਤਾ।ਗਤੀਵਿਧੀਆਂ ਦੇ ਖੇਤਰ ਵਿੱਚ ਬੱਚਿਆਂ ਨੇ ਵੱਖ-ਵੱਖ ਮੁਕਾਬਲੇ ਵਿੱਚ ਆਪਣੀ ਕਾਬਲੀਅਤ ਪ੍ਰਦਰਸ਼ਿਤ ਕੀਤੀ ਅਤੇ ਸਕੂਲ ਨੂੰ ਮਾਣ ਮਹਿਸੂਸ ਕਰਵਾਇਆ ।ਸਮਾਰੋਹ ਦੇ ਦ੍ਰਿਸ਼ਟੀਕੋਣ ਤੋਂ ਸਕੂਲ ਦਾ ਸਾਰਾ ਮਾਹੌਲ ਰੰਗੀਨ ਬਣ ਗਿਆ । ਸੱਭਿਆਚਾਰਕ ਪੇਸ਼ਕਾਰੀ ਵਿਚ ਹਿੱਸਾ ਲੈਣ ਨਾਲ਼ ਆਪਣੀ ਸਭਿਆਚਾਰਕ ਵਿਰਾਸਤ ਨੂੰ ਮਜ਼ਬੂਤ ਕੀਤਾ ਜੋ ਉਨ੍ਹਾਂ ਦੇ ਨਿੱਜੀ ਵਿਕਾਸ ਵਿੱਚ ਮਦਦਗਾਰ ਬਣੇ ਇਸ ਸ਼ੁਭ ਅਵਸਰ 'ਤੇ ਸਕੂਲ ਦੇ ਚੇਅਰਮੈਨ ਪ੍ਰੋ: ਸੀ .ਐਲ ਕੋਛੜ, ਸਕੂਲ ਦੇ ਮੈਨੇਜਿੰਗ ਡਾਇਰੈਕਟਰ ਇੰਜੀਨੀਅਰ ਕੁਮਾਰ ਸ਼ਿਵ ਕੋਛੜ , ਸਕੂਲ ਦੇ ਪ੍ਰਿੰਸੀਪਲ ਸੰਗੀਤ ਕੁਮਾਰ ਅਤੇ ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਬੱਚਿਆਂ ਨੂੰ ਇਸ ਪ੍ਰਕਾਰ ਦੀਆਂ ਗਤੀਵਿਧੀਆਂ ਵਿੱਚ ਵੱਧ ਚੜ ਕੇ ਹਿੱਸਾ ਲੈਣ ਲਈ ਪ੍ਰੇਰਿਆ।

# ਐਸ ਡੀ ਕਾਲਜ ਲੜਕੀਆਂ ਵਿਖੇ ਬਸੰਤ ਪੰਚਮੀ ਮਨਾਈ

**ਜਲੰਧਰ (ਇਕਬਾਲ ਸਿੰਘ ਉਭੀ)**-ਪੀ.ਸੀ.ਐਮ. ਐਸ.ਡੀ. ਕਾਲਜ ਲੜਕੀਆਂ ਦੇ ਹੋਮ ਸਾਇੰਸ ਵਿਭਾਗ ਅਤੇ ਯੂਥ ਕਲੱਬ ਨੇ ਬਸੰਤ ਪੰਚਮੀ ਦਾ ਤਿਉਹਾਰ ਮਨਾਇਆ ਗਿਆ।ਇਹ ਦਿਨ ਮਾਘ ਮਹੀਨੇ ਦੇ ਅੱਧ ਦੇ ਪੰਜਵੇਂ ਦਿਨ ਮਨਾਇਆ ਜਾਂਦਾ ਹੈ। ਬਸੰਤ ਪੰਚਮੀ ਨੂੰ ਆਮ ਤੌਰ 'ਤੇ ਸਰਸਵਤੀ ਪੂਜਨ ਵਜੋਂ ਜਾਣਿਆ ਜਾਂਦਾ ਹੈ,ਕਿਉਂਕਿ ਦੇਵੀ ਸਰਸਵਤੀ ਸੰਗੀਤ, ਕਲਾ ਅਤੇ ਗਿਆਨ ਨਾਲ ਜੁੜੀ ਹੋਈ ਹੈ, ਇਸ ਦਿਨ ਨੂੰ ਵਿਦਿਆ ਅਰੰਭਾ ਦੀ ਮਹੱਤਵਪੂਰਣ ਰੀਤੀ ਨਾਲ ਵੀ ਦਰਸਾਇਆ ਗਿਆ ਹੈ। ਇਹ ਰਸਮ ਛੋਟੇ ਬੱਚਿਆਂ ਨੂੰ ਸਿੱਖਿਆ ਅਤੇ ਰਸਮੀ ਸਿੱਖਣ ਵੱਲ ਪ੍ਰੇਰਿਤ ਕਰਨ ਬਾਰੇ ਹੈ। ਇਸ ਲਈ ਪ੍ਰਬੰਧਕ ਕਮੇਟੀ ਦੇ ਮੈਂਬਰਾਂ, ਪ੍ਰਿੰਸੀਪਲ ਅਤੇ ਸਟਾਫ਼ ਮੈਂਬਰਾਂ ਨੇ ਵਿਦਿਆਰਥੀਆਂ ਦੀਆਂ ਚੱਲ ਰਹੀਆਂ ਪ੍ਰੀਖਿਆਵਾਂ ਲਈ ਸ਼ੁੱਭਕਾਮਨਾਵਾਂ ਦਿੱਤੀਆਂ । ਕਾਲਜ ਦੇ ਵਿਹੜੇ ਨੂੰ ਪੀਲੇ ਰੰਗ ਦੇ ਫੁੱਲਾਂ, ਪਤੰਗਾਂ ਅਤੇ ਸ਼ਾਨਦਾਰ ਸਜਾਵਟ ਨਾਲ ਸਜਾਇਆ ਗਿਆ।ਸਰਸਵਤੀ ਦੇਵੀ ਦੀ ਅਰਦਾਸ ਨਾਲ ਸਮਾਗਮ ਦੀ ਸ਼ੁਰੂਆਤ ਕੀਤੀ ਅਤੇ ਪਵਿੱਤਰ ਭਜਨ ਗਾਏ ਉਪਰੰਤ ਸਾਰਿਆਂ ਵਿੱਚ ਪ੍ਰਸ਼ਾਦ ਵੰਡਿਆ ਗਿਆ। ਵਿਦਿਆਰਥੀਆਂ ਨੇ ਬਸੰਤ ਰੁੱਤ ਦੇ ਆਗਮਨ ਦੇ ਚਿੰਨ੍ਹ ਵਜੋਂ ਤਿਉਹਾਰ ਦੀ ਸਦੀਆਂ ਪੁਰਾਣੀ ਪਰੰਪਰਾ ਨੂੰ ਜੀਵਤ ਕਰਨ ਲਈ ਪਤੰਗ ਉਡਾਈ।ਇਸ ਮੌਕੇ 'ਤੇ ਪ੍ਰਧਾਨ ਨਰੇਸ਼ ਬੁਧੀਆ, ਸੀਨੀਅਰ ਮੀਤ ਪ੍ਰਧਾਨ ਵਿਨੋਦ ਦਾਦਾ , ਪ੍ਰਬੰਧਕੀ ਕਮੇਟੀ ਦੇ ਹੋਰ ਮੈਂਬਰ ਅਤੇ ਕਾਲਜ ਦੇ ਪ੍ਰਿੰਸੀਪਲ ਹਾਜ਼ਰ ਸਨ।

# ਮਾਨ ਨੇ 62.28 ਲੱਖ ਰੁਪਏ ਦੀ ਲਾਗਤ ਨਾਲ ਸ਼ਹਿਰ ਦੇ ਵਿਕਾਸ ਕਾਰਜਾਂ ਦੀ ਕਰਵਾਈ ਸ਼ੁਰੂਆਤ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**

ਆਮ ਆਦਮੀ ਪਾਰਟੀ ਹਲਕਾ ਵਿਧਾਨਸਭਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ ਨੇ ਸ਼ਹਿਰ ਦੇ ਵੱਖ-ਵੱਖ ਵਾਰਡਾਂ 'ਚ ਵਿਕਾਸ ਦੇ ਕਾਰਜਾਂ ਦਾ ਸ਼ੁੱਭ ਆਰੰਭ ਕਰਵਾਇਆ। ਇਸ ਦੌਰਾਨ ਉਹਨਾਂ ਦੱਸਿਆ ਕਿ ਮੁਹੱਲਾ ਗੁਰੂ ਹਰਕ੍ਰਿਸ਼ਨ ਨਗਰ, ਸਕੀਮ ਨੰਬਰ 3 ਅਤੇ ਹੁਸ਼ਿਆਰਪੁਰ ਰੋਡ ਵਿਖੇ ਕਰੀਬ 62.28 ਲੱਖ ਦੀ ਲਾਗਤ ਨਾਲ ਵੱਖ ਵੱਖ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਾਰਵਾਈ ਗਈ ਹੈ। ਮਾਨ ਨੇ ਕਿਹਾ ਕਿ ਸ਼ਹਿਰ ਦੇ ਸਾਰੇ ਵਾਰਡਾਂ ਦੇ ਅਧੂਰੇ ਵਿਕਾਸ ਕਾਰਜਾਂ ਨੂੰ ਮੈਰਿਟ ਦੇ ਅਧਾਰ ਤੇ ਵਾਰੀ-ਵਾਰੀ ਪੂਰਾ ਕਰਵਾਇਆ ਜਾਵੇਗਾ। ਉਹਨਾਂ ਕਿਹਾ ਕਿ ਜਦੋਂ ਤੋਂ ਪੰਜਾਬ 'ਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ, ਪਿੰਡਾਂ ਅਤੇ ਸ਼ਹਿਰਾਂ ਦਾ ਸੰਪੂਰਣ ਵਿਕਾਸ ਕਰਵਾਉਣ ਤੋਂ ਇਲਾਵਾ ਲੋਕ ਭਲਾਈ ਸਕੀਮਾਂ ਰਾਹੀਂ ਵੀ ਜਨਤਾ ਨੂੰ ਰਾਹਤ ਦਿੱਤੀ ਜਾ ਰਹੀ ਹੈ। ਉਹਨਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸਰਕਾਰੀ ਵਿਭਾਗਾਂ ਵਲੋਂ 'ਸਰਕਾਰ ਆਪ ਦੇ ਦੁਆਰ' ਲੜੀ ਤਹਿਤ ਲੋਕ ਸੇਵਾ ਕੈਂਪ ਲਗਾ ਕੇ 43 ਤਰ੍ਹਾਂ ਦੀਆਂ ਸਰਕਾਰੀ ਸੇਵਾਵਾਂ ਦਾ ਲਾਭ ਘਰੋਂ-ਘਰੀਂ ਪਹੁੰਚਾਇਆ ਜਾ ਰਿਹਾ ਹੈ। ਹਾਲ ਦੀ ਘੜੀ ਪਿੰਡ ਪੱਧਰ 'ਤੇ ਕੈਂਪ ਲਗਾਏ ਜਾ ਰਹੇ ਹਨ ਅਤੇ ਬਹੁਤ ਜਲਦੀ ਸ਼ਹਿਰ ਦੇ ਸਾਰੇ ਵਾਰਡਾਂ 'ਚ ਵੀ ਲੋਕ ਸੇਵਾ ਕੈਂਪ ਲਗਾਏ ਜਾਣਗੇ। ਇਸ ਮੌਕੇ ਸੀਨੀਅਰ ਆਪ ਆਗੂ ਹਰਮੇਸ਼ ਪਾਠਕ, ਨਰੇਸ਼ ਸ਼ਰਮਾ ਬਲਾਕ ਪ੍ਰਧਾਨ, ਵਰੁਣ ਬੰਗੜ ਬਲਾਕ ਪ੍ਰਧਾਨ, ਬਲਬੀਰ ਠਾਕੁਰ ਬਲਾਕ ਪ੍ਰਧਾਨ, ਰਾਜੇਸ਼ ਕੋਲਸਰ ਬਲਾਕ ਪ੍ਰਧਾਨ, ਰੋਹਿਤ ਸ਼ਰਮਾ, ਅਮਨਿੰਦਰ ਸਿੰਘ, ਮਨਪ੍ਰੀਤ ਸਿੰਘ, ਸੋਨੂੰ ਪਹਿਲਵਾਨ, ਪਰਮਜੀਤ ਧਰਮਕੋਟ, ਰਣਬੀਰ ਸਿੰਘ, ਕੇ.ਜੀ ਬੱਬਰ, ਕੰਵਰਪਾਲ ਸਿੰਘ ਜੇ.ਈ ਤੋਂ ਇਲਾਵਾ ਹੋਰ ਪਤਵੰਤੇ ਵੀ ਹਾਜ਼ਰ ਸਨ।

# ਬੱਚਿਆਂ ਨੂੰ ਕਾਨੂੰਨੀ ਅਧਿਕਾਰਾਂ ਬਾਰੇ ਕੀਤਾ ਜਾਗਰੂਕ

**ਸ਼੍ਰੀ ਅਨੰਦਪੁਰ ਸਾਹਿਬਹ (ਅਰਵਿੰਦਰ ਸਿੰਘ ਬਿੰਦੀ)**

ਜਿਲ੍ਹਾ ਅਤੇ ਸੈਸ਼ਨ ਜੱਜ ਕਮ-ਚੇਅਰਪਰਸਨ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਰੂਪਨਗਰ ਸ਼੍ਰੀਮਤੀ ਰਮੇਸ਼ ਕੁਮਾਰੀ ਦੇ ਨਿਰਦੇਸ਼ਾਂ ਤਹਿਤ ਚੀਫ ਜੁਡੀਸ਼ੀਅਲ ਮੈਜਿਸਟ੍ਰੇਟ ਕਮ-ਸਕੱਤਰ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਰੂਪਨਗਰ ਸ਼੍ਰੀਮਤੀ ਹਿਮਾਂਸ਼ੀ ਗਲਹੋਤਰਾ ਦੁਆਰਾ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਇਕ ਵਿਸ਼ੇਸ਼ ਸੈਮੀਨਾਰ ਲਗਾਇਆ ਗਿਆ। ਇਸ ਸੈਮੀਨਾਰ 'ਚ ਸਕੂਲੀ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਬੱਚਿਆਂ ਅਤੇ ਔਰਤਾਂ ਦੇ ਮੌਲਿਕ ਅਧਿਕਾਰਾਂ ਬਾਰੇ ਜਾਣੂ ਕਰਵਾਇਆ ਗਿਆ ਅਤੇ ਬੱਚਿਆਂ ਨਾਲ ਵੱਧ ਰਹੇ ਸਰੀਰਕ ਸੋਸ਼ਣ ਸੰਬੰਧੀ ਬੱਚਿਆਂ ਨੂੰ ਜਾਗਰੂਕ ਕਰਨ ਲਈ ਪੋਕਸੋ ਐਕਟ, ਵਿਕਟਿਮ ਕੰਪਨਸੇਸ਼ਨ, ਸੈਕਸੁਅਲ ਹਰਾਸਮੈਂਟ ਅਤੇ ਛੇੜਛਾੜ ਸੰਬੰਧੀ ਕਾਨੂੰਨਾਂ ਬਾਰੇ ਜਾਣੂ ਕਰਵਾਇਆ ਗਿਆ। ਅੰਤ 'ਚ ਸੀ ਜੇ ਐਮ ਸ਼੍ਰੀਮਤੀ ਹਿਮਾਂਸ਼ੀ ਗਲਹੋਤਰਾ ਨੇ ਦੱਸਿਆ ਕਿ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨਾਲ ਗੱਲ ਕਰਨ ਲਈ ਕਿਸੇ ਵੀ ਸਮੇਂ ਟੋਲ ਫਰੀ ਨੰਬਰ 15100 'ਤੇ ਸੰਪਰਕ ਕਰ ਸਕਦੇ ਹਨ।



# ਡੇਰਾਬੱਸੀ ਦੇ ਸਰਸੀਣੀ ਤੇ ਸ਼ੇਖਪੁਰ ਕਲਾਂ ਵਿਖੇ ਲਗਾਏ ਕੈਂਪ

**ਡੇਰਾਬੱਸੀ, (ਗੁਰਜੀਤ ਬਿੱਲਾ)**-ਪੰਜਾਬ ਸਰਕਾਰ ਵੱਲੋਂ ਆਪ ਦੀ ਸਰਕਾਰ ਆਪ ਦੇ ਦੁਆਰ ਤਹਿਤ ਪਿੰਡਾਂ ਤੇ ਸ਼ਹਿਰਾਂ ਦੇ ਲੋਕਾਂ ਨੂੰ ਇੱਕੋ ਛੱਤ ਹੇਠ ਵੱਖ-ਵੱਖ ਸੇਵਾਵਾਂ ਮੁਹੱਈਆ ਕਰਵਾਉਣ ਅਤੇ ਲੋਕਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਕਰਨ ਲਈ ਲਗਾਏ ਜਾ ਰਹੇ ਕੈਂਪਾਂ ਨੂੰ ਜ਼ਿਲ੍ਹੇ ਦੇ ਲੋਕਾਂ ਦਾ ਭਰਵਾਂ ਸਹਿਯੋਗ ਮਿਲ ਰਿਹਾ ਹੈ ਅਤੇ ਇਨ੍ਹਾਂ ਕੈਂਪਾਂ ਦਾ ਲੋਕ ਘਰ ਬੈਠੇ ਹੀ ਲਾਹਾ ਲੈ ਰਹੇ ਹਨ। ਇਹ ਜਾਣਕਾਰੀ ਐਸ ਡੀ ਐਮ ਹਿਮਾਂਸ਼ੂ ਗੁਪਤਾ ਨੇ ਆਪ ਦੀ ਸਰਕਾਰ ਆਪ ਦੇ ਦੁਆਰ ਤਹਿਤ ਪਿੰਡ ਸਰਸੀਣੀ, ਵਾਰਡ ਨੰਬਰ 4,5 ਲਾਲੜੂ, ਵਾਰਡ ਨੰਬਰ 7,8 ਢਕੋਲੀ ਅਤੇ ਸ਼ੇਖਪੁਰ ਕਲਾਂ ਵਿਖੇ ਲਗਾਏ ਕੈਂਪ ਦਾ ਜਾਇਜ਼ਾ ਲੈਣ ਉਪਰੰਤ ਦਿੱਤੀ। ਉਨ੍ਹਾਂ ਇਹ ਵੀ ਦੱਸਿਆ ਕਿ ਇਨ੍ਹਾਂ ਕੈਂਪਾਂ ਦੌਰਾਨ ਪ੍ਰਾਪਤ ਹੋਣ ਵਾਲੀਆਂ ਸ਼ਿਕਾਇਤਾਂ ਦੇ 100 ਫੀਸਦੀ ਨਿਪਟਾਰੇ ਨੂੰ ਯਕੀਨੀ ਬਣਾਇਆ ਗਿਆ ਹੈ ਤਾਂ ਜੋ ਕੋਈ ਵੀ ਨਾਗਰਿਕ ਸੇਵਾਵਾਂ ਹਾਸਲ ਕਰਨ ਤੋਂ ਵਾਂਝਾ ਨਾ ਰਹੇ। ਹਿਮਾਸ਼ੂ ਗੁਪਤਾ ਨੇ ਜ਼ਿਲ੍ਹੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਆਪ ਦੀ ਸਰਕਾਰ ਆਪ ਦੇ ਦੁਆਰ ਤਹਿਤ ਰੋਜ਼ਾਨਾਂ ਕੈਂਪ ਲਗਾਏ ਜਾਂਦੇ ਹਨ ਤਾਂ ਜੋ ਸਾਰੇ ਨਾਗਰਿਕ ਆਪਣੀ ਲੋੜ ਦੀਆਂ ਸੇਵਾਵਾਂ ਹਾਸਲ ਕਰ ਸਕਣ।

# ਰਿਆਤ ਬਾਹਰਾ 'ਵਰਸਿਟੀ ਵਿਖੇ ਮਨਾਇਆ ਬਸੰਤ ਪੰਚਮੀ ਦਾ ਤਿਉਹਾਰ



**ਕੁਰਾਲੀ (ਮੋਹਨ ਅਗਰਵਾਲ)**

ਰਿਆਤ ਬਾਹਰਾ ਯੂਨੀਵਰਸਿਟੀ ਅਤੇ ਰਿਆਤ ਬਾਹਰਾ ਡੈਂਟਲ ਕਾਲਜ ਅਤੇ ਹਸਪਤਾਲ ਵੱਲੋਂ ਸਰਸਵਤੀ ਪੂਜਾ ਅਤੇ ਬਸੰਤ ਪੰਚਮੀ ਦੇ ਤਿਉਹਾਰ ਮੌਕੇ ਇੱਕ ਰੰਗਾਰੰਗ ਸਮਾਗਮ ਦਾ ਆਯੋਜਨ ਕੀਤਾ ਗਿਆ ਜਿਸ ਦੌਰਾਨ ਵਿਦਿਆਰਥੀਆਂ ਨੇ ਇੱਕ ਮਜ਼ੇਦਾਰ ਦਿਨ ਦਾ ਅਨੰਦ ਮਾਣਿਆ।ਇਸ ਸਮਾਗਮ ਦਾ ਆਯੋਜਨ ਯੂ ਐਸ ਟੀ ਏ ਐਚ ਐਮ ਦੇ ਸਹਿਯੋਗ ਨਾਲ ਕੀਤਾ ਗਿਆ ਅਤੇ ਪੰਜਾਬ ਸਟੇਟ ਫੋਰੈਂਸਿਕ ਸਾਇੰਸ ਲੈਬਾਰਟਰੀ ਦੇ ਸਹਾਇਕ ਡਾਇਰੈਕਟਰ (ਸੇਵਾਮੁਕਤ) ਅਤੇ ਟਿੰਨੀ ਕਾਈਟਸ ਮੇਕਿੰਗ ਵਿੱਚ ਲਿਮਕਾ ਬੁੱਕ ਰਿਕਾਰਡ ਹੋਲਡਰ ਡਾ: ਦਵਿੰਦਰ ਪਾਲ ਸਿੰਘ ਸਹਿਗਲ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਤਿਉਹਾਰ ਦੀਆਂ ਗਤੀਵਿਧੀਆਂ ਦਾ ਆਯੋਜਨ ਡਿਫੈਂਸ ਆਫਿਸਰਜ਼ ਪ੍ਰੈਪਰੇਟਰੀ ਅਕੈਡਮੀ ਦੇ ਮੈਦਾਨ ਵਿੱਚ ਕੀਤਾ ਗਿਆ ਸੀ।ਇਸ ਦੌਰਾਨ ਵਿਦਿਆਰਥੀਆਂ ਨੇ ਪਤੰਗ ਉਡਾਉਣ, ਪਤੰਗ ਬਣਾਉਣ, ਕਟਾਈ ਅਤੇ ਸਭ ਤੋਂ ਵੱਧ ਉੱਡਣ ਦੀਆਂ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਭਾਗ ਲਿਆ।ਸੱਭਿਆਚਾਰਕ ਸਮਾਗਮਾਂ ਵਿੱਚ ਲੋਕ ਨਾਚ, ਸੰਗੀਤ ਦੀਆਂ ਗਤੀਵਿਧੀਆਂ, ਡੀਜੇ ਅਤੇ ਮਜ਼ੇਦਾਰ ਖੇਡਾਂ ਸ਼ਾਮਲ ਸਨ।ਇੰਸਟੀਚਿਊਸ਼ਨਜ਼ ਦੇ ਚੇਅਰਮੈਨ ਗੁਰਵਿੰਦਰ ਸਿੰਘ ਬਾਹਰਾ ਨੇ ਆਰ ਬੀ ਯੂ ਅਤੇ ਆਰ ਬੀ ਡੀ ਸੀ ਐਚ ਅਧਿਕਾਰੀਆਂ ਵੱਲੋਂ ਬਸੰਤ ਪੰਚਮੀ ਨੂੰ ਨਵੇਂ ਤਰੀਕੇ ਨਾਲ ਮਨਾਉਣ ਦੇ ਉਪਰਾਲੇ ਦੀ ਸ਼ਲਾਘਾ ਕੀਤੀ।ਇਸ ਮੌਕੇ ਵਾਈਸ-ਚਾਂਸਲਰ ਡਾ. ਪਰਵਿੰਦਰ ਸਿੰਘ ਨੇ ਸਲੋਗਨ ਰਾਈਟਿੰਗ ਮੁਕਾਬਲੇ ਦੇ ਵਿਜ਼ਿਆਂ ਦੀ ਸ਼ਲਾਘਾ ਕੀਤੀ। ਯੂਨੀਵਰਸਿਟੀ ਰਜਿਸਟਰਾਰ ਡਾ: ਦਿਨੇਸ਼ ਸ਼ਰਮਾ ਦੇ ਨਾਲ ਡਾ. ਐਸ ਕੇ ਬਾਂਸਲ, ਡਾ. ਅਕਸ਼ੈ ਸ਼ਰਮਾ ਪ੍ਰਿੰਸੀਪਲ ਰਿਆਤ ਬਾਹਰਾ ਡੈਂਟਲ ਕਾਲਜ ਅਤੇ ਹਸਪਤਾਲ, ਡਾ: ਮਧੂਮਿਤਾ ਮੁਖਰਜੀ ਪ੍ਰਿੰਸੀਪਲ (ਯੂ ਐਸ ਟੀ ਏ ਐਚ ਐਮ), ਡਾ: ਨੀਨਾ ਮਹਿਤਾ ਡੀਨ ਅਕਾਦਮਿਕ ਅਤੇ ਹੋਰ ਸੀਨੀਅਰ ਫੈਕਲਟੀ ਮੈਂਬਰ ਵੀ ਮੌਜੂਦ ਸਨ। ਇਸ ਦੌਰਾਨ ਵੱਖ ਵੱਖ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ ਗਏ।

# ਬਲਕਾਰ ਸਿੰਘ ਵੱਲੋਂ 'ਗੁਰੂ ਰਵਿਦਾਸ ਬਾਣੀ ਅਧਿਐਨ ਸੈਂਟਰ' ਨੂੰ ਸਥਾਪਤ ਕਰਨ ਲਈ ਰੂਪ ਰੇਖਾ ਉਲੀਕਣ ਦੇ ਆਦੇਸ਼

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਸਥਾਨਕ ਸਰਕਾਰਾਂ ਬਾਰੇ ਮੰਤਰੀ ਬਲਕਾਰ ਸਿੰਘ ਨੇ ਜਲੰਧਰ ਦੇ ਡਿਪਟੀ ਕਮਿਸ਼ਨਰ ਨੂੰ "ਗੁਰੂ ਰਵਿਦਾਸ ਬਾਣੀ ਅਧਿਐਨ ਸੈਂਟਰ" ਨੂੰ ਸਥਾਪਤ ਕਰਨ ਲਈ ਡੇਰੇ ਦੇ ਪ੍ਰਬੰਧਕਾਂ ਨਾਲ ਮਿਲਕੇ ਤੁਰੰਤ ਰੂਪ ਰੇਖਾ ਉਲੀਕਣ ਦੇ ਨਿਰਦੇਸ਼ ਦਿੱਤੇ ਹਨ। ਸੂਬਾ ਸਰਕਾਰ ਵੱਲੋਂ 25 ਕਰੋੜ ਰੁਪਏ ਦੀ ਰਾਸ਼ੀ ਨਾਲ ਇਹ ਸੈਂਟਰ ਸਥਾਪਤ ਕੀਤਾ ਜਾ ਰਿਹਾ ਹੈ। ਸਥਾਨਕ ਸਰਕਾਰਾਂ ਬਾਰੇ ਮੰਤਰੀ ਵੱਲੋਂ ਇੱਥੇ ਪੰਜਾਬ ਭਵਨ ਵਿਖੇ ਗੁਰੂ ਰਵਿਦਾਸ ਬਾਣੀ ਅਧਿਐਨ ਸੈਂਟਰ ਨੂੰ ਸਥਾਪਤ ਕਰਨ ਸੰਬੰਧੀ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਅਨਮੋਲ ਗਗਨ ਮਾਨ ਤੇ ਲੋਕ ਸਭਾ ਮੈਂਬਰ ਸੁਸ਼ੀਲ ਕੁਮਾਰ ਰਿੰਕੂ ਦੀ ਹਾਜਰੀ 'ਚ ਵੱਖ-ਵੱਖ ਵਿਭਾਗਾਂ ਦੇ ਉੱਚ ਅਧਿਕਾਰੀਆਂ ਅਤੇ ਡੇਰੇ ਦੇ ਪ੍ਰਬੰਧਕਾਂ ਨਾਲ ਮੀਟਿੰਗ ਕੀਤੀ। ਸਥਾਨਕ ਸਰਕਾਰਾਂ ਮੰਤਰੀ ਬਲਕਾਰ ਸਿੰਘ ਨੇ ਕਿਹਾ ਕਿ ਜੇਕਰ ਇਸ ਕਾਰਜ ਲਈ ਹੋਰ ਫੰਡਾਂ ਦੀ ਜਰੂਰਤ ਪਵੇਗੀ ਤਾਂ ਉਹ ਵੀ ਸੂਬਾ ਸਰਕਾਰ ਵੱਲੋਂ ਮੁਹੱਈਆ ਕਰਵਾਏ ਜਾਣਗੇ। ਉਨ੍ਹਾਂ ਜਲੰਧਰ ਦੇ ਡਿਪਟੀ ਕਮਿਸ਼ਨਰ ਨੂੰ ਨਿਰਦੇਸ਼ ਦਿੱਤੇ ਕਿ "ਗੁਰੂ ਰਵਿਦਾਸ ਬਾਣੀ ਅਧਿਐਨ ਸੈਂਟਰ" ਦੇ ਕੰਮ ਨੂੰ ਵਿਸ਼ੇਸ਼ ਤਰਜੀਹ ਦਿੰਦੇ ਹੋਏ ਲੋੜੀਂਦੀ ਜਗ੍ਹਾਂ ਦੀ ਭਾਲ ਕੀਤੀ ਜਾਵੇ ਅਤੇ ਡੇਰੇ ਦੇ ਪ੍ਰਬੰਧਕਾਂ ਨਾਲ ਮਿਲਕੇ ਮੁਕੰਮਲ ਰੂਪ ਰੇਖਾ ਜਲਦੀ ਤੋਂ ਜਲਦੀ ਤਿਆਰ ਕਰ ਲਈ ਜਾਵੇ। ਉਨ੍ਹਾਂ ਕਿਹਾ ਕਿ ਇਸ ਕੰਮ ਦੀ ਪ੍ਰਗਤੀ ਸੰਬੰਧੀ ਜਲਦ ਹੀ ਅਗਲੀ ਮੀਟਿੰਗ ਬੁਲਾਈ ਜਾਵੇਗੀ।

# ਚਿੱਤੋਂ ਵਿਖੇ ਬਲਜੀਤ ਸਿੰਘ ਯਾਦਗਾਰੀ ਸਾਲਾਨਾ ਫੁੱਟਬਾਲ ਟੂਰਨਾਮੈਂਟ ਕਰਵਾਇਆ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਪਿੰਡ ਚਿੱਤੋਂ ਵਿਖੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਪੀਰ ਬਾਬਾ ਟਾਹਲੀ ਸਾਹਿਬ ਸਪੋਰਟਸ ਕਲੱਬ ਵੱਲੋਂ ਸਵਰਗਵਾਸੀ ਬਲਜੀਤ ਸਿੰਘ ਮੈਮੋਰੀਅਲ ਨੂੰ ਯਾਦਗਾਰੀ ਨੂੰ ਸਮਰਪਿਤ ਓਪਨ ਪਿੰਡ ਪੱਧਰ ਫੁਟਬਾਲ ਟੂਰਨਾਮੈਂਟ ਸ਼ਾਨੋ ਸ਼ੌਕਤ ਨਾਲ ਆਪਣੀਆਂ ਨਿੱਘੀਆਂ ਯਾਦਾਂ ਛੱਡਦਾ ਹੋਇਆ ਸਮਾਪਤ ਹੋ ਗਿਆ।ਇਸ ਮੌਕੇ ਮੋਹਨ ਲਾਲ ਚਿੱਤੋ ਨੇ ਦੱਸਿਆ ਕਿ ਇਸ ਸਾਲਾਨਾ ਫੁੱਟਬਾਲ ਟੂਰਨਾਮੈਂਟ ਵਿਚ ਸੰਨੀ ਅਮਰੀਕਾ, ਗੁਰਦੀਪ ਅਮਰੀਕਾ ਮੋਹਣ ਲਾਲ ਬਈਟਨ ਦੇ ਸਹਿਯੋਗ ਨਾਲ ਕਰਵਾਇਆ ਗਿਆ। ਟੂਰਨਾਮੈਂਟ ਦੌਰਾਨ ਪਿੰਡ ਪੱਧਰ ਓਪਨ ਦਾ ਮੈਚ ਚਿੱਤੋਂ ਅਤੇ ਮੈਲੀ ਵਿਚਕਾਰ ਕਰਵਾਇਆ ਗਿਆ। ਜੋ ਕਿ ਅੰਤ ਸਮੇਂ ਬਰਾਬਰ ਰਹੀਆਂ। ਪ੍ਰਬੰਧਕ ਕਮੇਟੀ ਦੋਵਾਂ ਟੀਮਾਂ ਜੁਆਇੰਟ ਜੇਤੂ ਕਰਾਰ ਦਿੱਤਾ ਗਿਆ। ਇਸੇ ਤਰ੍ਹਾਂ 50 ਕਿਲੋਗ੍ਰਾਮ ਭਾਰ ਵਰਗ ਚਿੱਤੋਂ ਅਤੇ ਹਾਰਟਾ ਵਿਚਕਾਰ ਕਰਵਾਇਆ ਗਿਆ। ਜਿਸ ਵਿਚ ਪਿੰਡ ਚਿੱਤੋਂ ਦੀ ਟੀਮ ਜੇਤੂ ਰਹੀ।ਇਸ ਮੌਕੇ 'ਤੇ ਟੂਰਨਾਮੈਂਟ ਵਿੱਚ ਓਪਨ ਪਿੰਡ ਪੱਧਰ ਦੀਆਂ 32 ਟੀਮਾਂ ਅਤੇ ਵੇਟ 50 ਕਿਲੋਗ੍ਰਾਮ ਦੀਆਂ 08 ਟੀਮਾਂ ਹਿੱਸਾ ਲਿਆ। ਉਹਨਾਂ ਦੱਸਿਆ ਕਿ ਓਪਨ ਪਿੰਡ ਪੱਧਰ ਦਾ ਪਹਿਲਾ ਇਨਾਮ 41000 ਹਜ਼ਾਰ ਰੁਪਏ, ਦੂਜਾ ਇਨਾਮ 31000 ਹਜ਼ਾਰ ਰੁਪਏ ਟਰਾਫੀ, ਤੀਜਾ ਇਨਾਮ 6100 ਸੌ ਰੁਪਏ ਟਰਾਫੀ, ਚੌਥਾ ਇਨਾਮ 4100 ਸੌ ਰੁਪਏ ਨਗਦ ਇਨਾਮ ਦਿੱਤਾ ਗਿਆ ।ਇਸੇ ਤਰ੍ਹਾਂ 50 ਕਿਲੋਗ੍ਰਾਮ ਭਾਰ ਵਰਗ ਵਿੱਚ ਪਹਿਲੇ ਸਥਾਨ 'ਤੇ ਰਹਿਣ ਵਾਲੀ ਟੀਮ ਨੂੰ 11000 ਹਜ਼ਾਰ ਰੁਪਏ, ਦੂਜੇ ਸਥਾਨ 'ਤੇ ਰਹਿਣ ਵਾਲੇ ਟੀਮ ਦਾ 9000 ਹਜ਼ਾਰ ਰੁਪਏ ਟਰਾਫੀ ਦੇ ਕੇ ਸਨਮਾਨਿਤ ਕੀਤਾ ਗਿਆ। ਮੁੱਖ ਮਹਿਮਾਨ ਚੇਅਰਮੈਨ ਹਰਮਿੰਦਰ ਸਿੰਘ ਸੰਧੂ ਹਲਕਾ ਇੰਚਾਰਜ ਆਮ ਆਦਮੀ ਪਾਰਟੀ ਚੱਬੇਵਾਲ ਜੇਤੂ ਅਤੇ ਉਪ ਜੇਤੂ ਟੀਮਾਂ ਨੂੰ ਇਨਾਮਾਂ ਦੀ ਵੰਡ ਕੀਤੀ। ਇਸ ਮੌਕੇ ਸੁਆਮੀ ਸੁਰੇਸਵਰਾ ਨੰਦ ਸ਼ਿਵ ਮੰਦਿਰ ਚਿੱਤੋਂ, ਸੰਤ ਬਾਬਾ ਸੁੱਚਾ ਸਿੰਘ ਚਿੱਤੋਂ, ਮੋਹਣ ਲਾਲ ਚਿੱਤੋ ਮੈਂਬਰ ਕੌਂਸਲ, ਜਥੇਦਾਰ ਜਸਵੀਰ ਜੱਲੋਵਾਲ ਪ੍ਰਧਾਨ ਕਿਸਾਨ ਵਿੰਗ ਜ਼ਿਲ੍ਹਾ ਹੁਸ਼ਿਆਰਪੁਰ, ਹਰਦੀਪ ਲੌਂਗੀਆ ਸੀਨੀਅਰ ਆਪ ਆਗੂ, ਇੰਚਾਰਜ ਗਾਇਕ ਜੱਸੀ ਭਾਮ, ਸੁਰਜੀਤ ਸਿੰਘ ਭਾਮ ਇੰਚਾਰਜ ਚੱਬੇਵਾਲ, ਲਖਵੀਰ ਸਿੰਘ ਸੰਘਾ ਇੰਚਾਰਜ, ਬਿੱਕਰ ਸਿੰਘ, ਦੀਪਕ ਪੰਡਤ, ਅਮਨ, ਸੁਰਜੀਤ, ਅਸ਼ੋਕ ਕੁਮਾਰ, ਪਵਿੱਤਰ ਸਿੰਘ, ਡਾਕਟਰ ਖੜਕ ਸਿੰਘ ਚੱਬੇਵਾਲ, ਜਗਤ ਰਾਮ ਸਾਬਕਾ ਸਰਪੰਚ, ਸਵਰਨ ਦਾਸ, ਸਰਪੰਚ ਕਰਨੈਲ ਸਿੰਘ, ਗੋਪਾਲ ਕਿਸ਼ਨ ਆਦਿ ਹਾਜ਼ਰ ਸਨ।

# ਮਲਟੀਪਰਪਜ਼ ਹੈਲਥ ਇੰਪਲਾਈਜ਼ ਯੂਨੀਅਨ ਨੇ ਛੇੜਿਆ ਸੰਘਰਸ਼

## ਸਿਹਤ ਮੰਤਰੀ ਦੀ ਕੋਠੀ ਦਾ ਘਿਰਾਓ 24 ਨੂੰ



**ਧੂਰੀ (ਬਿੰਨੀ ਗਰਗ)**

ਬਦਲਾਅ ਦੇ ਨਾਂਅ 'ਤੇ ਹੋਂਦ ਵਿੱਚ ਆਈ ਆਮ ਆਦਮੀ ਦੀ ਸਰਕਾਰ ਦੇ ਦੋ ਸਾਲਾਂ ਦੇ ਸਮੇਂ ਵਿੱਚ ਹੀ ਹਰ ਵਰਗ ਨਿਰਾਸ਼ਤਾ ਦੇ ਆਲਮ ਵਿੱਚ ਗੁਜ਼ਰ ਰਿਹਾ ਹੈ। ਇਹ ਸ਼ਬਦ ਸਿਹਤ ਵਿਭਾਗ ਦੀ ਸਿਰਮੌਰ ਜਥੇਬੰਦੀ ਮਲਟੀਪਰਪਜ ਹੈਲਥ ਇੰਪਲਾਈਜ ਯੂਨੀਅਨ ਪੰਜਾਬ ਦੇ ਪ੍ਰਧਾਨ ਕੁਲਬੀਰ ਸਿੰਘ ਮੋਗਾ ਨੇ ਮੁੱਖ ਮੰਤਰੀ ਦੇ ਹਲਕੇ ਧੂਰੀ ਦੇ ਰਾਮ ਬਾਗ ਵਿੱਚ ਪੰਜ ਜ਼ਿਲ੍ਹਿਆਂ ਦੀ ਜੋਨਲ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਹੇ। ਉਨ੍ਹਾਂ ਕਿਹਾ ਕਿ 24 ਫਰਵਰੀ ਵਾਲਾ ਧਰਨਾ ਸਿਹਤ ਮੰਤਰੀ ਦੀ ਕੋਠੀ ਦੀਆਂ ਨੀਂਹਾਂ ਹਿਲਾ ਕੇ ਰੱਖ ਦੇਵੇਗਾ। ਜੋ ਮੁੱਖ ਮੰਤਰੀ ਇਹ ਕਹਿੰਦਾ ਨਹੀਂ ਥੱਕਦਾ ਕਿ ਧਰਨੇ ਲਾਉਣ ਤੋਂ ਪਹਿਲਾਂ ਮੇਰੇ ਨਾਲ ਮੀਟਿੰਗ ਕਰ ਲਿਆ ਕਰੋ, ਪਰ ਇਸਦੇ ਉਲਟ ਜਥੇਬੰਦੀ ਨੇ ਪਿੰਡ ਲੱਡਾ, ਘਨੌਰੀ, ਸਤੌਜ ਤੇ ਬਾਲੀਆਂ ਵਿਖੇ ਮੰਗ ਪੱਤਰ ਦਿੱਤੇ। ਮੁੱਖ ਮੰਤਰੀ ਦੇ ਧੂਰੀ ਦਫਤਰ ਦੇ ਇੰਚਾਰਜ ਓ ਐਸ ਡੀ ਓਅੰਕਾਰ ਸਿੰਘ ਸਿੱਧੂ ਜੀ ਨੂੰ ਜਥੇਬੰਦੀ ਦੀ ਸੂਬਾ ਕਮੇਟੀ ਨੇ ਇੱਕ ਸਾਲ ਪਹਿਲਾਂ ਮੰਗ ਪੱਤਰ ਦਿੱਤਾ ਸੀ ਅਤੇ ਸਿੱਧੂ ਜੀ ਨੇ ਪੈਨਲ ਮੀਟਿੰਗ ਕਰਵਾਉਣ ਦਾ ਭਰੋਸਾ ਦਿੱਤਾ ਸੀ। ਭਾਵ ਜਥੇਬੰਦੀ ਨੇ ਵਾਰ ਵਾਰ ਮੰਗ ਪੱਤਰ ਅਤੇ ਯਾਦ ਪੱਤਰ ਦਿੱਤੇ। ਧੂਰੀ ਦਫਤਰ ਵੱਲੋਂ ਮੁੱਖ ਮੰਤਰੀ ਨੂੰ ਵਾਰ ਵਾਰ ਦੱਸਿਆ ਵੀ ਗਿਆ ਕਿ ਜਥੇਬੰਦੀ ਦੇ ਕਈ ਵਾਰ ਮੰਗ ਪੱਤਰ ਆ ਚੁੱਕੇ ਹਨ, ਪਰ ਮੁੱਖ ਮੰਤਰੀ ਨੇ ਭਰੋਸੇ ਤੋਂ ਬਿਨਾਂ ਕੁੱਝ ਨਹੀਂ ਦਿੱਤਾ। ਅਸੀਂ ਦੋ ਸਾਲ ਇੰਤਜ਼ਾਰ ਕੀਤਾ ਕਿ ਮੰਗਾਂ ਮੰਨੀਆਂ ਜਾਣਗੀਆਂਠ ਪਰ ਅਜਿਹਾ ਨਹੀਂ ਹੋਇਆ। ਇੱਕ ਵਾਰ ਫਿਰ ਸੂਬਾ ਕਮੇਟੀ ਨੇ ਮੁੱਖ ਮੰਤਰੀ ਦੇ ਧੂਰੀ ਦਫਤਰ ਵਿਖੇ 13 ਸੂਤਰੀ ਮੰਗ ਪੱਤਰ ਦਿੱਤਾ ਹੈ। ਨਾਲ ਹੀ 24 ਫਰਵਰੀ ਨੂੰ ਸਿਹਤ ਮੰਤਰੀ ਜੀ ਦੀ ਪਟਿਆਲਾ ਵਿਖੇ ਕੋਠੀ ਮੂਹਰੇ ਧਰਨਾ ਲਾਉਣ ਦਾ ਨੋਟਿਸ ਵੀ ਦਿੱਤਾ ਗਿਆ।

ਜਥੇਬੰਦੀ ਦੀਆਂ ਮੰਗਾਂ ਵਿੱਚ ਕੇਡਰ ਦਾ ਨਾਂਅ ਬਦਲਣਾ, ਕੇਡਰ ਦੇ ਠੇਕਾ ਆਧਾਰਤ ਸਮੁੱਚੇ ਮੁਲਾਜ਼ਮ ਬਿਨਾਂ ਸ਼ਰਤ ਪੱਕੇ ਕਰਨ, ਸੀਨੀਆਰਤਾ ਸੂਚੀਆਂ ਸੋਧ ਕੇ ਜਾਰੀ ਕਰਨ, ਆਨਲਾਈਨ ਕਰਨ ਲਈ ਲੋੜੀਂਦਾ ਸਾਜ਼ੋ ਸਾਮਾਨ, ਸਮਾਂਬੱਧ ਤਰੱਕੀਆਂ ਅਤੇ ਖਾਲੀ ਆਸਾਮੀਆਂ ਭਰਨ, ਮਲਟੀਪਰਪਜ ਹੈਲਥ ਵਰਕਰ ਦੀ ਨਰਸਿੰਗ ਕੌਂਸਲ ਤੋਂ ਰਜਿਸਟ੍ਰੇਸ਼ਨ, ਸਿਹਤ ਕੇਂਦਰ ਤੇ ਹੈਲਥ ਵਰਕਰ ਮੇਲ ਦੀ ਬਣਦੇ ਕੰਮਾਂ ਵਿੱਚ ਬਣਦੀ ਭਾਗੀਦਾਰੀ, ਬੱਝਵਾਂ ਸਫਰੀ ਭੱਤਾ, ਫੀਮੇਲ ਵਰਕਰਾਂ ਦਾ ਵਰਦੀ ਭੱਤਾ, ਬੋਰਡਿੰਗ ਭੱਤਾ ਬਹਾਲ ਕਰਨਾ, 2020 ਤੋਂ ਬਾਅਦ ਭਰਤੀ ਹੋਏ ਹੈਲਥ ਵਰਕਰਾਂ ਤੇ ਪੰਜਾਬ ਦੇ ਸਕੇਲ ਲਾਗੂ ਹੋਣ, ਹੈਲਥ ਵਰਕਰ ਮੇਲ ਦੇ ਬੰਦ ਹੋਏ ਸਕੂਲ ਦੁਬਾਰਾ ਚਾਲੂ ਹੋਣ, ਨਵੇਂ ਬਣੇ ਜ਼ਿਲ੍ਹਿਆਂ ਵਿੱਚ ਹੈਲਥ ਵਰਕਰ ਮੇਲ, ਸੁਪਰਵਾਈਜਰ ਅਤੇ ਏ ਐਮ ਓ ਦੀਆਂ ਆਸਾਮੀਆਂ ਦੀ ਸਿਰਜਣਾ ਕੀਤੀ ਜਾਵੇ, ਯੂ ਵਿਨ ਪੋਰਟਲ ਤੇ ਕੰਮ ਕਰਨ ਵਾਲੇ ਮੁਲਾਜ਼ਮਾਂ ਦੀਆਂ ਵੱਖ-ਵੱਖ ਉਨ੍ਹਾਂ ਦੇ ਨਾਂਅ 'ਤੇ ਆਈ ਡੀਜ ਬਣਾਈਆਂ ਜਾਣ। ਇਸ ਸੰਬੰਧੀ ਡਾਇਰੈਕਟਰ ਵੱਲੋਂ ਲਿਖਤੀ ਪੱਤਰ ਜਾਰੀ ਕੀਤਾ ਜਾਵੇ।

## ਹੁਨਰ ਵਿਕਾਸ ਕੇਂਦਰਾਂ ਨੂੰ ਚਲਾਉਣ ਲਈ 3.6 ਲੱਖ ਰੁਪਏ ਦਾ ਯੋਗਦਾਨ



**ਲੁਧਿਆਣਾ (ਜਸਦੀਪ ਵਰਤੀਆਂ, ਰਾਜ ਸਿੰਗਲਾ)**-ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ ਵੱਲੋਂ ਸੀ.ਐਸ.ਆਰ. ਪਹਿਲਕਦਮੀ ਅਤੇ ਪ੍ਰੋਜੈਕਟ ਨਾਰੀ ਸ਼ਕਤੀ ਤਹਿਤ ਹੁਨਰ ਵਿਕਾਸ ਕੇਂਦਰ (ਮਿੰਨੀ ਸਕੱਤਰੇਤ ਲੁਧਿਆਣਾ ਅਤੇ ਹੰਬੜਾਂ ਰੋਡ ਵਿਖੇ) ਚਲਾਉਣ ਲਈ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੂੰ 3.6 ਲੱਖ ਰੁਪਏ ਦੀ ਰਾਸ਼ੀ ਦਾ ਚੈੱਕ ਸੌਂਪਿਆ। ਕੰਪਨੀ ਦੇ ਸੀਨੀਅਰ ਮੈਨੇਜਰ ਸੀ.ਐਸ.ਆਰ. ਅਮਿਤ ਧਵਨ ਨੇ ਚੈੱਕ ਸੌਂਪਿਆ। ਉਨ੍ਹਾਂ ਕਿਹਾ ਕਿ ਵਰਧਮਾਨ ਸਪੈਸ਼ਲ ਸਟੀਲਜ਼ ਲੋੜਵੰਦ ਔਰਤਾਂ ਨੂੰ ਸਿਲਾਈ ਦੇ ਹੁਨਰਮੰਦ ਬਣਾਉਣ ਵਿੱਚ ਸਹਿਯੋਗ ਵਜੋਂ ਸਾਲਾਨਾ 7.2 ਲੱਖ ਰੁਪਏ ਦੀ ਸਹਾਇਤਾ ਨਾਲ ਜ਼ਿਲ੍ਹਾ ਹੁਨਰ ਵਿਕਾਸ ਕੇਂਦਰਾਂ ਦੀ ਸਹਾਇਤਾ ਕਰੇਗੀ, ਜਿਸ ਨਾਲ ਉਹ ਇੱਕ ਸੁੰਦਰ ਜੀਵਨ ਕਮਾਉਣ ਦੇ ਯੋਗ ਬਣ ਸਕਣ। ਉਨ੍ਹਾਂ ਸਾਂਝਾ ਕੀਤਾ ਕਿ ਵਰਧਮਾਨ ਸਪੈਸ਼ਲ ਸਟੀਲਜ਼ ਬੁੱਢਾ ਦਰਿਆ ਦੇ ਨਾਲ-ਨਾਲ ਮਿਆਵਾਕੀ ਜੰਗਲ ਦੇ 2.5 ਏਕੜ ਦੇ ਵਿਕਾਸ ਲਈ, ਹਵਾ ਦੀ ਗੁਣਵੱਤਾ ਵਿੱਚ ਸੁਧਾਰ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਹਰਿਆਵਲ ਭਰਪੂਰ ਸ਼ਹਿਰੀ ਜੰਗਲੀ ਖੇਤਰਾਂ ਦੇ ਵਿਕਾਸ ਲਈ ਪ੍ਰਸ਼ਾਸਨ ਨਾਲ ਸਮਝੌਤਾ ਕਰਨ ਦੇ ਅੰਤਮ ਪੜਾਅ ਵਿੱਚ ਹੈ।

# 35 ਦਿਨ ਬਾਅਦ ਵੀ ਕਾਤਲਾਂ ਤੱਕ ਨਾ ਪੁੱਜ ਸਕੀ ਪੁਲਸ, ਲੋਕਾਂ 'ਚ ਰੋਸ



ਗੁਰੂ ਘਰ 'ਚ ਪੁਲਸ ਦੀ ਢਿੱਲੀ ਕਾਰਗੁਜ਼ਾਰੀ 'ਤੇ ਰੋਸ ਪ੍ਰਗਟ ਕਰਦੇ ਹੋਏ ਪਿੰਡ ਵਾਸੀ।

**ਬੁਢਲਾਡਾ (ਅਸ਼ੋਕ ਲਾਕੜਾ)**-ਦੋਹਰੇ ਬਜ਼ੁਰਗ ਕਤਲ ਕਾਂਡ ਦਾ ਸੁਰਾਗ 35 ਦਿਨ ਬੀਤ ਜਾਣ ਦੇ ਬਾਵਜੂਦ ਪੁਲਸ ਕਾਤਲਾਂ ਤੱਕ ਨਾ ਪਹੁੰਚ ਸਕੀ, ਜਿਸ ਕਾਰਨ ਲੋਕਾਂ 'ਚ ਭਾਰੀ ਰੋਸ ਪਾਇਆ ਜਾ ਰਿਹਾ ਹੈ ਅਤੇ ਇਨਸਾਫ਼ ਦੀ ਮੰਗ ਕਰਦਿਆਂ ਪਿੰਡ ਅਹਿਮਦਪੁਰ ਦੇ ਸੈਂਕੜੇ ਲੋਕਾਂ ਨੇ ਸਥਾਨਕ ਗੁਰੂ ਘਰ 'ਚ ਇਕੱਠੇ ਹੋ ਕੇ ਪੁਲਸ ਦੀ ਢਿੱਲੀ ਕਾਰਗੁਜ਼ਾਰੀ 'ਤੇ ਰੋਸ ਪ੍ਰਗਟ ਕਰਦਿਆਂ ਐਲਾਨ ਕੀਤਾ ਕਿ ਉਹ ਇਨਸਾਫ਼ ਲੈਣ ਲਈ ਤਿੱਖੇ ਸੰਘਰਸ਼ ਤੋਂ ਪਿੱਛੇ ਨਹੀਂ ਹਟਣਗੇ। ਪੀੜਤ ਪਰਵਾਰ ਦੇ ਮੈਂਬਰ ਬੀਰਬਲ ਸਿੰਘ, ਹਰੀ ਸਿੰਘ, ਲਖਵਿੰਦਰ ਸਿੰਘ ਨੇ ਦੱਸਿਆ ਕਿ 11 ਜਨਵਰੀ ਦੀ ਰਾਤ ਨੂੰ ਉਨ੍ਹਾਂ ਦੇ ਪਰਵਾਰਕ ਮੈਂਬਰ ਜੰਗੀਰ ਸਿੰਘ (60) ਅਤੇ ਰਣਜੀਤ ਕੌਰ (60) ਸੁੱਤੇ ਪਏ ਤੇ ਤੇਜ਼ ਹਥਿਆਰਾਂ ਨਾਲ ਵਾਰ ਕਰਦਿਆਂ ਅਣਪਛਾਤੇ ਵਿਅਕਤੀਆਂ ਵੱਲੋਂ ਕਤਲ ਕਰ ਦਿੱਤਾ ਗਿਆ ਸੀ, ਜਿਸ 'ਤੇ ਸਿਟੀ ਪੁਲਿਸ ਬੁਢਲਾਡਾ ਨੇ ਅਣਪਛਾਤੇ ਵਿਅਕਤੀਆਂ ਖਿਲਾਫ ਮੁਕੱਦਮਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ। ਜਾਂਚ ਲੰਮੀ ਹੁੰਦੀ ਜਾ ਰਹੀ ਹੈ ਅਤੇ ਪੁਲਸ ਕਿਸੇ ਨਤੀਜੇ ਤੇ ਸਾਹਮਣੇ ਨਹੀਂ ਆ ਰਹੀ। ਪਿੰਡ ਦੇ ਸਰਪੰਚ ਗੁਰਜੰਟ ਸਿੰਘ, ਜਗਮੇਲ ਸਿੰਘ ਖਾਲਸਾ, ਤੇਜ ਰਾਜ, ਨੰਬਰਦਾਰ ਬਲਵਿੰਦਰ ਕੁਮਾਰ, ਗੁਰਦੀਪ ਸਿੰਘ ਨੇ ਕਿਹਾ ਕਿ ਪਿੰਡ ਦੇ ਸਮੂਹ ਲੋਕਾਂ ਨੇ ਮੰਗ ਕੀਤੀ ਹੈ ਕਿ ਇਸ ਅੰਨ੍ਹੇ ਕਤਲਕਾਂਡ ਦੀ ਗੁਥੀ ਸੁਲਝਾਉਣ ਲਈ ਪੁਲਸ ਸਪੈਸ਼ਲ ਇਨਵੈਸਟੀਗੇਸ਼ਨ ਟੀਮ ਦਾ ਗਠਨ ਕਰੇ। ਉਨ੍ਹਾਂ ਪੁਲਸ ਨੂੰ ਇੱਕ ਹਫ਼ਤੇ ਦਾ ਸਮਾਂ ਦਿੰਦਿਆਂ ਐਲਾਨ ਕੀਤਾ ਕਿ ਜੇਕਰ ਪੀੜਤ ਪਰਵਾਰ ਨੂੰ ਜਲਦ ਇਨਸਾਫ਼ ਨਾ ਮਿਲਿਆ ਤਾਂ ਉਹ ਰੇਲਵੇ ਲਾਇਨ, ਪੁਲਸ ਥਾਣਾ ਅਤੇ ਉੱਚ ਅਧਿਕਾਰੀਆਂ ਦਾ ਘਿਰਾਓ ਕਰਨ ਤੋਂ ਪਿੱਛੇ ਨਹੀਂ ਹਟਣਗੇ। ਇਸ ਮੌਕੇ ਜੱਗਾ ਸਿੰਘ, ਪੰਚ ਨਾਇਬ ਸਿੰਘ, ਜੁਗਰਾਜ ਸਿੰਘ, ਹਰਦੇਵ ਸਿੰਘ ਜਟਾਣਾ ਆਦਿ ਹਾਜ਼ਰ ਸਨ। ਡੀ.ਐਸ.ਪੀ. ਗੁਰਪ੍ਰੀਤ ਸਿੰਘ ਗਿੱਲ ਨੇ ਦੱਸਿਆ ਕਿ ਪੁਲਸ ਨੇ ਮਾਮਲਾ ਦਰਜ ਕਰਕੇ ਤਫ਼ਤੀਸ਼ ਸ਼ੁਰੂ ਕੀਤੀ ਹੋਈ ਹੈ। ਉਨ੍ਹਾਂ ਨੂੰ ਉਮੀਦ ਹੈ ਕਿ ਅਸੀਂ ਜਲਦ ਹੀ ਕਾਤਲਾਂ ਨੂੰ ਗ੍ਰਿਫਤਾਰ ਕਰ ਲਵਾਂਗੇ ਅਤੇ ਇਸ ਸੰਬੰਧੀ ਜਾਂਚ ਉੱਚ ਅਧਿਕਾਰੀਆਂ ਦੇ ਧਿਆਨ ਵਿੱਚ ਹੈ।

## ਕਾਤਰਾਂ

### ਬਾਬਾ ਮੋਤੀ ਰਾਮ ਮਹਿਰਾ ਦਾ ਸ਼ਹੀਦੀ ਦਿਹਾੜਾ ਭਲਕੇ

**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਚੈਰੀਟੇਬਲ ਐਂਡ ਵੈਲਫੇਅਰ ਸੁਸਾਇਟੀ ਦੀ ਮੀਟਿੰਗ ਚੇਅਰਮੈਨ ਅਮੀ ਚੰਦ ਅਤੇ ਸਰਪ੍ਰਸਤ ਪਿਆਰਾ ਲਾਲ ਅਤੇ ਪ੍ਰਧਾਨ ਸ਼ੰਮੀ ਕੁਮਾਰ ਦੀ ਪ੍ਰਧਾਨਗੀ ਹੇਠ ਹੋਈ। ਚੇਅਰਮੈਨ ਅਮੀ ਚੰਦ ਨੇ ਦੱਸਿਆ ਕਿ ਬਾਬਾ ਮੋਤੀ ਰਾਮ ਮਹਿਰਾ ਜੀ ਦਾ ਸ਼ਹੀਦੀ ਦਿਹਾੜਾ ਮਨਾਉਣ ਦੀ 18 ਫਰਵਰੀ ਤੈਅ ਕੀਤੀ ਗਈ ਹੈ। ਇਸ ਮੌਕੇ ਬ੍ਰੈਸਟਰ ਮਦਨ ਗੋਪਾਲ ਸ਼ਰਮਾ ਅਤੇ ਚੇਅਰਮੈਨ ਨਿਰਮਲ ਸਿੰਘ ਮੁੱਖ ਤੌਰ 'ਤੇ ਸ਼ਾਮਲ ਹੋਣਗੇ। ਇਸ ਮੌਕੇ ਨਰਿੰਦਰਪਾਲ ਸਿੰਘ ਬਾਜਵਾ, ਜਗਜੀਤ ਕੁਮਾਰ, ਅੰਗਰੇਜ਼ ਸਿੰਘ, ਨਰਿੰਦਰ ਕੁਮਾਰ, ਬਹਾਦਰ ਸਿੰਘ, ਸੋਹਣ ਸਿੰਘ ਹਾੜੀਆ, ਪ੍ਰੀਤਮ ਸਿੰਘ, ਬਲਵੀਰ ਸਿੰਘ, ਕੁਲਦੀਪ ਸਿੰਘ ਤੱਖਰਾਂ, ਦਰਸ਼ਨ ਸਿੰਘ ਸਮਸ਼ਪੁਰ, ਰਾਜ ਕੁਮਾਰ ਪਵਾਤ, ਸਹਾਇਕ ਥਾਣੇਦਾਰ ਹਾਕਮ ਸਿੰਘ, ਊਧਮ ਸਿੰਘ, ਸੁਖਵਿੰਦਰ ਸਿੰਘ, ਬਰਲੀਨ ਕੁਮਾਰ, ਅਵਤਾਰ ਸਿੰਘ, ਗਗਨ ਮਹਿਰਾ, ਸਹਾਇਕ ਥਾਣੇਦਾਰ ਅਵਤਾਰ ਸਿੰਘ, ਹਰਮਨਪ੍ਰੀਤ ਸਿੰਘ, ਅਮਰੀਕ ਸਿੰਘ, ਨਰਿੰਦਰਪਾਲ ਮਹਿਰਾ, ਦਵਿੰਦਰ ਸਿੰਘ ਵੀ ਮੌਜੂਦ ਸਨ।

### ਵਿਦਿਆਰਥੀ ਸ਼ਖ਼ਸੀਅਤ ਉਸਾਰੀ ਵਿਸ਼ੇ 'ਤੇ ਸੈਮੀਨਾਰ ਕਰਾਇਆ



**ਚੀਮਾ ਮੰਡੀ (ਰਵਿੰਦਰ ਚੀਮਾ)**-ਅਕਾਲ ਅਕੈਡਮੀ ਉਭਿਆ ਵਿਖੇ ਗੁਰਮਤਿ ਦੀ ਲੋਅ ਵਿੱਚ ਵਿਦਿਆਰਥੀ ਸ਼ਖ਼ਸੀਅਤ ਉਸਾਰੀ ਵਿਸ਼ੇ 'ਤੇ ਸੈਮੀਨਾਰ ਕਰਾਇਆ ਗਿਆ, ਜਿਸ ਵਿੱਚ ਮੁੱਖ ਬੁਲਾਰੇ ਵਜੋਂ ਪਹੁੰਚੇ ਸਤਨਾਮ ਸਿੰਘ ਸਲ੍ਹੋਪੁਰੀ ਵੱਲੋਂ ਕੀਤੀ ਪ੍ਰੇਰਣਾ ਸਦਕਾ 30 ਵਿਦਿਆਰਥੀ ਸਹਿਜ ਪਾਠ ਸਾਹਿਬ ਕਰਨ ਲਈ ਤਿਆਰ ਹੋਏ।ਡਿਵਾਇਨ ਵਰਕਰ ਅਮਨਦੀਪ ਸਿੰਘ ਪਾਤੜਾਂ ਵੱਲੋਂ 14 ਫਰਵਰੀ ਨੂੰ ਪਾਠ ਆਰੰਭ ਕਰਾਏ ਗਏ। 10 ਵਿਦਿਆਰਥੀ ਪਹਿਲਾਂ ਤੋਂ ਹੀ ਸਹਿਜ ਪਾਠ ਕਰ ਰਹੇ ਹਨ।ਫੈਕਲਟੀਜ਼ ਤੇ ਵਿਦਿਆਰਥੀਆਂ ਨੂੰ ਸਹਿਜ ਪਾਠ ਟੀਮ ਵਲੋਂ ਧਾਰਮਿਕ ਲਿਟਰੇਚਰ ਭੇਟ ਕੀਤਾ ਗਿਆ।ਪ੍ਰਿੰਸੀਪਲ ਗੁਰਜੀਤ ਕੌਰ, ਮੈਡਮ ਨਿਰਮਲਜੀਤ ਕੌਰ ਤੇ ਸ਼ਰਨਜੀਤ ਕੌਰ ਨੇ ਸਹਿਜ ਪਾਠ ਸੇਵਾ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ।ਵਿਦਿਆਰਥੀਆਂ ਨੇ ਡਟ ਕੇ ਪੜ੍ਹਾਈ ਕਰਨ ਦਾ ਪ੍ਰਣ ਕੀਤਾ।ਵਿਦਿਆਰਥੀਆਂ ਨੂੰ ਨਸ਼ੇ ਦੀ ਦਲਦਲ ਵਿੱਚ ਫਸੇ ਨਸ਼ਾਗ੍ਰਸਤ ਲੋਕਾਂ ਨੂੰ ਸੇਧ ਦੇਣ ਲਈ ਪ੍ਰੇਰਤ ਕੀਤਾ ਗਿਆ।

### 1 ਕਿੱਲੋ ਅਫ਼ੀਮ ਤੇ ਕਾਰ ਸਮੇਤ 2 ਕਾਬੂ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਨਸ਼ਿਆਂ ਦੇ ਖਾਤਮੇ ਅਤੇ ਸ਼ਰਾਰਤੀ ਅਨਸਰਾਂ 'ਤੇ ਨਜ਼ਰ ਰੱਖਣ ਲਈ ਸ਼ਹਿਰ ਦੇ ਵੱਖ-ਵੱਖ ਏਰੀਏ ਨੂੰ ਕਵਰ ਕਰਕੇ ਸ਼ੱਕੀ ਪੁਰਸ਼ਾਂ ਅਤੇ ਸ਼ੱਕੀ ਵਹੀਕਲ੍ਹਾਂ ਦੀ ਲਗਾਤਾਰ ਚੈਕਿੰਗ ਚੱਲਦੀਆਂ ਰਹਿੰਦੀਆਂ ਹਨ। ਸੀ.ਆਈ.ਏ ਸਟਾਫ਼-2 ਨੂੰ ਸਮੇਂ ਸਫ਼ਲਤਾ ਹਾਸਲ ਹੋਈ, ਜਦੋਂ ਸ਼ੱਕੀ ਪੁਰਸ਼ਾਂ, ਸ਼ੱਕੀ ਵਹੀਕਲ੍ਹਾਂ ਅਤੇ ਨਸ਼ੀਲੇ ਪਦਾਰਥਾਂ ਦੀ ਚੈਕਿੰਗ ਸਬੰਧੀ ਬਠਿੰਡਾ ਡੱਬਵਾਲੀ ਰੋਡ ਤੋਂ ਬਾਦਲ ਰੋਡ ਨੇੜੇ ਨੰਨ੍ਹੀ ਛਾਂ ਚੌਕ ਕੋਲ ਇੱਕ ਕਾਰ ਨੂੰ ਸ਼ੱਕ ਦੇ ਅਧਾਰ 'ਤੇ ਚੈਕਿੰਗ ਕਰਨ ਉਪਰੰਤ 1 ਕਿੱਲੋ ਅਫ਼ੀਮ ਬਰਾਮਦ ਕਰਕੇ 2 ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ। ਸ੍ਰੀ ਰਾਜੇਸ਼ ਕੁਮਾਰ ਡੀ.ਐੱਸ.ਪੀ ਡੀ ਬਠਿੰਡਾ ਵੱਲੋਂ ਦੱਸਿਆ ਕਿ ਸੀ.ਆਈ.ਏ ਸਟਾਫ਼-2 ਦੀ ਟੀਮ ਵੱਲੋਂ ਸ਼ੱਕੀ ਪੁਰਸ਼ਾਂ, ਸ਼ੱਕੀ ਵਹੀਕਲ੍ਹਾਂ ਅਤੇ ਨਸ਼ੀਲੇ ਪਦਾਰਥਾਂ ਦੀ ਚੈਕਿੰਗ ਸਬੰਧੀ ਬਠਿੰਡਾ ਡੱਬਵਾਲੀ ਰੋਡ ਤੋਂ ਬਾਦਲ ਰੋਡ ਨੇੜੇ ਨੰਨ੍ਹੀ ਛਾਂ ਚੌਕ ਕੋਲ ਇੱਕ ਕਾਰ ਨੰਬਰੀ ਪੀ.ਬੀ 04 ਵੀ 5380 ਨੂੰ ਸ਼ੱਕ ਦੇ ਅਧਾਰ 'ਤੇ ਚੈਕਿੰਗ ਕਰਨ ਉਪਰੰਤ 1 ਕਿੱਲੋ ਅਫ਼ੀਮ ਬਰਾਮਦ ਕਰਕੇ ਦੋ ਦੋਸ਼ੀਆਂ ਅੰਮ੍ਰਿਤਪਾਲ ਸਿੰਘ ਪੁੱਤਰ ਗੁਰਦੀਪ ਸਿੰਘ ਵਾਸੀ 13 ਜੀ.ਜੀ. ਆਰ ਮਸਾਨੀ ਜ਼ਿਲ੍ਹਾ ਹਨੂੰਮਾਨਗੜ੍ਹ (ਰਾਜਸਥਾਨ) ਤੇ ਮਨਦੀਪ ਸਿੰਘ ਉਰਫ਼ ਮੱਦੀ ਪੁੱਤਰ ਹਰਦੇਵ ਸਿੰਘ ਵਾਸੀ ਹਾਊਸਫੈੱਡ ਕਲੋਨੀ ਬਠਿੰਡਾ ਨੂੰ ਗ੍ਰਿਫ਼ਤਾਰ ਕਰਕੇ ਮੁਕੱਦਮਾ ਨੰਬਰ 23 ਮਿਤੀ 14.2.2024 ਅ/ਧ 18ਬੀ/61/85 ਐਨ.ਡੀ.ਪੀ.ਐੱਸ ਐਕਟ ਥਾਣਾ ਕੈਨਾਲ ਕਲੋਨੀ ਦਰਜ ਰਜਿਸਟਰ ਕੀਤਾ ਗਿਆ। ਦੋਹਾਂ ਦੋਸ਼ੀਆਨ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕੀਤਾ ਜਾਵੇਗਾ। ਦੌਰਾਨੇ ਪੁੱਛਗਿੱਛ ਹੋਰ ਵੀ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।

## ਕਾਮਰੇਡ ਹਰਦੇਵ ਖਿਆਲਾ ਕਲਾਂ ਨੂੰ ਸ਼ਰਧਾਂਜਲੀਆਂ ਭੇਟ



**ਮਾਨਸਾ (ਆਤਮਾ ਸਿੰਘ ਪਮਾਰ)**

ਪਿਛਲੇ ਦਿਨੀਂ ਵਿਛੋੜਾ ਦੇ ਗਏ ਸੀਪੀਆਈ (ਐੱਮ.ਐੱਲ) ਲਿਬਰੇਸ਼ਨ ਦੇ ਸੰਘਰਸ਼ਸ਼ੀਲ ਆਗੂ ਕਾਮਰੇਡ ਹਰਦੇਵ ਸਿੰਘ ਖਿਆਲਾ ਕਲਾਂ ਨਮਿਤ ਸ਼ਰਧਾਂਜਲੀ ਸਮਾਗਮ ਪਿੰਡ ਖਿਆਲਾ ਕਲਾਂ 'ਚ ਗੁਰੂ ਰਵਿਦਾਸ ਮੰਦਰ ਵਿਖੇ ਹੋਇਆ। ਸੀਪੀਆਈ (ਐੱਮ ਐੱਲ) ਲਿਬਰੇਸ਼ਨ ਦੇ ਕੇਂਦਰੀ ਕੰਟਰੋਲ ਕਮਿਸ਼ਨ ਦੇ ਮੈਂਬਰ ਕਾਮਰੇਡ ਨਛੱਤਰ ਸਿੰਘ ਖੀਵਾ, ਪਾਰਟੀ ਸੂਬਾ ਆਗੂ ਕਾਮਰੇਡ ਸੁਖਦਰਸ਼ਨ ਸਿੰਘ ਨੱਤ, ਸੀਪੀਆਈ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਕ੍ਰਿਸ਼ਨ ਚੌਹਾਨ ਨੇ ਕਾਮਰੇਡ ਹਰਦੇਵ ਸਿੰਘ ਨੂੰ ਸ਼ਰਧਾਂਜਲੀ ਭੇਟ ਕੀਤੀ। ਕਮਿਊਨਿਸਟ ਆਗੂਆਂ ਨੇ ਕਿਹਾ ਕਿ ਕਾਮਰੇਡ ਹਰਦੇਵ ਸਿੰਘ ਖਿਆਲਾ ਨੇ ਉਮਰ ਭਰ ਘਰੇਲੂ ਰੁਝੇਵਿਆਂ ਦੇ ਬਾਵਜੂਦ ਮਜ਼ਦੂਰ ਜਮਾਤ ਦੇ ਮਾਣ-ਸਨਮਾਨ ਤੇ ਹੱਕਾਂ ਦੀ ਪ੍ਰਾਪਤੀ ਸੰਘਰਸ਼ਾਂ 'ਚ ਮੋਹਰੀ ਭੂਮਿਕਾ ਨਿਭਾਈ। ਉਨ੍ਹਾਂ ਪਰਵਾਰ ਨੇ ਵੀ ਇਨਕਲਾਬੀ ਸੰਘਰਸ ਵਿੱਚ ਕਾਮਰੇਡ ਦਾ ਬਹੁਤ ਸਾਥ ਦਿੱਤਾ। ਕਾਮਰੇਡ ਦੇ ਸਮਰਪਣ ਤੇ ਪ੍ਰਤੀਬੱਧਤਾ ਕਾਰਨ ਸਾਰੀਆਂ ਰਾਜਸੀ ਪਾਰਟੀਆਂ ਅਤੇ ਜਨਤਕ ਜਥੇਬੰਦੀਆਂ ਦੇ ਆਗੂ ਉਨ੍ਹਾਂ ਦਾ ਬਹੁਤ ਸਤਿਕਾਰ ਕਰਦੇ ਸਨ। ਉਨ੍ਹਾਂ ਸ਼ਰਧਾਂਜਲੀ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਲੋਕ ਸ਼ਾਮਲ ਹੋਏ। ਉਕਤ ਆਗੂਆਂ ਤੋਂ ਇਲਾਵਾ ਪ੍ਰਗਤੀਸ਼ੀਲ ਇਸਤਰੀ ਸਭਾ ਦੇ ਕੌਮੀ ਆਗੂ ਜਸਬੀਰ ਕੌਰ ਨੱਤ, ਪਾਰਟੀ ਦੇ ਤਹਿਸੀਲ ਸਕੱਤਰ ਕਾਮਰੇਡ ਗੁਰਸੇਵਕ ਮਾਨਬੀਬੜੀਆਂ, ਬਹੁਜਨ ਸਮਾਜ ਪਾਰਟੀ ਦੇ ਆਗੂ ਭੁਪਿੰਦਰ ਸਿੰਘ ਬੀਰਵਾਲ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਆਗੂ ਕਾਮਰੇਡ ਦਰਸ਼ਨ ਸਿੰਘ ਦਾਨੇਵਾਲਾ, ਗਗਨ ਖੜਕ ਸਿੰਘ ਵਾਲਾ, ਪਿੰਡ ਦੀ ਪਾਰਟੀ ਇਕਾਈ ਦੇ ਆਗੂ ਕਾਮਰੇਡ ਹਾਕਮ ਸਿੰਘ ਖਿਆਲਾ ਅਤੇ ਹੰਸਾ ਸਿੰਘ ਖਿਆਲਾ ਨੇ ਵੀ ਸਮਾਗਮ ਵਿੱਚ ਪਹੁੰਚੇ ਲੋਕਾਂ ਦਾ ਧੰਨਵਾਦ ਕੀਤਾ।

## ਬਾਰ੍ਹਵੀਂ ਦੇ ਬੱਚਿਆਂ ਨੂੰ ਵਿਦਾਇਗੀ ਪਾਰਟੀ



**ਬਾਘਾਪੁਰਾਣਾ (ਮਨੀ ਸਿੰਗਲਾ)**-ਹਾਰਵਰਡ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਨੇ ਬਾਰ੍ਹਵੀਂ ਕਲਾਸ ਦੇ ਵਿਦਿਆਰਥੀਆਂ ਲਈ ਸ਼ਾਨਦਾਰ ਵਿਦਾਇਗੀ ਪਾਰਟੀ ਦਾ ਆਯੋਜਨ ਕੀਤਾ। ਪਾਰਟੀ ਦੀ ਸ਼ੁਰੂਆਤ ਸਕੂਲ ਚੇਅਰਮੈਨ ਨਵਦੀਪ ਸਿੰਘ ਬਰਾੜ, ਡਾਇਰੈਕਟਰ ਇੰਜ: ਜਗਦੀਪ ਸਿੰਘ ਬਰਾੜ ਅਤੇ ਪ੍ਰਿੰਸੀਪਲ ਮੈਡਮ ਅਨੀਲਾ ਨੇ ਕੇਕ ਕੱਟ ਕੇ ਕੀਤੀ। ਗਿਆਰ੍ਹਵੀਂ ਤੇ ਬਾਰ੍ਹਵੀਂ ਕਲਾਸ ਦੇ ਵਿਦਿਆਰਥੀਆਂ ਵੱਲੋਂ ਵੱਖ-ਵੱਖ ਆਈਟਮਾਂ ਜਿਵੇਂ ਭੰਗੜਾ, ਗਿੱਧਾ ਤੇ ਸਕਿੱਟ ਦੀ ਪੇਸ਼ਕਸ਼ ਕੀਤੀ ਗਈ, ਜਿਸ ਦਾ ਸਾਰੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਬਹੁਤ ਆਨੰਦ ਮਾਣਿਆ। ਬੱਚਿਆਂ ਨੂੰ ਸੰਬੋਧਨ ਕਰਦੇ ਹੋਏ ਡਾਇਰੈਕਟਰ ਇੰਜ : ਜਗਦੀਪ ਸਿੰਘ ਬਰਾੜ ਨੇ ਕਿਹਾ ਕਿ ਇਹ ਸਮਾਂ ਬਹੁਤ ਅਜੀਬ ਹੁੰਦਾ ਹੈ ਕਿਉਂਕਿ ਇੱਕ ਪਾਸੇ ਬੱਚਿਆਂ ਨੂੰ ਆਪਣੇ ਤੋਂ ਵਿਦਾ ਕਰਨ ਦਾ ਦੁੱਖ ਹੁੰਦਾ ਹੈ ਅਤੇ ਖੁਸ਼ੀ ਇਸ ਗੱਲ ਦੀ ਹੁੰਦੀ ਹੈ ਕਿ ਬੱਚੇ ਆਪਣੀ ਜ਼ਿੰਦਗੀ ਦਾ ਇੱਕ ਪੜਾਅ ਪੂਰਾ ਕਰਕੇ ਅਗਲੇ ਵਿੱਚ ਸ਼ਾਮਲ ਹੋਣ ਜਾ ਰਹੇ ਹਨ। ਸਕੂਲ ਚੇਅਰਮੈਨ ਨਵਦੀਪ ਸਿੰਘ ਬਰਾੜ ਨੇ ਬੱਚਿਆਂ ਨੂੰ ਆਉਣ ਵਾਲੇ ਇਮਿਤਿਹਾਨਾਂ ਲਈ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਕਿਹਾ ਕਿ ਇਹ ਸਮਾਂ ਦਿਨ ਰਾਤ ਇੱਕ ਕਰਨ ਦਾ ਹੈ।

## ਵਾਲੀਬਾਲ ਮੁਕਾਬਲਿਆਂ 'ਚ ਸੀ ਜੀ ਸੀ ਝੰਜੇਰੀ ਕਾਲਜ ਦੀ ਜਿੱਤ



**ਰਾਜਪੁਰਾ (ਰਮੇਸ਼ ਕਟਾਰੀਆ)**-ਸਵਾਈਟ ਕਾਲਜ 'ਚ ਕਰਾਏ ਗਏ ਆਈ ਕੇ ਜੀ ਪੀਟੀਯੂ ਇੰਟਰ ਕਾਲਜ ਵਾਲੀਬਾਲ ਮੁੰਡੇ ਅਤੇ ਕੁੜੀਆਂ ਦੇ ਫਸਵੇਂ ਮੁਕਾਬਲੇ ਵਿੱਚ ਸੀਜੀਸੀ ਝੰਜੇਰੀ ਕਾਲਜ ਨੇ ਜਿੱਤ ਪ੍ਰਾਪਤ ਕੀਤੀ। ਟੂਰਨਾਮੈਂਟ ਦਾ ਆਗਾਜ ਸਵਾਈਟ ਕਾਲਜ ਦੇ ਚੇਅਰਮੈਨ ਸ੍ਰੀ ਅਸ਼ਵਨੀ ਕੁਮਾਰ ਗਰਗ ਅਤੇ ਪ੍ਰੈਸੀਡੈਂਟ ਸ੍ਰੀ ਅਸ਼ੋਕ ਕੁਮਾਰ ਗਰਗ ਨੇ ਬੱਚਿਆਂ ਨੂੰ ਆਸ਼ੀਰਵਾਦ ਦੇ ਕੇ ਕੀਤਾ। ਇਸ ਮੌਕੇ ਸਵਾਈਟ ਕਾਲਜ ਦੇ ਸਪੋਰਟਸ ਇੰਚਾਰਜ ਸ੍ਰੀ ਕੁਲਦੀਪ ਸਿੰਘ ਬਰਾੜ ਨੇ ਦੱਸਿਆ ਕਿ 2 ਦਿਨ ਚੱਲੇ ਇਸ ਟੂਰਨਾਮੈਂਟ ਵਿੱਚ ਮੁੰਡਿਆਂ ਦੀਆਂ 20 ਟੀਮਾਂ ਅਤੇ ਕੁੜੀਆਂ ਦੀਆਂ 6 ਟੀਮਾਂ ਨੇ ਹਿੱਸਾ ਲਿਆ। ਮੁੰਡਿਆਂ ਦੀਆਂ 20 ਟੀਮਾਂ ਦੇ ਹੋਏ ਨਾਕ-ਆਊਟ ਟੂਰਨਾਮੈਂਟ ਵਿੱਚੋਂ ਲੀਗ ਟੂਰਨਾਮੈਂਟ ਵਿੱਚ ਪਹੁੰਚਣ ਵਾਲੀਆਂ ਚਾਰ ਟੀਮਾਂ ਵਿੱਚ ਸਵਾਈਟ, ਜਿਪਸ ਕਾਲਜ ਖੰਨਾ, ਡੇਵਿਡ ਕਾਲਜ ਜਲੰਧਰ ਅਤੇ ਸੀਜੀਸੀ ਝੰਜੇਰੀ ਸ਼ਾਮਲ ਸਨ। ਲੜਕੀਆਂ ਦੇ ਹੋਏ ਫਸਵੇਂ ਮੁਕਾਬਲੇ ਵਿੱਚ ਲੀਗ 'ਚ ਪਹੁੰਚਣ ਵਾਲੀਆਂ ਟੀਮਾਂ ਵਿੱਚ ਸਵਾਈਟ ਕਾਲਜ, ਡੇਵਿਡ ਕਾਲਜ ਜਲੰਧਰ, ਸੀ ਜੀ ਸੀ ਝੰਜੇਰੀ ਅਤੇ ਸੀ ਈ ਸੀ ਲਾਂਡਰਾ ਸ਼ਾਮਲ ਸਨ। ਨਾਕੌਟ ਟੂਰਨਾਮੈਂਟ ਵਿੱਚ ਸਵਾਈਟ ਕਾਲਜ ਨੇ ਜੀ ਐਨ ਈ ਕਾਲਜ ਲੁਧਿਆਣਾ ਤੇ ਡੇਵਿਡ ਕਾਲਜ ਜਲੰਧਰ ਨੂੰ ਹਰਾ ਕੇ ਲੀਗ ਵਿੱਚ ਆਪਣੀ ਜਗ੍ਹਾ ਪੱਕੀ ਕੀਤੀ।

ਇਸ ਮੌਕੇ ਸਵਾਈਟ ਕਾਲਜ ਦੇ ਪ੍ਰਿੰਸੀਪਲ ਸ੍ਰੀ ਪ੍ਰਤੀਕ ਗਰਗ ਨੇ ਆਈਆਂ ਹੋਈਆਂ ਟੀਮਾਂ ਅਤੇ ਉਨ੍ਹਾਂ ਦੇ ਕੋਚ ਸਾਹਿਬਾਨ ਅਤੇ ਇੰਚਾਰਜਾਂ ਦਾ ਧੰਨਵਾਦ ਕੀਤਾ। ਉਨ੍ਹਾਂ ਦੱਸਿਆ ਕਿ ਪਹਿਲੀ ਵਾਰ ਕਰੋਨਾ ਤੋਂ ਬਾਅਦ ਪੀਟੀਯੂ ਦੇ ਵਿੱਚ ਏਨੀਆਂ ਟੀਮਾਂ ਵਾਲੀਬਾਲ ਖੇਡ ਲਈ ਇਕੱਠੀਆਂ ਹੋਈਆਂ ਹਨ। ਇਸ ਮੌਕੇ ਪੀਟੀਯੂ ਦੇ ਅਬਜਰਵਰ ਡਾਕਟਰ ਹਰਪ੍ਰੀਤ ਸਿੰਘ ਅਤੇ ਪੀਟੀਯੂ ਦੇ ਆਫਿਸ਼ਅਲ ਮੌਜੂਦ ਸਨ।

## ਨਿਰਾਲਾ ਤੋਂ ਸੱਚ ਬੋਲਣ ਦੀ ਹਿੰਮਤ ਤੇ ਸਿਸ਼ਟਾਚਾਰ ਸਿੱਖੋ : ਪ੍ਰੋ. ਸੰਜੇ ਦਿਵੇਦੀ



**ਜੈਤੋ (ਸਤੀਸ਼ ਕੁਮਾਰ ਭੀਰੀ)**

ਇੰਡੀਅਨ ਇੰਸਟੀਚਿਊਟ ਆਫ ਮਾਸ ਕਮਿਊਨੀਕੇਸ਼ਨ (ਆਈ.ਆਈ.ਐੱਮ.ਸੀ.) ਦੇ ਸਾਬਕਾ ਡਾਇਰੈਕਟਰ ਜਨਰਲ ਪ੍ਰੋਫੈਸਰ ਸੰਜੇ ਦਿਵੇਦੀ ਨੇ ਬੁੰਦੇਲਖੰਡ ਯੂਨੀਵਰਸਿਟੀ, ਝਾਂਸੀ ਦੇ ਹਿੰਦੀ ਵਿਭਾਗ ਅਤੇ ਪੰਡਿਤ ਦੀਨਦਿਆਲ ਰਿਸਰਚ ਚੇਅਰ ਵੱਲੋਂ ਮਹਾਂਕਵੀ ਸੂਰਯਕਾਂਤ ਤ੍ਰਿਪਾਠੀ ਨਿਰਾਲਾ ਦੀ ਯਾਦ ਵਿੱਚ ਆਯੋਜਤ ਨਿਰਾਲਾ ਲੈਕਚਰ ਸੀਰੀਜ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਸਾਨੂੰ ਮਹਾਨ ਕਵੀ ਨਿਰਾਲਾ ਤੋਂ ਸੱਚ ਬੋਲਣ ਦੀ ਹਿੰਮਤ ਅਤੇ ਸਿਸ਼ਟਾਚਾਰ ਸਿੱਖਣਾ ਚਾਹੀਦਾ ਹੈ। ਨਿਰਾਲਾ ਦੀਆਂ ਕਵਿਤਾਵਾਂ ਆਸ ਅਤੇ ਵਿਸ਼ਵਾਸ ਜਗਾਉਣ ਦਾ ਕੰਮ ਕਰਦੀਆਂ ਹਨ। ਹਰ ਸਾਹਿਤਕਾਰ ਅਤੇ ਪੱਤਰਕਾਰ ਨੂੰ ਨਿਰਾਲਾ ਤੋਂ ਸਿੱਖਣਾ ਚਾਹੀਦਾ ਹੈ।

ਪ੍ਰੋਗਰਾਮ ਵਿੱਚ ਮੁੱਖ ਬੁਲਾਰੇ ਵਜੋਂ ਹਾਜ਼ਰ ਯੂਨੀਵਰਸਿਟੀ ਦੇ ਰਜਿਸਟਰਾਰ ਵਿਨੈ ਕੁਮਾਰ ਸਿੰਘ ਨੇ ਕਿਹਾ ਕਿ ਨਿਰਾਲਾ ਦੀਆਂ ਕਵਿਤਾਵਾਂ ਤੁਹਾਨੂੰ ਸਾਹਿਤ ਨਾਲ ਜੋੜਦੀਆਂ ਹਨ। ਨਿਰਾਲਾ ਨੇ ਸਾਹਿਤ ਵਿੱਚ ਅਧਰਮ ਉੱਤੇ ਧਰਮ ਦੀ ਜਿੱਤ ਨੂੰ ਸਥਾਪਤ ਕਰਨ ਦਾ ਕੰਮ ਕੀਤਾ ਸੀ। ਨਿਰਾਲਾ ਦੀਆਂ ਕਵਿਤਾਵਾਂ ਮਨੁੱਖ ਨੂੰ ਉਦਾਸੀ ਤੋਂ ਬਾਹਰ ਨਿਕਲਣ ਵਿੱਚ ਸਹਾਈ ਹੋ ਸਕਦੀਆਂ ਹਨ। ਉਸ ਦੀਆਂ ਰਚਨਾਵਾਂ ਆਸ ਅਤੇ ਉਮੀਦ ਜਗਾਉਂਦੀਆਂ ਹਨ। ਆਪਣੇ ਕੰਮ ਰਾਹੀਂ ਨਿਰਾਲਾ ਰਾਮ ਦੀ ਸਕਤੀ ਪੂਜਾ ਸਿਖਾਉਂਦਾ ਹੈ ਕਿ ਕਿਵੇਂ ਹਰ ਸਥਿਤੀ ਵਿੱਚ ਸਥਿਰ ਰਹਿਣਾ ਹੈ। ਪ੍ਰੋਗਰਾਮ ਦੀ ਪ੍ਰਧਾਨਗੀ ਕਰਦਿਆਂ ਪ੍ਰੋਫੈਸਰ ਐਸ.ਪੀ.ਸਿੰਘ ਨੇ ਕਿਹਾ ਕਿ ਨਿਰਾਲਾ ਬਹੁਆਯਾਮੀ ਸਨ। ਉਨ੍ਹਾਂ ਨੇ ਹਰ ਖੇਤਰ ਵਿੱਚ ਅਹਿਮ ਯੋਗਦਾਨ ਪਾਇਆ। ਪ੍ਰੋਗਰਾਮ ਦਾ ਸੰਚਾਲਨ ਹਿੰਦੀ ਸੈਕਸਨ ਦੇ ਚੇਅਰਮੈਨ ਪ੍ਰੋਫੈਸਰ ਮੁੰਨਾ ਤਿਵਾੜੀ ਅਤੇ ਡਾ. ਅਰਚਨਾ ਪਾਂਡੇ ਨੇ ਕੀਤਾ।

## ਜ਼ਿਲ੍ਹਾ ਭਾਸ਼ਾ ਦਫ਼ਤਰ ਨੇ ਤ੍ਰੈ-ਭਾਸ਼ੀ ਕਵੀ ਦਰਬਾਰ ਕਰਾਇਆ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਉੱਚੇਰੀ ਸਿੱਖਿਆ ਅਤੇ ਭਾਸ਼ਾਵਾਂ ਮੰਤਰੀ ਹਰਜੋਤ ਸਿੰਘ ਬੈਂਸ ਦੀ ਯੋਗ ਅਗਵਾਈ ਵਿੱਚ ਭਾਸ਼ਾ ਵਿਭਾਗ, ਪੰਜਾਬ ਲਗਾਤਾਰ ਸਾਹਿਤ ਅਤੇ ਭਾਸ਼ਾ ਖੇਤਰ ਵਿੱਚ ਗਤੀਸ਼ੀਲ ਹੈ। ਵਿਭਾਗ ਦੁਆਰਾ ਜਿੱਥੇ ਪੰਜਾਬੀ ਭਾਸ਼ਾ ਦੀ ਬਿਹਤਰੀ ਲਈ ਉਪਰਾਲੇ ਕੀਤੇ ਜਾ ਰਹੇ ਹਨ, ਉੱਥੇ ਹੀ ਦੂਸਰੀਆਂ ਭਾਸ਼ਾਵਾਂ ਲਈ ਵੀ ਪ੍ਰੋਗਰਾਮ ਉਲੀਕੇ ਜਾਂਦੇ ਹਨ। ਇਸੇ ਲੜੀ ਤਹਿਤ ਜ਼ਿਲ੍ਹਾ ਭਾਸ਼ਾ ਦਫ਼ਤਰ ਫ਼ਤਹਿਗੜ੍ਹ ਸਾਹਿਬ ਵੱਲੋਂ ਡਾਇਰੈਕਟਰ ਭਾਸ਼ਾ ਵਿਭਾਗ, ਪੰਜਾਬ ਸ੍ਰੀਮਤੀ ਹਰਪ੍ਰੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਸਿੱਖਿਆ ਅਤੇ ਸਿਖਲਾਈ ਸੰਸਥਾ ਵਿਖੇ ਤ੍ਰੈ-ਭਾਸ਼ੀ ਕਵੀ ਦਰਬਾਰ ਕਰਾਇਆ ਗਿਆ।

ਸਮਾਗਮ ਦੀ ਪ੍ਰਧਾਨਗੀ ਬਹੁਭਾਸ਼ਾਈ ਕਵੀ ਅਤੇ ਉੱਘੇ ਵਿਦਵਾਨ ਡਾ. ਮੁਹੰਮਦ ਰਫੀ ਮਲੇਰਕੋਟਲਾ ਨੇ ਕੀਤੀ। ਪ੍ਰੋ. ਅੱਛਰੂ ਸਿੰਘ ਸ਼੍ਰੋਮਣੀ ਸਾਹਿਤਕਾਰ ਭਾਸ਼ਾ ਵਿਭਾਗ, ਪੰਜਾਬ ਨੇ ਇਸ ਸਮਾਗਮ ਵਿੱਚ ਬਤੌਰ ਮੁੱਖ ਮਹਿਮਾਨ ਵਜੋਂ ਸ਼ਮੂਲੀਅਤ ਕੀਤੀ। ਉੱਘੀ ਕਵਿੱਤਰੀ ਪ੍ਰਿੰਸੀਪਲ ਕਮਲਜੀਤ ਕੌਰ ਇਸ ਸਮਾਗਮ ਵਿੱਚ ਬਤੌਰ ਮਹਿਮਾਨ ਵਜੋਂ ਸ਼ਾਮਲ ਹੋਏ। ਜ਼ਿਲ੍ਹਾ ਭਾਸ਼ਾ ਅਫ਼ਸਰ ਜਗਜੀਤ ਸਿੰਘ ਨੇ ਆਏ ਮਹਿਮਾਨਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਤਿੰਨ ਭਾਸ਼ਾਵਾਂ ਦੇ ਵੱਡੇ ਕਵੀਆਂ ਦੇ ਇਸ ਸਮਾਗਮ ਵਿੱਚ ਸ਼ਾਮਲ ਹੋਣ ਕਰਕੇ ਇਸ ਸਮਾਗਮ ਦਾ ਮਹੱਤਵ ਹੋਰ ਵੀ ਵਧ ਗਿਆ ਹੈ। ਸ਼ਮਾ ਰੌਸ਼ਨ ਦੀ ਰਸਮ ਤੋਂ ਬਾਅਦ ਜ਼ਿਲ੍ਹਾ ਸਿੱਖਿਆ ਤੇ ਸਿਖਲਾਈ ਸੰਸਥਾ ਦੇ ਉਭਰਦੇ ਵਿਦਿਆਰਥੀ ਕਵੀਆਂ ਜਸਨਪ੍ਰੀਤ ਕੌਰ, ਮਹਿਕਪ੍ਰੀਤ ਕੌਰ, ਸਤਨਾਮ ਸਿੰਘ, ਉਰਮਿਲਾ, ਨਵਜੋਤ ਕੌਰ ਦੀ ਸ਼ਾਇਰੀ ਨਾਲ ਕਵੀ ਦਰਬਾਰ ਦਾ ਆਗਾਜ਼ ਹੋਇਆ, ਜਿਸ ਵਿੱਚ ਉਰਦੂ ਸ਼ਾਇਰ ਉਵੇਸ ਉਵੈਸ਼ੀ, ਮੁਕੱਰਮ ਸੈਫੀ, ਡਾ. ਸਾਲਿਕ ਬਰਾੜ ਸੇਖ ਇਫ਼ਤਿਖਾਰ ਹੁਸੈਨ ਨੇ ਕਲਾਮ ਪੇਸ਼ ਕੀਤਾ। ਪੰਜਾਬੀ ਤੇ ਹਿੰਦੀ ਕਵੀਆਂ ਵਿੱਚ ਮੈਡਮ ਸੁਰਿੰਦਰ ਕੌਰ ਬਾੜਾ, ਹਰੀ ਸਿੰਘ ਚਮਕ, ਦਰਬਾਰਾ ਸਿੰਘ ਢੀਂਡਸਾ, ਅਨੂਪ ਖਾਨਪੁਰੀ, ਰਾਮ ਸਿੰਘ ਅਲਬੇਲਾ, ਉਪਕਾਰ ਸਿੰਘ ਦਿਆਲਪੁਰੀ, ਸੁਖਬੀਰ ਸਿੰਘ, ਬੀਬੀ ਅਮਰਜੀਤ ਕੌਰ, ਧਰਮਿੰਦਰ ਸਾਹਿਦ, ਮਨਜੀਤ ਕੌਰ, ਰਾਜ ਸਿੰਘ ਬਧੌਛੀ ਨੇ ਆਪਣੀ ਸ਼ਾਇਰੀ ਨਾਲ ਸਰੋਤਿਆਂ ਨੂੰ ਸਰਸ਼ਾਰ ਕੀਤਾ। ਪ੍ਰਧਾਨਗੀ ਭਾਸ਼ਣ ਕਰਦਿਆਂ ਡਾ. ਮੁਹੰਮਦ ਰਫੀ ਨੇ ਕਿਹਾ ਕੀ ਇਹ ਕਵੀ ਦਰਬਾਰ ਵਿੱਚੋਂ ਵੱਖ-ਵੱਖ ਭਾਸ਼ਾਵਾਂ ਨਾਲ ਸਬੰਧਤ ਹੁੰਦੇ ਹੋਏ ਵੀ ਇੱਕ ਸਾਂਝੀ ਸੁਰ ਸੁਣਾਈ ਦੇ ਰਹੀ ਸੀ। ਅਸਲ ਵਿੱਚ ਇਹੀ ਸੁਰ ਸ਼ਾਇਰੀ ਜਾਂ ਸਾਹਿਤ ਦੇ ਸਮਾਜ ਪ੍ਰਤੀ ਫ਼ਿਕਰ ਦੀ ਸੁਰ ਹੈ। ਜਿਸ ਵਿੱਚ ਸਮਾਜ ਦੇ ਵੱਖ-ਵੱਖ ਮਸਲਿਆਂ ਪ੍ਰਤੀ ਚਿੰਤਾ ਜ਼ਾਹਰ ਹੁੰਦੀ ਦਿਖਾਈ ਦਿੱਤੀ। ਉਨ੍ਹਾਂ ਇਸ ਸਮਾਗਮ ਦੇ ਪ੍ਰਬੰਧ ਲਈ ਭਾਸ਼ਾ ਵਿਭਾਗ, ਪੰਜਾਬ ਅਤੇ ਜ਼ਿਲ੍ਹਾ ਸਿੱਖਿਆ ਅਤੇ ਸਿਖਲਾਈ ਸੰਸਥਾ ਦੇ ਪ੍ਰਬੰਧਕਾਂ ਨੂੰ ਵਧਾਈ ਦਿੱਤੀ। ਮੰਚ ਸੰਚਾਲਨ ਦੀ ਭੂਮਿਕਾ ਪੰਜਾਬੀ ਦੇ ਉੱਘੇ ਸ਼ਾਇਰ ਸੰਤ ਸਿੰਘ ਸੋਹਲ ਨੇ ਬੜੇ ਅਦਬ ਨਾਲ ਨਿਭਾਈ।

## ਸਪਰਿੰਗ ਡਿਊ ਪਬਲਿਕ ਸਕੂਲ 'ਚ 'ਟਾਪਰ ਡੇਅ' 'ਤੇ ਵਿਦਿਆਰਥੀਆਂ ਦਾ ਸਨਮਾਨ



**ਜਗਰਾਉਂ (ਅਮਿਤ ਖੰਨਾ)**

ਸਪਰਿੰਗ ਡਿਊ ਪਬਲਿਕ ਸਕੂਲ ਨਾਨਕਸਰ ਵਿਖੇ ਨਰਸਰੀ ਕਲਾਸ ਤੋਂ ਨੌਵੀਂ ਕਲਾਸ ਤੱਕ ਤੇ ਪਿਛਲੇ ਸੈਸ਼ਨ ਦੇ ਦਸਵੀਂ ਤੇ ਬਾਰ੍ਹਵੀਂ ਦੇ ਵਿਦਿਆਰਥੀਆਂ ਨੂੰ ਸਨਮਾਨਤ ਕਰਨ ਲਈ 'ਟਾਪਰ ਡੇਅ' ਦਾ ਆਯੋਜਨ ਕੀਤਾ ਗਿਆ। ਵਾਇਸ ਪ੍ਰਿੰਸੀਪਲ ਬੇਅੰਤ ਕੁਮਾਰ ਨੇ ਸਮਾਗਮ ਦੀ ਪ੍ਰਧਾਨਗੀ ਕੀਤੀ। ਸਮਾਗਮ ਦੀ ਸ਼ੁਰੂਆਤ ਵਿਦਿਆਰਥੀ ਨਰੈਣਜੋਤ ਸਿੰਘ, ਸਾਹਿਬ ਸਿੰਘ ਤੇ ਨਵਜੋਤ ਸਿੰਘ ਵੱਲੋਂ ਧਾਰਮਿਕ ਸ਼ਬਦ ਮੇਰੇ ਰਾਮ ਰਾਏ ਗਾ ਕੇ ਕੀਤੀ ਗਈ। ਪ੍ਰਬੰਧਕੀ ਕਮੇਟੀ ਵੱਲੋਂ ਪ੍ਰਧਾਨ ਮਨਜੋਤ ਕੁਮਾਰ, ਚੇਅਰਮੈਨ ਬਲਦੇਵ ਬਾਵਾ, ਮੈਨੇਜਿੰਗ ਡਾਇਰੈਕਟਰ ਸੁਖਵਿੰਦਰ ਸਿੰਘ ਤੇ ਮੈਨੇਜਰ ਚੌਹਾਨ ਮੁੱਖ ਮਹਿਮਾਨ ਦੇ ਤੌਰ 'ਤੇ ਹਾਜ਼ਰ ਸਨ। ਉਨ੍ਹਾਂ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਮਾਤਾ-ਪਿਤਾ ਨੂੰ ਵੀ ਸਨਮਾਨਤ ਕੀਤਾ। ਇਸ ਮੌਕੇ ਨਰਸਰੀ ਤੋਂ ਨੌਵੀਂ ਕਲਾਸ ਦੇ ਵਿਦਿਆਰਥੀਆਂ ਵੱਲੋਂ ਵੱਖ-ਵੱਖ ਰੰਗਾਂ ਦੀਆਂ ਡਰੈਸਾਂ ਵਿੱਚ ਤਿਆਰ ਹੋ ਕੇ ਪਰਫਾਰਮੈਂਸ ਵੀ ਦਿੱਤੀ ਗਈ। ਹਰ ਵਿਦਿਆਰਥੀ ਵਰਗ ਨੇ ਆਪਣੀ ਪਰਫਾਰਮੈਂਸ ਰਾਹੀਂ ਇੱਕ ਵੱਖਰਾ ਸੰਦੇਸ਼ ਦਿੱਤਾ ਕਿ ਕਿਸ ਤਰ੍ਹਾਂ ਉਹ ਸਕੂਲ ਅੰਦਰ ਆਪਣੇ ਅਧਿਆਪਕਾਂ ਦੀ ਮਦਦ ਰਾਹੀਂ ਉਚੇਰੀ ਸਿੱਖਿਆ ਹਾਸਲ ਕਰ ਰਹੇ ਹਨ।

ਕਲਾਸ ਫਸਟ ਅਤੇ ਸੈਕੰਡ ਦੇ ਵਿਦਿਆਰਥੀਆਂ ਵੱਲੋਂ ਜੈ-ਜੈ ਕਾਰਾ ਗੀਤ 'ਤੇ ਪਰਫਾਰਮੈਂਸ ਕੀਤੀ ਗਈ। ਕਲਾਸ ਤੀਜੀ ਅਤੇ ਚੌਥੀ ਦੇ ਵਿਦਿਆਰਥੀਆਂ ਵੱਲੋਂ ਕੋਰੀਉਗ੍ਰਾਫੀ ਕੀਤੀ ਗਈ। ਕਲਾਸ ਪੰਜਵੀਂ ਤੇ ਛੇਵੀਂ ਦੇ ਵਿਦਿਆਰਥੀਆਂ ਵੱਲੋਂ ਰਾਜਸਥਾਨੀ ਫੋਲਕ ਗੀਤ ਰੰਗੀਲੋ ਮੋਰੋ ਢੋਲਣਾ ਉੱਪਰ ਸ਼ਾਨਦਾਰ ਪਰਫਾਰਮੈਂਸ ਕੀਤੀ ਗਈ। ਕਲਾਸ ਸੱਤਵੀਂ ਤੇ ਅੱਠਵੀਂ ਦੇ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਗੀਤ 'ਮੌਲਾ ਮੇਰੀ ਲੈਲੋ ਜਾਨ' ਉੱਪਰ ਪੇਸ਼ਕਾਰੀ ਕੀਤੀ ਗਈ ਅਤੇ ਅੰਤ ਵਿੱਚ ਕਲਾਸ ਨੌਵੀਂ ਤੇ ਗਿਆਰ੍ਹਵੀਂ ਦੀਆਂ ਵਿਦਿਆਰਥਣਾਂ ਵੱਲੋਂ ਪੰਜਾਬੀ ਸੱਭਿਆਚਾਰਕ ਗੀਤ ਉੱਪਰ ਗਿੱਧੇ ਦੀ ਸ਼ਾਨਦਾਰ ਪਰਫਾਰਮੈਂਸ ਕੀਤੀ ਗਈ। ਸਮਾਗਮ ਵਿੱਚ ਲਗਭਗ 250 ਵਿਦਿਆਰਥੀ, ਜਿਨ੍ਹਾਂ ਨੇ ਪਿਛਲੇ ਸਲਾਨਾ ਇਮਤਿਹਾਨਾਂ ਵਿੱਚੋਂ 1 ਜਾਂ 2 ਗ੍ਰੇਡ ਹਾਸਲ ਕੀਤੇ ਸਨ, ਨੂੰ ਹੌਸਲਾ ਅਫ਼ਜ਼ਾਈ ਕਰਦੇ ਹੋਏ ਸਨਮਾਨਤ ਕੀਤਾ ਗਿਆ। ਪ੍ਰਿੰਸੀਪਲ ਨਵਨੀਤ ਚੌਹਾਨ ਵੱਲੋਂ ਇਨਾਮ ਹਾਸਲ ਕਰਨ ਵਾਲੇ ਸਾਰੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਗਈ। ਵਾਇਸ ਪ੍ਰਿੰਸੀਪਲ ਬੇਅੰਤ ਕੁਮਾਰ ਨੇ ਵਿਦਿਆਰਥੀਆਂ ਤੇ ਮਹਿਮਾਨਾਂ ਨੂੰ ਸੰਬੋਧਿਤ ਕਰਦਿਆਂ ਕਿਹਾ ਕਿ ਸਕੂਲ ਦੀ ਅਣਥੱਕ ਮਿਹਨਤ ਸਦਕਾ ਹੀ ਵਿਦਿਆਰਥੀ ਸਫ਼ਲਤਾ ਹਾਸਲ ਕਰ ਰਹੇ ਹਨ। ਸਮਾਗਮ ਦੇ ਅੰਤ ਵਿੱਚ ਚੇਅਰਮੈਨ ਬਲਦੇਵ ਬਾਵਾ ਵੱਲੋਂ ਸਾਰੇ ਮਹਿਮਾਨਾਂ ਅਤੇ ਅਧਿਆਪਕਾਂ ਦਾ ਧੰਨਵਾਦ ਕੀਤਾ ਗਿਆ ਅਤੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਗਈ। ਮੰਚ ਸੰਚਾਲਨ ਮੈਡਮ ਅੰਜੂ ਬਾਲਾ, ਬਲਜੀਤ ਕੌਰ, ਮਨਪ੍ਰੀਤ ਕੌਰ, ਸਤਿੰਦਰਪਾਲ ਕੌਰ ਅਤੇ ਸਾਥੀਆਂ ਵੱਲੋਂ ਕੀਤਾ।

## ਮਲਕਾ ਰਾਣੀ ਨੇ ਜ਼ਿਲ੍ਹਾ ਸਿੱਖਿਆ ਅਧਿਕਾਰੀ (ਐਲੀ.) ਵਜੋਂ ਸੰਭਾਲਿਆ ਅਹੁਦਾ



**ਮਾਨਸਾ (ਆਤਮਾ ਸਿੰਘ ਪਮਾਰ)**

ਮਲਕਾ ਰਾਣੀ ਨੇ ਮਾਨਸਾ ਦੇ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ.) ਵਜੋਂ ਅਹੁਦਾ ਸੰਭਾਲਿਆ। ਪੰਜਾਬ ਸਰਕਾਰ ਵੱਲੋਂ ਸਿੱਖਿਆ ਵਿਭਾਗ 'ਚ ਕੀਤੀਆਂ ਤਾਜ਼ਾ ਤਰੱਕੀਆਂ ਤਹਿਤ ਉਨ੍ਹਾਂ ਦੀ ਇਸ ਅਹੁਦੇ 'ਤੇ ਪਦਉਨਤੀ ਹੋਈ ਹੈ। ਇਸ ਤੋਂ ਪਹਿਲਾਂ ਉਹ ਸਰਕਾਰੀ ਸੈਕੰਡਰੀ ਸਕੂਲ ਚੱਕ ਫਤਹਿ ਸਿੰਘ ਵਾਲਾ ਵਿਖੇ ਪ੍ਰਿੰਸੀਪਲ ਵਜੋਂ ਤਾਇਨਾਤ ਸਨ। ਉਨ੍ਹਾਂ ਦੀ ਅਗਵਾਈ 'ਚ ਸਕੂਲ ਵਿਦਿਆਰਥੀਆਂ ਨੇ ਪਿਛਲੇ 7 ਵਰ੍ਹਿਆਂ ਦੌਰਾਨ ਸਿੱਖਿਆ, ਸਭਿਆਚਾਰ, ਖੇਡਾਂ 'ਚ ਵੱਡੀਆਂ ਪ੍ਰਾਪਤੀਆਂ ਕੀਤੀਆਂ ਹਨ। ਅਹੁਦਾ ਸੰਭਾਲਣ ਮੌਕੇ ਉਨ੍ਹਾਂ ਦੇ ਹੋਰਨਾਂ ਪਰਵਾਰਕ ਮੈਂਬਰਾਂ ਤੋਂ ਇਲਾਵਾ ਮਾਤਾ ਦਰਸ਼ਨਾਂ ਦੇਵੀ ਵੀ ਹਾਜ਼ਰ ਸਨ, ਜਿਨ੍ਹਾਂ ਦੇ ਉਤਸ਼ਾਹ ਕਰਕੇ ਉਨ੍ਹਾਂ ਨੇ ਵੱਡੀਆਂ ਤਰੱਕੀਆਂ ਕੀਤੀਆਂ। ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ.) ਵਜੋਂ ਕਾਰਜਭਾਰ ਸੰਭਾਲਣ ਤੋਂ ਬਾਅਦ ਮਲਕਾ ਰਾਣੀ ਨੇ ਕਿਹਾ ਕਿ ਮਾਨਸਾ ਜ਼ਿਲ੍ਹੇ 'ਚ ਪੜ੍ਹਾਈ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਲਈ ਹਰ ਤਰ੍ਹਾਂ ਦੇ ਉਪਰਾਲੇ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੀ ਬਿਹਤਰੀ ਲਈ ਹੁਣ ਵੱਡੇ ਉਪਰਾਲੇ ਕੀਤੇ ਜਾ ਰਹੇ ਹਨ, ਜਿਸ ਤਹਿਤ ਵਿਦਿਆਰਥੀਆਂ ਨੂੰ ਸਮੇਂ ਦਾ ਹਾਣੀ ਬਣਾਉਣ ਲਈ ਹਰ ਤਰ੍ਹਾਂ ਦੀਆਂ ਅਧੁਨਿਕ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ, ਜਿਸ ਕਾਰਨ ਸਰਕਾਰੀ ਸਕੂਲਾਂ ਪ੍ਰਤੀ ਮਾਪਿਆਂ ਦਾ ਭਰੋਸਾ ਵੀ ਵਧਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਵੱਲੋਂ ਚਲਾਈ ਜਾ ਰਹੀ ਦਾਖਲਾ ਮੁਹਿੰਮ ਦੌਰਾਨ ਸਮੁੱਚੇ ਅਧਿਆਪਕਾਂ ਦੇ ਸਹਿਯੋਗ ਨਾਲ ਦਾਖਲਿਆਂ 'ਚ ਹੋਰ ਵਾਧਾ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਮਾਨਸਾ ਜ਼ਿਲ੍ਹੇ 'ਚ ਚਾਰ ਦਿਨਾਂ ਦਾਖਲਾ ਮੁਹਿੰਮ ਤਹਿਤ ਦਾਖਲਾ ਵੈਨ ਰਾਹੀਂ ਪਿੰਡ-ਪਿੰਡ ਪੰਜਾਬ ਸਰਕਾਰ ਦੀ ਸਿੱਖਿਆ ਕ੍ਰਾਂਤੀ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਅਧਿਆਪਕਾਂ ਦੇ ਹੱਕੀ ਮਸਲਿਆਂ ਨੂੰ ਵੀ ਹੱਲ ਕਰਨ ਲਈ ਹਰ ਤਰ੍ਹਾਂ ਦੇ ਉਪਰਾਲੇ ਕੀਤੇ ਜਾਣਗੇ।

## ਝੌਂਪੜੀਆਂ 'ਚ ਰਹਿਣ ਵਾਲਿਆਂ ਨੂੰ ਚਾਹ ਤੇ ਖਾਣ ਪੀਣ ਦਾ ਸਮਾਨ ਦਿੱਤਾ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਸਰਪ੍ਰਸਤੀ ਹੇਠ ਚੱਲ ਰਹੀ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ ਝਾੜ ਸਾਹਿਬ ਦੇ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਸਮਾਜ ਸ਼ਾਸਤਰ (ਸੋਸ਼ੋਲੋਜੀ) ਦੇ ਮੁਖੀ ਅਤੇ ਕਾਲਜ ਵਿਖੇ ਲੋੜਵੰਦਾਂ ਦੀ ਮੱਦਦ ਲਈ ਸਫਲਤਾ ਪੂਰਵਕ ਚਲ ਰਹੀ ਯੂਨਿਟ ਪਰਿਵਾਰ ਦੇ ਕਨਵੀਨਰ ਡਾ. ਸੁਨੀਤਾ ਕੌਸਲ ਵਲੋਂ ਲੋੜਵੰਦਾਂ ਦੀ ਮੱਦਦ ਲਈ ਪਿੰਡ ਟੋਡਰਪੁਰ ਦਾ ਦੌਰਾ ਕੀਤਾ ਗਿਆ। ਕਾਲਜ ਪ੍ਰਿੰਸੀਪਲ, ਸਟਾਫ਼, ਵਿਦਿਆਰਥਣਾਂ ਦੇ ਸਹਿਯੋਗ ਨਾਲ ਪਿੰਡ ਦੇ ਬਾਹਰ ਗਰੀਬ ਲੋਕਾਂ ਵਲੋਂ ਬਣਾਈਆਂ ਗਈਆਂ ਝੌਂਪੜੀਆਂ ਵਿਚ ਵਸਣ ਵਾਲੇ ਲੋਕਾਂ ਨੂੰ ਵਿਦਿਆਰਥਣਾਂ ਵਲੋਂ ਚਾਦਰਾਂ, ਕੱਪੜੇ, ਖਾਣ ਪੀਣ ਲਈ ਸਮਾਨ ਆਦਿ ਵੰਡੇ ਗਏ। ਇਸ ਤੋਂ ਇਲਾਵਾ ਗਰੀਬੀ ਦੀ ਰੇਖਾ 'ਚ ਜ਼ਿੰਦਗੀ ਬਸਰ ਕਰ ਰਹੇ ਲੋਕਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ ਗਈਆਂ।

ਕਾਲਜ ਪ੍ਰਿੰਸੀਪਲ ਵੱਲੋਂ ਇਸ ਸਾਰਥਿਕ ਉਪਰਾਲੇ ਲਈ ਵਿਦਿਆਰਥਣਾਂ ਨੂੰ ਪ੍ਰੇਰਿਤ ਕੀਤਾ ਗਿਆ ਅਤੇ ਉਨ੍ਹਾਂ ਨੇ ਵਿਦਿਆਰਥਣਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਜਿਹੇ ਲੋਕਾਂ ਦੀ ਮੱਦਦ ਕਰਨਾ ਸਾਡਾ ਨੈਤਿਕ ਫਰਜ ਹੈ ਅਤੇ ਇਹ ਇੱਕ ਨੇਕ ਕਾਰਜ ਵੀ ਹੈ। ਜੇਕਰ ਅਸੀਂ ਲੋੜਵੰਦਾਂ ਦੀ ਮਦਦ ਕਰੀਏ ਤਾਂ ਰੱਬ ਵੀ ਸਾਨੂੰ ਬਰਕਤਾਂ ਬਖ਼ਸ਼ੇਗਾ। ਜ਼ਿਕਰਯੋਗ ਹੈ ਕਿ ਸੰਸਥਾ ਵਲੋਂ ਸਮੇਂ-ਸਮੇਂ 'ਤੇ ਕਰਾਏ ਜਾਂਦੇ ਅਜਿਹੇ ਕਾਰਜਾਂ ਨਾਲ ਵਿਦਿਆਰਥਣਾਂ ਅੰਦਰ ਸਮਾਜ ਸੇਵਾ ਦੀ ਭਾਵਨਾ ਪੈਦਾ ਹੁੰਦੀ ਹੈ। ਸੋਸ਼ਲ ਸੈਲਫ ਹੈਲਪ ਗਰੁੱਪ ਦੇ ਕਨਵੀਨਰ ਜਸਵੀਰ ਕੌਰ ਵੱਲੋਂ ਨਸ਼ਿਆਂ ਪ੍ਰਤੀ ਸੁਚੇਤ, ਘਰੇਲੂ, ਆਰਥਿਕ ਅਤੇ ਸਿਹਤ ਪੱਖੀ ਵੱਖ-ਵੱਖ ਵਿਸ਼ਿਆਂ ਪ੍ਰਤੀ ਵੀ ਵਿਦਿਆਰਥਣਾਂ ਨੂੰ ਜਾਗਰੂਕ ਕੀਤਾ ਗਿਆ।

## ਕ੍ਰਿਸ਼ੀ ਵਿਗਿਆਨ ਕੇਂਦਰ 'ਚ ਵਿਗਿਆਨਕ ਸਲਾਹਕਾਰ ਕਮੇਟੀ ਦੀ ਮੀਟਿੰਗ



**ਪਟਿਆਲਾ (ਭੁਪਿੰਦਰਜੀਤ ਮੌਲਵੀਵਾਲਾ)**

ਧੰਦੇ ਨੂੰ ਲਾਹੇਵੰਦ ਬਣਾਉਣ ਲਈ ਕਿਸਾਨਾਂ ਨੂੰ ਸਹਾਇਕ ਧੰਦੇ ਅਪਨਾਉਣ ਲਈ ਪ੍ਰੇਰਿਤ ਕਰਨ ਦੇ ਨਾਲ-ਨਾਲ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੀਆਂ ਪ੍ਰਮਾਣਿਤ ਤਕਨੀਕਾਂ ਤੋਂ ਜਾਣੂ ਕਰਾਉਣ ਲਈ ਕ੍ਰਿਸ਼ੀ ਵਿਗਿਆਨ ਕੇਂਦਰ, ਪਟਿਆਲਾ ਵਿਖੇ ਵਿਗਿਆਨਕ ਸਲਾਹਕਾਰ ਕਮੇਟੀ ਦੀ ਮੀਟਿੰਗ 14 ਫਰਵਰੀ ਨੂੰ ਹੋਈ। ਇਸ ਦੀ ਪ੍ਰਧਾਨਗੀ ਡਾ. ਮੱਖਣ ਸਿੰਘ ਭੁੱਲਰ, ਨਿਰਦੇਸ਼ਕ ਪਸਾਰ ਸਿੱਖਿਆ, ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਨੇ ਕੀਤੀ। ਡਾ. ਜਸਵਿੰਦਰ ਸਿੰਘ, ਨਿਰਦੇਸ਼ਕ, ਯੂਨੀਵਰਸਿਟੀ ਬੀਜ ਫਾਰਮ, ਨਾਭਾ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਦੇ ਸਹਿਯੋਗੀ ਨਿਰਦੇਸ਼ਕ (ਸਿਖਲਾਈ) ਡਾ. ਮਨਦੀਪ ਸਿੰਘ, ਕ੍ਰਿਸ਼ੀ ਵਿਗਿਆਨ ਕੇਂਦਰ, ਫ਼ਤਿਹਗੜ੍ਹ ਸਾਹਿਬ ਦੇ ਸਹਿਯੋਗੀ ਨਿਰਦੇਸ਼ਕ (ਸਿਖਲਾਈ) ਡਾ. ਵਿਪਨ ਕੁਮਾਰ ਰਾਮਪਾਲ ਅਤੇ ਫਾਰਮ ਸਲਾਹਕਾਰ ਸੇਵਾ ਕੇਂਦਰ, ਪਟਿਆਲਾ ਦੇ ਮੁੱਖੀ ਡਾ. ਗੁਰਪ੍ਰੀਤ ਕੌਰ ਵੀ ਇਸ ਮੀਟਿੰਗ ਵਿਚ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਖੇਤੀਬਾੜੀ, ਬਾਗਬਾਨੀ, ਪਸ਼ੂ-ਪਾਲਣ, ਮੱਛੀ-ਪਾਲਣ, ਵਣ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ, ਇਸਤਰੀ ਅਤੇ ਬਾਲ ਵਿਕਾਸ ਵਿਭਾਗ, ਰੁਜ਼ਗਾਰ ਵਿਭਾਗ ਦੇ ਅਫ਼ਸਰ ਸਾਹਿਬਾਨ, ਅਗਾਹਵਧੂ ਕਿਸਾਨਾਂ ਅਤੇ ਕਿਸਾਨ ਬੀਬੀਆਂ ਨੇ ਇਸ ਮੀਟਿੰਗ ਵਿੱਚ ਆਪਣੇ ਵਿਚਾਰ ਸਾਂਝੇ ਕੀਤੇ। ਡਾ. ਗੁਰਉਪਦੇਸ਼ ਕੌਰ, ਇੰਚਾਰਜ, ਕ੍ਰਿਸ਼ੀ ਵਿਗਿਆਨ ਕੇਂਦਰ, ਪਟਿਆਲਾ ਦੀ ਅਗਵਾਈ ਹੇਠ ਆਏ ਹੋਏ ਮਹਿਮਾਨਾਂ ਨੂੰ ਕੇਂਦਰ ਦੇ ਤਕਨੀਕੀ ਪਾਰਕ, ਪ੍ਰਦਰਸ਼ਨੀ ਪਲਾਟਾਂ ਅਤੇ ਬੀਜ ਫਾਰਮ ਦਾ ਦੌਰਾ ਕਰਾਇਆ ਗਿਆ। ਮੀਟਿੰਗ ਦੀ ਸ਼ੁਰੂਆਤ ਵਿੱਚ ਡਾ. ਰਜਨੀ ਗੋਇਲ, ਪ੍ਰੋਫੈਸਰ (ਭੋਜਨ ਵਿਗਿਆਨ), ਕ੍ਰਿਸ਼ੀ ਵਿਗਿਆਨ ਕੇਂਦਰ, ਪਟਿਆਲਾ ਨੇ ਆਏ ਹੋਏ ਮਹਿਮਾਨਾਂ ਨੂੰ ਜੀ-ਆਇਆ ਆਖਿਆ। ਇਸ ਉਪਰੰਤ ਡਾ. ਗੁਰਉਪਦੇਸ਼ ਕੌਰ ਨੇ ਕੇਂਦਰ ਵੱਲੋਂ ਲਾਏ ਜਾਂਦੇ ਸਿਖਲਾਈ ਕੋਰਸਾਂ, ਖੇਤ ਤਜਰਬਿਆਂ ਅਤੇ ਹੋਰ ਪਸਾਰ ਗਤੀਵਿਧੀਆਂ ਦੀ ਜਾਣਕਾਰੀ ਹਾਜ਼ਰੀਨ ਨਾਲ ਸਾਂਝੀ ਕੀਤੀ। ਉਨ੍ਹਾਂ ਸਾਲ 2024-25 ਵਿਚ ਆਯੋਜਿਤ ਹੋਣ ਵਾਲੀਆਂ ਸਿਖਲਾਈਆਂ ਸਬੰਧੀ ਕਾਰਜ-ਯੋਜਨਾ ਵੀ ਸਾਂਝੀ ਕੀਤੀ ਅਤੇ ਆਏ ਹੋਏ ਮਹਿਮਾਨਾਂ ਦੇ ਸੁਝਾਅ ਲਏ। ਮੀਟਿੰਗ ਦੇ ਮੁੱਖ ਮਹਿਮਾਨ ਡਾ. ਮੱਖਣ ਸਿੰਘ ਭੁੱਲਰ ਨੇ ਸਰਫੇਸ ਸੀਡਰ ਵਿਧੀ ਰਾਹੀਂ ਕਣਕ ਦੀ ਬੀਜਾਈ ਬਾਰੇ ਜਾਣਕਾਰੀ ਹਾਜ਼ਰੀਨ ਨਾਲ ਸਾਂਝੀ ਕੀਤੀ। ਉਨ੍ਹਾਂ ਨੇ ਅਗਾਂਹਵਧੂ ਕਿਸਾਨਾਂ ਦੇ ਖੇਤਾਂ ਦੇ ਦੌਰੇ ਕਰਨ ਅਤੇ ਕੁਦਰਤੀ ਸਰੋਤਾਂ ਦੀ ਸੁਚੱਜੀ ਵਰਤੋਂ ਬਾਰੇ ਵੀ ਪ੍ਰੇਰਿਤ ਕੀਤਾ।

ਡਾ. ਜਸਵਿੰਦਰ ਸਿੰਘ ਨੇ ਹਾਜ਼ਰੀਨ ਕਿਸਾਨਾਂ ਤੇ ਅਧਿਕਾਰੀਆਂ ਨੂੰ ਕ੍ਰਿਸ਼ੀ ਵਿਗਿਆਨ ਕੇਂਦਰ, ਪਟਿਆਲਾ ਵੱਲੋਂ ਆਯੋਜਤ ਕੀਤੇ ਜਾਂਦੇ ਪਸਾਰ ਕਾਰਜਾਂ ਨਾਲ ਵੱਧ ਤੋਂ ਵੱਧ ਜੁੜਨ ਲਈ ਉਤਸ਼ਾਹਤ ਕੀਤਾ। ਮੁੱਖ ਖੇਤੀਬਾੜੀ ਅਫਸਰ, ਪਟਿਆਲਾ ਡਾ. ਜਸਵਿੰਦਰ ਸਿੰਘ ਨੇ ਖੇਤੀਬਾੜੀ ਮਹਿਕਮੇ ਵੱਲੋਂ ਦਿੱਤੀਆਂ ਜਾਂਦੀਆਂ ਸੁਵਿਧਾਵਾਂ ਬਾਰੇ ਦੱਸਿਆ।

## ਸਰਕਾਰੀ ਕਾਲਜ (ਲੜਕੀਆਂ) 'ਚ ਰਾਜ ਪੱਧਰੀ ਘੋਸ਼ਣਾ ਮੁਕਾਬਲੇ ਕਰਾਏ



**ਲੁਧਿਆਣਾ (ਜਸਦੀਪ ਵਰਤੀਆ)**-ਨਹਿਰੂ ਯੁਵਾ ਕੇਂਦਰ ਸੰਗਠਨ ਵੱਲੋਂ ਸਰਕਾਰੀ ਕਾਲਜ (ਲੜਕੀਆਂ) ਵਿਖੇ ਰਾਜ ਪੱਧਰੀ ਘੋਸ਼ਣਾ ਪ੍ਰਤੀਯੋਗਤਾ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਜ਼ਿਲ੍ਹਾ ਪੱਧਰ 'ਤੇ ਘੋਸ਼ਣਾ ਮੁਕਾਬਲੇ ਦੇ ਪਹਿਲੇ ਇਨਾਮ ਜੇਤੂਆਂ ਨੇ 2047 ਥੀਮ 'ਤੇ ਭਾਗ ਲਿਆ। ਵਿਧਾਨ ਸਭਾ ਹਲਕਾ ਲੁਧਿਆਣਾ ਉੱਤਰੀ ਤੋਂ ਵਿਧਾਇਕ ਬੱਗਾ ਵੱਲੋਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ। ਉਨ੍ਹਾਂ ਸਾਰੇ ਭਾਗੀਦਾਰਾਂ ਅਤੇ ਜੇਤੂਆਂ ਨੂੰ ਵਧਾਈ ਦਿੱਤੀ ਅਤੇ ਨਾਲ ਹੀ ਨੌਜਵਾਨਾਂ ਨੂੰ ਸਾਰੇ ਚੰਗੇ ਕੰਮਾਂ ਲਈ ਅੱਗੇ ਆਉਣ ਲਈ ਵੀ ਪ੍ਰੇਰਿਆ। ਵੱਖ-ਵੱਖ ਤਿੰਨ ਜੱਜਾਂ ਸ਼੍ਰੀ ਨਵਦੀਪ ਸਿੰਘ, ਸ਼੍ਰੀਮਤੀ ਜਸਪ੍ਰੀਤ ਕੌਰ ਅਤੇ ਸ਼੍ਰੀ ਅਟਲ ਬਾਜਪਾਈ ਦੇ ਇੱਕ ਪੈਨਲ ਨੇ ਖੇਤਰੀ ਮੁਹਾਰਤ ਵਾਲੇ ਭਾਗੀਦਾਰਾਂ ਨੂੰ ਵਿਸ਼ਾ-ਵਸਤੂ, ਸੰਚਾਰ ਹੁਨਰ, ਪੇਸ਼ਕਾਰੀ ਦੇ ਹੁਨਰ, ਵਿਚਾਰਾਂ ਅਤੇ ਵਿਚਾਰਾਂ ਦੀ ਸਪੱਸ਼ਟਤਾ ਤੇ ਵਿਸ਼ਵਾਸ ਦੇ ਪੱਧਰ ਦੇ ਮਾਪਦੰਡਾਂ 'ਤੇ ਨਿਰਣਾ ਕੀਤਾ। ਮੁਕਾਬਲੇ ਲਈ ਭਾਸ਼ਣ ਹਿੰਦੀ, ਅੰਗਰੇਜ਼ੀ ਜਾਂ ਰਾਜ ਦੀ ਸਰਕਾਰੀ ਭਾਸ਼ਾ ਵਿੱਚ 7 ਮਿੰਟ (ਵੱਧ ਤੋਂ ਵੱਧ) ਦੀ ਮਿਆਦ ਤੱਕ ਸੀ। ਰਾਜ ਪੱਧਰੀ ਮੁਕਾਬਲੇ ਵਿੱਚ ਇਨਾਮ ਪਹਿਲਾ ਇਨਾਮ ਇੱਕ ਲੱਖ ਰੁਪਏ, ਦੂਜਾ ਇਨਾਮ 50 ਹਜ਼ਾਰ ਰੁਪਏ, ਜਦਕਿ ਤੀਜਾ ਇਨਾਮ ਵੱਖ-ਵੱਖ 2 ਵਿਜੇਤਾਵਾਂ ਲਈ 25 ਹਜ਼ਾਰ ਰੁਪਏ ਰੱਖਿਆ ਗਿਆ ਸੀ। ਨਹਿਰੂ ਯੁਵਾ ਕੇਂਦਰ ਲੁਧਿਆਣਾ ਦੇ ਜ਼ਿਲ੍ਹਾ ਯੁਵਾ ਅਧਿਕਾਰੀ ਵੱਲੋਂ ਜੇਤੂਆਂ ਦਾ ਵੇਰਵਾ ਸਾਂਝਾ ਕਰਦਿਆਂ ਦੱਸਿਆ ਕਿ ਜਲੰਧਰ ਦੀ ਸਾਕਸ਼ੀ ਸ਼ਰਮਾ ਨੇ ਪਹਿਲਾ, ਫਿਰੋਜ਼ਪੁਰ ਦੀ ਨਮਿਤ ਪ੍ਰੀਤ ਕੌਰ ਨੇ ਦੂਜਾ ਅਤੇ ਫ਼ਾਜ਼ਿਲਕਾ ਦੀ ਅਰਸ਼ਦੀਪ ਕੌਰ ਅਤੇ ਕਪੂਰਥਲਾ ਦੀ ਆਂਚਲਪ੍ਰੀਤ ਕੌਰ ਨੇ ਤੀਜਾ ਇਨਾਮ ਜਿੱਤਿਆ ਹੈ।

17-FEB-PAGE-11-Majha-2024.qxd 2/16/2024 10:26 PM Page 1



# ਪੇਂਡੂ ਭਾਰਤ ਬੰਦ ਦੌਰਾਨ ਵੱਖ-ਵੱਖ ਥਾਈਂ ਮਿਲਿਆ ਲੋਕਾਂ ਦਾ ਭਰਵਾਂ ਹੁੰਗਾਰਾ


ਵਲਟੋਹਾ


ਪਠਾਨਕੋਟ


ਡੇਰਾ ਬਾਬਾ ਨਾਨਕ


ਪੱਟੀ


ਕਲਾਨੌਰ


ਚੋਹਲਾ ਸਾਹਿਬ

**ਕਲਾਨੌਰ (ਮਨਦੀਪ ਕੋਹਲੀ)**-ਕੇਂਦਰ ਦੀ ਮੋਦੀ ਸਰਕਾਰ ਵੱਲੋਂ ਖੇਤੀ ਤੇ ਐੱਮਐੱਸਪੀ ਕਾਨੂੰਨਾਂ ਦੇ ਵਿਰੋਧ 'ਚ ਅੱਜ ਸੰਯੁਕਤ ਕਿਸਾਨ ਮੋਰਚਾ ਦੇ ਸੱਦੇ 'ਤੇ ਕਲਾਨੌਰ 'ਚ ਜਮਹੂਰੀ ਕਿਸਾਨ ਸਭਾ ਕਲਾਨੌਰ ਵੱਲੋਂ ਅੱਜ ਨੈਸ਼ਨਲ ਹਾਈਵੇ 354 ਮਾਰਗ ਜਾਮ ਕਰਕੇ ਕੇਂਦਰ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ।

**ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਭਾਰਤ ਬੰਦ ਦੀ ਕਾਲ ਦੌਰਾਨ ਜਿਥੇ ਪੱਟੀ ਦੇ ਦੁਕਾਨਦਾਰਾਂ ਵੱਲੋਂ ਤਹਿਸੀਲ ਕੰਪਲੈਕਸ ਦੇ ਪ੍ਰਧਾਨ ਪਲਵਿੰਦਰ ਸਿੰਘ ਭੋਲਾ ਰਾੜੀਆਂ ਦੇ ਸਹਿਯੋਗ ਨਾਲ ਆਪਣੀਆਂ ਦੁਕਾਨਾਂ ਬੰਦ ਕਰਕੇ ਕਿਸਾਨੀ ਏਕੇ ਦਾ ਸਾਥ ਦਿੱਤਾ ਗਿਆ ਉਥੇ ਦੂਸਰੇ ਪਾਸੇ ਸਥਾਨਕ ਸ਼ਹਿਰ ਖੁੱਲਾ ਨਜ਼ਰ ਆਇਆ। ਕਿਸਾਨੀ ਅੰਦੋਲਨ ਦੇ ਦਿੱਲੀ ਕੂਚ ਦੌਰਾਨ ਹਰਿਆਣਾ ਤੇ ਪੰਜਾਬ ਦੇ ਬਾਰਡਰਾ ਤੇ ਹਰਿਆਣਾ ਪੁਲਿਸ ਵੱਲੋਂ ਕੀਤੇ ਜਾ ਰਹੇ ਅੱਤਿਆਚਾਰ ਦੀ ਸਖਤ ਸ਼ਬਦਾਂ ਵਿਚ ਨਿਖੇਧੀ ਕੀਤੀ।

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਅੱਜ ਸਬ ਡਵੀਜ਼ਨ ਡੇਰਾ ਬਾਬਾ ਨਾਨਕ ਪਾਵਰਕਾਮ ਦਫਤਰ ਵਿਖੇ ਮੁਲਾਜ਼ਮ ਏਕਤਾ ਮੰਚ ਅਤੇ ਜੁਆਇੰਟ ਫੋਰਮ ਦੇ ਸੱਦੇ 'ਤੇ ਕਰਮਚਾਰੀਆਂ ਵੱਲੋਂ ਪ੍ਰਧਾਨ ਗੁਰਬਿੰਦਰ ਜੀਤ ਸਿੰਘ ਦੀ ਅਗਵਾਈ ਹੇਠ 1 ਰੋਜ਼ਾ ਹੜਤਾਲ ਕਰਕੇ ਰੋਸ ਰੈਲੀ ਕੀਤੀ ਗਈ। ਇਸ ਮੌਕੇ ਜਸਪਾਲ ਮੀਤ ਪ੍ਰਧਾਨ, ਸਤਨਾਮ ਸਿੰਘ, ਤੇਜਿੰਦਰ ਸਿੰਘ, ਮਨਜਿੰਦਰ ਸਿੰਘ, ਸ਼ਿਵ ਕੁਮਾਰ, ਜਾਗੀਰ ਸਿੰਘ, ਚਰਨਜੀਤ ਸਿੰਘ ਆਦਿ ਸਾਥੀ ਹਾਜ਼ਰ ਸਨ

**ਪਠਾਨਕੋਟ (ਦਵਿੰਦਰ ਸਿੰਘ)**-ਮੋਦੀ ਸਰਕਾਰ ਦੀਆਂ ਮਜ਼ਦੂਰ ਮੁਲਾਜ਼ਮ ਤੇ ਕਿਸਾਨ ਵਿਰੋਧੀ ਨੀਤੀਆਂ ਦੇ ਖਿਲਾਫ ਦੇਸ਼ ਭਰ ਦੀਆਂ ਟਰੇਡ ਯੂਨੀਅਨਾਂ, ਮਜ਼ਦੂਰਾਂ ਮੁਲਾਜ਼ਮਾਂ ਫੈਡਰੇਸ਼ਨਾਂ ਅਤੇ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਉੱਤੇ 16 ਫਰਵਰੀ ਭਾਰਤ ਬੰਦ ਕਰਦੇ ਹੋਏ ਮਲਕਪੁਰ ਚੌਂਕ ਪਠਾਨਕੋਟ ਵਿਖੇ ਜੰਮੂ ਤੋਂ ਦਿੱਲੀ ਨੈਸ਼ਨਲ ਹਾਈਵੇ 11ਵਜੇ ਤੋਂ ਤਿੰਨ ਘੰਟੇ ਜਾਮ ਕੀਤਾ। ਅੱਜ ਦੇ ਧਰਨਾ ਪ੍ਰਦਰਸ਼ਨ ਦੀ ਸਾਥੀ ਵਿਨੋਦ ਕੁਮਾਰ, ਮਾਸਟਰ ਸੁਭਾਸ਼ ਸ਼ਰਮਾ, ਬਿਕਰਮਜੀਤ ਸਿੰਘ, ਇਕਬਾਲ ਸਿੰਘ, ਬਲਵੰਤ ਸਿੰਘ ਬਹਾਦਰ ਲਾਹੜੀ, ਨਰੇਸ਼ ਕੁਮਾਰ ਅਤੇ ਗੁਰਦਿਆਲ ਸਿੰਘ ਸੈਣੀ ਦੀ ਪ੍ਰਧਾਨਗੀ ਕੀਤੀ।

**ਵਲਟੋਹਾ (ਰਣਜੀਤ ਸਿੰਘ ਵਲਟੋਹਾ)**-ਭਿੱਖੀ ਵਿੰਡ ਚੌਕ ਮੁਕੰਮਲ ਤੌਰ 'ਤੇ ਬੰਦ ਕਰਕੇ ਵਿਸ਼ਾਲ ਧਰਨਾ ਭਾਰਤੀ ਕਿਸਾਨ ਯੂਨੀਅਨ ਕਾਦੀਆ ਦੇ ਮਿਲਖਾ ਸਿੰਘ, ਕਿਸਾਨ ਸੰਘਰਸ਼ ਕਮੇਟੀ ਪੰਨੂ ਦੇ ਤਰਸੇਮ ਸਿੰਘ ਮਹਿਲ, ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੇ ਤਰਸੇਮ ਸਿੰਘ ਕਲਸੀਆ, ਜੈ ਕਿਸਾਨ ਯੂਨੀਅਨ ਦੇ ਅਮਰੀਕ ਆਸਲ, ਜਮਹੂਰੀ ਕਿਸਾਨ ਸਭਾ ਦੇ ਗੁਰਨਾਮ ਸਿੰਘ ਬਾਸਰਕੇ, ਕੁਲ ਹਿੰਦ ਕਿਸਾਨ ਸਭਾ ਦੇ ਜਸਪਾਲ ਸਿੰਘ ਭਿੱਖੀ ਵਿੰਡ, ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਅਮਰੀਕ, ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਦੇ ਡਾਕਟਰ ਸੁਖਵੰਤ ਸਿੰਘ ਵਲਟੋਹਾ, ਅਜ਼ਾਦ ਸੰਘਰਸ਼ ਕਮੇਟੀ ਦੇ ਅਵਤਾਰ ਸਿੰਘ ਚਾਹਲ, ਭਾਰਤੀ ਕਿਸਾਨ ਯੂਨੀਅਨ ਅੰਬਾਵਤ ਦੇ ਪੰਜਾਬ ਸਿੰਘ ਕੰਬੋਕੇ, ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਅਨੂਪ ਸਿੰਘ ਭੋਲਾ, ਕੌਮੀ ਕਿਸਾਨ ਯੂਨੀਅਨ ਦੇ ਹਰਜਿੰਦਰ ਸਿੰਘ ਕਾਲੇ ਅਤੇ ਅਜ਼ਾਦ ਸੰਘਰਸ਼ ਕਮੇਟੀ ਰਵੀ ਦੇ ਅਮਰਜੀਤ ਸਿੰਘ ਦੀ ਸਾਂਝੀ ਪ੍ਰਧਾਨਗੀ ਹੇਠ ਧਰਨਾ ਮਾਰਿਆ ਗਿਆ ਅਤੇ ਆਵਾਜਾਈ ਮੁਕੰਮਲ ਤੌਰ 'ਤੇ ਬੰਦ ਰਹੀ।

**ਚੋਹਲਾ ਸਾਹਿਬ (ਰਮਨ ਚੱਡਾ)**-ਬਜਾਰਾਂ ਵਿੱਚ ਰੋਸ ਮਾਰਚ ਕੀਤਾ ਗਿਆ। ਇਸ ਰੋਸ ਮਾਰਚ ਦੀ ਅਗਵਾਈ ਪਰਮਜੀਤ ਸਿੰਘ ਚੋਹਲਾ ਸਾਹਿਬ ਅਤੇ ਸੇਵਾ ਸਿੰਘ ਦਦੇਹਰ ਸਾਹਿਬ ਨੇ ਕੀਤੀ। ਬਾਬਾ ਸਾਹੂ ਸਾਹ ਚੋਕ ਵਿੱਚ ਇਕੱਠ ਕੀਤਾ ਗਿਆ ਇਸ ਇਕੱਠ ਨੂੰ ਸੰਬੋਧਨ ਕਰਦਿਆ ਬਲਵਿੰਦਰ ਸਿੰਘ ਦਦੇਹਰ ਸਾਹਿਬ ਨੇ ਦੱਸਿਆ ਕਿ ਅੱਜ ਭਾਰਤ ਬੰਦ ਦਾ ਸੱਦਾ ਮੋਦੀ ਸਰਕਾਰ ਦੀ ਨੀਂਦ ਹਰਾਮ ਕਰ ਦੇਵੇਗਾ। ਇਸ ਇਕੱਠ ਵਿਚ ਹੋਰਨਾ ਤੋ ਇਲਾਵਾ ਮਿਲਖਾ ਸਿੰਘ ਫੋਜੀ ਬਿੱਲਿਆ ਵਾਲਾ,ਰਜਿੰਦਰ ਸਿੰਘ,ਗੁਰਪਾਲ ਸਿੰਘ ਚੋਹਲਾ ਸਾਹਿਬ,ਰਮਨ ਕੁਮਾਰ ਲੌਧੀ,ਤਰਸੇਮ ਸਿੰਘ ਆਦਿ ਹਾਜ਼ਰ ਹੋਏ।

## ਇੰਸਪੈਕਟਰ ਕੁਲਵੰਤ ਸਿੰਘ ਬਣੇ ਡੀਐੱਸਪੀ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਪੁਲਸ ਥਾਣਾ ਕਾਦੀਆਂ ਦੇ ਅੰਦਰ ਬਤੌਰ ਸੇਵਾਵਾਂ ਨਿਭਾ ਰਹੇ ਐੱਸਐੱਚਓ ਇੰਸਪੈਕਟਰ ਕੁਲਵੰਤ ਸਿੰਘ ਦੀਆਂ ਵਧੀਆਂ ਸੇਵਾਵਾਂ ਨੂੰ ਦੇਖਦੇ ਹੋਏ ਪੰਜਾਬ ਸਰਕਾਰ ਦੇ ਵੱਲੋਂ ਉਨਾਂ ਨੂੰ ਡੀਐੱਸਪੀ ਦਾ ਅਹੁਦਾ ਦੇ ਕੇ ਨਿਵਾਜਿਆ



ਗਿਆ ਅਤੇ ਡੀਐੱਸਪੀ ਬਣਨ ਉਪਰੰਤ ਪੁਲਸ ਥਾਣਾ ਕਾਦੀਆਂ ਦੇ ਸਮੁੱਚੇ ਸਟਾਫ ਅਤੇ ਸੀਆਈਡੀ ਵਿਭਾਗ ਅਤੇ ਸਾਂਝ ਕੇਂਦਰ ਦੇ ਸਟਾਫ ਦੇ ਵੱਲੋਂ ਉਨ੍ਹਾਂ ਨੂੰ ਵਧਾਈ ਦਿੱਤੀ ਗਈ। ਇਸ ਮੌਕੇ ਗੱਲਬਾਤ ਦੌਰਾਨ ਥਾਣਾ ਕਾਦੀਆਂ 'ਚ ਬਤੌਰ ਸੇਵਾਵਾਂ ਨਿਭਾ ਰਹੇ ਨਵ-ਨਿਯੁਕਤ ਡੀਐੱਸਪੀ ਕੁਲਵੰਤ ਸਿੰਘ ਮਾਨ ਨੇ ਦੱਸਿਆ ਕਿ ਜਿਸ ਤਰ੍ਹਾਂ ਉਹ ਪਹਿਲਾਂ ਵਿਭਾਗ ਦੇ ਵਿੱਚ ਆਪਣੀਆਂ ਸੇਵਾਵਾਂ ਨੂੰ ਬਖੂਬੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾ ਰਹੇ ਸਨ। ਇਸੇ ਤਰ੍ਹਾਂ ਹੀ ਜੋ ਵਿਭਾਗ ਦੇ ਵੱਲੋਂ ਤੇ ਪੰਜਾਬ ਸਰਕਾਰ ਦੇ ਵੱਲੋਂ ਉਨ੍ਹਾਂ ਨੂੰ ਤਰੱਕੀ ਦੇ ਕੇ ਨਿਵਾਜਿਆ ਗਿਆ ਉਹ ਆਪਣੇ ਅਹੁਦੇ ਤੇ ਰਹਿ ਕੇ ਇਮਾਨਦਾਰੀ ਅਤੇ ਤਨਦੇਹੀ ਨਾਲ ਕੰਮ ਕਰਨਗੇ। ਇਸ ਮੌਕੇ ਡੀਐੱਸਪੀ ਕੁਲਵੰਤ ਸਿੰਘ ਮਾਨ ਦੇ ਵੱਲੋਂ ਪੰਜਾਬ ਸਰਕਾਰ ਸਮੇਤ ਡੀਜੀਪੀ ਪੰਜਾਬ ਅਤੇ ਆਪਣੇ ਸੀਨੀਅਰ ਅਧਿਕਾਰੀਆਂ ਦਾ ਤਹਿ ਦਿਲ ਤੋਂ ਧੰਨਵਾਦ ਕੀਤਾ। ਇਸ ਮੌਕੇ ਸੀਆਈਡੀ ਵਿਭਾਗ ਤੋਂ ਐੱਸਆਈ ਸੁਰਿੰਦਰ ਸਿੰਘ, ਸੁਖਵਿੰਦਰ ਸਿੰਘ, ਸੁਖਜਿੰਦਰ ਸਿੰਘ, ਏਐੱਸਆਈ ਕੁਲਵਿੰਦਰ ਸਿੰਘ, ਏਐੱਸਆਈ ਮਲਕੀਤ ਸਿੰਘ, ਜੋਬਨਪ੍ਰੀਤ ਸਿੰਘ, ਰਮਨਦੀਪ ਸਿੰਘ, ਏਐੱਸਆਈ ਸੁਰਜੀਤ ਸਿੰਘ, ਏਐਸਆਈ ਹਰਦੀਪ ਸਿੰਘ, ਏਐੱਸਆਈ ਹਰਜੀਤ ਸਿੰਘ, ਏਐੱਸਆਈ ਘਨਸ਼ਾਮ, ਮਨਪ੍ਰੀਤ ਸਿੰਘ, ਏਐੱਸਆਈ ਸੁਖਦੇਵ ਸਿੰਘ ਤੇ ਸਮੂਹ ਪੁਲਸ ਥਾਣਾ ਕਾਦੀਆਂ ਦਾ ਸਟਾਫ ਸੀਆਈਡੀ ਵਿਭਾਗ ਅਤੇ ਸਾਂਝ ਕੇਂਦਰ ਦਾ ਸਟਾਫ ਹਾਜ਼ਰ ਸੀ।

## ਮਨੋਹਰ ਧਾਰੀਵਾਲ ਨੂੰ ਗਹਿਰਾ ਸਦਮਾ; ਪਿਤਾ ਦਾ ਦੇਹਾਂਤ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਗਾਇਕ ਅਦਾਕਾਰ ਪ੍ਰੋਡਿਊਸਰ ਮਨੋਹਰ ਧਾਰੀਵਾਲ ਨੂੰ ਉਸ ਵੇਲੇ ਗਹਿਰਾ ਸਦਮਾ ਪਹੁੰਚਿਆ ਜਦੋਂ ਉਨ੍ਹਾਂ ਦੇ ਪਿਤਾ ਪਰਸ ਰਾਮ ਦਾ ਦਿਲ ਦੀ ਧੜਕਣ ਬੰਦ ਹੋ ਜਾਣ ਕਾਰਨ ਅਚਾਨਕ ਦੇਹਾਂਤ ਹੋ ਗਿਆ। ਉਨ੍ਹਾਂ ਦੇ ਮ੍ਰਿਤਕ ਸਰੀਰ ਦਾ ਅੰਤਮ ਸੰਸਕਾਰ ਧਾਰੀਵਾਲ ਸ਼ਹਿਰ ਦੇ ਸ਼ਮਸ਼ਾਨਘਾਟ ਵਿੱਚ ਕਰ ਦਿੱਤਾ ਗਿਆ। ਇਸ ਦੁੱਖ ਦੀ ਘੜੀ ਵਿੱਚ ਮਨੋਹਰ ਧਾਰੀਵਾਲ ਦੇ ਗ੍ਰਹਿ ਵਿਖੇ ਗਾਇਕ ਅਮਨ ਹੈਪੀ, ਪੱਪੂ ਬਾਦਸ਼ਾਹ ਪੁੱਜੇ। ਸ਼ੋਸ਼ਲ ਸਾਈਟਾਂ ਅਤੇ ਵੱਖ-ਵੱਖ ਕਲਾਕਾਰਾਂ ਜਿਨ੍ਹਾਂ ਵਿੱਚ ਇੰਟਰਨੈਸ਼ਨਲ ਗਾਇਕਾ ਸੁਦੇਸ਼ ਕੁਮਾਰੀ, ਰੇਸ਼ਮ ਨੌਰਦ, ਦਲਵਿੰਦਰ



ਦਿਆਲਪੁਰੀ, ਸਰਬਜੀਤ ਯਮਲਾ, ਸੁਰਿੰਦਰ ਸੇਠੀ, ਸੰਤੋਖ ਸੰਧੂ, ਘੁੱਲੇ ਸ਼ਾਹ, ਚਾਚਾ ਬਿਸ਼ਨਾ, ਕਾਂਸ਼ੀ ਰਾਮ ਚੰਨ, ਪ੍ਰਿੰਸ ਸੁਖਦੇਵ, ਬੂਟਾ ਮੁਹੰਮਦ, ਅਮਰੀਕ ਮਾਈਕਲ, ਸਿਤਾਂਸ਼ੂ ਜੋਸ਼ੀ, ਸਵਰਨ ਕੁਮਾਰ ਆਦਿ ਸਮੇਤ ਕਾਫੀ ਕਲਾਕਾਰਾਂ ਵੱਲੋਂ ਮਨੋਹਰ ਧਾਰੀਵਾਲ, ਗਾਇਕਾ ਰਿਹਾਨਾ ਭੱਟੀ, ਨਰਿੰਦਰ ਕੁਮਾਰ ਨੇ ਪਰਵਾਰਿਕ ਮੈਂਬਰਾਂ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ। ਮਨੋਹਰ ਧਾਰੀਵਾਲ ਨੇ ਦੱਸਿਆ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ ਸ੍ਰੀ ਗੁਰੂ ਰਵਿਦਾਸ ਭਵਨ/ਗੁਰਦੁਆਰਾ ਸਾਹਿਬ ਧਾਰੀਵਾਲ (ਜ਼ਿਲ੍ਹਾ ਗੁਰਦਾਸਪੁਰ) ਵਿਖੇ 18 ਫਰਵਰੀ ਦਿਨ ਐਤਵਾਰ ਨੂੰ ਹੋਵੇਗੀ।

## ਡੀ ਸੀ ਵਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਬੋਰਡ) ਦੀਆਂ ਵੋਟਾਂ ਬਣਾਉਣ ਲਈ ਅਪੀਲ

ਗੁਰਦਾਸਪੁਰ (ਜਨਕ ਮਹਾਜਨ)- ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਕਮਿਸ਼ਨਰ ਗੁਰਦੁਆਰਾ ਚੋਣਾਂ ਪੰਜਾਬ ਵੱਲੋਂ ਜਾਰੀ ਕੀਤੇ ਗਏ ਪ੍ਰੋਗਰਾਮ ਅਨੁਸਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਬੋਰਡ) ਦੀਆਂ ਚੋਣਾਂ ਲਈ ਵੋਟਾਂ ਬਣਾਉਣ ਦਾ ਕੰਮ 29 ਫਰਵਰੀ ਤੱਕ ਮੁਕੰਮਲ ਕੀਤਾ ਜਾਣਾ ਹੈ ਅਤੇ ਇਸ ਸਬੰਧੀ ਸਪੈਸ਼ਲ ਕੈਂਪ ਲਗਾ ਕੇ ਯੋਗ ਵੋਟਰਾਂ ਦੀਆਂ ਵੋਟਾਂ ਬਣਾਈਆਂ ਜਾ ਰਹੀਆਂ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਵਿਚ 24, 25 ਅਤੇ 29 ਫਰਵਰੀ ਨੂੰ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਸਪੈਸ਼ਲ ਕੈਂਪ ਲਗਾਏ



ਜਾਣਗੇ, ਜਿਸ ਵਿਚ ਪਟਵਾਰੀਆਂ ਅਤੇ ਬੀ.ਐਲ.ਓਜ਼. ਵੱਲੋਂ ਆਪਣੇ ਏਰੀਏ ਵਿਚ ਡੋਰ ਟੂ ਡੋਰ ਜਾ ਕੇ ਯੋਗ ਬਿਨੈਕਾਰਾਂ ਪਾਸੋਂ ਫਾਰਮ ਪ੍ਰਾਪਤ ਕੀਤੇ ਜਾਣਗੇ। ਉਨ੍ਹਾਂ ਜ਼ਿਲ੍ਹੇ ਦੇ ਸਮੂਹ ਯੋਗ ਵੋਟਰਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਜਿੰਨਾ ਵਿਅਕਤੀਆਂ ਦੀਆਂ ਹਾਲੇ ਤੱਕ ਵੋਟਾਂ ਨਹੀਂ ਬਣੀਆਂ, ਉਹ ਸਪੈਸ਼ਲ ਕੈਂਪਾਂ ਦੌਰਾਨ ਫਾਰਮ ਭਰ ਕੇ ਆਪਣੀਆਂ ਵੋਟਾਂ ਜ਼ਰੂਰ ਬਣਵਾ ਲੈਣ। ਉਨ੍ਹਾਂ ਕਿਹਾ ਕਿ ਵੋਟਾਂ ਬਣਾਉਣ ਦੀ ਆਖ਼ਰੀ ਮਿਤੀ 29 ਫਰਵਰੀ ਤੱਕ ਹੈ। ਉਨ੍ਹਾਂ ਕਿਹਾ ਕਿ ਵੋਟਾਂ ਬਣਾਉਣ ਸਬੰਧੀ ਕੋਈ ਵੀ ਜਾਣਕਾਰੀ ਲੈਣ ਜਾਂ ਮੁਸ਼ਕਲ ਆਉਣ 'ਤੇ ਜ਼ਿਲ੍ਹਾ ਪ੍ਰਸ਼ਾਸਨ ਤੇ ਹੈਲਪ ਲਾਈਨ ਨੰਬਰ 1800-180-1852 ਜਾਂ ਚੋਣ ਕਮਿਸ਼ਨ ਦੇ ਹੈਲਪ ਲਾਈਨ ਨੰਬਰ 1950 ਉੱਪਰ ਸੰਪਰਕ ਕੀਤਾ ਜਾ ਸਕਦਾ ਹੈ।

## ਮਹਾਰਾਸ਼ਟਰ ਸਰਕਾਰ ਚੋਣ ਕਰਵਾ ਕੇ ਤਖ਼ਤ ਸ੍ਰੀ ਹਜ਼ੂਰ ਸਾਹਿਬ ਦਾ ਬੋਰਡ ਕਾਇਮ ਕਰੇ: ਧਾਮੀ

ਅੰਮ੍ਰਿਤਸਰ ਜਸਬੀਰ ਸਿੰਘ ਪੱਟੀ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕਟ ਹਰਜਿੰਦਰ ਸਿੰਘ ਧਾਮੀ ਨੇ ਜਾਰੀ ਬਿਆਨ ਵਿੱਚ ਕਿਹਾ ਕਿ ਭਾਵੇਂ ਮਹਾਰਾਸ਼ਟਰ ਸਰਕਾਰ ਨੇ ਤਖ਼ਤ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਗੁਰਦੁਆਰਾ ਐਕਟ 1956 ਵਿੱਚ ਸਾਲ 2024 ਦੀ ਸੋਧ ਕਰਨ ਦੀ ਤਜਵੀਜ਼ ਦੇ ਆਪਣੇ ਕੈਬਨਿਟ ਫੈਸਲੇ ਨੂੰ ਰੋਕਣ ਦਾ ਫ਼ੈਸਲਾ ਕੀਤਾ ਹੈ, ਪਰ ਇਸ ਨਾਲ ਸਰਕਾਰੀ ਦਖ਼ਲਅੰਦਾਜ਼ੀ ਖ਼ਤਮ ਨਹੀਂ ਹੁੰਦੀ। ਐਡਵੋਕੇਟ ਧਾਮੀ ਨੇ ਆਪਣੇ ਐਕਸ (ਪਹਿਲਾਂ ਟਵਿੱਟਰ) ਪੋਸਟ ਵਿੱਚ ਕਿਹਾ ਕਿ ਮਹਾਰਾਸ਼ਟਰ ਸਰਕਾਰ ਹੁਣ ਕਹਿ ਰਹੀ ਹੈ ਕਿ ਸਾਰੇ ਸਬੰਧਤ ਵਿਅਕਤੀਆਂ ਨਾਲ ਇਸ ਮੁੱਦੇ 'ਤੇ ਵਿਚਾਰ ਵਟਾਂਦਰਾ ਕਰਨ ਲਈ, ਉਚਿਤ ਫੈਸਲਾ ਲੈਣ ਲਈ ਇੱਕ ਕੈਬਨਿਟ ਸਬ-ਕਮੇਟੀ ਬਣਾਈ ਜਾਵੇਗੀ। ਉਨ੍ਹਾਂ ਸਰਕਾਰ ਨੂੰ ਸਵਾਲ ਉਠਾਇਆ ਕਿ ਉਹ ਅਜਿਹੀ ਦਖ਼ਲਅੰਦਾਜ਼ੀ ਵੀ ਕਿਉਂ ਕਰਨਾ ਚਾਹੁੰਦੀ ਹੈ, ਇਸ ਪਿੱਛੇ ਅਧਾਰ ਕੀ ਹੈ ਅਤੇ ਅਜਿਹਾ ਕੌਣ ਚਾਹੁੰਦਾ ਹੈ? ਉਨ੍ਹਾਂ ਕਿਹਾ ਕਿ ਪਰੰਪਰਾਗਤ ਜਮਹੂਰੀ ਰਵਾਇਤ ਹੈ ਕਿ ਪ੍ਰਧਾਨ ਦੀ ਚੋਣ ਬੋਰਡ ਦੇ ਮੈਂਬਰਾਂ ਵੱਲੋਂ ਪਾਰਦਰਸ਼ੀ ਢੰਗ ਨਾਲ ਮੈਂਬਰਾਂ ਵਿੱਚੋਂ ਹੀ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਸਿੱਖ ਚਾਹੁੰਦੇ ਹਨ ਕਿ ਮੂਲ ਨਾਂਦੇੜ ਗੁਰਦੁਆਰਾ ਐਕਟ 1956 ਦੇ ਅਨੁਸਾਰ ਛੇਤੀ ਚੋਣ ਕਰਵਾਈ ਜਾਵੇ, ਤਾਂ ਜੋ ਕੌਮ ਦੀਆਂ ਭਾਵਨਾਵਾਂ ਅਨੁਸਾਰ ਬੋਰਡ ਨੂੰ ਲੋਕਤੰਤਰੀ ਢੰਗ ਨਾਲ ਕਾਰਜਸ਼ੀਲ ਬਣਾਇਆ ਜਾ ਸਕੇ।

## 310 ਗ੍ਰਾਮ ਹੈਰੋਇਨ ਸਮੇਤ 3 ਨੌਜਵਾਨ ਕਾਬੂ

ਖਾਲੜਾ/ਭਿੱਖੀਵਿੰਡ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਜ਼ਿਲ੍ਹਾ ਤਰਨ ਤਾਰਨ ਦੇ ਐੱਸ.ਐੱਸ.ਪੀ. ਅਸ਼ਵਨੀ ਕਪੂਰ ਦੀਆਂ ਸਖਤ ਹਦਾਇਤਾਂ ਅਤੇ ਡੀ.ਐੱਸ.ਪੀ. ਭਿੱਖੀਵਿੰਡ ਪ੍ਰੀਤ ਇੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ 'ਤੇ ਚੱਲਦਿਆਂ ਥਾਣਾ ਖਾਲੜਾ ਦੀ ਪੁਲਸ ਨੇ 310 ਗ੍ਰਾਮ ਹੈਰੋਇਨ ਸਮੇਤ ਤਿੰਨ ਨੌਜਵਾਨਾਂ ਨੂੰ ਕਾਬੂ ਕਰਨ 'ਚ ਸਫਲਤਾ ਹਾਸਲ ਕੀਤੀ ਹੈ। ਇਸ ਸੰਬੰਧੀ ਪ੍ਰੈੱਸ ਕਾਨਫਰੰਸ ਵਿੱਚ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਸਬ ਡਵੀਜ਼ਨ ਭਿੱਖੀਵਿੰਡ ਦੇ ਡੀਐੱਸਪੀ ਪ੍ਰੀਤ ਇੰਦਰ ਸਿੰਘ ਨੇ ਦੱਸਿਆ ਕਿ ਐੱਸਆਈ. ਕੁਲਵਿੰਦਰ ਸਿੰਘ ਪੁਲਸ ਪਾਰਟੀ ਸਮੇਤ ਭੈੜੇ ਪੁਰਸ਼ਾਂ ਦੀ ਤਲਾਸ਼ ਵਿੱਚ ਪਿੰਡ ਮਾੜੀਮੇਘਾ ਮੌਜੂਦ ਸਨ ਕਿ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਲਵਪ੍ਰੀਤ ਸਿੰਘ ਪੁੱਤਰ ਬੀਰਾ ਸਿੰਘ ਉਰਫ ਬਲਬੀਰ ਸਿੰਘ, ਸ਼ੇਰ ਸਿੰਘ ਉਰਫ ਸ਼ੇਰਾ ਪੁੱਤਰ ਗਿਆਨ ਸਿੰਘ ਅਤੇ ਜੱਜਬੀਰ ਸਿੰਘ ਉਰਫ ਜੱਜ ਪੁੱਤਰ ਬਚਿੱਤਰ ਸਿੰਘ ਵਾਸੀਆਨ ਵਾਂ ਤਾਰਾ ਸਿੰਘ, ਜੋ ਕਿ ਪਾਂਡੀਪੁਣਾ ਕਰਦੇ ਹਨ ਅਤੇ ਪਾਕਿ ਸਮੱਗਲਰਾ ਪਾਸੋਂ ਡਰੋਨ ਰਾਹੀ ਭਾਰੀ ਮਾਤਰਾ ਵਿੱਚ ਭਾਰਤ ਆਉਣ ਵਾਲੀ ਹੈਰੋਇਨ ਚੁੱਕ ਕੇ ਅੱਗੇ ਸਮਗਲਰਾਂ ਨੂੰ ਸਪਲਾਈ ਕਰਦੇ ਹਨ ਅਤੇ ਆਪਣਾ ਕਮਿਸ਼ਨ ਉਨ੍ਹਾਂ ਪਾਸੋਂ ਲੈਂਦੇ ਹਨ, ਜੋ ਅੱਜ ਵੀ ਹੈਰੋਇਨ ਚੁੱਕਣ ਦੀ ਤਾਕ ਵਿੱਚ ਹਨ ਜਿਸ 'ਤੇ ਤੁਰੰਤ ਕਾਰਵਾਈ ਕਰਦਿਆਂ ਐੱਸ. ਆਈ. ਕੁਲਵਿੰਦਰ ਸਿੰਘ ਵੱਲੋਂ ਸਮੇਤ ਪੁਲਸ ਪਾਰਟੀ ਤਿੰਨਾਂ ਨੌਜਵਾਨਾਂ ਨੂੰ ਡਿਫੈਂਸ ਡਰੇਨ ਵਾਂ ਤਾਰਾ ਸਿੰਘ ਤੋਂ 310 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਗਿਆ।



ਉਨ੍ਹਾਂ ਦੱਸਿਆ ਕਿ ਉਕਤ ਮਾਮਲੇ ਸਬੰਧੀ ਥਾਣਾ ਖਾਲੜਾ ਦੀ ਪੁਲਸ ਨੇ ਤਿੰਨਾਂ ਨੌਜਵਾਨਾਂ ਖਿਲਾਫ ਮੁਕੱਦਮਾ ਨੰਬਰ 20 ਮਿਤੀ 15/02/2024 ਐੱਨ.ਡੀ.ਪੀ.ਐੱਸ ਐਕਟ ਦੀ ਧਾਰਾ 21ਸੀ/61/85 ਤਹਿਤ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਵਿਕਾਸ ਕਾਰਜਾਂ ਨੂੰ ਲੈ ਕੇ ਕਟਾਰੂਚੱਕ ਵੱਲੋਂ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਰੀਵਿਊ ਮੀਟਿੰਗ

ਪਠਾਨਕੋਟ (ਦਵਿੰਦਰ ਸਿੰਘ)-ਮਾਨਯੋਗ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਿੱਚ ਪੰਜਾਬ ਵਿੱਚ ਨਿਰੰਤਰ ਵਿਕਾਸ ਦੀ ਲਹਿਰ ਚੱਲ ਰਹੀ ਹੈ। ਲੋਕਾਂ ਦੀ ਸੁਵਿਧਾ ਦੇ ਲਈ ਤਰ੍ਹਾਂ-ਤਰ੍ਹਾਂ ਦੀਆਂ ਯੋਜਨਾਵਾਂ ਬਣਾ ਕੇ ਲਾਗੂ ਕੀਤੀਆਂ ਜਾ ਰਹੀਆਂ ਹਨ। ਇਹ ਪ੍ਰਗਟਾਵਾ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਮਲਿਕਪੁਰ ਵਿਖੇ ਅਦਿੱਤਿਆ ਉਪੱਲ ਡਿਪਟੀ ਕਮਿਸ਼ਨਰ ਪਠਾਨਕੋਟ ਦੀ ਪ੍ਰਧਾਨਗੀ ਹੇਠ ਆਮ ਆਦਮੀ ਪਾਰਟੀ ਦੇ ਅਹੁਦੇਦਾਰ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਵਿੱਚ ਆਯੋਜਿਤ ਕੀਤੀ ਇੱਕ ਮੀਟਿੰਗ ਕਰਨ ਮਗਰੋਂ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਵਿਭੂਤੀ ਸ਼ਰਮਾ ਚੇਅਰਮੈਨ ਪੀਟੀਡੀਸੀ., ਅੰਮਿਤ ਮੰਟੂ ਜ਼ਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ ਪਠਾਨਕੋਟ, ਕੈਪਟਨ ਸੁਨੀਲ ਗੁਪਤਾ ਚੇਅਰਮੈਨ ਪੈਸਕੋ ਪੰਜਾਬ, ਵਿਕਾਸ ਸੈਣੀ ਚੇਅਰਮੈਨ ਮਾਰਕੀਟ ਕਮੇਟੀ ਪਠਾਨਕੋਟ, ਠਾਕੁਰ ਮਨੋਹਰ ਸਿੰਘ, ਸਾਹਿਬ ਸਿੰਘ ਸਾਬਾ, ਰੇਖਾ ਮਣੀ ਸ਼ਰਮਾ ਜ਼ਿਲ੍ਹਾ ਮਹਿਲਾ ਪ੍ਰਧਾਨ, ਐਡਵੋਕੇਟ ਰਮੇਸ਼ ਕੁਮਾਰ, ਸਤੀਸ਼ ਮਹਿੰਦਰੂ ਚੇਅਰਮੈਨ ਦਾ ਹਿੰਦੂ ਕੋਆਪਰੇਟਿਵ ਬੈਂਕ ਪਠਾਨਕੋਟ, ਨਰੇਸ਼ ਸੈਣੀ ਜ਼ਿਲ੍ਹਾ ਪ੍ਰਧਾਨ ਬੀਸੀ. ਵਿੰਗ, ਪਵਨ ਕੁਮਾਰ ਫੌਜੀ ਬਲਾਕ ਪ੍ਰਧਾਨ, ਸੋਹਣ ਲਾਲ ਬਲਾਕ ਪ੍ਰਧਾਨ, ਬਲਜਿੰਦਰ ਕੌਰ ਬਲਾਕ ਪ੍ਰਧਾਨ, ਸੰਦੀਪ ਕੁਮਾਰ ਬਲਾਕ ਪ੍ਰਧਾਨ, ਠਾਕੁਰ ਭੁਪਿੰਦਰ ਸਿੰਘ ਅਤੇ ਹੋਰ ਪਾਰਟੀ ਕਾਰਜਕਰਤਾ ਹਾਜ਼ਰ ਸਨ।



## ਕਿਸਾਨਾਂ 'ਤੇ ਲਾਠੀਚਾਰਜ ਦੀ ਸਖ਼ਤ ਸ਼ਬਦਾਂ 'ਚ ਨਿੰਦਾ

ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ) ਪੰਜਾਬ ਹਰਿਆਣਾ ਬਾਰਡਰਾਂ 'ਤੇ ਸੰਘਰਸ਼ਸ਼ੀਲ ਕਿਸਾਨ ਜਥੇਬੰਦੀਆਂ ਦੇ ਆਗੂਆਂ, ਕਾਰਕੁੰਨਾਂ ਉੱਪਰ ਹਰਿਆਣਾ ਪੁਲਸ ਵੱਲੋਂ ਕੀਤੇ ਅੰਨ੍ਹੇ ਤਸ਼ੱਦਦ ਖਿਲਾਫ ਸੰਯੁਕਤ ਮੋਰਚੇ ਦੇ ਪੰਜਾਬ ਦੇ ਸਾਰੇ ਟੋਲ ਪਲਾਜ਼ੇ ਟੋਲ ਮੁਕਤ ਕਰਨ ਦੇ ਸੱਦੇ ਨੂੰ ਅਮਲੀਜਾਮਾ ਪਹਿਨਾਉਂਦਿਆਂ ਨਿੱਝਰਪੁਰਾ ਟੋਲ ਪਲਾਜ਼ਾ ਟੋਲ ਮੁਕਤ ਕੀਤਾ।ਇਸ ਮੌਕੇ ਹੋਏ ਕਿਸਾਨਾਂ ਮਜਦੂਰਾਂ ਦੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਮੋਰਚੇ ਦੇ ਆਗੂਆਂ ਰਤਨ ਸਿੰਘ ਰੰਧਾਵਾ, ਜਤਿੰਦਰ ਸਿੰਘ ਛੀਨਾ, ਲਖਬੀਰ ਸਿੰਘ ਨਿਜਾਮਪੁਰਾ, ਨਿਸ਼ਾਨ ਸਿੰਘ ਸਾਂਘਣਾ, ਗੁਰਦੇਵ ਸਿੰਘ ਵਰਪਾਲ, ਤਰਸੇਮ ਸਿੰਘ ਨੰਗਲ, ਕਸ਼ਮੀਰ ਸਿੰਘ, ਪ੍ਰਭਜੀਤ ਸਿੰਘ ਤਿੰਮੋਵਾਲ, ਨਿਰਮਲ ਸਿੰਘ ਛੱਜਲਵੱਡੀ, ਅਮਰਜੀਤ ਸਿੰਘ ਚੌਹਾਨ, ਅਵਤਾਰ ਸਿੰਘ, ਭੁਪਿੰਦਰ ਸਿੰਘ ਜੌਹਲ, ਕੇ ਪੀ ਸਿੰਘ, ਪ੍ਰੇਮ ਕੁਮਾਰ, ਬਲਵਿੰਦਰ ਸਿੰਘ ਝਬਾਲ, ਦਲਬੀਰ ਸਿੰਘ ਬੇਦਾਦਪੁਰ ਨੇ ਕਿਹਾ ਕਿ ਆਪਣੀਆਂ ਮੰਗਾਂ ਲਈ ਸੰਘਰਸ਼ ਕਰਨਾ ਹਰ ਵਰਗ ਦਾ ਮੌਲਿਕ ਅਧਿਕਾਰ ਹੈ, ਪਰ ਆਪਣੀਆਂ ਮੰਗਾਂ ਦੀ ਪ੍ਰਾਪਤੀ ਲਈ ਦਿੱਲੀ ਜਾ ਰਹੇ ਕਿਸਾਨਾਂ 'ਤੇ ਹਰਿਆਣਾ ਸਰਕਾਰ ਦੇ ਆਦੇਸ਼ਾਂ ਨਾਲ ਪੁਲਸ ਵੱਲੋਂ ਬੈਰੀਕੇਡ ਅਤੇ ਹੋਰ ਰੋਕਾਂ ਲਗਾ ਰਸਤੇ ਰੋਕਣ, ਅੱਥਰੂ ਗੈਸ ਦੇ ਗੋਲੇ ਸੁੱਟਣ ਅਤੇ ਤਸ਼ੱਦਦ ਕਰਨਾ ਅਤਿ ਨਿੰਦਣਯੋਗ ਹੈ।ਉਨ੍ਹਾਂ ਕਿਹਾ ਕਿ 16 ਫਰਵਰੀ ਨੂੰ ਸੰਯੁਕਤ ਕਿਸਾਨ ਮੋਰਚਾ ਅਤੇ ਕੇਂਦਰੀ ਟਰੇਡ ਯੂਨੀਅਨਾਂ ਵੱਲੋਂ ਜੋ ਦੇਸ਼ ਵਿਆਪੀ ਬੰਦ ਦਾ ਸੱਦਾ ਦਿੱਤਾ ਗਿਆ ਹੈ ਉਸ ਦੀਆਂ ਅੰਮ੍ਰਿਤਸਰ ਜਿਲ੍ਹੇ ਅੰਦਰ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।ਇਸ ਸਮੇਂ ਹੋਰਨਾਂ ਤੋਂ ਇਲਾਵਾ ਰਵਿੰਦਰ ਸਿੰਘ ਛੱਜਲਵੱਡੀ, ਪ੍ਰਕਾਸ਼ ਸਿੰਘ ਥੋਥੀਆਂ ਡਾ. ਬਲਰਾਜ ਸਿੰਘ, ਸੂਬੇਦਾਰ ਜੋਗਿੰਦਰ ਸਿੰਘ, ਕਰਨੈਲ ਸਿੰਘ ਨਵਾਂਸ਼ਹਿਰ, ਅਵਤਾਰ ਸਿੰਘ ਵਡਾਲਾ ਜੌਹਲ ਆਦਿ ਹਾਜ਼ਰ ਸਨ।



## ਹਰਿਆਣਾ ਦੇ ਗੁਰੂ ਘਰਾਂ ਅੰਦਰ ਪੁਲਸ ਵੱਲੋਂ ਮਰਯਾਦਾ ਤੋਂ ਉਲਟ ਹਰਕਤਾਂ ਦੀ ਕਰੜੀ ਨਿੰਦਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਹਰਿਆਣਾ ਸਰਕਾਰ ਵੱਲੋਂ ਨਾਮਜ਼ਦ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਵੱਲੋਂ ਅੰਬਾਲਾ ਦੇ ਇਤਿਹਾਸਕ ਗੁਰਦੁਆਰਾ ਸਾਹਿਬਾਨ ਸ੍ਰੀ ਮੰਜੀ ਸਾਹਿਬ ਤੇ ਸ੍ਰੀ ਪੰਜੋਖਰਾ ਸਾਹਿਬ ਵਿਖੇ ਪੁਲਸ ਵਾੜ ਕੇ ਮਰਯਾਦਾ ਦੀ ਉਲੰਘਣਾ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਹਰਿਆਣਾ ਦੀ ਸੰਗਤ ਵੱਲੋਂ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਸ਼ੰਭੂ ਬਾਰਡਰ 'ਤੇ ਆਪਣੀ ਮੰਗਾਂ ਲਈ ਸੰਘਰਸ਼ ਕਰ ਰਹੇ ਕਿਸਾਨਾਂ ਨੂੰ ਰੋਕਣ ਲਈ ਸੱਦੀ ਗਈ ਪੁਲਸ ਨੂੰ ਇਨ੍ਹਾਂ ਗੁਰੂ ਘਰਾਂ ਦੀਆਂ ਸਰਾਵਾਂ ਵਿੱਚ ਰਿਹਾਇਸ਼ ਦਾ ਪ੍ਰਬੰਧ ਕਰਕੇ ਦਿੱਤਾ ਗਿਆ ਹੈ। ਸੰਗਤ ਵੱਲੋਂ ਸ਼ਿਕਾਇਤਾਂ ਪੁੱਜੀਆਂ ਹਨ ਕਿ ਪੁਲਸ ਅਧਿਕਾਰੀਆਂ ਨੇ ਸਰਾਵਾਂ ਅੰਦਰ ਸ਼ਰਾਬ, ਤੰਬਾਕੂ ਆਦਿ ਨਸ਼ਿਆਂ ਦਾ ਸੇਵਨ ਕੀਤਾ ਹੈ, ਜੋ ਕਿ ਮੌਕੇ ਤੋਂ ਬਰਾਮਦ ਵੀ ਕੀਤੇ ਗਏ ਹਨ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਅਤੇ ਸੰਗਤ ਦਾ ਖਦਸ਼ਾ ਸਹੀ ਸਾਬਤ ਹੋ ਰਿਹਾ ਹੈ ਅਤੇ ਸਰਕਾਰ ਆਪਣੇ ਵੱਲੋਂ ਨਾਮਜ਼ਦ ਕਮੇਟੀ ਨੂੰ ਪ੍ਰਭਾਵਿਤ ਕਰਕੇ ਗੁਰੂ ਘਰਾਂ ਅੰਦਰ ਮਨਮਰਜ਼ੀਆਂ ਕਰਦਿਆਂ ਪਾਵਨ ਮਰਯਾਦਾ ਦੀ ਉਲੰਘਣਾ ਕਰ ਰਹੀ ਹੈ।

## ਭਾਰਤੀ ਕਿਸਾਨ ਯੂਨੀਅਨ ਰਾਜੇਆਨਾ ਨੇ ਧਰਨਾ ਦੇ ਕੇ ਕੀਤਾ ਚੱਕਾ ਜਾਮ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸੰਯੁਕਤ ਮੋਰਚੇ ਵੱਲੋਂ ਦਿੱਤੇ ਗਏ ਭਾਰਤ ਬੰਦ ਦੇ ਸੱਦੇ 'ਤੇ ਕਸਬਾ ਡੇਰਾ ਬਾਬਾ ਨਾਨਕ ਨੂੰ ਭਰਵਾਂ ਹੁੰਗਾਰਾ ਮਿਲਿਆ ਅਤੇ ਕਸਬੇ ਸਮੇਤ ਨਾਲ ਲੱਗਦੇ ਅੱਡਿਆਂ ਦੇ ਦੁਕਾਨਦਾਰਾਂ ਨੇ ਆਪਣੀਆਂ ਦੁਕਾਨਾਂ ਬੰਦ ਕਰਕੇ ਕਿਸਾਨਾਂ ਨੂੰ ਭਰਪੂਰ ਸਮਰਥਨ ਦਿੱਤਾ। ਇਸ ਮੌਕੇ ਪ੍ਰਾਈਵੇਟ ਸਕੂਲਾਂ ਵਾਲਿਆਂ ਵੀ ਆਪਣੇ ਸਕੂਲ ਬੰਦ ਰੱਖੇ। ਇਸ ਤਹਿਤ ਡੇਰਾ ਬਾਬਾ ਨਾਨਕ ਦੇ ਕਾਹਲਾਂ ਵਾਲੀ ਚੌਕ ਵਿਖੇ ਭਾਰਤੀ ਕਿਸਾਨ ਯੂਨੀਅਨ ਰਾਜੇਆਨਾ ਵੱਲੋਂ ਵੀ 12 ਵਜੇ ਤੋਂ 4 ਵਜੇ ਤੱਕ ਚੱਕਾ ਜਾਮ ਕਰਕੇ ਧਰਨਾ ਦਿੱਤਾ ਗਿਆ। ਇਸ ਮੌਕੇ ਕਿਸਾਨਾਂ ਵੱਲੋਂ ਜ਼ਰੂਰੀ ਵਹੀਕਲਾਂ ਨੂੰ ਛੱਡ ਕੇ ਕਿਸੇ ਵੀ ਹੋਰ ਵਾਹਨ ਨੂੰ ਜਾਣ ਨਹੀਂ ਦਿੱਤਾ ਗਿਆ। ਇਸ ਮੌਕੇ ਵੱਖ-ਵੱਖ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਸਰਕਾਰਾਂ ਦੀਆਂ ਕਿਸਾਨ ਵਿਰੋਧੀ ਨੀਤੀਆਂ ਨੂੰ ਨਸ਼ਰ ਕੀਤਾ ਤੇ ਦਿੱਲੀ ਵੱਲ ਨੂੰ ਆਪਣੀਆਂ ਮੰਗਾ ਮਨਵਾਉਣ ਸੰਬਧੀ ਕੂਚ ਕਰ ਰਹੇ ਨਿਹੱਥੇ ਕਿਸਾਨਾਂ ਉੱਤੇ ਸ਼ੰਭੂ ਬਾਰਡਰ ਨੇੜੇ ਹਰਿਆਣਾ ਪੁਲਸ ਵੱਲੋਂ ਅੱਥਰੂ ਗੈਸ ਦੇ ਗੋਲੇ ਛੱਡਣ ਤੇ ਲਾਠੀਚਾਰਜ ਕਰਨ ਦੀ ਨਿਖੇਧੀ ਕੀਤੀ ਗਈ ਤੇ ਸਰਕਾਰਾਂ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਉਨ੍ਹਾਂ ਭਾਰਤ ਸਰਕਾਰ ਕੋਲੋਂ ਮੰਗ ਕੀਤੀ ਕਿ ਕਿਸਾਨਾਂ ਦੀਆਂ ਜਾਇਜ਼ ਮੰਗਾਂ ਜਲਦੀ ਤੋਂ ਜਲਦੀ ਮੰਨੀਆਂ ਜਾਣ ਅਤੇ ਜੇਕਰ ਸਰਕਾਰ ਨੇ ਜਲਦੀ ਮੰਗਾਂ ਨਾ ਮੰਨੀਆਂ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਇਸ ਮੌਕੇ ਬਲਾਕ ਪ੍ਰਧਾਨ ਸੁਖਦੇਵ ਸਿੰਘ ਤਪਾਲਾ ਅਤੇ ਕਿਸਾਨ ਆਗੂ ਜੋਗਾ ਸਿੰਘ ਮਾਨ ਨੇ ਕਿਸਾਨਾਂ ਵੱਲੋਂ ਦਿੱਤੇ ਬੰਦ ਦਾ ਸਹਿਯੋਗ ਕਰਨ ਤੇ ਸਮੂਹ ਦੁਕਾਨਦਾਰਾਂ ਅਤੇ ਹੋਰ ਸੰਸਥਾਵਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਇਸ ਮੌਕੇ ਜਸਬੀਰ ਸਿੰਘ ਤਲਵੰਡੀ ਗੋਰਾਇਆ, ਸੁੱਚਾ ਸਿੰਘ ਮਾਨ, ਬਲੀ ਸਿੰਘ ਸਮਰਾ, ਸੱਤਪਾਲ ਸਿੰਘ ਰਿਟਾਇਰਡ ਪਾਵਰਕਾਮ ਕਰਮਚਾਰੀ, ਸੁਖਵੰਤ ਸਿੰਘ ਚੌੜਾ ਬਾਜਵਾ, ਰਾਮ ਸਿੰਘ ਤਲਵੰਡੀ ਗੋਰਾਇਆ, ਬਾਬਾ ਜੋਗਿੰਦਰ ਸਿੰਘ ਤਪਾਲਾ, ਸਰਪੰਚ ਬਲਦੇਵ ਸਿੰਘ ਤਪਾਲਾ, ਸੁਖਦੇਵ ਸਿੰਘ ਤਲਵੰਡੀ ਗੋਰਾਇਆ, ਬਾਬਾ ਸੁਲੱਖਣ ਸਿੰਘ ਚੌੜਾ, ਆਸਾ ਸਿੰਘ ਤਲਵੰਡੀ ਗੋਰਾਇਆ, ਵਰਿਆਮ ਸਿੰਘ, ਬਾਪੂ ਟਹਿਲ ਸਿੰਘ, ਹਰਭਜਨ ਸਿੰਘ ਤਪਾਲਾ, ਗੁਲਜ਼ਾਰ ਸਿੰਘ ਮਾਨ, ਭਗਵੰਤ ਸਿੰਘ ਮਾਨ, ਲਖਬੀਰ ਸਿੰਘ ਆੜਵਤੀ, ਸਰਪੰਚ ਮੋਹਨ ਸਿੰਘ ਚਾਕਾਂਵਾਲੀ, ਬਾਬਾ ਨਿਸ਼ਾਨ ਸਿੰਘ ਨਿਹੰਗ, ਕਾਲਾ ਮਾਨ, ਸਰਪੰਚ ਬਲਵਿੰਦਰ ਸਿੰਘ ਚੌੜਾ, ਗੁਲਜ਼ਾਰ ਸਿੰਘ ਸਮਰਾ, ਫੌਜੀ ਬਖਸ਼ੀਸ਼ ਸਿੰਘ ਸਮਰਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ ।



## ਪਿੰਡ ਧੀਰ, ਚੰਦੂ ਸੂਜ਼, ਕਿਲਾ ਦੇਸਾ ਸਿੰਘ, ਫਤਿਹਗੜ੍ਹ ਚੂੜੀਆਂ, ਕਾਲਾ ਅਫਗਾਨਾ 'ਚ ਲੱਗੇ ਵਿਸ਼ੇਸ਼ ਕੈਂਪ

ਫਤਿਹਗੜ੍ਹ ਚੂੜੀਆਂ (ਬਟਾਲਾ) (ਡਾਕਟਰ ਮਲਵਿੰਦਰ ਸਿੰਘ)- ਅੱਜ ਹਲਕਾ ਫਤਿਹਗੜ੍ਹ ਚੂੜੀਆਂ ਵਿੱਚ ਪੰਜਾਬ ਸਰਕਾਰ ਵਲੋਂ ਲਗਾਏ ਜਾ ਰਹੇ ਕੈਂਪ ਪੰਜਾਬ ਸਰਕਾਰ ਸਰਕਾਰ ਆਪ ਦੇ ਦੁਆਰ ਮੁਹਿੰਮ ਤਹਿਤ ਪਿੰਡ ਧੀਰ ,ਚੰਦੂ ਸੂਜਾ, ਕਿਲਾ ਦੇਸਾ ਸਿੰਘ, ਫਤਿਹਗੜ੍ਹ ਚੂੜੀਆਂ ਵਾਰਡ ਨੰਬਰ ਨੌਂ ਤੇ ਕਾਲਾ ਅਫਗਾਨਾ ਵਿਖੇ ਵਿਸ਼ੇਸ ਕੈਂਪ ਲੱਗੇ, ਜਿਸ ਵਿੱਚ ਬਲਬੀਰ ਸਿੰਘ ਪੰਨੂੰ, ਚੇਅਰਮੈਨ ਪਨਸਪ ਪੰਜਾਬ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।



ਇਸ ਮੌਕੇ ਚੇਅਰਮੈਨ ਬਲਬੀਰ ਸਿੰਘ ਪੰਨੂੰ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਲੋਕਾਂ ਦੇ ਘਰਾਂ ਦੇ ਨੇੜੇ ਵੱਖ-ਵੱਖ ਸਰਕਾਰੀ ਸੇਵਾਵਾਂ ਮੁਹੱਈਆ ਕਰਵਾਉਣ ਲਈ "ਪੰਜਾਬ ਸਰਕਾਰ, ਆਪ ਦੇ ਦੁਆਰ" ਮੁਹਿੰਮ ਸ਼ੁਰੂ ਕੀਤੀ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿਸ਼ੇਸ ਕੈਂਪਾਂ ਵਿੱਚ ਮਾਲ ਵਿਭਾਗ ਨਾਲ ਸਬੰਧਤ, ਸਿਹਤ ਵਿਭਾਗ, ਕਾਰਪੋਰੇਸ਼ਨ ਨਾਲ ਸਬੰਧਤ, ਪੰਚਾਇਤ ਵਿਭਾਗ, ਮਗਨਰੇਗਾ, ਸਮਾਜਿਕ ਸੁਰੱਖਿਆ ਵਿਭਾਗ, ਸਿੱਖਿਆ ਵਿਭਾਗ, ਖੇਤੀਬਾੜੀ ਆਦਿ ਨਾਲ ਸਬੰਧਤ ਸੇਵਾਵਾਂ ਦਾ ਲਾਭ ਪੁਜਦਾ ਕੀਤਾ ਜਾ ਰਿਹਾ ਹੈ। ਇਸ ਮੌਕੇ ਵੱਖ ਵੱਖ ਲਾਭਪਾਤਰੀਆਂ ਨੂੰ ਮੌਕੇ ਤੇ ਸਰਕਾਰੀ ਸੇਵਾਵਾਂ ਦਾ ਲਾਭ ਪੁਜਦਾ ਕੀਤਾ ਗਿਆ। ਚੇਅਰਮੈਨ ਪੰਨੂੰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵਿਸ਼ੇਸ਼ ਕੈਂਪਾਂ ਵਿੱਚ ਵੱਧ ਤੋਂ ਵੱਧ ਸ਼ਿਰਕਤ ਕਰਨ ਅਤੇ ਵੱਖ ਵੱਖ 44 ਸਰਕਾਰੀ ਸੇਵਾਵਾਂ ਦਾ ਲਾਭ ਲੈਣ।

## ਆਵਾਜ਼ ਬੁਲੰਦ ਕਰਨ ਵਾਲੇ ਕਿਸਾਨਾਂ/ਮਜ਼ਦੂਰਾਂ 'ਤੇ ਤਸ਼ੱਦਦ ਬੰਦ ਕੀਤਾ ਜਾਵੇ: ਸੰਯੁਕਤ ਕਿਸਾਨ ਮੋਰਚਾ

ਝਬਾਲ (ਹਰਜਿੰਦਰ ਸਿੰਘ ਸੋਨੀ)-ਸੰਯੁਕਤ ਕਿਸਾਨ ਮੋਰਚਾ ਵੱਲੋਂ ਝਬਾਲ ਅੱਡੇ 'ਤੇ ਇਕੱਤਰ ਹੋ ਕੇ ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਵਿਰੁੱਧ ਭਾਰਤ ਬੰਦ ਨੂੰ ਸਫਲ ਬਣਾਉਣ ਲਈ ਵਿਸ਼ਾਲ ਮਾਰਚ ਕੀਤਾ ਗਿਆ। ਝਬਾਲ ਦੇ ਦੁਕਾਨਦਾਰਾਂ ਵੱਲੋਂ ਭਾਰਤ ਬੰਦ ਦੇ ਸੱਦੇ ਨੂੰ ਪੂਰਨ ਸਮਰਥਨ ਦਿੰਦਿਆਂ ਬਜ਼ਾਰ ਬੰਦ ਕੀਤਾ ਗਿਆ। ਇਸ ਮੌਕੇ ਕੀਤੇ ਮਾਰਚ ਦੀ ਅਗਵਾਈ ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਦਵਿੰਦਰ ਸੋਹਲ, ਸੁਰਿੰਦਰ ਸਿੰਘ ਬਿੱਲਾ, ਪੰਜਾਬ ਇਸਤਰੀ ਸਭਾ ਅਤੇ ਆਲ ਇੰਡੀਆ ਆਸ਼ਾ ਵਰਕਰ ਯੂਨੀਅਨ ਦੀ ਜ਼ਿਲ੍ਹਾ ਸਕੱਤਰ ਸੀਮਾ ਸੋਹਲ, ਬੀਕੇਯੂ ਉਗਰਾਹਾਂ ਕੰਵਲ ਨੈਣ ਸਿੰਘ ਸੋਹਲ, ਗੁਰਜੀਤ ਸਿੰਘ, ਕਿਸਾਨ ਸੰਘਰਸ਼ ਕਮੇਟੀ ਰਤਨ ਸਿੰਘ ਢੰਡ, ਅਵਤਾਰ ਸਿੰਘ, ਬੀਕੇਯੂ ਡਕੌਂਦਾ ਬਲਕਾਰ ਸਿੰਘ, ਹਰਦੀਪ ਸਿੰਘ ਦੋਦੇ ਹਾਜ਼ਰ ਸਨ। ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਕੁੱਲ ਹਿੰਦ ਕਿਸਾਨ ਸਭਾ ਦੇ ਜਨਰਲ ਸਕੱਤਰ ਬਲਕਾਰ ਸਿੰਘ ਵਲਟੋਹਾ ਨੇ ਕਿਹਾ ਕਿ ਅੱਜ ਮੋਦੀ ਸਰਕਾਰ ਦੀਆਂ ਤਾਨਾਸ਼ਾਹੀ ਨੀਤੀਆਂ ਵਿਰੁੱਧ ਭਾਰਤ ਬੰਦ ਕਰਦਿਆਂ ਮੰਗ ਕਰਦੇ ਹਾਂ ਕਿ ਹਰ ਕਿਸਾਨ ਮਜ਼ਦੂਰ ਨੂੰ ਬੁਢਾਪਾ ਪੈਨਸ਼ਨ 10000 ਰੁਪਏ ਦਿੱਤੀ ਜਾਵੇ। ਹਰ ਫਸਲ 'ਤੇ ਐੱਮਐੱਸਪੀ ਦਿੱਤੀ ਜਾਵੇ । ਹਰ ਨੌਜਵਾਨ ਕੁੜੀ/ਮੁੰਡੇ ਨੂੰ ਰੁਜ਼ਗਾਰ ਦੀ ਗਰੰਟੀ ਦਿੱਤੀ ਜਾਵੇ। ਹਰ ਇੱਕ ਲਈ ਸਕੂਲ ਸਿੱਖਿਆ ਮੁਫਤ ਤੇ ਲਾਜ਼ਮੀ ਕੀਤੀ ਜਾਵੇ। ਲਖੀਮਪੁਰ ਖੀਰੀ ਕਾਂਡ ਦੇ ਦੋਸੀ ਵਿਅਕਤੀਆਂ ਨੂੰ ਸਖਤ ਸਜਾਵਾਂ ਦਿੱਤੀਆਂ ਜਾਣ।



## ਛੀਨਾ ਵੱਲੋਂ ਵਿਦਿਆਰਥੀਆਂ ਦੀ ਸਹੂਲਤ ਲਈ ਨਵੀਂ ਬੱਸ ਰਵਾਨਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਖਾਲਸਾ ਕਾਲਜ ਆਫ਼ ਵੈਟਰਨਰੀ ਐਂਡ ਐਨੀਮਲ ਸਾਇੰਸਜ਼ ਦੇ ਬੀ. ਵੀ. ਐੱਸ. ਸੀ. ਅਤੇ ਏ. ਐੱਚ. ਵਿਦਿਆਰਥੀਆਂ ਦੀ ਸਹੂਲਤ ਨੂੰ ਮੱਦੇਨਜ਼ਰ ਰੱਖਦਿਆਂ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਰਜਿੰਦਰ ਮੋਹਨ ਸਿੰਘ ਛੀਨਾ ਨੇ ਨਵੀਂ 52 ਸੀਟਰ ਬੱਸ ਨੂੰ ਪ੍ਰਮਾਤਮਾ ਦਾ ਓਟ ਆਸਰਾ ਲੈਂਦਿਆਂ ਕੈਂਪਸ ਸਥਿਤ ਗੁਰਦੁਆਰਾ ਤੋਂ ਰਵਾਨਾ ਕੀਤਾ।



ਇਸ ਮੌਕੇ ਸ: ਛੀਨਾ ਨੇ ਕਾਲਜ ਪ੍ਰਿੰ. ਡਾ. ਹਰੀਸ਼ ਕੁਮਾਰ ਵਰਮਾ ਨੂੰ ਉਕਤ ਬੱਸ ਦੀ ਵਧਾਈ ਦਿੰਦਿਆਂ ਕਿਹਾ ਕਿ ਗਵਰਨਿੰਗ ਕੌਂਸਲ ਦਾ ਮਕਸਦ ਵਿਦਿਆਰਥੀਆਂ ਦੀ ਪੜ੍ਹਾਈ ਦੇ ਨਾਲ-ਨਾਲ ਹੋਰਨਾਂ ਵਾਜਿਬ ਸੁਵਿਧਾਵਾਂ ਦਾ ਖਿਆਲ ਰੱਖਦਾ ਹੈ, ਜਿਸ ਦੇ ਮੱਦੇਨਜ਼ਰ ਉਕਤ ਬੱਸ ਦੀ ਖਰੀਦੀ ਕੀਤੀ ਗਈ ਸੀ। ਉਨ੍ਹਾਂ ਕਿਹਾ ਕਿ ਹੁਣ ਕਾਲਜ ਵਿਦਿਆਰਥੀਆਂ ਨੂੰ ਦਿਹਾਤੀ ਅਤੇ ਨਾਲ ਲੱਗਦੇ ਸਰਹੱਦੀ ਖੇਤਰ ਦੇ ਕਿਸਾਨਾਂ ਦੀਆਂ ਗਊਆਂ, ਮੱਝਾਂ ਅਤੇ ਪਸ਼ੂ ਪ੍ਰੇਮੀਆਂ ਦੇ ਪੀੜਤ ਜਾਨਵਰਾਂ ਦੇ ਇਲਾਜ ਸਬੰਧੀ ਸਮੱਸਿਆਵਾਂ ਦੇ ਨਿਪਟਾਰੇ ਲਈ ਆਣ-ਜਾਣ 'ਚ ਸਮੇਂ ਦੀ ਬੱਚਤ ਹੋਣ ਨਾਲ ਵੱਡੀ ਰਾਹਤ ਮਿਲੇਗੀ।

## ਸਾਲ 2022-23 ਦੌਰਾਨ 92 ਭ੍ਰਿਸ਼ਟਾਚਾਰੀ ਗ੍ਰਿਫਤਾਰ : ਐੱਸ ਐੱਸ ਪੀ ਬਰਾੜ

ਅੰਮ੍ਰਿਤਸਰ, (ਨਰਿੰਦਰਜੀਤ ਸਿੰਘ)-ਵਿਜੀਲੈਂਸ ਬਿਊਰੋ ਰੇਂਜ ਅੰਮ੍ਰਿਤਸਰ -1 ਨੇ ਪੰਜਾਬ ਸਰਕਾਰ ਵੱਲੋਂ ਭ੍ਰਿਸ਼ਟਾਚਾਰ ਵਿਰੁੱਧ ਲੜੀ ਜਾ ਰਹੀ ਲੜਾਈ ਦੌਰਾਨ ਸਾਲ 2022 ਵਿਚ 29 ਐੱਫਆਈਆਰ ਦਰਜ ਕਰਕੇ 47 ਭ੍ਰਿਸ਼ਟਾਚਾਰੀਆਂ ਨੂੰ ਅਤੇ ਸਾਲ 2023 ਦੌਰਾਨ 42 ਐੱਫਆਈਆਰ ਦਰਜ ਕਰਕੇ 45 ਭ੍ਰਿਸ਼ਟਾਚਾਰੀਆਂ ਨੂੰ ਗ੍ਰਿਫਤਾਰ ਕੀਤਾ ਹੈ।ਇਸ ਸਬੰਧੀ ਐੱਸਐੱਸਪੀ ਵਿਜੀਲੈਂਸ ਗੁਰਸੇਵਕ ਸਿੰਘ ਬਰਾੜ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਵਿਜੀਲੈਂਸ ਵਿਭਾਗ ਪੂਰੀ ਮੁਸਤੈਦੀ ਨਾਲ ਆਪਣਾ ਕੰਮ ਕਰ ਰਿਹਾ ਹੈ।ਉਨ੍ਹਾਂ ਦੱਸਿਆ ਕਿ ਵਿਜੀਲੈਂਸ ਅੰਮ੍ਰਿਤਸਰ ਰੇਂਜ ਵਿਚ ਮਾਝੇ ਦੇ ਚਾਰੇ ਜ਼ਿਲ੍ਹੇ ਆਉਂਦੇ ਹਨ, ਜਿਸ ਵਿਚ ਅੰਮ੍ਰਿਤਸਰ ਤੋਂ ਇਲਾਵਾ ਤਰਨਤਾਰਨ, ਗੁਰਦਾਸਪੁਰ ਅਤੇ ਪਠਾਨਕੋਟ ਸ਼ਾਮਲ ਹਨ ।



ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਸਾਨੂੰ ਵਿਭਾਗਾਂ ਵਿੱਚ ਕੰਮ ਕਰਾਉਣ ਲਈ ਸ਼ਾਰਟ ਕਟ ਨਾ ਅਪਣਾ ਕੇ ਸਗੋਂ ਸਰਕਾਰ ਦੁਆਰਾ ਲਾਗੂ ਸਿਸਟਮ ਅਨੁਸਾਰ ਕੰਮ ਕਰਾਉਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਸਾਨੂੰ ਕਦੇ ਵੀ ਭ੍ਰਿਸ਼ਟਾਚਾਰ ਹੁੰਦਿਆਂ ਦੇਖ ਕੇ ਚੁੱਪ ਨਹੀਂ ਰਹਿਣਾ ਚਾਹੀਦਾ ਸਗੋਂ ਇਸ ਵਿਰੁੱਧ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ ਤਾਂ ਜੋ ਭ੍ਰਿਸ਼ਟਾਚਾਰ ਨੂੰ ਜੜ੍ਹੋਂ ਪੁੱਟ ਕੇ ਆਦਰਸ਼ ਸਮਾਜ ਦੇ ਦੇਸ਼ ਦਾ ਸਿਰਜਨ ਕੀਤਾ ਜਾ ਸਕੇ ।

ਸ: ਬਰਾੜ ਨੇ ਲੋਕਾਂ ਨੂੰ ਟੋਲ ਫ੍ਰੀ ਨੰਬਰ 1800 1800 1000 ਜਾਂ ਐਂਟੀ ਕੁਰਪਸ਼ਨ ਹੈਲਪ ਲਾਈਨ ਨੰਬਰ 95012-00200 ਦਿੰਦੇ ਕਿਸੇ ਵੀ ਤਰਾਂ ਦੀ ਭ੍ਰਿਸ਼ਟਾਚਾਰ ਵਿਰੋਧੀ ਸ਼ਿਕਾਇਤ ਕਰਨ ਲਈ ਅਪੀਲ ਕੀਤੀ।ਇਸ ਮੌਕੇ ਡੀਐੱਸਪੀ ਦੇਵਦੱਤ ਸ਼ਰਮਾ ਅਤੇ ਰੀਡਰ ਰਿਪਨ ਸ਼ਰਮਾ ਵੀ ਹਾਜ਼ਰ ਸਨ ।

## ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਭਿੱਖੀਵਿੰਡ ਮੁਕੰਮਲ ਬੰਦ ਰਿਹਾ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਦੇਸ਼ ਦੀਆਂ ਵੱਖ-ਵੱਖ ਟਰੇਡ ਯੂਨੀਅਨਾਂ ਅਤੇ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਅੱਡਾ ਭਿੱਖੀਵਿੰਡ ਮੁਕੰਮਲ ਤੌਰ 'ਤੇ ਬੰਦ ਰਿਹਾ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਕਾਦੀਆ ਦੇ ਆਗੂ ਮਿਲਖਾ ਸਿੰਘ, ਕਿਸਾਨ ਸੰਘਰਸ਼ ਕਮੇਟੀ ਦੇ ਆਗੂ ਤਰਸੇਮ ਸਿੰਘ ਮਹਿਲ, ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੇ ਤਰਸੇਮ ਸਿੰਘ ਕਲਸੀਆਂ, ਜੈ ਕਿਸਾਨ ਯੂਨੀਅਨ ਦੇ ਅਮਰੀਕ ਆਸਲ, ਜਮਹੂਰੀ ਕਿਸਾਨ ਸਭਾ ਦੇ ਗੁਰਨਾਮ ਸਿੰਘ ਬਾਸਰਕੇ, ਕੁਲ ਹਿੰਦ ਕਿਸਾਨ ਸਭਾ ਦੇ ਜਸਪਾਲ ਸਿੰਘ ਭਿੱਖੀਵਿੰਡ, ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਆਗੂ ਅਮਰੀਕ ਸਿੰਘ, ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਦੇ ਆਗੂ ਡਾਕਟਰ ਸੁਖਵੰਤ ਸਿੰਘ ਵਲਟੋਹਾ, ਅਜ਼ਾਦ ਸੰਘਰਸ਼ ਕਮੇਟੀ ਦੇ ਆਗੂ ਅਵਤਾਰ ਸਿੰਘ ਚਾਹਲ, ਭਾਰਤੀ ਕਿਸਾਨ ਯੂਨੀਅਨ ਅੰਬਾਵਤਾ ਦੇ ਜ਼ਿਲ੍ਹਾ ਤਰਨ ਤਾਰਨ ਤੋਂ ਪ੍ਰਧਾਨ ਪੰਜਾਬ ਸਿੰਘ ਕੰਬੋਕੇ, ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਆਗੂ ਅਨੂਪ ਸਿੰਘ ਭੋਲਾ, ਕੌਮੀ ਕਿਸਾਨ ਯੂਨੀਅਨ ਦੇ ਆਗੂ ਹਰਜਿੰਦਰ ਸਿੰਘ ਕਾਲੇ ਅਤੇ ਅਜ਼ਾਦ ਸੰਘਰਸ਼ ਕਮੇਟੀ ਰਵੀ ਦੇ ਆਗੂ ਅਮਰਜੀਤ ਸਿੰਘ ਦੀ ਸਾਂਝੀ ਪ੍ਰਧਾਨਗੀ ਹੇਠ ਭਿੱਖੀਵਿੰਡ ਚੌਂਕ ਵਿੱਚ ਧਰਨਾ ਮਾਰਿਆ ਗਿਆ ਅਤੇ ਆਵਾਜਾਈ ਮੁਕੰਮਲ ਤੌਰ 'ਤੇ ਬੰਦ ਰਹੀ। ਇਸ ਮੌਕੇ ਵਿਸਾਲ ਧਰਨੇ ਨੂੰ ਸੰਬੋਧਨ ਕਰਦਿਆਂ ਕਿਸਾਨ, ਮੁਲਾਜਮ ਅਤੇ ਭਰਾਤਰੀ ਜੱਥੇਬੰਦੀਆਂ ਦੇ ਆਗੂਆਂ ਨੇ ਕੇਂਦਰ ਦੀ ਮੋਦੀ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਦੀ ਨਿੰਦਾ ਕੀਤੀ। ਇਸ ਰੋਸ ਧਰਨੇ ਨੂੰ ਕਾਦੀਆ ਯੂਨੀਅਨ ਦੇ ਸਾਹਿਬ ਸਿੰਘ ਡੱਲ, ਸਤਪਾਲ ਸਿੰਘ, ਸਰਪੰਚ ਗੁਰਵਿੰਦਰ ਸਿੰਘ, ਜਮਹੂਰੀ ਕਿਸਾਨ ਸਭਾ ਦੇ ਆਗੂ ਕੇਵਲ ਸਿੰਘ ਕੰਬੋਕੇ, ਗੁਰਦੇਵ ਸਿੰਘ ਮਨਿਹਾਲਾ, ਮਾਸਟਰ ਦਲਜੀਤ ਸਿੰਘ ਦਿਆਲਪੁਰਾ, ਭਾਰਤੀ ਕਿਸਾਨ ਯੂਨੀਅਨ ਦੇ ਆਗੂ ਦਿਲਬਾਗ ਸਿੰਘ ਕਾਜੀਚੱਕ, ਬਾਰਡਰ ਸੰਘਰਸ਼ ਕਮੇਟੀ ਦੇ ਆਗੂ ਮਾਸਟਰ ਅਰਸਾਲ ਸਿੰਘ ਆਸਲ, ਜਮਹੂਰੀ ਅਧਿਕਾਰ ਸਭਾ ਦੇ ਆਗੂ ਨਰਭਿੰਦਰ ਸਿੰਘ ਪੱਧਰੀ, ਰਾਜੇਵਾਲ ਦੇ ਆਗੂ ਪ੍ਰਗਟ ਸਿੰਘ ਮਹਿਦੀਪੁਰ, ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਮੇਜਰ ਸਿੰਘ, ਆੜ੍ਹਤੀ ਐਸੋਸੀਏਸ਼ਨ ਦੇ ਆਗੂ ਕੁਲਬੀਰ ਸਿੰਘ ਕਸੇਲ, ਕੁਲ ਹਿੰਦ ਕਿਸਾਨ ਸਭਾ ਵੱਲੋਂ ਪੂਰਨ ਸਿੰਘ ਮਾੜੀਮੇਘਾ, ਰਣਜੀਤ ਸਿੰਘ ਬਹਾਦਰ ਨਗਰ, ਟੀਐੱਸਯੂ ਦੇ ਸਰਕਲ ਪ੍ਰਧਾਨ ਦੀਪਕ ਕੁਮਾਰ ਤੇ ਬਿੱਕਰ ਸਿੰਘ, ਸੀਟੂ ਵੱਲੋਂ ਅਨੂਪ ਕੌਰ ਅਤੇ ਵਰਿੰਦਰ ਕੌਰ, ਸੁੱਚਾ ਸਿੰਘ ਡੱਲ, ਹਰਦਿਆਲ ਸਿੰਘ ਸੁੱਗਾ, ਤਰਸੇਮ ਸਿੰਘ ਕਲਸੀਆਂ, ਅਮਰੀਕ ਸਿੰਘ ਆਸਲ, ਨਰੇਗਾ ਕਾਮਿਆ ਵੱਲੋਂ ਟਹਿਲ ਸਿੰਘ ਲੱਧੂ, ਉਗਰਾਹਾਂ ਜਥੇਬੰਦੀ ਵੱਲੋਂ ਗੁਰਬਾਜ ਸਿੰਘ ਸਿੱਧਵਾਂ, ਪੈਨਸ਼ਨ ਯੂਨੀਅਨ ਵੱਲੋਂ ਬਲਦੇਵ ਰਾਜ, ਨੌਜਵਾਨ ਸਭਾ ਵੱਲੋਂ ਸੁਖਦੇਵ ਸਿੰਘ ਕਾਲਾ ਨੇ ਸਫਲ ਭਾਰਤ ਬੰਦ 'ਤੇ ਤਸੱਲੀ ਦਾ ਪ੍ਰਗਟਾਵਾ ਕੀਤਾ।



## ਦਿੱਲੀ ਅੰਦੋਲਨ ਨੂੰ ਲੈ ਕੇ ਵੱਡੇ ਜਥਿਆਂ ਵੱਲੋਂ ਕਮਰ-ਕੱਸੇ



ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਇਕਾਈ ਹਰੀਕੇ ਵੱਲੋਂ ਦਿੱਲੀ ਅੰਦੋਲਨ ਨੂੰ ਜਾਣ ਵਾਲੇ ਦੂਸਰੇ ਕਾਫਲੇ ਸਬੰਧੀ ਮੀਟਿੰਗ ਕੀਤੀ ਗਈ। ਪ੍ਰਧਾਨਗੀ ਦੌਰਾਨ ਪੱਟੀ ਜ਼ੋਨ ਦੇ ਆਗੂ ਜਥੇਦਾਰ ਸਵਰਨ ਸਿੰਘ ਖਹਿਰਾ, ਗੁਰਸੇਵਕ ਸਿੰਘ ਉਪਲ ਠੇਕੇਦਾਰ ਇਕਬਾਲ ਸਿੰਘ ਸਿੱਧੂ ਨੇ ਇਕੱਤਰ ਕਿਸਾਨਾਂ/ਮਜ਼ਦੂਰਾਂ ਨੂੰ ਸਬੋਧਨ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਦੇ ਇਸ਼ਾਰੇ 'ਤੇ ਹਰਿਆਣਾ ਸਰਕਾਰ ਨੇ ਜੋ ਕਿਸਾਨਾਂ ਤੇ ਕਹਿਰ ਢਾਹਿਆ ਹੈ ਉਹ ਅਤਿ ਨਿੰਦਣਯੋਗ ਹੈ। ਪ੍ਰਧਾਨ ਮੰਤਰੀ ਮੰਗਾਂ 'ਤੇ ਗੌਰ ਕਰ ਕੇ ਕਿਸਾਨਾਂ ਨਾਲ ਕੀਤੇ ਵਾਅਦੇ ਨੂੰ ਨਿਭਾਉਣ। ਆਗੂਆਂ ਦੱਸਿਆ ਕਿ ਅੱਜ ਦਿੱਲੀ ਰਵਾਨਗੀ ਦੇ ਦੂਸਰੇ ਪੜਾਅ ਨੂੰ ਲੈ ਕੇ ਗੁਰਦੁਆਰਾ ਸਾਹਿਬ ਵਿਖੇ ਮੀਟਿੰਗ ਕੀਤੀ ਗਈ ਜਿਸ ਦੌਰਾਨ ਪਿੰਡ ਵਾਸੀਆਂ ਨੇ ਵੱਡੇ ਜਥਿਆਂ ਦੇ ਰੂਪ ਵਿਚ ਜਾਣ ਦਾ ਭਰੋਸਾ ਦਿਵਾਇਆ ਗਿਆ। ਆਗੂਆਂ ਨੇ ਕਿਹਾ ਕਿ ਗੈਰ-ਰਾਜਨੀਤਕ. ਸੰਯੁਕਤ ਕਿਸਾਨ ਮੋਰਚਾ ਅਤੇ ਉਤਰ ਭਾਰਤ ਦੀਆਂ 18 ਕਿਸਾਨ ਜਥੇਬੰਦੀਆਂ ਦੇ ਸਾਂਝੇ ਫੋਰਮ ਕਿਸਾਨ ਮਜ਼ਦੂਰ ਮੋਰਚਾ ਵੱਲੋਂ ਕੇਂਦਰ ਸਰਕਾਰ ਦੀ ਵਾਅਦਾ ਖਿਲਾਫੀ ਅਤੇ ਕਿਸਾਨਾਂ ਦੀਆਂ ਲਟਕਦੀਆਂ ਮੰਗਾਂ ਦੇ ਹੱਲ ਲਈ ਵੱਡੇ ਸੰਗਠਨਾਂ ਦੇ ਰੂਪ ਵਿਚ ਦਿੱਲੀ ਚਾਲੇ ਪਾਏ ਜਾਣਗੇ। ਉਨ੍ਹਾਂ ਕਿਹਾ ਕਿ ਸੜਕਾਂ ਉਤੇ ਲਾਈਆਂ ਰੋਕਾਂ ਨੂੰ ਵੇਖ ਕੇ ਕੇਂਦਰ ਸਰਕਾਰ ਦੇ ਮੱਥੇ 'ਤੇ ਸੱਚਾਈ ਦਾ ਖੌਫ ਨਜ਼ਰ ਆ ਰਿਹਾ ਹੈ। ਇਸ ਮੌਕੇ ਪ੍ਰਧਾਨ ਬਲਵੀਰ ਸਿੰਘ ਸ਼ਾਹ, ਆਪ ਆਗੂ ਗੁਲਸ਼ਨ ਮਲਹੋਤਰਾ, ਸੁਖਦੇਵ ਸਿੰਘ, ਗੁਰਦੀਪ ਸਿੰਘ, ਹਰਪਾਲ ਸਿੰਘ, ਪ੍ਰਤਾਪ ਸਿੰਘ, ਰਣਜੀਤ ਸਿੰਘ, ਅੰਗਰੇਜ ਸਿੰਘ, ਬਾਬਾ ਬਲਵਿੰਦਰ ਸਿੰਘ, ਕੁਲਦੀਪ ਸਿੰਘ ਪਨੇਸਰ, ਮੁਖਤਿਆਰ ਸਿੰਘ, ਸੁਖਦੇਵ ਸਿੰਘ ਪੰਨੂ ਦੇ ਨਾਲ ਪਿੰਡ ਵਾਸੀ ਵੱਡੀ ਗਿਣਤੀ ਵਿਚ ਹਾਜ਼ਰ ਸਨ।

## ਬਿਜਲੀ ਕਾਮਿਆਂ ਨੇ ਦੇਸ਼ ਵਿਆਪੀ ਹੜਤਾਲ 'ਚ ਕੀਤਾ ਰੋਸ ਪ੍ਰਦਰਸ਼ਨ: ਮਜਾਰੀ/ਗੰਡੀਵਿੰਡ

### * 20 ਨੂੰ ਬਿਜਲੀ ਮੰਤਰੀ ਦੀ ਰਿਹਾਇਸ਼ ਅੱਗੇ ਦਿੱਤਾ ਜਾਵੇਗਾ ਵਿਸ਼ਾਲ ਧਰਨਾ

ਤਰਨ ਤਾਰਨ (ਨਜ਼ਸ)-ਬਿਜਲੀ ਮੁਲਾਜ਼ਮਾਂ ਦੀਆਂ ਵੱਖ-ਵੱਖ ਜਥੇਬੰਦੀਆਂ ਦੇ ਆਧਾਰਿਤ ਬਣੇ ਪੀਐੱਸਈਬੀ ਇੰਪਲਾਈਜ਼ ਜੁਆਇੰਟ ਫੋਰਮ ਅਤੇ ਬਿਜਲੀ ਮੁਲਾਜ਼ਮ ਏਕਤਾ ਮੰਚ, ਪੰਜਾਬ ਦੇ ਆਗੂਆਂ ਰਤਨ ਸਿੰਘ ਮਜਾਰੀ ਅਤੇ ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਸਾਂਝੇ ਤੌਰ 'ਤੇ ਪ੍ਰੈੱਸ ਬਿਆਨ ਜਾਰੀ ਕਰਦੇ ਹੋਏ ਦੱਸਿਆ ਕਿ ਅੱਜ ਕੇਂਦਰ ਦੀ ਮੋਦੀ ਸਰਕਾਰ ਦੀਆਂ ਮੁਲਾਜ਼ਮ-ਮਜ਼ਦੂਰ-ਕਿਸਾਨ ਵਿਰੋਧੀ ਨੀਤੀਆਂ ਖਿਲਾਫ 10 ਕੇਂਦਰੀ ਟਰੇਡ ਯੂਨੀਅਨਾਂ, ਮੁਲਾਜ਼ਮ ਕਨਫੈਡਰੇਸ਼ਨਾਂ ਅਤੇ ਸੰਯੁਕਤ ਕਿਸਾਨ ਮੋਰਚੇ ਦੇ ਦੇਸ਼ ਵਿਆਪੀ ਸੱਦੇ 'ਤੇ ਇਕ ਰੋਜ਼ਾ ਹੜਤਾਲ ਵਿੱਚ ਹਿੱਸਾ ਲੈ ਕੇ ਸਮੁੱਚੇ ਪੰਜਾਬ ਦੇ ਬਿਜਲੀ ਦਫਤਰਾਂ ਵਿੱਚ ਬਿਜਲੀ ਕਾਮਿਆਂ ਨੇ ਰੋਸ ਪ੍ਰਦਰਸ਼ਨ ਕਰਕੇ ਕੇਂਦਰ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ। ਆਗੂਆਂ ਨੇ ਕਿਹਾ ਕਿ ਸੂਬਾ ਭਰ ਦੇ ਵੱਖ -ਵੱਖ ਸਰਕਲਾਂ ਵਿੱਚ ਰੋਸ ਪ੍ਰਦਰਸ਼ਨ ਕਰ ਰਹੇ ਬਿਜਲੀ ਕਾਮਿਆਂ ਨੂੰ ਸੰਬੋਧਨ ਕਰਦਿਆਂ ਕਰਮਚੰਦ ਭਾਰਦਵਾਜ, ਬਲਦੇਵ ਸਿੰਘ ਮੰਡਾਲੀ, ਗੁਰਵੇਲ ਸਿੰਘ ਬੱਲਪੁਰੀਆ, ਰਵੇਲ ਸਿੰਘ ਸਹਾਏਪੁਰ, ਹਰਪਾਲ ਸਿੰਘ, ਜਗਜੀਤ ਸਿੰਘ ਕੋਟਲੀ, ਕੌਰ ਸਿੰਘ ਸੋਹੀ, ਦਵਿੰਦਰ ਸਿੰਘ ਪਿਸ਼ੌਰ, ਅਵਤਾਰ ਸਿੰਘ ਕੈਂਥ, ਮਹਿੰਦਰ ਸਿੰਘ ਰੁੜਕੇ, ਸੁਰਿੰਦਰਪਾਲ ਲਹੌਰੀਆਂ, ਜਗਜੀਤ ਸਿੰਘ ਕੰਡਾ, ਗੁਰਪਿਆਰ ਸਿੰਘ, ਕੁਲਵਿੰਦਰ ਸਿੰਘ ਢਿੱਲੋਂ, ਸੁਖਵਿੰਦਰ ਸਿੰਘ ਚਾਹਲ, ਜਰਨੈਲ ਸਿੰਘ, ਮਨਜੀਤ ਸਿੰਘ ਚਾਹਲ, ਸਰਬਜੀਤ ਸਿੰਘ ਭਾਣਾ, ਬੀ. ਐੱਸ. ਸੇਖੋਂ, ਬਲਜੀਤ ਸਿੰਘ ਮੋਦਲਾ, ਰਘਵੀਰ ਸਿੰਘ, ਮਨਜੀਤ ਸਿੰਘ ਚਾਹਲ, ਗੁਰਵਿੰਦਰ ਸਿੰਘ, ਪੂਰਨ ਸਿੰਘ ਖਾਈ, ਬਲਜੀਤ ਕੁਮਾਰ, ਬਲਜੀਤ ਸਿੰਘ ਬਰਾੜ, ਅਵਤਾਰ ਸਿੰਘ ਸ਼ੇਰਗਿੱਲ, ਪ੍ਰਦੁਮਨ ਗੌਤਮ, ਗਰੀਸ਼ ਮਹਾਜਨ, ਗੁਰਤੇਜ ਸਿੰਘ ਪੱਖੋ, ਰਛਪਾਲ ਸਿੰਘ ਪਾਲੀ ਆਦਿ ਨੇ ਬਿਜਲੀ ਸੋਧ ਬਿੱਲ 2022 ਤੁਰੰਤ ਵਾਪਸ ਲੈਣ, ਮਜਦੂਰ ਪੱਖੀ 44 ਕਿਰਤ ਕਾਨੂੰਨਾਂ ਨੂੰ ਖਤਮ ਕਰਕੇ ਬਣਾਏ 4 ਲੇਬਰ ਕੋਡ ਰੱਦ ਕਰਨ, ਪਬਲਿਕ ਸੈਕਟਰ ਦੇ ਅਦਾਰਿਆਂ ਦੀ ਅਕਾਰ ਘਟਾਉਣ ਦੀ ਲੋਕ ਵਿਰੋਧੀ ਨੀਤੀ ਬੰਦ ਕਰਨ ਦੀ ਜ਼ੋਰਦਾਰ ਮੰਗ ਕੀਤੀ। ਆਗੂਆਂ ਨੇ ਕਿਹਾ ਕੇ ਰੋਜ਼ਗਾਰ ਦੀ ਗਾਰੰਟੀ ਦਾ ਮੌਲਿਕ ਅਧਿਕਾਰ ਦਿੱਤਾ ਜਾਵੇ, ਮਨਰੇਗਾ ਨੂੰ ਮਜ਼ਬੂਤ ਕੀਤਾ ਜਾਵੇ। ਲੇਬਰ ਕਮਿਸ਼ਨ ਦੀ ਰਿਪੋਰਟ ਅਨੁਸਾਰ ਹਰ ਕਾਮੇ ਦੀ ਘੱਟੋ-ਘੱਟ ਉਜਰਤ 26000 ਰਪਏ ਮਹੀਨਾ ਕੀਤੀ ਜਾਵੇ। ਰੇਲਵੇ, ਰੱਖਿਆ ਬਿਜਲੀ, ਕੋਲ,ਤੇਲ, ਸਟੀਲ, ਟੈਲੀਕਾਮ, ਹਵਾਈ ਅੱਡਾ, ਟਰਾਂਸਪੋਰਟ, ਬੰਦਰਗਾਹ, ਸਿੱਖਿਆ, ਸਿਹਤ ਖੇਤਰ ਸਮੇਤ ਹੋਰ ਜਨਤਕ ਅਦਾਰਿਆਂ ਦਾ ਨਿੱਜੀਕਰਨ ਬੰਦ ਕੀਤਾ ਜਾਵੇ। ਪੀਐੱਫਆਰਡੀਏ ਐਕਟ ਰੱਦ ਕੀਤਾ ਜਾਵੇ ਅਤੇ ਸਾਰੇ ਦੇਸ਼ ਵਿੱਚ ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ।

ਆਗੂਆਂ ਨੇ ਦੱਸਿਆ ਕਿ ਮੁਲਾਜ਼ਮਾਂ ਵੱਲੋਂ 20 ਫਰਵਰੀ ਨੂੰ ਬਿਜਲੀ ਮੰਤਰੀ ਦੀ ਰਿਹਾਇਸ਼ ਅੱਗੇ ਅੰਮ੍ਰਿਤਸਰ ਵਿੱਖੇ ਸੂਬਾ ਪੱਧਰੀ ਵਿਸ਼ਾਲ ਰੋਸ ਧਰਨਾ ਦਿੱਤਾ ਜਾਵੇਗਾ।

## ਨਸ਼ੇ ਦੀ ਰੋਕਥਾਮ ਲਈ ਪੁਲਸ ਵੱਲੋਂ ਮੈਡੀਕਲ ਸਟੋਰ ਮਾਲਕਾਂ ਨਾਲ ਮੀਟਿੰਗ

**ਫਗਵਾੜਾ (ਡਾ ਰਮਨ)** ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜਿਲ੍ਹਾ ਕਪੂਰਥਲਾ 'ਚ ਨਸ਼ਿਆਂ ਦੀ ਰੋਕਥਾਮ ਲਈ ਸ੍ਰੀਮਤੀ ਵਤਸਲਾ ਗੁਪਤਾ ਆਈ ਪੀ ਐਸ, ਸੀਨੀਅਰ ਪੁਲਸ ਕਪਤਾਨ ਕਪੂਰਥਲਾ ਦੀ ਰਹਿਨੁਮਾਈ ਹੇਠ ਸ੍ਰੀਮਤੀ ਰੁਪਿੰਦਰ ਕੌਰ ਭੱਟੀ ਪੀ ਪੀ ਐਸ, ਪੁਲਸ ਕਪਤਾਨ ਸਬ ਡਵੀਜਨ ਫਗਵਾੜਾ, ਜਸਪ੍ਰੀਤ ਸਿੰਘ ਪੀ ਪੀ ਐਸ ਉੱਪ ਪੁਲਸ ਕਪਤਾਨ ਸਬ ਡਵੀਜਨ ਫਗਵਾੜਾ ਵੱਲੋਂ ਸਬ ਡਵੀਜਨ ਫਗਵਾੜਾ 'ਚ ਪੈਂਦੇ ਮੈਡੀਕਲ ਸਟੋਰਾਂ ਦੇ ਮਾਲਕਾਂ ਨਾਲ ਕਾਨਫਰੰਸ ਹਾਲ ਮਿਊਂਸੀਪਲ ਕਾਰਪੋਰੇਸਨ ਫਗਵਾੜਾ ਵਿਖੇ ਡਰੱਗ ਇੰਸਪੈਕਟਰ ਕਪੂਰਥਲਾ ਦੀ ਹਾਜਰੀ 'ਚ ਮੀਟਿੰਗ ਕੀਤੀ ਗਈ ਜੋ ਹਾਜ਼ਰੀਨ ਆਏ ਮੈਡੀਕਲ ਸਟੋਰਾਂ ਦੇ ਮਾਲਕਾਂ ਨੂੰ ਨਸ਼ਿਆਂ ਦੀ ਰੋਕਥਾਮ ਲਈ ਵਿਚਾਰ ਵਟਾਂਦਰਾ ਕੀਤਾ ਗਿਆ। ਸਮੂਹ ਮੈਡੀਕਲ ਸਟੋਰ ਮਾਲਕਾਂ ਨੂੰ ਹਦਾਇਤ ਕੀਤੀ ਗਈ ਕਿ ਆਪ ਦੇ ਮੈਡੀਕਲ ਸਟੋਰ 'ਚ ਸਟਾਕ ਰਜਿਸਟਰ ਪੂਰੇ ਹੋਣੇ ਚਾਹੀਦੇ , ਸਟਾਕ 'ਚ ਮੰਨਜੂਰਸ਼ੁਦਾ ਦਵਾਈਆਂ ਤੋਂ ਇਲਾਵਾ ਨਸ਼ੇ ਵਾਲੀ ਕੋਈ ਹੋਰ ਦਵਾਈ ਨਹੀਂ ਹੋਣੀ ਚਾਹੀਦੀ। ਮੀਟਿੰਗ ਦੌਰਾਨ ਸ਼ਹਿਰ ਫਗਵਾੜਾ ਦੇ ਪਤਵੰਤੇ ਸੱਜਣਾਂ ਨੇ ਭਾਗ ਲਿਆ।

## ਮਾਇਕਲ ਦਾ ਨਵਾਂ 'ਸ਼ਬਦ ਧੰਨ ਗੁਰੂ ਰਵਿਦਾਸ' ਰਿਲੀਜ



**ਕਾਲਾ ਸੰਘਿਆਂ (ਮਨਜੀਤ ਮਾਨ)** ਪ੍ਰਸਿੱਧ ਪੰਜਾਬੀ ਲੋਕ ਗਾਇਕ ਅਮਰੀਕ ਮਾਇਕਲ ਨੇ ਦੱਸਿਆ ਸਤਿਗੁਰੂ ਰਵੀਦਾਸ ਧਾਮ ਬੂਟਾ ਮੰਡੀ ਜਲੰਧਰ ਨਵਾਂ ਸ਼ਬਦ ਧੰਨ ਗੁਰੂ ਰਵੀਦਾਸ ਰਿਲੀਜ਼ ਕੀਤਾ ਗਿਆ। ਇਸ ਸ਼ਬਦ ਨੂੰ ਕਲਮਬੱਧ ਕੀਤਾ ਲਾਲੀ ਸਭਰਾ ਤੇ ਸੰਗੀਤ ਹਰਿ ਅਮਿਤ ਵੱਲੋਂ ਤਿਆਰ ਕੀਤਾ ਗਿਆ। ਰਵੀ ਚੌਹਾਨ ਵੱਲੋਂ। ਡਬਿੰਗ ਕੀਤੀ ਗਈ ਸਾਹਿਲ ਚੌਹਾਨ ਵੱਲੋਂ। ਸ਼ਬਦ ਦਾ ਪੋਸਟਰ ਤਿਆਰ ਕੀਤਾ ਗਿਆ ਜੱਸੀ ਆਰਟਸ ਵੱਲੋਂ। ਵੀਡਿਓ ਤਿਆਰ ਕਰਨ ਲਈ ਕੈਮਰਾ ਚਲਾਇਆ ਗਿਆ ਜੀਵਨ ਹੀਰ ਵੱਲੋਂ ਤੇ ਸ਼ਬਦ ਨੂੰ ਐਡਿਟ ਕੀਤਾ ਗਿਆ ਮੋਹਿਤ ਵਰਮਾ ਵੱਲੋਂ ਤੇ ਸ਼ਬਦ ਦੇ 'ਚ ਮਹਿਲਾ ਕੋਰਸ ਆਵਾਜ਼ ਦਿੱਤੀ ਗਈ ਸੁਨੀਤਾ ਭੱਟੀ ਵੱਲੋਂ ਦਿੱਤੀ ਗਈ ਸਤਿਗੁਰੂ ਰਵਿਦਾਸ ਧਾਮ ਬੂਟਾ ਮੰਡੀ ਜਲੰਧਰ ਦੇ ਮੁੱਖ ਸੇਵਾਦਾਰ ਸਵਾਮੀ ਬਲਰਾਮ ਰਾਇ ਵਿਰਦੀ, ਪ੍ਰਧਾਨ ਹਰਦਿਆਲ ਅਤੇ ਟਰੱਸਟ ਦੇ ਜਿੰਨੇ ਵੀ ਮੈਂਬਰਾਂ ਵੱਲੋਂ ਸ਼ਬਦ ਨੂੰ ਰਿਲੀਜ ਕੀਤਾ ਗਿਆ।

## ਕੰਠ ਕਲੇਰ ਦਾ ਧਾਰਮਿਕ ਸ਼ਬਦ ਰਿਲੀਜ



**ਨੂਰਮਹਿਲ (ਬਾਲ ਕ੍ਰਿਸਨ ਬਾਲੀ)** ਗਾਇਕ ਕੰਠ ਕਲੇਰ ਨੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 647ਵੇਂ ਜਨਮ ਦਿਹਾੜੇ ਨੂੰ ਸਮਰਪਿਤ ਨਵਾਂ ਸ਼ਬਦ ਰਿਲੀਜ ਕੀਤਾ ਗਿਆ। ਇਸ ਮੌਕੇ ਪ੍ਰੋਡਿਊਸਰ ਕਮਲ ਕਲੇਰ ਨੇ ਦੱਸਿਆ ਕਿ ਸ਼ਬਦ 'ਐਸੀ ਲਾਲ ਤੁਝ ਬਿਨੁ ਕਉਨੁ ਕਰੈ' ਨੂੰ ਸੁਮਨ ਸਾਮਪੁਰੀ (ਸੰਪਾਦਕ 'ਦਰਪਣ') ਨੇ ਕਲਮਬੱਧ ਕੀਤਾ ਹੈ। ਜਿਸ ਦਾ ਸੰਗੀਤ ਅਮਰ ਨੇ ਦਿੱਤਾ ਹੈ। ਇਸ ਸ਼ਬਦ ਦਾ ਵੀਡਿਓ ਡੀ ਜੀ ਸਟਾਰ ਨੇ ਕੀਤਾ ਹੈ ਤੇ ਪੇਸਕਸ਼ ਪੰਮਾ ਮੋਰੋਂਵਾਲਾ ਦੀ ਹੈ। ਇਸ ਮੌਕੇ ਗਾਇਕ ਕਲੇਰ ਕੰਠ ਨੇ ਕਿਹਾ ਸਤਿਗੁਰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਕ੍ਰਿਪਾ ਨਾਲ ਸ਼ਬਦ ਬਹੁਤ ਵਧੀਆ ਬਣਿਆ ਹੈ। ਇਸ ਮੌਕੇ ਗਾਇਕ ਸੁਰਿੰਦਰ ਸਮਰਾ, ਸੁਮਨ ਸਾਮਪੁਰੀ, ਅਕਾਸ਼ਵਾਣੀ ਜਲੰਧਰ ਤੋਂ ਬਿਪਨ ਸੁਮਨ, ਕਮਲ ਕਲੇਰ ਅਤੇ ਮਾਸਟਰ ਗੁਰਪ੍ਰੀਤ ਸਿੰਘ ਮੌਜੂਦ ਸਨ।

## ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ 'ਚ ਦਸਵੀਂ ਦਾ ਦਿਹਾੜਾ 19 ਨੂੰ

**ਐਸ ਏ ਐਸ ਨਗਰ (ਗੁਰਜੀਤ ਬਿੱਲਾ)** - ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਦਸਵੀਂ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਭੈਣ ਬੇਬੇ ਨਾਨਕੀ ਜੀ ਦਾ ਜਨਮ ਦਿਹਾੜਾ 19 ਫਰਵਰੀ ਨੂੰ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਜਾਵੇਗਾ । ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦੱਸਿਆ ਕਿ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ । ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਜਾਵੇਗਾ। ਜਿਸ ਵਿੱਚ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਹਜ਼ੂਰੀ ਰਾਗੀ, ਇੰਟਰਨੈਸ਼ਨਲ ਪੰਥਕ ਢਾਡੀ ਜਥੇ, ਗਿਆਨੀ ਹਰਪਾਲ ਸਿੰਘ ਗੁਰਦੁਆਰਾ ਰਕਾਬਗੰਜ ਦਿੱਲੀ ਵਾਲੇ, ਭਾਈ ਬਲਵਿੰਦਰ ਸਿੰਘ ਰੰਗੀਲਾ ਚੰਡੀਗੜ੍ਹ ਵਾਲੇ, ਭਾਈ ਸੁਰਜੀਤ ਸਿੰਘ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਜੀ, ਭਾਈ ਸਿਮਰਨਜੀਤ ਸਿੰਘ ਗੁਰਦੁਆਰਾ ਸ੍ਰੀ ਨਾਢਾ ਸਾਹਿਬ, ਭਾਈ ਹਰਪ੍ਰੀਤ ਸਿੰਘ ਦਮਦਮੀ ਟਕਸਾਲ, ਭਾਈ ਹਰਜੀਤ ਸਿੰਘ ਸ਼ਾਹਬਾਦ ਮਾਰਕੰਡਾ ਵਾਲੇ, ਭਾਈ ਕੁਲਦੀਪ ਸਿੰਘ ਜਵੱਦੀ ਟਕਸਾਲ ਅਤੇ ਉਚਕੋਟੀ ਦੇ ਪੰਥ ਪਸਿੱਧ ਪ੍ਰਚਾਰਕ ਸੰਗਤਾਂ ਨੂੰ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕਰਨਗੇ। ਇਸ ਦਿਨ ਅੰਮ੍ਰਿਤ ਸੰਚਾਰ ਦਾ ਸਵੇਰੇ 10 ਵਜੇ ਕੀਤਾ ਜਾਵੇਗਾ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

# ਕਰੋੜਾਂ ਰੁਪਏ ਦੇ ਫੰਡਾਂ ਨਾਲ ਬਦਲੀ ਜਾ ਰਹੀ ਪਿੰਡਾਂ ਦੀ ਨੁਹਾਰ : ਬੈਂਸ



**ਭਲਾਣ (ਹਰਭਜਨ ਢਿੱਲੋਂ)**

ਸਿੱਖਿਆ ਮੰਤਰੀ ਹਰਜੋਤ ਬੈਂਸ ਵੱਲੋਂ ਕਰੋੜਾ ਰੁਪਏ ਨਾਲ ਸਰਕਾਰੀ ਸਕੂਲਾਂ ਦੀ ਬਦਲੀ ਜਾ ਰਹੀ ਹੈ ਨੁਹਾਰ ਪਿੰਡਾਂ 'ਚ ਲਗਾਏ ਜਾ ਰਹੇ ਹਨ ਸ਼ੁੱਧ ਪਾਣੀ ਲਈ ਡੂੰਘੇ ਟਿਊਬਵੈਲ ਹਰਜੋਤ ਸਿੰਘ ਬੈਂਸ ਸਿੱਖਿਆ ਮੰਤਰੀ ਪੰਜਾਬ ਨੇ ਕਿਹਾ ਹੈ ਕਿ ਸਰਕਾਰੀ ਸਕੂਲਾਂ ਦਾ ਵਿਆਪਕ ਤੇ ਯੋਜਨਾਬੱਧ ਢੰਗ ਨਾਲ ਨਵੀਨੀਕਰਨ ਕਰਵਾਇਆ ਜਾ ਰਿਹਾ ਹੈ। 1 ਕਰੋੜ ਦੀ ਲਾਗਤ ਨਾਲ ਭਲਾਣ ਅਤੇ 50 ਲੱਖ ਰੁਪਏ ਦੀ ਲਾਗਤ ਨਾਲ ਭਲਾਣ ਪ੍ਰਾਇਮਰੀ ਸਕੂਲ, ਐਲਗਰਾਂ ਪ੍ਰਾਇਮਰੀ ਸਕੂਲ ਨੂੰ 30 ਲੱਖ ਰੁਪਏ ਨਾਲ ਨਮੂਨੇ ਦੇ ਸਕੂਲ ਬਣਾਏ ਜਾਣਗੇ। ਵਿਦਿਆਰਥੀਆਂ ਲਈ 30 ਲੱਖ ਦੀ ਲਾਗਤ ਨਾਲ ਭਲਾਣ ਸਕੂਲ ਵਿਖੇ ਖੇਡ ਮੈਦਾਨ ਤਿਆਰ ਹੋਵੇਗਾ। ਭਲਾਣ ਅਤੇ ਐਲਗਰਾਂ ਨੂੰ ਵਿਸੇਸ਼ ਸੌਗਾਤ ਆਮ ਆਦਮੀ ਕਲੀਨਿਕ, ਜਲ ਸਪਲਾਈ ਤੇ ਇਰੀਗੇਸ਼ਨ ਪ੍ਰੋਜੈਕਟ ਵੀ ਦਿੱਤੇ ਹਨ।ਆਪਣੇ ਦੌਰੇ ਦੌਰਾਨ ਸਿੱਖਿਆ ਮੰਤਰੀ ਹਰਜੋਤ ਬੈਂਸ ਨੇ ਐਲਗਰਾਂ ਤੇ ਭਲਾਣ ਪਿੰਡਾਂ 'ਚ ਚੱਲ ਰਹੇ ਆਪ ਦੀ ਸਰਕਾਰ ਆਪ ਦੇ ਦੁਆਰ ਕੈਂਪ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਉਪਰੰਤ ਇਲਾਕਾ ਵਾਸੀਆਂ ਨੂੰ ਸੰਬੋਧਨ ਕੀਤਾ। ਉਨ੍ਹਾਂ ਨੇ ਕਿਹਾ ਕਿ ਹੁਣ ਮਾਈਨਿੰਗ ਦਾ 22 ਲੱਖ ਰੁਪਏ ਪਿੰਡ ਨੂੰ ਦਿੱਤਾ ਗਿਆ ਹੈ, ਜਲ ਸਪਲਾਈ ਵਿਭਾਗ ਵੱਲੋਂ ਇਨ੍ਹਾਂ ਪਿੰਡਾਂ 'ਚ ਡੂੰਘੇ ਟਿਊਬਵੈਲ ਲਗਾ ਕੇ ਸ਼ੁੱਧ ਪਾਣੀ ਹਰ ਘਰ ਪਹੁੰਚਾਇਆ ਜਾ ਰਿਹਾ ਹੈ। ਇਸ ਮੌਕੇ ਦੀਪਕ ਸੋਨੀ ਮੀਡੀਆ ਕੋਆਰਡੀਨੇਟਰ, ਬਲਵੰਤ ਬਲਾਕ ਪ੍ਰਧਾਨ, ਰਾਕੇਸ਼ ਚੇਅਰਮੈਨ, ਨਿਤਿਨ ਪੁਰੀ ਭਲਾਣ, ਰਾਜੀਵ ਸ਼ਰਮਾ, ਰਾਕੇਸ਼ ਸੈਣੀ, ਚਮਨ ਸੈਦੀ, ਬਿੱਟੂ ਫੌਜੀ, ਹਰਸ਼ ਪੁਰੀ, ਰਾਧੇ ਪੁਰੀ, ਨੰਦਾ ਪੁਰੀ, ਭਲਾਣ ਸਰਪੰਚ, ਦਲਜੀਤ ਸਿੰਘ ਕਾਕਾ ਨਾਨਗਰਾ, ਨਿਤਿਨ ਬਾਸੋਵਾਲ, ਕਾਕੂ, ਕਾਲਾ, ਰਿੰਕੂ, ਕਾਲੂ, ਤਰਸੇਮ ਸਿੰਘ ਸਰਪੰਚ ਤੇ ਪਿੰਡ ਵਾਸੀ ਵੱਡੀ ਗਿਣਤੀ 'ਚ ਹਾਜ਼ਰ ਸਨ।

## ਗੋਇਨਕਾ ਸਕੂਲ 'ਚ ਸੀਨੀਅਰ ਵਿਦਿਆਰਥੀਆਂ ਨੂੰ ਵਿਦਾਇਗੀ ਪਾਰਟੀ



**ਕਪੂਰਥਲਾ, (ਹਨੀ)**- ਜੀ ਡੀ ਗੋਇਨਕਾ ਇੰਟਰਨੈਸਨਲ ਸਕੂਲ 'ਚ ਗਿਆਰਵੀਂ ਦੇ ਵਿਦਿਆਰਥੀਆਂ ਵੱਲੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਲਈ ਫੇਅਰਵੈੱਲ ਪਾਰਟੀ ਦਾ ਆਯੋਜਨ ਕੀਤਾ ਗਿਆ । ਸਮਾਗਮ ਦਾ ਆਗਾਜ਼ ਵਿਦਿਆਰਥੀਆਂ ਵੱਲੋਂ ਗਰੁੱਪ ਡਾਂਸ ਪੇਸ਼ ਕਰ ਕੇ ਕੀਤਾ ਗਿਆ । ਵਿਦਿਆਰਥੀਆਂ ਦੇ ਮਨੋਰੰਜਨ ਲਈ ਬੈਲੂਨ ਗੇਮਜ਼ ਤੇ ਪ੍ਰਸ਼ਨੋਤਰੀ ਰਾਊਂਡ ਵੀ ਕਰਵਾਏ ਗਏ, ਜਿਸ 'ਚ ਬੱਚਿਆਂ ਨੇ ਸਕੂਲ ਨਾਲ ਜੁੜੀਆਂ ਯਾਦਾਂ ਨੂੰ ਸਾਂਝਾ ਕਰਦਿਆਂ ਕਿਹਾ ਕਿ ਸਕੂਲ ਮੈਨੇਜਮੈਂਟ ਅਤੇ ਸਟਾਫ ਨੇ ਸੰਸਥਾ ਅੰਦਰ ਪੜ੍ਹਾਈ ਅਤੇ ਖੇਡਾਂ ਸਮੇਤ ਸੱਭਿਆਚਾਰਕ ਗਤੀਵਿਧੀਆ ਦਾ ਚੰਗਾ ਮਾਹੌਲ ਸਿਰਜਣ ਦੇ ਨਾਲ-ਨਾਲ ਉਨ੍ਹਾਂ ਨੂੰ ਚੰਗੇ ਗੁਣਾਂ ਦਾ ਧਾਰਨੀ ਬਣਨ ਦੀ ਸਿੱਖਿਆ ਵੀ ਦਿੱਤੀ ਹੈ । ਮਿਸਟਰ ਅਤੇ ਮਿਸ ਫੇਅਰਵੈੱਲ ਦਾ ਮੁਕਾਬਲਾ ਸਮਾਗਮ ਦਾ ਮੁੱਖ ਆਕਰਸ਼ਣ ਰਿਹਾ । ਜਿਸ ਵਿੱਚ ਬਾਰ੍ਹਵੀਂ ਜਮਾਤ ਦਾ ਹਰਮਨਵੀਰ ਸਿੰਘ ਮਿਸਟਰ ਅਤੇ ਪਾਇਲਪ੍ਰੀਤ ਕੌਰ ਮਿਸ ਫੇਅਰਵੈੱਲ ਦੇ ਖ਼ਿਤਾਬ 'ਤੇ ਕਬਜ਼ਾ ਕਰਨ ਵਿਚ ਸਫਲ ਰਹੇ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਸੁਖਦੇਵ ਸਿੰਘ, ਸਕੱਤਰ ਪਰਮਿੰਦਰ ਕੌਰ ਅਤੇ ਪ੍ਰਿੰਸੀਪਲ ਡਾ. ਪਵਲਜੀਤ ਕੌਰ ਨੇ ਵਿਦਿਆਰਥੀਆਂ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕੀਤੀ ਅਤੇ ਜੇਤੂ ਰਹੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ।

## ਆਈ ਵੀ ਵਰਲਡ ਸਕੂਲ 'ਚ ਮਨਾਇਆ ਬਸੰਤ ਪੰਚਮੀ ਦਾ ਤਿਉਹਾਰ



**ਜਲੰਧਰ (ਇਕਬਾਲ ਸਿੰਘ ਉਭੀ)**-ਸਥਾਨਕ ਰਾਮਾਂ ਮੰਡੀ ਤੋਂ ਹੁਸ਼ਿਆਰਪੁਰ ਮਾਰਗ 'ਤੇ ਸਥਿਤ ਆਈ ਵੀ ਵਰਲਡ ਸਕੂਲ ਨੇ ਆਪਣੇ ਵਿਦਿਆਰਥੀਆਂ ਨਾਲ ਬਸੰਤ ਪੰਚਮੀ ਦਾ ਤਿਉਹਾਰ ਮਨਾਇਆ। ਤਿਉਹਾਰ ਦੀ ਸ਼ੁਰਆਤ ਵੀ ਸਰਸਵਤੀ ਦੇਵੀ ਦੀ ਪੂਜਾ ਨਾਲ਼ ਹੋਈ। ਇਸ ਮੌਕੇ ਵਿਦਿਆਰਥੀਆਂ ਲਈ ਪਤੰਗ ਉਡਾਉਣ ਮੁਕਾਬਲਾ ਵੀ ਕਰਵਾਇਆ ਗਿਆ। ਸਕੂਲ ਕੈਂਪਸ ਵਿਦਿਆਰਥੀਆਂ ਦੇ ਪਰੰਪਰਾਗਤ ਪਹਿਰਾਵੇ ਬਸੰਤੀ ਰੰਗ ਵਿਚ ਰੰਗਿਆ ਗਿਆ। ਵਾਸਲ ਐਜੂਕੇਸ਼ਨ ਸੁਸਾਇਟੀ ਦੇ ਪ੍ਰਧਾਨ ਕੇ ਕੇ ਵਾਸਲ, ਚੇਅਰਮੈਨ ਸੰਜੀਵ ਵਾਸਲ, ਮੀਤ ਪ੍ਰਧਾਨ ਸ਼੍ਰੀਮਤੀ ਈਨਾ ਵਾਸਲ, ਸੀ ਈ ਓ ਰਾਘਵ ਵਾਸਲ ਅਤੇ ਡਾਇਰੈਕਟਰ ਸ਼੍ਰੀਮਤੀ ਅਦਿੱਤੀ ਵਾਸਲ ਨੇ ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਜਿਹੇ ਜਸ਼ਨ ਏਕਤਾ ਅਤੇ ਸੱਭਿਆਚਾਰਕ ਮਾਣ ਦੀ ਭਾਵਨਾ ਪੈਦਾ ਕਰਦੇ ਹਨ। ਸਕੂਲ ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਬਸੰਤ ਪੰਚਮੀ ਕੇਵਲ ਇੱਕ ਜਸ਼ਨ ਹੀ ਨਹੀਂ ਇਹ ਸਾਡੇ ਸੱਭਿਆਚਾਰਕ ਸੰਸਕਾਰਾਂ ਦਾ ਇੱਕ ਰੂਪ ਵੀ ਹੈ।

## ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਬਸੰਤ ਮੇਲਾ ਤੇ ਗ੍ਰੈਜੂਏਸ਼ਨ ਸੈਰੇਮਨੀ

**ਕਪੂਰਥਲਾ, (ਹਨੀ)**- ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਬਸੰਤ ਮੇਲਾ ਅਤੇ ਯੂ ਕੇ ਜੀ ਵਿੰਗ ਦੇ ਵਿਦਿਆਰਥੀਆਂ ਲਈ ਗ੍ਰੈਜੂਏਸ਼ਨ ਸੈਰੇਮਨੀ ਦਾ ਆਯੋਜਨ ਕੀਤਾ ਗਿਆ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ ਸਮਾਗਮ ਵਿਚ ਬਤੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਜਿਨਾਂ ਦਾ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ, ਪ੍ਰਸਾਸ਼ਕ ਇੰਜੀਨੀਅਰ ਨਿਮਰਤਾ ਕੌਰ ਅਤੇ ਪ੍ਰਿੰਸੀਪਲ ਪ੍ਰਬਦੀਪ ਕੌਰ ਮੋਂਗਾ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਸਮਾਂ ਰੋਸ਼ਨ ਕਰਨ ਉਪਰੰਤ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ, ਜਿਸ ਦਾ ਆਗਾਜ਼ ਸ਼ਬਦ ਗਾਇਨ ਰਾਹੀਂ ਕੀਤਾ ਗਿਆ । ਇਸ ਦੌਰਾਨ ਬੀਬੀ ਗੁਰਪ੍ਰੀਤ ਕੌਰ ਨੇ ਯੂ ਕੇ ਜੀ ਦੇ ਵਿਦਿਆਰਥੀਆਂ ਨੂੰ ਸਰਟੀਫੀਕੇਟ ਦੇ ਕੇ ਸਨਮਾਨਿਤ ਕੀਤਾ ਅਤੇ ਉਨ੍ਹਾਂ ਦੇ ਸੁਨਿਹਰੇ ਭਵਿੱਖ ਦੀ ਕਾਮਨਾ ਕੀਤੀ । ਦੂਜੇ ਪਾਸੇ ਵਿਦਿਆਰਥੀਆਂ ਬਸੰਤ ਮੇਲੇ ਦਾ ਵੀ ਭਰਪੂਰ ਆਨੰਦ ਮਾਣਿਆ। ਇਸ ਦੌਰਾਨ ਖਾਣ ਪੀਣ ਦੇ ਸਟਾਲਾਂ ਤੋਂ ਇਲਾਵਾ ਵਿਦਿਆਰਥੀਆਂ ਦੇ ਮਨੋਰੰਜਨ ਲਈ ਝੂਲਿਆਂ ਸਮੇਤ ਕਈ ਪ੍ਰਕਾਰ ਦੀਆਂ ਮਿਊਜ਼ਿਕ ਐਕਟੀਵਿਟੀ ਦਾ ਆਯੋਜਨ ਵੀ ਕੀਤਾ ਗਿਆ।



## ਜ਼ਿੰਪਾ ਨੇ ਵਾਰਡ ਨੰਬਰ 27 ਤੇ ਪਿੰਡ ਥੱਥਲਾਂ 'ਚ ਲੱਗੇ ਕੈਂਪਾਂ ਦਾ ਲਿਆ ਜਾਇਜ਼ਾ



**ਹੁਸ਼ਿਆਰਪੁਰ, (ਓ ਪੀ ਰਾਣਾ)**- ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ 'ਚ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਾਰੇ ਵਾਰਡਾਂ ਅਤੇ ਪਿੰਡਾਂ ਨੂੰ 'ਆਪ ਦੀ ਸਰਕਾਰ ਆਪ ਦੇ ਦੁਆਰ' ਪ੍ਰੋਗਰਾਮ ਤਹਿਤ ਕਵਰ ਕੀਤਾ ਜਾ ਰਿਹਾ ਹੈ ਤਾਂ ਜੋ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਨੇੜੇ ਸਰਕਾਰੀ ਸੇਵਾਵਾਂ ਦਾ ਲਾਭ ਮਿਲ ਸਕੇ। ਉਹ ਹੁਸ਼ਿਆਰਪੁਰ ਦੇ ਵਾਰਡ ਨੰਬਰ 27 ਅਤੇ ਪਿੰਡ ਥੱਥਲਾਂ 'ਚ ਲੱਗੇ ਕੈਂਪਾਂ ਦਾ ਜਾਇਜ਼ਾ ਲੈਣ ਦੌਰਾਨ ਇਲਾਕਾ ਨਿਵਾਸੀਆਂ ਨੂੰ ਸੰਬੋਧਨ ਕਰ ਰਹੇ ਸਨ। ਕੈਬਨਿਟ ਮੰਤਰੀ ਨੇ ਕਿਹਾ ਕਿ ਸੂਬੇ ਦੇ ਲੋਕਾਂ ਨੂੰ ਬਿਨਾਂ ਕਿਸੇ ਪ੍ਰੇਸ਼ਾਨੀ ਦੇ ਘਰਾਂ ਨੇੜੇ ਸਰਕਾਰੀ ਸੇਵਾਵਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ। ਇਸ ਦੌਰਾਨ ਉਨ੍ਹਾਂ ਨੇ ਮੌਕੇ 'ਤੇ ਮੌਜੂਦ ਲੋਕਾਂ ਨਾਲ ਗੱਲਬਾਤ ਕਰਦੇ ਹੋਏ ਕੈਂਪਾਂ ਸੰਬੰਧੀ ਉਨ੍ਹਾਂ ਦੀ ਫੀਡਬੈਕ ਵੀ ਹਾਸਲ ਕੀਤੀ। ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਡਿਪਟੀ ਮੇਅਰ ਰਣਜੀਤ ਚੌਧਰੀ, ਸਹਾਇਕ ਕਮਿਸ਼ਨਰ (ਸ਼ਿਕਾਇਤਾਂ) ਦਿਵਿਆ.ਪੀ, ਕੁਲਵਿੰਦਰ ਸਿੰਘ ਹੁੰਦਲ, ਰਾਜਨ ਸੈਣੀ ਤੋਂ ਇਲਾਵਾ ਹੋਰ ਪਤਵੰਤੇ ਵੀ ਮੌਜੂਦ ਸਨ।

## ਸੁਰਿੰਦਰ ਕੌਰ ਨੂੰ ਵੱਖ-ਵੱਖ ਸਿਆਸੀ, ਕਿਸਾਨ ਆਗੂਆਂ ਵੱਲੋਂ ਸ਼ਰਧਾਂਜਲੀਆਂ



**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)**

ਵਿਧਾਨ ਸਭਾ ਹਲਕਾ ਆਦਮਪੁਰ ਅਧੀਨ ਪੈਂਦੇ ਮੱਲੀ ਨੰਗਲ ਦੇ ਬਲਵਿੰਦਰ ਸਿੰਘ ਸੂਬਾ ਪ੍ਰਧਾਨ ਦੁਆਬਾ ਕਿਸਾਨ ਸੰਘਰਸ਼ ਕਮੇਟੀ ਦੀ ਮਾਤਾ ਬੀਬੀ ਸੁਰਿੰਦਰ ਕੌਰ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਬਹਿਰਾਮ ਸ਼ਰਿਸ਼ਤਾ ਆਦਮਪੁਰ ਜ਼ਿਲ੍ਹਾ ਜਲੰਧਰ ਜੋ ਮਿਤੀ 06-02-2024 ਨੂੰ ਆਪਣੀ ਸੰਸਾਰਕ ਯਾਤਰਾ ਪੂਰੀ ਕਰਦੇ ਹੋਏ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ, ਉਨ੍ਹਾਂ ਨਮਿਤ ਅੰਤਮ ਅਰਦਾਸ ਉਨ੍ਹਾਂ ਦੇ ਗ੍ਰਹਿ ਵਿਖੇ ਪਿੰਡ ਮੱਲ੍ਹੀ ਨੰਗਲ ਵਿਖੇ ਹੋਈ, ਉਪਰੰਤ ਸ਼ਰਧਾਂਜਲੀ ਸਮਾਰੋਹ ਵਿਖੇ ਹਜ਼ਾਰਾਂ ਦੀ ਗਿਣਤੀ ਵਿਚ ਵੱਖ ਵੱਖ ਆਗੂਆਂ, ਕਿਸਾਨ ਜਥੇਬੰਦੀਆਂ ਸਮੇਤ ਇਲਾਕੇ ਦੇ ਲੋਕਾਂ ਵਲੋਂ ਪੁੱਜ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਇਸ ਸ਼ਰਧਾਂਜਲੀ ਸਮਾਗਮ ਤੋਂ ਪਹਿਲਾਂ ਦੀਵਾਨ ਸਜਾਏ ਗਏ। ਜਿਸ ਵਿੱਚ ਸੰਤ ਤਲਵਿੰਦਰ ਸਿੰਘ ਪ੍ਰਮੇਸ਼ਵਰ ਤੇ ਭਾਈ ਹਰਜਿੰਦਰ ਸਿੰਘ ਰਾਗੀ ਜਥੇ ਵਲੋਂ ਵੈਰਾਗਮਈ ਕੀਰਤਨ ਕੀਤਾ। ਸਮਾਗਮ ਦੌਰਾਨ ਸੁਖਵਿੰਦਰ ਸਿੰਘ ਕੋਟਲੀ ਹਲਕਾ ਵਿਧਾਇਕ ਆਦਮਪੁਰ, ਜਥੇ ਪ੍ਰਗਟ ਸਿੰਘ ਸੀਨੀਅਰ ਅਕਾਲੀ ਆਗੂ, ਪ੍ਰਸ਼ੋਤਮ ਰਾਜ ਅਹੀਰ ਪ੍ਰਧਾਨ ਸੰਯੁਕਤ ਸਮਾਜ ਮੋਰਚਾ ਲੇਬਰ ਵਿੰਗ, ਹਰਜਿੰਦਰ ਸਿੰਘ ਮੋਜੀ ਕਿਸਾਨ ਸਭਾ ਜ਼ਿਲ੍ਹਾ ਜਲੰਧਰ, ਜਸਵੰਤ ਸਿੰਘ ਜ਼ਿਲ੍ਹਾ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ, ਪਵਿੱਤਰ ਸਿੰਘ ਧੁੱਗਾ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਹੁਸ਼ਿਆਰਪੁਰ, ਦੀਦਾਰ ਸਿੰਘ ਪ੍ਰਧਾਨ ਐਨ.ਆਰ.ਆਈ. ਵਿੰਗ, ਕਾਮਰੇਡ ਕੇਵਲ ਸਿੰਘ ਹਜਾਰਾ ਕੁੱਲ ਹਿੰਦ ਕਿਸਾਨ ਸਭਾ ਵਲੋਂ ਅਫਸੋਸ ਦਾ ਪ੍ਰਗਟਾਵਾ ਕਰਦਿਆਂ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਬਲਵਿੰਦਰ ਸਿੰਘ ਬਲਵਿੰਦਰ ਸਿੰਘ ਐਡਵੋਕੇਟ, ਅਮਨਪ੍ਰੀਤ ਸਿੰਘ, ਜਸਕਰਨ ਸਿੰਘ, ਤਪਿੰਦਰਵੀਰ ਸਿੰਘ, ਜਥੇਦਾਰ ਹਰਮੇਲ ਸਿੰਘ ਮੱਲ੍ਹੀ ਨੰਗਲ, ਸੁਮਨਜੀਤ ਕੌਰ, ਬਲਨੀਤ ਕੌਰ, ਜਸਪ੍ਰੀਤ ਕੌਰ, ਹਰਪ੍ਰੀਤ ਕੌਰ, ਪ੍ਰਮਿੰਦਰ ਸਿੰਘ ਮੁਰਦਾਪੁਰ, ਸਰਬਜੀਤ ਸਿੰਘ ਧੁਦਿਆਲ, ਬਲਵੀਰ ਸਿੰਘ ਮੰਡੇਰ, ਗੁਰਦੀਪ ਸਿੰਘ ਕਾਲਰਾ ਸਾਬਕਾ ਚੇਅਰਮੈਨ, ਹਰਜੋਤ ਸਿੰਘ ਸਰਪੰਚ ਕਡਿਆਣਾ, ਸਤਨਾਮ ਸਿੰਘ, ਬਿੱਲੂ ਨੰਬਰਦਾਰ ਸਮੇਤ ਇਲਾਕਾ ਵਾਸੀ ਹਾਜ਼ਰ ਹੋਏ।

## ਹਰਿਆਣਾ ਸਰਕਾਰ ਨੇ 800 ਮੈਗਾਵਾਟ ਬਿਜਲੀ ਦੀ ਖਰੀਦ ਲਈ ਐਮ ਬੀ ਪੀ ਐਲ ਦੇ ਨਾਲ ਕੀਤਾ ਐਮ ਓ ਯੂ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਵਾਸੀਆਂ ਨੂੰ ਬਿਨ੍ਹਾਂ ਰੁਕਾਵਟ ਅਤੇ ਸੁਚਾਰੂ ਰੂਪ ਨਾਲ ਬਿਜਲੀ ਸਪਲਾਈ ਯਕੀਨੀ ਕਰਨ ਦੀ ਦਿਸ਼ਾ ਵਿਚ ਹਰਿਆਣਾ ਸਰਕਾਰ ਨੇ ਮਹਾਨਦੀ ਬੇਸਿਨ ਪਾਵਰ ਲਿਮੀਟੇਡ (ਐਮ ਬੀ ਪੀ ਐਲ) ਨਾਲ 800 ਮੈਗਾਵਾਟ ਬਿਜਲੀ ਦੀ ਖਰੀਦ ਲਈ ਸਮਝੌਤਾ ਮੈਮੋ 'ਤੇ ਹਸਤਾਖਰ ਕੀਤੇ ਹਨ। ਮੁੱਖ ਮੰਤਰੀ ਮਨੋਹਰ ਲਾਲ ਦੀ ਮੌਜੂਦਗੀ ਵਿਚ ਹਰਿਆਣਾ ਵੱਲੋਂ ਉੱਤਰ ਹਰਿਆਣਾ ਬਿਜਲੀ ਵੰਡ ਨਿਗਮ ਦੇ ਪ੍ਰਬੰਧ ਨਿਦੇਸ਼ਕ ਡਾ. ਸਾਕੇਤ ਕੁਮਾਰ ਅਤੇ ਕੌਲ ਇੰਡੀਆ ਲਿਮੀਟੇਡ ਵੱਲੋਂ ਦੇਬਾਸ਼ੀਸ਼ ਨੰਦਾ ਨੇ ਐਮਓਯੂ ਦਾ ਆਦਾਨ ਪ੍ਰਦਾਨ ਕੀਤਾ। ਮੁੱਖ ਮੰਤਰੀ ਸ੍ਰੀ ਮਨੋਹਰ ਲਾਲ ਨੇ ਅੱਜ ਇੱਥੇ ਪ੍ਰੈਸ ਕਾਨਫ੍ਰੈਂਸ ਨੂੰ ਸੰਬੋਧਿਤ ਕਰਦੇ ਹੋਏ ਕਿਹਾ ਕਿ ਕੌਲ ਇੰਡੀਆ ਲਿਮੀਟੇਡ ਦੀ ਸਹਾਇਕ ਕੰਪਨੀ ਮਹਾਨਦੀ ਕੋਲਫੀਲਡਸ ਲਿਮੀਏਡ (ਐਮ ਸੀ ਐਲ) ਵੱਲੋਂ ਉੜੀਸਾ 'ਚ 1600 ਮੈਗਾਵਾਟ ਦਾ ਸੁਪਰ ਕ੍ਰਿਟੀਕਲ ਥਰਮਲ ਪਾਵਰ ਪਲਾਂਟ ਲਗਾਇਆ ਜਾ ਰਿਹਾ ਹੈ। ਇਸ ਮੌਕੇ 'ਤੇ ਸਕੂਲ ਸਿਖਿਆ ਮੰਤਰੀ ਕੰਵਰ ਪਾਲ ਮੌਜੂਦ ਸਨ। ਮੁੱਖ ਮੰਤਰੀ ਨੇ ਕਿਹਾ ਕਿ ਮਹਾਨਦੀ ਬੇਸਿਨ ਪਾਵਰ ਲਿਮੀਟੇਡ ਵੱਲੋਂ ਉੜੀਸਾ 'ਚ ਪ੍ਰਸਤਾਵਿਤ ਆਪਣੇ ਇਸ ਪਲਾਂਟ ਨਾਲ ਹਰਿਆਣਾ ਨੂੰ 800 ਮੈਗਾਵਾਟ ਬਿਜਲੀ ਦੇਣ ਦੀ ਪੇਸ਼ਕਸ਼ ਕੀਤੀ ਗਈ, ਜਿਸ ਨੂੰ ਸਵੀਕਾਰ ਕਰਦੇ ਹੋਏ ਇਸ ਸਬੰਧ ਵਿਚ ਐਮ ਓ ਯੂ ਕੀਤਾ ਗਿਆ ਹੈ।

## ਗੁਰੂ ਨਾਨਕ ਮਿਸ਼ਨ ਪਬਲਿਕ ਸਕੂਲ ਢਾਹਾਂ ਕਲੇਰਾਂ 'ਚ ਵਿਦਿਆਰਥੀਆਂ ਨੂੰ ਵਿਦਾਇਗੀ ਪਾਰਟੀ



**ਬਹਿਰਾਮ (ਅਵਤਾਰ ਕਲੇਰ)**

ਗੁਰੂ ਨਾਨਕ ਮਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਢਾਹਾਂ ਕਲੇਰਾਂ ਵਿਖੇ 10+1 ਜਮਾਤ ਦੇ ਵਿਦਿਆਰਥੀਆਂ ਵੱਲੋਂ ਆਪਣੇ ਸੀਨੀਅਰ 10+2 ਦੇ ਜਮਾਤ ਦੇ ਵਿਦਿਆਰਥੀਆਂ ਲਈ ਨਿੱਘੀ ਵਿਦਾਇਗੀ ਪਾਰਟੀ ਦਾ ਆਯੋਜਨ ਕੀਤਾ ਗਿਆ। ਮੁੱਖ ਮਹਿਮਾਨ ਦਲਜੀਤ ਸਿੰਘ ਖੱਖ ਡੀ ਐਸ ਪੀ ਸਬ ਡਵੀਜ਼ਨ ਬੰਗਾ ਸਨ । ਡੀ ਐਸ ਪੀ ਦਲਜੀਤ ਸਿੰਘ ਖੱਖ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਸਮਾਜ ਵਿਚ ਵਧ ਰਹੀਆਂ ਬੁਰਾਈਆਂ, ਨਸ਼ਿਆਂ ਪ੍ਰਤੀ ਸੁਚੇਤ ਕੀਤਾ ਅਤੇ ਸਕੂਲ ਤੋਂ ਵਿਦਾ ਹੋ ਰਹੇ ਵਿਦਿਆਰਥੀਆਂ ਨੂੰ ਆਪਣਾ ਅਸ਼ੀਰਵਾਦ ਦਿੰਦੇ ਉਨ੍ਹਾਂ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕੀਤੀ। ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ, ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਨੇ ਵਿਦਿਆਰਥੀਆਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਤੋਂ ਪਹਿਲਾਂ ਬਰਜਿੰਦਰ ਸਿੰਘ ਢਾਹਾਂ ਅਤੇ ਪ੍ਰੋ: ਹਰਬੰਸ ਸਿੰਘ ਬੋਲੀਨਾ ਡਾਇਰੈਕਟਰ ਸਿੱਖਿਆ ਨੇ ਮੁੱਖ ਮਹਿਮਾਨ ਦਲਜੀਤ ਸਿੰਘ ਖੱਖ ਡੀ ਐਸ ਪੀ ਬੰਗਾ ਦਾ ਸਕੂਲ ਵਿਚ ਪੁੱਜਣ 'ਤੇ ਨਿੱਘਾ ਸਵਾਗਤ ਕੀਤਾ । ਪ੍ਰਿੰਸੀਪਲ ਵਨੀਤਾ ਚੋਟ ਨੇ ਵਿਦਾਇਗੀ ਸਮਾਰੋਹ ਵਿਚ ਸ਼ਾਮਿਲ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ। ਵਿਦਿਆਰਥੀਆਂ ਨੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ। ਜਿਸ ਦੀ ਸ਼ੁਰੂਆਤ ਧਾਰਮਿਕ ਸ਼ਬਦ ਨਾਲ ਹੋਈ । ਉਪਰੰਤ ਗਿੱਧਾ, ਭੰਗੜਾ, ਸੋਲੋ ਡਾਂਸ, ਲੋਕ ਗੀਤ ਆਦਿ ਪੇਸ਼ ਕਰਕੇ ਸਭ ਦਾ ਮਨ ਮੋਹ ਲਿਆ । ਵਿਦਾਇਗੀ ਸਮਾਰੋਹ ਵਿੱਚ ਸਕੂਲ ਪ੍ਰਬੰਧਕ ਪ੍ਰਧਾਨ ਕੁਲਵਿੰਦਰ ਸਿੰਘ ਢਾਹਾਂ, ਬਰਜਿੰਦਰ ਸਿੰਘ ਢਾਹਾਂ, ਅਮਰਜੀਤ ਸਿੰਘ ਕਲੇਰਾਂ , ਜਗਜੀਤ ਸਿੰਘ ਸੋਢੀ, ਪ੍ਰੋ: ਹਰਬੰਸ ਸਿੰਘ ਬੋਲੀਨਾ, ਪ੍ਰਿੰਸੀਪਲ ਵਨੀਤਾ ਚੋਟ, ਲਾਲ ਚੰਦ , ਰਵਿੰਦਰ ਕੌਰ, ਰਮਨ ਕੁਮਾਰ, ਅਮਰਜੀਤ ਕੌਰ, ਪਰਮਜੀਤ ਕੌਰ , ਦਫਤਰੀ ਸਟਾਫ, ਸਮੂਹ ਵਿਦਿਆਰਥੀ ਵੀ ਹਾਜ਼ਰ ਸਨ । ਇਸ ਮੌਕੇ ਵਿਦਾ ਹੋ ਰਹੇ 10+2 ਜਮਾਤ ਦੇ ਵਿਦਿਆਰਥੀਆਂ ਨੇ ਆਪਣੇ ਅਧਿਆਪਕਾਂ ਨੂੰ ਯਾਦਗਾਰੀ ਚਿੰਨ੍ਹ, ਸਕੂਲ ਨੂੰ ਦਸ ਹਾਟ ਕੇਸ, ਇੱਕ ਮਿਊਜ਼ਿਕ ਸਿਸਟਮ ਵੀ ਭੇਟ ਕੀਤਾ।

## ਚੰਗੇ ਕਰਮ ਕਰਨ ਨਾਲ ਬੁਰਾ ਵਕਤ ਵੀ ਆਸਾਨੀ ਨਾਲ ਗੁਜ਼ਰ ਜਾਂਦਾ : ਬਾਬਾ ਸ਼ੇਰ ਸਿੰਘ



**ਟਾਂਡਾ ਉੜਮੁੜ (ਉਂਕਾਰ ਸਿੰਘ, ਜਸਵਿੰਦਰ ਸੰਧੂ)**-ਇਨਸਾਨ ਆਪਣੇ ਕਰਮ ਖੁਦ ਲਿਖਦਾ ਹੈ। ਜੇਕਰ ਕੋਈ ਇਨਸਾਨ ਤੁਹਾਡੇ ਬਾਰੇ ਕੁਝ ਗਲਤ ਸੋਚ ਰਿਹਾ ਹੈ ਤਾਂ ਇਹ ਉਸ ਦੇ ਕਰਮਾਂ ਵਿੱਚ ਲਿਖਿਆ ਜਾਵੇਗਾ, ਤੁਸੀਂ ਕਿਉਂ ਕਿਸੇ ਬਾਰੇ ਗ਼ਲਤ ਸੋਚ ਕੇ ਆਪਣਾ ਵਕਤ ਅਤੇ ਕਰਮ ਖ਼ਰਾਬ ਕਰਦੇ ਹੋ। ਉਸ ਅਕਾਲ ਪੁਰਖ ਨੇ ਸਾਨੂੰ ਇਹ ਇਨਸਾਨੀ ਜਾਮਾ ਪਰਮਾਤਮਾ ਦਾ ਨਾਮ ਸਿਮਰਨ ਲਈ ਦਿੱਤਾ ਹੈ, ਇਸ ਕਰਕੇ ਜਿੰਨਾ ਸਮਾਂ ਹੋ ਸਕੇ ਨਾਮ ਸਿਮਰਨ ਕਰਨ ਵਿਚ ਲਗਾਓ। ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਸਾਵਰ ਪੀਰ ਸੱਚੀ ਦਰਗਾਹ ਅਹੀਆਪੁਰ ਵਿਖੇ ਜੇਠੇ ਵੀਰਵਾਰ ਨੂੰ ਸਜਾਏ ਗਏ ਦਰਬਾਰ ਵਿੱਚ ਬੈਠੀ ਸੰਗਤ ਨੂੰ ਗੁਰੂ ਚਰਨਾਂ ਨਾਲ ਜੋੜਦੇ ਹੋਏ ਦਰਗਾਹ ਦੇ ਮੁੱਖ ਸੇਵਾਦਾਰ ਬਾਬਾ ਸ਼ੇਰ ਸਿੰਘ ਘੋੜੀਆਂ ਵਾਲੇ ਨੇ ਕੀਤਾ। ਉਨ੍ਹਾਂ ਕਿਹਾ ਕਿ ਆਪਣੀਆਂ ਸਮਾਜਿਕ ਜ਼ਿੰਮੇਵਾਰੀਆਂ ਨਿਭਾਉਂਦੇ ਹੋਏ ਸਵੇਰੇ ਸ਼ਸ਼ਾਮ ਜਿੰਨਾ ਵੀ ਸਮਾਂ ਹੋ ਸਕੇ ਪ੍ਰਭੂ ਦਾ ਨਾਮ ਸਿਮਰਨ ਜਰੂਰ ਕਰਨਾ ਚਾਹੀਦਾ ਹੈ ਸਾਰਾ ਦਿਨ ਬਾਬਾ ਜੀ ਦਾ ਅਤੁੱਟ ਲੰਗਰ ਚਲਦਾ ਰਿਹਾ। ਇਸ ਮੌਕੇ ਬੀਬੀ ਬਲਜੀਤ ਕੌਰ, ਮੀਰ ਕਮਲ ਸਾਬਰੀ, ਡਾ. ਮੀਰਾ ਹਸਨ, ਦੇਵਿਕਾ, ਰਾਜੇਸ਼ ਜਸਰਾ, ਪਵਨ ਕੁਮਾਰ, ਬਲਜਿੰਦਰ ਸਿੰਘ ਅਤੇ ਹੋਰ ਸੰਗਤ ਨੇ ਦਰਬਾਰ ਵਿਚ ਆਪਣੀ ਹਾਜ਼ਰੀ ਲਗਵਾ ਕੇ ਬਾਬਾ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ।

## ਸਿੱਖਿਆ ਵਿਭਾਗ ਨੇ ਸੈਦਪੁਰ 'ਚ ਦਾਖਲਾ ਬੂਥ ਲਾਇਆ





**ਸਾਹਕੋਟ (ਗਿਆਨ ਸੈਦਪੁਰੀ)** ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਬੱਚਿਆਂ ਦੇ ਸਰਕਾਰੀ ਸਕੂਲਾਂ ਵਿੱਚ ਦਾਖਲੇ ਲੈਣ ਲਈ ਚਾਰ ਪੜਾਵੀਂ ਮੁਹਿੰਮ ਸ਼ੁਰੂ ਕੀਤੀ ਗਈ ਹੈ। 12 ਫਰਵਰੀ ਤੋਂ 14 ਫਰਵਰੀ ਤੱਕ ਦਾਖਲਾ ਵੈਨ ਜਿਲ੍ਹਾ ਦਫਤਰਾਂ ਤੋਂ ਬਲਾਕ ਦਫਤਰਾਂ ਤੱਕ ਪਹੁੰਚੀਆਂ ਸਨ। ਦੂਸਰਾ ਪੜਾਅ ਦਾਖਲਾ ਬੂਥ ਲਾਉਣ ਦਾ ਹੈ। ਤੀਸਰਾ ਪੜਾਅ ਘਰੋ ਘਰੀ ਜਾ ਕੇ ਰਾਬਤਾ ਕਾਇਮ ਕਰਨਾ ਅਤੇ ਚੌਥਾ ਪੜਾਅ ਲੰਬੀ ਗੈਰ ਹਾਜਰੀ ਵਾਲੇ ਬੱਚਿਆਂ ਨੂੰ ਮੁੜ ਸਕੂਲ ਨਾਲ ਜੋੜਨ ਦਾ ਹੋਵੇਗਾ। ਦਾਖਲਾ ਮੁਹਿੰਮ ਦੇ ਦੂਸਰੇ ਪੜਾਅ ਤਹਿਤ ਵੀਰਵਾਰ ਨੂੰ ਡਿਪਟੀ ਡੀ. ਓ (ਐਲੀਮੈਂਟਰੀ) ਜਲੰਧਰ ਮਨੀਸ਼ ਕੁਮਾਰ ਸ਼ਰਮਾ ਦੀ ਅਗਵਾਈ 'ਚ ਨੇੜਲੇ ਪਿੰਡ ਸੈਦਪੁਰ ਝਿੜੀ 'ਚ ਦਾਖਲਾ ਬੂਥ ਲਾਇਆ ਗਿਆ। ਇਸ 'ਚ ਮਾਪਿਆ ਅਤੇ ਉਨ੍ਹਾਂ ਦੇ ਬੱਚਿਆਂ ਨੂੰ ਸਕੂਲਾਂ 'ਚ ਦਿੱਤੀਆਂ ਜਾ ਰਹੀਆਂ ਆਧੁਨਿਕ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ ਗਈ। ਬਲਾਕ ਪ੍ਰਾਇਮਰੀ ਸਿੱਖਿਆ ਅਫਸਰ-2 ਰਾਮੇਸ਼ਵਰ ਚੰਦਰ ਲਾਡੀ ਅਤੇ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ-1 ਰਾਕੇਸ ਚੰਦ ਨੇ ਦਾਖਲਾ ਮੁਹਿੰਮ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਵੀਰ ਸਿੰਘ ਤੇ ਬਲਬੀਰ ਸਿੰਘ(ਦੋਵੇਂ ਕਲਰਕ) ਸਰਬਜੀਤ ਕੌਰ ਮੁੱਖ ਅਧਿਆਪਕਾ ਸਰਕਾਰੀ ਪ੍ਰਾਇਮਰੀ ਸਕੂਲ ਸੈਦਪੁਰ ਝਿੜੀ, ਬਲਬੀਰ ਕੌਰ ਤੇ ਨਰੇਸ ਕੁਮਾਰ (ਦੋਵੇਂ ਅਧਿਆਪਕ), ਮਿਨਾਕਸ਼ੀ ਅਰੋੜਾ ਡਾਟਾ ਐਂਟਰੀ ਅਪਰੇਟਰ, ਅਸ਼ੀਸ਼ ਕੁਮਾਰ ਅਤੇ ਚਰਨਜੀਤ ਸਿੰਘ ਹਾਜ਼ਰ ਸਨ।

## ਇਨੋਸੈਂਟ ਹਾਰਟਸ 'ਚ ਮਨਾਈ ਬਸੰਤ ਪੰਚਮੀ



**ਜਲੰਧਰ (ਸ਼ੈਲੀ ਐਲਬਰਟ)**-ਇਨੋਸੈਂਟ ਹਾਰਟਸ ਸਕੂਲ (ਗਰੀਨ ਮਾਡਲ ਟਾਊਨ, ਲੋਹਾਰਾਂ, ਨੂਰਪੁਰ ਰੋਡ, ਛਾਉਣੀ ਜੰਡਿਆਲਾ ਰੋਡ ਅਤੇ ਕਪੂਰਥਲਾ ਰੋਡ), ਇਨੋਸੈਂਟ ਹਾਰਟਸ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਲੋਹਾਰਾਂ ਅਤੇ ਇਨੋਸੈਂਟ ਹਾਰਟਸ ਕਾਲਜ ਆਫ਼ ਐਜੂਕੇਸ਼ਨ ਵਿਖੇ ਬਸੰਤ ਪੰਚਮੀ ਦਾ ਤਿਉਹਾਰ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਸੰਗੀਤ, ਗਿਆਨ ਅਤੇ ਕਲਾ ਦੀ ਦੇਵੀ ਸਰਸਵਤੀ ਦੀ ਪੂਜਾ ਨਾਲ ਹੋਈ। ਅਧਿਆਪਕਾਂ ਅਤੇ ਬੱਚਿਆਂ ਵੱਲੋਂ ਮਾਂ ਸਰਸਵਤੀ ਨੂੰ ਫੁੱਲ ਭੇਟ ਕੀਤੇ ਗਏ।ਕਲਾਸਾਂ ਵਿੱਚ ਅਧਿਆਪਕਾਂ ਨੇ ਬੱਚਿਆਂ ਨੂੰ ਬਸੰਤ ਪੰਚਮੀ ਦੀ ਮਹੱਤਤਾ ਬਾਰੇ ਦੱਸਿਆ। ਉਨ੍ਹਾਂ ਨੇ ਕਿਹਾ ਕਿ ਮਾਂ ਸਰਸਵਤੀ ਦੀ ਪੂਜਾ ਕਰਨ ਨਾਲ ਮਨ ਸ਼ੁੱਧ ਹੁੰਦਾ ਹੈ ਅਤੇ ਸਕਾਰਾਤਮਕ ਸੋਚ ਦਾ ਵਿਕਾਸ ਹੁੰਦਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਬਸੰਤ ਦੀ ਆਮਦ ਨਾਲ ਹੀ ਪਤਝੜ ਦਾ ਅੰਤ ਹੋ ਜਾਂਦਾ ਹੈ ਅਤੇ ਇਸ ਤਰ੍ਹਾਂ ਮੌਸਮ ਵਿੱਚ ਤਬਦੀਲੀ ਆਉਂਦੀ ਹੈ। ਪ੍ਰੋਗਰਾਮ ਦੀ ਸ਼ੁਰੂਆਤ ਰਸਮੀ 'ਹਵਨ' ਨਾਲ ਹੋਈ, ਜੋ ਕਿ ਪਵਿੱਤਰਤਾ ਅਤੇ ਸ਼ੁੱਭ ਆਰੰਭ ਦਾ ਪ੍ਰਤੀਕ ਹੈ। ਇਸ ਤਿਉਹਾਰ ਨਾਲ ਜੁੜੀ ਖੁਸ਼ੀ ਅਤੇ ਉਤਸ਼ਾਹ ਦਾ ਪ੍ਰਤੀਕ ਬਣ ਕੇ ਰੰਗ-ਬਿਰੰਗੀਆਂ ਪਤੰਗਾਂ ਨਾਲ ਅਸਮਾਨ ਭਰਿਆ ਹੋਇਆ ਸੀ।ਇਸ ਮੌਕੇ ਪਤੰਗ ਉਡਾਉਣ ਅਤੇ ਲੋਕ-ਗੀਤ ਦੀਆਂ ਗਤੀਵਿਧੀਆਂ ਕਰਵਾਈਆਂ ਗਈਆਂ।

## 'ਇੱਕ ਸੱਚੇ ਕਾਮਰੇਡ ਦਾ ਇਕਲਾਪਾ' 'ਤੇ ਵਿਚਾਰ-ਚਰਚਾ ਭਲਕੇ

**ਜਲੰਧਰ (ਕੇਸਰ)**-ਜਮਹੂਰੀ ਅਧਿਕਾਰ ਸਭਾ ਪੰਜਾਬ ਇਕਾਈ ਜਲੰਧਰ ਵਲੋਂ ਡਾ. ਜਗਵਿੰਦਰ ਜੋਧਾ ਵੱਲੋਂ ਸੰਪਾਦਕ ਬਲਬੀਰ ਪਰਵਾਨਾ ਦੀਆਂ ਕਮਿਊਨਿਸਟ ਲਹਿਰ ਬਾਰੇ ਕਹਾਣੀਆਂ ਦੀ ਪੁਸਤਕ 'ਇੱਕ ਸੱਚੇ ਕਾਮਰੇਡ ਦਾ ਇਕਲਾਪਾ' 'ਤੇ 18 ਫਰਵਰੀ ਸਵੇਰੇ 11 ਵਜੇ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਆਯੋਜਿਤ ਕੀਤੀ ਜਾ ਰਹੀ ਹੈ। ਇਸ ਵਿਚਾਰ ਚਰਚਾ ਵਿਚ ਹਰਵਿੰਦਰ ਭੰਡਾਲ ਆਪਣਾ ਪੇਪਰ ਪੇਸ਼ ਕਰਨਗੇ। ਬਲਬੀਰ ਪਰਵਾਨਾ ਸਕੂਲੀ ਦਿਨਾਂ ਤੋਂ ਕਮਿਊਨਿਸਟ ਲਹਿਰ ਨਾਲ ਜੁੜਿਆ ਹੋਇਆ ਹੈ। ਉਹ ਪਹਿਲਾਂ ਇਸ ਲਹਿਰ ਦੇ ਜਥੇਬੰਦਕ ਤਾਣੇ-ਬਾਣੇ ਨਾਲ ਜੁੜਿਆ ਤੇ ਫਿਰ ਸਿਧਾਂਤ/ਚਿੰਤਨ ਨਾਲ। ਬਲਬੀਰ ਪਰਵਾਨਾ ਪੰਜਾਬੀ ਨਾਵਲ ਤੇ ਕਹਾਣੀ ਦਾ ਵੱਖਰਾ ਰਚੇਤਾ ਹੈ। ਉਸ ਦੀ ਵੱਖਰਤਾ ਸਮਾਜ ਬਾਰੇ ਉਸ ਦੀ ਨੀਝ ਤੇ ਵਿਚਾਰਧਾਰਕ ਪੈਂਤੜੇ ਵਿਚ ਪਈ ਹੈ। ਖਾਸ ਤੌਰ 'ਤੇ ਉਸ ਨੇ ਪੰਜਾਬ ਦੀ ਕਮਿਊਨਿਸਟ ਲਹਿਰ ਦੇ ਉਭਾਰ, ਸਿਖਰ ਤੇ ਨਿਵਾਣ ਨੂੰ ਅੱਖੀਂ ਵੇਖਿਆ ਹੈ। ਉਹ ਇਸ ਲਹਿਰ ਦੇ ਇਤਿਹਾਸ ਦਾ ਲੇਖਕ ਹੈ। ਲੇਖਕ ਵੀ ਉਹ ਜੋ ਲਹਿਰ ਨੂੰ ਵਡਿਆ ਕੇ ਨਹੀਂ ਲਿਖਦਾ, ਬਲਕਿ ਲਹਿਰ ਦੀਆਂ ਊਣਤਾਈਆਂ ਤੇ ਵਿਰੋਧਤਾਵਾਂ ਦੀ ਆਲੋਚਨਾ ਕਰਦਾ ਹੈ। ਓਪਰੀ ਨਜ਼ਰੇ ਕਈ ਸਰਗਰਮ ਕਾਮਰੇਡ ਪਰਵਾਨਾ ਦੀ ਗਲਪ-ਲੇਖਣੀ ਨੂੰ ਖੱਬੀ ਲਹਿਰ ਵਿਰੋਧੀ ਕਹਿ ਦਿੰਦੇ ਹਨ। ਪਰਵਾਨਾ ਦੀ ਲਹਿਰ ਪ੍ਰਤੀ ਹਮਾਇਤ ਇਸੇ ਗੱਲ ਵਿਚੋਂ ਪਛਾਣੀ ਜਾ ਸਕਦੀ ਹੈ ਕਿ ਉਹ ਸਮੁੱਚੇ ਪ੍ਰਬੰਧ ਵਿਚ ਵਿੱਢ ਪਾਉਣ ਵਾਲੀ ਇਸ ਵਿਰੋਧੀ ਵਿਚਾਰਧਾਰਾ ਦੀਆਂ ਵਿਸੰਗਤੀਆਂ ਦੀ ਆਲੋਚਨਾ ਆਪਣੀਆਂ ਲਿਖਤਾਂ ਵਿੱਚ ਕਰਦਾ ਹੈ।

## ਸੀ ਟੀ ਗਰੁੱਪ ਤੇ ਡੀ ਸੀ ਦਫਤਰ ਨੌਜਵਾਨਾਂ ਦੇ ਮਾਰਗਾਂ ਨੂੰ ਰੋਸ਼ਨ ਕਰਨ ਲਈ ਇਕਜੁੱਟ

**ਜਲੰਧਰ (ਸ਼ੈਲੀ ਐਲਬਰਟ)**

ਸੀਟੀ ਗਰੁੱਪ ਨੇ ਡਿਪਟੀ ਕਮਿਸ਼ਨਰ ਦਫ਼ਤਰ ਦੇ ਸਹਿਯੋਗ ਨਾਲ ਅਗਨੀਵੀਰ ਵਜੋਂ ਭਾਰਤੀ ਫੌਜ 'ਚ ਸ਼ਾਮਲ ਹੋਣ ਦੀਆਂ ਸੰਭਾਵਨਾਵਾਂ ਵਿਸ਼ੇ 'ਤੇ ਇੱਕ ਸੈਮੀਨਾਰ ਦਾ ਆਯੋਜਨ ਕੀਤਾ। ਇਸ ਸਮਾਗਮ ਦਾ ਉਦੇਸ਼ ਨੌਜਵਾਨਾਂ ਨੂੰ ਭਾਰਤੀ ਫੌਜ ਵਿੱਚ ਕੈਰੀਅਰ ਦੇ ਮੌਕਿਆਂ ਬਾਰੇ ਜਾਗਰੂਕ ਕਰਨਾ ਅਤੇ ਪ੍ਰੇਰਿਤ ਕਰਨਾ ਸੀ। ਸੈਮੀਨਾਰ ਵਿੱਚ ਵਿਸ਼ੇਸ਼ ਬੁਲਾਰੇ ਸ਼ਾਮਲ ਹੋਏ ਜਿਨ੍ਹਾਂ ਨੇ ਭਾਰਤੀ ਫੌਜ ਵਿੱਚ ਭਰਤੀ ਪ੍ਰਕਿਰਿਆ ਅਤੇ ਕਰੀਅਰ ਦੀਆਂ ਸੰਭਾਵਨਾਵਾਂ ਬਾਰੇ ਕੀਮਤੀ ਜਾਣਕਾਰੀ ਪ੍ਰਦਾਨ ਕੀਤੀ। ਬੁਲਾਰਿਆਂ ਵਿੱਚ ਕਰਨਲ ਜੈਵੀਰ ਸਿੰਘ, ਡਾਇਰੈਕਟਰ ਰਿਕਰੂਟਿੰਗ, ਏ.ਆਰ.ਓ ਜਲੰਧਰ ਸ਼ਾਮਲ ਸਨ, ਜਿਨ੍ਹਾਂ ਨੇ ਭਾਰਤੀ ਫੌਜ ਵਿੱਚ ਭਰਤੀ ਪ੍ਰਕਿਰਿਆਵਾਂ ਅਤੇ ਕਰੀਅਰ ਦੇ ਮਾਰਗਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਮੇਜਰ ਡਾ. ਅਗਨੀਵੀਰ ਅਤੇ ਸੰਗਠਨ ਦੇ ਅੰਦਰ ਨਿੱਜੀ ਅਤੇ ਪੇਸ਼ੇਵਰ ਵਿਕਾਸ ਦੇ ਮੌਕਿਆਂ ਬਾਰੇ ਜਾਣਕਾਰੀ ਦਿੱਤੀ। ਰੋਜ਼ਗਾਰ ਦਫ਼ਤਰ ਜਲੰਧਰ ਤੋਂ ਐੱਸ. ਗੁਰਮੇਲ ਸਿੰਘ, ਡਿਪਟੀ ਡਾਇਰੈਕਟਰ, ਜ਼ਿਲ੍ਹਾ ਰੋਜ਼ਗਾਰ ਜਨਰੇਸ਼ਨ, ਹੁਨਰ ਵਿਕਾਸ ਅਤੇ ਸਿਖਲਾਈ ਬਿਊਰੋ, ਜਲੰਧਰ ਨੇ ਹੁਨਰ ਵਿਕਾਸ ਅਤੇ ਨੌਜਵਾਨਾਂ ਲਈ ਉਪਲਬਧ ਰੁਜ਼ਗਾਰ ਦੇ ਮੌਕਿਆਂ ਦੀ ਮਹੱਤਤਾ ਬਾਰੇ ਚਾਨਣਾ ਪਾਇਆ। ਨਵਦੀਪ ਸਿੰਘ, ਡਿਪਟੀ ਸੀ ਈ ਓ, ਜ਼ਿਲ੍ਹਾ ਰੋਜ਼ਗਾਰ ਅਤੇ ਉੱਦਮ ਬਿਊਰੋ ਜਲੰਧਰ ਨੇ ਚਾਹਵਾਨ ਵਿਅਕਤੀਆਂ ਲਈ ਨੌਕਰੀ ਦੀ ਪਲੇਸਮੈਂਟ ਅਤੇ ਕਰੀਅਰ ਮਾਰਗਦਰਸ਼ਨ ਦੀ ਸਹੂਲਤ ਲਈ ਰੁਜ਼ਗਾਰ ਦਫ਼ਤਰ ਦੀ ਭੂਮਿਕਾ ਤੇ ਜ਼ੋਰ ਦਿੱਤਾ। ਸੀਟੀ ਗਰੁੱਪ ਦੇ ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ ਨੇ ਸੈਮੀਨਾਰ ਲਈ ਆਪਣੇ ਉਤਸ਼ਾਹ ਦਾ ਪ੍ਰਗਟਾਵਾ ਕਰਦੇ ਹੋਏ ਕਿਹਾ, ਸਾਨੂੰ ਇਸ ਸੈਮੀਨਾਰ ਦੀ ਮੇਜ਼ਬਾਨੀ ਲਈ ਡੀ ਸੀ ਦਫ਼ਤਰ ਨਾਲ ਮਿਲ ਕੇ ਬਹੁਤ ਖੁਸ਼ੀ ਹੋ ਰਹੀ ਹੈ, ਜਿਸ ਨਾਲ ਸਾਡੇ ਵਿਦਿਆਰਥੀਆਂ ਨੂੰ ਭਾਰਤੀ ਫੌਜ ਵਿੱਚ ਭਰਤੀ ਹੋਣ ਦੀਆਂ ਸੰਭਾਵਨਾਵਾਂ ਬਾਰੇ ਕੀਮਤੀ ਜਾਣਕਾਰੀ ਮਿਲਦੀ ਹੈ।



## ਬਾਬਾ ਲਖਮੀ ਦਾਸ ਦੇ ਜਨਮ ਦਿਹਾੜੇ ਮੌਕੇ ਪ੍ਰਮੁੱਖ ਸ਼ਖਸੀਅਤਾਂ ਦਾ ਸਨਮਾਨ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**

ਕਸਬਾ ਡੇਰਾ ਬਾਬਾ ਨਾਨਕ ਦੇ ਦਸ ਡੋਗਰਾ ਮਾਰਗ ਵਿਖੇ ਸਥਿਤ ਗੁਰਦੁਆਰਾ ਬਾਬਾ ਸ੍ਰੀ ਚੰਦ ਜੀ ਵਿਖੇ ਉੱਘੇ ਸਮਾਜ ਸੇਵੀ ਤੇ ਬਾਬਾ ਸ੍ਰੀ ਚੰਦ ਚੈਰੀਟੇਬਲ ਟਰੱਸਟ ਦੇ ਚੇਅਰਮੈਨ ਐੱਨ. ਆਰ. ਆਈ. ਬਾਬਾ ਰਜਿੰਦਰ ਸਿੰਘ ਬੇਦੀ ਵੱਲੋਂ ਬਸੰਤ ਪੰਚਮੀ ਮੌਕੇ ਬਾਬਾ ਲਖਮੀ ਦਾਸ ਦਾ ਜਨਮ ਦਿਹਾੜਾ ਬੜੀ ਸ਼ਰਧਾ ਤੇ ਧੂਮ-ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਇਲਾਕੇ ਦੀਆ ਸੰਗਤਾਂ ਨੇ ਵੱਡੀ ਗਿਣਤੀ 'ਚ ਹਾਜ਼ਰੀ ਭਰੀ ਤੇ ਬਾਬਾ ਜੀ ਦਾ ਅਸ਼ੀਰਵਾਦ ਲਿਆ। ਇਸ ਮੌਕੇ ਟਰੱਸਟ ਦੇ ਚੇਅਰਮੈਨ ਬਾਬਾ ਰਜਿੰਦਰ ਸਿੰਘ ਬੇਦੀ ਵੱਲੋਂ ਬਾਬਾ ਸੁਖਦੇਵ ਸਿੰਘ ਬੇਦੀ ਸ੍ਰੀ ਚੋਲਾ ਸਾਹਿਬ ਵਾਲੇ, ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਗੁਰਦੀਪ ਸਿੰਘ ਰੰਧਾਵਾ, ਬਾਬਾ ਸੁਖਵਿੰਦਰ ਸਿੰਘ ਅਗਵਾਨ, ਕਿਸਾਨ ਆਗੂ ਕੰਵਲਜੀਤ ਸਿੰਘ ਖ਼ੁਸ਼ਹਾਲਪੁਰ, ਬਾਬਾ ਕੁਲਦੀਪ ਸਿੰਘ ਬੇਦੀ, ਪ੍ਰਿੰ. ਬਿਕਰਮਜੀਤ ਸਿੰਘ ਚਾਹਲ, ਬਾਬਾ ਬਿਸ਼ਨ ਸਿੰਘ ਪੱਪੂ ਕਾਰ ਸੇਵਾ ਖਡੂਰ ਸਾਹਿਬ ਵਾਲੇ, ਡਾ. ਤਰਲੋਚਨ ਸਿੰਘ ਸੋਖੀ ਸਮੇਤ ਵੱਖ-ਵੱਖ ਸ਼ਖਸੀਅਤਾ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰਪਾਉ ਸਾਹਿਬ ਤੇ ਦੁਸ਼ਾਲੇ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ। ਇਸ ਮੌਕੇ ਜਸਬੀਰ ਸਿੰਘ ਬਟਾਲਾ, ਨਿਰਮਲ ਸਿੰਘ ਹਰੂਵਾਲ, ਸੁੱਚਾ ਸਿੰਘ ਸੈਕਟਰੀ, ਬਰਜਿੰਦਰ ਸਿੰਘ ਬਾਜਵਾ ਸਰਪੰਚ ਸ਼ਿਕਾਰ, ਬੇਅੰਤ ਸਿੰਘ ਰਿਖੀਆਂ ਐੱਸਈਪੀਓ, ਜੋਗਿੰਦਰ ਸਿੰਘ ਸਾਬਕਾ ਪੰਚਾਇਤ ਅਫਸਰ, ਸਤਬੀਰ ਸਿੰਘ ਬਿੱਟੂ, ਚਰਨਜੀਤ ਸਿੰਘ ਬੇਦੀ, ਅਰਜੁਨ ਦੇਵ ਸੈਕਟਰੀ, ਹਰਜਿੰਦਰ ਸਿੰਘ, ਭੁਪਿੰਦਰ ਸਿੰਘ ਸ਼ਾਹਪੁਰ, ਬਿੱਟਾ ਚੰਦੂਨੰਗਲ, ਦਿਲਬਾਗ ਸਿੰਘ ਮੰਗੀਆਂ, ਡਾ. ਮੰਗਲ ਸਿੰਘ, ਪਰਮਜੀਤ ਸਿੰਘ ਸਾਬੀ ਡੇਰਾ, ਮਨਮੋਹਨ ਸਿੰਘ, ਰਾਣਾ ਸ਼ਾਹਪੁਰ, ਮਾਸਟਰ ਪਲਵਿੰਦਰ ਸਿੰਘ ਰੰਧਾਵਾ, ਸੂਬਾ ਸਿੰਘ, ਬੱਬੂ ਡਰਾਈਵਰ, ਕੈਂਪਸ ਮੈਨੇਜਰ ਬਿਸ਼ਨ ਦਾਸ, ਬਲਜਿੰਦਰ ਸਿੰਘ, ਰਮੇਸ਼ ਅਵੱਸਥੀ, ਤਰਸੇਮ ਸਿੰਘ, ਰਣਧੀਰ ਸਿੰਘ, ਮੈਨੇਜਰ ਬਲਜੀਤ ਸਿੰਘ, ਕਮਲ ਕੁਮਾਰ ਗੈਦ, ਸ਼ਾਮ ਗੈਦ ਅਤੇ ਜੋਗਿੰਦਰ ਸਿੰਘ ਪਾਂਡੀ ਆਦਿ ਹਾਜ਼ਰ ਸਨ।

## ਐਲ ਪੀ ਯੂ ਵੱਲੋਂ ਪੁਲਵਾਮਾ ਹਮਲੇ ਦੀ ਬਰਸੀ ਤੇ ਸੀ ਆਰ ਪੀ ਐਫ ਦੇ ਸ਼ਹੀਦ ਜਵਾਨਾਂ ਨੂੰ ਸ਼ਰਧਾਂਜਲੀ ਭੇਟ



**ਜਲੰਧਰ (ਸ਼ੈਲੀ ਐਲਬਰਟ)**- ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ) ਦੇ ਚੋਟੀ ਦੇ ਪ੍ਰਬੰਧਨ, ਅਧਿਕਾਰੀਆਂ, ਪ੍ਰਸ਼ਾਸਕਾਂ, ਵਿਦਿਆਰਥੀਆਂ ਅਤੇ ਸਟਾਫ ਮੈਂਬਰਾਂ ਅਤੇ ਸਾਰੇ ਐਨ ਸੀ ਸੀ ਕੈਡਿਟਾਂ ਨੇ ਪੁਲਵਾਮਾ ਹਮਲੇ ਦੀ ਵਰ੍ਹੇਗੰਢ ਤੇ ਸੀ ਆਰ ਪੀ ਐਫ ਦੇ ਸ਼ਹੀਦ ਜਵਾਨਾਂ ਨੂੰ ਸ਼ਰਧਾਂਜਲੀ ਭੇਟ ਕੀਤੀ। 14 ਫਰਵਰੀ, 2019 ਨੂੰ, ਜੰਮੂ-ਕਸ਼ਮੀਰ ਦੇ ਪੁਲਵਾਮਾ ਦੇ ਲੈਥਪੋਰਾ ਖੇਤਰ ਵਿੱਚ ਜਵਾਨਾਂ ਨੂੰ ਲੈ ਕੇ ਜਾ ਰਹੀ ਇੱਕ ਬੱਸ ਤੇ ਹੋਏ ਘਾਤਕ ਹਮਲੇ ਵਿੱਚ 40 ਸੀ ਆਰ ਪੀ ਐਫ ਜਵਾਨਾਂ ਨੇ ਆਪਣੀ ਜਾਨ ਕੁਰਬਾਨ ਕਰ ਦਿੱਤੀ ਸੀ। ਇਕੱਠ ਨੇ ਡੂੰਘੀ ਮੌਨ ਧਾਰੀ ਅਤੇ ਮੋਮਬੱਤੀਆਂ ਜਗਾ ਕੇ ਬਹਾਦਰਾਂ ਨੂੰ ਸ਼ਰਧਾਂਜਲੀ ਭੇਟ ਕੀਤੀ।

## ਕਿਸਾਨਾਂ ਨੂੰ ਜਬਰੀ ਰੋਕਣ ਦੀ ਥਾਂ ਮਸਲੇ ਹੱਲ ਕਰੇ ਕੇਂਦਰ : ਲਛਮਣ ਸਿੰਘ, ਰਾਜਿੰਦਰ ਮਾਰਸ਼ਲਾਂ

**ਟਾਂਡਾ ਉੜਮੁੜ (ਉਂਕਾਰ ਸਿੰਘ, ਜਸਵਿੰਦਰ ਸੰਧੂ)**

ਕਿਸਾਨਾਂ ਦੀਆਂ ਹੱਕੀ ਮੰਗਾਂ ਪ੍ਰਵਾਨ ਨਾ ਕਰਨ ਕਾਰਨ ਅਤੇ ਟਾਲਮ ਟੋਲ ਦੀ ਨੀਤੀ ਅਪਣਾਉਣ ਕਾਰਨ ਮਜਬੂਰ ਹੋ ਕੇ ਕਿਸਾਨਾਂ ਨੂੰ ਸੰਘਰਸ਼ ਦੀ ਰਾਹ 'ਤੇ ਤੁਰਨਾ ਪਿਆ। ਕਿਸਾਨ ਆਪਣੀਆਂ ਮੰਗਾਂ ਲੈ ਕੇ ਹੀ ਕੁੰਭ ਕਰਨੀ ਨੀਂਦੇ ਸੁੱਤੀ ਪਈ ਕੇਂਦਰ ਸਰਕਾਰ ਨੂੰ ਜਗਾਉਣ ਲਈ ਦਿੱਲੀ ਜਾ ਰਹੇ ਸਨ, ਪਰ ਹਰਿਆਣਾ ਦੀ ਭਾਜਪਾ ਸਰਕਾਰ ਨੇ ਨਾਦਿਰ-ਸਾਹੀ ਹੁਕਮ ਜਾਰੀ ਕਰਕੇ ਕਿਸਾਨਾਂ ਨੂੰ ਸ਼ੰਭੂ ਬਾਰਡਰ 'ਤੇ ਹੀ ਰੋਕ ਲਿਆ। ਕਿਸਾਨਾਂ ਦੇ ਇਸ ਸੰਘਰਸ਼ 'ਚ ਆਪ ਦੀ ਸਰਕਾਰ ਅਤੇ ਆਮ ਆਦਮੀ ਪਾਰਟੀ ਦਾ ਹਰ ਵਰਕਰ ਕਿਸਾਨਾਂ ਦੇ ਇਸ ਸੰਘਰਸ਼ 'ਚ ਪੂਰੀ ਤਨਦੇਹੀ ਨਾਲ ਕਿਸਾਨਾਂ ਦਾ ਸਾਥ ਦੇਵੇਗਾ। ਉਪਰੋਕਤ ਵਿਚਾਰਾਂ ਦਾ ਪ੍ਰਗਟਾਵਾ ਟਾਂਡਾ ਵਿਖੇ ਆਮ ਆਦਮੀ ਪਾਰਟੀ ਦੇ ਵਰਕਰਾਂ ਦੀ ਇੱਕ ਮੀਟਿੰਗ 'ਚ ਸ਼ਾਮਲ ਇਕੱਠ ਨੂੰ ਸੰਬੋਧਨ ਕਰਦੇ ਹੋਏ ਆਪ ਦੇ ਉੱਘੇ ਨੇਤਾ ਮਾਸਟਰ ਲਸ਼ਮਣ ਸਿੰਘ, ਰਜਿੰਦਰ ਮਾਰਸ਼ਲ ਅਤੇ ਸਚਿਨਪੁਰੀ ਨੇ ਸਾਂਝੇ ਰੂਪ 'ਚ ਕਿਹਾ ਕਿ ਆਮ ਆਦਮੀ ਪਾਰਟੀ ਜਦੋਂ ਤੋਂ ਹੋਂਦ 'ਚ ਆਈ ਹੈ ਉਦੋਂ ਤੋਂ ਹੀ ਕਿਸਾਨਾਂ ਤੇ ਮਜ਼ਦੂਰਾਂ ਦੇ ਹੱਕ 'ਚ ਆਵਾਜ਼ ਬੁਲੰਦ ਕਰਦੀ ਆ ਰਹੀ ਹੈ ਤੇ ਹਮੇਸ਼ਾ ਕਰਦੀ ਰਹੇਗੀ। ਉਨ੍ਹਾਂ ਕਿਹਾ ਕਿ ਸ਼ੰਭੂ ਬਾਰਡਰ 'ਤੇ ਹਰਿਆਣਾ ਸਰਕਾਰ ਵੱਲੋਂ ਜਿਸ ਤਰ੍ਹਾਂ ਤਸ਼ੱਦਦ ਕੀਤਾ ਗਿਆ ਹੈ ਉਹ ਨਿੰਦਣਯੋਗ ਹੈ। ਉਨ੍ਹਾਂ ਕਿਹਾ ਕਿ ਕਿਸਾਨ ਵੀ ਭਾਰਤ ਦੇ ਨਿਵਾਸੀ ਹਨ ਕੋਈ ਪਾਕਿਸਤਾਨੀ ਜਾਂ ਅੱਤਵਾਦੀ ਨਹੀਂ ਹਨ, ਇਨ੍ਹਾਂ ਨਾਲ ਧੱਕੇਸਾਹੀ ਕਰਨ ਦੀ ਬਜਾਏ ਇਨ੍ਹਾਂ ਦੀ ਮੰਗਾਂ ਪ੍ਰਵਾਨ ਕਰਕੇ ਇਨ੍ਹਾਂ ਦੇ ਮਸਲੇ ਹੱਲ ਕਰਨੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਜੇਕਰ ਕੇਂਦਰ ਦੀ ਭਾਜਪਾ ਸਰਕਾਰ ਨੇ ਕਿਸਾਨਾਂ ਦੀਆਂ ਸਾਰੀਆਂ ਜਾਇਜ ਮੰਗਾਂ ਜਲਦ ਪ੍ਰਵਾਨ ਨਾ ਕੀਤੀਆਂ ਤਾਂ ਇਸ ਦੇ ਸਿੱਟੇ ਗੰਭੀਰ ਨਿਕਲ ਸਕਦੇ ਹਨ।



## ਸੈਕਟਰ 69 'ਚ ਮੁਢਲੇ ਸਿਹਤ ਕੇਂਦਰ ਦੀ ਉਸਾਰੀ ਦਾ ਕੰਮ ਅੱਧਵਾਟੇ ਰੁਕਣ ਕਾਰਨ ਇਲਾਕਾ ਵਾਸੀ ਪ੍ਰੇਸ਼ਾਨ

**ਮੋਹਾਲੀ, (ਗੁਰਜੀਤ ਬਿੱਲਾ)**-ਸ਼ਹਿਰ ਦੇ ਸੈਕਟਰ 69 'ਚ ਬਣ ਰਹੇ ਅਰਬਨ ਪ੍ਰਾਇਮਰੀ ਹੈਲਥ ਸੈਂਟਰ ਦੀ ਉਸਾਰੀ ਅੱਧਵਾਟੇ ਰੁਕ ਜਾਣ ਕਾਰਨ ਇਲਾਕਾ ਨਿਵਾਸੀ ਡਾਢੇ ਪ੍ਰੇਸ਼ਾਨ ਹਨ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਏਰੀਆ ਕੌਂਸਲਰ ਕੁਲਦੀਪ ਕੌਰ ਧਨੋਆ ਨੇ ਦੱਸਿਆ ਕਿ ਦਸੰਬਰ 2021 'ਚ ਸਿਹਤ ਕੇਂਦਰ ਦੀ ਉਸਾਰੀ ਜ਼ੋਰ-ਸ਼ੋਰ ਨਾਲ ਸ਼ੁਰੂ ਹੋਈ ਸੀ ਤੇ ਇਲਾਕਾ ਵਾਸੀਆਂ ਨੂੰ ਘਰ ਦੇ ਲਾਗੇ ਹੀ ਸਸਤੀਆਂ ਤੇ ਮਿਆਰੀ ਸਿਹਤ ਸਹੂਲਤਾਂ ਮਿਲਣ ਦੀ ਆਸ ਬੱਝੀ ਸੀ, ਪਰ ਜੂਨ 2022 ਵਿਚ ਅਚਾਨਕ ਉਸਾਰੀ ਬੰਦ ਕਰ ਦਿਤੀ ਗਈ ਹੈ। ਧਨੋਆ ਨੇ ਕਿਹਾ ਕਿ ਜਿਵੇਂ ਕਿ ਪੰਜਾਬ ਸਰਕਾਰ ਸੂਬੇ ਵਿਚ ਸਿਹਤ ਸਹੂਲਤਾ ਪ੍ਰਤੀ ਪੂਰੀ ਤਨਦੇਹੀ ਨਾਲ ਕੰਮ ਕਰ ਰਹੀ ਹੈ। ਅਪੀਲ ਹੈ ਕਿ ਉਸੇ ਜਜ਼ਬੇ ਨਾਲ 69 ਸੈਕਟਰ ਵਾਲੇ ਹੈਲਥ ਸੈਂਟਰ ਨੂੰ ਵੀ ਚਾਲੂ ਕਰਵਾਏ। ਵਰਨਣਯੋਗ ਹੈ ਕਿ ਇਸ ਮੱਦੇ ਨੂੰ ਹਲਕਾ ਵਿਧਾਇਕ ਮਾਣਯੋਗ ਕੁਲਵੰਤ ਸਿੰਘ ਵੀ ਸਰਕਾਰ ਕੋਲ ਉਠਾ ਚੁੱਕੇ ਹਨ ਪਰ ਡਿਸਪੈਂਸਰੀ ਦਾ ਕੰਮ ਕਿਸੇ ਕਾਰਣ ਸ਼ੁਰੂ ਨਹੀਂ ਹੋ ਸਕਿਆ। ਜਿਸ ਕਾਰਨ ਇਲਾਕਾ ਵਾਸੀਆਂ ਦੀਆਂ ਉਮੀਦਾਂ ਨੂੰ ਵੱਡਾ ਝਟਕਾ ਲੱਗਾ ਹੈ। ਉਥੇ ਹੁਣ ਇਮਾਰਤ 'ਚ ਝਾੜੀਆਂ-ਕੂੜਾ ਕਬਾੜ ਆਦਿ ਪੈਦਾ ਹੋਣ ਨਾਲ ਮੁਸੀਬਤ ਖੜੀ ਹੋ ਗਈ ਹੈ। ਸਰਕਾਰ ਦੀ ਅਣਦੇਖੀ ਕਾਰਨ ਇਹ ਅਧੂਰੀ ਇਮਾਰਤ ਹੁਣ ਗੈਰ ਸਮਾਜੀ ਅਨਸਰ, ਨਸ਼ੇੜੀਆਂ, ਆਵਾਰਾ ਪਸ਼ੂਆਂ, ਕੁੱਤਿਆਂ ਅਤੇ ਜਹਿਰੀਲੇ ਜਾਨਵਰਾਂ ਦਾ ਅੱਡਾ ਬਣ ਗਈ ਹੈ। ਉਨ੍ਹਾਂ ਕਿਹਾ ਕਿ ਇਹ ਕੇਂਦਰ ਬਣਨ ਨਾਲ ਸੈਕਟਰ 66 ਤੋਂ ਲੈ ਕੇ ਸੈਕਟਰ 69 ਤੱਕ ਦੇ ਲਗਭਗ 20 ਹਜ਼ਾਰ ਵਾਸੀਆਂ ਨੂੰ ਫ਼ਾਇਦਾ ਹੋਣਾ ਸੀ ਪਰ ਹਾਲੇ ਤਕ ਅਜਿਹਾ ਨਹੀਂ ਹੋ ਸਕਿਆ। ਸ੍ਰੀ ਧਨੋਆ ਨੇ ਫਿਰ ਤੋ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਪੱਤਰ ਭੇਜ ਕੇ ਮੰਗ ਕੀਤੀ ਕਿ ਇਲਾਕਾ ਵਾਸੀਆਂ ਦੀ ਪ੍ਰੇਸ਼ਾਨੀ ਨੂੰ ਵੇਖਦਿਆਂ ਸੈਕਟਰ 69 'ਚ ਅਰਬਨ ਪ੍ਰਾਇਮਰੀ ਹੈਲਥ ਸੈਂਟਰ ਦੀ ਉਸਾਰੀ ਮੁੜ ਸ਼ੁਰੂ ਕਰਵਾਈ ਜਾਵੇ। ਇਸ ਮੌਕੇ ਹਾਜ਼ਰ ਸਨ ਅਵਤਾਰ ਸਿੰਘ ਪ੍ਰਧਾਨ ਰੈਜੀਡੈਂਟਸ ਵੈਲਫੇਅਰ ਸੁਸਾਇਟੀ, ਕਰਮ ਸਿੰਘ ਮਾਵੀ-ਜਨਰਲ ਸਕੱਤਰ, ਕਰਨਲ ਫਤਿਹ ਸਿੰਘ ਵਿਰਕ, ਰਣਜੀਤ ਸਿੰਘ ਸਿਧੂ, ਕੈਪਟਨ ਮੱਖਣ ਸਿੰਘ, ਰਾਜਬੀਰ ਸਿੰਘ, ਜਸਵੀਰ ਸਿੰਘ, ਸੁਖਵੰਤ ਸਿੰਘ ਬਾਠ, ਕਿਰਪਾਲ ਸਿੰਘ ਲਿਬੜਾ, ਵਾਈ ਕੇ ਕੌਸਲ, ਹਰਜੀਤ ਸਿੰਘ ਗਿਲ, ਹਰਮੀਤ ਸਿੰਘ, ਸੁਰਿੰਦਰਜੀਤ ਸਿੰਘ, ਰੌਸ਼ਨ ਲਾਲ ਚੋਪੜਾ, ਮਲਕੀਤ ਸਿੰਘ ਜੁੱਡੋ ਕੋਚ, ਨਿਰੰਜਣ ਸਿੰਘ, ਜੈ ਪਾਲ ਗੁਪਤਾ, ਬਲਵਿੰਦਰ ਸਿੰਘ ਮੰਡੇਰ ਆਦਿ ਹਾਜ਼ਰ ਸਨ।

## ਰਾਮਗੜ੍ਹੀਆ ਕਾਲਜ ਆਫ ਐਜੂਕੈਸ਼ਨ ਫਗਵਾੜਾ ਤੇ ਸੈਫਰਨ ਪਬਲਿਕ ਸਕੂਲ ਸਿੱਖਿਅਕ ਪੱਧਰ ਨੂੰ ਉੱਚਾ ਚੁੱਕਣ ਲਈ ਇਕਜੁੱਟ



**ਫਗਵਾੜਾ (ਡਾ. ਰਮਨ)**

ਸਮਾਜਿਕ ਭਲਾਈ ਅਤੇ ਸਿੱਖਿਆ ਦੇ ਵਾਧੇ ਲਈ ਰਾਮਗੜ੍ਹੀਆ ਕਾਲਜ ਆਫ ਐਜੂਕੈਸ਼ਨ ਫਗਵਾੜਾ ਨੇ ਸੈਫਰਨ ਪਬਲਿਕ ਸਕੂਲ ਫਗਵਾੜਾ ਨਾਲ ਇੱਕ ਸਮਝੌਤਾ ਪੱਤਰ (ਮੈਮੋਰੈਂਡਮ ਆਫ ਅੰਡਰਸਟੈਂਡਿੰਗ) ਕੀਤਾ। ਇਸ ਸਹਿਯੋਗ ਦਾ ਉਦੇਸ਼ ਦੋਨਾਂ ਸਿੱਖਿਅਕ ਸੰਸਥਾਵਾਂ ਦਾ ਸਿੱਖਿਆ ਸੰਬੰਧੀ ਪ੍ਰੋਜੈਕਟਾ 'ਤੇ ਮਿਲ ਕੇ ਕੰਮ ਕਰਨਾ ਹੈ ਅਤੇ ਵਿਦਿਆਰਥੀਆ ਲਈ ਸਿੱਖਣ ਦੇ ਮੌਕੇ ਵਧਾਉਣਾ ਹੈ। ਇਸ ਸਹਿਮਤੀ ਪੱਤਰ ਦਾ ਇੱਕ ਮਹੱਤਵਪੂਰਨ ਪਹਿਲੂ ਇਹ ਵੀ ਹੈ ਕਿ ਕਾਲਜ ਵਲੋਂ ਸਕੂਲ ਦੇ ਇਨ ਸਰਵਿਸ ਅਧਿਆਪਕਾਂ ਲਈਂ ਵਰਕਸ਼ਾਪ, ਲੈਕਚਰ ਅਤੇ ਸੈਮੀਨਾਰ ਦਾ ਆਯੋਜਨ ਵੀ ਕੀਤਾ ਜਾਵੇਗਾ। ਆਉਣ ਵਾਲੇ ਸਮੇਂ ਵਿੱਚ ਸਕੂਲ ਨਾਲ ਮਿਲ ਕੇ ਡਰੱਗ ਅਵੇਅਰਨੈਸ ਸੰਬੰਧੀ ਮੁਹਿੰਮ ਵੀ ਚਲਾਈ ਜਾਵੇਗੀ। ਪ੍ਰਿੰਸੀਪਲ ਡਾ. ਸੁਰਿੰਦਰ ਜੀਤ ਕੌਰ ਨੇ ਇਸ ਸਹਿਯੋਗ ਨੂੰ ਵਿੱਦਿਅਕ ਦ੍ਰਿਸ਼ਟੀਕੋਣ ਨੂੰ ਨਿਖਾਰਨ ਲਈ ਇੱਕ ਉਸਾਰੂ ਕਦਮ ਦੱਸਦਿਆਂ ਇਸਦੀ ਸ਼ਲਾਘਾ ਕੀਤੀ। ਸ਼੍ਰੀਮਤੀ ਮਨਪ੍ਰੀਤ ਕੌਰ ਭੋਗਲ, ਚੇਅਰਪਰਸਨ ਰਾਮਗੜ੍ਹੀਆ ਐਜੂਕੈਸ਼ਨਲ ਕੌਂਸਲ ਫਗਵਾੜਾ ਨੇ ਪ੍ਰਿੰਸੀਪਲ ਡਾ. ਸੁਰਿੰਦਰ ਜੀਤ ਕੌਰ ਸਟਾਫ ਮੈਂਬਰਾਂ ਨੂੰ ਸਿੱਖਿਅਕ ਪੱਧਰ ਨੂੰ ਉੱਚਾ ਚੁੱਕਣ ਲਈ ਉਹਨਾਂ ਦੀ ਵਚਨਬੱਧਤਾ ਲਈਂ ਵਧਾਈ ਦਿੱਤੀ। ਰਾਮਗੜ੍ਹੀਆ ਕਾਲਜ ਆਫ ਐਜੂਕੈਸ਼ਨ ਫਗਵਾੜਾ ਦੇ ਪ੍ਰਿੰਸੀਪਲ ਡਾ. ਸੁਰਿੰਦਰ ਜੀਤ ਕੌਰ ਅਤੇ ਸੈਫਰਨ ਪਬਲਿਕ ਸਕੂਲ ਫਗਵਾੜਾ ਦੇ ਵਾਈਸ ਚੇਅਰਪਰਸਨ ਸ਼੍ਰੀਮਤੀ ਇੰਦਰਜੀਤ ਕੌਰ ਦੁਆਰਾ ਅਧਿਕਾਰਤ ਤੌਰ 'ਤੇ ਹਸਤਾਖਰ ਕੀਤੇ ਗਏ।

## 500 ਗ੍ਰਾਮ ਚਰਸ ਸਮੇਤ ਇੱਕ ਕਾਬੂ

**ਜਲੰਧਰ,( ਸ਼ੈਲੀ ਐਲਬਰਟ)**-ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਪੁਲਸ ਕਮਿਸ਼ਨਰ ਸਵਪਨ ਸ਼ਰਮਾ ਦੀ ਅਗਵਾਈ ਹੇਠ ਜਲੰਧਰ ਕਮਿਸ਼ਨਰੇਟ ਪੁਲਸ ਨੇ ਇੱਕ ਵਿਅਕਤੀ ਨੂੰ 500 ਗ੍ਰਾਮ ਚਰਸ ਸਮੇਤ ਕਾਬੂ ਕੀਤਾ ਹੈ। ਇਸ ਸਬੰਧੀ ਪੁਲਸ ਕਮਿਸ਼ਨਰ ਨੇ ਦੱਸਿਆ ਕਿ ਪੁਲਸ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਸ਼ਹਿਰ ਵਿੱਚ ਚਰਸ ਦਾ ਵਪਾਰ ਕਰਨ ਵਾਲਾ ਇੱਕ ਗਰੋਹ ਸਰਗਰਮ ਹੈ। ਸੂਚਨਾ ਦੇ ਆਧਾਰ 'ਤੇ ਪੁਲਸ ਨੇ ਸ਼ਹਿਰ ਦੇ ਬੀ ਐਮ ਸੀ ਚੌਕ ਨੇੜੇ ਜਾਲ ਵਿਛਾਇਆ। ਸ਼ਰਮਾ ਨੇ ਦੱਸਿਆ ਕਿ ਚੈਕਿੰਗ ਦੌਰਾਨ ਪੁਲਸ ਨੇ ਬੀ ਐਮ ਸੀ ਚੌਕ ਪੈਟਰੋਲ ਪੰਪ ਵਾਲੇ ਪਾਸੇ ਤੋਂ ਇੱਕ ਨੌਜਵਾਨ ਨੂੰ ਆਉਂਦਾ ਦੇਖਿਆ। ਪੁਲਸ ਨੇ ਸ਼ੱਕ ਦੇ ਆਧਾਰ 'ਤੇ ਹੱਥ ਵਿੱਚ ਪੋਲੀਥੀਨ ਬੈਗ ਲੈ ਕੇ ਨੌਜਵਾਨ ਨੂੰ ਚੈਕਿੰਗ ਲਈ ਰੁਕਣ ਲਈ ਕਿਹਾ। ਉਕਤ ਨੌਜਵਾਨ ਭੱਜਣ ਲੱਗਾ ਜਿਸ ਤੋਂ ਬਾਅਦ ਪੁਲਸ ਪਾਰਟੀ ਨੇ ਪਿੱਛਾ ਕਰਕੇ ਉਸ ਨੂੰ ਕਾਬੂ ਕਰ ਲਿਆ। ਸਵਪਨ ਸ਼ਰਮਾ ਨੇ ਦੱਸਿਆ ਕਿ ਪੁਲਸ ਨੇ ਚੈਕਿੰਗ ਦੌਰਾਨ ਉਸ ਦੇ ਕਬਜ਼ੇ ਵਿੱਚੋਂ 500 ਗ੍ਰਾਮ ਚਰਸ ਬਰਾਮਦ ਕੀਤੀ। ਨੌਜਵਾਨ ਦੀ ਪਹਿਚਾਣ ਪੰਕਜ ਹੰਸ ਵਾਸੀ ਸਾਈਂ ਕਾਲੋਨੀ ਨੇੜੇ ਸ਼ਿਵ ਮੰਦਰ, ਘਾਹ ਮੰਡੀ ਜਲੰਧਰ ਵਜੋਂ ਹੋਈ ਹੈ। ਉਨ੍ਹਾਂ ਦੱਸਿਆ ਕਿ ਉਸ ਵਿਰੁੱਧ ਐਨ.ਡੀ.ਪੀ.ਐਸ ਐਕਟ ਤਹਿਤ ਪਰਚਾ ਥਾਣਾ ਡਵੀਜ਼ਨ 6 ਜਲੰਧਰ ਵਿਖੇ ਦਰਜ ਕੀਤਾ ਗਿਆ ਹੈ।